ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 35
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ

***

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Thursday, 5 February, 2026) ਵੀਰਵਾਰ, 5 ਫਰਵਰੀ, 2026, 23 ਮਾਘ , ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082/ PRGI (RNI) Regd. No. 22972/1972/ ਮੁੱਲ: 2 ਰੁਪਏ


## ਸ਼੍ਰੋਮਣੀ ਅਕਾਲੀ ਦਲ ਕੋਰ ਕਮੇਟੀ ਦੀ ਅਹਿਮ ਮੀਟਿੰਗ ਅੱਜ

ਚੰਡੀਗੜ੍ਹ , 4 ਫਰਵਰੀ (ਚ.ਨ.ਸ.):ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪਾਰਟੀ ਦੀ ਕੋਰ ਕਮੇਟੀ ਦੀ ਇਕ ਮਹੱਤਵਪੂਰਨ ਮੀਟਿੰਗ ਬੁਲਾਈ ਹੈ। ਇਹ ਮੀਟਿੰਗ ਭਲਕੇ 5 ਫਰਵਰੀ ਨੂੰ ਸਵੇਰੇ 11 ਵਜੇ ਚੰਡੀਗੜ੍ਹ ਸਥਿਤ ਪਾਰਟੀ ਦੇ ਮੁੱਖ ਦਫ਼ਤਰ ਵਿਖੇ ਹੋਵੇਗੀ। ਇਸ ਮੀਟਿੰਗ ਦੀ ਜਾਣਕਾਰੀ ਅਕਾਲੀ ਦਲ ਦੇ ਬੁਲਾਰੇ ਦਲਜੀਤ ਸਿੰਘ ਚੀਮਾ ਨੇ ਦਿੱਤੀ ਹੈ। ਦੱਸ ਦਈਏ ਕਿ ਬਿਕਰਮ ਸਿੰਘ ਮਜੀਠੀਆ ਦੀ ਜ਼ਮਾਨਤ ਤੋਂ ਬਾਅਦ ਅਕਾਲੀ ਦਲ ਦੀ ਇਹ ਪਹਿਲੀ ਮੀਟਿੰਗ ਹੈ ਅਤੇ ਪਾਰਟੀ ਸੂਤਰਾਂ ਦਾ ਆਖਣਾ ਹੈ ਕਿ ਬਿਕਰਮ ਸਿੰਘ ਮਜੀਠੀਆ ਵੀ ਇਸ (ਬਾਕੀ ਸਫਾ 2 'ਤੇ)






# ਸੰਸਦ 'ਚ ਹੰਗਾਮੇ ਕਾਰਨ ਬਜਟ ਸੈਸ਼ਨ ਦੀ ਕਾਰਵਾਈ ਹੋਈ ਮੁਲਤਵੀ

## ਟਲ਼ਿਆ ਮੋਦੀ ਦਾ ਭਾਸ਼ਣ

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 4 ਫਰਵਰੀ :ਸੰਸਦ ਦੇ ਚਾਲੂ ਬਜਟ ਸੈਸ਼ਨ ਦੌਰਾਨ ਲੋਕ ਸਭਾ ਵਿਚ ਵਿਰੋਧ ਜਾਰੀ ਹੈ। ਲੋਕ ਸਭਾ ਦੀ ਕਾਰਵਾਈ ਸ਼ੁਰੂ ਹੁੰਦੇ ਹੀ ਵਿਰੋਧੀ ਧਿਰ ਮੈਂਬਰ ਵੇਲ ਵਿਚ ਆ ਗਏ ਤੇ ਹੰਗਾਮਾ ਸ਼ੁਰੂ ਕਰ ਦਿੱਤਾ। ਇਸ ਦੌਰਾਨ ਪਹਿਲਾਂ ਪੰਜ ਵਜੇ ਤੱਕ ਲਈ ਕਾਰਵਾਈ ਮੁਲਤਵੀ ਕੀਤੀ ਗਈ ਸੀ ਪਰ ਹੰਗਾਮਾ ਨਾ ਰੁਕਣ ਕਰ ਕੇ ਕਾਰਵਾਈ ਕੱਲ੍ਹ ਤੱਕ ਲਈ ਮੁਲਤਵੀ ਕਰ ਦਿੱਤੀ ਗਈ। ਇਸ ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਭਾਸ਼ਣ ਵੀ ਟਾਲ ਦਿੱਤਾ ਗਿਆ ਹੈ। ਦੱਸ ਦਈਏ ਕਿ ਅੱਜ ਸਦਨ ਦੀ ਕਾਰਵਾਈ ਸ਼ੁਰੂ ਹੁੰਦੇ ਹੀ ਵਿਰੋਧੀ ਧਿਰ ਮੈਂਬਰਾਂ ਨੇ ਹੰਗਾਮਾ ਸ਼ੁਰੂ ਕਰ ਦਿੱਤਾ। ਸਪੀਕਰ ਓਮ ਬਿਰਲਾ ਨੇ ਹੰਗਾਮੇ ਵਿਚਾਲੇ ਸਦਨ ਦੀ ਕਾਰਵਾਈ ਜਾਰੀ ਰੱਖਣ ਦੀ ਕੋਸ਼ਿਸ਼ ਕੀਤੀ। ਸਪੀਕਰ ਦੀ ਅਪੀਲ ਦੇ ਬਾਵਜੂਦ ਹੰਗਾਮਾ ਕਰ ਰਹੇ ਮੈਂਬਰ ਆਪਣੀ ਸੀਟ ਉੱਤੇ ਨਹੀਂ ਗਏ। ਇਸ ਤੋਂ ਬਾਅਦ ਸਪੀਕਰ ਨੇ ਕਾਰਵਾਈ ਨੂੰ 12 ਵਜੇ ਤੱਕ ਲਈ ਮੁਲਤਵੀ ਕਰਨ ਦਾ ਐਲਾਨ ਕੀਤਾ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਲੋਕ ਸਭਾ ਵਿਚ ਧੰਨਵਾਦ ਪ੍ਰਸਤਾਵ ਉੱਤੇ ਹੋਈ ਚਰਚਾ ਦਾ ਜਵਾਬ ਦੇਣਾ ਸੀ।



ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ਾਮ ਪੰਜ ਵਜੇ ਬੋਲਣਾ ਸੀ। ਇਸ ਤੋਂ ਪਹਿਲਾਂ ਲੋਕ ਸਭਾ ਵਿਚ ਜ਼ਬਰਦਸਤ ਹੰਗਾਮਾ ਦੇਖਿਆ ਗਿਆ। ਇਸ ਹੰਗਾਮੇ ਵਿਚਾਲੇ ਓਮ ਬਿਰਲਾ ਨੇ ਪਹਿਲਾਂ 12 ਵਜੇ ਫਿਰ ਦੋ ਵਜੇ ਤੇ ਬਾਅਦ ਵਿਚ ਸਦਨ ਦੀ ਕਾਰਵਾਈ ਨੂੰ ਪੰਜ ਵਜੇ ਤਕ ਲਈ ਮੁਲਤਵੀ ਕਰ ਦਿੱਤਾ। ਇਸ ਤੋਂ ਬਾਅਦ ਵੀ ਜਦੋਂ ਹੰਗਾਮਾ ਨਹੀਂ ਰੁਕਿਆ ਤਾਂ ਸਦਨ ਦੀ ਕਾਰਵਾਈ ਨੂੰ ਭਲਕੇ ਤੱਕ ਲਈ ਮੁਲਤਵੀ ਕਰ ਦਿੱਤਾ ਗਿਆ। ਇਸੇ ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਭਾਸ਼ਣ ਵੀ ਟਾਲ ਦਿੱਤਾ ਗਿਆ।

## ਕਾਂਗਰਸੀ ਸਾਂਸਦਾਂ ਵੱਲੋਂ ਸੰਸਦ ਭਵਨ ਬਾਹਰ ਵਿਰੋਧ ਪ੍ਰਦਰਸ਼ਨ

ਨਵੀਂ ਦਿੱਲੀ, 4 ਫਰਵਰੀ (ਚ.ਨ.ਸ.): ਰਾਹੁਲ ਗਾਂਧੀ ਅਤੇ ਹੋਰ ਕਾਂਗਰਸੀ ਸੰਸਦ ਮੈਂਬਰਾਂ ਨੇ ਸੰਸਦ ਭਵਨ ਦੇ ਬਾਹਰ ਵਿਰੋਧ ਪ੍ਰਦਰਸ਼ਨ ਕੀਤਾ। ਇਹ ਵਿਰੋਧ ਲੋਕ ਸਭਾ ਤੋਂ ਅੱਠ ਵਿਰੋਧੀ ਸੰਸਦ ਮੈਂਬਰਾਂ ਦੀ ਮੁਅੱਤਲੀ ਦੇ ਵਿਰੁੱਧ ਸੀ। ਕਾਂਗਰਸੀ ਆਗੂਆਂ ਨੇ ਕਿਹਾ ਕਿ ਉਹ ਸੰਸਦ ਦੇ ਅੰਦਰ ਗੰਭੀਰ ਮੁੱਦੇ ਉਠਾਉਣਾ ਚਾਹੁੰਦੇ ਹਨ, ਪਰ ਉਨ੍ਹਾਂ ਨੂੰ ਬੋਲਣ ਦੀ ਇਜਾਜ਼ਤ ਨਹੀਂ ਦਿੱਤੀ ਗਈ। ਮੁਅੱਤਲ ਕੀਤੇ ਗਏ ਸੰਸਦ ਮੈਂਬਰਾਂ ਵਿੱਚ ਅਮਰਿੰਦਰ ਸਿੰਘ ਰਾਜਾ ਵੜਿੰਗ, ਹਿਬੀ ਈਡਨ, ਮਨੀਕਮ ਟੈਗੋਰ, ਗੁਰਜੀਤ ਸਿੰਘ ਔਜਲਾ, ਕਿਰਨ ਕੁਮਾਰ ਰੈਡੀ, ਪ੍ਰਸ਼ਾਂਤ ਪੈਰੋਲ, ਡੀਨ (ਬਾਕੀ ਸਫਾ 2 'ਤੇ)

## ਵਿਸ਼ੇਸ਼ ਮਹਿਮਾਨ ਸੰਪਾਦਕੀ

# ਹੁਣ ਸੰਸਦ ਦਾ ਸ਼ੋਰ ਅਤੇ ਸੰਵਿਧਾਨ ਦੀ ਚੁੱਪ ਰਾਜਨੀਤਿਕ ਪਤਨ ਦੀ ਦਰਦਨਾਕ ਕਥਾ

ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਭਾਰਤ—ਜਿਸ ਨੂੰ ਦੁਨੀਆਂ ਦਾ ਸਭ ਤੋਂ ਵੱਡਾ, ਸਭ ਤੋਂ ਪੁਰਾਣਾ ਅਤੇ ਸਭ ਤੋਂ ਜੀਵੰਤ ਲੋਕਤੰਤਰ ਕਿਹਾ ਜਾਂਦਾ ਹੈ—ਅੱਜ ਆਪਣੇ ਹੀ ਸੰਸਦ ਭਵਨ ਵਿੱਚ ਖੜ੍ਹ ਕੇ ਆਪਣੇ ਆਪ ਤੋਂ ਸਵਾਲ ਪੁੱਛਣ ਲਈ ਮਜਬੂਰ ਹੈ।

ਅੱਜ ਇਹ ਕਿਹੋ ਜਿਹਾ ਲੋਕਤੰਤਰ ਹੈ, ਜਿੱਥੇ ਕਾਨੂੰਨ ਬਣਾਉਣ ਵਾਲੀ ਸਭ ਤੋਂ ਉੱਚੀ ਸੰਸਥਾ ਕਾਨੂੰਨ ਦੀ ਮਰਿਆਦਾ ਨੂੰ ਹੀ ਰੋਜ਼ਾਨਾ ਤੋੜਦੀ ਨਜ਼ਰ ਆ ਰਹੀ ਹੈ?

ਅੱਜ ਜਿੱਥੇ ਬਹਿਸ ਦੀ ਥਾਂ ਸ਼ੋਰ ਹੈ, ਤਰਕ ਦੀ ਥਾਂ ਤੌਹੀਨ ਹੈ ਅਤੇ ਅਸਹਿਮਤੀ ਦੀ ਥਾਂ ਅਸਭਿਅਤਾ ਹੈ? ਹੁਣ ਇਸ ਰਾਜਨੀਤਿਕ ਪਤਨ ਦਾ ਦਰਸ਼ਨਿਕ ਅਰਥ ਕੀ ਹੈ।

ਅੱਜ ਰਾਜਨੀਤਿਕ ਪਤਨ ਸਿਰਫ਼ ਵਿਵਹਾਰ ਦਾ ਪਤਨ ਨਹੀਂ ਹੁੰਦਾ, ਇਹ ਵਿਚਾਰਾਂ ਦਾ ਪਤਨ ਹੁੰਦਾ ਹੈ। ਜਦੋਂ ਨੇਤਾ ਵਿਚਾਰਧਾਰਾ ਦੀ ਥਾਂ ਚੀਖ ਨੂੰ ਚੁਣ ਲੈਂਦਾ ਹੈ, ਜਦੋਂ ਸਿਧਾਂਤ ਦੀ ਥਾਂ ਸੱਤਾ ਮੁੱਖ ਧੰਦਾ ਬਣ ਜਾਂਦੀ ਹੈ, ਤਾਂ ਲੋਕਤੰਤਰ ਸਿਰਫ਼ ਇੱਕ ਪ੍ਰਕਿਰਿਆ ਰਹਿ ਜਾਂਦਾ ਹੈ—ਆਤਮਾ ਖ਼ਤਮ ਹੋ ਜਾਂਦੀ ਹੈ।

ਅੱਜ ਰਾਜਨੀਤਿਕ ਲੋਕ ਅੱਜ ਨੇਤਾ ਨਹੀਂ, ਪਰਫਾਰਮਰ ਬਣਦੇ ਜਾ ਰਹੇ ਹਨ—ਕੈਮਰਿਆਂ ਲਈ, ਕਲਿੱਪਾਂ ਲਈ, ਟ੍ਰੈਂਡਾਂ ਲਈ।

ਸਾਡੇ ਸਮਿਆਂ ਦੇ ਪ੍ਰਸਿੱਧ ਸ਼ਾਇਰ ਅਹਿਮਦ ਫ਼ਰਾਜ਼ ਨੇ ਬੜੀ ਤਲਖ਼ੀ ਨਾਲ ਲਿਖਿਆ ਸੀ:

ਸੁਣਤੇ ਰਹੇ ਹਮ ਅਪਨੇ ਗੁਨਾਹੋਂ ਕੀ ਸਜ਼ਾ,
ਪਰ ਕੋਈ ਇਹ ਨਾ ਬਤਾ ਸਕਾ ਕਿ ਕਸੂਰ ਕਿਸ ਦਾ ਹੈ।

ਅੱਜ ਸੰਸਦ ਕਿਸੇ ਇਕ ਪਾਰਟੀ ਦੀ ਜਾਇਦਾਦ ਨਹੀਂ ਹੈ। ਇਹ 140 ਕਰੋੜ ਲੋਕਾਂ ਦੀ ਆਸ, ਉਮੀਦ ਅਤੇ ਸੰਵਿਧਾਨੀ ਵਿਸ਼ਵਾਸ ਦਾ ਕੇਂਦਰ ਹੈ। ਪਰ ਜਦੋਂ ਇਸ ਪਵਿੱਤਰ ਸਦਨ ਵਿੱਚ ਸਪੀਕਰ ਦੇ ਮੂੰਹ ਵੱਲ ਕਾਗਜ਼ ਸੁੱਟੇ ਜਾਂਦੇ ਹਨ, ਜਦੋਂ ਮੰਤਰੀਆਂ ਨੂੰ ਗਦਾਰ ਕਹਿਣਾ ਸਿਆਸੀ ਬਹਿਸ ਦਾ ਹਿੱਸਾ ਬਣ ਜਾਂਦਾ ਹੈ, ਤਦ ਇਹ ਸਿਰਫ਼ ਵਿਅਕਤੀਗਤ ਅਸ਼ੀਲਤਾ ਨਹੀਂ ਰਹਿੰਦੀ—ਇਹ ਲੋਕਤੰਤਰ ਦੇ ਚਿਹਰੇ 'ਤੇ ਲੱਗਿਆ ਕਾਲਾ ਧੱਬਾ ਬਣ ਜਾਂਦਾ ਹੈ।

ਬਹੁਤ ਪਹਿਲਾਂ ਚੇਤਾਵਨੀ ਦਿੱਤੀ ਸੀ -
ਜਮਹੂਰੀਅਤ ਇਕ ਤਰਜ਼-ਏ-ਹੁਕੂਮਤ ਹੈ
ਕਿ ਜਿਸ ਵਿੱਚ ਬੰਦੋਂ ਨੂੰ ਗਿਣਿਆ ਜਾਂਦਾ ਹੈ, ਤੋਲਾ ਨਹੀਂ ਜਾਂਦਾ। — ਅੱਲਾਮਾ ਇਕਬਾਲ

ਪਰੰਤੂ ਅੱਜ ਲੱਗਦਾ ਹੈ ਕਿ ਨਾ ਲੋਕ ਗਿਣੇ ਜਾ ਰਹੇ ਹਨ, ਨਾ ਤੋਲੇ—ਸਗੋਂ ਅਣਡਿੱਠੇ ਕੀਤੇ ਜਾ ਰਹੇ ਹਨ। ਅੱਜ ਬਹਿਸ ਨਹੀਂ, ਬਹਿਸ ਦਾ ਕਤਲ ਹੋ ਗਿਆ ਹੈ। ਸੰਵਿਧਾਨ ਨੇ ਸੰਸਦ ਨੂੰ ਤਾਕਤ ਦਿੱਤੀ ਸੀ ਕਿ ਉਹ ਸਵਾਲ ਪੁੱਛੇ, ਤਰਕ ਕਰੇ, ਸਰਕਾਰ ਨੂੰ ਜਵਾਬਦੇਹ ਬਣਾਏ ਪਰ ਅੱਜ ਸੰਸਦ ਦੀ ਕਾਰਵਾਈ ਜ਼ਿਆਦਾਤਰ ਰੁਕਾਵਟਾਂ, ਵਾਕਆਊਟ ਅਤੇ ਹੰਗਾਮੇ ਦੀ ਭੇਟ ਚੜ੍ਹ ਰਹੀ ਹੈ।

ਹਰ ਮਿੰਟ ਜੋ ਸੰਸਦ ਨਹੀਂ ਚਲਦੀ, ਉਹ ਦੇਸ਼ ਦੇ ਟੈਕਸ ਦਾਤਿਆਂ ਦੇ ਪੈਸੇ ਦੀ ਬੇਇਜ਼ਤੀ ਹੈ।

ਅੱਜ ਹਰ ਦਿਨ ਜੋ ਸਦਨ ਠੱਪ ਰਹਿੰਦਾ ਹੈ, ਉਹ ਨੌਜਵਾਨਾਂ ਦੀਆਂ ਨੌਕਰੀਆਂ, ਕਿਸਾਨਾਂ ਦੇ ਸਵਾਲ, ਮਹਿਲਾਵਾਂ ਦੀ ਸੁਰੱਖਿਆ ਅਤੇ ਸੰਵਿਧਾਨੀ ਨਿਆਂ ਨਾਲ ਧੋਖਾ ਹੈ। ਹੁਣ ਇਹ ਸਵਾਲ ਬਹੁਤ ਗੰਭੀਰ ਹੈ।

ਕੀ ਸੰਸਦ ਨੂੰ ਠੱਪ ਕਰਨਾ ਵੀ ਹੁਣ ਰਾਜਨੀਤਿਕ ਹੱਕ ਬਣ ਗਿਆ ਹੈ? ਕੀ ਲੋਕਤੰਤਰ ਦਾ ਅਰਥ ਸਿਰਫ਼ ਨਾਅਰੇਬਾਜ਼ੀ ਅਤੇ ਹੰਗਾਮਾ ਰਹਿ ਗਿਆ ਹੈ? ਫੈਜ਼ ਅਹਿਮਦ ਫੈਜ਼ ਦਾ ਇਹ ਸ਼ੇਅਰ ਅੱਜ ਦੇ ਹਾਲਾਤਾਂ 'ਤੇ ਬਿਲਕੁਲ ਫਿੱਟ ਬੈਠਦਾ ਹੈ:

ਬੋਲ ਕਿ ਲਬ ਆਜ਼ਾਦ ਹਨ ਤੇਰੇ,
ਬੋਲ ਜ਼ੁਬਾਨ ਅਬ ਤਕ ਤੇਰੀ ਹੈ।

ਪਰ ਬੋਲਣ ਦੀ ਆਜ਼ਾਦੀ ਦਾ ਮਤਲਬ ਇਹ ਨਹੀਂ ਕਿ ਬੋਲ ਹੀ ਸਦਨ ਨੂੰ ਬੰਦ ਕਰ ਦੇਣ।

ਅੱਜ ਸੰਵਿਧਾਨ ਦੀ ਚੁੱਪ—ਸਭ ਤੋਂ ਡਰਾਉਣੀ ਗੱਲ ਹੈ।

ਅੱਜ ਸਭ ਤੋਂ ਡਰਾਉਣੀ ਗੱਲ ਇਹ ਨਹੀਂ ਕਿ ਸੰਸਦ ਵਿੱਚ ਸ਼ੋਰ ਹੈ,
ਸਭ ਤੋਂ ਡਰਾਉਣੀ ਗੱਲ ਇਹ ਹੈ ਕਿ ਸੰਵਿਧਾਨ ਇਸ ਸ਼ੋਰ ਅੱਗੇ ਬੇਬਸ ਨਜ਼ਰ ਆਉਂਦਾ ਹੈ। ਜਦੋਂ ਸਦਨ ਦੀ ਮਰਿਆਦਾ ਟੁੱਟਦੀ ਹੈ, ਤਾਂ ਸਵਾਲ ਉੱਠਦਾ ਹੈ—
ਕੀ ਸਿਰਫ਼ ਮਾਈਕ ਬੰਦ ਕਰਨਾ, ਕਾਰਵਾਈ ਮੁਲਤਵੀ ਕਰਨਾ ਹੀ ਹੱਲ ਹੈ?ਕੀ ਜ਼ਿੰਮੇਵਾਰ ਮੈਂਬਰਾਂ 'ਤੇ ਕੋਈ ਆਰਥਿਕ ਜਾਂ ਸੰਵਿਧਾਨੀ ਦੰਡ ਨਹੀਂ ਹੋਣਾ ਚਾਹੀਦਾ?
ਜੇ ਕੋਈ ਕਰਮਚਾਰੀ ਕੰਮ ਨਾ ਕਰੇ ਤਾਂ ਤਨਖਾਹ ਕੱਟੀ ਜਾਂਦੀ ਹੈ।
ਫਿਰ ਸੰਸਦ ਮੈਂਬਰਾਂ ਲਈ ਇਹ ਨਿਯਮ ਕਿਉਂ ਨਹੀਂ?
ਜੋ ਦਿਨ ਸੰਸਦ ਨਹੀਂ ਚਲਦੀ, ਉਹ ਦਿਨ ਦਾ ਭੱਤਾ ਕਿਉਂ ਨਾ ਰੋਕਿਆ ਜਾਵੇ? ਜੋ ਨੁਕਸਾਨ ਲੋਕਤੰਤਰ ਨੂੰ ਹੁੰਦਾ ਹੈ, ਕੀ ਉਸ ਦੀ ਭਰਪਾਈ ਦੀ ਕੋਈ ਜ਼ਿੰਮੇਵਾਰੀ ਨਹੀਂ?

ਮਿਰਜ਼ਾ ਗਾਲਿਬ ਨੇ ਬੜੀ ਗਹਿਰਾਈ ਨਾਲ ਕਿਹਾ ਸੀ:
ਹਮ ਕੋ ਮਾਲੂਮ ਹੈ ਜੰਨਤ ਕੀ ਹਕੀਕਤ ਲੇਕਿਨ
ਦਿਲ ਕੇ ਖ਼ੁਸ਼ ਰਖਨੇ ਕੋ ਗਾਲਿਬ ਇਹ ਖ਼ਿਆਲ ਅੱਛਾ ਹੈ।

ਕੀ ਅਸੀਂ ਵੀ ਲੋਕਤੰਤਰ ਨੂੰ ਸਿਰਫ਼ ਇੱਕ ਸੁੰਦਰ ਖ਼ਿਆਲ ਬਣਾਕੇ ਛੱਡ ਦੇਵਾਂਗੇ?
ਨੌਜਵਾਨਾਂ ਦੀ ਨਿਰਾਸ਼ਾ ਅਤੇ ਰਾਜਨੀਤਿਕ ਪਖੰਡ ਵਿੱਚ ਅੱਜ ਦੇਸ਼ ਦਾ ਨੌਜਵਾਨ ਸੰਸਦ ਵੱਲ ਤੱਕਦਾ ਹੈ—ਉਮੀਦਾਂ ਨਾਲ,ਪਰ ਜਦੋਂ ਉਹ ਵੇਖਦਾ ਹੈ ਕਿ ਉਸ ਦੀ ਬੇਰੁਜ਼ਗਾਰੀ 'ਤੇ ਬਹਿਸ ਨਹੀਂ,
ਮਹਿੰਗਾਈ 'ਤੇ ਸ਼ੋਰ ਨਹੀਂ,ਸਿੱਖਿਆ 'ਤੇ ਤਰਕ ਨਹੀਂ—ਸਗੋਂ ਸਿਰਫ਼ ਨਿੱਜੀ ਦੂਸ਼ਣਬਾਜ਼ੀ,ਤਾਂ ਉਸ ਦਾ ਵਿਸ਼ਵਾਸ ਟੁੱਟਦਾ ਹੈ।ਅੱਜ ਇਹ ਨਿਰਾਸ਼ਾ ਸਿਰਫ਼ ਰਾਜਨੀਤੀ ਤੋਂ ਨਹੀਂ, ਸੰਵਿਧਾਨੀ ਸੰਸਥਾਵਾਂ ਤੋਂ ਵੀ ਹੁੰਦੀ ਹੈ।

ਜੋਸ਼ ਮਲੀਹਾਬਾਦੀ ਦਾ ਸ਼ੇਅਰ ਜਿਵੇਂ ਅੱਜ ਦੇ ਨੌਜਵਾਨਾਂ ਦੀ ਆਵਾਜ਼ ਬਣ ਗਿਆ ਹੋਵੇ:
ਇਨਸਾਨ ਕੋ ਇਨਸਾਨ ਸੇ ਡਰ ਲਗਤਾ ਹੈ,
ਹਾਲਾਂਕਿ ਅਭੀ ਇਨਸਾਨ ਜ਼ਿੰਦਾ ਹੈ।

---

ਅੱਜ ਸੰਸਦ ਦੇ ਜੋ ਹਾਲਾਤ ਹਨ ਅਤੇ ਦੇ ਹੁਣ ਵੀ ਨਾ ਸੋਚਿਆ
ਜੇ ਅੱਜ ਵੀ ਸੰਸਦ ਦੀ ਇਸ ਹਾਲਤ 'ਤੇ ਚੁੱਪ ਰਿਹਾ ਗਿਆ,
ਤਾਂ ਕੱਲ੍ਹ ਚੁੱਪ ਲੋਕਾਂ ਦੀ ਆਵਾਜ਼ ਬਣ ਜਾਵੇਗੀ।
ਯਾਦ ਰੱਖਣਾ ਹੋਵੇਗਾ ਕਿ ਲੋਕਤੰਤਰ ਸਿਰਫ਼ ਵੋਟਾਂ ਨਾਲ ਨਹੀਂ ਬਚਦਾ,ਉਹ ਮਰਿਆਦਾ, ਸੰਯਮ ਅਤੇ ਸੰਵਿਧਾਨੀ ਆਚਰਨ ਨਾਲ ਬਚਦਾ ਹੈ।
ਸੰਸਦ ਨੂੰ ਮੁੜ ਬਹਿਸ ਦਾ ਮੰਦਰ ਬਣਾਉਣਾ ਹੋਵੇਗਾ,
ਸ਼ੋਰ ਦਾ ਅਖਾੜਾ ਨਹੀਂ।
ਨਹੀਂ ਤਾਂ ਇਤਿਹਾਸ ਸਵਾਲ ਪੁੱਛੇਗਾ—
ਜਦੋਂ ਲੋਕਤੰਤਰ ਡੁੱਬ ਰਿਹਾ ਸੀ,
ਤਾਂ ਸੰਸਦ ਕਿਉਂ ਤਾਲੀਆਂ ਵੱਜਾ ਰਹੀ ਸੀ?
ਅਤੇ ਸ਼ਾਇਰ ਦੀ ਇਹ ਲਾਈਨ ਇਤਿਹਾਸ ਦਾ ਫੈਸਲਾ ਬਣ ਜਾਵੇਗੀ:
ਵਕਤ ਨੇ ਕੀਤਾ ਕਿਆ ਹਸੀਨ ਸਿਤਮ,
ਹਮ ਰਹੇ ਨਾ ਹਮ, ਤੁਮ ਰਹੇ ਨਾ ਤੁਮ।
---ਜਾਗੋ ਹੁਣ ਜਾਗਦੀ ਜ਼ਮੀਰ ਨਾਲ ਇਸ ਦੇਸ਼ ਨੂੰ ਬਚਾਓ।

### ਭਾਰਤ-ਅਮਰੀਕਾ ਸਮਝੌਤੇ ਦਾ ਵਣਜ ਮੰਤਰੀ ਨੇ ਦੱਸਿਆ ਸੱਚ

## ਕਿਸਾਨਾਂ ਦੇ ਹਿੱਤਾਂ ਨਾਲ ਨਾ ਕਦੇ ਸਮਝੌਤਾ ਕੀਤਾ ਹੈ ਅਤੇ ਨਾ ਹੀ ਕਰਾਂਗੇ: ਗੋਇਲ

ਚੜ੍ਹਦੀਕਲਾ ਬਿਊਰੋ



ਨਵੀਂ ਦਿੱਲੀ, 4 ਫਰਵਰੀ : ਹਾਲ ਹੀ ਵਿੱਚ ਐਲਾਨੇ ਗਏ ਭਾਰਤ-ਅਮਰੀਕਾ ਅੰਤਰਿਮ ਵਪਾਰ ਸਮਝੌਤੇ ਨੇ ਭਾਰਤੀ ਕਿਸਾਨਾਂ ਵਿੱਚ ਚਿੰਤਾ ਪੈਦਾ ਕੀਤੀ ਹੈ, ਜਿਸ ਨੂੰ ਅਮਰੀਕੀ ਖੇਤੀਬਾੜੀ ਮੰਤਰੀ ਬਰੂਕ ਰੌਲਿੰਸ ਦੇ 2 ਫਰਵਰੀ ਨੂੰ ਕੀਤੇ ਗਏ ਟਵੀਟ ਨੇ ਹੋਰ ਵਧਾ ਦਿੱਤਾ। ਉਨ੍ਹਾਂ ਕਿਹਾ ਸੀ ਕਿ ਇਹ ਸਮਝੌਤਾ ਅਮਰੀਕੀ ਖੇਤੀ ਉਤਪਾਦਾਂ ਨੂੰ ਭਾਰਤ ਦੇ ਵਿਸ਼ਾਲ ਬਾਜ਼ਾਰ ਵਿੱਚ ਵਧੇਰੇ ਨਿਰਯਾਤ ਕਰੇਗਾ, ਕੀਮਤਾਂ ਵਧਾਏਗਾ ਅਤੇ ਅਮਰੀਕਾ 'ਚ ਨਕਦੀ ਪੰਪ ਕਰੇਗਾ। ਕਿਸਾਨ ਸੰਗਠਨਾਂ ਜਿਵੇਂ ਸੰਯੁਕਤ ਕਿਸਾਨ ਮੋਰਚਾ ਅਤੇ ਵਿਰੋਧੀ ਧਿਰਾਂ ਨੇ ਤੁਰੰਤ ਚੇਤਾਵਨੀ ਦਿੱਤੀ ਕਿ ਸਬਸਿਡੀ ਵਾਲੇ ਅਮਰੀਕੀ ਖੇਤੀ ਉਤਪਾਦ ਭਾਰਤੀ ਬਾਜ਼ਾਰ ਵਿੱਚ ਹੜਕੰਪ ਮਚਾ ਸਕਦੇ ਹਨ ਅਤੇ ਘਰੇਲੂ ਕਿਸਾਨਾਂ ਤੇ ਡੇਅਰੀ ਉਤਪਾਦਕਾਂ ਦੀ ਰੋਜ਼ੀ-ਰੋਟੀ ਨੂੰ ਖਤਰੇ ਵਿੱਚ ਪਾ ਸਕਦੇ ਹਨ। ਇਹ ਚਿੰਤਾਵਾਂ ਸਮਝਣਯੋਗ ਹਨ। ਖੇਤੀ ਅਤੇ ਡੇਅਰੀ ਭਾਰਤ ਦੇ ਵਪਾਰ ਗੱਲਬਾਤਾਂ ਵਿੱਚ ਲੰਬੇ ਸਮੇਂ ਤੋਂ ਅਟੱਲ ਲਾਲ ਰੇਖਾਵਾਂ ਰਹੀਆਂ ਹਨ ਪਰ ਵਣਜ ਅਤੇ ਉਦਯੋਗ ਮੰਤਰੀ ਪੀਯੂਸ਼ ਗੋਇਲ ਨੇ 4 ਫਰਵਰੀ, 2026 ਨੂੰ ਲੋਕ ਸਭਾ ਵਿੱਚ ਦਿੱਤੇ ਬਿਆਨ ਵਿੱਚ ਇਨ੍ਹਾਂ ਡਰਾਂ ਨੂੰ ਪੂਰੀ ਤਰ੍ਹਾਂ ਖਾਰਜ ਕਰ ਦਿੱਤਾ ਅਤੇ ਸਿੱਧਾ ਜਵਾਬ ਦਿੱਤਾ। ਸਦਨ ਨੂੰ ਦਿੱਤੇ ਬਿਆਨ ਵਿੱਚ ਮੰਤਰੀ ਗੋਇਲ ਨੇ ਸਪੱਸ਼ਟ ਭਰੋਸਾ ਦਿੱਤਾ ਕਿ ਭਾਰਤ ਦੇ ਸੰਵੇਦਨਸ਼ੀਲ ਖੇਤੀ ਅਤੇ ਡੇਅਰੀ ਖੇਤਰ ਪੂਰੀ ਤਰ੍ਹਾਂ ਸੁਰੱਖਿਅਤ ਹਨ। ਉਨ੍ਹਾਂ ਨੇ ਕਿਹਾ,ਭਾਰਤ ਨੇ ਖੇਤੀ ਅਤੇ ਡੇਅਰੀ ਵਰਗੇ ਸੰਵੇਦਨਸ਼ੀਲ ਖੇਤਰਾਂ ਦੀ (ਬਾਕੀ ਸਫਾ 2 'ਤੇ)

## ਪੰਜਾਬ 'ਚ ਔਰਤਾਂ ਨੂੰ ਮੁਫ਼ਤ ਯਾਤਰਾ ਲਈ ਆਧਾਰ ਕਾਰਡ ਦੀ ਥਾਂ ਮਿਲਣਗੇ ਸਮਾਰਟ ਕਾਰਡ

ਚੰਡੀਗੜ੍ਹ, 4 ਫਰਵਰੀ (ਚ.ਨ.ਸ.): ਪੰਜਾਬ ਵਿੱਚ ਮੁਫ਼ਤ ਬੱਸ ਯਾਤਰਾ ਸਕੀਮ ਅਧੀਨ ਰੋਜ਼ਾਨਾ ਲਗਭਗ 3.5 ਲੱਖ ਔਰਤਾਂ ਲਾਭ ਲੈ ਰਹੀਆਂ ਹਨ। ਲਾਭਪਾਤਰੀ ਰੋਜ਼ਾਨਾ ਔਸਤ 42 ਕਿਲੋਮੀਟਰ ਯਾਤਰਾ ਕਰਦੀਆਂ ਹਨ। ਹੁਣ ਮੁਫ਼ਤ ਯਾਤਰਾ ਲਈ ਆਧਾਰ ਕਾਰਡ ਦੀ ਥਾਂ ਸਮਾਰਟ ਕਾਰਡ ਵਰਤੇ ਜਾਣਗੇ। ਸੂਬਾ ਆਵਾਜਾਈ ਵਿਭਾਗ ਸਮਾਰਟ ਕਾਰਡ ਨੂੰ ਪੜ੍ਹਨ ਲਈ ਹੱਥ ਨਾਲ ਵਰਤੇ ਜਾਣ ਵਾਲੇ ਯੰਤਰ ਖਰੀਦਣ ਲਈ ਟੈਂਡਰ ਜਾਰੀ ਕਰ ਰਿਹਾ ਹੈ। ਸਮਾਰਟ ਕਾਰਡ ਅਗਲੇ ਦੋ ਮਹੀਨਿਆਂ ਵਿੱਚ ਜਾਰੀ ਹੋਣ ਦੀ ਸੰਭਾਵਨਾ ਹੈ। ਸਾਰੀਆਂ ਔਰਤਾਂ ਆਪਣੇ ਪਛਾਣ ਪੱਤਰ ਨਾਲ ਇਸ ਯੋਜਨਾ ਦਾ ਲਾਭ ਲੈ ਸਕਦੀਆਂ ਹਨ। ਸਿਹਤ ਵਿਭਾਗ, ਜੋ ਸਮਾਰਟ ਕਾਰਡ ਜਾਰੀ ਕਰਨ ਲਈ ਜ਼ਿੰਮੇਵਾਰ ਹੈ, ਲਾਭਪਾਤਰੀਆਂ ਦੀ ਜਾਂਚ ਕਰ ਰਿਹਾ ਹੈ। ਇਸ ਮੁਫ਼ਤ ਯਾਤਰਾ ਲਈ ਸਮਾਜਿਕ ਸੁਰੱਖਿਆ ਅਤੇ ਮਹਿਲਾ-ਬਾਲ ਵਿਕਾਸ ਵਿਭਾਗ ਵੱਲੋਂ ਫੰਡ ਜਾਰੀ ਹੁੰਦੇ ਹਨ। (ਬਾਕੀ ਸਫਾ 2 'ਤੇ)

### ਸਰਵ ਉੱਚ ਅਦਾਲਤ ਨੇ ਸੁਣਾਇਆ ਵੱਡਾ ਫ਼ੈਸਲਾ

## ਰਸਮਾਂ ਪੂਰੀ ਤਰ੍ਹਾਂ ਨਾ ਨਿਭਾਏ ਜਾਣ ਤੱਕ ਵਿਆਹ ਦਾ ਸਬੂਤ ਨਹੀਂ ਮੈਰਿਜ ਸਰਟੀਫ਼ਿਕੇਟ: ਸੁਪਰੀਮ ਕੋਰਟ

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 4 ਫਰਵਰੀ : ਸੁਪਰੀਮ ਕੋਰਟ ਨੇ ਇੱਕ ਅਹਿਮ ਫੈਸਲੇ ਵਿੱਚ ਸਪੱਸ਼ਟ ਕੀਤਾ ਹੈ ਕਿ ਜਦੋਂ ਤੱਕ ਹਿੰਦੂ ਰੀਤੀ-ਰਿਵਾਜਾਂ ਅਨੁਸਾਰ ਵਿਆਹ ਦੀਆਂ ਰਸਮਾਂ ਪੂਰੀ ਤਰ੍ਹਾਂ ਨਹੀਂ ਨਿਭਾਈਆਂ ਜਾਂਦੀਆਂ, ਉਦੋਂ ਤੱਕ ਸਿਰਫ਼ ਮੈਰਿਜ ਸਰਟੀਫਿਕੇਟ ਹੋਣ ਨਾਲ ਕੋਈ ਜੋੜਾ ਕਾਨੂੰਨੀ ਤੌਰ 'ਤੇ ਪਤੀ-ਪਤਨੀ ਨਹੀਂ ਬਣ ਜਾਂਦਾ। ਅਦਾਲਤ ਅਨੁਸਾਰ, ਰਸਮਾਂ ਅਤੇ ਪਰੰਪਰਾਵਾਂ ਦੇ ਬਿਨਾਂ ਰਜਿਸਟ੍ਰੇਸ਼ਨ ਕਾਨੂੰਨੀ ਤੌਰ 'ਤੇ ਕੋਈ ਮਤਲਬ ਨਹੀਂ ਹੈ। ਅਦਾਲਤ ਨੇ ਕਿਹਾ ਕਿ ਹਿੰਦੂ ਮੈਰਿਜ ਐਕਟ ਦੀ ਧਾਰਾ 7 ਦੇ ਤਹਿਤ ਵਿਆਹ ਦਾ 'ਸੰਸਕਾਰ' ਹੋਣਾ ਜ਼ਰੂਰੀ ਹੈ। ਜਦੋਂ ਤੱਕ ਸੱਤ ਫੇਰੇ (ਸਪਤਪਦੀ) ਵਰਗੀਆਂ ਜ਼ਰੂਰੀ ਰਸਮਾਂ ਪਵਿੱਤਰ ਅੱਗ ਦੇ ਸਾਹਮਣੇ ਨਹੀਂ ਹੁੰਦੀਆਂ, ਵਿਆਹ ਨੂੰ 'ਸੰਪੰਨ' ਨਹੀਂ ਮੰਨਿਆ ਜਾ ਸਕਦਾ।



ਕੋਰਟ ਅਨੁਸਾਰ, ਐਕਟ ਦੀ ਧਾਰਾ 8 ਦੇ ਤਹਿਤ ਵਿਆਹ ਦੀ ਰਜਿਸਟ੍ਰੇਸ਼ਨ ਸਿਰਫ਼ ਇੱਕ ਸਬੂਤ ਵਜੋਂ ਕੰਮ ਕਰਦੀ ਹੈ, ਇਹ ਵਿਆਹ ਦਾ ਆਧਾਰ ਨਹੀਂ ਬਣ ਸਕਦੀ। ਜੇਕਰ ਕੋਈ ਵਿਆਹ ਰਸਮਾਂ ਅਨੁਸਾਰ ਨਹੀਂ ਹੋਇਆ, ਤਾਂ ਰਜਿਸਟ੍ਰੇਸ਼ਨ ਉਸ ਨੂੰ ਕਾਨੂੰਨੀ ਤੌਰ 'ਤੇ ਜਾਇਜ਼ (ਬਾਕੀ ਸਫਾ 2 'ਤੇ)

## ਮਮਤਾ ਨੇ ਐਸ.ਆਈ.ਆਰ. ਨੂੰ ਲੈ ਕੇ ਸੁਪਰੀਮ ਕੋਰਟ 'ਚ ਖ਼ੁਦ ਪੇਸ਼ ਕੀਤੀਆਂ ਦਲੀਲਾਂ

ਨਵੀਂ ਦਿੱਲੀ , 4 ਫਰਵਰੀ (ਚ.ਨ.ਸ.): ਪੱਛਮੀ ਬੰਗਾਲ ਵਿਚ ਵੋਟਰ ਸੂਚੀ ਦੀ ਵਿਸ਼ੇਸ਼ ਸੋਧ (ਐੱਸ.ਆਈ.ਆਰ.) ਮਾਮਲੇ ਉਤੇ ਬੁੱਧਵਾਰ ਨੂੰ ਸੁਪਰੀਮ ਕੋਰਟ ਵਿਚ ਅਹਿਮ ਸੁਣਵਾਈ ਹੋਈ। ਇਸ ਦੌਰਾਨ ਸੂਬੇ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਵੀ ਖੁਦ ਅਦਾਲਤ ਵਿਚ ਪੇਸ਼ ਹੋਏ। ਇਹ ਪਹਿਲੀ ਵਾਰ ਸੀ ਕਿ ਕਿਸੇ ਮੌਜੂਦਾ ਮੁੱਖ ਮੰਤਰੀ ਨੇ ਸਿੱਧੇ ਤੌਰ ਉਤੇ ਅਦਾਲਤ ਵਿਚ ਅਪਣੀ ਦਲੀਲ ਰੱਖੀ। ਮਮਤਾ ਬੈਨਰਜੀ ਨੇ ਚੋਣ ਕਮਿਸ਼ਨ ਨੂੰ 'ਵਟਸਐਪ ਕਮਿਸ਼ਨ' ਕਹਿੰਦੇ ਹੋਏ ਇਲਜ਼ਾਮ ਲਗਾਇਆ (ਬਾਕੀ ਸਫਾ 2 'ਤੇ)

## ਸੰਸਦ ਬਾਹਰ ਰਾਹੁਲ ਗਾਂਧੀ ਤੇ ਰਵਨੀਤ ਬਿੱਟੂ ਵਿਚਾਲੇ ਹੋਈ ਤਿੱਖੀ ਬਹਿਸ

### ਰਾਹੁਲ ਨੇ ਕਿਹਾ 'ਮੇਰੇ ਗੱਦਾਰ ਦੋਸਤ, ਤੁਸੀਂ ਵਾਪਸ ਆਓਗੇ'

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 4 ਫਰਵਰੀ : ਸੰਸਦ ਭਵਨ ਦੇ ਬਾਹਰ ਅੱਜ ਉਸ ਸਮੇਂ ਇਕ ਅਨੋਖਾ ਹੀ ਨਜ਼ਾਰਾ ਦੇਖਣ ਨੂੰ ਮਿਲਿਆ ਜਦੋਂ ਕਾਂਗਰਸੀ ਸੰਸਦ ਮੈਂਬਰ ਆਪਣੇ ਹੱਥਾਂ 'ਚ ਤਖ਼ਤੀਆਂ ਲੈ ਕੇ ਪ੍ਰਦਰਸ਼ਨ ਕਰ ਰਹੇ ਸਨ ਤਾਂ ਕਾਂਗਰਸੀ ਸੰਸਦ ਮੈਂਬਰ ਰਾਹੁਲ ਗਾਂਧੀ ਅਤੇ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਦਾ ਸਾਹਮਣਾ ਹੋਇਆ। ਇਸ ਮੌਕੇ ਦੋਵੇਂ ਆਗੂਆਂ ਦਰਮਿਆਨ ਤਕਰਾਰਬਾਜ਼ੀ ਹੁੰਦੀ ਨਜ਼ਰ ਆਈ। ਰਾਹੁਲ ਗਾਂਧੀ ਨੇ ਰਵਨੀਤ ਬਿੱਟੂ ਵੱਲ ਹੱਥ ਮਿਲਾਉਣ ਲਈ ਵਧਾਇਆ ਪਰ ਉਨ੍ਹਾਂ ਨੇ ਰਾਹੁਲ ਗਾਂਧੀ ਨਾਲ ਹੱਥ ਨਹੀਂ ਮਿਲਾਇਆ। ਰਾਹੁਲ ਗਾਂਧੀ ਰਵਨੀਤ ਬਿੱਟੂ ਨੂੰ ਗੱਦਾਰ ਦੱਸਿਆ ਅਤੇ ਕਿਹਾ ਕਿ ਤੁਸੀਂ ਚਿੰਤਾ ਨਾ ਕਰੋ ਤੁਸੀਂ ਜ਼ਰੂਰ ਵਾਪਸ ਆਓਗੇ। ਇਸ ਮੌਕੇ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਰਾਹੁਲ ਗਾਂਧੀ ਨੂੰ ਦੇਸ਼ ਦਾ (ਬਾਕੀ ਸਫਾ 2 'ਤੇ)

## ਮੈਂ ਸਿੱਖਾਂ ਦੇ ਕਾਤਲ ਪਰਿਵਾਰ ਨਾਲ ਹੱਥ ਨਹੀਂ ਮਿਲਾਉਂਦਾ: ਰਵਨੀਤ ਸਿੰਘ ਬਿੱਟੂ

ਨਵੀਂ ਦਿੱਲੀ , 4 ਫਰਵਰੀ (ਚ.ਨ.ਸ.):ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਕਿਹਾ ਕਿ ਲੋਕ ਸਭਾ 'ਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਨੇ ਮੈਨੂੰ ਗੱਦਾਰ ਕਿਹਾ ਅਤੇ ਫਿਰ ਮੇਰੇ ਨਾਲ ਹੱਥ ਮਿਲਾਉਣ ਦੀ ਕੋਸ਼ਿਸ਼ ਕੀਤੀ। ਰਵਨੀਤ ਬਿੱਟੂ ਨੇ ਕਿਹਾ ਕਿ ਮੈਂ ਸਿੱਖਾਂ ਦੇ ਕਾਤਲ ਪਰਿਵਾਰ ਨਾਲ ਹੱਥ ਨਹੀਂ ਮਿਲਾਉਂਦਾ ਅਤੇ ਸਿੱਖਾਂ ਦੇ ਅਪਮਾਨ ਦਾ ਜ਼ਿੰਮੇਵਾਰ ਗਾਂਧੀ ਪਰਿਵਾਰ ਹੈ। ਮੈਂ ਉਨ੍ਹਾਂ ਨੂੰ ਕਿਹਾ ਕਿ ਉਹ ਦੇਸ਼ ਦਾ ਦੁਸ਼ਮਣ ਹੈ। ਇਸ ਤੋਂ ਇਲਾਵਾ ਬਿੱਟੂ ਨੇ ਕਿਹਾ ਕਿ ਇਹ ਉਹ ਹੀ ਲੋਕ ਹਨ, ਜਿਨ੍ਹਾਂ ਨੇ ਪੰਜਾਬ ਵਿਚ ਖੂਨ-ਖਰਾਬਾ ਕਰਵਾਇਆ। (ਬਾਕੀ ਸਫਾ 2 'ਤੇ)

### ਸੂਬਾ ਸਰਕਾਰ ਵੱਲੋਂ ਨਿਵੇਸ਼ ਮੁਹਿੰਮ ਤੇਜ਼

## ਮਾਨ ਸਰਕਾਰ ਨੇ ਨਿਵੇਸ਼ਕ ਸੰਮੇਲਨ-2026 ਤੋਂ ਪਹਿਲਾਂ ਨੌਜਵਾਨਾਂ ਲਈ ਰੋਜ਼ਗਾਰ ਦਾ ਰਾਹ ਖੋਲ੍ਹਿਆ

ਚੜ੍ਹਦੀਕਲਾ ਬਿਊਰੋ

ਮੁੰਬਈ, 4 ਫਰਵਰੀ: ਮੁੰਬਈ ਨਿਵੇਸ਼ ਰੋਡ ਸ਼ੋਅ ਦੇ ਦੂਜੇ ਦਿਨ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ 2026 ਦੇ ਹਿੱਸੇ ਵਜੋਂ ਸੂਬੇ ਦੇ ਨੌਜਵਾਨਾਂ ਲਈ ਪੂੰਜੀ ਨਿਵੇਸ਼ ਨੂੰ ਨੌਕਰੀਆਂ ਵਿੱਚ ਤਬਦੀਲ ਕਰਨ 'ਤੇ ਧਿਆਨ ਕੇਂਦਰਿਤ ਕਰਦਿਆਂ ਨਿਵੇਸ਼ ਮੁਹਿੰਮ ਹੋਰ ਤੇਜ਼ ਕੀਤੀ।

ਉੱਚ-ਪੱਧਰੀ ਮੀਟਿੰਗਾਂ ਤੋਂ ਲੈ ਕੇ ਵਿੱਤੀ ਵਿਚਾਰ-ਵਟਾਂਦਰਾ ਕਰਦੇ ਹੋਏ ਪੰਜਾਬ ਸਰਕਾਰ ਨੇ ਲਘੂ ਅਤੇ ਛੋਟੇ ਉਦਯੋਗਾਂ (ਐਮ.ਐਸ.ਐਮ.ਈਜ਼.) ਨੂੰ ਹੋਰ ਮਜ਼ਬੂਤ ਕਰਨ ਅਤੇ ਇਨ੍ਹਾਂ ਨੂੰ ਵੱਡੇ ਉੱਦਮਾਂ ਵਿੱਚ ਤਬਦੀਲ ਕਰਨ ਯੋਗ ਬਣਾਉਣ ਤੋਂ ਲੈ ਕੇ ਨਿਰਮਾਣ, ਲੌਜਿਸਟਿਕਸ ਅਤੇ ਉੱਭਰ ਰਹੇ ਖੇਤਰਾਂ ਵਿੱਚ ਵਿਸ਼ਵਵਿਆਪੀ ਨਿਵੇਸ਼ਕਾਂ ਨੂੰ ਆਕਰਸ਼ਿਤ ਕਰਨ ਤੱਕ ਅਨੇਕਾਂ ਸੰਭਾਵਨਾਵਾਂ ਦੀ ਲੜੀ ਪੇਸ਼ ਕੀਤੀ।



ਨਤੀਜਾ-ਮੁਖੀ ਮੀਟਿੰਗਾਂ ਦੀ ਇਹ ਲੜੀ ਕਾਰਪੋਰੇਟਾਂ ਅਤੇ ਵਿੱਤੀ ਸੰਸਥਾਵਾਂ ਨਾਲ ਸਾਂਝੇਦਾਰੀ ਨੂੰ ਹੋਰ ਡੂੰਘਾ ਕਰਨ, ਉਦਯੋਗਿਕ ਸਮਰੱਥਾਵਾਂ ਦਾ ਵਿਸਥਾਰ ਕਰਨ ਦੇ ਨਾਲ-ਨਾਲ ਟਿਕਾਊ, ਹੁਨਰਮੰਦ ਤੇ ਲੰਬੇ ਸਮੇਂ ਦੇ ਰੋਜ਼ਗਾਰ ਸਬੰਧੀ ਰਣਨੀਤੀ ਨੂੰ ਦਰਸਾਉਂਦੀ ਹੈ, ਜੋ ਪੰਜਾਬ ਨੂੰ ਨੌਜਵਾਨਾਂ ਦੀ ਅਗਵਾਈ ਵਾਲੇ ਉਦਯੋਗਿਕ ਵਿਕਾਸ ਅਤੇ ਉੱਦਮਤਾ-ਆਧਾਰਤ ਆਰਥਿਕ ਵਿਸਥਾਰ ਲਈ ਕੇਂਦਰ ਵਜੋਂ ਸਥਾਪਿਤ ਕਰਦੀ ਹੈ।

ਵਫ਼ਦ ਨੇ ਦਿਨ ਦੀ ਸ਼ੁਰੂਆਤ ਸਨਾਤਨ ਟੈਕਸਟਾਈਲ ਅਤੇ ਮਹਿੰਦਰਾ ਗਰੁੱਪ ਸਮੇਤ ਪ੍ਰਮੁੱਖ ਉਦਯੋਗ ਸੰਮੂਹਾਂ ਨਾਲ ਉੱਚ-ਪੱਧਰੀ ਮੀਟਿੰਗਾਂ ਨਾਲ ਕੀਤੀ, ਜਿੱਥੇ ਟੈਕਸਟਾਈਲ, ਆਟੋਮੋਟਿਵ, ਖੇਤੀ ਉਪਕਰਣ, ਰੱਖਿਆ ਨਿਰਮਾਣ ਅਤੇ ਸਪਲਾਈ-ਚੇਨ ਏਕੀਕਰਨ ਵਿੱਚ ਸੰਭਾਵਿਤ ਮੌਕਿਆਂ 'ਤੇ ਕੇਂਦਰਿਤ ਚਰਚਾ ਕੀਤੀ ਗਈ। ਇਨ੍ਹਾਂ ਮੀਟਿੰਗਾਂ ਦੌਰਾਨ ਨਵੇਂ ਨਿਵੇਸ਼ਾਂ ਦੇ ਨਾਲ-ਨਾਲ ਪੰਜਾਬ ਵਿੱਚ ਮੌਜੂਦਾ ਕਾਰਜਾਂ ਦੇ ਵਿਸਥਾਰ, ਰਾਜ ਦੇ ਹੁਨਰਮੰਦ ਕਾਰਜਬਲ, ਉਦਯੋਗਿਕ ਬੁਨਿਆਦੀ ਢਾਂਚੇ ਅਤੇ ਨੀਤੀ ਸਥਿਰਤਾ ਦਾ ਲਾਭ ਉਠਾਉਣ ਦੀਆਂ ਸੰਭਾਵਨਾਵਾਂ ਦੀ ਪੜਚੋਲ ਵੀ ਕੀਤੀ ਗਈ।

ਇਸ ਵਿਸ਼ੇਸ਼ ਦਿਨ ਦਾ ਮੁੱਖ ਆਕਰਸ਼ਣ ਸੀਐਕਸਓ ਰਾਊਂਡਟੇਬਲ ਮੀਟਿੰਗ ਸੀ, ਜਿਸ ਵਿੱਚ ਪ੍ਰਮੁੱਖ ਪ੍ਰਾਈਵੇਟ ਇਕੁਇਟੀ ਫਰਮਾਂ ਅਤੇ ਵਿੱਤੀ ਸੰਸਥਾਵਾਂ ਸ਼ਾਮਲ ਸਨ, (ਬਾਕੀ ਸਫਾ 2 'ਤੇ)

### ਗੁ. ਸ਼ਹੀਦ ਗੰਜ ਸਾਹਿਬ ਬਾਬਾ ਦੀਪ ਸਿੰਘ ਵਿਖੇ ਪੈਸਿਆਂ ਦਾ ਖ਼ਜ਼ਾਨਾ ਵੰਡਣ ਦਾ ਮਾਮਲਾ

## ਜਥੇਦਾਰ ਨੇ ਸਬੰਧਤ ਮੈਨੇਜਰ ਤੋਂ ਮੰਗੀ ਰਿਪੋਰਟ

ਬਬਲੂ ਮਹਾਜਨ




ਅੰਮ੍ਰਿਤਸਰ , 4 ਫਰਵਰੀ : ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਬਾਬਾ ਦੀਪ ਸਿੰਘ ਜੀ ਵਿਖੇ 'ਸੇਵਕ ਜਥਾ ਇਸ਼ਨਾਨ' ਸਮੂਹ ਨਾਮ ਹੇਠ 'ਖ਼ਜ਼ਾਨਾ ਬਾਬਾ ਦੀਪ ਸਿੰਘ ਜੀ' ਦੀ ਮੋਹਰ ਲਗਾ ਕੇ ਨੋਟ ਵੰਡਣੇ ਪੂਰੀ ਤਰ੍ਹਾਂ ਮਨਮਤ ਅਤੇ ਗੁਰਮਤਿ ਵਿਰੋਧੀ ਕਾਰਵਾਈ ਹੈ। ਇਹ ਮਾਮਲਾ ਕੁਝ ਦਿਨ ਪਹਿਲਾਂ ਧਿਆਨ ਵਿੱਚ ਆਇਆ ਕਿ ਕੁਝ ਬਾਹਰੀ ਵਿਅਕਤੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਵਾਲੇ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਬਾਬਾ ਦੀਪ ਸਿੰਘ ਜੀ ਵਿਖੇ ਮੋਹਰ ਲੱਗੇ ਨੋਟਾਂ ਦਾ ਖ਼ਜ਼ਾਨਾ ਵੰਡਦੇ ਹਨ। ਇਹ ਮਾਮਲਾ ਜਦੋਂ ਪ੍ਰਬੰਧਕਾਂ ਦੇ ਧਿਆਨ ਵਿੱਚ ਆਇਆ ਤਾਂ ਉਨ੍ਹਾਂ ਨੇ ਕੁਝ ਲੋਕਾਂ ਦੀ ਪਛਾਣ ਕੀਤੀ ਅਤੇ ਨੋਟ ਵੀ ਜ਼ਬਤ ਕੀਤੇ। ਇਸ ਬਾਰੇ ਮੀਡੀਆ ਵਿੱਚ ਵੀ ਸਥਿਤੀ ਸਪੱਸ਼ਟ ਕੀਤੀ ਗਈ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਦੇ ਮੈਨੇਜਰ ਜਤਿੰਦਰਪਾਲ ਸਿੰਘ ਨੂੰ ਆਖਿਆ ਹੈ ਕਿ ਉਹ ਇਸ ਮਾਮਲੇ ਵਿੱਚ ਨੋਟ ਵੰਡਣ ਵਾਲੇ ਵਿਅਕਤੀਆਂ ਦੀ ਪਛਾਣ ਕਰਕੇ ਇਸ ਦਾ ਪੂਰਾ ਕੇਸ ਤਿਆਰ ਕਰਕੇ ਲਿਖਤੀ ਰੂਪ ਵਿੱਚ ਜਾਣਕਾਰੀ ਤੇ ਰਿਪੋਰਟ ਉਨ੍ਹਾਂ ਨੂੰ ਭੇਜਣ। (ਬਾਕੀ ਸਫਾ 2 'ਤੇ)

### ਐਸ.ਐਸ.ਪੀ.ਪਟਿਆਲਾ ਦੀ ਵਾਇਰਲ ਆਡੀਓ ਦਾ ਮਾਮਲਾ

## ਹਾਈਕੋਰਟ ਵੱਲੋਂ ਜਾਂਚ ਸੀ.ਐਫ.ਐਸ.ਐਲ. ਚੰਡੀਗੜ੍ਹ ਨੂੰ ਤਬਦੀਲ

ਚੰਡੀਗੜ੍ਹ , 4 ਫਰਵਰੀ (ਚ.ਨ.ਸ.):ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਪਟਿਆਲਾ ਦੇ ਐੱਸ.ਐਸ.ਪੀ. ਦੀ ਵਾਇਰਲ ਆਡੀਓ ਮਾਮਲੇ ਵਿਚ ਇਕ ਵੱਡਾ ਫੈਸਲਾ ਸੁਣਾਉਂਦੇ ਹੋਏ ਇਸ ਦੀ ਜਾਂਚ ਪੰਜਾਬ ਸਰਕਾਰ ਦੇ ਅਧਿਕਾਰ ਖੇਤਰ ਤੋਂ ਬਾਹਰ ਸੀ.ਐੱਫ.ਐੱਸ.ਐੱਲ. ਚੰਡੀਗੜ੍ਹ ਨੂੰ ਤਬਦੀਲ ਕਰ ਦਿੱਤੀ ਹੈ। ਇਸ ਮਾਮਲੇ ਸਬੰਧੀ ਸ਼੍ਰੋਮਣੀ ਅਕਾਲੀ ਦਲ ਦੇ ਲੀਗਲ ਸੈੱਲ ਵੱਲੋਂ ਇਕ ਪ੍ਰੈੱਸ ਕਾਨਫਰੰਸ ਕੀਤੀ ਗਈ, ਜਿਸ ਵਿਚ ਹਾਈ ਕੋਰਟ ਦੇ ਸੀਨੀਅਰ ਵਕੀਲਾਂ ਨੇ ਅਦਾਲਤ ਦੇ ਇਸ ਫ਼ੈਸਲੇ ਦਾ ਸਵਾਗਤ ਕੀਤਾ। ਪ੍ਰੈੱਸ ਕਾਨਫ਼ਰੰਸ ਦੌਰਾਨ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਬੁਲਾਰੇ ਐਡਵੋਕੇਟ ਅਰਸ਼ਦੀਪ ਕਲੇਰ, ਐਡਵੋਕੇਟ ਪਰਮਵੀਰ ਸੰਨੀ ਅਤੇ ਐਡਵੋਕੇਟ ਗੁਰਸਿਮਰਨ ਸਿੰਘ ਨੇ ਦੱਸਿਆ ਕਿ (ਬਾਕੀ ਸਫਾ 2 'ਤੇ)

# ਸਰਕਾਰ ਵਪਾਰੀਆਂ ਦੇ ਮੁੱਦਿਆਂ ਦੇ ਹੱਲ ਲਈ ਤਿੰਨ-ਪੱਧਰੀ ਪੰਜਾਬ ਰਾਜ ਵਪਾਰੀ ਕਮਿਸ਼ਨ ਨੂੰ ਹੋਰ ਮਜ਼ਬੂਤ ਕਰੇਗੀ : ਚੀਮਾ



ਚੰਡੀਗੜ੍ਹ, 4 ਫਰਵਰੀ (ਅੰਮ੍ਰਿਤਪਾਲ ਸਿੰਘ): ਸੂਬੇ ਭਰ ਵਿੱਚ ਕਾਰੋਬਾਰ ਕਰਨ ਵਿੱਚ ਆਸਾਨੀ ਨੂੰ ਹੋਰ ਮਜ਼ਬੂਤ ਕਰਨ ਲਈ ਪੰਜਾਬ ਸਰਕਾਰ ਦੇ ਯਤਨਾਂ ਦੇ ਹਿੱਸੇ ਵਜੋਂ ਪੰਜਾਬ ਦੇ ਵਿੱਤ, ਯੋਜਨਾਬੰਦੀ, ਆਬਕਾਰੀ ਅਤੇ ਕਰ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਪੰਜਾਬ ਰਾਜ ਵਪਾਰੀ ਕਮਿਸ਼ਨ (ਪੀਐਸਟੀਸੀ) ਦੀ ਇੱਕ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕੀਤੀ। ਪੰਜਾਬ ਭਵਨ ਵਿਖੇ ਹੋਈ ਇਹ ਮੀਟਿੰਗ ਵਪਾਰੀ ਭਾਈਚਾਰੇ ਨਾਲ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ, ਸ਼ਿਕਾਇਤ ਨਿਵਾਰਨ ਵਿਧੀਆਂ ਨੂੰ ਬਿਹਤਰ ਬਣਾਉਣ ਅਤੇ ਜ਼ਿਲ੍ਹਾ ਪੱਧਰ 'ਤੇ ਤਕਨੀਕੀ ਸਮਰੱਥਾ ਵਧਾਉਣ 'ਤੇ ਕੇਂਦ੍ਰਿਤ ਰਹੀ। ਪੀਐਸਟੀਸੀ ਦੇ ਚੇਅਰਮੈਨ ਵਜੋਂ ਮੀਟਿੰਗ ਨੂੰ ਸੰਬੋਧਨ ਕਰਦਿਆਂ ਹੋਏ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸਾਡਾ ਉਦੇਸ਼ ਇੱਕ ਮਜ਼ਬੂਤ ਤਿੰਨ-ਪੱਧਰੀ ਪ੍ਰਣਾਲੀ ਸਥਾਪਤ ਕਰਨਾ ਹੈ ਜੋ ਵਪਾਰੀ ਭਾਈਚਾਰੇ ਨੂੰ ਸਿੱਧੇ ਤੌਰ 'ਤੇ ਪ੍ਰਸ਼ਾਸਨ ਨਾਲ ਜੋੜਦੀ ਹੈ, ਤਾਂ ਜੋ ਪੰਜਾਬ ਦੇ ਹਰ ਵਪਾਰੀ ਨੂੰ ਸਮੇਂ ਸਿਰ ਸਹਾਇਤਾ ਮਿਲ ਸਕੇ ਅਤੇ ਉਨ੍ਹਾਂ ਦੀਆਂ ਚਿੰਤਾਵਾਂ ਦਾ ਪਤਾ ਲਗਾ ਕੇ ਉਨ੍ਹਾਂ ਦਾ ਹੱਲ ਕੀਤਾ ਜਾ ਸਕੇ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਜ਼ਿਲ੍ਹਾ ਵਪਾਰ ਕਮੇਟੀ ਦੇ ਚੇਅਰਮੈਨਾਂ ਨੂੰ ਸਪੱਸ਼ਟ ਨਿਰਦੇਸ਼ ਦਿੱਤੇ ਕਿ ਉਹ ਆਪੋ-ਆਪਣੇ ਖੇਤਰਾਂ ਵਿੱਚ ਵਪਾਰੀਆਂ ਨਾਲ ਸਰਗਰਮੀ ਨਾਲ ਜੁੜਨ ਅਤੇ ਜ਼ਮੀਨੀ ਪੱਧਰ ਦੇ ਮੁੱਦਿਆਂ 'ਤੇ ਫੀਡਬੈਕ ਲੈਣ। ਉਨ੍ਹਾਂ ਨੇ ਸਥਾਨਕ ਸ਼ਿਕਾਇਤਾਂ ਦੇ ਤੁਰੰਤ ਨਿਪਟਾਰੇ ਨੂੰ ਯਕੀਨੀ ਬਣਾਉਣ ਲਈ 10 ਅਤੇ 11 ਫਰਵਰੀ ਨੂੰ ਵਿਸ਼ੇਸ਼ ਜ਼ਿਲ੍ਹਾ ਪੱਧਰੀ ਕੈਂਪ ਲਗਾਉਣ ਦਾ ਐਲਾਨ ਵੀ ਕੀਤਾ। ਉਨ੍ਹਾਂ ਅੱਗੇ ਕਿਹਾ ਕਿ ਜ਼ਿਲ੍ਹਾ ਵਪਾਰ ਕਮੇਟੀ ਦੇ ਚੇਅਰਮੈਨਾਂ ਨੂੰ ਵਪਾਰੀਆਂ ਤੱਕ ਸਰਗਰਮੀ ਨਾਲ ਪਹੁੰਚ ਕਰਨੀ ਚਾਹੀਦੀ ਹੈ ਤੇ ਉਨ੍ਹਾਂ ਦੇ ਮੁੱਦਿਆਂ ਨੂੰ ਸਮਝਣਾ ਚਾਹੀਦਾ ਹੈ। ਵਿੱਤ ਮੰਤਰੀ ਨੇ ਅੱਗੇ ਹਦਾਇਤ ਕੀਤੀ ਕਿ ਜ਼ਿਲ੍ਹਾ ਪੱਧਰ 'ਤੇ ਹੱਲ ਨਾਲ ਹੋਣ ਵਾਲੇ ਮੁੱਦਿਆਂ ਨੂੰ ਯੋਜਨਾਬੱਧ ਢੰਗ ਨਾਲ ਦਸਤਾਵੇਜ਼ੀ ਰੂਪ ਵਿੱਚ ਦਰਜ ਕੀਤਾ ਜਾਵੇ ਅਤੇ ਜਲਦ ਹੱਲ ਲਈ ਪੰਜਾਬ ਰਾਜ ਵਪਾਰੀ ਕਮਿਸ਼ਨ ਨੂੰ ਭੇਜਿਆ ਜਾਵੇ। ਉਨ੍ਹਾਂ ਅੱਗੇ ਕਿਹਾ ਕਿ ਰਾਜ ਪੱਧਰੀ ਕਾਰਵਾਈ ਦੀ ਲੋੜ ਵਾਲੇ ਗੁੰਝਲਦਾਰ ਮਾਮਲੇ ਜਾਂ ਫੀਡਬੈਕ ਨੂੰ ਸਹੀ ਢੰਗ ਨਾਲ ਸੂਚੀਬੱਧ ਕਰਕੇ ਕਮਿਸ਼ਨ ਨਾਲ ਸਾਂਝਾ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਪ੍ਰਭਾਵੀ ਅਤੇ ਸਮਾਂਬੱਧ ਹੱਲ ਯਕੀਨੀ ਬਣਾਏ ਜਾ ਸਕਣ।

ਇਸ ਮੀਟਿੰਗ ਵਿੱਚ ਪੀਐਸਟੀਸੀ ਦੇ ਵਾਈਸ ਚੇਅਰਮੈਨ ਅਨਿਲ ਠਾਕੁਰ, ਵਿੱਤੀ ਕਮਿਸ਼ਨਰ ਕਰ ਅਜੀਤ ਬਾਲਾਜੀ ਜੋਸ਼ੀ ਅਤੇ ਕਰ ਕਮਿਸ਼ਨਰ ਜਤਿੰਦਰ ਜੋਰਵਾਲ ਸ਼ਾਮਲ ਹੋਏ। ਇਸ ਵਿਚਾਰ-ਵਟਾਂਦਰੇ ਦੌਰਾਨ ਵਪਾਰ ਕਮੇਟੀਆਂ ਦੇ ਤਕਨੀਕੀ ਸਸ਼ਕਤੀਕਰਨ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਵਿੱਤੀ ਕਮਿਸ਼ਨਰ ਕਰ ਅਜੀਤ ਬਾਲਾਜੀ ਜੋਸ਼ੀ ਅਤੇ ਕਰ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਜੀਐਸਟੀ ਫਾਈਲ ਕਰਨ ਨਾਲ ਸਬੰਧਤ ਮੁੱਖ ਤਕਨੀਕੀ ਪਹਿਲੂਆਂ ਬਾਰੇ ਵਿਸਥਾਰਤ ਜਾਣਕਾਰੀ ਦਿੱਤੀ, ਜਿਸਦਾ ਉਦੇਸ਼ ਜ਼ਿਲ੍ਹਾ ਕਮੇਟੀ ਮੈਂਬਰਾਂ ਨੂੰ ਰੈਗੂਲੇਟਰੀ ਜ਼ਰੂਰਤਾਂ ਦੀ ਪਾਲਣਾ ਕਰਨ ਵਿੱਚ ਵਪਾਰੀਆਂ ਦੀ ਸਹਾਇਤਾ ਲਈ ਜ਼ਰੂਰੀ ਜਾਣਕਾਰੀ ਨਾਲ ਲੈਸ ਕਰਨਾ ਹੈ।

ਇਸ ਪਹਿਲਕਦਮੀ ਦੇ ਪਿੱਛੇ ਵਿਆਪਕ ਦ੍ਰਿਸ਼ਟੀਕੋਣ ਨੂੰ ਦੁਹਰਾਉਂਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਹ ਤਿੰਨ-ਪੱਧਰੀ ਪ੍ਰਣਾਲੀ ਪੰਜਾਬ ਵਿੱਚ ਵਪਾਰ ਲਈ ਇੱਕ ਸਹਿਜ ਅਤੇ ਜਵਾਬਦੇਹ ਵਾਤਾਵਰਣ ਸਿਰਜਣ ਲਈ ਤਿਆਰ ਕੀਤੀ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਪ੍ਰਣਾਲੀ ਦਾ ਮੁੱਖ ਉਦੇਸ਼ ਹਰੇਕ ਵਪਾਰੀ ਦੀ ਮੁਸ਼ਕਿਲ ਸੁਣਨਾ ਅਤੇ ਉਸ 'ਤੇ ਸਮੇਂ ਸਿਰ ਕਾਰਵਾਈ ਕਰਨਾ ਯਕੀਨੀ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਜ਼ਿਲ੍ਹਾ ਪੱਧਰੀ ਪਹੁੰਚ ਅਤੇ ਰਾਜ ਪੱਧਰ 'ਤੇ ਮਜ਼ਬੂਤ ਨੀਤੀ ਰਾਹੀਂ ਇੱਕ ਪਾਰਦਰਸ਼ੀ ਅਤੇ ਕਾਰੋਬਾਰ-ਪੱਖੀ ਮਾਹੌਲ ਸਿਰਜਣ ਦੀ ਦਿਸ਼ਾ ਵਿੱਚ ਲਗਾਤਾਰ ਕੰਮ ਕਰ ਰਹੀ ਹੈ।

# 'ਬਾਜ਼ ਅੱਖ' ਐਂਟੀ-ਡਰੋਨ ਸਿਸਟਮ ਨੇ 4 ਕਿਲੋ ਹੈਰੋਇਨ ਨਾਲ ਭਰਿਆ ਡਰੋਨ ਬੇਅਸਰ



ਚੰਡੀਗੜ੍ਹ/ਤਰਨ ਤਾਰਨ, 4 ਫਰਵਰੀ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚਲਾਈ ਜਾ ਰਹੀ ਮੁਹਿੰਮ ਦੌਰਾਨ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਨੈੱਟਵਰਕਾਂ ਵਿਰੁੱਧ ਵੱਡੀ ਸਫਲਤਾ ਵਿੱਚ ਤਰਨ ਤਾਰਨ ਪੁਲਿਸ ਨੇ ਸੀਮਾ ਸੁਰੱਖਿਆ ਬਲ (ਬੀ.ਐਸ.ਐਫ.) ਨਾਲ ਸਾਂਝੇ ਆਪ੍ਰੇਸ਼ਨ ਤਹਿਤ ਸਰਹੱਦੀ ਚੌਕੀ (ਬੀ.ਓ.ਪੀ.) ਕਾਲੀਆਂ ਨੇੜੇ ਦੇ ਖੇਤਾਂ ਤੋਂ 3.925 ਕਿਲੋ ਹੈਰੋਇਨ ਬਰਾਮਦ ਕੀਤੀ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਦਿੱਤੀ।

ਹੈਰੋਇਨ ਦੀ ਖੇਪ ਬਰਾਮਦ ਕਰਨ ਤੋਂ ਇਲਾਵਾ, ਪੁਲਿਸ ਟੀਮਾਂ ਨੇ ਇੱਕ ਡੀਜੇਆਈ ਮੈਟਰਿਸ ਡਰੋਨ ਵੀ ਬਰਾਮਦ ਕੀਤਾ ਹੈ, ਜਿਸਦੀ ਵਰਤੋਂ ਪਾਕਿਸਤਾਨ ਸਥਿਤ ਤਸਕਰਾਂ ਵੱਲੋਂ ਸਰਹੱਦ ਪਾਰੋਂ ਖੇਪ ਭੇਜਣ ਲਈ ਕੀਤੀ ਗਈ ਸੀ, ਜੋ ਉੱਨਤ ਤਕਨਾਲੋਜੀ ਰਾਹੀਂ ਸਰਹੱਦ ਪਾਰੋਂ ਤਸਕਰੀ ਦੀਆਂ ਕੋਸ਼ਿਸ਼ਾਂ ਵੱਲ ਇਸ਼ਾਰਾ ਕਰਦਾ ਹੈ। ਡੀਜੀਪੀ ਨੇ ਕਿਹਾ ਕਿ ਸਰਹੱਦ ਪਾਰ ਦੇ ਹੈਂਡਲਰਾਂ ਦੀ ਪਛਾਣ ਕਰਨ, ਸਪਲਾਈ ਰੂਟਾਂ ਦਾ ਪਤਾ ਲਗਾਉਣ ਤੇ ਪੂਰੇ ਨੈੱਟਵਰਕ ਨੂੰ ਤਬਾਹ ਕਰਨ ਲਈ ਜਾਂਚ ਕੀਤੀ ਜਾ ਰਹੀ ਹੈ। ਆਪ੍ਰੇਸ਼ਨ ਸਬੰਧੀ ਵੇਰਵੇ ਸਾਂਝੇ ਕਰਦਿਆਂ ਸੀਨੀਅਰ ਪੁਲਿਸ ਸੁਪਰਡੈਂਟ ਤਰਨ ਤਾਰਨ ਸੁਰੇਂਦਰ ਲਾਂਬਾ ਨੇ ਕਿਹਾ ਕਿ ਪੰਜਾਬ ਸਰਕਾਰ ਦੇ 'ਬਾਜ਼ ਅੱਖ' ਐਂਟੀ-ਡਰੋਨ ਸਿਸਟਮ ਨੇ ਸਰਹੱਦੀ ਚੌਕੀ (ਬੀ.ਓ.ਪੀ.) ਕਾਲੀਆਂ ਨੇੜੇ ਡਰੋਨ ਦੀਆਂ ਗਤੀਵਿਧੀਆਂ ਦਾ ਪਤਾ ਲਗਾਇਆ ਸੀ। ਇਸ 'ਤੇ ਤੇਜ਼ੀ ਨਾਲ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਤੁਰੰਤ ਬੀ.ਐਸ.ਐਫ. ਨੂੰ ਸੂਚਿਤ ਕੀਤਾ ਅਤੇ ਸਾਂਝੇ ਤੌਰ 'ਤੇ ਤਲਾਸ਼ੀ ਅਭਿਆਨ ਚਲਾਇਆ, ਜਿਸ ਨਾਲ ਹੈਰੋਇਨ ਦੀ ਖੇਪ ਨਾਲ ਭਰੇ ਡਰੋਨ ਨੂੰ ਬੇਅਸਰ ਕੀਤਾ ਗਿਆ, ਜੋ ਬਾਅਦ ਵਿੱਚ ਖੇਤਾਂ ਤੋਂ ਬਰਾਮਦ ਕੀਤਾ ਗਿਆ।

ਐਸ.ਐਸ.ਪੀ. ਨੇ ਕਿਹਾ ਕਿ ਜਿਨ੍ਹਾਂ ਵੱਲੋਂ ਇਹ ਹੈਰੋਇਨ ਦੀ ਖੇਪ ਪ੍ਰਾਪਤ ਕੀਤੀ ਜਾਣੀ ਸੀ , ਦੀ ਪਛਾਣ ਕਰਨ ਲਈ ਹੋਰ ਜਾਂਚ ਜਾਰੀ ਹੈ। ਇਸ ਸਬੰਧ ਵਿੱਚ ਐਫਆਈਆਰ ਨੰ. 20 ਮਿਤੀ 3/2/2026 ਨੂੰ ਤਰਨਤਾਰਨ ਦੇ ਪੁਲਿਸ ਥਾਣਾ ਵਲਟੋਹਾ ਵਿਖੇ ਐਨਡੀਪੀਐਸ ਐਕਟ ਦੀ ਧਾਰਾ 213 ਤੇ ਭਾਰਤੀ ਵਾਯੂਯਾਨ ਅਧਿਨੀਅਮ ਦੀ ਧਾਰਾ 25, 26 ਅਤੇ 29 ਤਹਿਤ ਕੇਸ ਦਰਜ ਕੀਤਾ ਗਿਆ ਹੈ।

# ਆਜ਼ਾਦੀ ਘੁਲਾਟੀਆਂ ਦੇ ਪਰਿਵਾਰਾਂ ਦੀਆਂ ਜਾਇਜ਼ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ : ਮੋਹਿੰਦਰ ਭਗਤ



ਚੰਡੀਗੜ੍ਹ, 4 ਫਰਵਰੀ (ਅੰਮ੍ਰਿਤਪਾਲ ਸਿੰਘ): ਪੰਜਾਬ ਦੇ ਆਜ਼ਾਦੀ ਘੁਲਾਟੀਏ ਮੰਤਰੀ ਮੋਹਿੰਦਰ ਭਗਤ ਨੇ ਅੱਜ ਪੰਜਾਬ ਸਿਵਲ ਸਕੱਤਰੇਤ, ਚੰਡੀਗੜ੍ਹ ਵਿਖੇ ਆਜ਼ਾਦੀ ਘੁਲਾਟੀਆਂ ਦੇ ਪਰਿਵਾਰਕ ਮੈਂਬਰਾਂ ਤੇ ਫਰੀਡਮ ਫਾਈਟਰਜ਼ ਉੱਤਰਾਧਿਕਾਰੀ ਸੰਸਥਾ ਪੰਜਾਬ ਦੇ ਨੁਮਾਇੰਦਿਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ। ਇਸ ਮੌਕੇ ਆਜ਼ਾਦੀ ਘੁਲਾਟੀਆਂ ਵਿਭਾਗ ਦੇ ਵਿਸ਼ੇਸ਼ ਮੁੱਖ ਸਕੱਤਰ ਰਾਜੀ ਪੀ. ਸ੍ਰੀਵਾਸਤਵਾ ਤੇ ਜੁਆਇੰਟ ਸਕੱਤਰ ਰਾਜਪਾਲ ਸਿੰਘ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਮੀਟਿੰਗ ਦੌਰਾਨ ਮੰਤਰੀ ਮੋਹਿੰਦਰ ਭਗਤ ਨੇ ਆਜ਼ਾਦੀ ਘੁਲਾਟੀਆਂ ਦੇ ਪਰਿਵਾਰਕ ਮੈਂਬਰਾਂ ਤੇ ਸੰਸਥਾ ਦੇ ਨੁਮਾਇੰਦਿਆਂ ਦੀਆਂ ਮੰਗਾਂ ਨੂੰ ਬਹੁਤ ਧਿਆਨ ਨਾਲ ਸੁਣਿਆ ਤੇ ਭਰੋਸਾ ਦਿੱਤਾ ਕਿ ਉਨ੍ਹਾ ਦੀ ਹਰ ਇੱਕ ਜਾਇਜ਼ ਮੰਗ ਨੂੰ ਸਰਕਾਰ ਵੱਲੋਂ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਮੰਤਰੀ ਭਗਤ ਨੇ ਸੰਬੰਧਿਤ ਵਿਭਾਗ ਨੂੰ ਜ਼ਰੂਰੀ ਕਾਰਵਾਈ ਕਰਨ ਦੇ ਨਿਰਦੇਸ਼ ਵੀ ਦਿੱਤੇ।

ਭਗਤ ਨੇ ਕਿਹਾ ਕਿ ਆਜ਼ਾਦੀ ਸੰਘਰਸ਼ ਵਿੱਚ ਵੱਡੀਆਂ ਕੁਰਬਾਨੀ ਦੇ ਕੇ ਦੇਸ਼ ਨੂੰ ਆਜ਼ਾਦ ਕਰਵਾਉਣ ਵਾਲੇ ਆਜ਼ਾਦੀ ਘੁਲਾਟੀਆਂ ਤੇ ਉਨ੍ਹਾਂ ਦੇ ਪਰਿਵਾਰਾਂ ਦਾ ਸਨਮਾਨ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾ ਕਿਹਾ ਕਿ ਜਿਹੜੀਆਂ ਮੰਗਾਂ ਵਿਭਾਗੀ ਪੱਧਰ 'ਤੇ ਹੱਲ ਹੋ ਸਕਦੀਆਂ ਹਨ ਉਨ੍ਹਾਂ ਨੂੰ ਤਰਜੀਹ ਦੇ ਆਧਾਰ 'ਤੇ ਜਲਦੀ ਨਿਪਟਾਇਆ ਜਾਵੇਗਾ ਤੇ ਜਿਹੜੀਆਂ ਮੰਗਾਂ ਮੁੱਖ ਮੰਤਰੀ ਜਾਂ ਵਿੱਤ ਵਿਭਾਗ ਦੇ ਪੱਧਰ 'ਤੇ ਹੱਲ ਹੋਣਗੀਆਂ ਉਨ੍ਹਾਂ ਨੂੰ ਵੀ ਵਿਸੇਸ਼ ਤੌਰ ਤੇ ਵਿਚਾਰਿਆ ਜਾਵੇਗਾ।

# ਭਾਜਪਾ ਨੇ ਫਿਰ ਰਚੀ ਕਿਸਾਨਾਂ ਨੂੰ ਬਰਬਾਦ ਕਰਨ ਦੀ ਸਾਜ਼ਿਸ਼ ਮੋਦੀ-ਟਰੰਪ ਵਿਚਾਲੇ ਕੀ ਸਮਝੌਤਾ ਹੋਇਆ ਜਨਤਾ ਨੂੰ ਦੱਸੇ ਕੇਂਦਰ ਸਰਕਾਰ : ਤਲਬੀਰ ਸਿੰਘ ਗਿੱਲ



ਅੰਮ੍ਰਿਤਸਰ, 4 ਫਰਵਰੀ (ਅੰਮ੍ਰਿਤਪਾਲ ਸ਼ਿੰਘ): ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਆਗੂ ਤਲਬੀਰ ਗਿੱਲ ਨੇ ਕੇਂਦਰ ਦੀ ਭਾਜਪਾ ਸਰਕਾਰ 'ਤੇ ਤਿੱਖਾ ਹਮਲਾ ਬੋਲਦਿਆਂ ਕਿਹਾ ਹੈ ਕਿ ਮੋਦੀ ਸਰਕਾਰ ਇੱਕ ਵਾਰ ਫਿਰ ਦੇਸ਼ ਦੇ ਅੰਨਦਾਤਾ ਦੀ ਪਿੱਠ ਵਿੱਚ ਛੁਰਾ ਮਾਰਨ ਦੀ ਤਿਆਰੀ ਕਰ ਰਹੀ ਹੈ। ਬੁੱਧਵਾਰ ਨੂੰ 'ਆਪ' ਆਗੂ ਗੁਰਪ੍ਰਤਾਪ ਸਿੰਘ ਦੇ ਨਾਲ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਗਿੱਲ ਨੇ ਕਿਹਾ ਕਿ ਭਾਜਪਾ ਸਰਕਾਰ ਨੇ ਪਹਿਲਾਂ ਵੀ ਤਿੰਨ ਕਾਲੇ ਕਾਨੂੰਨ ਸਾਡੇ ਕਿਸਾਨਾਂ 'ਤੇ ਥੋਪਣ ਦੀ ਕੋਸ਼ਿਸ਼ ਕੀਤੀ ਸੀ, ਜਿਸ ਦਾ ਪੰਜਾਬ ਸਮੇਤ ਪੂਰੇ ਦੇਸ਼ ਦੇ ਕਿਸਾਨਾਂ ਨੇ ਦਿੱਲੀ ਦੀਆਂ ਸਰਹੱਦਾਂ 'ਤੇ ਡਟ ਕੇ ਮੁਕਾਬਲਾ ਕੀਤਾ। ਉਸ ਅੰਦੋਲਨ ਵਿੱਚ ਦੇਸ਼ ਦਾ ਸ਼ਾਇਦ ਹੀ ਕੋਈ ਅਜਿਹਾ ਕਿਸਾਨ ਪਰਿਵਾਰ ਰਿਹਾ ਹੋਵੇ ਜੋ ਸ਼ਾਮਲ ਨਾ ਹੋਇਆ ਹੋਵੇ।

ਭਾਜਪਾ ਦੀ ਇਸ ਜ਼ਾਲਮ ਸਰਕਾਰ ਨੇ ਹਰ ਸੰਭਵ ਕੋਸ਼ਿਸ਼ ਕੀਤੀ ਕਿ ਕਿਸੇ ਤਰ੍ਹਾਂ ਕਿਸਾਨੀ ਨੂੰ ਖ਼ਤਮ ਕੀਤਾ ਜਾ ਸਕੇ, ਪਰ ਕਿਸਾਨਾਂ ਦੀ ਏਕਤਾ ਅੱਗੇ ਉਨ੍ਹਾਂ ਨੂੰ ਝੁਕਣਾ ਪਿਆ। ਉਨ੍ਹਾਂ ਕਿਹਾ ਕਿ ਹੈਰਾਨੀ ਦੀ ਗੱਲ ਹੈ ਕਿ ਗੱਲ ਸਾਡੇ ਦੇਸ਼ ਦੀ ਹੈ, ਪਰ ਟਵੀਟ ਟਰੰਪ ਕਰ ਰਹੇ ਹਨ ਅਤੇ ਮੋਦੀ ਸਾਹਿਬ ਉਨ੍ਹਾਂ ਦਾ ਸਵਾਗਤ ਕਰ ਰਹੇ ਹਨ। ਗਿੱਲ ਨੇ ਸਵਾਲ ਕੀਤਾ ਕਿ ਮੋਦੀ ਸਰਕਾਰ ਦੀ ਆਖ਼ਰ ਪਰਦੇ ਦੇ ਪਿੱਛੇ ਅਜਿਹੀ ਕੀ ਡੀਲ ਹੋਈ ਹੈ ਜਿਸ ਨੂੰ ਜਨਤਾ ਤੋਂ ਛੁਪਾਇਆ ਜਾ ਰਿਹਾ ਹੈ? ਉਨ੍ਹਾਂ ਮੰਗ ਕੀਤੀ ਕਿ ਇਸ ਸਮਝੌਤੇ ਨੂੰ ਤੁਰੰਤ ਜਨਤਕ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਇਹ ਗੁਪਤ ਸਮਝੌਤਾ ਫਿਰ ਤੋਂ ਉਸੇ 'ਕਾਲੇ ਕਾਨੂੰਨ' ਦੀ ਵਾਪਸੀ ਵੱਲ ਇਸ਼ਾਰਾ ਕਰ ਰਿਹਾ ਹੈ, ਜੋ ਕਿਸਾਨਾਂ ਦੀ ਹੋਂਦ ਨੂੰ ਮਿਟਾਉਣ ਦੀ ਇੱਕ ਸੋਚੀ-ਸਮਝੀ ਚਾਲ ਹੈ। ਭਾਜਪਾ 'ਤੇ ਤਿੱਖਾ ਹਮਲਾ ਕਰਦਿਆਂ ਗਿੱਲ ਨੇ ਕਿਹਾ ਕਿ ਮੋਦੀ ਸਰਕਾਰ ਦਾ ਇੱਕੋ-ਇੱਕ ਟੀਚਾ ਆਪਣੇ ਪੂੰਜੀਪਤੀ ਦੋਸਤਾਂ ਨੂੰ ਫਾਇਦਾ ਪਹੁੰਚਾਉਣਾ ਹੈ।ਭਾਜਪਾ ਦਿਨ-ਰਾਤ ਮਿਹਨਤ ਕਰਨ ਵਾਲੇ ਕਿਸਾਨ ਦੀ ਕੀਮਤ 'ਤੇ ਕਾਰਪੋਰੇਟ ਘਰਾਣਿਆਂ ਦੀਆਂ ਤਿਜੋਰੀਆਂ ਭਰਨ ਦੀ ਸਾਜ਼ਿਸ਼ ਰਚੀ ਜਾ ਰਹੀ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਇਹ ਸਮਝੌਤਾ ਲਾਗੂ ਹੁੰਦਾ ਹੈ, ਤਾਂ ਇਹ ਸਾਡੀਆਂ ਫ਼ਸਲਾਂ ਤੇ ਕਿਸਾਨੀ 'ਤੇ ਹੁਣ ਤੱਕ ਦਾ ਸਭ ਤੋਂ ਵੱਡਾ ਹਮਲਾ ਹੋਵੇਗਾ। ਗਿੱਲ ਨੇ ਪੰਜਾਬ ਅਤੇ ਦੇਸ਼ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਹੁਣ ਸਮਾਂ ਆ ਗਿਆ ਹੈ ਕਿ ਅਸੀਂ ਫਿਰ ਤੋਂ ਇਕਜੁੱਟ ਹੋਈਏ ਅਤੇ ਭਾਜਪਾ ਦੀਆਂ ਇਨ੍ਹਾਂ ਘਾਤਕ ਨੀਤੀਆਂ ਵਿਰੁੱਧ ਕਿਸਾਨ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੇ ਹੋਈਏ।

# ਮਾਨ ਦੀ ਅਗਵਾਈ ਹੇਠ ਪੰਜਾਬ ਵਿਸ਼ਵ ਪੱਧਰੀ ਬੁਨਿਆਦੀ ਢਾਂਚੇ ਵਾਲੀਆਂ ਸੰਸਥਾਵਾਂ ਦੇ ਨਿਰਮਾਣ ਦੇ ਨਾਲ-ਨਾਲ ਉਨ੍ਹਾਂ ਨੂੰ ਬਣਾਉਣ ਵਾਲੇ ਕਾਮਿਆਂ ਨੂੰ ਵੀ ਦੇ ਰਿਹੈ ਮਾਣ : ਸੌਂਦ



ਚੰਡੀਗੜ੍ਹ: 4 ਫਰਵਰੀ (ਚ.ਨ.ਸ.): ਪੰਜਾਬ ਦੇ ਉਸਾਰੀ ਕਾਮੇ ਦਹਾਕਿਆਂ ਤੱਕ ਰਾਜ ਦੇ ਸਭ ਤੋਂ ਅਣਗੌਲੇ ਨਾਗਰਿਕਾਂ ਰਹੇ ਹਨ। ਸੂਬੇ ਦੀਆਂ ਸੜਕਾਂ, ਸਕੂਲ, ਹਸਪਤਾਲ ਅਤੇ ਘਰ ਬਣਾਉਣ ਦੇ ਬਾਵਜੂਦ ਉਹ ਤੰਗੀਆਂ-ਤੁਰਸ਼ੀਆਂ ਅਤੇ ਗਰੀਬੀ ਦਾ ਜੀਵਨ ਬਿਤਾਉਂਦੇ ਰਹੇ। ਇਸ ਵਰਗ ਲਈ ਭਲਾਈ ਪ੍ਰਣਾਲੀ ਜ਼ਿਆਦਾਤਰ ਕਾਗਜ਼ਾਂ ਵਿੱਚ ਹੀ ਸੀ। ਪਰ, ਹੁਣ ਭਗਵੰਤ ਮਾਨ ਸਰਕਾਰ ਦੌਰਾਨ ਉਨ੍ਹਾਂ ਦੀ ਸਥਿਤੀ ਨਿਰਣਾਇਕ ਤੇ ਸਾਕਾਰਾਤਮਕ ਢੰਗ ਨਾਲ ਬਦਲਣੀ ਸ਼ੁਰੂ ਹੋ ਗਈ ਹੈ। ਸਪੱਸ਼ਟ ਤੌਰ 'ਤੇ ਇਸ ਤਬਦੀਲੀ ਦਾ ਮੁੱਖ ਕਾਰਨ ਸ਼ਾਸਨ ਵਿੱਚ ਆਇਆ ਬਦਲਾਅ ਹੈ। ਮਜ਼ਦੂਰਾਂ ਨੂੰ ਫਾਰਮ ਭਰਨ, ਦਫਤਰਾਂ ਦੇ ਗੇੜੇ ਕੱਢਣ ਤੇ ਬੇਲੋੜੀ ਦੇਰੀ ਕਾਰਨ ਖੱਜਲ-ਖੁਆਰ ਹੋਣ ਤੋਂ ਬਚਾਉਣ ਲਈ ਪੰਜਾਬ ਸਰਕਾਰ ਨੇ ਸਿਸਟਮ ਦਾ ਪੁਨਰਗਠਨ ਕੀਤਾ ਹੈ। ਪੰਜਾਬ ਬਿਲਡਿੰਗ ਐਂਡ ਅਦਰ ਕੰਸਟ੍ਰਕਸ਼ਨ ਵਰਕਰਜ਼ ਵੈਲਫੇਅਰ ਬੋਰਡ (ਬੀਓਸੀਡਬਲਿਊ), ਜੋ ਰਾਜ ਭਰ ਵਿੱਚ ਲਗਭਗ ਦੋ ਲੱਖ ਰਜਿਸਟਰਡ ਉਸਾਰੀ ਕਾਮਿਆਂ ਲਈ ਨੋਡਲ ਏਜੰਸੀ ਹੈ, ਦੇ ਬੁਨਿਆਦੀ ਢਾਂਚੇ ਵਿੱਚ ਸੁਧਾਰ ਕੀਤੇ ਗਏ ਹਨ ਤਾਂ ਜੋ ਕੰਮਕਾਜ ਵਿੱਚ ਤੇਜ਼ੀ, ਸੁਚੱਜਤਾ ਅਤੇ ਜਵਾਬਦੇਹੀ ਲਿਆਂਦੀ ਜਾ ਸਕੇ।

**ਅਣਗਹਿਲੀ ਤੋਂ ਜਵਾਬਦੇਹੀ ਤੱਕ:** ਪਿਛਲੀਆਂ ਸਰਕਾਰਾਂ ਇੱਕ ਅਜਿਹਾ ਸਿਸਟਮ ਛੱਡ ਕੇ ਗਈਆਂ ਸਨ, ਜਿੱਥੇ ਭਲਾਈ ਸਬੰਧੀ ਲਾਭਾਂ ਦੀ ਪ੍ਰਕਿਰਿਆ ਵਿੱਚ ਔਸਤਨ 206 ਦਿਨ ਲੱਗਦੇ ਸਨ। ਲੇਬਰ ਕਾਰਡ ਸਿਰਫ਼ ਇੱਕ ਸਾਲ ਲਈ ਵੈਧ ਹੁੰਦੇ ਸਨ, ਉਸਾਰੀ ਕਾਮਿਆਂ ਨੂੰ ਅਕਸਰ ਲੰਮਾ ਸਮਾਂ ਉਡੀਕ ਕਰਨੀ ਪੈਂਦੀ ਸੀ ਤੇ ਇਹ ਵੀ ਯਕੀਨੀ ਨਹੀਂ ਸੀ ਕਿ ਸਹਾਇਤਾ ਕਦੇ ਆਵੇਗੀ ਵੀ ਜਾਂ ਨਹੀਂ। ਸੋ, ਭਗਵੰਤ ਮਾਨ ਸਰਕਾਰ ਨੂੰ ਨਾ ਸਿਰਫ਼ ਇਹ ਪ੍ਰਸ਼ਾਸਕੀ ਦੇਰੀ ਮਿਲ ਸਗੋਂ ਪਿਛਲੀਆਂ ਸਰਕਾਰਾਂ ਵੱਲੋਂ ਸਾਲਾਂ ਤੋਂ ਕੀਤੀਆਂ ਜਾਂਦੀਆਂ ਅਣਗਹਿਲੀਆਂ ਤੇ ਗੰਭੀਰ ਦੇਣਦਾਰੀਆਂ ਵੀ ਮਿਲੀਆਂ। ਸਿਸਟਮ ਵਿੱਚ ਕੋਈ ਤਜਰਬਾ ਜਾਂ ਛੇੜਛਾੜ ਕਰਨ ਦੀ ਥਾਂ ਸਰਕਾਰ ਨੇ ਢਾਂਚਾਗਤ ਸੁਧਾਰਾਂ ਨੂੰ ਤਰਜੀਹ ਦਿੱਤੀ। ਮਜ਼ਦੂਰਾਂ ਨੂੰ ਅਪਮਾਨਿਤ ਕਰਨ ਵਾਲੀਆਂ ਬੇਲੋੜੀਆਂ ਸ਼ਰਤਾਂ ਨੂੰ ਹਟਾ ਦਿੱਤਾ ਗਿਆ। ਇਸਦੀ ਪ੍ਰਤੱਖ ਉਦਾਹਰਣ ਹੈ ਜਣੇਪਾ ਲਾਭਾਂ ਲਈ ਬਾਲ ਆਧਾਰ ਦੀ ਸ਼ਰਤ ਨੂੰ ਖਤਮ ਕਰਨਾ । ਪਰਿਵਾਰਾਂ ਤੋਂ ਸਿਰਫ਼ ਵਿੱਤੀ ਸਹਾਇਤਾ ਪ੍ਰਾਪਤ ਕਰਨ ਲਈ ਨਵਜੰਮੇ ਬੱਚਿਆਂ ਲਈ ਆਧਾਰ ਦੀ ਮੰਗ ਕਰਨਾ ਨਾ ਤਾਂ ਵਾਜਿਬ ਸੀ ਅਤੇ ਨਾ ਹੀ ਤਰਕਸੰਗਤ। ਉਹ ਅਭਿਆਸ ਹੁਣ ਖਤਮ ਹੋ ਗਿਆ ਹੈ, ਜਿਸ ਨਾਲ ਭਲਾਈ ਪ੍ਰਕਿਰਿਆ ਵਿੱਚ ਬੁਨਿਆਦੀ ਮਾਣ ਬਹਾਲ ਹੋਇਆ ਹੈ।

**ਮਨੁੱਖੀ ਉਦੇਸ਼ ਲਈ ਲਾਹੇਵੰਦ ਤਕਨਾਲੋਜੀ:** ਪੰਜਾਬ ਦੇ ਸੁਧਾਰਾਂ ਨੂੰ ਜੋ ਹੋਰਨਾਂ ਤੋਂ ਵੱਖਰਾ ਕਰਦਾ ਹੈ, ਉਹ ਇਹ ਹੈ ਕਿ ਤਕਨਾਲੋਜੀ ਸਿਰਫ਼ ਆਪਣੀ ਵਰਤੋਂ ਲਈ ਹੀ ਨਹੀਂ , ਸਗੋਂ ਪਰੇਸ਼ਾਨੀਆਂ ਤੇ ਸਮੱਸਿਆਵਾਂ ਨੂੰ ਘਟਾਉਣ ਲਈ ਤਿਆਰ ਕੀਤੀ ਗਈ ਹੈ। ਅਰਜ਼ੀ ਪ੍ਰਕਿਰਿਆਵਾਂ, ਜੋ ਪਹਿਲਾਂ 11 ਪੜਾਵਾਂ ਵਿੱਚੋਂ ਲੰਘਦੀਆਂ ਸਨ, ਨੂੰ ਸਰਲ ਬਣਾਇਆ ਗਿਆ ਹੈ, 14 ਸਕੀਮਾਂ ਵਿੱਚ ਬੇਲੋੜੀਆਂ ਪ੍ਰਵਾਨਗੀਆਂ ਨੂੰ ਹਟਾ ਦਿੱਤਾ ਗਿਆ ਹੈ। ਵਿਭਾਗ ਹੁਣ ਆਪਸ ਵਿੱਚ ਡੇਟਾ ਸਾਂਝਾ ਕਰਦੇ ਹਨ ਅਤੇ ਇਹ ਯਕੀਨੀ ਬਣਾਉਂਦੇ ਹਨ ਕਿ ਮਜ਼ਦੂਰਾਂ ਨੂੰ ਹੁਣ ਉਹ ਦਸਤਾਵੇਜ਼ ਜਮ੍ਹਾਂ ਕਰਾਉਣ ਲਈ ਨਹੀਂ ਕਿਹਾ ਜਾਂਦਾ ਜੋ ਸਰਕਾਰ ਕੋਲ ਪਹਿਲਾਂ ਹੀ ਹਨ। ਪਹਿਲਾਂ, ਉਸਾਰੀ ਕਾਮਿਆਂ ਨੂੰ ਫਾਰਮ ਜਮ੍ਹਾਂ ਕਰਾਉਣ ਲਈ ਵਾਰ-ਵਾਰ ਸਰਕਾਰੀ ਦਫ਼ਤਰਾਂ ਵਿੱਚ ਜਾਣਾ ਪੈਂਦਾ ਸੀ ਅਤੇ ਫਿਰ ਸਿੱਖਿਆ ਨਾਲ ਸਬੰਧਤ ਲਾਭਾਂ ਲਈ ਵੱਖਰੇ ਤੌਰ 'ਤੇ ਆਧਾਰ ਤਸਦੀਕ ਕਰਵਾਉਣੀ ਪੈਂਦੀ ਸੀ। ਇਸ ਨਾਲ ਨਾ ਸਿਰਫ਼ ਰੋਜ਼ਾਨਾ ਦਾ ਵਿੱਤੀ ਨੁਕਸਾਨ ਹੁੰਦਾ ਸੀ ਬਲਕਿ ਇੱਕ ਦਫ਼ਤਰ ਤੋਂ ਦੂਜੇ ਦਫ਼ਤਰ ਦੇ ਚੱਕਰ ਵੀ ਲਾਉਣੇ ਪੈਂਦੇ ਸਨ। ਹੁਣ, ਕਿਉਂਕਿ ਪੂਰਾ ਸਿਸਟਮ ਆਨਲਾਈਨ ਅਤੇ ਤਕਨਾਲੋਜੀ-ਸੰਚਾਲਿਤ ਹੈ, ਇਸ ਲਈ ਵਰਕਰਾਂ ਜਾਂ ਉਨ੍ਹਾਂ ਦੇ ਪਰਿਵਾਰਾਂ ਨੂੰ ਆਧਾਰ ਤਸਦੀਕ ਜਾਂ ਲਿੰਕੇਜ ਲਈ ਕਿਤੇ ਵੀ ਜਾਣ ਦੀ ਜ਼ਰੂਰਤ ਨਹੀਂ ਹੈ। ਇੱਕ ਵਾਰ ਮੁੱਢਲੇ ਵੇਰਵੇ ਜਮ੍ਹਾਂ ਹੋ ਜਾਣ ਤੋਂ ਬਾਅਦ, ਪ੍ਰਕਿਰਿਆ ਆਪਣੇ ਆਪ ਚਲਦੀ ਰਹਿੰਦੀ ਹੈ, ਇਸ ਨਾਲ ਸਮੇਂ, ਪੈਸੇ ਦੀ ਬਚਤ ਹੁੰਦੀ ਹੈ ਅਤੇ ਬੇਲੋੜੀ ਖੱਜਲ-ਖੁਆਰੀ ਵੀ ਘਟਦੀ ਹੈ। ਇਸੇ ਤਰ੍ਹਾਂ, ਸਿਹਤ ਬੀਮਾ ਲਾਭ, ਜੋ ਹੁਣ 10 ਲੱਖ ਤੱਕ ਵਧਾਏ ਗਏ ਹਨ, ਬਿਨਾਂ ਕਾਗਜ਼ੀ ਕਾਰਵਾਈ ਦੇ ਹਸਪਤਾਲਾਂ ਵਿੱਚ, ਐਮਰਜੈਂਸੀ ਦੌਰਾਨ ਨਿਰਵਿਘਨ ਇਲਾਜ ਨੂੰ ਯਕੀਨੀ ਬਣਾਉਂਦੇ ਹਨ।

**ਪ੍ਰਤੱਖ ਨਤੀਜੇ, ਕੋਈ ਬਿਆਨਬਾਜ਼ੀ ਨਹੀਂ:** ਇਨ੍ਹਾਂ ਸੁਧਾਰਾਂ ਦੇ ਨਤੀਜੇ ਠੋਸ ਹਨ। ਲਾਭਾਂ ਲਈ ਔਸਤ ਪ੍ਰਕਿਰਿਆ ਸਮਾਂ 64 ਫੀਸਦ , 203 ਦਿਨਾਂ ਤੋਂ ਘਟ ਕੇ 73 ਦਿਨ ਹੋ ਗਿਆ ਹੈ, ਜਿਸ ਵਿੱਚ 45 ਦਿਨ ਹੋਰ ਘਟਾਏ ਜਾਣ ਦਾ ਵਿਚਾਰ ਹੈ । ਭਲਾਈ ਵੰਡ ਵਿੱਚ 67 ਫੀਸਦੀ ਦਾ ਵਾਧਾ ਹੋਇਆ ਹੈ, ਜੋ 2020-21 ਵਿੱਚ 93 ਕਰੋੜ ਤੋਂ ਵੱਧ ਕੇ 2025-26 ਦੀਆਂ ਪਹਿਲੀਆਂ ਤਿੰਨ ਤਿਮਾਹੀਆਂ ਵਿੱਚ 125 ਕਰੋੜ ਹੋ ਗਿਆ ਹੈ ਅਤੇ ਵਿੱਤੀ ਸਾਲ ਦੇ ਅੰਤ ਤੱਕ 150 ਕਰੋੜ ਨੂੰ ਪਾਰ ਕਰਨ ਦਾ ਅਨੁਮਾਨ ਹੈ। ਸਭ ਤੋਂ ਅਹਿਮ ਗੱਲ ਇਹ ਹੈ ਕਿ ਇਸ ਸਾਲ 81,000 ਉਸਾਰੀ ਕਾਮਿਆਂ ਨੂੰ ਪਹਿਲਾਂ ਹੀ ਲਾਭ ਮਿਲ ਚੁੱਕੇ ਹਨ, ਜੋ ਕਿ ਪਹਿਲਾਂ ਦੀ ਗਿਣਤੀ ਨਾਲੋਂ ਲਗਭਗ ਤਿੰਨ ਗੁਣਾ ਹੈ।

**ਇਹ ਅੰਕੜੇ ਪ੍ਰਤੱਖ ਤਬਦੀਲੀ ਦਰਸਾਉਂਦੇ ਹਨ:** ਸਕੂਲ ਫੀਸਾਂ ਦਾ ਸਮੇਂ ਸਿਰ ਭੁਗਤਾਨ, ਬਿਨਾਂ ਕਰਜ਼ੇ ਤੋਂ ਮੈਡੀਕਲ ਐਮਰਜੈਂਸੀ ਸਹੂਲਤਾਂ ਦੀ ਉਪਲਬਧਤਾ, ਵਿਆਹਾਂ ਲਈ ਸ਼ਗਨ ਸਹਾਇਤਾ ਰਾਹੀਂ ਸਨਮਾਨ ਬਹਾਲ ਕਰਨਾ ਅਤੇ ਨਵਜੰਮੀਆਂ ਕੁੜੀਆਂ ਲਈ ਫਿਕਸਡ ਡਿਪਾਜ਼ਿਟ ਰਾਹੀਂ ਪਰਿਵਾਰਾਂ ਲਈ ਲੰਬੇ ਸਮੇਂ ਦੀ ਸੁਰੱਖਿਆ।

**ਕਿਰਤ ਦਾ ਸਤਿਕਾਰ ਕਰਨ ਵਾਲਾ ਸ਼ਾਸਨ:** ਹਾਲ ਹੀ ਵਿੱਚ ਹੋਈ "ਕਿਰਤ" ਕਾਨਫਰੰਸ ਨੇ ਪਹੁੰਚ ਵਿੱਚ ਇਸ ਤਬਦੀਲੀ ਨੂੰ ਉਜਾਗਰ ਕੀਤਾ, ਜੋ ਬੀਓਸੀਡਬਲਿਊ ਹੈਂਡਬੁੱਕ ਦੇ ਲਾਂਚ ਰਾਹੀਂ ਸੁਧਾਰਾਂ ਨੂੰ ਇਕਜੁੱਟ ਕਰਨ ਅਤੇ ਖੇਤਰੀ ਪੱਧਰ 'ਤੇ ਲਾਗੂਕਰਨ ਨੂੰ ਮਜ਼ਬੂਤ ਕਰਨ ਲਈ ਇੱਕ ਪਲੇਟਫਾਰਮ ਵਜੋਂ ਕੰਮ ਕਰਦੀ ਹੈ। ਇਸ ਤੋਂ ਵੀ ਮਹੱਤਵਪੂਰਨ ਗੱਲ ਇਹ ਹੈ ਕਿ ਇਹ ਘੋਸ਼ਣਾਵਾਂ 'ਤੇ ਨਿਰਭਰ ਕਰਨ ਦੀ ਥਾਂ ਸਰਕਾਰ ਦੇ ਭਲਾਈ ਪ੍ਰਦਾਨ ਕਰਨ ਦੇ ਇਰਾਦਿਆਂ ਨੂੰ ਦਰਸਾਉਂਦੀ ਹੈ। ਸੁਧਾਰਾਂ ਬਾਰੇ ਬੋਲਦਿਆਂ ਕਿਰਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਜ਼ੋਰ ਦੇ ਕੇ ਕਿਹਾ, "ਮੁੱਖ ਮੰਤਰੀ ਭਗਵੰਤ ਮਾਨ ਦੀ ਦੂਰਅੰਦੇਸ਼ ਅਗਵਾਈ ਹੇਠ, ਪੰਜਾਬ ਨਾ ਸਿਰਫ਼ ਸਕੂਲ, ਹਸਪਤਾਲ, ਸੜਕਾਂ ਆਦਿ ਬਣਾ ਰਿਹਾ ਹੈ ਜੋ ਵਿਸ਼ਵ ਪੱਧਰੀ ਬੁਨਿਆਦੀ ਢਾਂਚਾ ਪ੍ਰਦਾਨ ਕਰਦੇ ਹਨ, ਸਗੋਂ ਉਨ੍ਹਾਂ ਨੂੰ ਬਣਾਉਣ ਵਾਲੇ ਕਾਮਿਆਂ ਨੂੰ ਵੀ ਮਾਣ ਦਿੱਤਾ ਜਾ ਰਿਹਾ ਹੈ। ਇਹ ਸਾਰੇ ਵੱਡੇ ਸੁਧਾਰ ਉਸਾਰੀ ਕਾਮਿਆਂ ਪ੍ਰਤੀ ਸਾਡੀ ਵਚਨਬੱਧਤਾ ਦਾ ਸਬੂਤ ਹਨ। ਮੈਂ ਸਾਰੇ ਉਸਾਰੀ ਕਾਮਿਆਂ ਨੂੰ ਪੰਜਾਬ ਬੀਓਸੀਡਬਲਿਊ ਬੋਰਡ ਵਿੱਚ ਨਾਂ ਦਰਜ ਕਰਵਾਉਣ ਅਤੇ ਵੱਖ-ਵੱਖ ਯੋਜਨਾਵਾਂ ਦੇ ਲਾਹਾ ਲੈਣ ਦੀ ਅਪੀਲ ਕਰਨਾ ਚਾਹੁੰਦਾ ਹਾਂ।" ਪੰਜਾਬ ਦੇ ਸੁਧਾਰਾਂ ਨੂੰ ਦੇਸ਼ ਦੇ ਬਾਕੀ ਹਿੱਸਿਆਂ ਲਈ ਇੱਕ ਮਾਡਲ ਵਜੋਂ ਵੀ ਦੇਖਿਆ ਜਾ ਰਿਹਾ ਹੈ। ਅਜਿਹੇ ਸਮੇਂ ਜਦੋਂ ਕਈ ਰਾਜਾਂ ਅਤੇ ਇੱਥੋਂ ਤੱਕ ਕਿ ਰਾਸ਼ਟਰੀ ਪੱਧਰ 'ਤੇ ਵੀ ਮਜ਼ਦੂਰਾਂ ਦੀ ਭਲਾਈ ਅਤੇ ਮਜ਼ਦੂਰ ਅਧਿਕਾਰਾਂ ਨੂੰ ਅੱਖੋਂ ਪਰੋਖੇ ਕੀਤਾ ਜਾ ਰਿਹਾ ਹੈ, ਪੰਜਾਬ ਨੇ ਕਿਰਤ ਭਲਾਈ ਨੂੰ ਤਰਜੀਹ ਦਿੱਤੀ ਹੈ। ਉਸਾਰੀ ਕਾਮਿਆਂ ਦੀਆਂ ਲੋੜਾਂ ਨੂੰ ਤਰਜੀਹ ਦੇ ਕੇ ਅਤੇ ਉਨ੍ਹਾਂ ਤੱਕ ਸਮੇਂ ਸਿਰ ਲਾਭ ਪਹੁੰਚਾਉਣ ਨੂੰ ਯਕੀਨੀ ਬਣਾ ਕੇ, ਪੰਜਾਬ ਦੂਜੇ ਸੂਬਿਆਂ ਅਤੇ ਦੇਸ਼ ਲਈ ਮਿਸਾਲ ਕਾਇਮ ਕਰ ਰਿਹਾ ਹੈ। ਇੱਕ ਅਜਿਹੇ ਯੁੱਗ ਵਿੱਚ ਜਿੱਥੇ ਭਲਾਈ ਅਕਸਰ ਬਿਆਨਬਾਜ਼ੀ ਅਤੇ ਨਾਅਰਿਆਂ ਤੱਕ ਹੀ ਸੀਮਤ ਹੁੰਦੀ ਹੈ ਉਥੇ ਪੰਜਾਬ ਦੇ ਉਸਾਰੀ ਕਾਮਿਆਂ ਦੇ ਸੁਧਾਰ ਆਪਣੀ ਗੰਭੀਰਤਾ, ਪੈਮਾਨੇ ਅਤੇ ਨਤੀਜਿਆਂ ਲਈ ਵੱਖਰੇ ਹਨ। ਕਾਮਿਆਂ ਨਾਲ ਵਿਸ਼ਵਾਸ ਅਤੇ ਸਤਿਕਾਰ ਨਾਲ ਪੇਸ਼ ਆ ਕੇ ਸੂਬੇ ਨੇ ਦਿਖਾਇਆ ਹੈ ਕਿ ਭਲਾਈ ਕੋਈ ਦਾਨ ਨਹੀਂ ਬਲਕਿ ਕਾਮਿਆਂ ਦਾ ਹੱਕ ਹੈ।

# ਸ਼ਹਿਰੀ ਸਥਾਨਕ ਸੰਸਥਾਵਾਂ 'ਚ ਮਿਸ਼ਨ-ਮੋਡ ਸ਼ਹਿਰੀ ਵਿਕਾਸ ਵਰਗੇ ਪ੍ਰਮੁੱਖ ਪ੍ਰਸ਼ਾਸਨਿਕ ਸੁਧਾਰ ਅਮਲ ਵਿੱਚ ਲਿਆਂਦੇ : ਸੰਜੀਵ ਅਰੋੜਾ



ਚੰਡੀਗੜ੍ਹ, 4 ਫਰਵਰੀ (ਚ.ਨ.ਸ.): ਪੰਜਾਬ ਦੇ ਸਥਾਨਕ ਸਰਕਾਰਾਂ, ਉਦਯੋਗ ਤੇ ਵਣਜ, ਬਿਜਲੀ ਤੇ ਨਿਵੇਸ਼ ਪ੍ਰੋਤਸਾਹਨ ਬਾਰੇ ਕੈਬਨਿਟ ਮੰਤਰੀ ਸ. ਸੰਜੀਵ ਅਰੋੜਾ ਨੇ ਅੱਜ ਕਿਹਾ ਕਿ ਸੂਬਾ ਸਰਕਾਰ ਨੇ ਪੰਜਾਬ ਭਰ ਵਿੱਚ ਵਿਕਾਸ ਕਾਰਜਾਂ ਨੂੰ ਸਮਾਂਬੱਧ ਫ਼ੈਸਲੇ ਲੈਣ, ਪਾਰਦਰਸ਼ਤਾ ਅਤੇ ਨਿਰਵਿਘਨ ਅਮਲ ਵਿੱਚ ਲਿਆਉਣ ਨੂੰ ਯਕੀਨੀ ਬਣਾਉਣ ਲਈ ਸ਼ਹਿਰੀ ਸਥਾਨਕ ਸੰਸਥਾਵਾਂ (ਯੂਐਲਬੀਜ਼) ਵਿੱਚ ਪ੍ਰਸ਼ਾਸਨਿਕ, ਵਿੱਤੀ ਅਤੇ ਢਾਂਚਾਗਤ ਸੁਧਾਰ ਕੀਤੇ ਗਏ ਹਨ। ਯੂਐਲਬੀਜ਼ ਦੇ ਕੰਮਕਾਜ ਦੀ ਸਮੀਖਿਆ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਮਤਿਆਂ ਅਤੇ ਪ੍ਰਵਾਨਗੀਆਂ ਦੇ ਲੰਬਿਤ ਰਹਿਣ ਨਾਲ ਵਿਕਾਸ ਤੇ ਜਨਤਕ ਸੇਵਾਵਾਂ ਪ੍ਰਦਾਨ ਕਰਨ 'ਤੇ ਕਾਫ਼ੀ ਪ੍ਰਭਾਵ ਪਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਮਾਨਯੋਗ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਇਸ ਸਮੱਸਿਆ ਦੇ ਹੱਲ ਲਈ ਸੂਬਾ ਸਰਕਾਰ ਨੇ ਰੋਜ਼ਾਨਾ ਨਿਗਰਾਨੀ, ਪ੍ਰਣਾਲੀਗਤ ਪੁਨਰਗਠਨ ਅਤੇ ਸਖ਼ਤ ਸਮਾਂ-ਸੀਮਾਵਾਂ ਜ਼ਰੀਏ ਸੁਧਾਰ ਅਧਾਰਤ, ਵਿਕੇਂਦਰੀਕ੍ਰਿਤ ਅਤੇ ਜਵਾਬਦੇਹੀ-ਆਧਾਰਿਤ ਸ਼ਾਸਨ ਢਾਂਚੇ ਨੂੰ ਅਪਣਾਇਆ ਹੈ।

ਇਸ ਦੇ ਨਤੀਜੇ ਵਜੋਂ ਲੰਬਿਤ ਮਤਿਆਂ ਦਾ ਕਾਫ਼ੀ ਬੈਕਲਾਗ ਕਲੀਅਰ ਕੀਤਾ ਗਿਆ ਹੈ, 1100 ਲੰਬਿਤ ਮਤਿਆਂ ਵਿੱਚੋਂ ਪਿਛਲੇ 3 ਹਫਤਿਆਂ ਵਿੱਚ ਸ਼ਹਿਰੀ ਬੁਨਿਆਦੀ ਢਾਂਚੇ ਤੇ ਸ਼ਹਿਰੀ ਵਿਕਾਸ ਕਾਰਜਾਂ ਨੂੰ ਗਤੀ ਬਹਾਲ ਕਰਦੇ ਹੋਏ 900 ਲੰਬਿਤ ਮਤਿਆਂ ਨੂੰ ਕਲੀਅਰ ਕੀਤਾ ਗਿਆ ਹੈ। ਇਹਨਾਂ ਵਿੱਚੋਂ ਕੁਝ ਮਤੇ 2018 ਤੋਂ ਲੰਬਿਤ ਸਨ। ਬਾਕੀ ਕੇਸ ਪ੍ਰਕਿਰਿਆ ਅਧੀਨ ਹਨ ਤੇ ਜਲਦੀ ਹੀ ਨਿਪਟਾਏ ਜਾਣ ਦੀ ਉਮੀਦ ਹੈ।

ਇਹਨਾਂ ਸੁਧਾਰਾਂ ਨੂੰ ਸੰਸਥਾਗਤ ਰੂਪ ਦੇਣ ਲਈ, ਈ-ਨਿਗਮ ਸਾਫਟਵੇਅਰ ਨੂੰ 01.02.2026 ਤੋਂ ਲਾਗੂ ਕੀਤਾ ਗਿਆ ਹੈ ਤਾਂ ਜੋ ਸਾਰੇ ਯੂਐਲਬੀਜ਼ ਮਤਿਆਂ ਦੀ ਆਨਲਾਈਨ ਪ੍ਰੋਸੈਸਿੰਗ ਕੀਤੀ ਜਾ ਸਕੇ। ਇਹ ਅਹਿਮ ਕਦਮ ਦਸਤੀ ਪ੍ਰਕਿਰਿਆਵਾਂ ਤੋਂ ਦੂਰ ਇੱਕ ਨਿਰਣਾਇਕ ਤਬਦੀਲੀ ਦੀ ਨਿਸ਼ਾਨਦੇਹੀ ਕਰਨ ਦੇ ਨਾਲ-ਨਾਲ ਗਤੀ, ਪਾਰਦਰਸ਼ਤਾ, ਖੋਜਯੋਗਤਾ ਅਤੇ ਜਵਾਬਦੇਹੀ ਨੂੰ ਯਕੀਨੀ ਬਣਾਉਂਦਾ ਹੈ। ਭਵਿੱਖ ਵਿੱਚ ਲੰਬਿਤ ਮਤਿਆਂ ਦੇ ਹੱਲ ਲਈ ਹੋਰ ਪ੍ਰਕਿਰਿਆਤਮਕ ਸਰਲੀਕਰਨ ਤੇ ਵਿਕੇਂਦਰੀਕਰਣ ਕੀਤਾ ਜਾ ਰਿਹਾ ਹੈ।

**ਵਿੱਤੀ ਸ਼ਕਤੀਆਂ ਵਿੱਚ ਵਾਧਾ ਤੇ ਜਲਦ ਪ੍ਰੋਜੈਕਟ ਮਨਜ਼ੂਰੀਆਂ ਦੇਣਾ:** ਸੰਜੀਵ ਅਰੋੜਾ ਨੇ ਐਲਾਨ ਕੀਤਾ ਕਿ ਫੀਲਡ ਪੱਧਰ 'ਤੇ ਵਿਕਾਸ ਪ੍ਰੋਜੈਕਟਾਂ ਦੇ ਅਮਲ ਵਿੱਚ ਤੇਜ਼ੀ ਲਿਆਉਣ ਲਈ ਵਿੱਤੀ ਪ੍ਰਵਾਨਗੀ ਸਬੰਧੀ ਸ਼ਕਤੀਆਂ ਵਿੱਚ ਮਹੱਤਵਪੂਰਨ ਵਾਧਾ ਕੀਤਾ ਗਿਆ ਹੈ, ਜਿਸ ਨਾਲ ਸੁਪਰਿਨਟੇਂਡਿੰਗ ਇੰਜੀਨੀਅਰਾਂ (ਐਸਈਜ਼) ਲਈ ਹੁਣ 1 ਕਰੋੜ ਰੁਪਏ ਦੀ ਸੀਮਾ ਤੋਂ ਵਧਾ ਕੇ 2 ਕਰੋੜ ਰੁਪਏ ਤੱਕ ਦੀਆਂ ਵਿੱਤੀ ਪ੍ਰਵਾਨਗੀਆਂ ਦੇਣ ਦੀ ਸ਼ਕਤੀ ਦਿੱਤੀ ਗਈ ਹੈ।

ਮੁੱਖ ਇੰਜੀਨੀਅਰ (ਸੀਈਜ਼) ਹੁਣ 10 ਕਰੋੜ ਰੁਪਏ ਤੱਕ ਦੇ ਪ੍ਰੋਜੈਕਟਾਂ ਨੂੰ ਮਨਜ਼ੂਰੀ ਦੇ ਸਕਦੇ ਹਨ, ਜੋ ਕਿ 5 ਕਰੋੜ ਰੁਪਏ ਦੀ ਪਿਛਲੀ ਸੀਮਾ ਤੋਂ ਦੁੱਗਣੀ ਹੈ। ਇੱਕ ਹੋਰ ਵੱਡੇ ਸੁਧਾਰ ਵਿੱਚ ਮੁੱਖ ਇੰਜਨੀਅਰਾਂ ਦੀਆਂ ਦੋ ਕਮੇਟੀਆਂ ਦਾ ਗਠਨ ਮੁੱਖ ਦਫਤਰ ਦੇ ਪੱਧਰ 'ਤੇ ਅੜਚਨਾਂ ਤੇ ਜ਼ੀਰੋ ਪੈਂਡੈਂਸੀ ਨੂੰ ਖਤਮ ਕਰਨ ਨੂੰ ਯਕੀਨੀ ਬਣਾਉਣ ਲਈ, ਪਿਛਲੀ ਸਿੰਗਲ ਕਮੇਟੀ ਦੀ ਥਾਂ ਮੁੱਖ ਦਫਤਰ ਵਿਖੇ ਕੀਤਾ ਗਿਆ ਹੈ। ਕੈਬਨਿਟ ਮੰਤਰੀ ਨੇ ਅੱਗੇ ਹਦਾਇਤ ਕੀਤੀ ਕਿ ਸਾਰੇ ਮਤੇ, ਤਜਵੀਜ਼ਾਂ ਦੀ ਪੜਤਾਲ, ਤਕਨੀਕੀ ਪ੍ਰਵਾਨਗੀਆਂ ਤੇ ਸਥਾਨਕ ਸਰਕਾਰਾਂ ਦੇ ਕੰਮਾਂ ਲਈ ਸਬੰਧਤ ਪ੍ਰਵਾਨਗੀਆਂ 10 ਕਾਰਜਕਾਰੀ ਦਿਨਾਂ ਦੀ ਸਖ਼ਤ ਸਮਾਂ ਸੀਮਾ ਦੇ ਅੰਦਰ ਮੁਕੰਮਲ ਕੀਤੀਆਂ ਜਾਣਗੀਆਂ, ਜਿਸ ਨਾਲ ਸਮਾਂਬੱਧ ਪ੍ਰਸ਼ਾਸਨ ਅਤੇ ਅਧਿਕਾਰੀਆਂ ਦੀ ਜਵਾਬਦੇਹੀ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ।

**ਇੰਜੀਨੀਅਰਿੰਗ ਕਾਡਰ ਤੇ ਖੇਤਰੀ ਢਾਂਚੇ ਨੂੰ ਤਰਕਸੰਗਤ ਕਰਨਾ:** ਅਰੋੜਾ ਨੇ ਦੱਸਿਆ ਕਿ ਭੂਗੋਲਿਕ ਤੇ ਪ੍ਰਸ਼ਾਸਕੀ ਪੱਖਾਂ ਦੇ ਆਧਾਰ 'ਤੇ ਸਾਰੀਆਂ ਸ਼ਹਿਰੀ ਸਥਾਨਕ ਸੰਸਥਾਵਾਂ ਨੂੰ ਛੇ ਖੇਤਰਾਂ-ਅੰਮ੍ਰਿਤਸਰ, ਬਠਿੰਡਾ, ਫਿਰੋਜ਼ਪੁਰ, ਜਲੰਧਰ, ਲੁਧਿਆਣਾ ਅਤੇ ਪਟਿਆਲਾ ਵਿੱਚ ਪੁਨਰਗਠਿਤ ਕੀਤਾ ਗਿਆ ਹੈ।

**ਰੇਟ ਕੰਟਰੈਕਟ ਰਾਹੀਂ ਮਿਸ਼ਨ-ਮੋਡ ਸੀਵਰ ਲਾਈਨ ਕਲੀਨਿੰਗ:** ਕੈਬਨਿਟ ਮੰਤਰੀ ਨੇ ਦੱਸਿਆ ਕਿ ਰੇਟ ਕੰਟਰੈਕਟ ਤਹਿਤ ਸੀਵਰ ਲਾਈਨ ਦੀ ਸਫ਼ਾਈ ਲਈ ਟੈਂਡਰ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ, ਜਿਸ ਵਿੱਚ 161 ਸ਼ਹਿਰੀ ਸਥਾਨਕ ਸੰਸਥਾਵਾਂ ਦੇ ਕਾਰਜ ਪਹਿਲਾਂ ਹੀ ਮੁਕੰਮਲ ਹੋ ਚੁੱਕੇ ਹਨ। ਪੰਜ ਪ੍ਰਮੁੱਖ ਨਗਰ ਨਿਗਮਾਂ- ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਬਠਿੰਡਾ ਤੇ ਪਟਿਆਲਾ ਲਈ ਟੈਂਡਰਿੰਗ ਅੰਤਮ ਪੜਾਅ 'ਤੇ ਹੈ ਅਤੇ ਇਸ ਕਾਰਜ ਲਈ ਛੇ ਏਜੰਸੀਆਂ ਨੂੰ ਸੂਚੀਬੱਧ ਕੀਤਾ ਗਿਆ ਹੈ।

ਐਸਬੀਐਮ (ਸ਼ਹਿਰੀ) 2.0 ਬਾਰੇ ਕੈਬਨਿਟ ਮੰਤਰੀ ਨੇ ਦੱਸਿਆ ਕਿ ਕੁੱਲ 213 ਐਮ.ਐਲ.ਡੀ. ਦੀ ਸਮਰੱਥਾ ਵਾਲੇ 56 ਕਸਬਿਆਂ ਵਿੱਚ ਐਸਟੀਪੀਜ਼ ਵਿਕਸਿਤ ਕੀਤੇ ਜਾ ਰਹੇ ਹਨ। ਇਸ ਯੋਜਨਾ ਤਹਿਤ 1,647 ਕਰੋੜ ਰੁਪਏ ਦੀ ਕੁੱਲ ਲਾਗਤ ਨਾਲ 730 ਸੀਵਰ-ਸਫਾਈ ਮਸ਼ੀਨਾਂ ਦੀ ਖਰੀਦ ਕਰ ਲਈ ਗਈ ਹੈ। ਸੰਜੀਵ ਅਰੋੜਾ ਨੇ ਦੱਸਿਆ ਕਿ ਇਹ ਸੁਧਾਰ ਪੰਜਾਬ ਵਿੱਚ ਸ਼ਹਿਰੀ ਸ਼ਾਸਨ ਦੀ ਵਿਆਪਕ ਤਬਦੀਲੀ ਦਾ ਹਿੱਸਾ ਹਨ। ਉਨ੍ਹਾਂ ਅੱਗੇ ਕਿਹਾ ਕਿ ਸਾਡਾ ਧਿਆਨ ਤੇਜ਼ੀ ਨਾਲ ਸਪੁਰਦਗੀ, ਪਾਰਦਰਸ਼ਤਾ, ਵਿੱਤੀ ਅਨੁਸ਼ਾਸਨ ਅਤੇ ਨਾਗਰਿਕ ਸੇਵਾਵਾਂ ਵਿੱਚ ਪ੍ਰਤੱਖ ਸੁਧਾਰ 'ਤੇ ਕੇਂਦਰਿਤ ਹੈ।

## ਆਰ.ਟੀ.ਆਈ. ਕਮਿਸ਼ਨ ਵੱਲੋਂ ਪੀ.ਆਈ.ਓ.-ਕਮ-ਅਸਿਸਟੈਂਟ ਟਾਊਨ ਪਲਾਨਰ ਖਿਲਾਫ਼ ਵਾਰੰਟ ਜਾਰੀ

ਚੰਡੀਗੜ੍ਹ, 4 ਫਰਵਰੀ (ਚ.ਨ.ਸ.): ਪੰਜਾਬ ਰਾਜ ਸੂਚਨਾ ਕਮਿਸ਼ਨ ਵੱਲੋਂ ਇੱਕ ਮਾਮਲੇ ਦੀ ਸੁਣਵਾਈ ਦੌਰਾਨ ਮਿਉਂਸੀਪਲ ਕਾਰਪੋਰੇਸ਼ਨ ਲੁਧਿਆਣਾ ਦੀ ਬਿਲਡਿੰਗ ਬ੍ਰਾਂਚ ਜੋਨ ਡੀ ਦੇ ਪੀ.ਆਈ.ਓ. ਕਮ ਅਸਿਸਟੈਂਟ ਟਾਊਨ ਪਲਾਨਰ ਖਿਲਾਫ਼ ਵਾਰੰਟ ਜਾਰੀ ਕੀਤੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਸੂਚਨਾ ਕਮਿਸ਼ਨ ਦੇ ਕਮਿਸ਼ਨਰ ਹਰਪ੍ਰੀਤ ਸਿੰਘ ਸੰਧੂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਸਵੀਰ ਸਿੰਘ ਨਿਵਾਸੀ ਗੁਰੂ ਨਾਨਕ ਨਗਰ, ਪਿੰਡ ਭੋਲਾਪੁਰ ਝੱਬੇਵਾਲ, ਜ਼ਿਲ੍ਹਾ ਲੁਧਿਆਣਾ ਵੱਲੋਂ ਦਾਇਰ ਅਪੀਲ ਕੇਸ ਨੰ: 6157 ਆਫ 2023 ਵਿੱਚ ਲੁਧਿਆਣਾ ਦੀ ਬਿਲਡਿੰਗ ਬ੍ਰਾਂਚ ਜੋਨ ਡੀ ਦੇ ਪੀ.ਆਈ.ਓ. ਕਮ ਅਸਿਸਟੈਂਟ ਟਾਊਨ ਪਲਾਨਰ ਕੁਲਜੀਤ ਸਿੰਘ ਮਾਂਗਟ ਖਿਲਾਫ਼ ਕਮਿਸ਼ਨ ਵੱਲੋਂ 11 ਮਾਰਚ, 2025 ਨੂੰ ਕਮਿਸ਼ਨ ਵਿਖੇ ਪੇਸ਼ ਹੋਣ ਦੇ ਵਾਰੰਟ ਜਾਰੀ ਕੀਤੇ ਹਨ। ਉਨ੍ਹਾਂ ਕਿਹਾ ਕਿ ਹੁਣ ਇਸ ਮਾਮਲੇ ਵਿੱਚ ਕਮਿਸ਼ਨ ਵੱਲੋਂ ਆਰ.ਟੀ. ਐਕਟ 2005 ਦੀ ਧਾਰਾ 18 (3) (ਏ) ਅਧੀਨ ਪੁਲਿਸ ਕਮਿਸ਼ਨਰ, ਲੁਧਿਆਣਾ ਨੂੰ ਹੁਕਮ ਜਾਰੀ ਕੀਤਾ ਗਿਆ ਹੈ ਕਿ ਉਹ ਕੁਲਜੀਤ ਸਿੰਘ ਮਾਂਗਟ ਪੀ.ਆਈ.ਓ. ਕਮ ਅਸਿਸਟੈਂਟ ਟਾਊਨ ਪਲਾਨਰ ਨੂੰ ਇਨ੍ਹਾਂ ਵਾਰੰਟ ਦੀ ਕਾਪੀ ਤਾਮੀਲ ਕਰਵਾਉਣ ਅਤੇ ਕੇਸ ਦੀ ਅਗਲੀ ਤਾਰੀਕ 11 ਮਾਰਚ, 2026 ਨੂੰ ਕਮਿਸ਼ਨ ਅੱਗੇ ਪੇਸ਼ ਹੋਣ ਦੀ ਹਦਾਇਤ ਜਾਰੀ ਕਰਨ।

# ਗੈਂਗਸਟਰਾਂ 'ਤੇ ਵਾਰ ਦੇ 16ਵੇਂ ਦਿਨ 689 ਥਾਵਾਂ 'ਤੇ ਛਾਪੇਮਾਰੀ ਦੌਰਾਨ 232 ਗ੍ਰਿਫ਼ਤਾਰ

ਚੰਡੀਗੜ੍ਹ, 4 ਫਰਵਰੀ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ ਮੁਹਿੰਮ 'ਗੈਂਗਸਟਰਾਂ 'ਤੇ ਵਾਰ' ਨੂੰ 16ਵੇਂ ਦਿਨ ਜਾਰੀ ਰੱਖਦਿਆਂ ਪੰਜਾਬ ਪੁਲਿਸ ਨੇ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 689 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ।

ਜਾਣਕਾਰੀ ਅਨੁਸਾਰ, 'ਗੈਂਗਸਟਰਾਂ ਤੇ ਵਾਰ' ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜਿਸਦੀ ਦੀ ਸ਼ੁਰੂਆਤ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਦੁਆਰਾ 20 ਜਨਵਰੀ, 2026 ਨੂੰ ਕੀਤੀ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏ.ਜੀ.ਟੀ.ਐਫ.) ਪੰਜਾਬ ਦੇ ਪੂਰੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ। ਮੁਹਿੰਮ ਦੇ 16ਵੇਂ ਦਿਨ ਪੁਲਿਸ ਟੀਮਾਂ ਨੇ 232 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਦੋ ਤੇਜ਼ਧਾਰ ਹਥਿਆਰ ਬਰਾਮਦ ਕੀਤੇ। ਇਸ ਤਰ੍ਹਾਂ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ 4,628 ਗ੍ਰਿਫ਼ਤਾਰੀਆਂ ਕੀਤੀਆਂ ਗਈਆਂ ਹਨ।

ਇਸ ਤੋਂ ਇਲਾਵਾ, 153 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ , ਜਦੋਂ ਕਿ 352 ਵਿਅਕਤੀਆਂ ਨੂੰ ਤਫ਼ਤੀਸ਼ ਤੇ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 12 ਭਗੌੜੇ ਅਪਰਾਧੀਆਂ (ਪੀਓ) ਨੂੰ ਵੀ ਗ੍ਰਿਫਤਾਰ ਕੀਤਾ ਹੈ। ਉਨ੍ਹਾਂ ਕਿਹਾ ਕਿ ਲੋਕ ਗੁਪਤ ਰੂਪ ਵਿੱਚ ਲੋੜੀਂਦੇ ਅਪਰਾਧੀਆਂ/ਗੈਂਗਸਟਰਾਂ ਬਾਰੇ ਐਂਟੀ-ਗੈਂਗਸਟਰ ਹੈਲਪਲਾਈਨ ਨੰ. 93946-93946 ਰਾਹੀਂ ਰਿਪੋਰਟ ਕਰ ਸਕਦੇ ਹਨ ਤੇ ਕਿਸੇ ਵੀ ਤਰ੍ਹਾਂ ਦੇ ਅਪਰਾਧ ਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ/ਜਾਣਕਾਰੀ ਵੀ ਸਾਂਝੀ ਕਰ ਸਕਦੇ ਹਨ।

ਇਸ ਦੌਰਾਨ, ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' 340ਵੇਂ ਦਿਨ ਵੀ ਜਾਰੀ ਰੱਖੀ ਹੈ, ਜਿਸ ਤਹਿਤ ਅੱਜ 135 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 8.1 ਕਿਲੋ ਹੈਰੋਇਨ, 2 ਕਿਲੋ ਅਫੀਮ, 804 ਨਸ਼ੀਲੀਆਂ ਗੋਲੀਆਂ/ਕੈਪਸੂਲ ਤੇ 10,750 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ। ਇਸ ਦੇ ਨਾਲ, ਸਿਰਫ 340 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 47,634 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ 23 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਮੋਹਿਤ ਸੂਦ ਨੂੰ ਭਾਰਤੀ ਜਨਤਾ ਪਾਰਟੀ ਚੰਡੀਗੜ੍ਹ ਟ੍ਰੇਡਰ ਸੈਲ ਦਾ ਇੰਚਾਰਜ ਨਿਯੁਕਤ



ਚੰਡੀਗੜ੍ਹ, 4 ਫਰਵਰੀ (ਹਰਦੀਪ ਕੌਰ): ਭਾਰਤੀ ਜਨਤਾ ਪਾਰਟੀ ਚੰਡੀਗੜ੍ਹ ਵਿੱਚ ਸੰਗਠਨ ਨੂੰ ਹੋਰ ਮਜ਼ਬੂਤ ਬਣਾਉਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਸੰਗਠਨਾਤਮਕ ਫੈਸਲਾ ਲਿਆ ਗਿਆ ਹੈ। ਪਾਰਟੀ ਦੇ ਪ੍ਰਦੇਸ਼ ਅਧਜਕ੍ਸ਼ ਜਿਤੇਂਦਰ ਪਾਲ ਮਲ੍ਹੋਤਰਾ ਦੀ ਮਨਜ਼ੂਰੀ ਨਾਲ ਤੇ ਸੈਲ ਤੇ ਡਿਪਾਰਟਮੈਂਟ ਦੇ ਇੰਚਾਰਜ ਸ਼ਕਤੀ ਦੇਵਸ਼ਾਲੀ ਨਾਲ ਸਲਾਹ-ਮਸ਼ਵਰੇ ਉਪਰੰਤ ਪ੍ਰਦੇਸ਼ ਮਹਾਮੰਤਰੀ ਸੰਜੀਵ ਰਾਣਾ ਵੱਲੋਂ ਮੋਹਿਤ ਸੂਦ ਨੂੰ ਭਾਰਤੀ ਜਨਤਾ ਪਾਰਟੀ ਚੰਡੀਗੜ੍ਹ ਟ੍ਰੇਡਰ ਸੈਲ ਦਾ ਪ੍ਰਭਾਰੀ ਨਿਯੁਕਤ ਕਰਨ ਦੀ ਘੋਸ਼ਣਾ ਕੀਤੀ ਗਈ। ਇਸ ਮੌਕੇ ਪ੍ਰਦੇਸ਼ ਅਧਜਕ੍ਸ਼ ਜਿਤੇਂਦਰ ਪਾਲ ਮਲ੍ਹੋਤਰਾ ਨੇ ਕਿਹਾ ਕਿ ਮੋਹਿਤ ਸੂਦ ਦੀ ਸੰਗਠਨਾਤਮਕ ਯੋਗਤਾ, ਵਪਾਰੀ ਵਰਗ ਨਾਲ ਮਜ਼ਬੂਤ ਸੰਪਰਕ ਤੇ ਪਾਰਟੀ ਪ੍ਰਤੀ ਸਮਰਪਣ ਨੂੰ ਦੇਖਦੇ ਹੋਏ ਉਨ੍ਹਾਂ ਨੂੰ ਇਹ ਮਹੱਤਵਪੂਰਨ ਜ਼ਿੰਮੇਵਾਰੀ ਸੌਂਪੀ ਗਈ ਹੈ। ਉਨ੍ਹਾਂ ਦੀ ਅਗਵਾਈ ਹੇਠ ਟ੍ਰੇਡਰ ਸੈਲ ਵਪਾਰੀ ਵਰਗ ਦੀਆਂ ਸਮੱਸਿਆਵਾਂ, ਸੁਝਾਵਾਂ ਅਤੇ ਉਮੀਦਾਂ ਨੂੰ ਸੰਗਠਨ ਅਤੇ ਸਰਕਾਰ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਏਗਾ।

ਪ੍ਰਦੇਸ਼ ਅਧਜਕ੍ਸ਼ ਨੇ ਵਿਸ਼ਵਾਸ ਜ਼ਾਹਿਰ ਕੀਤਾ ਕਿ ਮੋਹਿਤ ਸੂਦ ਟ੍ਰੇਡਰ ਸੈਲ ਨੂੰ ਨਵੀਂ ਊਰਜਾ, ਦਿਸ਼ਾ ਤੇ ਗਤੀ ਦੇਣਗੇ ਤੇ ਵਪਾਰੀ ਵਰਗ ਨੂੰ ਭਾਰਤੀ ਜਨਤਾ ਪਾਰਟੀ ਦੀਆਂ ਨੀਤੀਆਂ ਅਤੇ ਲੋਕ-ਹਿਤਕਾਰੀ ਯੋਜਨਾਵਾਂ ਨਾਲ ਮਜ਼ਬੂਤੀ ਨਾਲ ਜੋੜਣਗੇ। ਭਾਰਤੀ ਜਨਤਾ ਪਾਰਟੀ ਚੰਡੀਗੜ੍ਹ ਪਰਿਵਾਰ ਵੱਲੋਂ ਮੋਹਿਤ ਸੂਦ ਨੂੰ ਨਵੀਂ ਜ਼ਿੰਮੇਵਾਰੀ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

# ਰਾਹੁਲ ਦਾ ਬਿਆਨ ਕਾਂਗਰਸ ਦੀ ਦਿਵਾਲੀਆ ਮਾਨਸਿਕਤਾ ਦਾ ਪ੍ਰਤੀਕ, ਪਾਰਟੀ ਨੂੰ ਡਬੋਣ ਲਈ ਰਾਹੁਲ ਹੀ ਕਾਫ਼ੀ : ਅਸ਼ਵਨੀ ਸ਼ਰਮਾ



ਚੰਡੀਗੜ੍ਹ, 4 ਫ਼ਰਵਰੀ (ਹਰਦੀਪ ਕੌਰ): ਭਾਜਪਾ ਪੰਜਾਬ ਦੇ ਵਰਕਿੰਗ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਖ਼ਿਲਾਫ਼ ਕਾਂਗਰਸ ਨੇਤਾ ਰਾਹੁਲ ਗਾਂਧੀ ਵੱਲੋਂ ਵਰਤੀ ਗਈ ਸ਼ਬਦਾਵਲੀ ਦੀ ਤਿੱਖੀ ਨਿਖੇਧੀ ਕਰਦਿਆਂ ਕਿਹਾ ਕਿ ਇਹ ਬਿਆਨ ਕਾਂਗਰਸ ਦੀ ਦਿਵਾਲੀਆ ਹੋ ਚੁੱਕੀ ਮਾਨਸਿਕਤਾ ਨੂੰ ਸਪਸ਼ਟ ਤੌਰ 'ਤੇ ਬੇਨਕਾਬ ਕਰਦੇ ਹਨ। ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਸਿਆਸਤ ਵਿੱਚ ਸੰਜੀਦਗੀ ਅਤੇ ਮਰਯਾਦਾ ਕਾਇਮ ਰੱਖਣ ਦੀ ਥਾਂ ਸਿਰਫ਼ ਅਪਮਾਨਜਨਕ ਅਤੇ ਭੜਕਾਊ ਭਾਸ਼ਾ ਵਰਤ ਕੇ ਆਪਣੀ ਨਾਕਾਮੀ ਨੂੰ ਢੱਕਣ ਦੀ ਕੋਸ਼ਿਸ਼ ਕਰ ਰਹੇ ਹਨ। ਅਸ਼ਵਨੀ ਸ਼ਰਮਾ ਨੇ ਤੰਜ ਕੱਸਦਿਆਂ ਕਿਹਾ ਕਿ ਕਾਂਗਰਸ ਨੂੰ ਖ਼ਤਮ ਕਰਨ ਲਈ ਕਿਸੇ ਵਿਰੋਧੀ ਪਾਰਟੀ ਦੀ ਲੋੜ ਨਹੀਂ, ਇਕੱਲਾ ਰਾਹੁਲ ਗਾਂਧੀ ਹੀ ਕਾਫ਼ੀ ਹੈ, ਜੋ ਆਪਣੇ ਬਿਆਨਾਂ ਤੇ ਗਲਤ ਨੀਤੀਆਂ ਨਾਲ ਪਾਰਟੀ ਨੂੰ ਅੰਦਰੋਂ ਹੀ ਖੋਖਲਾ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੀ ਜਨਤਾ ਕਾਂਗਰਸ ਦੀ ਇਸ ਨਕਾਰਾਤਮਕ ਸਿਆਸਤ ਨੂੰ ਸਮਝ ਚੁੱਕੀ ਹੈ ਤੇ ਇਸੇ ਕਰਕੇ ਪਾਰਟੀ ਲਗਾਤਾਰ ਚੋਣਾਂ ਵਿੱਚ ਹਾਰ ਦਾ ਸਾਹਮਣਾ ਕਰ ਰਹੀ ਹੈ।

ਅਸ਼ਵਨੀ ਸ਼ਰਮਾ ਨੇ ਕਿਹਾ ਕਿ ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਦੇਸ਼ ਤੇ ਪੰਜਾਬ ਦੇ ਵਿਕਾਸ ਲਈ ਪੂਰੀ ਨਿਸ਼ਠਾ ਨਾਲ ਕੰਮ ਕਰ ਰਹੇ ਹਨ ਤੇ ਉਨ੍ਹਾਂ ਖ਼ਿਲਾਫ਼ ਅਪਮਾਨਜਨਕ ਟਿੱਪਣੀਆਂ ਕਰਨਾ ਕਾਂਗਰਸ ਦੀ ਹਤਾਸ਼ਾ ਨੂੰ ਦਰਸਾਉਂਦਾ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਕਾਂਗਰਸ ਨੇ ਹਮੇਸ਼ਾ ਵਿਕਾਸ ਤੇ ਲੋਕ-ਹਿਤ ਦੇ ਮੁੱਦਿਆਂ ਤੋਂ ਧਿਆਨ ਹਟਾ ਕੇ ਨਿੱਜੀ ਹਮਲਿਆਂ ਦੀ ਰਾਹ ਅਪਣਾਈ ਹੈ। ਭਾਜਪਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਦੇਸ਼ ਨੂੰ ਵਿਕਾਸ, ਸਥਿਰਤਾ ਤੇ ਮਜ਼ਬੂਤ ਭਵਿੱਖ ਵੱਲ ਲੈ ਕੇ ਜਾ ਰਹੀ ਹੈ, ਜਦਕਿ ਕਾਂਗਰਸ ਅਜੇ ਵੀ ਪੁਰਾਣੀ ਸੋਚ ਤੇ ਪਰਿਵਾਰਵਾਦੀ ਸਿਆਸਤ ਤੋਂ ਬਾਹਰ ਨਹੀਂ ਨਿਕਲ ਸਕੀ। ਉਨ੍ਹਾਂ ਕਾਂਗਰਸ ਨੇਤ੍ਰਤਵ ਨੂੰ ਅਪੀਲ ਕੀਤੀ ਕਿ ਉਹ ਸਿਆਸੀ ਮਰਯਾਦਾ ਬਣਾਈ ਰੱਖੇ ਅਤੇ ਗਾਲੀ-ਗਲੋਚ ਦੀ ਥਾਂ ਜਨਤਾ ਦੇ ਮੁੱਦਿਆਂ 'ਤੇ ਕੇਂਦਰਿਤ ਹੋਵੇ।

## 'ਆਪ' ਪੰਜਾਬ ਵੱਲੋਂ ਮੋਦੀ-ਟਰੰਪ ਦੇ 'ਗੁਪਤ ਸੌਦੇ' 'ਤੇ ਭਾਜਪਾ ਦੀ ਨਿੰਦਾ

# ਜਦੋਂ ਇਹ ਸੌਦਾ ਸਾਡੇ ਬਾਜ਼ਾਰਾਂ ਨੂੰ ਤਬਾਹ ਕਰ ਦੇਵੇਗਾ ਤਾਂ ਪੰਜਾਬ ਦੇ ਕਿਸਾਨ ਕਿੱਥੇ ਜਾਣਗੇ? : ਧਾਲੀਵਾਲ



ਚੰਡੀਗੜ੍ਹ, 4 ਫਰਵਰੀ (ਅੰਮ੍ਰਿਤਪਾਲ ਸਿੰਘ): ਆਮ ਆਦਮੀ ਪਾਰਟੀ (ਆਪ) ਪੰਜਾਬ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨਾਲ ਕਥਿਤ "ਗੁਪਤ ਵਪਾਰਕ ਸੌਦੇ" ਨੂੰ ਲੈ ਕੇ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ 'ਤੇ ਤਿੱਖਾ ਹਮਲਾ ਬੋਲਿਆ। ਪਾਰਟੀ ਨੇ ਚੇਤਾਵਨੀ ਦਿੱਤੀ ਕਿ ਇਹ ਸਮਝੌਤਾ ਭਾਰਤ ਦੇ ਕਿਸਾਨਾਂ ਨੂੰ ਬਰਬਾਦ ਕਰਨ ਅਤੇ ਦੇਸ਼ ਦੀ ਖੇਤੀ ਆਰਥਿਕਤਾ ਨੂੰ ਤਬਾਹ ਕਰਨ ਦੀ ਸਿੱਧੀ ਸਾਜ਼ਿਸ਼ ਹੈ। ਬੁੱਧਵਾਰ ਨੂੰ ਚੰਡੀਗੜ੍ਹ ਵਿੱਚ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ 'ਆਪ' ਪੰਜਾਬ ਦੇ ਮੁੱਖ ਬੁਲਾਰੇ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਇਹ ਹੈਰਾਨ ਕਰਨ ਵਾਲੀ ਅਤੇ ਅਪਮਾਨਜਨਕ ਗੱਲ ਹੈ ਕਿ ਜਦੋਂ ਮੁੱਦਾ ਭਾਰਤ ਦੇ ਭਵਿੱਖ ਅਤੇ 80 ਕਰੋੜ ਤੋਂ ਵੱਧ ਲੋਕਾਂ ਦੀ ਰੋਜ਼ੀ-ਰੋਟੀ ਨਾਲ ਜੁੜਿਆ ਹੋਇਆ ਹੈ, ਤਾਂ ਇਸ ਦੇ ਵੇਰਵੇ ਪ੍ਰਧਾਨ ਮੰਤਰੀ ਵੱਲੋਂ ਸੰਸਦ ਵਿੱਚ ਸਾਂਝੇ ਨਹੀਂ ਕੀਤੇ ਜਾ ਰਹੇ, ਸਗੋਂ ਟਰੰਪ ਦੇ ਟਵੀਟਾਂ ਰਾਹੀਂ ਸਾਹਮਣੇ ਆ ਰਹੇ ਹਨ।

ਆਪ ਆਗੂ ਨੇ ਸਵਾਲ ਕਰਦਿਆਂ ਪੁੱਛਿਆ ਕਿ ਭਾਰਤ ਦੇ ਲੋਕਾਂ ਲਈ ਟਰੰਪ ਕੌਣ ਹੈ? ਉਹ ਮੋਦੀ ਦਾ "ਦੋਸਤ" ਹੋ ਸਕਦਾ ਹੈ, ਪਰ ਜਦੋਂ ਪ੍ਰਧਾਨ ਮੰਤਰੀ ਚੁੱਪ ਹਨ ਤਾਂ ਉਹ ਸੋਸ਼ਲ ਮੀਡੀਆ 'ਤੇ ਭਾਰਤ ਦੀਆਂ ਨੀਤੀਆਂ ਦਾ ਐਲਾਨ ਕਿਉਂ ਕਰ ਰਿਹਾ ਹੈ? ਬੰਦ ਕਮਰਿਆਂ ਦੇ ਪਿੱਛੇ ਕਿਹੜਾ ਸੌਦਾ ਹੋਇਆ ਹੈ ਅਤੇ ਇਸ ਨੂੰ ਦੇਸ਼ ਤੋਂ ਕਿਉਂ ਛੁਪਾਇਆ ਜਾ ਰਿਹਾ ਹੈ?

ਧਾਲੀਵਾਲ ਨੇ ਯਾਦ ਦਿਵਾਇਆ ਕਿ ਕਿਸਾਨ ਯੂਨੀਅਨਾਂ ਤੇ ਕਈ ਮੁੱਖ ਮੰਤਰੀਆਂ ਨੇ ਪਹਿਲਾਂ ਹੀ ਕੇਂਦਰ ਨੂੰ ਚੇਤਾਵਨੀ ਦਿੱਤੀ ਸੀ ਕਿ ਜੇਕਰ ਅਮਰੀਕਾ ਨਾਲ ਕੋਈ ਸਮਝੌਤਾ ਹੁੰਦਾ ਹੈ ਤਾਂ ਖੇਤੀਬਾੜੀ ਨੂੰ ਇਸ ਤੋਂ ਬਾਹਰ ਰੱਖਿਆ ਜਾਵੇ ਕਿਉਂਕਿ ਭਾਰਤੀ ਖੇਤੀ ਪਹਿਲਾਂ ਹੀ ਡੂੰਘੇ ਸੰਕਟ ਵਿੱਚ ਹੈ। ਪਰੰਤੂ ਭਾਜਪਾ ਫਿਰ ਤੋਂ ਉਹੀ 'ਕਾਲੇ ਖੇਤੀ ਕਾਨੂੰਨ' ਪਿਛਲੇ ਦਰਵਾਜ਼ੇ ਰਾਹੀਂ ਵਾਪਸ ਲਿਆਉਣ ਦੀ ਕੋਸ਼ਿਸ਼ ਕਰ ਰਹੀ ਹੈ।

ਧਾਲੀਵਾਲ ਨੇ ਕੈਮੀਕਲ ਯੁਕਤ ਅਮਰੀਕੀ ਉਤਪਾਦਾਂ ਦੇ ਸਿਹਤ ਅਤੇ ਭੋਜਨ ਸੁਰੱਖਿਆ ਦੇ ਖਤਰਿਆਂ ਬਾਰੇ ਵੀ ਚਿੰਤਾ ਜਤਾਈ ਅਤੇ ਚੇਤਾਵਨੀ ਦਿੱਤੀ ਕਿ ਇਹ ਸੌਦਾ ਭਾਰਤ ਨੂੰ ਰੂਸ ਤੋਂ ਤੇਲ ਖਰੀਦਣ ਤੋਂ ਰੋਕਣ ਅਤੇ ਅਮਰੀਕਾ ਤੋਂ ਮਹਿੰਗੇ ਆਯਾਤ ਵੱਲ ਜਾਣ ਲਈ ਮਜਬੂਰ ਕਰ ਸਕਦਾ ਹੈ, ਜਿਸ ਨਾਲ ਭਾਰੀ ਮਹਿੰਗਾਈ ਵਧੇਗੀ। ਉਨ੍ਹਾਂ ਕਿਹਾ ਕਿ ਜਦੋਂ ਤੇਲ ਮਹਿੰਗਾ ਹੋਵੇਗਾ, ਤਾਂ ਹਰ ਚੀਜ਼ ਮਹਿੰਗੀ ਹੋ ਜਾਵੇਗੀ। ਇਹ ਸੌਦਾ ਹਰ ਘਰ 'ਤੇ ਮਾਰ ਕਰੇਗਾ।

ਧਾਲੀਵਾਲ ਨੇ ਪੰਜਾਬ ਦੀ ਭਾਜਪਾ ਲੀਡਰਸ਼ਿਪ ਨੂੰ ਵੀ ਘੇਰਦਿਆਂ ਸਵਾਲ ਕੀਤਾ ਕਿ ਉਹ ਸੂਬੇ ਦੀ ਰੀੜ੍ਹ ਦੀ ਹੱਡੀ ਖੇਤੀਬਾੜੀ ਨੂੰ ਸਿੱਧੇ ਤੌਰ 'ਤੇ ਖਤਰਾ ਪੈਦਾ ਕਰਨ ਵਾਲੇ ਮੁੱਦੇ 'ਤੇ ਅਪਰਾਧਿਕ ਚੁੱਪ ਕਿਉਂ ਧਾਰੀ ਬੈਠੇ ਹਨ। 'ਆਪ' ਬੁਲਾਰੇ ਨੇ ਸਵਾਲ ਕੀਤਾ ਕਿ ਕੀ ਪੰਜਾਬ ਦੇ ਭਾਜਪਾ ਆਗੂਆਂ ਵਿੱਚ ਕਿਸਾਨਾਂ ਨੂੰ ਇਹ ਦੱਸਣ ਦੀ ਹਿੰਮਤ ਹੈ ਕਿ ਜਦੋਂ ਅਮਰੀਕੀ ਕਣਕ, ਮੱਕੀ, ਸੋਇਆਬੀਨ, ਕਪਾਹ, ਡੇਅਰੀ, ਮੱਛੀ, ਮੀਟ ਅਤੇ ਹੋਰ ਉਤਪਾਦ ਜ਼ੀਰੋ ਟੈਕਸ ਦੇ ਕਰੀਬ ਭਾਰਤ ਵਿੱਚ ਦਾਖਲ ਹੋਣਗੇ ਅਤੇ ਸਥਾਨਕ ਬਾਜ਼ਾਰਾਂ ਨੂੰ ਤਬਾਹ ਕਰ ਦੇਣਗੇ, ਤਾਂ ਉਹ ਕਿੱਥੇ ਜਾਣਗੇ।

ਵਿਧਾਇਕ ਧਾਲੀਵਾਲ ਨੇ ਮੰਗ ਕੀਤੀ ਕਿ ਪ੍ਰਧਾਨ ਮੰਤਰੀ ਮੋਦੀ ਤੁਰੰਤ ਸਾਰੀਆਂ ਸ਼ਰਤਾਂ ਸਮੇਤ ਪੂਰੇ ਸਮਝੌਤੇ ਦਾ ਲੋਕ ਸਭਾ ਅਤੇ ਭਾਰਤ ਦੇ ਲੋਕਾਂ ਸਾਹਮਣੇ ਖੁਲਾਸਾ ਕਰਨ। ਧਾਲੀਵਾਲ ਨੇ ਐਲਾਨ ਕੀਤਾ ਕਿ 'ਆਪ' ਕਿਸਾਨਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੋਵੇਗੀ ਅਤੇ ਇਸ "ਕਿਸਾਨ ਵਿਰੋਧੀ, ਪੰਜਾਬ ਵਿਰੋਧੀ, ਭਾਰਤ ਵਿਰੋਧੀ" ਸੌਦੇ ਖ਼ਿਲਾਫ਼ ਸੰਸਦ ਦੇ ਅੰਦਰ ਅਤੇ ਸੜਕਾਂ 'ਤੇ ਉਦੋਂ ਤੱਕ ਲੜੇਗੀ ਜਦੋਂ ਤੱਕ ਇਸ ਨੂੰ ਰੱਦ ਨਹੀਂ ਕਰ ਦਿੱਤਾ ਜਾਂਦਾ। ਪਾਰਟੀ ਨੇ ਦਾਅਵਾ ਕੀਤਾ ਕਿ ਪੰਜਾਬ ਭਾਰਤ ਦੀ ਖੇਤੀਬਾੜੀ ਦੀ ਰੀੜ੍ਹ ਦੀ ਹੱਡੀ ਹੈ। ਜੇਕਰ ਇਹ ਸੌਦਾ ਲਾਗੂ ਹੁੰਦਾ ਹੈ, ਤਾਂ ਪੰਜਾਬ ਬਰਬਾਦ ਹੋ ਜਾਵੇਗਾ। 'ਆਪ' ਭਾਜਪਾ ਨੂੰ ਸਿਆਸੀ ਦੋਸਤੀਆਂ ਅਤੇ ਕਾਰਪੋਰੇਟ ਮੁਨਾਫ਼ਿਆਂ ਲਈ ਭਾਰਤ ਦੇ ਕਿਸਾਨਾਂ ਨੂੰ ਵੇਚਣ ਦੀ ਇਜਾਜ਼ਤ ਨਹੀਂ ਦੇਵੇਗੀ।

## ਸੰਪਾਦਕੀ

# ਕਿਸਾਨਾਂ ਲਈ ਚਿੰਤਾ ਦੀ ਗੱਲ

ਪਿਛਲੇ ਕਈ ਮਹੀਨਿਆਂ ਤੋਂ ਅਮਰੀਕਾ ਦੀਆਂ ਟੈਰਿਫ ਨੀਤੀਆਂ ਨੇ ਦੁਨੀਆਂ ਭਰ ਵਿੱਚ ਵਪਾਰ ਯੁੱਧ ਵਰਗੀ ਸਥਿਤੀ ਪੈਦਾ ਕਰ ਦਿੱਤੀ ਹੈ, ਪਰ ਭਾਰਤ ਲਈ ਮੁੱਖ ਚੁਣੌਤੀ ਆਪਣੇ ਲਈ ਇੱਕ ਬਿਹਤਰ ਵਿਕਲਪ ਲੱਭਣਾ ਹੈ। ਹੁਣ, ਸੋਮਵਾਰ ਨੂੰ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਬਿਆਨ ਤੋਂ ਪਤਾ ਚੱਲਦਾ ਹੈ ਕਿ ਭਾਰਤ ਅਤੇ ਅਮਰੀਕਾ ਵਿਚਕਾਰ ਇੱਕ ਆਪਸੀ ਲਾਭਦਾਇਕ ਸਮਝੌਤਾ ਉੱਭਰ ਰਿਹਾ ਹੈ। ਟਰੰਪ ਨੇ ਸੋਸ਼ਲ ਮੀਡੀਆ ’ਤੇ ਦਾਅਬਾ ਕੀਤਾ ਕਿ ਅਮਰੀਕਾ-ਭਾਰਤ ਵਪਾਰ ਸਮਝੌਤਾ ਹੋ ਗਿਆ ਹੈ, ਜਿਸ ਦੇ ਤਹਿਤ ਟੈਰਿਫ 50 ਪ੍ਰਤੀਸ਼ਤ ਤੋਂ ਘਟਾ ਕੇ 18 ਪ੍ਰਤੀਸ਼ਤ ਕਰ ਦਿੱਤੇ ਜਾਣਗੇ।ਇਸ ਦੌਰਾਨ, ਭਾਰਤੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਕਿ ਭਾਰਤ ਵੀ ਅਮਰੀਕਾ ਵਿਰੁੱਧ ਆਪਣੇ ਟੈਰਿਫ ਅਤੇ ਗੈਰ-ਟੈਰਿਫ ਰੁਕਾਵਟਾਂ ਨੂੰ ਖਤਮ ਕਰਨ ਲਈ ਇਸੇ ਤਰ੍ਹਾਂ ਅੱਗੇ ਵਧੇਗਾ। ਟੈਰਿਫ ਨੂੰ ਲੈ ਕੇ ਮਹੀਨਿਆਂ ਤੋਂ ਚੱਲ ਰਹੇ ਤਣਾਅ ਤੋਂ ਬਾਅਦ ਦੋਵਾਂ ਦੇਸ਼ਾਂ ਵੱਲੋਂ ਕੀਤੇ ਗਏ ਇਸ ਐਲਾਨ ਨੂੰ ਅਮਰੀਕਾ ਅਤੇ ਭਾਰਤ ਦੀਆਂ ਨੀਤੀਆਂ ਵਿੱਚ ਇੱਕ ਵੱਡੀ ਤਬਦੀਲੀ ਦੇ ਸੰਕੇਤ ਵਜੋਂ ਦੇਖਿਆ ਜਾ ਰਿਹਾ ਹੈ।ਹਾਲਾਂਕਿ, ਇਹ ਦੇਖਣਾ ਬਾਕੀ ਹੈ ਕਿ ਦੋਵਾਂ ਦੇਸ਼ਾਂ ਵਿਚਕਾਰ ਅੰਤਿਮ ਵਪਾਰ ਸਮਝੌਤਾ ਕਿਸ ਰੂਪ ਵਿੱਚ ਹੋਵੇਗਾ ਅਤੇ ਇਹ ਸਮਝੌਤਾ ਕਿਸ ਹੱਦ ਤੱਕ ਆਪਸੀ ਲਾਭ ਨੂੰ ਯਕੀਨੀ ਬਣਾਏਗਾ। ਹਾਲਾਂਕਿ, ਹਾਲ ਹੀ ਦੀਆਂ ਰਿਪੋਰਟਾਂ ਦੇ ਅਨੁਸਾਰ, ਜੇਕਰ ਅਮਰੀਕਾ ਦੀ ਪ੍ਰਸਤਾਵਿਤ ਟੈਰਿਫ ਕਟੌਤੀ ਲਾਗੂ ਕੀਤੀ ਜਾਂਦੀ ਹੈ ਤਾਂ ਭਾਰਤ ਨੂੰ ਰਾਹਤ ਮਿਲ ਸਕਦੀ ਹੈ। ਦਰਅਸਲ, ਬਹੁਤ ਸਾਰੇ ਖੇਤਰ ਹਨ ਜੋ ਪਹਿਲਾਂ ਹੀ ਅਮਰੀਕੀ ਨੀਤੀਆਂ ਤੋਂ ਪ੍ਰਭਾਵਿਤ ਹੋ ਚੁੱਕੇ ਹਨ। ਇਸ ਦੇ ਬਾਵਜੂਦ, ਭਾਰਤ ਨੇ ਅਮਰੀਕਾ ਦੀਆਂ ਬਹੁਤ ਜ਼ਿਆਦਾ ਸਖ਼ਤ ਸ਼ਰਤਾਂ ਕਾਰਨ ਇਸ ਸੌਦੇ ’ਤੇ ਸਹਿਮਤ ਹੋਣ ਵਿੱਚ ਸਾਵਧਾਨੀ ਵਰਤੀ ਅਤੇ ਨਤੀਜੇ ਵਜੋਂ ਆਈਆਂ ਮੁਸ਼ਕਲਾਂ ਦੇ ਹੱਲ ਲੱਭਣੇ ਜਾਰੀ ਰੱਖੇ। ਇਹੀ ਕਾਰਨ ਹੈ ਕਿ, ਅਮਰੀਕਾ ਵੱਲੋਂ 50% ਟੈਰਿਫ ਵਾਧੇ ਦਾ ਐਲਾਨ ਕਰਨ ਤੋਂ ਬਾਅਦ ਵੀ, ਭਾਰਤ ਰੂਸ ਤੋਂ ਤੇਲ ਖਰੀਦਣਾ ਜਾਰੀ ਰੱਖਦਾ ਹੈ। ਟਰੰਪ ਨੇ ਦਾਅਵਾ ਕੀਤਾ ਹੈ ਕਿ ਭਾਰਤ ਹੁਣ ਰੂਸ ਤੋਂ ਤੇਲ ਖਰੀਦਣਾ ਬੰਦ ਕਰਨ ਅਤੇ ਅਮਰੀਕਾ ਤੋਂ ਹੋਰ ਵੀ ਵੱਡੀ ਮਾਤਰਾ ਵਿੱਚ ਖਰੀਦਣ ਲਈ ਸਹਿਮਤ ਹੋ ਗਿਆ ਹੈ, ਅਤੇ ਸੰਭਾਵਤ ਤੌਰ ’ਤੇ ਵੈਨੇਜ਼ੁਏਲਾ ਤੋਂ ਵੀ। ਹਾਲਾਂਕਿ, ਭਾਰਤ ਅਤੇ ਰੂਸ ਦੇ ਮੌਜੂਦਾ ਸਬੰਧਾਂ ਨੂੰ ਦੇਖਦੇ ਹੋਏ, ਇਹ ਦੇਖਣਾ ਬਾਕੀ ਹੈ ਕਿ ਭਾਰਤ ਰੂਸ ਤੋਂ ਤੇਲ ਖਰੀਦ ਨੂੰ ਪੂਰੀ ਤਰ੍ਹਾਂ ਰੋਕਣ ਦੇ ਮੁੱਦੇ ’ਤੇ ਕੀ ਰੁਖ਼ ਅਪਣਾਉਂਦਾ ਹੈ। ਇਸ ਤੋਂ ਇਲਾਵਾ, ਭਾਰਤ-ਅਮਰੀਕਾ ਵਪਾਰ ਸਮਝੌਤੇ ਦੇ ਠੋਸ ਸਿੱਟੇ ’ਤੇ ਨਾ ਪਹੁੰਚਣ ਦਾ ਇੱਕ ਵੱਡਾ ਕਾਰਨ ਭਾਰਤ ਦਾ ਖੇਤੀਬਾੜੀ ਖੇਤਰ ਨੂੰ ਪੂਰੀ ਤਰ੍ਹਾਂ ਖੋਲ੍ਹਣ ਤੋਂ ਝਿਜਕਣਾ ਸੀ। ਇਸ ਮੁੱਦੇ ’ਤੇ ਦੇਸ਼ ਭਰ ਵਿੱਚ ਸਵਾਲ ਉਠਾਏ ਗਏ ਸਨ। ਇਹ ਦੇਖਣਾ ਬਾਕੀ ਹੈ ਕਿ ਭਾਰਤ ਨੂੰ ਅੰਤਿਮ ਵਪਾਰ ਸਮਝੌਤੇ ਵਿੱਚ ਖੇਤੀਬਾੜੀ ਦੇ ਸਭ ਤੋਂ ਸੰਵੇਦਨਸ਼ੀਲ ਮੁੱਦੇ ’ਤੇ ਕੀ ਲਾਭ ਹੁੰਦਾ ਹੈ, ਪਰ ਕਿਸਾਨਾਂ ਨੇ ਕਈ ਚਿੰਤਾਵਾਂ ਉਠਾਈਆਂ ਹਨ। ਇਸ ਮੁੱਦੇ ’ਤੇ ਚਿੰਤਾਵਾਂ ਟਰੰਪ ਦੇ ਇਸ ਦਾਅਵੇ ਤੋਂ ਪੈਦਾ ਹੁੰਦੀਆਂ ਹਨ ਕਿ ਭਾਰਤ ਨੇ ਊਰਜਾ, ਤਕਨਾਲੋਜੀ, ਖੇਤੀਬਾੜੀ, ਕੋਲਾ ਅਤੇ ਹੋਰ ਉਤਪਾਦਾਂ ਸਮੇਤ ਵੱਡੇ ਪੱਧਰ ’ਤੇ ਅਮਰੀਕੀ ਉਤਪਾਦਾਂ ਨੂੰ ਖਰੀਦਣ ਲਈ ਵਚਨਬੱਧ ਕੀਤਾ ਹੈ। ਜੇਕਰ ਭਾਰਤ ਆਪਣਾ ਖੇਤੀਬਾੜੀ ਖੇਤਰ ਖੋਲ੍ਹਦਾ ਹੈ, ਤਾਂ ਇਹ ਇੱਥੇ ਕਿਸਾਨਾਂ ਨੂੰ ਦਰਪੇਸ਼ ਚੁਣੌਤੀਆਂ ਨੂੰ ਵਧਾ ਸਕਦਾ ਹੈ। ਇਸ ਲਈ, ਭਾਰਤ ਨੂੰ ਆਪਣੇ ਕਿਸਾਨਾਂ ਦੀਆਂ ਚਿੰਤਾਵਾਂ ਨੂੰ ਧਿਆਨ ਵਿੱਚ ਰੱਖਣਾ ਚਾਹੀਦਾ ਹੈ ਕਿ ਜੇਕਰ ਸਸਤੇ ਅਮਰੀਕੀ ਉਤਪਾਦ ਭਾਰਤ ਵਿੱਚ ਦਾਖਲ ਹੁੰਦੇ ਹਨ, ਤਾਂ ਘਰੇਲੂ ਫਸਲਾਂ ਦੀਆਂ ਕੀਮਤਾਂ ਡਿੱਗ ਸਕਦੀਆਂ ਹਨ, ਘੱਟੋ-ਘੱਟ ਸਮੱਰਥਨ ਮੁੱਲ ਕਮਜ਼ੋਰ ਹੋ ਜਾਵੇਗਾ, ਅਤੇ ਛੋਟੇ ਅਤੇ ਸੀਮਾਂਤ ਕਿਸਾਨਾਂ ਨੂੰ ਸਭ ਤੋਂ ਵੱਧ ਨੁਕਸਾਨ ਹੋਵੇਗਾ।

-ਜਗਜੀਤ ਸਿੰਘ ਦਰਦੀ

ਭਾਰਤੀ ਸੰਸਦ ਵਿੱਚ ਵਧਦਾ ਹੰਗਾਮਾ ਅਤੇ ਰਾਜਨੀਤਿਕ ਪਤਨ

# ਰਾਹੁਲ ਗਾਂਧੀ ਦੇ ਗੱਦਾਰ ਤੇ ਰਵਨੀਤ ਬਿੱਟੂ ਦਾ ਦੇਸ਼ ਦਾ ਦੁਸ਼ਮਣ ਕਹਿਣ ’ਤੇ ਭਾਜਪਾ ਦਾ ਜਵਾਬੀ ਹਮਲਾ



ਪ੍ਰੋ . ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਅੱਜ ਭਾਰਤੀ ਸੰਸਦ, ਜਿਸ ਨੂੰ ਲੋਕਤੰਤਰ ਦਾ ਮੰਦਰ ਕਿਹਾ ਜਾਂਦਾ ਹੈ, ਅੱਜ ਕੱਲ੍ਹ ਰਾਜਨੀਤਿਕ ਹੰਗਾਮੇ ਅਤੇ ਵਿਅਕਤੀਗਤ ਹਮਲਿਆਂ ਦਾ ਅਖਾੜਾ ਬਣ ਗਿਆ ਹੈ। ਫਰਵਰੀ 2026 ਦੇ ਬਜਟ ਸੈਸ਼ਨ ਵਿੱਚ ਵਾਪਰੀਆਂ ਘਟਨਾਵਾਂ ਵਿੱਚ ਲੀਡਰ ਆਫ ਅਪੋਜ਼ੀਸ਼ਨ ਰਾਹੁਲ ਗਾਂਧੀ ਵੱਲੋਂ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੂੰ ‘ਗੱਦਾਰ’ ਕਹਿਣਾ ਸਭ ਤੋਂ ਵੱਡੀ ਅਤੇ ਵਿਵਾਦਸਪਦ ਘਟਨਾ ਬਣ ਗਿਆ ਹੈ।

ਅੱਜ ਇਸ ਬਿਆਨ ਨੇ ਨਾ ਸਿਰਫ਼ ਸੰਸਦੀ ਮਰਿਆਦਾ ਨੂੰ ਠੇਸ ਪਹੁੰਚਾਈ ਸਗੋਂ ਭਾਜਪਾ ਨੂੰ ਇੱਕ ਮਜ਼ਬੂਤ ਮੁੱਦਾ ਵੀ ਦੇ ਦਿੱਤਾ, ਜਿਸ ਨੂੰ ਉਹ ਸਿੱਖ ਭਾਈਚਾਰੇ ਨਾਲ ਜੋੜ ਕੇ ਵਿਪੱਖ ਨੂੰ ਘੇਰ ਰਹੇ ਹਨ।ਇਸ ਨਾਲ ਪੁਰਾਣੇ ਜ਼ਖ਼ਮਾਂ ਨੂੰ ਖੋਲ੍ਹਿਆ ਗਿਆ ਹੈ - 1984 ਦੇ ਸਿੱਖ ਕਤਲੇਆਮ, ਆਪਰੇਸ਼ਨ ਬਲੂ ਸਟਾਰ ਅਤੇ ਅਕਾਲ ਤਖ਼ਤ ਸਾਹਿਬ ਨੂੰ ਨਿਸ਼ਾਨਾ ਬਣਾਉਣ ਵਾਲੇ ਦਾਅਵੇ।

ਕੱਲ੍ਹ ਇਹ ਘਟਨਾ ਦੀ ਸ਼ੁਰੂਆਤ 4 ਫਰਵਰੀ 2026 ਨੂੰ ਮਕਰ ਦੁਆਰ ਨੇੜੇ ਹੋਈ, ਜਿੱਥੇ ਵਿਪੱਖੀ ਮੈਂਬਰਾਂ ਨੇ ਸਸਪੈਂਸ਼ਨ ਵਿਰੋਧ ਵਿੱਚ ਪ੍ਰਦਰਸ਼ਨ ਕੀਤਾ ਹੋਇਆ ਸੀ। ਰਵਨੀਤ ਸਿੰਘ ਬਿੱਟੂ (ਜੋ ਪਹਿਲਾਂ ਕਾਂਗਰਸ ਨਾਲ ਸਨ ਅਤੇ 2024 ਵਿੱਚ ਭਾਜਪਾ ਵਿੱਚ ਸ਼ਾਮਲ ਹੋਏ) ਜਦੋਂ ਉੱਥੋਂ ਲੰਘ ਰਹੇ ਸਨ ਤਾਂ ਰਾਹੁਲ ਗਾਂਧੀ ਨੇ ਉਨ੍ਹਾਂ ਵੱਲ ਇਸ਼ਾਰਾ ਕਰਕੇ ਕਿਹਾ: ਦੇਖੋ, ਇੱਕ ਗੱਦਾਰ ਇੱਥੇ ਲੰਘ ਰਿਹਾ ਹੈ।ਇਸਦਾ ਚਿਹਰਾ ਵੇਖੋ। ਫਿਰ ਉਨ੍ਹਾਂ ਨੇ ਹੱਥ ਮਿਲਾਉਣ ਲਈ ਅੱਗੇ ਵਧ ਕੇ ਕਿਹਾ: ਹੈਲੋ ਭਰਾ, ਮੇਰਾ ਗੱਦਾਰ ਦੋਸਤ। ਚਿੰਤਾ ਨਾ ਕਰੋ, ਤੂੰ ਵਾਪਸ ਆ ਜਾਵੇਂਗਾ।ਰਵਨੀਤ ਬਿੱਟੂ ਨੇ ਹੱਥ ਮਿਲਾਉਣ ਤੋਂ ਇਨਕਾਰ ਕਰ ਦਿੱਤਾ ਅਤੇ ਜਵਾਬ ਵਿੱਚ ਕਿਹਾ: ਦੇਸ਼ ਦਾ ਦੁਸ਼ਮਣ (desh ke dushman)। ਇਸ ਤੋਂ ਬਾਅਦ ਬਿੱਟੂ ਨੇ ਰਾਹੁਲ ਗਾਂਧੀ ਅਤੇ ਗਾਂਧੀ ਪਰਿਵਾਰ ਨੂੰ ਸਿੱਖਾਂ ਦੇ ਕਤਲੇਆਮ ਦੇ ਜ਼ਿੰਮੇਵਾਰ ਅਤੇ ਸੜਕ ਦਾ ਗੁੰਡਾ ਵੀ ਕਿਹਾ।

ਹੁਣ ਇਹ ਵੀਡੀਓ ਵਾਇਰਲ ਹੋ ਗਈ ਅਤੇ ਰਾਜਨੀਤਿਕ ਤੌਰ ’ਤੇ ਤੂਫ਼ਾਨ ਖੜ੍ਹਾ ਕਰ ਦਿੱਤਾ। ਭਾਜਪਾ ਨੇ ਇਸ ਨੂੰ ਤੁਰੰਤ ਜਵਾਬੀ ਹਮਲੇ ਵਿੱਚ ਬਦਲ ਦਿੱਤਾ।ਪਾਰਟੀ ਦੇ ਸਿੱਖ ਨੇਤਾਵਾਂ ਨੇ ਰਾਹੁਲ ਗਾਂਧੀ ਦੇ ਬਿਆਨ ਨੂੰ ਸਿੱਖ ਭਾਈਚਾਰੇ ’ਤੇ ਹਮਲਾ ਦੱਸਿਆ।ਯੂਨੀਅਨ ਮੰਤਰੀ ਹਰਦੀਪ ਸਿੰਘ ਪੁਰੀ ਨੇ ਪ੍ਰੈੱਸ ਕਾਨਫ਼ਰੰਸ ਵਿੱਚ ਕਿਹਾ ਕਿ ਗੱਦਾਰ (traitor) ਸ਼ਬਦ ਨੂੰ ਹਲਕੇ ਤੌਰ ’ਤੇ ਨਹੀਂ ਵਰਤਿਆ ਜਾ ਸਕਦਾ, ਕਿਉਂਕਿ ਇਸਦਾ ਅਰਥ ਦੇਸ਼ ਨਾਲ ਧੋਖਾ ਕਰਨਾ ਹੈ।ਉਨ੍ਹਾਂ ਨੇ ਰਵਨੀਤ ਬਿੱਟੂ ਦੇ ਪਰਿਵਾਰਕ ਬਲੀਦਾਨਾਂ ਨੂੰ ਯਾਦ ਕਰਵਾਇਆ। ਉਨ੍ਹਾਂ ਦੇ ਦਾਦਾ ਬੇਅੰਤ ਸਿੰਘ (ਪੰਜਾਬ ਦੇ ਸਾਬਕਾ ਮੁੱਖ ਮੰਤਰੀ) ਨੂੰ ਕਤਲ ਕੀਤਾ ਗਿਆ ਸੀ। ਪੁਰੀ ਨੇ ਕਿਹਾ ਕਿ ਇਹ ਬਿਆਨ ਪੂਰੇ ਸਿੱਖ ਭਾਈਚਾਰੇ ਲਈ ਅਪਮਾਨਜਨਕ ਹੈ ਅਤੇ ਰਾਹੁਲ ਗਾਂਧੀ ਨੂੰ ਮਾਫ਼ੀ ਮੰਗਣੀ ਚਾਹੀਦੀ ਹੈ।ਦਿੱਲੀ ਦੇ ਮੰਤਰੀ ਮਨਜਿੰਦਰ ਸਿੰਘ ਸਿਰਸਾ ਨੇ ਹੋਰ ਤਿੱਖਾ ਜਵਾਬ ਦਿੱਤਾ। ਉਨ੍ਹਾਂ ਨੇ ਕਿਹਾ: ਜੇਕਰ ਕੋਈ ਗੱਦਾਰ ਹੈ ਤਾਂ ਉਹ ਗਾਂਧੀ ਪਰਿਵਾਰ ਹੈ।

ਉਨ੍ਹਾਂ ਨੇ 1984 ਦੇ ਘਟਨਾਕ੍ਰਮ ਨੂੰ ਯਾਦ ਕਰਵਾਇਆ - ਆਪਰੇਸ਼ਨ ਬਲੂ ਸਟਾਰ ਵਿੱਚ ਗੋਲਡਨ ਟੈਂਪਲ ’ਤੇ ਟੈਂਕਾਂ ਅਤੇ ਤੋਪਾਂ ਨਾਲ ਹਮਲਾ, ਅਕਾਲ ਤਖ਼ਤ ਸਾਹਿਬ ਨੂੰ ਢਾਹੁਣਾ ਅਤੇ ਨਿਰਦੋਸ਼ ਸਿੱਖਾਂ ਨੂੰ ਜਿਉਂਦੇ ਜਲਾਉਣਾ।ਸਿਰਸਾ ਨੇ ਕਿਹਾ ਕਿ ਕਾਂਗਰਸ ਦੀ ਮਾਨਸਿਕਤਾ ਅੱਜ ਵੀ 1980ਵਿਆਂ ਵਾਲੀ ਹੈ ਅਤੇ ਇਹ ਸਿੱਖ ਵਿਰੋਧੀ ਹੈ। ਉਨ੍ਹਾਂ ਨੇ ਲੋਕ ਸਭਾ ਸਪੀਕਰ ਤੋਂ ਰਾਹੁਲ ਗਾਂਧੀ ਵਿਰੁੱਧ ਕਾਰਵਾਈ ਦੀ ਮੰਗ ਕੀਤੀ।

ਹੁਣ ਭਾਜਪਾ ਨੇ ਇਸ ਮੁੱਦੇ ਨੂੰ ਹੋਰ ਵਧਾਇਆ ਹੈ। ਦਿੱਲੀ ਭਾਜਪਾ ਨੇ ਕਾਂਗਰਸ ਹੈੱਡਕੁਆਰਟਰ ਨੇੜੇ ਪ੍ਰਦਰਸ਼ਨ ਕੀਤਾ, ਜਿੱਥੇ ਨਾਅਰੇ ਲਗਾਏ ਗਏ: ਸਿੱਖ ਸਰਦਾਰ ਹੈਂ, ਰਾਹੁਲ ਗਾਂਧੀ ਗੱਦਾਰ ਹੈ। ਪ੍ਰਦਰਸ਼ਨਕਾਰੀਆਂ ਨੇ ਰਾਹੁਲ ਗਾਂਧੀ ਤੋਂ ਮਾਫ਼ੀ ਦੀ ਮੰਗ ਕੀਤੀ ਅਤੇ ਕਿਹਾ ਕਿ ਇਹ ਨਾ ਸਿਰਫ਼ ਇੱਕ ਵਿਅਕਤੀ ਸਗੋਂ ਪੂਰੇ ਸਿੱਖ ਭਾਈਚਾਰੇ ਦਾ ਅਪਮਾਨ ਹੈ, ਜੋ ਦੇਸ਼ ਦਾ ਮਾਣ ਹੈ।ਭਾਜਪਾ ਨੇਤਾ ਵੀਰੇਂਦਰ ਸਚਦੇਵਾ ਨੇ ਕਿਹਾ ਕਿ ਰਾਹੁਲ ਗਾਂਧੀ ਨੇ ਇੱਕ ਵਿਅਕਤੀ ਨੂੰ ਨਹੀਂ, ਸਗੋਂ ਸਿੱਖ ਕੌਮ ਨੂੰ ਨਿਸ਼ਾਨਾ ਬਣਾਇਆ ਹੈ।

ਅੱਜ ਇਹ ਘਟਨਾ ਰਾਹੁਲ ਗਾਂਧੀ ਲਈ ਰਾਜਨੀਤਿਕ ਤੌਰ ’ਤੇ ਨੁਕਸਾਨਦੇਹ ਸਾਬਤ ਹੋ ਰਹੀ ਹੈ। ਉਹ ਹਰ ਵਾਰ ਅਜਿਹਾ ਮੁੱਦਾ ਖੁਦ ਭਾਜਪਾ ਦੇ ਹੱਥਾਂ ਵਿੱਚ ਦੇ ਦਿੰਦੇ ਹਨ, ਜਿਸ ਨੂੰ ਭਾਜਪਾ ਸਿੱਖ ਭਾਈਚਾਰੇ ਨਾਲ ਜੋੜ ਕੇ ਵੱਡਾ ਬਣਾ ਲੈਂਦੀ ਹੈ। ਪਹਿਲਾਂ ਵੀ ਰਾਹੁਲ ਗਾਂਧੀ ਨੇ ਅਮਰੀਕਾ ਵਿੱਚ ਸਿੱਖਾਂ ’ਤੇ ਟਿੱਪਣੀਆਂ ਕੀਤੀਆਂ ਸਨ, ਜਿਸ ਨੂੰ ਭਾਜਪਾ ਨੇ ਸਿੱਖ ਵਿਰੋਧੀ ਦੱਸ ਕੇ ਘੇਰਿਆ ਸੀ। ਇਸ ਵਾਰ ਵੀ ਉਹੀ ਪੈਟਰਨ ਦਿਖਾਈ ਦੇ ਰਿਹਾ ਹੈ - ਰਾਹੁਲ ਗਾਂਧੀ ਦੇ ਬਿਆਨ ਨਾਲ ਭਾਜਪਾ ਨੂੰ ਪੰਜਾਬ ਅਤੇ ਸਿੱਖ ਵੋਟਰਾਂ ਵਿੱਚ ਆਪਣੀ ਛਵੀ ਮਜ਼ਬੂਤ ਕਰਨ ਦਾ ਮੌਕਾ ਮਿਲ ਗਿਆ ਹੈ। ਰਵਨੀਤ ਬਿੱਟੂ ਖੁਦ ਕਿਹਾ ਕਿ ਗਾਂਧੀ ਪਰਿਵਾਰ ਨੇ ਸਿੱਖਾਂ ਨੂੰ ਨਿਸ਼ਾਨਾ ਬਣਾਇਆ ਅਤੇ ਅਕਾਲ ਤਖ਼ਤ ਸਾਹਿਬ ਨੂੰ ਨੁਕਸਾਨ ਪਹੁੰਚਾਇਆ।

ਸੋਚਣ ਵਾਲੀ ਗੱਲ ਇਹ ਹੈ ਕਿ ਇਹ ਸਭ ਕੁਝ ਸੰਸਦੀ ਰਾਜਨੀਤੀ ਨੂੰ ਹੇਠਾਂ ਲੈ ਜਾ ਰਿਹਾ ਹੈ।ਬਹਿਸਾਂ ਦੀ ਥਾਂ ਵਿਅਕਤੀਗਤ ਹਮਲੇ ਅਤੇ ਪੁਰਾਣੇ ਜ਼ਖ਼ਮਾਂ ਨੂੰ ਖੋਲ੍ਹਣਾ ਆਮ ਹੋ ਗਿਆ ਹੈ। ਰਾਹੁਲ ਗਾਂਧੀ ਦੀ ਇਹ ਪ੍ਰਵਿਰਤੀ ਉਨ੍ਹਾਂ ਨੂੰ ਰਾਸ਼ਟਰੀ ਨੇਤਾ ਵਜੋਂ ਕਮਜ਼ੋਰ ਕਰ ਰਹੀ ਹੈ, ਜਦਕਿ ਭਾਜਪਾ ਇਸ ਨੂੰ ਆਪਣੇ ਫਾਇਦੇ ਲਈ ਵਰਤ ਰਹੀ ਹੈ। ਲੋਕਤੰਤਰ ਲਈ ਇਹ ਚਿੰਤਾਜਨਕ ਹੈ ਕਿ ਸੰਸਦ ਵਿੱਚ ਚਰਚਾ ਨਹੀਂ, ਸਗੋਂ ਨਫ਼ਰਤ ਅਤੇ ਵੰਡ ਵੱਧ ਰਹੀ ਹੈ।

ਅੱਜ ਜੇਕਰ ਇਹ ਸਿਲਸਿਲਾ ਜਾਰੀ ਰਿਹਾ ਤਾਂ ਸੰਸਦ ਸਿਰਫ਼ ਡਰਾਮੇ ਦਾ ਮੰਚ ਬਣ ਜਾਵੇਗੀ ਅਤੇ ਦੇਸ਼ ਦੇ ਅਸਲ ਮੁੱਦੇ ਪਿੱਛੇ ਰਹਿ ਜਾਣਗੇ। ਸਮਾਂ ਹੈ ਕਿ ਸਾਰੀਆਂ ਪਾਰਟੀਆਂ ਮਿਲ ਕੇ ਮਰਿਆਦਾ ਅਤੇ ਤੱਥਾਂ ’ਤੇ ਅਧਾਰਿਤ ਚਰਚਾ ਨੂੰ ਵਾਪਸ ਲਿਆਉਣ। ਨਹੀਂ ਤਾਂ ਲੋਕਤੰਤਰ ਦਾ ਮੰਦਰ ਸੱਚਮੁੱਚ ਖੰਡਰ ਬਣ ਜਾਵੇਗਾ।

ਬਾਦ ਵਿੱਚ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਸੰਸਦ ਕੰਪਲੈਕਸ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਵੱਲੋਂ ਕੀਤੀਆਂ ਟਿੱਪਣੀਆਂ ’ਤੇ ਤਿੱਖੀ ਪ੍ਰਤੀਕਿਰਿਆ ਦਿੱਤੀ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਰਾਹੁਲ ਗਾਂਧੀ ਉਨ੍ਹਾਂ ’ਤੇ ਸਰੀਰਕ ਹਮਲਾ ਕਰਨ ਵਾਲੇ ਸਨ।

ਨਿਊਜ਼ ਏਜੰਸੀ ਆਈਏਐਨਐਸ ਨਾਲ ਗੱਲ ਕਰਦੇ ਹੋਏ, ਰਵਨੀਤ ਸਿੰਘ ਬਿੱਟੂ ਨੇ ਕਿਹਾ, ਇੱਕ ਗਲੀ ਦਾ ਗੁੰਡਾ ਵੀ ਉਹ ਨਹੀਂ ਕਰੇਗਾ ਜੋ ਅੱਜ ਰਾਹੁਲ ਗਾਂਧੀ ਨੇ ਕੀਤਾ। ਜਦੋਂ ਮੈਂ ਹੱਥ ਨਹੀਂ ਮਿਲਾਇਆ, ਤਾਂ ਉਹ ਮੇਰੇ ’ਤੇ ਹਮਲਾ ਕਰਨ ਹੀ ਵਾਲਾ ਸੀ। ਕੇਸੀ ਵੇਣੂਗੋਪਾਲ ਅਤੇ ਹੋਰ ਕਾਂਗਰਸੀ ਆਗੂਆਂ ਨੇ ਰਾਹੁਲ ਗਾਂਧੀ ਨੂੰ ਪਿੱਛੇ ਫੜ ਲਿਆ।ਜੇ ਉਨ੍ਹਾਂ ਨੇ ਉਨ੍ਹਾਂ ਨੂੰ ਪਿੱਛੇ ਨਾ ਰੋਕਿਆ ਹੁੰਦਾ, ਤਾਂ ਕੌਣ ਜਾਣਦਾ ਹੈ ਕਿ ਕੀ ਹੁੰਦਾ। ਉਨ੍ਹਾਂ ਅੱਗੇ ਕਿਹਾ, ਜੇ ਰਾਹੁਲ ਗਾਂਧੀ ਹਮਲਾ ਕਰਨ ਆਏ ਹੁੰਦੇ, ਤਾਂ ਮੇਰੇ ਹੱਥ ਬੰਨ੍ਹੇ ਨਾ ਹੁੰਦੇ। ਕੇਂਦਰੀ ਮੰਤਰੀ ਨੇ ਸਮਝਾਇਆ ਕਿ ਉਹ ਬਹਿਸ ਤੋਂ ਬਾਅਦ ਅੰਦਰ ਚਲੇ ਗਏ। ਪਰ ਸਵਾਲ ਇਹ ਹੈ ਕਿ ਉਹ ਅਜਿਹੇ ਅਣਉਚਿਤ ਸ਼ਬਦਾਂ ਦੀ ਵਰਤੋਂ ਕਿਵੇਂ ਕਰ ਸਕਦੇ ਹਨ ਅਤੇ ਫਿਰ ਕਹਿ ਸਕਦੇ ਹਨ ਕਿ ਉਹ ਦੁਬਾਰਾ ਮੇਰੇ ਕੋਲ ਵਾਪਸ ਆਉਣਗੇ।

ਰਵਨੀਤ ਸਿੰਘ ਬਿੱਟੂ ਨੇ ਕਿਹਾ, ਰਾਹੁਲ ਗਾਂਧੀ ਗਲਤ ਹਨ। ਭਾਜਪਾ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮੇਰਾ ਸਨਮਾਨ ਕੀਤਾ ਹੈ ਅਤੇ ਮੈਨੂੰ ਕਾਂਗਰਸੀ ਆਗੂਆਂ ਦੇ ਸਾਹਮਣੇ ਬਿਠਾਇਆ ਹੈ। ਉਹ (ਰਾਹੁਲ ਗਾਂਧੀ) ਇਸ ਤੋਂ ਦੁਖੀ ਹਨ। ਮੈਨੂੰ ਆਪਣੇ ਸਾਹਮਣੇ ਦੇਖ ਕੇ ਉਸਨੂੰ ਹਰ ਰੋਜ਼ ਦੁੱਖ ਹੁੰਦਾ ਹੈ। ਅੱਜ ਰਾਹੁਲ ਗਾਂਧੀ ਦੇ ਸ਼ਬਦਾਂ ਅਤੇ ਸਰੀਰਕ ਭਾਸ਼ਾ ਵਿੱਚ ਉਹ ਦਰਦ ਸਾਫ਼ ਦਿਖਾਈ ਦੇ ਰਿਹਾ ਸੀ।

ਇਸ ਦੌਰਾਨ, ਕੇਂਦਰੀ ਮੰਤਰੀ ਨੇ ਕਾਂਗਰਸ ਪਾਰਟੀ ’ਤੇ ਸਿੱਖਾਂ ਦੇ ਕਤਲੇਆਮ ਦੀ ਸਾਜ਼ਿਸ਼ ਰਚਣ ਦਾ ਦੋਸ਼ ਲਗਾਇਆ। ਉਨ੍ਹਾਂ ਕਿਹਾ, ਇਹ ਉਹ ਲੋਕ ਹਨ ਜਿਨ੍ਹਾਂ ਦੇ ਸਮਰਥਕਾਂ ਨੇ ਹਜ਼ਾਰਾਂ ਸਿੱਖਾਂ ਨੂੰ ਉਨ੍ਹਾਂ ਦੇ ਗਲ਼ੇ ਵਿੱਚ ਟਾਇਰ ਪਾ ਕੇ ਅਤੇ ਅੱਗ ਲਗਾ ਕੇ ਮਾਰਿਆ। ਫਿਰ ਗੁਰਦੁਆਰਿਆਂ ਨੂੰ ਢਾਹ ਦਿੱਤਾ ਗਿਆ। ਦਰਬਾਰ ਸਾਹਿਬ ਵਿੱਚ ਗੁਰੂ ਗ੍ਰੰਥ ਸਾਹਿਬ ਦੇ ਕੁਝ ਹਿੱਸਿਆਂ ਨੂੰ ਗੋਲੀਆਂ ਮਾਰੀਆਂ ਗਈਆਂ। ਇਸ ਲਈ, ਉਹ ਹਮੇਸ਼ਾ ਸਿੱਖਾਂ ਦੇ ਦੁਸ਼ਮਣ ਰਹੇ ਹਨ।

ਰਵਨੀਤ ਸਿੰਘ ਬਿੱਟੂ ਨੇ ਕਿਹਾ, ਉਨ੍ਹਾਂ ਦੀ ਪਾਰਟੀ (ਕਾਂਗਰਸ) ਨੂੰ ਹਮੇਸ਼ਾ ਦਰਦ ਹੁੰਦਾ ਸੀ ਕਿ ਮੇਰੇ ਪਿਤਾ ਅਤੇ ਉਨ੍ਹਾਂ ਦੇ ਦਾਦਾ ਜੀ ਸ਼ਹੀਦ ਹੋ ਗਏ ਸਨ। ਮੈਂ ਜਿੱਥੇ ਵੀ ਜਾਂਦਾ ਸੀ ਅਤੇ ਉਨ੍ਹਾਂ ਦੀ ਪ੍ਰਸ਼ੰਸਾ ਦੇ ਨਾਅਰੇ ਲਗਾਉਂਦਾ ਸੀ, ਇਸ ਨਾਲ ਉਨ੍ਹਾਂ ਨੂੰ ਦੁੱਖ ਹੁੰਦਾ ਸੀ। ਕਾਂਗਰਸ ਪਾਰਟੀ ਨੇ ਹਮੇਸ਼ਾ ਪੰਜਾਬ ਵਿੱਚ ਸਿੱਖਾਂ ਨੂੰ ਮਾਰਿਆ ਹੈ। ਜਦੋਂ ਨਰਸਿਮਹਾ ਰਾਓ ਪ੍ਰਧਾਨ ਮੰਤਰੀ ਬਣੇ ਅਤੇ ਗਾਂਧੀ ਰਾਜ ਖਤਮ ਹੋਇਆ, ਤਾਂ ਮੇਰੇ ਦਾਦਾ (ਸਰਦਾਰ ਬੇਅੰਤ ਸਿੰਘ) ਮੁੱਖ ਮੰਤਰੀ ਬਣੇ। ਜੇਕਰ ਇਹ ਲੋਕ (ਗਾਂਧੀ ਪਰਿਵਾਰ) ਉੱਥੇ ਹੁੰਦੇ, ਤਾਂ ਉਹ ਮੁੱਖ ਮੰਤਰੀ ਨਾ ਬਣਦੇ।ਉਨ੍ਹਾਂ ਨੇ ਪੰਜਾਬ ਵਿੱਚ ਸ਼ਾਂਤੀ ਲਿਆਂਦੀ। ਜੋ ਅੱਜ ਸੰਸਦ ਦੇ ਅੰਦਰ ਤੇ ਬਾਹਰ ਹੋ ਰਿਹਾ ਹੈ ਬੇਹੱਦ ਮੰਦ-ਭਾਗਾ ਹੈ ਆਉਣ ਵਾਲੇ ਦਿਨਾਂ ਦੇ ਵਿੱਚ ਇਹ ਇੱਕ ਵੱਡੀ ਖਬਰ ਰਹੇਗਾ।

# ਵਿਕਸਿਤ ਭਾਰਤ ਦੇ ਮੋਢੀਆਂ ਦੇ ਭਵਿੱਖ ਨੂੰ ਆਕਾਰ ਦੇਣਾ



ਧਰਮੇਂਦਰ ਪ੍ਰਧਾਨ
ਲੇਖਕ ਭਾਰਤ ਸਰਕਾਰ ਵਿੱਚ ਸਿੱਖਿਆ ਮੰਤਰੀ ਹਨ

ਇਸ ਵਰ੍ਹੇ ਪਰੀਕਸ਼ਾ ਪੇ ਚਰਚਾ ਦਾ ਆਯੋਜਨ ਭਾਰਤ ਦੀ ਸਿੱਖਿਆ ਯਾਤਰਾ ਵਿੱਚ ਸ਼ਾਂਤ ਪਰ ਫੈਸਲਾਕੁੰਨ ਬਦਲਾਅ ਨੂੰ ਰੇਖਾਂਕਿਤ ਕਰਦਾ ਹੈ।ਮਾਣਯੋਗ ਪ੍ਰਧਾਨ ਮੰਤਰੀ ਦੀ ਅਗਵਾਈ ਹੇਠ ਸ਼ੁਰੂ ਹੋਈ ਇਹ ਪਹਿਲ, ਜੋ ਕਿ 2018 ਵਿੱਚ ਇੱਕ ਸਿੰਗਲ ਸਾਲਾਨਾ ਸੰਵਾਦ ਵਜੋਂ ਸ਼ੁਰੂ ਹੋਈ ਸੀ, ਅੱਜ ਸੁਭਾਵਿਕ ਤੌਰ ’ਤੇ ਇੱਕ ਜਨਤਕ ਅੰਦੋਲਨ ਦਾ ਰੂਪ ਲੈ ਚੁੱਕੀ ਹੈ। ਹੁਣ ਇਹ ਇੱਕ ਵਿਸ਼ਵਵਿਆਪੀ ਸਮੂਹਿਕ ਯਤਨ ਬਣ ਗਈ ਹੈ, ਜਿਸ ਵਿੱਚ ਵਿਦਿਆਰਥੀਆਂ ਦੀ ਸੰਪੂਰਨ ਭਲਾਈ ਨੂੰ ਕੇਂਦਰ ਵਿੱਚ ਰੱਖਿਆ ਗਿਆ ਹੈ ਅਤੇ ਮਾਤਾ-ਪਿਤਾ ਅਤੇ ਅਧਿਆਪਕ ਇਹ ਸਾਂਝੀ ਜ਼ਿੰਮੇਵਾਰੀ ਦੇ ਸਰਗਰਮ ਸਹਿਭਾਗੀ ਹਨ।

ਇਸ ਵਰ੍ਹੇ ਦੀ ਸ਼ਮੂਲੀਅਤ ਦਾ ਪੈਮਾਣਾ ਇਸ ਪਹਿਲਕਦਮੀ ਦੀ ਡੂੰਘਾਈ ਨੂੰ ਦਰਸਾਉਂਦਾ ਹੈ।4.5 ਕਰੋੜ ਤੋਂ ਵੱਧ ਰਜਿਸਟ੍ਰੇਸ਼ਨਾਂ ਦੇ ਨਾਲ ਪਰੀਕਸ਼ਾ ਪੇ ਚਰਚਾ, ਪਹਿਲਾਂ ਦੇ ਗਿਨੀਜ਼ ਵਰਡਲ ਰਿਕਾਰਡ ਨੂੰ ਪਿੱਛੇ ਛੱਡਦੇ ਹੋਏ ਹੁਣ ਜਨ-ਸੰਪਰਕ ਤੋਂ ਅੱਗੇ ਵੱਧ ਕੇ ਸਮੂਹਿਕ ਮਲਕੀਅਤ ਦੀ ਇੱਕ ਮਹੱਤਵਪੂਰਨ ਸਥਿਤੀ ਵਿੱਚ ਦਾਖਲ ਹੋ ਚੁੱਕੀ ਹੈ। ਇਹ ਬੇਮਿਸਾਲ ਸ਼ਮੂਲੀਅਤ ਸਮਰੱਥ ਵਾਤਾਵਰਣ ਤਿਆਰ ਕਰਨ ਦੇ ਸਮੂਹਿਕ ਸੰਕਲਪ ਨੂੰ ਪ੍ਰਤੀਬਿੰਬਤ ਕਰਦੀ ਹੈ, ਜਿੱਥੇ ਹਰੇਕ ਬੱਚਾ ਸਿੱਖ ਸਕੇ, ਵਿਕਸਿਤ ਹੋ ਸਕੇ ਅਤੇ ਸਹੀ ਮਾਇਨਿਆਂ ਵਿੱਚ ਵੱਧ-ਫੁੱਲ ਸਕੇ।

**ਪ੍ਰਧਾਨ ਮੰਤਰੀ ਦੀ ਪ੍ਰੇਰਕ ਅਗਵਾਈ ਦਾ ਪ੍ਰਦਰਸ਼ਨ**: ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਸਿੱਖਿਆ, ਅਧਿਐਨ ਅਤੇ ਪ੍ਰੀਖਿਆ ਨਾਲ ਜੁੜੇ ਤਣਾਅ ਜਿਹੇ ਵਿਸ਼ਿਆਂ ’ਤੇ ਵਿਦਿਆਰਥੀਆਂ ਦੇ ਨਾਲ ਸੰਵਾਦ, ਹਮਦਰਦੀ, ਵਿਵਹਾਰਕਤਾ ਅਤੇ ਪ੍ਰੇਰਣਾਦਾਇਕ ਅਗਵਾਈ ਦਾ ਵਿਸ਼ੇਸ਼ ਤਾਲਮੇਲ ਪੇਸ਼ ਕਰਦਾ ਹੈ। ਸਰਲਤਾ, ਅਨੁਸ਼ਾਸਨ, ਆਸ਼ਾਵਾਦ ਅਤੇ ਮਨੁੱਖੀ ਸਮਰੱਥਾ ਵਿੱਚ ਡੂੰਘੀ ਆਸਥਾ ਨਾਲ ਭਰਪੂਰ ਉਨ੍ਹਾਂ ਦੀ ਸ਼ਖਸੀਅਤ ਨੇ ਲੱਖਾਂ ਬੱਚਿਆਂ ਦੇ ਮਨਾਂ ’ਤੇ ਡੂੰਘਾ ਅਤੇ ਸਥਾਈ ਪ੍ਰਭਾਵ ਪਾਇਆ ਹੈ। ਰਸਮੀ ਪ੍ਰੋਟੋਕੋਲ ਦੀਆਂ ਗੁੰਝਲਤਾਵਾਂ ਤੋਂ ਪਰ੍ਹੇ ਜਾ ਕੇ ਵਿਦਿਆਰਥੀਆਂ ਨੂੰ ਮਾਰਗਦਰਸ਼ਕ, ਮੈਂਟਰ ਅਤੇ ਸ਼ੁਭਚਿੰਤਕ ਵਜੋਂ ਜੁੜਨ ਦੀ ਸਹਿਜ ਸਮਰੱਥਾ ਪ੍ਰਧਾਨ ਮੰਤਰੀ ਨੂੰ ਵਿਸ਼ੇਸ਼ ਬਣਾਉਂਦੀ ਹੈ। ਉਨ੍ਹਾਂ ਦੀ ਗੱਲਬਾਤ, ਬਿਰਤਾਂਤ ਅਤੇ ਗੂੜੀ ਸ਼ੈਲੀ ਵਿਦਿਆਰਥੀਆਂ ਨੂੰ ਇਹ ਮਹਿਸੂਸ ਕਰਵਾਉਂਦੀ ਹੈ ਕਿ ਉਨ੍ਹਾਂ ਦੀਆਂ ਗੱਲਾਂ ਸੁਣੀਆਂ ਅਤੇ ਸਮਝੀਆਂ ਜਾ ਰਹੀਆਂ ਹਨ। ਉਹ ਨਿੱਘਾ, ਹਾਸੇ ਅਤੇ ਪ੍ਰਮਾਣਿਕਤਾ ਨਾਲ ਗੱਲਬਾਤ ਕਰਦੇ ਹਨ, ਅਤੇ ਅਕਸਰ ਆਪਣੇ ਜੀਵਨ ਦੇ ਤਜ਼ਰਬਿਆਂ ਤੋਂ ਉਦਾਹਰਣਾਂ ਲੈ ਕੇ ਸਬਰ, ਧਿਆਨ, ਇਕਾਗਰਤਾ ਅਤੇ ਆਤਮਵਿਸ਼ਵਾਸ ਵਰਗੀਆਂ ਵਿਸ਼ਾਲ ਜੀਵਨ ਦੀਆਂ ਕਦਰਾਂ-ਕੀਮਤਾਂ ਨੂੰ ਸਰਲਤਾ ਨਾਲ ਦਰਸਾਉਂਦੇ ਹਨ। ਇਹ ਨਿਜੀ ਛੋਹ ਪ੍ਰੀਖਿਆ ਨਾਲ ਜੁੜੇ ਦਬਾਅ ਨੂੰ ਘੱਟ ਕਰਦੇ ਹੋਏ, ਇੱਕ ਭਰੋਸੇਮੰਦ ਅਤੇ ਸਕਾਰਾਤਮਕ ਵਾਤਾਵਰਣ ਦਾ ਨਿਰਮਾਣ ਕਰਦਾ ਹੈ, ਜਿੱਥੇ ਵਿਦਿਆਰਥੀ ਆਤਮਵਿਸ਼ਵਾਸ ਨਾਲ ਸਿੱਖਣ ਅਤੇ ਅੱਗੇ ਵਧਣ ਲਈ ਪ੍ਰੇਰਿਤ ਹੁੰਦੇ ਹਨ।

**ਹਰੇਕ ਬੱਚੇ ਦੀ ਵਿਸ਼ੇਸ਼ਤਾ ਦੀ ਪਛਾਣ**: ਇਸ ਯਤਨ ਦੇ ਕੇਂਦਰ ਵਿੱਚ ਇੱਕ ਸਰਲ ਪਰੰਤੂ ਬਹੁਤ ਮਜ਼ਬੂਤ ਸੱਚ ਮੂਲ ਵਿੱਚ ਹੈ: ਹਰ ਬੱਚਾ ਵਿਸ਼ੇਸ਼ ਹੈ। ਹਰੇਕ ਬੱਚਾ ਵੱਖਰੇ ਢੰਗ ਨਾਲ ਸਿੱਖਦਾ ਹੈ, ਆਪਣੀ ਗਤੀ ਨਾਲ ਅੱਗੇ ਵਧਦਾ ਹੈ ਅਤੇ ਆਪਣੇ ਅੰਦਰ ਅਜਿਹੀਆਂ ਪ੍ਰਤਿਭਾਵਾਂ ਸਮੇਟਦਾ ਹੈ, ਜਿਨ੍ਹਾਂ ਨੂੰ ਅੰਕਾਂ ਜਾਂ ਰੈਂਕ ਤੱਕ ਸੀਮਤ ਨਹੀਂ ਰੱਖਿਆ ਜਾ ਸਕਦਾ।ਪ੍ਰੀਖਿਆਵਾਂ ਆਪਣੀ ਕੁਦਰਤ ਅਨੁਸਾਰ, ਬੱਚੇ ਦੀ ਸਮਰੱਥਾ ਦੇ ਸੀਮਤ ਪਹਿਲੂ ਨੂੰ ਹੀ ਦਰਸਾਉਂਦੀਆਂ ਹਨ। ਸਮੁੱਚੀ ਸ਼ਖਸੀਅਤ ਦੇ ਨਿਰਮਾਣ ਰਾਹੀਂ ਹੀ ਉਸ ਦੀ ਅਸਲ ਸਿਰਜਣਾਤਮਕਤਾ ਅਤੇ ਉੱਤਮਤਾ ਦਾ ਵਿਕਾਸ ਹੁੰਦਾ ਹੈ। ਕੋਈ ਬੱਚਾ ਗਣਿਤ ਵਿੱਚ ਉੱਤਮਤਾ ਦਿਖਾ ਸਕਦਾ ਹੈ, ਕੋਈ ਕਲਾਤਮਕ ਕਲਪਨਾ ਵਿੱਚ ਮਾਹਿਰ ਹੋ ਸਕਦਾ ਹੈ, ਅਤੇ ਕੋਈ ਹਮਦਰਦੀ ਨਾਲ ਸੰਵੇਦਨਸ਼ੀਲ ਇਲਾਜ ਕਰਨ ਵਾਲਾ ਬਣਨ ਦੀ ਸਮਰੱਥਾ ਰੱਖਦਾ ਹੈ। ਇਹ ਅੰਤਰ ਕਿਸੇ ਵੀ ਤਰ੍ਹਾਂ ਦੀ ਕਮੀ ਨਹੀਂ ਹਨ; ਸਗੋਂ, ਇਹੋ ਵਿਭਿੰਨ, ਮਜ਼ਬੂਤ ਅਤੇ ਨਵੀਨਤਾਕਾਰੀ ਸਮਾਜ ਦੀ ਨੀਂਹ ਹਨ।

**ਰਾਸ਼ਟਰੀ ਸਿੱਖਿਆ ਨੀਤੀ-2020 ਦੇ ਦਰਸ਼ਨ ਦਾ ਪ੍ਰਤੀਬਿੰਬ**: ਇਹ ਫ਼ਲਸਫ਼ਾ ਰਾਸ਼ਟਰੀ ਸਿੱਖਿਆ ਨੀਤੀ – 2020 ਦੇ ਮੂਲ ਵਿੱਚ ਹੈ। ਇਸ ਦੇ ਢਾਂਚੇ ਦੇ ਤਹਿਤ, ਸਿੱਖਿਆ ਪ੍ਰਣਾਲੀਆਂ, ਪਾਠਕ੍ਰਮਾਂ ਅਤੇ ਮੁਲਾਂਕਣ ਪ੍ਰਣਾਲੀਆਂ ਨੂੰ ਇੱਕ ਅਸਲ ਬਾਲ-ਕੇਂਦ੍ਰਿਤ ਦ੍ਰਿਸ਼ਟੀਕੋਣ ਦੇ ਅਨੁਸਾਰ ਮੁੜ ਗਠਿਤ ਕੀਤਾ ਜਾ ਰਿਹਾ ਹੈ, ਜਿੱਥੇ ਅਕਾਦਮਿਕ ਅਧਿਐਨ ਦੇ ਨਾਲ-ਨਾਲ ਸਿਰਜਣਾਤਮਕਤਾ, ਆਲੋਚਨਾਤਮਕ ਚਿੰਤਨ, ਭਾਵਨਾਤਮਕ ਬੁੱਧੀ, ਸਰੀਰਕ ਤੰਦਰੁਸਤੀ ਅਤੇ ਨੈਤਿਕ ਕਦਰਾਂ-ਕੀਮਤਾਂ ਦੇ ਪ੍ਰਚਾਰ ’ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ ਹੈ। ਸ਼ੁਰੂਆਤੀ ਵਰ੍ਹਿਆਂ ਵਿੱਚ ਖੇਡ-ਅਧਾਰਿਤ ਸਿੱਖਿਆ ’ਤੇ ਇਸ ਦਾ ਜ਼ੋਰ ਇਸ ਤੱਥ ਨੂੰ ਸਵੀਕਾਰਦਾ ਹੈ ਕਿ ਉਤਸੁਕਤਾ ਅਤੇ ਖੁਸ਼ੀ ਹੀ ਜੀਵਨ ਭਰ ਸਿੱਖਣ ਦੀ ਸਭ ਤੋਂ ਮਜ਼ਬੂਤ ਨੀਂਹ ਹੈ।

ਸਿੱਖਿਆ ਦੇ ਸ਼ੁਰੂਆਤੀ ਵਰ੍ਹਿਆਂ ਵਿੱਚ ਮਾਤ੍ਰ ਭਾਸ਼ਾ ਵਿੱਚ ਸਿੱਖਿਆ ਦੇਣ ਦਾ ਉਦੇਸ਼ ਬੱਚਿਆਂ ਨੂੰ ਧਾਰਨਾਵਾਂ ਦੀ ਬਿਹਤਰ ਸਮਝ ਪ੍ਰਦਾਨ ਕਰਨਾ ਹੈ, ਜਦਕਿ ਬਹੁ-ਭਾਸ਼ਾਈ ’ਤੇ ਦਿੱਤਾ ਗਿਆ ਜ਼ੋਰ ਅਜਿਹੀ ਪੀੜ੍ਹੀ ਦੇ ਨਿਰਮਾਣ ਦੀ ਕਲਪਨਾ ਕਰਦਾ ਹੈ ਜੋ ਕਿ ਆਪਣੇ ਸੱਭਿਆਚਾਰ ਅਤੇ ਭਾਸ਼ਾਈ ਜੜ੍ਹਾਂ ਪ੍ਰਤੀ ਵਿਸ਼ਵਾਸ ਰੱਖਦੀ ਹੋਵੇ ਅਤੇ ਭਾਰਤੀ ਗਿਆਨ ਪਰੰਪਰਾਵਾਂ ਨੂੰ ਆਲਮੀ ਮੰਚ ’ਤੇ ਅੱਗੇ ਵਧਾਉਣ ਵਿੱਚ ਸਮਰੱਥ ਹੋਵੇ। ਮੁਲਾਂਕਣ ਸਬੰਧੀ ਸੁਧਾਰ ਵੀ ਇਸੇ ਉਦੇਸ਼ ਨੂੰ ਰੇਖਾਂਕਿਤ ਕਰਦੇ ਹਨ। ਪਹਿਲੀ ਵਾਰ ਕਲਾਸ 10 ਦੀਆਂ ਬੋਰਡ ਦੀਆਂ ਪ੍ਰੀਖਿਆਵਾਂ ਹੁਣ ਸਾਲ ਵਿੱਚ ਦੋ ਵਾਰ ਆਯੋਜਿਤ ਕੀਤੀਆਂ ਜਾਣਗੀਆਂ, ਜਿਸ ਨਾਲ ਵਿਦਿਆਰਥੀਆਂ ਨੂੰ ਆਪਣੇ ਪ੍ਰਦਰਸ਼ਨ ਵਿੱਚ ਸੁਧਾਰ ਲਈ ਵਧੇਰੇ ਲਚਕੀਲਾਪਣ ਮਿਲੇਗਾ ਅਤੇ ਉੱਚ-ਦਬਾਅ ਵਾਲੀ ਸਿੰਗਲ ਪ੍ਰੀਖਿਆ ਨਾਲ ਜੁੜਿਆ ਤਣਾਅ ਘੱਟ ਹੋਵੇਗਾ। 360-ਡਿਗਰੀ ਸੰਪੂਰਨ ਪ੍ਰਗਤੀ ਕਾਰਡ ਲਾਗੂ ਕੀਤੇ ਗਏ ਹਨ, ਜੋ ਕਿ ਸਿਰਫ ਬੱਚੇ ਦੀਆਂ ਸਿੱਖਿਆ ਪ੍ਰਾਪਤੀਆਂ ਦਾ ਹੀ ਮੁਲਾਂਕਣ ਨਹੀਂ ਕਰਦੇ, ਸਗੋਂ ਉਸ ਦੇ ਸਮਾਜਿਕ-ਭਾਵਨਾਤਮਕ ਅਤੇ ਸਰੀਰਕ ਵਿਕਾਸ ਨੂੰ ਵੀ ਸੰਪੂਰਨ ਢੰਗ ਨਾਲ ਦਰਜ ਕਰਦੇ ਹਨ। ਇਹ ਸਵੀਕਾਰ ਕਰਦੇ ਹੋਏ ਕਿ ਤੰਦਰੁਸਤੀ ਸਿੱਖਣ ਦਾ ਅਨਿਖੱੜਵਾਂ ਅੰਗ ਹੈ, ਹਰੇਕ ਸੀਬੀਐੱਸਈ ਸਕੂਲ ਵਿੱਚ ਸਮਾਜਿਕ-ਭਾਵਨਾਤਮਕ ਸਲਾਹਕਾਰਾਂ ਦੀ ਨਿਯੁਕਤੀ ਲਾਜ਼ਮੀ ਕੀਤੀ ਗਈ ਹੈ, ਜੋ ਕਿ ਵਿਦਿਆਰਥੀਆਂ ਨੂੰ ਸਿੱਖਿਆ ਸਬੰਧੀ ਅਤੇ ਭਾਵਨਾਤਮਕ ਤਣਾਅ ਦੇ ਪ੍ਰਬੰਧਨ ਵਿੱਚ ਨਿਰੰਤਰ ਸਹਿਯੋਗ ਪ੍ਰਦਾਨ ਕਰਨਗੇ। ਅੰਤ ਵਿੱਚ, ਸਾਡੇ ਸਾਹਮਣੇ ਜਵਾਬਦੇਹੀ ਸਪੱਸ਼ਟ ਹੈ-ਬੱਚਿਆਂ ਨੂੰ ਕਿਸੇ ਇੱਕ ਸਾਂਚੇ ਵਿੱਚ ਢਾਲਣ ਲਈ ਮਜ਼ਬੂਰ ਨਹੀਂ ਕਰਨਾ ਚਾਹੀਦਾ ਹੈ, ਸਗੋਂ ਹਰੇਕ ਬੱਚੇ ਦੀਆਂ ਵਿਸ਼ੇਸ਼ ਸਮਰੱਥਾਵਾਂ ਨੂੰ ਪਛਾਣਨਾ, ਉਨ੍ਹਾਂ ਦਾ ਸਮੱਰਥਨ ਕਰਨਾ ਅਤੇ ਉਨ੍ਹਾਂ ਨੂੰ ਮਜ਼ਬੂਤ ਬਣਾਉਣਾ ਚਾਹੀਦਾ ਹੈ।

**ਸੰਪੂਰਨ ਤੌਰ ’ਤੇ ਸਿੱਖਣਾ-ਪ੍ਰਮੁੱਖ ਕੇਂਦਰ ਬਿੰਦੂ**: ਅੱਜ ਦੀ ਸਿੱਖਿਆ ਸਿਰਫ਼ ਪਾਠ-ਪੁਸਤਕਾਂ, ਪ੍ਰੀਖਿਆਵਾਂ ਅਤੇ ਰਟਣ ਤੱਕ ਸੀਮਤ ਨਹੀਂ ਰਹਿ ਗਈ ਹੈ। ਸੰਪੂਰਨ ਸਿੱਖਿਆ ਤੇ ਸਪੱਸ਼ਟ ਤੌਰ ’ਤੇ ਧਿਆਨ ਦਿੱਤਾ ਜਾ ਰਿਹਾ ਹੈ। ਇਹ ਚੰਗੀ-ਤਰ੍ਹਾਂ ਸਮਝਿਆ ਜਾ ਚੁੱਕਾ ਹੈ ਕਿ ਸਿਰਫ਼ ਅਕਾਦਮਿਕ ਉੱਤਮਤਾ ਵਿਦਿਆਰਥੀਆਂ ਨੂੰ 21ਵੀਂ ਸਦੀ ਦੀਆਂ ਚੁਣੌਤੀਆਂ ਲਈ ਤਿਆਰ ਨਹੀਂ ਕਰਦੀ। ਚਿੰਤਾ, ਡਰ ਜਾਂ ਭਾਵਨਾਤਮਕ ਤਣਾਅ ਦੇ ਬੋਝ ਥੱਲੇ ਬੱਚੇ ਸਾਰਥਕ ਰੂਪ ਨਾਲ ਸਿੱਖ ਨਹੀਂ ਸਕਦੇ। ਭਾਰਤ ਦੀਆਂ ਸੱਭਿਅਤਾਗਤ ਪਰੰਪਰਾਵਾਂ ਇਸ ਸਥਿਤੀ ਨਾਲ ਨਜਿੱਠਣ ਲਈ ਪੂਰਨ ਜਾਗਰੂਕਤਾ ਜਾਂ ਮਾਈਂਡਫੁਲਨੈੱਸ, ਪ੍ਰਾਣਾਯਾਮ ਅਤੇ ਯੋਗ ਜਿਹੇ ਸਥਾਈ ਸਾਧਨ ਪ੍ਰਦਾਨ ਕਰਦੀਆਂ ਹਨ। ਇਹ ਅਭਿਆਸ ਬੱਚਿਆਂ ਨੂੰ ਆਪਣੀਆਂ ਭਾਵਨਾਵਾਂ ਨੂੰ ਬਿਹਤਰ ਢੰਗ ਨਾਲ ਸਮਝਣ ਵਿੱਚ ਮੱਦਦ ਕਰਦੇ ਹਨ ਅਤੇ ਇਕਾਗਰਤਾ, ਸ਼ਾਂਤੀ ਅਤੇ ਲਚਕੀਲੇਪਣ ਦਾ ਨਿਰਮਾਣ ਕਰਦੇ ਹਨ। ਪ੍ਰੀਖਿਆ ਦੀ ਤਿਆਰੀ ਵਿੱਚ ਸਹਾਇਕ ਹੋਣ ਤੋਂ ਇਲਾਵਾ, ਇਹ ਅਭਿਆਸ ਜੀਵਨ ਕੌਸ਼ਲ ਵਿਕਸਿਤ ਕਰਦੇ ਹਨ ਜੋ ਕਲਾਸ ਤੋਂ ਵੀ ਪਰ੍ਹੇ ਕੰਮ ਆਉਂਦੇ ਹਨ- ਤਾਂ ਜੋ ਅਕਾਦਮਿਕ ਗਿਆਨ ਦੇ ਨਾਲ-ਨਾਲ ਭਾਵਨਾਤਮਕ ਬੁੱਧੀ, ਕੁਦਰਤ ਦੇ ਨਾਲ ਸੰਤੁਲਨ ਅਤੇ ਅੰਦਰੂਨੀ ਜਾਗਰੂਕਤਾ ਨੂੰ ਵੀ ਮਜ਼ਬੂਤ ਬਣਾਇਆ ਜਾ ਸਕੇ।

**ਚੁਣੌਤੀਆਂ ਦਾ ਹੱਲ**: ਫਿਰ ਵੀ, ਅਸੀਂ ਅੱਜ ਦੀ ਇੱਕ ਵਿਸ਼ੇਸ਼ ਆਧੁਨਿਕ ਚੁਣੌਤੀ-ਬਹੁਤ ਜ਼ਿਆਦਾ ਡਿਜੀਟਲ ਵਰਤੋਂ ਅਤੇ ਸਕ੍ਰੀਨ ਟਾਈਮ ਦਾ ਸਾਹਮਣਾ ਕਰਨਾ ਹੈ। ਲੰਬੇ ਸਮੇਂ ਤੱਕ ਲਗਾਤਾਰ ਡਿਜੀਟਲ ਉਪਕਰਣਾਂ ਦੇ ਸੰਪਰਕ ਵਿੱਚ ਰਹਿਣ ਨਾਲ ਧਿਆਨ ਦੀ ਸਮਰੱਥਾ ਘੱਟ ਹੁੰਦੀ ਹੈ, ਨੀਂਦ ਵਿੱਚ ਰੁਕਾਵਟ ਆਉਂਦੀ ਹੈ ਅਤੇ ਮਾਨਸਿਕ ਅਤੇ ਸਰੀਰਕ ਸਿਹਤ ‘ਤੇ ਅਸਰ ਪੈਂਦਾ ਹੈ। ਲਗਾਤਾਰ ਕਨੈਕਟੀਵਿਟੀ, ਔਨਲਾਈਨ ਤੁਲਨਾ ਅਤੇ ਡਿਜੀਟਲ ਓਵਰਸਟਿਮੂਲੇਸ਼ਨ ਦਾ ਦਬਾਅ ਅਕਸਰ ਪ੍ਰੀਖਿਆ ਦੇ ਤਣਾਅ ਨੂੰ ਵਧਾ ਦਿੰਦਾ ਹੈ ਅਤੇ ਉਸ ਮਾਈਂਡਫੁਲਨੈੱਸ ਨੂੰ ਕਮਜ਼ੋਰ ਕਰ ਦਿੰਦਾ ਹੈ, ਜਿਸ ਨੂੰ ਅਸੀਂ ਬੱਚਿਆਂ ਵਿੱਚ ਵਿਕਸਿਤ ਕਰਨਾ ਚਾਹੁੰਦੇ ਹਾਂ। ਇੱਥੇ ਹੀ ਮਾਤਾ-ਪਿਤਾ ਅਤੇ ਅਧਿਆਪਕ ਮਿਲ ਕੇ ਭੂਮਿਕਾ ਨਿਭਾ ਸਕਦੇ ਹਨ। ਉਪਕਰਣਾਂ ਦੀ ਵਰਤੋਂ ਲਈ ਸੁਰੱਖਿਅਤ ਸੀਮਾਵਾਂ ਤੈਅ ਕਰਕੇ, ਨਾਲ ਹੀ ਸਰੀਰਕ ਗਤੀਵਿਧੀਆਂ, ਸਿਰਜਣਾਤਮਕ ਯਤਨਾਂ ਅਤੇ ਪਰਿਵਾਰਕ ਸੰਵਾਦ ਜਿਹੇ ਵਿਕਲਪਾਂ ਪ੍ਰਤੀ ਉਤਸ਼ਾਹਿਤ ਕਰਕੇ ਅਸੀਂ ਮੁੜ ਸੰਤੁਲਨ ਸਥਾਪਿਤ ਕਰ ਸਕਦੇ ਹਾਂ।

**ਬੱਚੇ-ਪ੍ਰਗਤੀ ਦੇ ਮੋਢੀ**: ਵਿਕਸਿਤ ਭਾਰਤ ਦੇ ਲਈ ਸਾਰੇ ਖੇਤਰਾਂ ਵਿੱਚ ਉੱਤਮਤਾ ਜ਼ਰੂਰੀ ਹੈ। ਜਦੋਂ ਬੱਚੇ ਆਪਣੀਆਂ ਵਿਸ਼ੇਸ਼ ਸਮਰੱਥਾਵਾਂ ਨੂੰ ਲੱਭਣ ਅਤੇ ਉਨ੍ਹਾਂ ਦਾ ਵਿਕਾਸ ਕਰਨ ਲਈ ਆਜ਼ਾਦ ਹੁੰਦੇ ਹਨ, ਤਾਂ ਰਾਸ਼ਟਰ, ਸਿਰਜਣਾਤਮਕਤਾ, ਸਮਾਵੇਸ਼ ਅਤੇ ਸਮੂਹਿਕ ਪ੍ਰਗਤੀ ਰਾਹੀਂ ਅੱਗੇ ਵਧਦਾ ਹੈ।

ਆਰਟੀਫਿਸ਼ੀਅਲ ਇੰਟੈਲੀਜੈਂਸ ਦੇ ਇਸ ਯੁੱਗ ਵਿੱਚ ਉਤਸੁਕਤਾ ਅਤੇ ਸਮੱਸਿਆ-ਸਮਾਧਾਨ ਦੇ ਦਰਮਿਆਨ ਪਾੜਾ ਘਟ ਗਿਆ ਹੈ।ਅਧਿਆਪਕਾਂ, ਮਾਤਾ-ਪਿਤਾ ਅਤੇ ਸਰਪ੍ਰਸਤਾਂ ਦੇ ਰੂਪ ਵਿੱਚ ਸਾਡੇ ਲਈ ਇਹ ਯਕੀਨੀ ਕਰਨਾ ਲਾਜ਼ਮੀ ਹੈ ਕਿ ਬੱਚੇ ਇਸ ਖੋਜ ਵਿੱਚ ਸਮਰੱਥ ਹੋ ਸਕਣ। ਇਸ ਲਈ ਜ਼ਰੂਰੀ ਹੈ ਕਿ ਬੱਚਿਆਂ ਨੂੰ ਸਹੀ ਉਪਕਰਣ, ਸਪਸ਼ਟ ਸੁਰੱਖਿਆ ਪ੍ਰਦਾਨ ਕੀਤੀ ਜਾਵੇ ਅਤੇ ਵਰਤੋਂ ਕਰਨ, ਨਵੀਨਤਾ ਕਰਨ ਇੱਥੋਂ ਤੱਕ ਕਿ ਅਸਫਲ ਹੋਣ ਤੱਕ ਦੀ ਸੁਤੰਤਰਤਾ ਦਿੰਦੇ ਹੋਏ ਉਨ੍ਹਾਂ ਦਾ ਨਿਰੰਤਰ ਮਾਰਗਦਰਸ਼ਨ ਅਤੇ ਸਹਿਯੋਗ ਕੀਤਾ ਜਾਵੇ।

ਅੱਜ ਦੇ ਬੱਚੇ ਵਿਕਸਿਤ ਭਾਰਤ 2047 ਦੇ ਮੋਢੀ ਹਨ। ਜੋ ਬੱਚੇ ਨਿਡਰ ਹੋ ਕੇ ਸਿੱਖਦੇ ਹਨ, ਆਤਮ-ਵਿਸ਼ਵਾਸ ਦੇ ਨਾਲ ਨਵੀਨਤਾ ਕਰਦੇ ਹਨ, ਅਤੇ ਆਪਣੀਆਂ ਸੱਭਿਆਚਾਰਕ ਜੜ੍ਹਾਂ ਵਿੱਚ ਸਥਿਰ ਰਹਿੰਦੇ ਹੋਏ ਦੁਨੀਆ ਨਾਲ ਜੁੜਦੇ ਹਨ, ਉਹ ਹੀ ਵਰਤਮਾਨ ਵਿੱਚ ਵਿਕਸਿਤ ਭਾਰਤ ਦਾ ਨਿਰਮਾਣ ਕਰ ਰਹੇ ਹਨ। ਅਜਿਹੇ ਬੱਚਿਆਂ ਦਾ ਸਮਰਥਨ ਇੱਕ ਅਜਿਹੀ ਸਿੱਖਿਆ ਪ੍ਰਣਾਲੀ ਰਾਹੀਂ ਕੀਤਾ ਜਾਣਾ ਚਾਹੀਦਾ ਹੈ, ਜੋ ਦਿਮਾਗ, ਦਿਲ ਅਤੇ ਹੱਥਾਂ-ਤਿੰਨਾਂ ਦੇ ਵਿਕਾਸ ‘ਤੇ ਕੇਂਦ੍ਰਿਤ ਹੋਵੇ; ਇੱਕ ਅਜਿਹੀ ਪ੍ਰਣਾਲੀ ਜੋ ਪ੍ਰਤਿਭਾ ਦਾ ਉਤਸਵ ਮਨਾਉਂਦੀ ਹੈ, ਉਦੇਸ਼ ਨੂੰ ਪੋਸ਼ਿਤ ਕਰੇ, ਅਤੇ ਉਨ੍ਹਾਂ ਨੂੰ ਸਾਰਥਕ ਜੀਵਨ ਲਈ ਤਿਆਰ ਕਰੇ। ਇਹੀ ਹੈ ਪਰੀਕਸ਼ਾ ਪੇ ਚਰਚਾ ਦੀ ਭਾਵਨਾ: ਬੱਚਿਆਂ ਨੂੰ ਡਰ ਤੋਂ ਮੁਕਤ ਕਰਨਾ ਅਤੇ ਉਨ੍ਹਾਂ ਨੂੰ ਭਾਰਤ 02047 ਦੇ ਲਈ ਆਤਮ-ਵਿਸ਼ਵਾਸ ਨਾਲ ਭਰਪੂਰ ਨਾਗਰਿਕ ਦੇ ਰੂਪ ਵਿੱਚ ਤਿਆਰ ਕਰਨਾ।

ਸੱਤਾ ਦੇ ਗਲਿਆਰਿਆਂ ਤੋਂ ਖੇਤਾਂ ਦੀਆਂ ਵੱਟਾਂ ਤੱਕ



ਵਿੰਕਲਜੀਤ ਸਿੰਘ ਸਰਾ
9501477889

# ਮਾਰਕ ਟੱਲੀ ਦਾ ਨਿੱਡਰ ਸਫ਼ਰ, ਇੱਕ ਅਜਿਹਾ ਪੱਤਰਕਾਰ ਜਿਸਦਾ ਦਿਲ ਪੰਜਾਬ ਤੇ ਰੂਹ ਭਾਰਤ ਵਿੱਚ ਵੱਸਦੀ ਸੀ

ਇੱਕ ਵਿਲੱਖਣ ਪਹਿਚਾਣ :ਭਾਰਤ ਦੀ ਪੱਤਰਕਾਰੀ ਦੇ ਇਤਿਹਾਸ ਵਿੱਚ ਕੁਝ ਨਾਂ ਅਜਿਹੇ ਹਨ ਜੋ ਸਿਰਫ਼ ਖ਼ਬਰਾਂ ਲਿਖਣ ਜਾਂ ਸੁਣਾਉਣ ਤੱਕ ਸੀਮਿਤ ਨਹੀਂ ਰਹੇ, ਸਗੋਂ ਉਨ੍ਹਾਂ ਨੇ ਸਮਾਜ ਦੀ ਰੂਹ ਨੂੰ ਸਮਝਣ, ਦਰਦ ਨੂੰ ਮਹਿਸੂਸ ਕਰਨ ਅਤੇ ਸੱਚ ਨੂੰ ਨਿਡਰਤਾ ਨਾਲ ਸਾਹਮਣੇ ਲਿਆਉਣ ਦਾ ਕੰਮ ਕੀਤਾ। ਜਦੋਂ ਅਸੀਂ ਭਾਰਤੀ ਪੱਤਰਕਾਰੀ ਦੇ ਅਸਮਾਨ ਵੱਲ ਦੇਖਦੇ ਹਾਂ, ਤਾਂ ਉੱਥੇ ਕਈ ਸਿਤਾਰੇ ਚਮਕਦੇ ਨਜ਼ਰ ਆਉਂਦੇ ਹਨ, ਪਰ ਜੇ ਕਿਸੇ ਵਿਦੇਸ਼ੀ ਮੂਲ ਦੇ ਪੱਤਰਕਾਰ ਦਾ ਨਾਂ ਭਾਰਤੀਆਂ ਦੇ ਦਿਲਾਂ ਵਿੱਚ ਧੁਰ ਅੰਦਰ ਤੱਕ ਵਸਿਆ ਹੋਇਆ ਸੀ, ਤਾਂ ਉਹ ਨਿਸ਼ਚਤ ਤੌਰ ’ਤੇ ਸਰ ਮਾਰਕ ਟੱਲੀ ਸੀ।

ਮਾਰਕ ਟੱਲੀ ਇੱਕ ਅਜਿਹਾ ਵਿਅਕਤੀ ਸੀ ਜਿਸਦਾ ਰੰਗ ਤਾਂ ਗੋਰਾ ਹੈ, ਪਰ ਉਸ ਦੀ ਸੋਚ, ਸੰਵੇਦਨਾ ਅਤੇ ਆਤਮਾ ਪੂਰੀ ਤਰ੍ਹਾਂ ਭਾਰਤੀ ਸੀ। ਭਾਰਤ ਉਸ ਲਈ ਸਿਰਫ਼ ਇੱਕ ਭੂਗੋਲਿਕ ਖਿੱਤਾ ਜਾਂ ਖ਼ਬਰਾਂ ਦਾ ਸਰੋਤ ਨਹੀਂ ਰਿਹਾ, ਸਗੋਂ ਇੱਕ ਜੀਵੰਤ ਸੱਭਿਆਚਾਰ, ਇੱਕ ਅਣਮੁੱਕ ਯਾਤਰਾ ਅਤੇ ਇੱਕ ਅਜਿਹਾ ਅਨੁਭਵ ਹੈ ਜਿਸਨੂੰ ਉਹ ਸਾਰੀ ਉਮਰ ਜਿਊਂਦਾ ਰਿਹਾ। ਉਨ੍ਹਾਂ ਦੀ ਆਵਾਜ਼ ਵਿੱਚ ਉਹ ਖਿੱਚ ਸੀ ਕਿ ਜਦੋਂ ਰੇਡੀਓ ’ਤੇ ਦਿਸ ਇਜ਼ ਬੀ.ਬੀ.ਸੀ. ਲੰਡਨ, ਮਾਰਕ ਟੱਲੀ ਸਪੀਕਿੰਗ ਦੀ ਗੂੰਜ ਪੈਂਦੀ ਸੀ, ਤਾਂ ਪੂਰਾ ਭਾਰਤ ਸਾਹ ਰੋਕ ਕੇ ਸੁਣਦਾ ਸੀ।

**ਜਨਮ, ਪਰਿਵਾਰ ਅਤੇ ਸ਼ੁਰੂਆਤੀ ਜੀਵਨ**: ਮਿੱਟੀ ਦਾ ਮੋਹ : ਮਾਰਕ ਟੱਲੀ ਦਾ ਜਨਮ 24 ਅਕਤੂਬਰ 1936 ਨੂੰ ਬ੍ਰਿਟਿਸ਼ ਭਾਰਤ ਦੇ ਕਲਕੱਤਾ (ਹੁਣ ਕੋਲਕਾਤਾ) ਸ਼ਹਿਰ ਵਿੱਚ ਹੋਇਆ। ਉਨ੍ਹਾਂ ਦਾ ਬਚਪਨ ਉਸ ਦੌਰ ਦੇ ਭਾਰਤ ਵਿੱਚ ਬੀਤਿਆ ਜਦੋਂ ਦੇਸ਼ ਗੁਲਾਮੀ ਦੀਆਂ ਜੰਜੀਰਾਂ ਵਿੱਚ ਜਕੜਿਆ ਹੋਇਆ ਸੀ ਅਤੇ ਆਜ਼ਾਦੀ ਦੀ ਲਹਿਰ ਹਰ ਪਾਸੇ ਉੱਭਰ ਰਹੀ ਸੀ। ਉਨ੍ਹਾਂ ਦੇ ਪਿਤਾ ਇੱਕ ਬ੍ਰਿਟਿਸ਼ ਵਪਾਰੀ ਸਨ, ਪਰ ਮਾਰਕ ਟੱਲੀ ਦਾ ਬਚਪਨ ਕਿਸੇ ਰਾਜਕੁਮਾਰ ਵਾਂਗ ਬੰਦ ਕਮਰਿਆਂ ਵਿੱਚ ਨਹੀਂ, ਸਗੋਂ ਭਾਰਤ ਦੀ ਵਿਭਿੰਨਤਾ ਨੂੰ ਨੇੜੇ ਤੋਂ ਵੇਖਦਿਆਂ ਬੀਤਿਆ।

ਬਚਪਨ ਵਿੱਚ ਹੀ ਉਨ੍ਹਾਂ ਨੇ ਹਿੰਦੂ, ਮੁਸਲਮਾਨ, ਸਿੱਖ ਅਤੇ ਇਸਾਈ ਭਾਈਚਾਰਿਆਂ ਦੀ ਸਾਂਝ ਨੂੰ ਦੇਖਿਆ।ਪਿੰਡਾਂ ਦੀ ਸਾਦਗੀ, ਮੰਦਰਾਂ ਦੀਆਂ ਘੰਟੀਆਂ, ਮਸਜਿਦਾਂ ਦੀ ਅਜ਼ਾਨ ਅਤੇ ਗੁਰਦੁਆਰਿਆਂ ਦਾ ਕੀਰਤਨ ਉਨ੍ਹਾਂ ਦੇ ਕੰਨਾਂ ਵਿੱਚ ਰਸ ਘੋਲਦਾ ਰਿਹਾ।ਇਹੀ ਅਨੁਭਵ ਉਨ੍ਹਾਂ ਦੀ ਸੋਚ ਦੀ ਨੀਂਹ ਬਣਿਆ।ਭਾਰਤ ਉਨ੍ਹਾਂ ਲਈ ਕਦੇ ਵਿਦੇਸ਼ੀ ਧਰਤੀ ਨਹੀਂ ਸੀ। ਉਹ ਇਸ ਮਿੱਟੀ ਨਾਲ ਉਸੇ ਤਰ੍ਹਾਂ ਜੁੜੇ ਹੋਏ ਸਨ, ਜਿਵੇਂ ਕੋਈ ਦੇਸੀ ਬੱਚਾ ਹੁੰਦਾ ਹੈ। ਹਾਲਾਂਕਿ ਪੜ੍ਹਾਈ ਲਈ ਉਨ੍ਹਾਂ ਨੂੰ ਇੰਗਲੈਂਡ ਜਾਣਾ ਪਿਆ, ਪਰ ਉਨ੍ਹਾਂ ਦਾ ਮਨ ਸਦਾ ਹਿਮਾਲਿਆ ਦੀਆਂ ਹਵਾਵਾਂ ਅਤੇ ਗੰਗਾ ਦੇ ਕਿਨਾਰਿਆਂ ਵੱਲ ਹੀ ਉਡਾਰੀਆਂ ਮਾਰਦਾ ਰਿਹਾ।

**ਪੱਤਰਕਾਰੀ ਵੱਲ ਰੁਝਾਨ: ਸੱਚ ਦੀ ਭਾਲ** : ਮਾਰਕ ਟੱਲੀ ਨੇ ਸ਼ੁਰੂ ਤੋਂ ਹੀ ਲਿਖਣ ਅਤੇ ਸਮਾਜਕ ਮਸਲਿਆਂ ਵਿੱਚ ਡੂੰਘੀ ਦਿਲਚਸਪੀ ਦਿਖਾਈ। ਉਨ੍ਹਾਂ ਨੇ ਪੱਤਰਕਾਰੀ ਨੂੰ ਸਿਰਫ਼ ਇੱਕ ਪੇਸ਼ਾ ਨਹੀਂ, ਸਗੋਂ ਇੱਕ ਮਾਨਵੀ ਜ਼ਿੰਮੇਵਾਰੀ ਮੰਨਿਆ। ਉਨ੍ਹਾਂ ਦਾ ਦ੍ਰਿੜ ਵਿਸ਼ਵਾਸ ਸੀ ਕਿ ਇੱਕ ਪੱਤਰਕਾਰ ਦਾ ਕੰਮ ਸੱਤਾ ਦੇ ਗਲਿਆਰਿਆਂ ਵਿੱਚ ਰਹਿ ਕੇ ਜੀ-ਹਜ਼ੂਰੀ ਕਰਨਾ ਨਹੀਂ, ਸਗੋਂ ਸੜਕਾਂ ’ਤੇ ਉੱਤਰ ਕੇ ਸੱਚ ਨੂੰ ਤਲਾਸ਼ਣਾ ਹੈ। ਇਸੇ ਸੋਚ ਸਦਕਾ ਉਹ 1964 ਵਿੱਚ ਬੀ.ਬੀ.ਸੀ. (British Broadcasting Corporation) ਨਾਲ ਜੁੜੇ। ਇਹ ਉਹ ਸਮਾਂ ਸੀ ਜਦੋਂ ਟੈਲੀਵਿਜ਼ਨ ਅਜੇ ਬਹੁਤਾ ਪ੍ਰਚਲਿਤ ਨਹੀਂ ਸੀ ਅਤੇ ਬੀ.ਬੀ.ਸੀ. ਰੇਡੀਓ ਨੂੰ ਵਿਸ਼ਵ ਦੀ ਸਭ ਤੋਂ ਭਰੋਸੇਯੋਗ ਖ਼ਬਰ ਏਜੰਸੀ ਮੰਨਿਆ ਜਾਂਦਾ ਸੀ। ਜਦੋਂ 1965 ਵਿੱਚ ਉਹ ਬੀ.ਬੀ.ਸੀ. ਦੇ ਪ੍ਰਤੀਨਿਧ ਵਜੋਂ ਭਾਰਤ ਆਏ, ਤਾਂ ਉਨ੍ਹਾਂ ਨੂੰ ਮਹਿਸੂਸ ਹੋਇਆ ਕਿ ਉਹ ਕਿਸੇ ਬਿਗਾਨੇ ਦੇਸ਼ ਨਹੀਂ, ਸਗੋਂ ਆਪਣੇ ਘਰ ਵਾਪਸ ਆ ਗਏ ਹਨ।

**ਬੀ.ਬੀ.ਸੀ. ਨਾਲ ਲੰਬਾ ਅਤੇ ਪ੍ਰਭਾਵਸ਼ਾਲੀ ਸਫ਼ਰ** : ਮਾਰਕ ਟੱਲੀ ਨੇ ਬੀ.ਬੀ.ਸੀ. ਵਿੱਚ ਲੱਗਭੱਗ 30 ਸਾਲ ਸੇਵਾ ਕੀਤੀ, ਜਿਸ ਵਿੱਚੋਂ 20 ਸਾਲ ਉਹ ਭਾਰਤ ਵਿੱਚ ਮੁੱਖ ਸੰਵਾਦਦਾਤਾ (Chief of Bureau) ਵਜੋਂ ਤਾਇਨਾਤ ਰਹੇ। ਉਨ੍ਹਾਂ ਦੀ ਰਿਪੋਰਟਿੰਗ ਦੀ ਸਭ ਤੋਂ ਵੱਡੀ ਖ਼ੂਬਸੂਰਤੀ ਇਹ ਸੀ ਕਿ ਉਹ ਸਿਰਫ਼ ਦਿੱਲੀ ਦੇ ਲੁਟੀਅਨਜ਼ ਜ਼ੋਨ ਜਾਂ ਸਿਆਸੀ ਪਾਰਟੀਆਂ ਦੇ ਦਫ਼ਤਰਾਂ ਤੱਕ ਸੀਮਿਤ ਨਹੀਂ ਰਹੇ।

ਉਹ ਭਾਰਤ ਦੇ ਅਸਲ ਰੂਪ ਨੂੰ ਸਮਝਣ ਲਈ ਪਿੰਡਾਂ ਦੀਆਂ ਧੂੜ ਭਰੀਆਂ ਸੜਕਾਂ, ਖੇਤਾਂ ਦੀਆਂ ਵੱਟਾਂ ਅਤੇ ਗਰੀਬਾਂ ਦੀਆਂ ਝੁੱਗੀਆਂ ਤੱਕ ਪਹੁੰਚੇ। **ਉਨ੍ਹਾਂ ਲਈ ਭਾਰਤ ਦਾ ਮਤਲਬ ਸੀ ਕਿਸਾਨ**: ਜੋ ਦੇਸ਼ ਦਾ ਢਿੱਡ ਭਰਦਾ ਹੈ, ਪਰ ਖ਼ੁਦ ਕਰਜ਼ੇ ਹੇਠ ਦੱਬਿਆ ਹੈ। **ਮਜ਼ਦੂਰ**: ਜਿਸਦੀ ਮਿਹਨਤ ਨਾਲ ਸ਼ਹਿਰ ਉਸਰਦੇ ਹਨ। **ਧਾਰਮਿਕ ਆਗੂ**: ਜੋ ਸਮਾਜ ਦੀ ਨੈਤਿਕਤਾ ਦਾ ਮਾਰਗਦਰਸ਼ਨ ਕਰਦੇ ਹਨ। ਹਾਸ਼ੀਏ ’ਤੇ ਖੜ੍ਹਾ ਮਨੁੱਖ: ਜਿਸਦੀ ਆਵਾਜ਼ ਅਕਸਰ ਸੱਤਾ ਦੇ ਸ਼ੋਰ ਵਿੱਚ ਗੁਆਚ ਜਾਂਦੀ ਹੈ। **1984: ਪੰਜਾਬ, ਦਰਦ ਅਤੇ ਨਿਰਪੱਖ ਪੱਤਰਕਾਰੀ** ।

ਮਾਰਕ ਟੱਲੀ ਦੀ ਪੱਤਰਕਾਰੀ ਦਾ ਸਭ ਤੋਂ ਸੰਵੇਦਨਸ਼ੀਲ, ਚੁਣੌਤੀਪੂਰਨ ਅਤੇ ਮਹੱਤਵਪੂਰਨ ਅਧਿਆਇ 1984 ਦਾ ਪੰਜਾਬ ਸੰਕਟ ਹੈ। ਇਹ ਉਹ ਸਮਾਂ ਸੀ ਜਦੋਂ ਪੰਜਾਬ ਬਲ ਰਿਹਾ ਸੀ ਅਤੇ ਪੂਰੇ ਦੇਸ਼ ਵਿੱਚ ਤਣਾਅ ਦਾ ਮਾਹੌਲ ਸੀ। **ਓਪਰੇਸ਼ਨ ਬਲੂ ਸਟਾਰ** : ਜੂਨ 1984 ਵਿੱਚ ਅੰਮ੍ਰਿਤਸਰ ਦੇ ਸ੍ਰੀ ਦਰਬਾਰ ਸਾਹਿਬ ਵਿਖੇ ਹੋਏ ‘ਓਪਰੇਸ਼ਨ ਬਲੂ ਸਟਾਰ’ ਦੌਰਾਨ ਮਾਰਕ ਟੱਲੀ ਉਨ੍ਹਾਂ ਮੁੱਠੀ ਭਰ ਪੱਤਰਕਾਰਾਂ ਵਿੱਚੋਂ ਸਨ, ਜਿਨ੍ਹਾਂ ਨੇ ਸਰਕਾਰੀ ਪਾਬੰਦੀਆਂ ਦੇ ਬਾਵਜੂਦ ਸੱਚ ਨੂੰ ਸਾਹਮਣੇ ਲਿਆਉਣ ਦੀ ਹਿੰਮਤ ਦਿਖਾਈ। ਜਦੋਂ ਭਾਰਤੀ ਮੀਡੀਆ ’ਤੇ ਕਈ ਤਰ੍ਹਾਂ ਦੇ ਦਬਾਅ ਸਨ, ਉਦੋਂ ਮਾਰਕ ਟੱਲੀ ਦੀਆਂ ਰਿਪੋਰਟਾਂ ਨੇ ਦੁਨੀਆਂ ਨੂੰ ਦੱਸਿਆ ਕਿ ਪੰਜਾਬ ਦੀ ਧਰਤੀ ’ਤੇ ਅਸਲ ਵਿੱਚ ਕੀ ਵਾਪਰ ਰਿਹਾ ਹੈ। ਉਨ੍ਹਾਂ ਨੇ ਸਿਰਫ਼ ਫ਼ੌਜੀ ਕਾਰਵਾਈ ਦੀ ਗੱਲ ਨਹੀਂ ਕੀਤੀ, ਸਗੋਂ ਸਿੱਖ ਮਾਨਸਿਕਤਾ ’ਤੇ ਲੱਗੇ ਜ਼ਖ਼ਮਾਂ ਅਤੇ ਸ਼ਰਧਾਲੂਆਂ ਦੀ ਪੀੜਾ ਨੂੰ ਵੀ ਬਿਆਨ ਕੀਤਾ। **ਨਵੰਬਰ 1984 ਦੇ ਦੰਗੇ** : ਇੰਦਿਰਾ ਗਾਂਧੀ ਦੀ ਹੱਤਿਆ ਤੋਂ ਬਾਅਦ ਦਿੱਲੀ ਅਤੇ ਹੋਰ ਸ਼ਹਿਰਾਂ ਵਿੱਚ ਹੋਏ ਸਿੱਖ ਕਤਲੇਆਮ ਦੌਰਾਨ ਮਾਰਕ ਟੱਲੀ ਦੀ ਭੂਮਿਕਾ ਇੱਕ ਮਸੀਹੇ ਵਰਗੀ ਰਹੀ। ਉਨ੍ਹਾਂ ਨੇ ਨਿਡਰ ਹੋ ਕੇ ਰਿਪੋਰਟਿੰਗ ਕੀਤੀ ਕਿ ਕਿਵੇਂ ਇੱਕ ਖ਼ਾਸ ਭਾਈਚਾਰੇ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਸੀ ਅਤੇ ਕਿਵੇਂ ਪੁਲਿਸ ਤੇ ਪ੍ਰਸ਼ਾਸਨ ਮੂਕ ਦਰਸ਼ਕ ਬਣੇ ਰਹੇ। ਉਨ੍ਹਾਂ ਦੀ ਇਸ ਸੱਚਾਈ ਕਾਰਨ ਤਤਕਾਲੀ ਸਰਕਾਰ ਉਨ੍ਹਾਂ ਤੋਂ ਕਾਫ਼ੀ ਨਾਰਾਜ਼ ਵੀ ਹੋਈ, ਪਰ ਟੱਲੀ ਨੇ ਆਪਣੇ ਪੱਤਰਕਾਰੀ ਧਰਮ ਨਾਲ ਕਦੇ ਸਮਝੌਤਾ ਨਹੀਂ ਕੀਤਾ।

**ਇੱਕ ਮਹਾਨ ਲੇਖਕ ਵਜੋਂ ਮਾਰਕ ਟੱਲੀ** : ਮਾਰਕ ਟੱਲੀ ਸਿਰਫ਼ ਇੱਕ ਰਿਪੋਰਟਰ ਨਹੀਂ, ਸਗੋਂ ਇੱਕ ਡੂੰਘੀ ਸੋਚ ਵਾਲੇ ਲੇਖਕ ਵੀ ਹਨ। ਉਨ੍ਹਾਂ ਦੀਆਂ ਕਿਤਾਬਾਂ ਭਾਰਤ ਦੇ ਸਮਾਜਿਕ ਅਤੇ ਸਿਆਸੀ ਤਾਣੇ-ਬਾਣੇ ਨੂੰ ਸਮਝਣ ਲਈ ਕਿਸੇ ਦਸਤਾਵੇਜ਼ ਤੋਂ ਘੱਟ ਨਹੀਂ ਹਨ। **Amritsar: Mrs Gandhi’s Last Battle:** ਇਹ ਕਿਤਾਬ 1984 ਦੇ ਘਟਨਾਕ੍ਰਮ ’ਤੇ ਸਭ ਤੋਂ ਪ੍ਰਮਾਣਿਕ ਸਰੋਤ ਮੰਨੀ ਜਾਂਦੀ ਹੈ। ਇਸ ਵਿੱਚ ਉਨ੍ਹਾਂ ਨੇ ਬੜੀ ਬਾਰੀਕੀ ਨਾਲ ਵਿਸ਼ਲੇਸ਼ਣ ਕੀਤਾ ਹੈ ਕਿ ਕਿਵੇਂ ਸਿਆਸੀ ਗਲਤੀਆਂ ਕਾਰਨ ਇੱਕ ਵੱਡਾ ਦੁਖਾਂਤ ਵਾਪਰਿਆ। **The Heart of India**: ਇਸ ਕਿਤਾਬ ਵਿੱਚ ਉਨ੍ਹਾਂ ਨੇ ਭਾਰਤ ਦੇ ਪੇਂਡੂ ਜੀਵਨ, ਧਰਮ ਅਤੇ ਲੋਕਾਂ ਦੀਆਂ ਕਹਾਣੀਆਂ ਨੂੰ ਬਹੁਤ ਹੀ ਭਾਵੁਕ ਲਹਿਜੇ ਵਿੱਚ ਪੇਸ਼ ਕੀਤਾ ਹੈ। **India’s Unending Journey:** ਇਸ ਵਿੱਚ ਉਹ ਭਾਰਤ ਨੂੰ ਇੱਕ ਅਜਿਹੇ ਰਾਹੀ ਵਜੋਂ ਦੇਖਦੇ ਹਨ ਜੋ ਹਜ਼ਾਰਾਂ ਸਾਲਾਂ ਤੋਂ ਚੱਲ ਰਿਹਾ ਹੈ ਅਤੇ ਜਿਸ ਦੀ ਯਾਤਰਾ ਕਦੇ ਖ਼ਤਮ ਨਹੀਂ ਹੁੰਦੀ। ਉਹ ਦੱਸਦੇ ਹਨ ਕਿ ਭਾਰਤ ਦੀ ਤਾਕਤ ਇਸਦੀ ਅਨਿਸ਼ਚਿਤਤਾ ਅਤੇ ਸਹਿਣਸ਼ੀਲਤਾ ਵਿੱਚ ਹੈ।

**ਧਰਮ ਅਤੇ ਆਸਥਾ ਬਾਰੇ ਨਜ਼ਰੀਆ** : ਮਾਰਕ ਟੱਲੀ ਦਾ ਮੰਨਣਾ ਹੈ ਕਿ ਭਾਰਤ ਵਿੱਚ ਧਰਮ ਕੋਈ ਅਫੀਮ ਨਹੀਂ, ਸਗੋਂ ਜੀਉਣ ਦਾ ਇੱਕ ਤਰੀਕਾ ਹੈ। ਉਨ੍ਹਾਂ ਨੇ ਹਮੇਸ਼ਾ ਧਾਰਮਿਕ ਕੱਟੜਵਾਦ ਦੀ ਆਲੋਚਨਾ ਕੀਤੀ, ਪਰ ਧਰਮ ਦੇ ਅਧਿਆਤਮਕ ਪੱਖ ਦਾ ਸਤਿਕਾਰ ਕੀਤਾ। ਉਨ੍ਹਾਂ ਅਨੁਸਾਰ, ਭਾਰਤੀ ਪਿੰਡਾਂ ਵਿੱਚ ਹਿੰਦੂ-ਮੁਸਲਿਮ ਏਕਤਾ ਦੀਆਂ ਜੜ੍ਹਾਂ ਇੰਨੀਆਂ ਡੂੰਘੀਆਂ ਹਨ ਕਿ ਸਿਆਸੀ ਲਹਿਰਾਂ ਵੀ ਉਨ੍ਹਾਂ ਨੂੰ ਪੂਰੀ ਤਰ੍ਹਾਂ ਹਿਲਾ ਨਹੀਂ ਸਕਦੀਆਂ। ਉਨ੍ਹਾਂ ਨੇ ਸਿੱਖੀ ਦੇ ਸੇਵਾ ਅਤੇ ਕੁਰਬਾਨੀ ਦੇ ਸੰਕਲਪ ਦੀ ਹਮੇਸ਼ਾ ਸ਼ਲਾਘਾ ਕੀਤੀ।

**ਭਾਰਤ ਨਾਲ ਅਟੁੱਟ ਰਿਸ਼ਤਾ: ‘ਗੋਰਾ’ ਜੋ ਭਾਰਤੀ ਬਣ ਗਿਆ** : ਬੀ.ਬੀ.ਸੀ. ਤੋਂ ਸੇਵਾਮੁਕਤ ਹੋਣ ਤੋਂ ਬਾਅਦ ਵੀ ਮਾਰਕ ਟੱਲੀ ਨੇ ਇੰਗਲੈਂਡ ਵਾਪਸ ਜਾਣ ਦੀ ਬਜਾਏ ਭਾਰਤ ਵਿੱਚ ਰਹਿਣ ਦਾ ਫੈਸਲਾ ਕੀਤਾ। ਉਹ ਦਿੱਲੀ ਦੇ ਨਿਜ਼ਾਮੂਦੀਨ ਇਲਾਕੇ ਵਿੱਚ ਰਹਿੰਦੇ ਹਨ ਅਤੇ ਅੱਜ ਵੀ ਭਾਰਤੀ ਸਮਾਜ ਵਿੱਚ ਹੋ ਰਹੀਆਂ ਤਬਦੀਲੀਆਂ ’ਤੇ ਤਿੱਖੀ ਨਜ਼ਰ ਰੱਖਦੇ ਹਨ। ਉਨ੍ਹਾਂ ਦੀਆਂ ਸੇਵਾਵਾਂ ਨੂੰ ਦੇਖਦੇ ਹੋਏ: 1992 ਵਿੱਚ ਉਨ੍ਹਾਂ ਨੂੰ ਬ੍ਰਿਟੇਨ ਦੇ ਵੱਕਾਰੀ ਸਨਮਾਨ ਨਾਈਟਹੁੱਡ (Knight) ਨਾਲ ਨਿਵਾਜਿਆ ਗਿਆ। 2005 ਵਿੱਚ ਭਾਰਤ ਸਰਕਾਰ ਨੇ ਉਨ੍ਹਾਂ ਨੂੰ ‘ਪਦਮ ਭੂਸ਼ਣ’ ਨਾਲ ਸਨਮਾਨਿਤ ਕੀਤਾ।

**ਆਲੋਚਨਾ ਅਤੇ ਵਾਦ-ਵਿਵਾਦ** : ਹਰ ਵੱਡੀ ਸ਼ਖ਼ਸੀਅਤ ਵਾਂਗ ਮਾਰਕ ਟੱਲੀ ਨੂੰ ਵੀ ਆਲੋਚਨਾ ਦਾ ਸਾਹਮਣਾ ਕਰਨਾ ਪਿਆ। ਕੁਝ ਲੋਕਾਂ ਨੇ ਉਨ੍ਹਾਂ ਨੂੰ **ਪੱਛਮੀ ਸੋਚ ਵਾਲਾ ਆਲੋਚਕ** ਕਿਹਾ, ਤਾਂ ਕੁਝ ਨੇ ਉਨ੍ਹਾਂ ’ਤੇ ਭਾਰਤ ਦੀ ਨਕਾਰਾਤਮਕ ਤਸਵੀਰ ਪੇਸ਼ ਕਰਨ ਦਾ ਦੋਸ਼ ਲਾਇਆ। ਪਰ ਟੱਲੀ ਦਾ ਜਵਾਬ ਸਦਾ ਇੱਕੋ ਰਿਹਾ ਮੈਂ ਭਾਰਤ ਦੀ ਆਲੋਚਨਾ ਇਸ ਲਈ ਕਰਦਾ ਹਾਂ। **ਕਿਉਂਕਿ ਮੈਂ ਇਸਨੂੰ ਪਿਆਰ ਕਰਦਾ ਹਾਂ ਜੇ ਅਸੀਂ ਆਪਣੀਆਂ ਕਮੀਆਂ ਨੂੰ ਨਹੀਂ ਦੇਖਾਂਗੇ, ਤਾਂ ਸੁਧਾਰ ਕਿਵੇਂ ਕਰਾਂਗੇ ?**

**ਇੱਕ ਜੀਵੰਤ ਦੰਤਕਥਾ** : ਮਾਰਕ ਟੱਲੀ ਅੱਜ ਦੇ ਦੌਰ ਵਿੱਚ ਉਸ ‘ਪੁਰਾਣੀ ਪੱਤਰਕਾਰੀ’ ਦਾ ਆਖਰੀ ਥੰਮ੍ਹ ਸਨ, ਜਿੱਥੇ ਖ਼ਬਰਾਂ ਨਾਲੋਂ ਜ਼ਿਆਦਾ ‘**ਸੱਚ**’ ਦੀ ਅਹਿਮੀਅਤ ਹੁੰਦੀ ਸੀ। ਉਹ ਸਾਬਤ ਕਰਦੇ ਹਨ ਕਿ ਕੋਈ ਵਿਅਕਤੀ ਕਿੱਥੇ ਜੰਮਿਆ ਹੈ, ਇਹ ਮਾਇਨੇ ਨਹੀਂ ਰੱਖਦਾ; ਮਾਇਨੇ ਇਹ ਰੱਖਦਾ ਹੈ ਕਿ ਉਸਦਾ ਦਿਲ ਕਿਸ ਮਿੱਟੀ ਲਈ ਧੜਕਦਾ ਹੈ। ਮਾਰਕ ਟੱਲੀ ਸਿਰਫ਼ ਇੱਕ ਪੱਤਰਕਾਰ ਨਹੀਂ, ਸਗੋਂ ਭਾਰਤ ਦੇ ਉਸ ਸੱਭਿਆਚਾਰਕ ਪੁਲ ਵਰਗੇ ਹਨ ਜੋ ਪੂਰਬ ਅਤੇ ਪੱਛਮ ਨੂੰ ਜੋੜਦਾ ਹੈ। ਉਨ੍ਹਾਂ ਦੀ ਜ਼ਿੰਦਗੀ ਸਾਨੂੰ ਸਿਖਾਉਂਦੀ ਹੈ ਕਿ ਨਿਰਪੱਖਤਾ ਦਾ ਮਤਲਬ ਭਾਵਨਾਵਾਂ ਤੋਂ ਸੱਖਣਾ ਹੋਣਾ ਨਹੀਂ, ਸਗੋਂ ਸਹੀ ਨੂੰ ਸਹੀ ਅਤੇ ਗਲਤ ਨੂੰ ਗਲਤ ਕਹਿਣ ਦੀ ਹਿੰਮਤ ਰੱਖਣਾ ਹੈ। ਉਹ ਭਾਰਤ ਨੂੰ ਸਮਝਣ ਦੀ ਉਸ ਯਾਤਰਾ ’ਤੇ ਸਨ, ਜੋ ਸ਼ਾਇਦ ਕਦੇ ਮੁਕੰਮਲ ਨਹੀਂ ਹੁੰਦੀ ਕਿਉਂਕਿ ਭਾਰਤ ਆਪਣੇ ਆਪ ਵਿੱਚ ਇੱਕ ਅਥਾਹ ਸਮੁੰਦਰ ਹੈ।

# ਮੁੰਡੀਆਂ ਨੇ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾਂ ਤਹਿਤ ਬੱਸ ਨੂੰ ਹਰੀ ਝੰਡੀ ਦੇ ਕੇ ਕੀਤਾ ਰਵਾਨਾ



ਲੁਧਿਆਣਾ,4 ਫਰਵਰੀ (ਵਿਸ਼ਾਲ ਸ਼ਰਮਾ) ਪੰਜਾਬ ਦੇ ਮਾਲ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਬੁੱਧਵਾਰ ਨੂੰ ਪਿੰਡ ਕਾਸਾਬਾਦ ਵਿੱਚ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਨੂੰ ਸ੍ਰੀ ਅੰਮ੍ਰਿਤਸਰ ਸਾਹਿਬ ਲਿਜਾਣ ਵਾਲੀ ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਬੱਸ ਵਿੱਚ ਸ਼ਰਧਾਲੂਆਂ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਨੇ ਧਾਰਮਿਕ ਸਥਾਨਾਂ ਦੇ ਮੁਫ਼ਤ ਵਿੱਚ ਦਰਸ਼ਨ ਕਰਵਾਉਣ ਲਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਸ਼ੁਰੂ ਕੀਤੀ ਹੈ। ਇਸ ਯੋਜਨਾ ਤਹਿਤ ਸ਼ਰਧਾਲੂਆਂ ਨੂੰ ਸ੍ਰੀ ਅੰਮ੍ਰਿਤਸਰ ਸਾਹਿਬ, ਸ੍ਰੀ ਆਨੰਦਪੁਰ ਸਾਹਿਬ ਅਤੇ ਹੋਰ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਦੀ ਸਹੂਲਤ ਦਿੱਤੀ ਜਾਵੇਗੀ।ਮੰਤਰੀ ਮੁੰਡੀਆਂ ਨੇ ਅੱਗੇ ਕਿਹਾ ਕਿ ਧਾਰਮਿਕ ਸਥਾਨਾਂ ਦੀ ਯਾਤਰਾ ਦੌਰਾਨ ਰਿਹਾਇਸ਼, ਭੋਜਨ ਆਦਿ ਨਾਲ ਸਬੰਧਤ ਸਾਰੇ ਖਰਚੇ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਹਿਣ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਜੋ ਲੋਕ ਪਹਿਲਾਂ ਕਿਸੇ ਕਾਰਨ ਕਰਕੇ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਤੋਂ ਅਸਮਰੱਥ ਸਨ, ਉਹ ਹੁਣ ਸੂਬਾ ਸਰਕਾਰ ਵੱਲੋਂ ਕੀਤੀ ਗਈ ਪਹਿਲਕਦਮੀ ਸਦਕਾ ਇਨ੍ਹਾਂ ਪਵਿੱਤਰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰ ਸਕਣਗੇ। ਉਨ੍ਹਾਂ ਦੱਸਿਆ ਕਿ ਅੱਜ ਦੀ ਬੱਸ ਵਿੱਚ ਸ਼ਰਧਾਲੂਆਂ ਨੂੰ ਸ੍ਰੀ ਹਰਿਮੰਦਰ ਸਾਹਿਬ, ਦੁਰਗਿਆਣਾ ਮੰਦਰ, ਭਗਵਾਨ ਵਾਲਮੀਕਿ ਤੀਰਥ ਸਥਲ, ਜਲ੍ਹਿਆਂਵਾਲਾ ਬਾਗ, ਅਜਾਇਬ ਘਰ ਅਤੇ ਅੰਮ੍ਰਿਤਸਰ ਦੇ ਹੋਰ ਧਾਰਮਿਕ ਅਤੇ ਇਤਿਹਾਸਕ ਸਥਾਨਾਂ ਤੇ ਲਿਜਾਇਆ ਜਾਵੇਗਾ। ਉਨ੍ਹਾਂ ਅੱਗੇ ਕਿਹਾ ਕਿ ਇਹ ਪੰਜਾਬ ਸਰਕਾਰ ਦੀ ਇੱਕ ਮਹੱਤਵਾਕਾਂਖੀ ਯੋਜਨਾ ਹੈ ਅਤੇ ਇਹ ਸਾਰੀਆਂ ਜਾਤਾਂ, ਧਰਮਾਂ, ਆਮਦਨ ਸਮੂਹਾਂ ਅਤੇ ਹਰ ਖੇਤਰ ਦੇ ਲੋਕਾਂ ਲਈ ਹੈ। ਹਰਦੀਪ ਸਿੰਘ ਮੁੰਡੀਆਂ ਨੇ ਅੱਗੇ ਕਿਹਾ ਕਿ ਰਾਜ ਸਰਕਾਰ ਨੇ ਸ਼ਰਧਾਲੂਆਂ ਲਈ ਮੁਫ਼ਤ ਅਤੇ ਆਰਾਮਦਾਇਕ ਠਹਿਰਨ ਲਈ ਵਿਸਤ੍ਰਿਤ ਪ੍ਰਬੰਧ ਕੀਤੇ ਹਨ। ਉਨ੍ਹਾਂ ਕਿਹਾ ਕਿ 50 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਸ਼ਰਧਾਲੂਆਂ ਨੂੰ ਯਾਤਰਾ ਲਈ ਰਜਿਸਟਰ ਕੀਤਾ ਗਿਆ ਹੈ ਅਤੇ ਰਜਿਸਟ੍ਰੇਸ਼ਨ ਲਈ ਵੋਟਰ ਆਈ.ਡੀ ਕਾਰਡ ਲਾਜ਼ਮੀ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸ਼ਰਧਾਲੂਆਂ ਨੂੰ ਏ.ਸੀ ਬੱਸਾਂ, ਹੋਟਲ ਰਿਹਾਇਸ਼ ਅਤੇ ਖਾਣਾ ਮੁਫ਼ਤ ਪ੍ਰਦਾਨ ਕੀਤਾ ਜਾਵੇਗਾ। ਹਰੇਕ ਬੱਸ ਵਿੱਚ ਯਾਤਰੀਆਂ ਦੀ ਸਹਾਇਤਾ ਲਈ ਇੱਕ ਸਹਾਇਕ ਹੋਵੇਗਾ ਅਤੇ ਕਿਸੇ ਵੀ ਐਮਰਜੈਂਸੀ ਦੀ ਸਥਿਤੀ ਵਿੱਚ ਤੁਰੰਤ ਸਹਾਇਤਾ ਪ੍ਰਦਾਨ ਕਰਨ ਲਈ ਇੱਕ ਮੈਡੀਕਲ ਟੀਮ ਵੀ ਉਨ੍ਹਾਂ ਦੇ ਨਾਲ ਹੋਵੇਗੀ। ਇਸ ਬੱਸ ਵਿੱਚ ਸ੍ਰੀ ਅੰਮ੍ਰਿਤਸਰ ਲਈ ਰਵਾਨਾ ਹੋਣ ਵਾਲੇ ਸ਼ਰਧਾਲੂਆਂ ਨੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਬਿਨਾਂ ਕਿਸੇ ਖਰਚੇ ਦੇ ਵੱਖ-ਵੱਖ ਧਾਰਮਿਕ ਸਥਾਨਾਂ ਦੀ ਯਾਤਰਾ ਮੁਫ਼ਤ ਵਿੱਚ ਕਰ ਸਕਣਗੇ।

# ਖੁਰਾਕ ਤੇ ਸਿਵਲ ਸਪਲਾਈਜ਼ ਵਿਭਾਗ ਨੇ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕਰਵਾਇਆ



ਲੁਧਿਆਣਾ,4 ਫਰਵਰੀ (ਵਿਸ਼ਾਲ ਸ਼ਰਮਾ) ਖੁਰਾਕ ਤੇ ਸਿਵਲ ਸਪਲਾਈਜ਼ ਵਿਭਾਗ ਲੁਧਿਆਣਾ ਦੇ ਸਮੂਹ ਸਟਾਫ ਵੱਲੋਂ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਜ਼ਿਲ੍ਹਾ ਕੰਟਰੋਲਰ ਲੁਧਿਆਣਾ ਜੀ ਦੇ ਦਫਤਰ ਸਰਾਭਾ ਨਗਰ ਵਿਖੇ ਕਰਵਾਇਆ ਗਿਆ। ਜਿਸ ਵਿੱਚ ਜ਼ਿਲ੍ਹਾ ਖੁਰਾਕ ਸਪਲਾਈ ਕੰਟਰੋਲਰ ਲੁਧਿਆਣਾ ਪੂਰਬੀ ਅਤੇ ਪੱਛਮੀ ਸਰਤਾਜ ਸਿੰਘ ਚੀਮਾ, ਡਿਪਟੀ ਡਾਇਰੈਕਟਰ ਪਟਿਆਲਾ ਸ਼੍ਰੀਮਤੀ ਰੇਨੂੰ ਬਾਲਾ, ਲੁਧਿਆਣਾ ਦੇ ਖੁਰਾਕ ਤੇ ਸਿਵਲ ਸਪਲਾਈ ਪੂਰਬੀ ਅਤੇ ਪੱਛਮੀ ਦਾ ਸਮੂਹ ਸਟਾਫ ਅਤੇ ਵਿਭਾਗ ਤੋਂ ਰਿਟਾਇਰ ਹੋ ਚੁੱਕੇ ਸਟਾਫ ਦੁਆਰਾ ਭਰਵੀਂ ਹਾਜ਼ਰੀ ਲਗਵਾਈ ਗਈ। ਜ਼ਿਲ੍ਹਾ ਖੁਰਾਕ ਸਪਲਾਈ ਕੰਟਰੋਲਰ ਲੁਧਿਆਣਾ ਪੂਰਬੀ ਅਤੇ ਪੱਛਮੀ ਸਰਤਾਜ ਸਿੰਘ ਚੀਮਾ ਨੇ ਦੱਸਿਆ ਕਿ ਦਫਤਰ ਖੁਰਾਕ ਸਪਲਾਈ ਲੁਧਿਆਣਾ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਮੂਹ ਸਟਾਫ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਕਰਵਾਇਆ ਗਿਆ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਤੋਂ ਉਪਰੰਤ ਸੰਗਤਾਂ ਲਈ ਲੰਗਰ ਵੀ ਅਤੁੱਟ ਵਰਤਾਇਆ ਗਿਆ।

# ਡੀ.ਸੀ. ਨੇ ਐਸ.ਓ.ਈ. ਮਿਲਰਗੰਜ ਦਾ ਕੀਤਾ ਨਿਰੀਖਣ



ਲੁਧਿਆਣਾ,4 ਫਰਵਰੀ (ਵਿਸ਼ਾਲ ਸ਼ਰਮਾ) ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਬੁੱਧਵਾਰ ਨੂੰ ਸਕੂਲ ਆਫ਼ ਐਮੀਨੈਂਸ (ਐਸ.ਓ.ਈ) ਮਿਲਰਗੰਜ, ਲੁਧਿਆਣਾ ਦਾ ਇੱਕ ਵਿਆਪਕ ਨਿਰੀਖਣ ਕੀਤਾ ਤਾਂ ਜੋ ਅਤਿ-ਆਧੁਨਿਕ ਸਹੂਲਤ ਨੂੰ ਅੰਤਿਮ ਰੂਪ ਦਿੱਤਾ ਜਾ ਸਕੇ। ਇਸ ਨੂੰ ਪੰਜਾਬ ਸਰਕਾਰ ਦੇ ਅਧੀਨ ਸਭ ਤੋਂ ਵਧੀਆ ਬੁਨਿਆਦੀ ਢਾਂਚੇ ਵਜੋਂ ਉਜਾਗਰ ਕਰਦੇ ਹੋਏ ਡਿਪਟੀ ਕਮਿਸ਼ਨਰ ਨੇ ਐਲਾਨ ਕੀਤਾ ਕਿ ਸਕੂਲ ਦਾ ਜਲਦ ਉਦਘਾਟਨ ਕੀਤਾ ਜਾਵੇਗਾ। ਹਿਮਾਂਸ਼ੂ ਜੈਨ ਨੇ ਕਿਹਾ ਕਿ ਇਹ ਪ੍ਰੋਜੈਕਟ, ਆਪਣੇ ਅੰਤਿਮ ਪੜਾਵਾਂ ਵਿੱਚ ਹੈ ਜਿਸ ਵਿੱਚ 21 ਆਧੁਨਿਕ ਕਮਰਿਆਂ ਦੇ ਅੰਦਰ 9ਵੀਂ ਤੋਂ 12ਵੀਂ ਜਮਾਤ ਦੇ 323 ਵਿਦਿਆਰਥੀਆਂ ਨੂੰ ਰੱਖਣ ਦੀ ਸਹੂਲਤ ਦਿੰਦਾ ਹੈ। ਇਸ ਅਕਾਦਮਿਕ ਖੇਤਰ ਵਿੱਚ 10 ਕਲਾਸਰੂਮ, ਇੱਕ ਸਟਾਫ ਰੂਮ, ਕਲਰਕ ਰੂਮ ਅਤੇ ਪ੍ਰਿੰਸੀਪਲ ਦਾ ਦਫ਼ਤਰ, 7 ਵਿਸ਼ੇਸ਼ ਪ੍ਰਯੋਗਸ਼ਾਲਾਵਾਂ (ਭੌਤਿਕ ਵਿਗਿਆਨ, ਰਸਾਇਣ ਵਿਗਿਆਨ, ਬਾਇਓ, ਕੰਪਿਊਟਰ, ਨਿਰਮਾਣ, ਲਿਬਾਸ, ਆਰ.ਓ.ਟੀ.) ਅਤੇ ਇੱਕ ਚੰਗੀ ਤਰ੍ਹਾਂ ਲੈਸ ਲਾਇਬ੍ਰੇਰੀ ਸ਼ਾਮਲ ਹੈ। ਵਿਸ਼ਵ ਪੱਧਰੀ ਵਾਤਾਵਰਣ ਨੂੰ ਯਕੀਨੀ ਬਣਾਉਣ ਲਈ ਡਿਪਟੀ ਕਮਿਸ਼ਨਰ ਨੇ ਲੋਕ ਨਿਰਮਾਣ ਵਿਭਾਗ ਦੀ ਟੀਮ ਨੂੰ ਵਿਦਿਆਰਥੀ ਸੰਗਠਨ ਲਈ ਉੱਚ-ਗੁਣਵੱਤਾ ਵਾਲੀ ਟਾਈਲ ਫਿਨਿਸ਼ਿੰਗ ਅਤੇ ਐਲੂਮੀਨੀਅਮ ਰੈਕ ਸਥਾਪਤ ਕਰਨ ਦੇ ਨਿਰਦੇਸ਼ ਵੀ ਦਿੱਤੇ। ਅਕਾਦਮਿਕ ਤੋਂ ਇਲਾਵਾ ਹਿਮਾਂਸ਼ੂ ਜੈਨ ਨੇ ਐਥਲੈਟਿਕ ਉੱਤਮਤਾ ਨੂੰ ਉਤਸ਼ਾਹਿਤ ਕਰਨ ਲਈ ਇੱਕ ਟੈਰੇਸ ਬੈਡਮਿੰਟਨ ਕੋਰਟ, ਟੇਬਲ ਟੈਨਿਸ ਕੋਰਟ ਅਤੇ ਇੱਕ ਸਮਰਪਿਤ ਯੋਗਾ ਸਥਾਨ ਨੂੰ ਮਨਜ਼ੂਰੀ ਦਿੱਤੀ। ਉਨ੍ਹਾਂ ਕੈਂਪਸ ਪ੍ਰਬੰਧਨ ਨੂੰ ਸੁਚਾਰੂ ਬਣਾਉਣ ਲਈ ਇੱਕ ਨਵੇਂ ਪਾਰਕਿੰਗ ਖੇਤਰ ਨੂੰ ਵੀ ਪ੍ਰਵਾਨਗੀ ਦਿੱਤੀ। ਇਹ ਸਹੂਲਤ ਸਰਕਾਰ ਦੇ ਉੱਚ ਸਿੱਖਿਆ ਅਤੇ ਸੰਪੂਰਨ ਵਿਕਾਸ ਦੇ ਮੌਕੇ ਪ੍ਰਦਾਨ ਕਰਨ ਦੇ ਮਿਸ਼ਨ ਦਾ ਪ੍ਰਮਾਣ ਹੈ, ਜੋ ਕਿ ਜਨਤਕ ਅਤੇ ਨਿੱਜੀ ਸਿੱਖਿਆ ਵਿਚਕਾਰ ਪਾੜੇ ਨੂੰ ਪੂਰਾ ਕਰਦਾ ਹੈ।

# ਕੁਲਾਰ ਦਾ ਪੰਜਾਬ ਐਨ.ਜੀ.ਓ. ਐਕਸਪੋ ਵਿਖੇ ਸਨਮਾਨ




ਲੁਧਿਆਣਾ,4 ਫਰਵਰੀ (ਵਿਸ਼ਾਲ ਸ਼ਰਮਾ) : ਗੁਰਮੀਤ ਸਿੰਘ ਕੁਲਾਰ ਪ੍ਰਧਾਨ ਫਿਕੋ (ਫੈਡਰੇਸ਼ਨ ਆਫ ਇੰਡਸਟਰੀਅਲ ਐਂਡ ਕਮਰਸ਼ੀਅਲ ਆਰਗੇਨਾਈਜ਼ੇਸ਼ਨਜ਼) ਨੂੰ ਸਿਟੀ-ਨੀਡਜ਼ ਦੁਆਰਾ ਦ ਪੰਜਾਬ ਐਨਜੀਓ ਐਕਸਪੋ 2026 ਦੇ ਮੌਕੇ @ਤੇ ਸਨਮਾਨਿਤ ਕੀਤਾ ਗਿਆ, ਜੋ ਕਿ ਪੰਜਾਬ ਵਿੱਚ ਉਦਯੋਗ ਦੇ ਸਮੂਹਿਕ ਵਿਕਾਸ ਅਤੇ ਸਮਾਜਿਕ ਵਿਕਾਸ ਪਹਿਲਕਦਮੀਆਂ ਵਿੱਚ ਉਨ੍ਹਾਂ ਦੀ ਅਗਵਾਈ ਅਤੇ ਨਿਰੰਤਰ ਯੋਗਦਾਨ ਲਈ ਸੀ। ਪਦਮ ਸ਼੍ਰੀ ਸਰਦਾਰ ਓਂਕਾਰ ਸਿੰਘ ਜੀ ਪਾਹਵਾ ਚੇਅਰਮੈਨ ਐਵਨ ਸਾਈਕਲਜ਼ ਲਿਮਟਿਡ, ਨੇ ਗੁਰਮੀਤ ਸਿੰਘ ਕੁਲਾਰ ਨੂੰ ਸਨਮਾਨ ਪੁਰਸਕਾਰ ਨਾਲ ਸਨਮਾਨਿਤ ਕੀਤਾ। ਪੰਜਾਬ ਐਨਜੀਓ ਐਕਸਪੋ 2026 ਆਪਣੀ ਕਿਸਮ ਦਾ ਪਹਿਲਾ ਰਾਜ-ਪੱਧਰੀ ਪ੍ਰਦਰਸ਼ਨੀ ਅਤੇ ਨੈੱਟਵਰਕਿੰਗ ਪਲੇਟਫਾਰਮ ਹੈ, ਜੋ ਜਨਤਕ ਭਲਾਈ ਲਈ ਕੰਮ ਕਰਨ ਵਾਲੇ ਐਨਜੀਓ, ਕਾਰਪੋਰੇਟ, ਵਿਦਿਅਕ ਸੰਸਥਾਵਾਂ ਅਤੇ ਸਰਕਾਰੀ ਵਿਭਾਗਾਂ ਨੂੰ ਇਕੱਠਾ ਕਰਦਾ ਹ ੈ । ਸਿਟੀਨੀਡਜ਼ ਦ੍ਰ ਆ ਰ ਾ ਆਯੋਜਿਤ, ਪੰਜਾਬ ਦੇ ਪ੍ ਮ੍ ੱ ਖ ਸਥਾਨਕ ਭੀੜ ਫੰਡਿੰਗ ਅਤੇ ਵ ਲੰ ਟੀ ਅ ਰ ਸ਼ਮੂਲੀਅਤ ਪਲੇਟਫਾਰਮ, ਅੈ ਕ ਸ ਪ ੋ ਜ਼ਿਲ੍ਹਾ ਪ੍ਰਸ਼ਾਸਨ, ਲੁਧਿਆਣਾ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਜਾ ਰਿਹਾ ਹੈ। ਪੰਜਾਬ ਦੇ 150 ਤੋਂ ਵੱਧ ਐਨਜੀਓਜ਼ ਨੇ ਸਮਾਜ ਪ੍ਰਤੀ ਆਪਣੇ ਕੰਮ ਦਾ ਪ੍ਰਦਰਸ਼ਨ ਕਰਨ ਲਈ ਇਸ ਪ੍ਰੋਗਰਾਮ ਵਿੱਚ ਹਿੱਸਾ ਲਿਆ, ਇਸ ਪ੍ਰੋਗਰਾਮ ਦਾ ਵਿਸ਼ਾ ਸੀ ਦਾਨ ਦੀ ਦਿਸ਼ਾ ਬਦਲੋ।

ਕੁਲਾਰ ਦਾ ਸਨਮਾਨ ਕਰਦੇ ਹੋਏ, ਪ੍ਰਬੰਧਕਾਂ ਨੇ ਸਮਾਜਿਕ ਕਾਰਜਾਂ ਵਿੱਚ ਉਦਯੋਗ ਦੀ ਭਾਗੀਦਾਰੀ ਨੂੰ ਉਤਸ਼ਾਹਿਤ ਕਰਨ ਅਤੇ ਸਮਾਵੇਸ਼ੀ ਅਤੇ ਟਿਕਾਊ ਵਿਕਾਸ ਨੂੰ ਅੱਗੇ ਵਧਾਉਣ ਵਾਲੇ ਸਹਿਯੋਗੀ ਪਲੇਟਫਾਰਮਾਂ ਦਾ ਸਮਰਥਨ ਕਰਨ ਵਿੱਚ ਉਨ੍ਹਾਂ ਦੀ ਸਰਗਰਮ ਭੂਮਿਕਾ ਨੂੰ ਸਵੀਕਾਰ ਕੀਤਾ। ਇਸ ਮੌਕੇ ਜਸਦੇਵ ਸਿੰਘ ਸੇਖੋਂ ਜ਼ੋਨਲ ਕਮਿਸ਼ਨਰ ਨਗਰ ਨਿਗਮ ਲੁਧਿਆਣਾ, ਸ਼੍ਰੀਮਤੀ ਡਿੰਕੀ ਛਾਬੜਾ ਚੇਅਰਪਰਸਨ ਫਿਲੈਂਥਰੋਪੀ ਕਲੱਬ, ਸ਼੍ਰੀ ਮਨੀਤ ਦੀਵਾਨ ਚੇਅਰਮੈਨ ਸਿਟੀ ਨੀਡਜ਼, ਸ਼੍ਰੀ ਅਜੀਤ ਲਾਕੜਾ ਮੁਖੀ ਫਿਕੋ ਟੈਕਸਟਾਈਲ ਡਿਵੀਜ਼ਨ ਸ਼ਾਮਲ ਸਨ।

# ਸੀ.ਟੀ.ਯੂ. ਨੇ ਵਿਸ਼ਵ ਕੈਂਸਰ ਦਿਵਸ ਮਨਾਇਆ




ਲੁਧਿਆਣਾ, 4 ਫਰਵਰੀ (ਵਿਸ਼ਾਲ ਸ਼ਰਮਾ) : ਸੀ.ਟੀ. ਯੂਨੀਵਰਸਿਟੀ ਨੇ ਆਪਣੇ ਸਕੂਲ ਆਫ ਐਲਾਇਡ ਹੈਲਥ ਸਾਇੰਸਿਜ਼ ਰਾਹੀਂ ਵਿਸ਼ਵ ਕੈਂਸਰ ਦਿਵਸ ਮੌਕੇ ਕੈਂਸਰ ਤੋਂ ਬਚਾਅ, ਸਮੇਂ ਸਿਰ ਪਛਾਣ ਅਤੇ ਸਿਹਤਮੰਦ ਜੀਵਨਸ਼ੈਲੀ ਬਾਰੇ ਜਾਗਰੂਕਤਾ ਫੈਲਾਉਣ ਲਈ ਕਈ ਪ੍ਰਭਾਵਸ਼ਾਲੀ ਗਤਿਵਿਧੀਆਂ ਦਾ ਆਯੋਜਨ ਕੀਤਾ। ਸਮੁਦਾਇਕ ਸਿਹਤ ਅਤੇ ਸਮਾਜਿਕ ਜ਼ਿੰਮੇਵਾਰੀ ਪ੍ਰਤੀ ਆਪਣੀ ਮਜ਼ਬੂਤ ਵਚਨਬੱਧਤਾ ਦਰਸਾਉਂਦੇ ਹੋਏ ਯੂਨੀਵਰਸਿਟੀ ਨੇ ਵਿਦਿਆਰਥੀਆਂ ਦੀ ਸਰਗਰਮ ਭਾਗੀਦਾਰੀ ਨਾਲ ਵਾਕਾਥਾਨ, ਪੋਸਟਰ ਪ੍ਰਦਰਸ਼ਨੀ ਅਤੇ ਹਸਪਤਾਲ ਦੌਰਾ ਪ੍ਰੋਗਰਾਮ ਕਰਵਾਏ। ਵਿਸ਼ਵ ਕੈਂਸਰ ਦਿਵਸ ਮੌਕੇ ਵਿਦਿਆਰਥੀਆਂ ਨੇ ਮੋਹੰਦਾਈ ਓਸਵਾਲ ਹਸਪਤਾਲ, ਲੁਧਿਆਣਾ ਦਾ ਵੀ ਦੌਰਾ ਕੀਤਾ, ਜਿੱਥੇ ਉਨ੍ਹਾਂ ਨੂੰ ਆਧੁਨਿਕ ਕੈਂਸਰ ਇਲਾਜ ਬਾਰੇ ਇੱਕ ਵਿਸ਼ੇਸ਼ਗਿਆਨ ਲੈਕਚਰ ਸੁਣਨ ਦਾ ਮੌਕਾ ਮਿਲਿਆ।ਇਸ ਸੈਸ਼ਨ ਦੌਰਾਨ ਅਧੁਨਿਕ ਜਾਂਚ ਅਤੇ ਇਲਾਜ ਤਕਨੀਕਾਂ, ਮਰੀਜ਼ ਪ੍ਰਬੰਧਨ ਵਿਧੀਆਂ ਅਤੇ ਓਨਕੋਲੋਜੀ ਸੇਵਾ ਵਿੱਚ ਐਲਾਇਡ ਹੈਲਥ ਪ੍ਰੋਫੈਸ਼ਨਲਜ਼ ਦੀ ਵੱਧਦੀ ਭੂਮਿਕਾ ਬਾਰੇ ਮਹੱਤਵਪੂਰਨ ਜਾਣਕਾਰੀ ਦਿੱਤੀ ਗਈ। ਵਿਦਿਆਰਥੀਆਂ ਨੂੰ ਅਸਲੀ ਸਮੇਂ ਦੀਆਂ ਕਲਿਨਿਕਲ ਪ੍ਰਕਿਰਿਆਵਾਂ ਦੇਖਣ ਦਾ ਮੌਕਾ ਮਿਲਿਆ, ਜਿਸ ਨਾਲ ਸਿਧਾਂਤਕ ਗਿਆਨ ਅਤੇ ਪ੍ਰਯੋਗਿਕ ਤਜਰਬੇ ਵਿਚਕਾਰ ਦਾ ਫ਼ਾਸਲਾ ਘੱਟ ਹੋਇਆ ਇਸ ਸਮਾਗਮ ਵਿੱਚ ਚਾਂਸਲਰ ਚਰਨਜੀਤ ਸਿੰਘ ਚੰਨੀ, ਪ੍ਰੋ ਵਾਈਸ ਚਾਂਸਲਰ ਡਾ. ਸਿਮਰਨਜੀਤ ਕੌਰ ਗਿੱਲ, ਰਜਿਸਟ੍ਰਾਰ ਸੰਜੇ ਖੰਡੂਰੀ, ਡਾਇਰੈਕਟਰ ਸਟੂਡੈਂਟ ਵੈਲਫੇਅਰ ਇੰਜੀਨੀਅਰ ਦਵਿੰਦਰ ਸਿੰਘ ਅਤੇ ਪ੍ਰਿੰਸੀਪਲ, ਸਕੂਲ ਆਫ ਐਲਾਇਡ ਹੈਲਥ ਸਾਇੰਸਿਜ਼, ਡਾ. ਸੈਂਪੀ ਦੁੱਗਲ ਦੀ ਗਰਿਮਾਮਈ ਹਾਜ਼ਰੀ ਰਹੀ। ਉਨ੍ਹਾਂ ਦੇ ਮਾਰਗਦਰਸ਼ਨ ਅਤੇ ਉਤਸ਼ਾਹ ਨੇ ਵਿਦਿਆਰਥੀਆਂ ਦਾ ਹੌਸਲਾ ਵਧਾਇਆ। ਇਸ ਮੌਕੇ 'ਤੇ ਟਿੱਪਣੀ ਕਰਦੇ ਹੋਏ ਚਾਂਸਲਰ ਚਰਨਜੀਤ ਸਿੰਘ ਚੰਨੀ ਨੇ ਕਿਹਾ ਕੈਂਸਰ ਜਾਗਰੂਕਤਾ ਸਿਰਫ਼ ਇੱਕ ਦਿਨ ਤੱਕ ਸੀਮਿਤ ਨਹੀਂ ਹੈਇਹ ਇੱਕ ਲਗਾਤਾਰ ਜ਼ਿੰਮੇਵਾਰੀ ਹੈ। ਅਜਿਹੀਆਂ ਪਹਿਲਾਂ ਰਾਹੀਂ ਸੀ ਟੀ ਯੂਨੀਵਰਸਿਟੀ ਸਮਾਜ ਨੂੰ ਸਿੱਖਿਆ ਦੇਣ, ਵਿਦਿਆਰਥੀਆਂ ਨੂੰ ਸਸ਼ਕਤ ਬਣਾਉਣ ਅਤੇ ਜਨਤਕ ਸਿਹਤ ਵਿੱਚ ਮਹੱਤਵਪੂਰਨ ਯੋਗਦਾਨ ਪਾਉਣ ਦੀ ਕੋਸ਼ਿਸ਼ ਕਰਦੀ ਹੈ। ਸਾਡੇ ਵਿਦਿਆਰਥੀ ਸਿਰਫ਼ ਸਿੱਖਣ ਵਾਲੇ ਨਹੀਂ, ਸਗੋਂ ਇੱਕ ਸਿਹਤਮੰਦ ਭਵਿੱਖ ਲਈ ਕੰਮ ਕਰਨ ਵਾਲੇ ਜ਼ਿੰਮੇਵਾਰ ਨਾਗਰਿਕ ਹਨ। ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਨੇ ਕਿਹਾ ਸੀਟੀਯੂ ਵਿੱਚ ਅਸੀਂ ਸਿੱਖਿਆ ਨੂੰ ਸਮਾਜਿਕ ਜ਼ਿੰਮੇਵਾਰੀ ਨਾਲ ਜੋੜਨ 'ਤੇ ਪੂਰਾ ਵਿਸ਼ਵਾਸ ਰੱਖਦੇ ਹਾਂ।

# ਲੁਧਿਆਣਾ ਦਿਹਾਤੀ ਦੇ ਸੀ.ਆਈ.ਏ. ਸਟਾਫ਼ ਵੱਲੋਂ ਹੈਰੋਇਨ ਸਮੇਤ ਚਾਰ ਮੁਲਜ਼ਮ ਕਾਬੂ



ਜਗਰਾਉ 4 ਫਰਵਰੀ (ਵਿਸ਼ਾਲ ਅੱਤਰੇ/ਆਰੀਅਨ ਅੱਤਰੇ) ਜਗਰਾਓ ਦੇ ਐਸਐਸਪੀ ਡਾ. ਅੰਕੁਰ ਗੁਪਤਾ, ਆਈ.ਪੀ.ਐਸ, ਨੇ ਦੱਸਿਆ ਗਿਆ ਕਿ ਰਾਜਨ ਸ਼ਰਮਾ ਪੀ.ਪੀ.ਐਸ, ਕਪਤਾਨ ਪੁਲਿਸ(ਡੀ), ਲੁਧਿਆਣਾ (ਦਿਹਾਤੀ) ਦੇ ਦਿਸ਼ਾ ਨਿਰਦੇਸ਼ਾਂ ਤੇ ਕੁਲਵੰਤ ਸਿੰਘ ਪੀ.ਪੀ.ਐਸ., ਡੀ.ਐਸ.ਪੀ(ਡੀ), ਲੁਧਿਆਣਾ (ਦਿਹਾਤੀ), ਇੰਸ: ਅੰਮ੍ਰਿਤਪਾਲ ਸਿੰਘ, ਇੰਚਾਰਜ ਸੀ.ਆਈ.ਏ ਸਟਾਫ, ਜਗਰਾਉਂ ਦੀ ਯੋਗ ਅਗਵਾਈ ਅਧੀਨ ਅਤੇ ਹਰਜਿੰਦਰ ਸਿੰਘ ਪੀ.ਪੀ.ਐਸ, ਡੀ.ਐਸ.ਪੀ ਰਾਏਕੋਟ ਦੀ ਹਾਜ਼ਰੀ ਵਿੱਚ ਥਾਣੇਦਾਰ ਸੁਖਦੇਵ ਸਿੰਘ ਸੀ.ਆਈ.ਏ. ਸਟਾਫ ਜਗਰਾਓ ਵੱਲੋਂ ਸ਼ਲਾਘਾਯੋਗ ਕੰਮ ਕਰਦੇ ਹੋਏ ਚਾਰ ਵਿਅਕਤੀਆਂ ਨੂੰ ਇੱਕ ਸਵਿਫਟ ਕਾਰ ਰੰਗ ਚਿੱਟਾ ਸਮੇਤ 03 ਕਿੱਲੋ 34 ਗਰਾਮ ਹੈਰੋਇਨ ਸਮੇਤ 30 ਹਜਾਰ ਰੁਪਏ ਡਰਗ ਮਨੀ, ਇੱਕ .32 ਬੋਰ ਦਾ ਪਿਸਟਲ ਸਮੇਤ ਮੈਗਜ਼ੀਨ ਅਤੇ ਦੋ ਜਿੰਦਾ ਕਾਰਤੂਸ .32 ਬੋਰ ਬਰਾਮਦ ਕੀਤੀ ਗਏ ਹਨ। ਇੱਥੇ ਇਹ ਜਿਕਰਯੋਗ ਹੈ ਕਿ ਥਾਣੇਦਾਰ ਸੁਖਦੇਵ ਸਿੰਘ ਸਮੇਤ ਪੁਲਿਸ ਪਾਰਟੀ ਦੇ ਮੌਜੂਦ ਸੀ ਤਾਂ ਉਸ ਪਾਸ ਮੁਖਬਰੀ ਹੋਈ ਸੀ ਕਿ ਜਸਵਿੰਦਰ ਸਿੰਘ , ਪ੍ਰਿੰਸ , ਰਾਹੁਲ ਹਰਪ੍ਰੀਤ ਸਿੰਘ ਵੱਡੇ ਪੱਧਰ ਤੇ ਹੈਰੋਇਨ ਵੇਚਣ ਦਾ ਕੰਮ ਕਰਦੇ ਹਨ ਅਤੇ ਇਹਨਾ ਪਾਸ ਅਸਲਾ ਵੀ ਹੁੰਦਾ ਹੈ। ਚਾਰੋ ਜਣੇ ਅੱਜ ਵੀ ਆਪਣੀ ਸਵਿਫਟ ਕਾਰ ਪਰ ਸਵਾਰ ਹੋ ਕੇ ਹੈਰੋਇਨ ਵੇਚਣ ਲਈ ਪਿੰਡ ਨੂਰਪੁਰਾ ਹੁੰਦੇ ਹੋਏ ਪਿੰਡ ਤਲਵੰਡੀ ਰਾਏ ਵਾਲੀ ਸਾਈਡ ਆ ਰਹੇ ਹਨ। ਪੁਲਿਸ ਨੇ ਨਾਕਾਬੰਦੀ ਦੇ ਦੌਰਾਨ ਜਸਵਿੰਦਰ ਸਿੰਘ, ਰਾਹੁਲ , ਪ੍ਰਿੰਸ ਅਤੇ ਹਰਪ੍ਰੀਤ ਸਿੰਘ ਨੂੰ ਕਾਬੂ ਕਰਕੇ ਡੀਐਸਪੀ ਹਰਜਿੰਦਰ ਸਿੰਘ (ਰਾਏਕੋਟ) ਦੀ ਹਾਜਰੀ ਵਿੱਚ 03 ਕਿੱਲੋ 34 ਹੈਰੋਇਨ ਸਮੇਤ 30 ਹਜਾਰ ਰੁਪਏ ਡਰੱਗ ਮਨੀ ਅਤੇ ਇੱਕ .32 ਬੋਰ ਦਾ ਪਿਸਟਲ ਸਮੇਤ ਮੈਗਜ਼ੀਨ ਅਤੇ ਦੋ ਜਿੰਦਾ ਕਾਰਤੂਸ .32 ਬੋਰ ਬਰਾਮਦ ਕੀਤੇ ਗਏ। ਪੁਛਗਿੱਛ ਦੌਰਾਨ ਇਹ ਮੰਨਿਆ ਹੈ ਕਿ ਪਹਿਲਾਂ ਵੀ ਬਹੁਤ ਭਾਰੀ ਮਾਤਰਾ ਵਿੱਚ ਹੈਰੋਇਨ ਪਾਕਿਸਤਾਨ ਤੋਂ ਮੰਗਵਾ ਕੇ ਜਗਰਾਓ, ਰਾਏਕੋਟ ਅਤੇ ਮੁੱਲਾਂਪੁਰ ਏਰੀਏ ਵਿੱਚ ਸਪਲਾਈ ਕਰ ਚੁੱਕੇ ਹਨ। ਉਕਤਾਨ ਚਾਰੋਂ ਦੋਸ਼ੀਆਂ ਨੂੰ ਅੱਜ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ, ਜਿਸ ਦੌਰਾਨ ਉਨ੍ਹਾ ਵੱਲੋਂ ਇਹ ਹੈਰੋਇਨ ਕਿੱਥੋਂ ਲਿਆਂਦੀ ਜਾਂਦੀ ਸੀ ਅਤੇ ਅੱਗੇ ਕਿਸ ਕਿਸ ਨੂੰ ਸਪਲਾਈ ਕੀਤੀ ਜਾਂਦੀ ਸੀ, ਇਸ ਸਬੰਧੀ ਸਖਤੀ ਨਾਲ ਪੁੱਛਗਿਛ ਕੀਤੀ ਜਾਵੇਗੀ, ਜਿਸਤੇ ਹੋਰ ਵੀ ਖੁਲਾਸੇ ਹੋਣ ਦੀ ਉਮੀਦ ਹੈ। ਇੱਥੇ ਇਹ ਵੀ ਜਿਕਰਯੋਗ ਹੈ ਕਿ ਜਸਵਿੰਦਰ ਸਿੰਘ ਪਹਿਲਾਂ ਵੀ ਤਿੰਨ ਮੁਕਦਮਿਆਂ ਵਿੱਚ ਲੋੜੀਦਾ ਸੀ ਅਤੇ ਦੇਵ ਕੁਮਾਰ ਉਰਫ ਰਾਹੁਲ ਸਾਲ 2024 ਪਹਿਲਾ ਵੀ ਭਾਰੀ ਮਾਤਰਾ ਹੈਰੋਇਨ ਬ੍ਰਾਮਦ ਹੋ ਚੁੱਕੀ ਹੈ।

# ਮਜੀਠੀਆ ਦੇ ਬਾਹਰ ਆਉਣ ਨਾਲ ਅਕਾਲੀ ਦਲ ਹੋਰ ਮਜਬੂਤ ਹੋਵੇਗਾ: ਢਿੱਲੋਂ, ਭਿੰਦਾ



ਲੁਧਿਆਣਾ 4 ਫਰਵਰੀ (ਰਵਿੰਦਰ ਸਿੰਘ ਨਿੱਝਰ)- ਬਿਕਰਮ ਸਿੰਘ ਮਜੀਠੀਆ ਦੀ ਰਿਹਾਈ 'ਤੇ ਸ਼੍ਰੋਮਣੀ ਅਕਾਲੀ ਦਲ ਲੁਧਿਆਣਾ ਸ਼ਹਿਰੀ ਦੇ ਪ੍ਰਧਾਨ ਭੁਪਿੰਦਰ ਸਿੰਘ ਭਿੰਦਾ ਅਤੇ ਸੀਨੀਅਰ ਅਕਾਲੀ ਆਗੂ ਰਣਜੀਤ ਸਿੰਘ ਢਿੱਲੋਂ ਨੇ ਮਜੀਠੀਆ ਨੂੰ ਮਿਲ ਕੇ ਜਿੱਥੇ ਵਧਾਈਆਂ ਦਿੱਤੀਆਂ ਉੱਥੇ ਹੀ ਉਨ੍ਹਾਂ ਦਾ ਸਵਾਗਤ ਵੀ ਕੀਤਾ। ਜਿਸ ਦੌਰਾਨ ਉਨ੍ਹਾਂ ਮੀਡੀਆ ਦੇ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਬਿਕਰਮ ਮਜੀਠੀਆ ਨੂੰ ਲੰਬੇ ਸਮੇਂ ਤੱਕ ਰਾਜਨੀਤਿਕ ਬਦਲੇ ਦੀ ਭਾਵਨਾ ਹੇਠ ਨਿਸ਼ਾਨਾ ਬਣਾਇਆ ਗਿਆ, ਪਰ ਸੱਚ ਆਖ਼ਰਕਾਰ ਸਾਹਮਣੇ ਆ ਕੇ ਰਹਿੰਦਾ ਹੈ। ਉਨ੍ਹਾਂ ਕਿਹਾ ਕਿ ਮਜੀਠੀਆ ਦੀ ਜ਼ਮਾਨਤ ਇਸ ਗੱਲ ਦਾ ਸਬੂਤ ਹੈ ਕਿ ਅਕਾਲੀ ਦਲ ਦੇ ਆਗੂਆਂ ਨੂੰ ਝੂਠੇ ਮਾਮਲਿਆਂ ਵਿੱਚ ਫਸਾ ਕੇ ਦਬਾਇਆ ਨਹੀਂ ਜਾ ਸਕਦਾ। ਬੇਸ਼ੱਕ ਸਰਕਾਰ ਵੱਲੋਂ ਵਿਰੋਧੀ ਆਵਾਜ਼ਾਂ ਨੂੰ ਕੁਚਲਣ ਲਈ ਸੱਤਾ ਦਾ ਦੁਰ-ਉਪਯੋਗ ਕੀਤਾ ਗਿਆ, ਪਰ ਅਦਾਲਤਾਂ ਨੇ ਇਨਸਾਫ਼ ਦੀ ਲਾਜ ਰੱਖੀ ਹੈ। ਅਸੀਂ ਹਮੇਸ਼ਾ ਕਾਨੂੰਨ 'ਤੇ ਭਰੋਸਾ ਕੀਤਾ ਹੈ ਅਤੇ ਅੱਜ ਉਹ ਭਰੋਸਾ ਸਹੀ ਸਾਬਤ ਹੋਇਆ ਹੈ, ਉਨ੍ਹਾਂ ਕਿਹਾ ਕਿ ਬਿਕਰਮ ਮਜੀਠੀਆ ਨੇ ਹਮੇਸ਼ਾ ਪੰਜਾਬ ਦੇ ਮੁੱਦਿਆਂ—ਕਿਸਾਨੀ ਹੱਕਾਂ, ਬੇਰੁਜ਼ਗਾਰੀ, ਨੌਜਵਾਨੀ ਅਤੇ ਪੰਜਾਬ ਦੇ ਮੁੱਦਿਆਂ ਦੀ ਆਵਾਜ਼ ਬੁਲੰਦ ਕੀਤੀ ਹੈ। ਉਨ੍ਹਾਂ ਦੇ ਬਾਹਰ ਆਉਣ ਨਾਲ ਅਕਾਲੀ ਦਲ ਹੋਰ ਮਜ਼ਬੂਤੀ ਨਾਲ ਪੰਜਾਬ ਦੀ ਸੇਵਾ ਲਈ ਸਮਰਪਿਤ ਹੋਵੇਗਾ। ਭੁਪਿੰਦਰ ਭਿੰਦਾ ਨੇ ਕਿਹਾ ਕਿ ਟਾਈਗਰ ਹਾਲੇ ਜਿੰਦਾ ਹੈ ਜਿਹੇ ਜੋਸ਼ੀਲੇ ਬੋਲਾਂ ਦੇ ਨਾਲ ਮਜੀਠੀਆ ਨੇ ਵਰਕਰਾਂ ਦੇ ਵਿੱਚ ਨਵਾਂ ਜੋਸ਼ ਭਰ ਦਿੱਤਾ ਤੇ ਇਹ ਰਿਹਾਈ ਸਿਰਫ਼ ਇਕ ਵਿਅਕਤੀ ਦੀ ਨਹੀਂ, ਸਗੋਂ ਪੰਜਾਬ ਦੇ ਲੋਕਤੰਤਰ ਅਤੇ ਨਿਆਂ ਪ੍ਰਣਾਲੀ ਦੀ ਜਿੱਤ ਹੈ। ਅਸੀਂ ਸੱਚ ਦੇ ਰਾਹ 'ਤੇ ਡਟੇ ਰਹਾਂਗੇ ਅਤੇ ਪੰਜਾਬ ਦੀ ਅਵਾਜ਼ ਨੂੰ ਹਰ ਮੰਚ 'ਤੇ ਉਠਾਉਂਦੇ ਰਹਾਂਗੇ। ਇਸ ਮੌਕੇ ਉਨ੍ਹਾਂ ਦੇ ਨਾਲ ਪਰਮਜੀਤ ਸਿੰਘ ਢਿੱਲੋਂ ਵੀ ਹਾਜ਼ਰ ਰਹੇ।

# ਗਲਾਡਾ ਨੇ ਤਿੰਨ ਅਣਅਧਿਕਾਰਤ ਕਾਲੋਨੀਆਂ ਨੂੰ ਢਾਹਿਆ




ਲੁਧਿਆਣਾ,4 ਫਰਵਰੀ (ਵਿਸ਼ਾਲ ਸ਼ਰਮਾ) ਪੰਜਾਬ ਦੇ ਮਕਾਨ ਅਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆਂ ਅਤੇ ਗਲਾਡਾ ਦੇ ਮੁੱਖ ਪ੍ਰਸ਼ਾਸਕ ਸੰਦੀਪ ਕੁਮਾਰ ਦੇ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਇਸਦੇ ਰੈਗੂਲੇਟਰੀ ਵਿੰਗ ਨੇ ਬੁੱਧਵਾਰ ਨੂੰ ਪਿੰਡ ਮਾਣਕਵਾਲ ਅਤੇ ਮਹਿਮੂਦਪੁਰਾ ਵਿੱਚ ਤਿੰਨ ਅਣਅਧਿਕਾਰਤ ਕਲੋਨੀਆਂ ਨੂੰ ਢਾਹਿਆ।

ਡਿਵੈਲਪਰਾਂ ਨੇ ਨੋਟਿਸ ਦੇਣ ਦੇ ਬਾਵਜੂਦ ਗੈਰ-ਕਾਨੂੰਨੀ ਉਸਾਰੀ ਦਾ ਕੰਮ ਨਹੀਂ ਰੋਕਿਆ। ਇੱਕ ਵਿਸ਼ੇਸ਼ ਟੀਮ ਨੇ ਸੀਲਿੰਗ ਮੁਹਿੰਮ ਚਲਾਈ ਜੋ ਬਿਨਾਂ ਕਿਸੇ ਵਿਰੋਧ ਦੇ ਹੋਈ। ਗਲਾਡਾ ਨੇ ਡਿਵੈਲਪਰਾਂ ਵਿਰੁੱਧ ਕਾਨੂੰਨੀ ਕਾਰਵਾਈ ਦੀ ਵੀ ਸਿਫਾਰਸ਼ ਕੀਤੀ ਹੈ। ਇੱਕ ਬੁਲਾਰੇ ਨੇ ਕਿਹਾ ਕਿ ਗੈਰ-ਕਾਨੂੰਨੀ ਕਲੋਨੀਆਂ ਤੇ ਵਿਸ਼ੇਸ਼ ਧਿਆਨ ਕੇਂਦ੍ਰਤ ਕਰਦੇ ਹੋਏ ਅਣਅਧਿਕਾਰਤ ਅਤੇ ਗੈਰ-ਯੋਜਨਾਬੱਧ ਵਿਕਾਸ ਵਿਰੁੱਧ ਜ਼ੀਰੋ ਸਹਿਣਸ਼ੀਲਤਾ ਅਪਣਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਲੋਕਾਂ ਵਿਰੁੱਧ ਸਜ਼ਾਯੋਗ ਕਾਰਵਾਈ ਕਰਨ ਲਈ ਇੱਕ ਵਿਸ਼ੇਸ਼ ਮੁਹਿੰਮ ਵੀ ਸ਼ੁਰੂ ਕੀਤੀ ਗਈ ਹੈ ਜੋ ਇਨ੍ਹਾਂ ਅਣਅਧਿਕਾਰਤ ਕਲੋਨੀਆਂ ਵਿੱਚ ਸਸਤੇ ਪਲਾਟ ਦੇਣ ਦੀ ਆੜ ਵਿੱਚ ਮਾਸੂਮ ਵਸਨੀਕਾਂ ਨੂੰ ਠੱਗ ਰਹੇ ਸਨ ਜਿਨ੍ਹਾਂ ਕੋਲ ਕਾਨੂੰਨੀ ਪ੍ਰਵਾਨਗੀ ਅਤੇ ਸਰਕਾਰੀ ਨਿਯਮਾਂ ਦੀ ਪਾਲਣਾ ਦੀ ਘਾਟ ਸੀ। ਮੁੱਖ ਪ੍ਰਸ਼ਾਸਕ ਸੰਦੀਪ ਕੁਮਾਰ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਅਣਅਧਿਕਾਰਤ ਕਲੋਨੀਆਂ ਵਿੱਚ ਜਾਇਦਾਦ, ਪਲਾਟ, ਇਮਾਰਤਾਂ ਨਾ ਖਰੀਦਣ ਕਿਉਂਕਿ ਗਲਾਡਾ ਪਾਣੀ ਦੀ ਸਪਲਾਈ, ਸੀਵਰੇਜ, ਬਿਜਲੀ ਕੁਨੈਕਸ਼ਨ ਆਦਿ ਵਰਗੀ ਕੋਈ ਸਹੂਲਤ ਪ੍ਰਦਾਨ ਨਹੀਂ ਕਰੇਗਾ। ਉਨ੍ਹਾਂ ਅੱਗੇ ਕਿਹਾ ਕਿ ਪ੍ਰਵਾਨਿਤ ਅਤੇ ਨਿਯਮਤ ਕਲੋਨੀਆਂ ਦੀ ਸੂਚੀ ਉਨ੍ਹਾਂ ਦੇ ਪ੍ਰਵਾਨਿਤ ਨਕਸ਼ਿਆਂ ਦੇ ਨਾਲ ਗਲਾਡਾ ਦੀ ਅਧਿਕਾਰਤ ਵੈੱਬਸਾਈਟ ਤੇ ਉਪਲਬਧ ਹੈ, ਜਿਸਦੀ ਸੰਭਾਵੀ ਖਰੀਦਦਾਰ ਕੋਈ ਵੀ ਜਾਇਦਾਦ ਖਰੀਦਣ ਤੋਂ ਪਹਿਲਾਂ ਜਾਂਚ ਕਰ ਸਕਦੇ ਹਨ।

# ਆਰ.ਐਸ.ਐਸ. ਮੁਖੀ ਮੋਹਨ ਭਾਗਵਤ ਵਿਰੁੱਧ ਐਫ਼.ਆਈ.ਆਰ. ਦਰਜ ਕਰਨ ਦੀ ਮੰਗ



ਲੁਧਿਆਣਾ 4 ਫਰਵਰੀ (ਰਵਿੰਦਰ ਸਿੰਘ ਨਿੱਝਰ) ਬ੍ਰਾਹਮਣ ਮਹਾਂਸਭਾ ਲੁਧਿਆਣਾ ਦੇ ਸਕੱਤਰ ਤੇ ਉੱਘੇ ਵਕੀਲ ਵਿਜੇ ਕੁਮਾਰ ਸ਼ਰਮਾ ਨੇ ਪੁਲਿਸ ਕਮਿਸ਼ਨਰ ਲੁਧਿਆਣਾ ਨੂੰ ਇੱਕ ਪੱਤਰ ਲਿਖ ਕੇ ਮੰਗ ਕੀਤੀ ਹੈ ਕਿ ਆਰਐਸਐਸ ਦੇ ਮੁਖੀ ਮੋਹਨ ਭਾਗਵਤ ਵਿਰੁੱਧ ਐਫਆਈਆਰ ਦਰਜ ਕੀਤੀ ਜਾਵੇ ਕਿਉਂਕਿ ਉਸ ਨੇ ਇੱਕ ਭਾਸ਼ਣ ਦੌਰਾਨ ਆਖਿਆ ਹੈ ਕਿ ਜਾਤ ਪਾਤ ਬ੍ਰਾਹਮਣਾਂ ਨੇ ਬਣਾਈ ਹੈ। ਸ੍ਰੀ ਸ਼ਰਮਾ ਅਨੁਸਾਰ ਮੋਹਨ ਭਾਗਵਤ ਦੇ ਇਸ ਬਿਆਨ ਨਾਲ ਬ੍ਰਾਹਮਣ ਬਿਰਾਦਰੀ ਵਿੱਚ ਨਿਰਾਸ਼ਾ ਫੈਲ ਗਈ ਹੈ ਅਤੇ ਉਨਾਂ ਦੀਆਂ ਭਾਵਨਾਵਾਂ ਨੂੰ ਡੂੰਘੀ ਸੱਟ ਵੱਜੀ ਹੈ। ਉਹਨਾਂ ਲਿਖਿਆ ਹੈ ਕਿ ਉਕਤ ਭਾਸ਼ਣ ਕਈ ਪ੍ਰਮੁੱਖ ਅਖ਼ਬਾਰਾਂ, ਇਲੈਕਟ੍ਰਾਨਿਕ ਮੀਡੀਆ, ਸੋਸ਼ਲ ਮੀਡੀਆ ਪਲੇਟਫਾਰਮਾਂ ਅਤੇ ਵੀਡੀਓਜ਼ ਰਾਹੀਂ ਵਿਆਪਕ ਤੌਰ ਤੇ ਪ੍ਰਕਾਸ਼ਿਤ ਅਤੇ ਪ੍ਰਸਾਰਿਤ ਕੀਤਾ ਗਿਆ ਹੈ। ਉਹਨਾਂ ਲਿਖਿਆ ਹੈ ਕਿ ਕਥਿਤ ਦੋਸ਼ੀ ਨੇ ਭਾਸ਼ਣ ਦੌਰਾਨ ਅਜਿਹੇ ਸ਼ਬਦਾਂ ਦੀ ਵਰਤੋਂ ਕੀਤੀ ਹੈ ਜੋ ਪੂਰੇ ਬ੍ਰਾਹਮਣ ਭਾਈਚਾਰੇ ਪ੍ਰਤੀ ਭ ੜ ਕ ਾ ਉ ੂ , ਅਪਮਾਨਜਨਕ, ਅਤੇ ਅਪਮਾਨਜਨਕ ਕਹੇ ਜਾ ਸਕਦੇ ਹਨ। ਸ੍ਰੀ ਭਾਗਵਤ ਨੇ ਕਿਹਾ ਹੈ ਕਿ ਜਾਤ ਪਾਤ ਬ੍ਰਾਹਮਣ ਸਮਾਜ ਦੁਆਰਾ ਬਣਾਇਆ ਗਿਆ ਹੈ। ਵਿਜੇ ਸ਼ਰਮਾ ਅਨਸਾਰ ਇਸ ਨਾਲ ਲੁਧਿਆਣਾ ਸਮੇਤ ਦੇਸ਼ ਭਰ ਵਿੱਚ ਬ੍ਰਾਹਮਣਾਂ ਦੀਆਂ ਧਾਰਮਿਕ ਅਤੇ ਭਾਈਚਾਰਕ ਭਾਵਨਾਵਾਂ ਨੂੰ ਵਿਆਪਕ ਠੇਸ ਪਹੁੰਚੀ ਹੈ। ਸ੍ਰੀ ਸ਼ਰਮਾ ਅਨੁਸਾਰ ਬ੍ਰਾਹਮਣ ਭਾਈਚਾਰੇ ਦੀ ਪਛਾਣ ਅਤੇ ਪਰੰਪਰਾਵਾਂ ਦਾ ਅਪਮਾਨ ਕਰਕੇ ਉਨ੍ਹਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਭੜਕਾਇਆ ਜਾਂ ਭੜਕਾਉਣ ਦੀ ਕੋਸ਼ਿਸ਼ ਕੀਤੀ ਗਈ ਹੈ। ਭਾਰਤੀ ਨਿਆਏ ਸੰਹਿਤਾ, 2023 ਦੀ ਧਾਰਾ 196 (ਧਰਮ, ਨਸਲ, ਜਨਮ ਸਥਾਨ, ਨਿਵਾਸ, ਭਾਸ਼ਾ, ਜਾਤ, ਭਾਈਚਾਰੇ, ਆਦਿ ਦੇ ਆਧਾਰ 'ਤੇ ਵੱਖ-ਵੱਖ ਸਮੂਹਾਂ ਵਿਚਕਾਰ ਦੁਸ਼ਮਣੀ ਨੂੰ ਉਤਸ਼ਾਹਿਤ ਕਰਨਾ, ਅਤੇ ਸਦਭਾਵਨਾ ਬਣਾਈ ਰੱਖਣ ਲਈ ਪੱਖਪਾਤੀ ਕੰਮ ਕਰਨਾ), ਭਾਰਤੀ ਨਿਆਏ ਸੰਹਿਤਾ, 2023 ਦੀ ਧਾਰਾ 299 (ਜਾਣਬੁੱਝ ਕੇ ਅਤੇ ਦੁਰਾਚਾਰੀ ਕਾਰਵਾਈਆਂ, ਕਿਸੇ ਵੀ ਵਰਗ ਦੀਆਂ ਧਾਰਮਿਕ ਭਾਵਨਾਵਾਂ ਨੂੰ ਭੜਕਾਉਣ ਦੇ ਇਰਾਦੇ ਨਾਲ, ਉਸਦੇ ਧਰਮ ਜਾਂ ਧਾਰਮਿਕ ਵਿਸ਼ਵਾਸਾਂ ਦਾ ਅਪਮਾਨ ਕਰਕੇ), ਜੇਕਰ ਵਿਆਖਿਆ ਦੇ ਆਧਾਰ ਤੇ ਲਾਗੂ ਹੋਵੇ। ਇਸ ਵਿੱਚ ਜਨਤਕ ਸ਼ਾਂਤੀ ਭੰਗ ਕਰਨ, ਫਿਰਕੂ ਤਣਾਅ ਪੈਦਾ ਕਰਨ ਅਤੇ ਅਸ਼ਾਂਤੀ ਭੜਕਾਉਣ ਦੀ ਸਮਰੱਥਾ ਦੇਖੀ ਜਾ ਰਹੀ ਹੈ ਹੈ। ਉਹਨਾਂ ਮੰਗ ਕੀਤੀ ਹੈ ਕਿ ਬੇਸ਼ੱਕ ਮਾਮਲੇ ਦੀ ਜਾਂਚ ਕਰਵਾ ਲਈ ਜਾਵੇ ਅਤੇ ਕਥਿਤ ਦੋਸ਼ੀ ਮੋਹਣ ਭਾਗਵਤ ਵਿਰੁੱਧ ਸਖਤ ਧਰਾਵਾਂ ਹੇਠ ਐਫ ਆਈ ਆਰ ਦਰਜ ਕੀਤੀ ਕਰਕੇ ਬ੍ਰਾਹਮਣ ਬਿਰਾਦਰੀ ਦੀਆਂ ਭਾਵਨਾਵਾਂ ਦੀ ਕਦਰ ਕੀਤੀ ਜਾਵੇ।

# ਕੀਰਤਨ ਸਮਾਗਮ ਵਿੱਚ ਭਾਈ ਸੰਦੀਪ ਸਿੰਘ ਦੇ ਜਥੇ ਨੇ ਹਾਜ਼ਰੀ ਭਰੀ



ਲੁਧਿਆਣਾ, 4 ਫਰਵਰੀ (ਰਵਿੰਦਰ ਸਿੰਘ ਨਿੱਝਰ) : ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਨਸ਼ਨ ਵਿਖੇ ਬੀਤੀ ਰਾਤ ਗੁਰ ਦਸ਼ਮੇਸ਼ ਸੇਵਾ ਸੁਸਾਇਟੀ ਵੱਲੋਂ ਕੀਰਤਨ ਸਮਾਗਮ ਕਰਵਾਇਆ ਗਿਆ।ਜਿਸ ਵਿੱਚ ਆਪਣੇ ਕੀਰਤਨੀ ਜੱਥੇ ਸਮੇਤ ਹਾਜ਼ਰੀ ਭਰਨ ਲਈ ਪੁੱਜੇ ਭਾਈ ਸੰਦੀਪ ਸਿੰਘ ਜੀ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆਂ ਦੇ ਕੀਰਤਨੀ ਜੱਥੇ ਨੇ ਗੁਰਬਾਣੀ ਦਾ ਇਲਾਹੀ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਇੰਦਰਬੀਰ ਸਿੰਘ ਬੱਤਰਾ, ਹਰਪਾਲ ਸਿੰਘ ਬੱਤਰਾ,ਰਜਿੰਦਰ ਸਿੰਘ ਡੰਗ, ਸਰਬਜੀਤ ਸਿੰਘ ਦਸ਼ਮੇਸ਼ ਪੰਪ ਵਾਲੇ, ਬਲਬੀਰ ਸਿੰਘ ਭਾਟੀਆ, ਹਰਪਾਲ ਸਿੰਘ ਖਾਲਸਾ, ਭੁਪਿੰਦਰ ਸਿੰਘ ਜੁਨੇਜਾ, ਐਨ.ਪੀ ਸਿੰਘ ਕਥੂਰੀਆਂ, ਰਘਬੀਰ ਸਿੰਘ, ਮਹਿੰਦਰ ਸਿੰਘ ਡੰਗ, ਹਰਮੀਤ ਸਿੰਘ ਡੰਗ, ਗੁਰਬਚਨ ਸਿੰਘ, ਅਤੱਰ ਸਿੰਘ ਮਕੱੜ, ਅਵਤਾਰ ਸਿੰਘ ਮਿੱਢਾ, ਹਰਪ੍ਰੀਤ ਸਿੰਘ ਨੀਟਾ, ਦਵਿੰਦਰ ਸਿੰਘ ਬਿੱਟੂ ,ਹਰਚਰਨ ਸਿੰਘ ਕਾਲੜਾ, ਕਵੰਲਪ੍ਰੀਤ ਸਿੰਘ ਸੋਢੀ, ਇੰਦਰਜੀਤ ਸਿੰਘ ਛਾਬੜਾ, ਵਿਜੈ ਕੁਮਾਰ ਸੂਦ, ਜੋਗਿੰਦਰ ਸਿੰਘ ਸਲੂਜਾ ਵੀ ਹਾਜਰ ਸਨ ।

# ਸਿੱਖ ਨੌਜਵਾਨ 'ਤੇ ਤਸ਼ੱਦਦ ਕਰਨ ਵਾਲੇ ਪੁਲਿਸ ਅਧਿਕਾਰੀਆਂ ਨੂੰ ਸਖ਼ਤ ਸਜ਼ਾ ਦਵਾਉਣ ਲਈ ਕੌਮੀ ਮਨੁੱਖੀ ਅਧਿਕਾਰ ਕਮਿਸ਼ਨ ਨੂੰ ਪੱਤਰ



ਲੁਧਿਆਣਾ 4 ਫਰਵਰੀ (ਰਵਿੰਦਰ ਸਿੰਘ ਨਿੱਝਰ) : ਹਿਊਮਨ ਰਾਈਟਸ ਕੌਂਸਲ ਇੰਡੀਆ ਦੇ ਕੌਮੀ ਪ੍ਰਧਾਨ ਆਰਤੀ ਰਾਜਪੂਤ ਦੀ ਸਰਪ੍ਰਸਤੀ ਹੇਠ ਕੌਂਸਲ ਦੀ ਪੰਜਾਬ ਇਕਾਈ ਦੇ ਕਾਰਜਕਾਰੀ ਪ੍ਰਧਾਨ ਸਤਵਿੰਦਰ ਸਿੰਘ ਮਠਾੜੂ, ਐਂਟੀ ਕੁਰੱਪਸ਼ਨ ਵਿੰਗ ਦੇ ਕੌਮੀ ਪ੍ਰਧਾਨ ਅਤੁਲ ਕਪੂਰ, ਰਕੇਸ਼ ਗੋਇਲ, ਵਿਵੇਕ ਬਖਸ਼ੀ ਅਤੇ ਅਤੇ ਉਸਦੇ ਸਾਥੀਆਂ ਨੇ ਕੌਮੀ ਮਨੁੱਖੀ ਅਧਿਕਾਰ ਕਮਿਸ਼ਨ ਨੂੰ ਪੱਤਰ ਲਿਖ ਕੇ ਪਿਛਲੇ ਦਿਨੀ ਲੁਧਿਆਣਾ ਦੇ ਸਿੱਖ ਟੈਕਸੀ ਡਰਾਈਵਰ ਨੂੰ ਪੁਲਿਸ ਵੱਲੋਂ ਸਾਰੀ ਰਾਤ ਥਾਣੇ ਵਿੱਚ ਰੱਖ ਕੇ ਕਥਿਤ ਤੌਰ ਤੇ ਮਾਰ ਕਟਾਈ ਅਤੇ ਅਣਮਨੁੱਖੀ ਤਸ਼ੱਦਦ ਕਰਨ ਵਾਲਿਆਂ ਪੁਲਿਸ ਮੁਲਾਜ਼ਮਾਂ ਤੇ ਸਖਤ ਧਰਾਵਾਂ ਹੇਠ ਐਫਆਈਆਰ ਦਰਜ ਕਰਨ ਦੀ ਮੰਗ ਕੀਤੀ ਹੈ। ਕੌਂਸਲ ਦੇ ਅਧਿਕਾਰੀ ਪੀੜਿਤ ਸਿੱਖ ਨੌਜਵਾਨ ਦੇ ਘਰ ਵੀ ਗਏ ਜਿੱਥੇ ਉਹਨਾਂ ਨੇ ਪੀੜਿਤ ਨੌਜਵਾਨ ਅਤੇ ਉਸਦੇ ਪਿਤਾ ਤੋਂ ਸਾਰੀ ਘਟਨਾ ਦੇ ਵੇਰਵੇ ਪੁੱਛੇ ਅਤੇ ਪੀੜਤ ਨੇ ਦੱਸਿਆ ਕਿ ਕਿਵੇਂ ਪੁਲਿਸ ਵਾਲੇ ਉਸ ਨੂੰ ਸਾਰੀ ਰਾਤ ਠਾਣੇ ਵਿੱਚ ਰੱਖ ਕੇ ਉਸ ਤੇ ਅਣਮਨੁੱਖੀ ਤਸ਼ੱਦਦ ਕਰਦੇ ਰਹੇ । ਸ੍ਰ ਮਠਾੜੂ ਨੇ ਦੱਸਿਆ ਕਿ ਭਾਵੇਂ ਕੁਝ ਮੁਲਜ਼ਮਾਂ ਨੂੰ ਰਸਮੀ ਤੌਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਦਿਖਾਇਆ ਗਿਆ ਹੈ ਪਰ ਜੇਕਰ ਹਿਰਾਸਤੀ ਤਸ਼ੱਦਦ, ਗੈਰ-ਕਾਨੂੰਨੀ ਕਾਰਵਾਈਆਂ ਅਤੇ ਅਧਿਕਾਰਾਂ ਦੀ ਦੁਰਵਰਤੋਂ ਲਈ ਜ਼ਿੰਮੇਵਾਰ ਮੁੱਖ ਦੋਸ਼ੀ ਅਤੇ ਨਾਲ ਹੀ ਸਬੰਧਤ ਲੁਧਿਆਣਾ ਪੁਲਿਸ ਅਧਿਕਾਰੀ ਸਰਗਰਮ ਸੇਵਾ ਵਿੱਚ ਬਣੇ ਰਹਿੰਦੇ ਹਨ ਤਾਂ ਉਹ ਆਪਣੇ ਅਧਿਕਾਰਾਂ ਦੀ ਵਰਤੋਂ ਕਰਕੇ ਪੀੜਤਾਂ ਨੂੰ ਡਰਾ ਧਮਕਾ ਸਕਦੇ ਹਨ। ਉਹਨਾਂ ਕਿਹਾ ਕਿ ਕੁਝ ਪੁਲਿਸ ਅਧਿਕਾਰੀਆਂ ਦੇ ਨਾਮ ਜਾਣਬੁੱਝ ਕੇ ਐਫਆਈਆਰ ਵਿੱਚ ਸ਼ਾਮਲ ਨਹੀਂ ਕੀਤੇ ਗਏ ਹਨ ਜਿਸ ਨਾਲ ਜਾਂਚ ਪੱਖਪਾਤੀ ਅਤੇ ਅਧੂਰੀ ਹੋ ਗਈ ਹੈ। ਕੌਂਸਲ ਦੇ ਅਹੁਦੇਦਾਰਾਂ ਨੇ ਇਹ ਵੀ ਆਖਿਆ ਕਿ ਉਹਨਾਂ ਦੇ ਧਿਆਨ ਵਿੱਚ ਆਇਆ ਹੈ ਕਿ ਕੁਝ ਰਾਜਨੀਤਿਕ ਕਾਰਜਕਰਤਾਵਾਂ ਨੇ ਸਬੰਧਤ ਲੁਧਿਆਣਾ ਪੁਲਿਸ ਅਧਿਕਾਰੀਆਂ ਨੂੰ ਗੈਰ-ਕਾਨੂੰਨੀ ਤੌਰ ਤੇ ਨਿਰਦੇਸ਼ਿਤ ਅਤੇ ਪ੍ਰਭਾਵਿਤ ਕੀਤਾ ਹੈ ਅਤੇ ਉਹਨਾਂ ਨੂੰ ਨਿਰਪੱਖ ਜਨਤਕ ਸੇਵਕਾਂ ਦੀ ਬਜਾਏ ਰਾਜਨੀਤਿਕ ਇੱਛਾ ਸ਼ਕਤੀ ਦੇ ਸਾਧਨ ਵਜੋਂ ਕੰਮ ਕਰਨ ਲਈ ਮਜਬੂਰ ਕੀਤਾ ਹੈ। ਉਹਨਾਂ ਕਿਹਾ ਕਿ ਦੋਸ਼ੀ ਪੁਲਿਸ ਅਧਿਕਾਰੀਆਂ ਨੂੰ ਅਸਥਾਈ ਤੌਰ ਤੇ ਮੁਅਤਲ ਕਰਨਾ ਜਾਂ ਲੰਬੀ ਛੁੱਟੀ ਤੇ ਭੇਜਣਾ ਅਤੇ ਬਾਅਦ ਵਿੱਚ ਬਿਨਾਂ ਕਿਸੇ ਵਿਭਾਗੀ ਜਾਂ ਅਪਰਾਧਿਕ ਜਾਂਚ ਦੇ ਚੁੱਪ ਚਾਪ ਬਹਾਲ ਕਰ ਲੈਣਾ ਮਸਲੇ ਦਾ ਹੱਲ ਨਹੀਂ ਹੈ।

ਉਹਨਾਂ ਨੈਸ਼ਨਲ ਮਨੁੱਖੀ ਅਧਿਕਾਰ ਕਮਿਸ਼ਨ ਨੂੰ ਬੇਨਤੀ ਕੀਤੀ ਹੈ ਕਿ ਜਨਤਕ ਹਿੱਤ ਵਿੱਚ ਮਾਮਲੇ ਦਾ ਖੁਦ ਨੋਟਿਸ ਲਿਆ ਜਾਵੇ, ਪੰਜਾਬ ਦੇ ਡੀਜੀਪੀ ਤੋਂ ਇੱਕ ਸੁਤੰਤਰ ਸਥਿਤੀ ਰਿਪੋਰਟ ਮੰਗੀ ਜਾਵੇ, ਜਾਂਚ ਮੁਕੰਮਲ ਹੋਣ ਤੱਕ ਸਾਰੇ ਸਬੰਧਤ ਲੁਧਿਆਣਾ ਪੁਲਿਸ ਅਧਿਕਾਰੀਆਂ ਨੂੰ ਸਰਗਰਮ ਡਿਊਟੀ ਤੋਂ ਤੁਰੰਤ ਹਟਾਇਆ ਜਾਵੇ, ਐਫਆਈਆਰ ਵਿੱਚ ਸਬੰਧਤ ਪੁਲਿਸ ਅਧਿਕਾਰੀਆਂ ਦੇ ਨਾਵਾਂ ਨੂੰ ਸਿੱਧੇ ਤੌਰ 'ਤੇ ਦੋਸ਼ੀ ਵਜੋਂ ਸ਼ਾਮਲ ਕੀਤਾ ਜਾਵੇ, ਸਥਾਨਕ ਪੁਲਿਸ ਨਾਲ ਸਬੰਧਤ ਨਾ ਹੋਣ ਵਾਲੀ ਏਜੰਸੀ ਦੁਆਰਾ ਸੁਤੰਤਰ ਜਾਂਚ ਦਾ ਹੁਕਮ ਦਿੱਤਾ ਜਾਵੇ ਅਤੇ ਦੋਸ਼ੀ ਪੁਲਿਸ ਮੁਲਾਜ਼ਮਾਂ ਵਿਰੁੱਧ ਕਾਰਵਾਈ ਦੀ ਸਿਫਾਰਿਸ਼ ਕੀਤੀ ਜਾਵੇ। ਉਹਨਾਂ ਪੱਤਰ ਦੀ ਕਾਪੀ ਪੰਜਾਬ ਮਨੁੱਖੀ ਅਧਿਕਾਰ ਕਮਿਸ਼ਨ ਗ੍ਰਹਿ ਵਿਭਾਗ ਭਾਰਤ ਸਰਕਾਰ ਮੁੱਖ ਸਕੱਤਰ ਪੰਜਾਬ ਸਰਕਾਰ ਅਉਪੁਲਿਸ ਕਮਿਸ਼ਨਰ ਲੁਧਿਆਣਾ ਨੂੰ ਵੀ ਭੇਜੀ ਹੈ।

# ਕਾਂਗਰਸ 'ਚੋਂ ਭਾਜਪਾ ਵਿੱਚ ਗਏ ਨੇਤਾ ਪੰਜਾਬ ਦੇ ਹਿੱਤ ਤਿਆਗ ਅਮਿਤ ਸ਼ਾਹ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਵਿੱਚ ਲੱਗੇ : ਬਾਵਾ



ਲੁਧਿਆਣਾ, 4 ਫਰਵਰੀ (ਰਵਿੰਦਰ ਸਿੰਘ ਨਿੱਝਰ) : ਭਾਰਤ ਦਾ ਭਵਿੱਖ ਰਾਹੁਲ ਗਾਂਧੀ ਜੋ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਹਨ, ਉਹਨਾਂ ਨੇ ਸਰਹੱਦਾਂ ਤੇ ਚੀਨ ਦੇ ਟੈਂਕਾਂ ਦੀ ਐਂਟਰੀ ਦੇ ਮਾਮਲੇ ਨੂੰ ਸੁਚੱਜੇ ਢੰਗ ਨਾਲ ਉਠਾ ਕੇ ਭਾਜਪਾ ਸਰਕਾਰ ਦੇ ਮੰਤਰੀਆਂ ਦੀ ਬੋਲਤੀ ਬੰਦ ਕੀਤੀ ਹੈ। ਇਹ ਸ਼ਬਦ ਅੱਜ ਸੀਨੀਅਰ ਕਾਂਗਰਸੀ ਨੇਤਾ ਕ੍ਰਿਸ਼ਨ ਕੁਮਾਰ ਬਾਵਾ ਕੋਆਰਡੀਨੇਟਰ ਕੁੱਲ ਹਿੰਦ ਕਾਂਗਰਸ (ਓ.ਬੀ.ਸੀ) ਇੰਚਾਰਜ ਹਿਮਾਚਲ ਪ੍ਰਦੇਸ਼ ਨੇ ਲੁਧਿਆਣਾ ਦੇ ਦੱਖਣੀ ਹਲਕੇ ਵਿੱਚ ਇੱਕ ਵਰਕਰ ਮੀਟਿੰਗ ਦੌਰਾਨ ਕਹੇ।

ਸ਼੍ਰੀ ਬਾਵਾ ਨੇ ਕਿਹਾ ਕਿ ਰਾਹੁਲ ਗਾਂਧੀ ਦਾ ਪਾਰਲੀਮੈਂਟ ਵਿੱਚ ਸਟੈਂਡ ਦੱਸਦਾ ਹੈ ਕਿ ਉਹ ਇੱਕ ਨਿਧੜਕ, ਇਮਾਨਦਾਰ ਅਤੇ ਦੇਸ਼ ਭਗਤ ਨੇਤਾ ਹਨ ਜਿਨਾਂ ਦੀ ਸੋਚ ਅੰਦਰ ਦੇਸ਼ ਭਗਤੀ ਅਤੇ ਭਾਈਚਾਰਕ ਸਾਂਝ ਦਾ ਜਜ਼ਬਾ ਹੈ। ਉਹਨਾਂ ਕਿਹਾ ਕਿ ਭਾਜਪਾ ਸਰਕਾਰ ਦਾ ਬਜਟ ਕਿਸਾਨੀ, ਬੇਰੁਜ਼ਗਾਰੀ ਅਤੇ ਮੱਧ ਵਰਗ ਦੇ ਲੋਕਾਂ ਨੂੰ ਅੱਖੋਂ ਪਰੋਖੇ ਕਰਨ ਵਾਲਾ ਹੈ ਅਤੇ ਸਿਰਫ ਅਡਾਨੀ, ਅੰਬਾਨੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਵਾਲਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਬਜਟ ਵਿੱਚ ਕੀਤਾ ਗਿਆ ਹੈ ਪਰ ਕਾਂਗਰਸ ਤੋਂ ਭਾਜਪਾ ਵਿੱਚ ਸ਼ਿਫਟ ਹੋਏ ਨੇਤਾ ਭਾਜਪਾ ਸਰਕਾਰ ਦੀ ਆਰਤੀ ਉਤਾਰ ਰਹੇ ਹਨ। ਉਹਨਾਂ ਨੂੰ ਪੰਜਾਬ ਦੇ ਹਿੱਤਾਂ ਦੀ ਪਰਵਾਹ ਨਹੀਂ। ਸ੍ਰੀ ਮੋਦੀ ਅਤੇ ਅਮਿਤ ਸ਼ਾਹ ਦੀਆਂ ਖੁਸ਼ੀਆਂ ਪ੍ਰਾਪਤ ਕਰਨਾ ਹੀ ਉਹਨਾਂ ਦਾ ਅਸਲੀ ਮਨੋਰਥ ਹੈ।

ਇਸ ਸਮੇਂ ਬਾਵਾ ਨੇ ਪੰਜਾਬ ਵਿਚ 10 ਲੱਖ ਪਰਿਵਾਰ ਲਈ ਸਿਹਤ ਬੀਮਾ ਯੋਜਨਾ ਨੂੰ ਦਿਨ ਦਿਹਾੜੇ ਪੰਜਾਬ ਦੇ ਲੋਕਾਂ ਨਾਲ ਕੀਤਾ ਧੋਖਾ ਕਿਹਾ। ਉਨ੍ਹਾਂ ਕਿਹਾ ਕਿ ਸਹੂਲਤ ਨਾਲੋਂ ਵੱਧ ਇਸ਼ਤਿਹਾਰਾਂ ਤੇ ਪੈਸਾ ਖਰਚਿਆ ਜਾ ਰਿਹਾ ਹੈ ਤਾਂ ਕਿ ਪੰਜਾਬੀਆਂ ਨੂੰ ਗੁੰਮਰਾਹ ਕੀਤਾ ਜਾ ਸਕੇ। ਇਸ ਸਮੇਂ ਜਿਲਾ ਕਾਂਗਰਸ ਓਬੀਸੀ ਵਿਭਾਗ ਦੇ ਕਾਰਜਕਾਰੀ ਚੇਅਰਮੈਨ ਵਰਿੰਦਰ ਭੱਲਾ, ਗੁਰਨਾਮ ਕਲੇਰ, ਮਨਜੀਤ ਕੌਰ, ਮਮਤਾ ਰਾਣੀ, ਮਨਜੀਤ ਕੌਰ ਸਰੋਏ ਪ੍ਰਧਾਨ ਮਹਿਲਾ ਵਿੰਗ ਆਦਿ ਹਾਜਰ ਸਨ।

# ਪਿੰਡ ਜ਼ੀਰਖ ਵਿਖੇ ਸ਼ੇਰ ਕੌਰ ਯਾਦਗਾਰੀ ਅੱਖਾਂ ਦਾ ਸਾਲਾਨਾ ਮੁਫ਼ਤ ਡਾਕਟਰੀ ਕੈਂਪ 8 ਨੂੰ



ਲੁਧਿਆਣਾ, 4 ਫਰਵਰੀ (ਰਵਿੰਦਰ ਸਿੰਘ ਨਿੱਝਰ) : ਤਰਕਸ਼ੀਲ ਆਗੂ ਜਸਵੰਤ ਜ਼ੀਰਖ ਦੀ ਮਰਹੂਮ ਪਤਨੀ ਸ੍ਰੀਮਤੀ ਸ਼ੇਰ ਕੌਰ ਮੁੱਖ ਅਧਿਆਪਕਾ ਦੀ ਯਾਦ ਵਿੱਚ ਨੌਵਾਂ ਅੱਖਾਂ ਦਾ ਸਲਾਨਾ ਫ੍ਰੀ ਮੈਡੀਕਲ ਕੈਂਪ 8 ਫਰਵਰੀ (ਐਤਵਾਰ) ਸਰਕਾਰੀ ਪ੍ਰਾਇਮਰੀ ਸਕੂਲ ਜ਼ੀਰਖ (ਲੁਧਿਆਣਾ) ਵਿਖੇ ਲੱਗ ਰਿਹਾ ਹੈ। ਇਸ ਕੈਂਪ ਵਿੱਚ ਹਰ ਸਾਲ ਦੀ ਤਰ੍ਹਾਂ ਸਵੇਰੇ 10 ਤੋਂ 2 ਵਜੇ ਤੱਕ ਅੱਖਾਂ ਦੇ ਵਿਸ਼ਵ ਪ੍ਰਸਿੱਧ ਡਾ ਰਮੇਸ਼ (ਐਮ ਡੀ ਅੱਖਾਂ) ਦੀ ਟੀਮ ਅੱਖਾਂ ਦੀਆਂ ਬਿਮਾਰੀਆਂ ਦੇ ਮੁਫ਼ਤ ਇਲਾਜ ਸਮੇਤ ਚਿੱਟੇ ਮੋਤੀਏ ਲਈ ਲੈਂਜ ਪਾਉਣ ਯੋਗ ਮਰੀਜ਼ਾਂ ਦੀ ਚੋਣ ਕਰੇਗੀ। ਲੋੜਵੰਦਾਂ ਲਈ ਮੁਫ਼ਤ ਐਨਕਾਂ ਅਤੇ ਦਵਾਈਆਂ ਵੀ ਜ਼ੀਰਖ ਪਰਿਵਾਰ ਵੱਲੋਂ ਮੌਕੇ 'ਤੇ ਦਿੱਤੀਆਂ ਜਾਣਗੀਆਂ । ਲੈਂਜ ਪਾਉਣ ਦੇ ਅਪ੍ਰੇਸ਼ਨ ਬਿਨਾਂ ਟੰਕਾ ਵਿਧੀ ਨਾਲ ਡਾ ਰਮੇਸ਼ ਦੇ ਪੁਨਰ ਜੋਤ ਸੁਪਰ ਸਪੈਸਲਿਟੀ ਹਸਪਤਾਲ ਭਾਈ ਰਣਧੀਰ ਸਿੰਘ ਨਗਰ ਲੁਧਿਆਣਾ ਵਿਖੇ ਕੀਤੇ ਜਾਣਗੇ। ਲੋੜਵੰਦ ਅੱਖਾਂ ਦੇ ਮਰੀਜ਼ਾਂ ਨੂੰ ਇਸ ਮੌਕੇ ਦਾ ਲਾਭ ਲੈਣ ਲਈ ਅਪੀਲ ਕੀਤੀ ਜਾਂਦੀ ਹੈ।

# ਪਾਬੰਦੀਸ਼ੁਦਾ ਗੋਲ਼ੀਆਂ ਸਮੇਤ ਮਹਿਲਾ ਕਾਬੂ

ਮੁੱਲਾਂਪੁਰ ਦਾਖਾ, 4 ਫਰਵਰੀ (ਦਵਿੰਦਰ ਸਿੰਘ ਲੰਮੇਂ) : ਥਾਣਾ ਦਾਖਾ ਦੀ ਪੁਲਿਸ ਨੇ ਗਸ਼ਤ ਦੌਰਾਨ ਇਕ ਮਹਿਲਾ ਨੂੰ 16 ਪਾਬੰਦੀਸ਼ੁਦਾ ਗੋਲੀਆਂ ਸਮੇਤ ਕਾਬੂ ਕਰਨ ਉਪਰੰਤ ਉਸਦੇ ਖਿਲਾਫ ਕੇਸ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

ਕੇਸ ਦੀ ਪੜਤਾਲ ਕਰਕ ਰਹੇ ਏ.ਆਈ. ਆਤਮਾ ਸਿੰਘ ਅਨੁਸਾਰ ਜਦੋਂ ਉਹ ਗਸ਼ਤ ਦੌਰਾਨ ਆਪਣੀ ਪੁਲਿਸ ਪਾਰਟੀ ਨਾਲ ਪਿੰਡ ਕੈਲਪੁਰ, ਵੜੈਚ ਅਤੇ ਚੱਕ ਕਲਾਂ ਹੁੰਦੇ ਹੋਏ ਪਿੰਡ ਰਾਣਕੇ ਵੱਲ ਜਾ ਰਹੇ ਸਨ, ਤਾਂ ਜਦੋਂ ਪੁਲਿਸ ਪਾਰਟੀਪਿੰਡ ਰਾਣਕੇ ਨੂੰ ਜਾਣ ਵਾਲੀ ਸੜਕ 'ਤੇ ਬਣੀਆਂ ਫੈਕਟਰੀਆਂ ਤੋਂ ਅੱਗੇ

ਪੁੱਜੀ ਤਾਂ ਪਿੰਡ ਰਾਣਕੇ ਵੱਲੋਂ ਇਕ ਮਹਿਲਾ ਆਉਂਦੀ ਦਿਖਾਈ ਦਿੱਤੀ, ਜਿਸਨੇ ਪੁਲਿਸ ਦੀ ਗੱਡੀ ਆਪਣੇ ਵੱਲ ਆਉਂਦੀ ਦੇਖ ਕੇ ਆਪਣੇ ਹੱਥ ਵਿੱਚਫੜੀ ਲਿਫਾਫੀ ਸੁੱਟ ਦਿੱਤੀ ਅਤੇ ਖੇਤਾਂ ਵੱਲ ਨੂੰ ਤੇਜੀ ਨਾਲ ਜਾਣ ਲਗੀ। ਸ਼ੱਕ ਪੈਣ 'ਤੇ ਸਾਥੀ ਕਰਮਚਾਰੀਆਂ ਦੀ ਮੱਦਦ ਨਾਲ ਕਾਬੂ ਕਰਨ ਉਪਰੰਤ ਉਸਦਾ ਨਾਮ ਪਤਾ ਪੁੱਛਿਆ ਤਾਂ ਜਿਸਨੇ ਆਪਣਾ ਨਾਮ ਕਰਮਜੀਤ ਕੌਰ ਉਰਫ ਸੋਨੀ ਪਤਨੀ ਸੁਖਵਿੰਦਰ ਸਿੰਘ ਵਾਸੀ ਪਿੰਡ ਬਾਣੀਏਵਾਲ ਦੱਸਿਆ । ਜਦੋਂ ਉਸ ਵੱਲੋਂ ਸੁੱਟੀ ਗਈ ਲਿਫਾਈ ਚੁੱਕਵਾਕੇ ਦੇਖਿਆ ਤਾਂ ਉਸ ਵਿਚੋਂ 16 ਪਾਬੰਦੀਸ਼ੁਦਾ ਗੋਲੀਆਂ ਬਰਾਮਦ ਹੋਈਆਂ।



# ਮਸਨੂਈ ਬੁੱਧੀ ਅਤੇ ਪੰਜਾਬੀ ਸੱਭਿਆਚਾਰ

ਡਾ. ਸੰਦੀਪ ਘੰਡ
98151-39576

**ਇੱਕ** ਸਮਾਂ ਸੀ ਜਦੋਂ ਮਸ਼ੀਨਾਂ ਮਨੁੱਖ ਦੀ ਮਿਹਨਤ ਦਾ ਸਹਾਰਾ ਹੁੰਦੀਆਂ ਸਨ। ਅੱਜ ਮਸ਼ੀਨ ਮਨੁੱਖ ਦੀ ਸੋਚ ਨੂੰ ਵੀ ਚੁਣੌਤੀ ਦੇ ਰਹੀ ਹੈ। ਮਸਨੂਈ ਬੁੱਧੀ (ਏਆਈ) ਸਿਰਫ਼ ਕੰਪਿਊਟਰ ਵਿਗਿਆਨ ਜਾਂ ਉਦਯੋਗਿਕ ਤਰੱਕੀ ਤੱਕ ਸੀਮਤ ਨਹੀ ਰਹੀ, ਸਗੋਂ ਇਹ ਭਾਸ਼ਾਵਾਂ, ਸੱਭਿਆਚਾਰ, ਸਾਹਿਤ ਅਤੇ ਸਮਾਜਿਕ ਰਿਸ਼ਤਿਆਂ ਤੱਕ ਆਪਣਾ ਪ੍ਰਭਾਵ ਛੱਡ ਰਹੀ ਹੈ। ਪੰਜਾਬੀ ਸੱਭਿਆਚਾਰ ਜੋ ਹਜ਼ਾਰਾਂ ਸਾਲਾਂ ਦੀ ਲੋਕਧਾਰਾ, ਮੌਖਿਕ ਪਰੰਪਰਾ ਅਤੇ ਜੀਵੰਤ ਅਨੁਭਵਾਂ ਨਾਲ ਬਣਿਆ ਹੈ, ਅੱਜ ਏਆਈ ਇਸ ਦੇ ਸਾਹਮਣੇ ਨਵਾਂ ਤਜਰਬਾ ਵੀ ਹੈ ਅਤੇ ਗੰਭੀਰ ਸੰਕਟ ਵੀ। ਇਸ ਤਕਨੀਕੀ ਵਿਕਾਸ ਨੇ ਮਨੁੱਖੀ ਜੀਵਨ ਨੂੰ ਆਸਾਨ ਬਣਾਇਆ ਹੈ, ਪਰ ਨਾਲ ਹੀ ਇੱਕ ਗੰਭੀਰ ਸੱਭਿਆਚਾਰਕ ਚਿੰਤਾ ਵੀ ਪੈਦਾ ਕੀਤੀ ਹੈ। ਕੀ ਮਨੁੱਖੀ ਅਨੁਭਵ, ਭਾਵਨਾ ਅਤੇ ਸੰਵੇਦਨਾ ਨੂੰ ਮਸ਼ੀਨ ਬਰਕਰਾਰ ਰੱਖ ਸਕਦੀ ਹੈ? ਮਸਨੂਈ ਬੁੱਧੀ ਤੋਂ ਬਿਨਾਂ ਲਿਖੀ ਕਵਿਤਾ, ਕਹਾਣੀ ਜਾਂ ਕੋਈ ਵੀ ਸਾਹਿਤਕ ਵੰਨਗੀ ਵਿੱਚ ਭਾਵਨਾਵਾਂ ਛੁਪੀਆਂ ਹੁੰਦੀਆਂ ਹਨ ਜਾਂ ਨਹੀ? ਦਰਅਸਲ, ਕਿਸੇ ਵੀ ਭਾਸ਼ਾ ਦਾ ਸਾਹਿਤ ਉਸ ਭਾਸ਼ਾ ਦੇ ਸੱਭਿਆਚਾਰ ਦੀਆਂ ਭਾਵਨਾਵਾਂ ਨੂੰ ਪੇਸ਼ ਕਰਦਾ ਹੈ, ਪਰ ਮਸਨੂਈ ਬੁੱਧੀ ਅਜਿਹਾ ਨਹੀਂ ਕਰ ਸਕਦੀ। ਏਆਈ ਦੇ ਆਉਣ ਨਾਲ ਪੰਜਾਬੀ ਭਾਸ਼ਾ ਨੂੰ ਡਿਜ਼ੀਟਲ ਜਗਤ ਵਿੱਚ ਨਵੀ ਜਗ੍ਹਾ ਮਿਲੀ ਹੈ। ਅੱਜ ਗੁਰਮੁਖੀ ਲਿਪੀ ਲਈ ਵੌਇਸ-ਟੂ-ਟੈਕਸਟ ਅਤੇ ਆਟੋ ਅਨੁਵਾਦ ਵਰਗੇ ਸਾਧਨ ਉਪਲੱਬਧ ਹਨ। ਇਸ ਨਾਲ ਵਿਦੇਸ਼ਾਂ ਵਿੱਚ ਵਸਦੇ ਪੰਜਾਬੀਆਂ ਲਈ ਆਪਣੀ ਭਾਸ਼ਾ ਨਾਲ ਜੁੜੇ ਰਹਿਣਾ ਆਸਾਨ ਹੋਇਆ ਹੈ। ਵਿਦਿਆਰਥੀ, ਖੋਜਕਰਤਾ ਅਤੇ ਲੇਖਕ ਡਿਜ਼ੀਟਲ ਸਰੋਤਾਂ ਰਾਹੀ ਪੰਜਾਬੀ ਲਿਖਤਾਂ ਤੱਕ ਪਹੁੰਚ ਰਹੇ ਹਨ, ਪਰ ਇੱਥੇ ਇੱਕ ਖ਼ਤਰਾ ਵੀ ਹੈ। ਪੰਜਾਬੀ ਦੇ ਮੁਹਾਵਰੇ, ਲਹਿਜੇ ਅਤੇ ਸੱਭਿਆਚਾਰਕ ਸੰਦਰਭ ਮਸ਼ੀਨ ਲਈ ਸਮਝਣਾ ਅਜੇ ਵੀ ਮੁਸ਼ਕਿਲ ਹੈ। ਗ਼ਲਤ ਅਨੁਵਾਦ ਸਿਰਫ਼ ਸ਼ਬਦਾਂ ਦੀ ਗ਼ਲਤੀ ਨਹੀ ਹੁੰਦਾ, ਉਹ ਅਰਥਾਂ ਅਤੇ ਭਾਵਨਾਵਾਂ ਨੂੰ ਵੀ ਵਿਗਾੜ ਸਕਦਾ ਹੈ। ਏਆਈ ਅੱਜ ਕਵਿਤਾ ਲਿਖ ਸਕਦੀ ਹੈ, ਕਹਾਣੀ ਦਾ ਖਾਕਾ ਤਿਆਰ ਕਰ ਸਕਦੀ ਹੈ ਅਤੇ ਵਿਸ਼ਿਆਂ 'ਤੇ ਲੇਖ ਬਣਾਉਂਦੀ ਹੈ। ਇਸ ਨਾਲ ਲੇਖਨ ਦੀ ਗਤੀ ਵਧੀ ਹੈ ਅਤੇ ਖੋਜ ਕੰਮ ਆਸਾਨ ਹੋਇਆ ਹੈ। ਪੁਰਾਤਨ ਪੰਜਾਬੀ ਸਾਹਿਤ ਦੀ ਡਿਜ਼ੀਟਲ ਸੰਭਾਲ ਵੀ ਏਆਈ ਦੀ ਵੱਡੀ ਉਪਲੱਬਧੀ ਹੈ, ਪਰ ਸਵਾਲ ਇਹ ਹੈ ਕੀ ਮਸ਼ੀਨ ਉਸ ਦਰਦ ਨੂੰ ਸਮਝ ਸਕਦੀ ਹੈ ਜੋ ਕਿਸਾਨੀ ਸੰਘਰਸ਼, ਵਿਛੋੜੇ ਜਾਂ ਪ੍ਰੇਮ ਵਿੱਚ ਵਸਦਾ ਹੈ? ਜੇ ਸਾਹਿਤ ਤੋਂ ਮਨੁੱਖੀ ਸੰਵੇਦਨਾ ਗਾਇਬ ਹੋ ਗਈ ਤਾਂ ਉਹ ਸਿਰਫ਼ ਡੇਟਾ ਬਣ ਕੇ ਰਹਿ ਜਾਵੇਗਾ। ਜਦੋਂਕਿ ਪੰਜਾਬੀ ਲੋਕਧਾਰਾ ਜਿਵੇਂ ਲੋਰੀਆਂ, ਵਿਆਹ ਦੇ ਗੀਤ, ਤਿਉਹਾਰ ਅਤੇ ਰਸਮਾਂ ਸਿਰਫ਼ ਜਾਣਕਾਰੀ ਜਾਂ ਡੇਟਾ ਨਹੀ, ਸਗੋਂ ਜੀਵੰਤ ਅਨੁਭਵ ਹਨ। ਏਆਈ ਇਨ੍ਹਾਂ ਨੂੰ ਰਿਕਾਰਡ ਕਰ ਸਕਦੀ ਹੈ, ਸੰਭਾਲ ਸਕਦੀ ਹੈ ਅਤੇ ਦੁਨੀਆ ਤੱਕ ਪਹੁੰਚਾ ਸਕਦੀ ਹੈ। ਇਹ ਇੱਕ ਵੱਡਾ ਲਾਭ ਹੈ, ਪਰ ਸੱਭਿਆਚਾਰ ਨੂੰ ਸਿਰਫ਼ ਡਿਜ਼ੀਟਲ ਫਾਇਲਾਂ ਵਿੱਚ ਕੈਦ ਕਰ ਦੇਣਾ ਖ਼ਤਰਨਾਕ ਵੀ ਹੋ ਸਕਦਾ ਹੈ। ਜੀਵੰਤ ਸੱਭਿਆਚਾਰ ਲੋਕਾਂ ਦੀ ਸਾਂਝੀ ਜ਼ਿੰਦਗੀ ਵਿੱਚ ਸਾਹ ਲੈਂਦਾ ਹੈ, ਨਾ ਕਿ ਸਿਰਫ਼ ਸਰਵਰਾਂ 'ਤੇ। ਅੱਜ ਦੀ ਨੌਜਵਾਨ ਪੀੜ੍ਹੀ ਏਆਈ ਨਾਲ ਜੁੜੀ ਹੋਈ ਹੈ। ਸੋਸ਼ਲ ਮੀਡੀਆ, ਡਿਜ਼ੀਟਲ ਟੂਲ ਅਤੇ ਅੰਗਰੇਜ਼ੀ-ਕੇਂਦਰਿਤ ਸਮੱਗਰੀ ਨੇ ਉਸ ਦੀ ਸੋਚ ਨੂੰ ਪ੍ਰਭਾਵਿਤ ਕੀਤਾ ਹੈ। ਇਸ ਨਾਲ ਇੱਕ ਖ਼ਤਰਾ ਪੈਦਾ ਹੋ ਰਿਹਾ ਹੈ ਕਿ ਪੰਜਾਬੀ ਭਾਸ਼ਾ ਅਤੇ ਸੱਭਿਆਚਾਰ ਹਾਸ਼ੀਏ 'ਤੇ ਨਾ ਚਲੇ ਜਾਣ। ਜੇ ਏਆਈ ਸਿਰਫ਼ ਅੰਗਰੇਜ਼ੀ ਜਾਂ ਪ੍ਰਮੁੱਖ ਭਾਸ਼ਾਵਾਂ 'ਚ ਵਿਕਸਤ ਹੁੰਦੀ ਰਹੀ, ਤਾਂ ਛੋਟੀਆਂ ਭਾਸ਼ਾਵਾਂ ਲਈ ਥਾਂ ਘਟਦੀ ਜਾਵੇਗੀ। ਇਸ ਲਈ ਜ਼ਰੂਰੀ ਹੈ ਕਿ ਪੰਜਾਬੀ ਵਿੱਚ ਡਿਜ਼ੀਟਲ ਸਿੱਖਿਆ, ਐਪਸ ਅਤੇ ਏਆਈ ਟੂਲ ਵਿਕਸਤ ਕੀਤੇ ਜਾਣ। ਏਆਈ ਨਿਰਪੱਖ ਨਹੀ ਹੁੰਦੀ। ਉਹ ਉਸ ਡੇਟਾ ਤੋਂ ਸਿੱਖਦੀ ਹੈ ਜੋ ਉਸ ਨੂੰ ਦਿੱਤਾ ਜਾਂਦਾ ਹੈ। ਜੇ ਡੇਟਾ ਅਧੂਰਾ ਜਾਂ ਪੱਖਪਾਤੀ ਹੋਵੇ ਤਾਂ ਨਤੀਜੇ ਵੀ ਓਹੋ ਜਿਹੇ ਹੋਣਗੇ। ਪੰਜਾਬੀ ਇਤਿਹਾਸ, ਧਰਮ ਅਤੇ ਸੱਭਿਆਚਾਰ ਦੀ ਗਲਤ ਪੇਸ਼ਕਾਰੀ ਏਆਈ ਰਾਹੀ ਫੈਲ ਸਕਦੀ ਹੈ। ਇਸ ਲਈ ਲੋੜ ਹੈ ਕਿ ਏਆਈ ਦੇ ਵਿਕਾਸ ਵਿੱਚ ਸੱਭਿਆਚਾਰਕ ਸੰਵੇਦਨਸ਼ੀਲਤਾ ਅਤੇ ਨੈਤਿਕਤਾ ਨੂੰ ਕੇਂਦਰ ਵਿੱਚ ਰੱਖਿਆ ਜਾਵੇ। ਏਆਈ ਦੀ ਸੱਭਿਆਚਾਰਕ ਭਵਿੱਖ ਪੱਖੀ ਦਿਸ਼ਾ ਨੂੰ ਸੰਤੁਲਨ ਨਾਲ ਸੰਭਾਲਿਆ ਜਾ ਸਕਦਾ ਹੈ। ਇਸ ਨੂੰ ਸੱਭਿਆਚਾਰ ਦਾ ਵੈਰੀ ਨਹੀ ਬਣਾਇਆ ਜਾ ਸਕਦਾ। ਇਹ ਇੱਕ ਸਾਧਨ ਹੈ, ਇਸ ਦਾ ਵਰਤੋਂਕਾਰ ਮਨੁੱਖ ਹੈ। ਜੇ ਪੰਜਾਬੀ ਵਿਦਵਾਨ, ਭਾਸ਼ਾ ਵਿਗਿਆਨੀ ਅਤੇ ਤਕਨੀਕੀ ਮਾਹਿਰ ਇਕੱਠੇ ਕੰਮ ਕਰਨ ਤਾਂ ਏਆਈ ਪੰਜਾਬੀ ਸੱਭਿਆਚਾਰ ਦੇ ਪੁਨਰਜਾਗਰਣ ਦਾ ਸਾਧਨ ਬਣ ਸਕਦੀ ਹੈ। ਏਆਈ ਜਿੱਥੇ ਪੰਜਾਬੀ ਸੱਭਿਆਚਾਰ ਲਈ ਇੱਕ ਵੱਡੀ ਚੁਣੌਤੀ ਵੀ ਹੈ, ਉੱਥੇ ਹੀ ਇੱਕ ਸੁਨਹਿਰੀ ਮੌਕਾ ਵੀ ਹੈ। ਇਹ ਸਾਡੀ ਸਮਝ ਅਤੇ ਫ਼ੈਸਲੇ 'ਤੇ ਨਿਰਭਰ ਕਰਦਾ ਹੈ ਕਿ ਅਸੀ ਇਸ ਤਕਨੀਕ ਨੂੰ ਆਪਣੀ ਭਾਸ਼ਾ, ਸਾਹਿਤ ਅਤੇ ਪਛਾਣ ਦੀ ਰੱਖਿਆ ਲਈ ਵਰਤਦੇ ਹਾਂ ਜਾਂ ਅਣਜਾਣੇ ਵਿੱਚ ਆਪਣੀਆਂ ਜੜ੍ਹਾਂ ਤੋਂ ਦੂਰ ਹੋ ਜਾਂਦੇ ਹਾਂ। ਏਆਈ ਅੱਜ ਮਨੁੱਖੀ ਜੀਵਨ ਦੇ ਹਰ ਖੇਤਰ ਵਿੱਚ ਪੈਰ ਪਸਾਰ ਚੁੱਕੀ ਹੈ। ਦਫ਼ਤਰੀ ਕੰਮ, ਸਿਹਤ, ਸਿੱਖਿਆ, ਵਪਾਰ ਅਤੇ ਸੰਚਾਰ ਦੇ ਨਾਲ ਨਾਲ ਹੁਣ ਇਹ ਭਾਸ਼ਾਵਾਂ, ਸਾਡੇ ਸੱਭਿਆਚਾਰਾਂ ਦੇ ਨਾਲ ਨਾਲ ਸਾਡੇ ਰਹਿਣ-ਸਹਿਣ 'ਤੇ ਵੀ ਡੂੰਘਾ ਪ੍ਰਭਾਵ ਪਾ ਰਹੀ ਹੈ। ਇਸ ਗੱਲ ਵਿੱਚ ਕੋਈ ਅਤਿਕਥਨੀ ਨਹੀ ਕਿ ਤਕਨੀਕੀ ਤਰੱਕੀ ਨੂੰ ਰੋਕਿਆ ਨਹੀ ਜਾ ਸਕਦਾ। ਬਲਕਿ ਜੇ ਅਸੀ ਇਸ ਨੂੰ ਰੋਕਣ ਜਾਂ ਇਸ ਦਾ ਕੋਈ ਹੱਲ ਕੱਢਣ ਦੀ ਵੀ ਕੋਸ਼ਿਸ਼ ਕਰਾਂਗੇ ਤਾਂ ਨਾ ਕੇਵਲ ਅਸੀ ਬਹੁਤ ਪਿੱਛੇ ਰਹਿ ਜਾਵਾਂਗੇ, ਸਗੋਂ ਆਪਣੀ ਨੌਜਵਾਨ ਪੀੜ੍ਹੀ ਤੋਂ ਵੀ ਦੂਰ ਚਲੇ ਜਾਵਾਂਗੇ। ਪੰਜਾਬੀ ਸਾਹਿਤ ਲਈ ਵੀ ਇਹ ਇੱਕ ਸੰਵੇਦਨਸ਼ੀਲ ਮੋੜ ਹੈ। ਇਹ ਕਵਿਤਾ ਅਤੇ ਕਹਾਣੀ ਲਿਖ ਸਕਦੀ ਹੈ, ਪਰ ਕੀ ਉਹ ਕਿਸਾਨੀ ਸੰਘਰਸ਼, ਵਿਛੋੜੇ ਜਾਂ ਮਾਂ-ਬੋਲੀ ਦੇ ਦਰਦ ਨੂੰ ਮਹਿਸੂਸ ਕਰ ਸਕਦੀ ਹੈ? ਜੇ ਸਾਹਿਤ ਮਨੁੱਖੀ ਅਨੁਭਵ ਤੋਂ ਵੱਖ ਹੋ ਗਿਆ ਤਾਂ ਉਹ ਸਿਰਫ਼ ਮਸ਼ੀਨੀ ਉਤਪਾਦ ਬਣ ਕੇ ਰਹਿ ਜਾਵੇਗਾ। ਸਭ ਤੋਂ ਵੱਡੀ ਚਿੰਤਾ ਨੌਜਵਾਨ ਪੀੜ੍ਹੀ ਨਾਲ ਜੁੜੀ ਹੈ। ਅੰਗਰੇਜ਼ੀ-ਕੇਂਦਰਿਤ ਡਿਜ਼ੀਟਲ ਸਮੱਗਰੀ ਅਤੇ ਸੋਸ਼ਲ ਮੀਡੀਆ ਨੇ ਨੌਜਵਾਨਾਂ ਨੂੰ ਆਪਣੀ ਮਾਂ-ਬੋਲੀ ਤੋਂ ਦੂਰ ਕੀਤਾ ਹੈ। ਜੇ ਪੰਜਾਬੀ ਵਿੱਚ ਇਸ ਲਈ ਸਾਧਨ ਵਿਕਸਤ ਨਹੀ ਹੁੰਦੇ ਤਾਂ ਭਵਿੱਖ ਵਿੱਚ ਭਾਸ਼ਾਈ ਅਸਮਾਨਤਾ ਹੋਰ ਡੂੰਘੀ ਹੋਵੇਗੀ। ਅਸੀ ਆਮ ਦੇਖਦੇ ਹਾਂ ਕਿ ਪੰਜਾਬੀ ਭਾਸ਼ਾ ਵਿੱਚ ਚੱਲ ਰਹੇ ਵੱਖ ਵੱਖ ਟੀਵੀ ਚੈਨਲ ਪੰਜਾਬੀ ਭਾਸ਼ਾ ਦਾ ਬੇੜਾ ਗਰਕ ਕਰ ਰਹੇ ਹਨ। ਇਸ ਸੰਦਰਭ ਵਿੱਚ ਸਰਕਾਰਾਂ, ਵਿਦਿਅਕ ਸੰਸਥਾਵਾਂ ਅਤੇ ਤਕਨੀਕੀ ਮਾਹਿਰਾਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਏਆਈ ਨੂੰ ਸੱਭਿਆਚਾਰਕ ਸੰਵੇਦਨਸ਼ੀਲਤਾ ਨਾਲ ਵਿਕਸਤ ਕੀਤਾ ਜਾਵੇ। ਪੰਜਾਬੀ ਭਾਸ਼ਾ ਅਤੇ ਸੱਭਿਆਚਾਰ ਨੂੰ ਡੇਟਾ ਨਹੀ, ਸਗੋਂ ਜੀਵੰਤ ਵਿਰਾਸਤ ਸਮਝਿਆ ਜਾਵੇ। ਏਆਈ ਨਾ ਤਾਂ ਪੂਰੀ ਤਰ੍ਹਾਂ ਵੈਰੀ ਹੈ ਅਤੇ ਨਾ ਹੀ ਸੁਰੱਖਿਆਤਮਕ। ਇਹ ਸਿਰਫ਼ ਇੱਕ ਸਾਧਨ ਹੈ। ਇਸ ਦਾ ਭਵਿੱਖ ਇਸ ਗੱਲ 'ਤੇ ਨਿਰਭਰ ਕਰਦਾ ਹੈ ਕਿ ਅਸੀ ਇਸ ਨੂੰ ਆਪਣੀ ਪਛਾਣ ਦੇ ਹੱਕ ਵਿੱਚ ਵਰਤਦੇ ਹਾਂ ਜਾਂ ਤਕਨੀਕ ਦੀ ਅੰਨ੍ਹੀ ਦੌੜ ਵਿੱਚ ਆਪਣੀਆਂ ਜੜ੍ਹਾਂ ਤੋਂ ਦੂਰ ਹੋ ਜਾਂਦੇ ਹਾਂ। ਡਿਜ਼ੀਟਲ ਤਕਨੀਕ ਕਿਵੇਂ ਭਾਸ਼ਾਵਾਂ ਨੂੰ ਬਦਲ ਰਹੀ ਹੈ, ਸੱਭਿਆਚਾਰਕ ਪ੍ਰਗਟਾਵੇ ਨੂੰ ਪ੍ਰਭਾਵਿਤ ਕਰ ਰਹੀ ਹੈ ਅਤੇ ਲੋਕਾਂ ਦੀ ਸਾਂਝੀ ਪਛਾਣ ਨੂੰ ਨਵੇਂ ਰੂਪ ਦੇ ਰਹੀ ਹੈ। ਇਹ ਵਿਸ਼ਾ ਵਿਸ਼ਵ ਪੱਧਰ 'ਤੇ ਸੱਭਿਆਚਾਰਕ ਨੀਤੀ ਅਤੇ ਭਾਸ਼ਾ ਦੀ ਰੱਖਿਆ ਲਈ ਮਹੱਤਵਪੂਰਨ ਮੰਨਿਆ ਜਾਂਦਾ ਹੈ। ਵੈੱਬਸਾਈਟ, ਐਪਸ, ਸੋਸ਼ਲ ਮੀਡੀਆ ਰਾਹੀ ਭਾਸ਼ਾ ਦੀ ਪਹੁੰਚ ਵਧੀ ਹੈ। ਪੰਜਾਬੀ ਵਿੱਚ ਅਨੁਵਾਦ, ਆਵਾਜ਼ ਤੋਂ ਸ਼ਬਦ ਵਰਗੇ ਸਾਧਨਾਂ ਨਾਲ ਲਿਖਤ ਅਤੇ ਬੋਲੀ ਆਸਾਨ ਹੋਈ ਹੈ, ਪਰ ਖ਼ਤਰਾ ਇਹ ਹੈ ਕਿ ਡਿਜ਼ੀਟਲ ਦੁਨੀਆ ਵਿੱਚ ਕੁਝ ਗਿਣਤੀ ਦੀਆਂ 'ਵੱਡੀਆਂ ਭਾਸ਼ਾਵਾਂ' ਹਾਵੀ ਹਨ। ਛੋਟੀਆਂ ਜਾਂ ਦੇਸੀ ਭਾਸ਼ਾਵਾਂ (ਜਿਵੇਂ ਪੰਜਾਬੀ) ਨੂੰ ਜੇ ਡਿਜ਼ੀਟਲ ਸਹਾਇਤਾ ਨਾ ਮਿਲੇ ਤਾਂ ਉਹ ਹਾਸ਼ੀਏ ਤੋਂ ਗਾਇਬ ਹੋ ਜਾਂਦੀਆਂ ਹਨ। ਸੱਭਿਆਚਾਰ 'ਤੇ ਵੀ ਡਿਜ਼ੀਟਲ ਪ੍ਰਭਾਵ ਪਿਆ ਹੈ। ਸੱਭਿਆਚਾਰ ਸਿਰਫ਼ ਰਸਮਾਂ ਜਾਂ ਤਿਉਹਾਰ ਨਹੀ, ਇਹ ਜੀਵਨ-ਢੰਗ, ਵਿਚਾਰ, ਮੁੱਲ ਅਤੇ ਯਾਦਾਂ ਹਨ। ਡਿਜ਼ੀਟਲ ਤਕਨੀਕ ਨੇ ਲੋਕਧਾਰਾ ਨੂੰ ਰਿਕਾਰਡ ਕਰਕੇ ਸੰਭਾਲਿਆ, ਲੋਕ ਗੀਤ, ਕਹਾਣੀਆਂ, ਰਸਮਾਂ ਨੂੰ ਗਲੋਬਲ ਦਰਸ਼ਕ ਦਿੱਤੇ, ਪਰ ਸੱਭਿਆਚਾਰ ਨੂੰ 'ਡੇਟਾ' ਬਣਾਉਣ ਨਾਲ ਇਹ ਡਰ ਵੀ ਪੈਦਾ ਹੁੰਦਾ ਹੈ ਕਿ ਕਿਤੇ ਜੀਵੰਤ ਪਰੰਪਰਾ ਮਸ਼ੀਨੀ ਸਮੱਗਰੀ ਵਿੱਚ ਨਾ ਬਦਲ ਜਾਵੇ। ਪੰਜਾਬੀ ਭਾਸ਼ਾ ਅਤੇ ਸੱਭਿਆਚਾਰ ਲਈ ਇਹ ਧਾਰਨਾ ਹੈ ਕਿ ਡਿਜ਼ੀਟਲ ਤਕਨੀਕ ਨੂੰ ਵੈਰੀ ਨਹੀ, ਸਾਥੀ ਬਣਾਇਆ ਜਾਵੇ। ਪੰਜਾਬੀ ਵਿੱਚ ਐਪਸ, (ਏਆਈ) ਟੂਲ, ਸਿੱਖਿਆ ਸਮੱਗਰੀ ਬਣਾਈ ਜਾਵੇ, ਲੋਕਧਾਰਾ ਨੂੰ ਸੰਭਾਲਦੇ ਹੋਏ ਜੀਵੰਤ ਰੱਖਿਆ ਜਾਵੇ। ਤਕਨੀਕ ਅਟੱਲ ਹੈ, ਪਰ ਸੱਭਿਆਚਾਰ ਦੀ ਦਿਸ਼ਾ ਸਾਡੇ ਫ਼ੈਸਲੇ ਤੈਅ ਕਰਦੀ ਹੈ। ਜੇ ਡਿਜ਼ੀਟਲ ਵਿਕਾਸ ਸੱਭਿਆਚਾਰਕ ਸਮਝ ਨਾਲ ਹੋਵੇ ਤਾਂ ਭਾਸ਼ਾਵਾਂ ਬਚਦੀਆਂ ਵੀ ਹਨ ਅਤੇ ਫਲਦੀਆਂ ਵੀ। ਤਕਨੀਕੀ ਤਰੱਕੀ ਨੂੰ ਰੋਕਿਆ ਨਹੀ ਜਾ ਸਕਦਾ, ਪਰ ਇਹ ਜ਼ਰੂਰ ਸੋਚਿਆ ਜਾ ਸਕਦਾ ਹੈ ਕਿ ਇਸ ਤਰੱਕੀ ਦੀ ਕੀਮਤ ਕਿਤੇ ਸਾਡੀ ਸੱਭਿਆਚਾਰਕ ਪਛਾਣ ਤਾਂ ਨਹੀ ਬਣ ਰਹੀ।

# ਜਾਣੋ ਕਿਵੇਂ ਹੁੰਦੈ ਸੋਨੇ ਦਾ ਰੇਟ ਅਤੇ ਕੁਆਲਿਟੀ ਤੈਅ

ਕੇ ਸੁਭਾਗੁਣਮ

**ਸੋਨੇ** ਦੇ ਗਹਿਣਿਆਂ ਦਾ ਉਤਪਾਦਨ ਅਤੇ ਵਿਕਰੀ ਸੋਨੇ ਦੀ ਸਾਲਾਨਾ ਮੰਗ ਦਾ ਵੱਡਾ ਹਿੱਸਾ ਹੈ। ਇੰਟਰਨੈਸ਼ਨਲ ਗੋਲਡ ਕੌਂਸਲ ਦੇ ਅਨੁਸਾਰ, ਇਹ ਦੁਨੀਆ ਦੀ ਕੁੱਲ ਸੋਨੇ ਦੀ ਮੰਗ ਦਾ 50% ਬਣਦਾ ਹੈ। ਇੰਟਰਨੈਸ਼ਨਲ ਗੋਲਡ ਕੌਂਸਲ ਦੇ ਅਨੁਸਾਰ, ਭਾਰਤ ਅਤੇ ਚੀਨ ਦੁਨੀਆ ਵਿੱਚ ਗਹਿਣਿਆਂ ਦੇ ਸਭ ਤੋਂ ਵੱਡੇ ਬਾਜ਼ਾਰ ਹਨ, ਜੋ ਕਿ ਗਲੋਬਲ ਮੰਗ ਦਾ 50% ਬਣਦਾ ਹੈ। ਹਾਲਾਂਕਿ, ਹਾਲ ਹੀ ਦੇ ਸਮੇਂ ਵਿੱਚ ਸੋਨੇ ਦੀ ਕੀਮਤ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ। ਇਸ ਨਾਲ ਲੋਕਾਂ ਵਿੱਚ ਮਿਲੀ-ਜੁਲੀ ਭਾਵਨਾ ਪੈਦਾ ਹੋਈ ਹੈ। ਇਸ ਦੌਰਾਨ, ਇਸ ਬਾਰੇ ਵੀ ਸ਼ੱਕ ਪੈਦਾ ਹੋਇਆ ਹੈ ਕਿ ਕੈਰੇਟ ਕੀ ਹੁੰਦੇ ਹਨ ਜੋ ਸੋਨੇ ਦੇ ਗਹਿਣਿਆਂ ਦੀ ਗੁਣਵੱਤਾ ਜਾਂ ਕੁਆਲਿਟੀ ਨੂੰ ਪਰਿਭਾਸ਼ਿਤ ਕਰਨ ਲਈ ਵਰਤੇ ਜਾਣ ਵਾਲੇ ਹਨ.. ਅਤੇ ਉਨ੍ਹਾਂ ਨੂੰ ਕਿਵੇਂ ਮਾਪਿਆ ਜਾਂਦਾ ਹੈ।

## ਕੈਰੇਟ ਕੀ ਹੈ ਜੋ ਸੋਨੇ ਦੀ ਗੁਣਵੱਤਾ ਨੂੰ ਦਰਸਾਉਂਦਾ ਹੈ ?

ਕੈਰੇਟ ਕੈਰੇਟੇਜ ਲਈ ਵਰਤਿਆ ਜਾਣ ਵਾਲਾ ਛੋਟਾ ਨਾਮ ਹੈ, ਜੋ ਸੋਨੇ ਦੀ ਸ਼ੁੱਧਤਾ ਦਾ ਮਾਪ ਹੈ। ਕੈਰੇਟ ਹੋਰ ਧਾਤਾਂ ਨਾਲ ਮਿਲਾਏ ਗਏ ਮਿਸ਼ਰਣ ਵਿੱਚ ਸੋਨੇ ਦੀ ਸ਼ੁੱਧਤਾ ਨੂੰ ਮਾਪਣ ਦਾ ਇੱਕ ਤਰੀਕਾ ਹੈ। ਸੋਨਾ ਕਹੀ ਜਾਣ ਵਾਲੀ ਕਿਸੇ ਵਸਤੂ ਲਈ ਘੱਟੋ-ਘੱਟ ਕੈਰੇਟ ਹਰੇਕ ਦੇਸ਼ ਵਿੱਚ ਵੱਖ-ਵੱਖ ਹੁੰਦਾ ਹੈ। ਜਿਵੇਂ ਸੰਯੁਕਤ ਰਾਜ ਅਮਰੀਕਾ ਵਿੱਚ 10 ਕੈਰੇਟ ਕਾਨੂੰਨੀ ਤੌਰ 'ਤੇ ਪ੍ਰਵਾਨਿਤ ਘੱਟੋ-ਘੱਟ ਗ੍ਰੇਡ ਹੈ। ਇਸੇ ਤਰ੍ਹਾਂ ਫਰਾਂਸ, ਬ੍ਰਿਟੇਨ, ਆਸਟ੍ਰੀਆ, ਪੁਰਤਗਾਲ ਅਤੇ ਆਇਰਲੈਂਡ ਵਰਗੇ ਦੇਸ਼ਾਂ ਵਿੱਚ ਸੋਨੇ ਦੇ ਸਭ ਤੋਂ ਹੇਠਲੇ ਗ੍ਰੇਡ ਨੂੰ ਸੋਨਾ ਕਿਹਾ ਜਾ ਸਕਦਾ ਹੈ, ਜੋ ਕਿ 9 ਕੈਰੇਟ ਹੈ। ਭਾਰਤ ਵਿੱਚ, ਪਿਛਲੇ ਸਾਲ ਜੁਲਾਈ ਮਹੀਨੇ ਤੋਂ ਬੀਆਈਐਸ (BIS) ਨੇ 9 ਕੈਰੇਟ ਨੂੰ ਸੋਨੇ ਦੇ ਸਭ ਤੋਂ ਹੇਠਲੇ ਗ੍ਰੇਡ ਵਜੋਂ ਮਾਨਤਾ ਦੇ ਕੇ ਇਸ ਦੀ ਵਿਕਰੀ ਲਈ ਆਗਿਆ ਦਿੱਤੀ ਹੈ। ਸੋਨੇ ਅਤੇ ਹੋਰ ਧਾਤਾਂ ਦਾ ਅਨੁਪਾਤ ਕੈਰੇਟ ਮਾਪ ਦੇ ਆਧਾਰ 'ਤੇ ਵੱਖ-ਵੱਖ ਹੁੰਦਾ ਹੈ। ਮਿਸਾਲ ਵਜੋਂ, 18 ਕੈਰੇਟ ਸੋਨੇ ਵਿੱਚ 75% ਸ਼ੁੱਧ ਸੋਨਾ ਅਤੇ 25% ਹੋਰ ਧਾਤਾਂ ਜਿਵੇਂ ਕਿ ਤਾਂਬਾ ਅਤੇ ਚਾਂਦੀ ਹੁੰਦੀ ਹੈ। ਗਹਿਣੇ ਬਣਾਉਣ ਵਿੱਚ 45 ਸਾਲਾਂ ਦਾ ਤਜਰਬਾ ਰੱਖਣ ਵਾਲਾ ਸੁਨਿਆਰ ਸੁਬਰਾਮਨੀ ਕਹਿੰਦੇ ਹਨ, 24 ਕੈਰੇਟ ਸ਼ੁੱਧ ਸੋਨਾ ਹੈ ਜਿਸ ਵਿੱਚ ਕੋਈ ਹੋਰ ਧਾਤਾਂ ਨਹੀ ਮਿਲਾਈਆਂ ਜਾਂਦੀਆਂ। ਤਾਂਬਾ ਅਤੇ ਚਾਂਦੀ ਵਰਗੀਆਂ ਹੋਰ ਧਾਤਾਂ ਨਾਲ ਮਿਲਾਉਣ ਦੀ ਪ੍ਰਕਿਰਿਆ ਸੋਨੇ ਨੂੰ ਟਿਕਾਊ ਬਣਾਉਂਦੀ ਹੈ ਮਜ਼ਬੂਤੀ ਦਿੰਦੀ ਹੈ।

## ਕੈਰੇਟ ਦੁਆਰਾ ਸੋਨੇ ਦੀ ਗੁਣਵੱਤਾ ਕਿਵੇਂ ਨਿਰਧਾਰਤ ਹੁੰਦੀ ਹੈ ?

ਆਮ ਤੌਰ 'ਤੇ ਸੋਨੇ ਦੇ ਗਹਿਣੇ 22 ਕੈਰੇਟ, 18 ਕੈਰੇਟ, 14 ਕੈਰੇਟ, 10 ਕੈਰੇਟ ਅਤੇ 9 ਕੈਰੇਟ ਦੇ ਵੱਖ-ਵੱਖ ਗ੍ਰੇਡਾਂ ਵਿੱਚ ਬਣਦੇ ਹਨ। ਕੋਇੰਬਟੂਰ ਗੋਲਡ ਪ੍ਰੋਡਿਊਸਰਜ਼ ਐਸੋਸੀਏਸ਼ਨ ਦੇ ਪ੍ਰਧਾਨ ਮੁਥੂ ਵੈਂਕਟਰਮਨ ਕਹਿੰਦੇ ਹਨ, ਇਨ੍ਹਾਂ ਵਿੱਚੋਂ, "22 ਕੈਰੇਟ ਵਿੱਚ 91.6% ਸ਼ੁੱਧ ਸੋਨਾ ਹੁੰਦਾ ਹੈ।" ਕੈਰੇਟ ਦੇ ਇਨ੍ਹਾਂ ਅੰਤਰਾਂ ਬਾਰੇ ਦੱਸਦੇ ਹੋਏ ਉਨ੍ਹਾਂ ਸਮਝਾਇਆ, "21 ਕੈਰੇਟ ਵਿੱਚ 88% ਸੋਨਾ ਹੁੰਦਾ ਹੈ। ਇਸਦਾ ਮਤਲਬ ਹੈ ਕਿ 100 ਗ੍ਰਾਮ ਵਿੱਚ 88 ਗ੍ਰਾਮ ਸ਼ੁੱਧ ਸੋਨਾ। ਇਸ ਤਰ੍ਹਾਂ, ਜੇਕਰ 100 ਗ੍ਰਾਮ ਵਿੱਚ 8.400 ਗ੍ਰਾਮ ਤਾਂਬਾ ਅਤੇ ਚਾਂਦੀ ਮਿਲਾਈ ਜਾਵੇ, ਅਤੇ 91.600 ਗ੍ਰਾਮ ਸ਼ੁੱਧ ਸੋਨਾ ਹੋਵੇ ਤਾਂ ਇਹ 22 ਕੈਰੇਟ ਸੋਨੇ ਦੇ ਗਹਿਣੇ ਹਨ।" "ਇਸੇ ਤਰ੍ਹਾਂ, 14 ਕੈਰੇਟ ਵਿੱਚ 58.3% ਸ਼ੁੱਧ ਸੋਨਾ ਹੁੰਦਾ ਹੈ ਅਤੇ ਬਾਕੀ ਤਾਂਬੇ ਅਤੇ ਚਾਂਦੀ ਦੀ ਮਿਸ਼ਰਤ ਧਾਤ ਹੁੰਦੀ ਹੈ। 18 ਕੈਰੇਟ ਵਿੱਚ 75% ਸੋਨਾ ਹੁੰਦਾ ਹੈ ਅਤੇ 25% ਤਾਂਬੇ ਅਤੇ ਚਾਂਦੀ ਦੀ ਮਿਸ਼ਰਤ ਧਾਤ ਹੁੰਦੀ ਹੈ।" ਮੁਥੂ ਵੈਂਕਟਰਮਨ ਸਮਝਾਉਂਦੇ ਹਨ ਕਿ ਇਨ੍ਹਾਂ ਦੇ ਉਲਟ, ਜੇਕਰ ਸ਼ੁੱਧ ਸੋਨੇ ਦੀ ਮਾਤਰਾ ਬਹੁਤ ਘੱਟ ਹੈ, ਭਾਵ 37.5 ਪ੍ਰਤੀਸ਼ਤ ਅਤੇ ਤਾਂਬਾ ਅਤੇ ਚਾਂਦੀ ਦੀ ਮਿਸ਼ਰਤ ਧਾਤ 62.5 ਪ੍ਰਤੀਸ਼ਤ ਹੈ, ਤਾਂ ਇਹ 9 ਕੈਰੇਟ ਸੋਨਾ ਹੈ। ਉਨ੍ਹਾਂ ਅਨੁਸਾਰ, ਕੈਰੇਟ ਗ੍ਰੇਡ ਦੀ ਗਣਨਾ ਸੋਨੇ ਦੇ ਗਹਿਣਿਆਂ ਦੇ ਉਤਪਾਦਨ ਵਿੱਚ ਮਿਲਾਈਆਂ ਗਈਆਂ ਹੋਰ ਧਾਤਾਂ ਦੀ ਮਾਤਰਾ ਅਤੇ ਸ਼ੁੱਧ ਸੋਨੇ ਦੀ ਮਾਤਰਾ 'ਤੇ ਨਿਰਭਰ ਕਰਦੀ ਹੈ।



## ਸੋਨੇ ਦੇ ਗਹਿਣਿਆਂ ਦੀ ਗੁਣਵੱਤਾ ਵਿੱਚ ਕੀ ਅੰਤਰ ਹੁੰਦਾ ਹੈ ?

ਸੁਨਿਆਰ ਸੁਬਰਾਮਨੀ ਕਹਿੰਦੇ ਹਨ ਕਿ ਆਮ ਤੌਰ 'ਤੇ 18 ਕੈਰੇਟ ਤੋਂ ਘੱਟ ਸਟੈਂਡਰਡ ਵਿੱਚ ਬਣੇ ਸੋਨੇ ਦੇ ਗਹਿਣੇ 18 ਕੈਰੇਟ ਜਾਂ ਇਸ ਤੋਂ ਉੱਪਰ ਦੇ ਕੈਰੇਟ ਦੇ ਮੁਕਾਬਲੇ ਵਧੀਆ ਗੁਣਵੱਤਾ ਦੇ ਨਹੀ ਹੁੰਦੇ। ਸੁਨਿਆਰ ਸੁਬਰਾਮਨੀ ਦੇ ਅਨੁਸਾਰ, "14 ਜਾਂ 9 ਕੈਰੇਟ ਆਦਿ ਵਿੱਚ ਗਹਿਣੇ ਬਣਾਉਂਦੇ ਸਮੇਂ ਸ਼ੁੱਧ ਸੋਨੇ ਦੀ ਇੱਕ ਵੱਡੀ ਮਾਤਰਾ ਮਿਸ਼ਰਤ ਧਾਤ ਨਾਲ ਜੁੜਨ ਦੀ ਬਜਾਏ ਭਾਫ਼ ਬਣ ਜਾਂਦੀ ਹੈ। ਇਹ ਗਹਿਣਿਆਂ 'ਤੇ ਇੱਕ ਪਰਤ ਵਾਂਗ ਹੈ, ਪਰ ਇਹ ਇੰਨੀ ਉੱਚ ਗੁਣਵੱਤਾ ਵਾਲੀ ਨਹੀ ਹੈ। ਇਸ ਬਾਰੇ ਗੱਲ ਕਰਦਿਆਂ ਮੁਥੂ ਵੈਂਕਟਰਮਨ ਨੇ ਕਿਹਾ, "ਸ਼ੁਰੂ ਵਿੱਚ ਹੀਰੇ ਨਾਲ ਜੜੇ ਗਹਿਣੇ ਬਣਾਉਣ ਲਈ 18 ਕੈਰੇਟ ਦੀ ਵਰਤੋਂ ਕੀਤੀ ਜਾਂਦੀ ਸੀ। ਬਾਅਦ ਵਿੱਚ 14 ਕੈਰੇਟ ਦੀ ਵੀ ਆਮ ਤੌਰ 'ਤੇ ਵਰਤੋਂ ਸ਼ੁਰੂ ਹੋ ਗਈ। ਪਰ ਜੇ ਤੁਸੀ ਇਸ ਤੋਂ ਹੇਠਾਂ ਜਾਂਦੇ ਹੋ ਤਾਂ ਸੋਨੇ ਦੇ ਗਹਿਣਿਆਂ ਵਿੱਚ ਸ਼ੁੱਧ ਸੋਨੇ ਦੀ ਮਾਤਰਾ ਬਹੁਤ ਘੱਟ ਹੁੰਦੀ ਹੈ।" ਸੁਬਰਾਮਨੀ ਨੇ ਅੱਗੇ ਦੱਸਿਆ, "ਜਦੋਂ ਸ਼ੁੱਧ ਸੋਨੇ ਨੂੰ ਕੁਝ ਧਾਤਾਂ ਨਾਲ ਮਿਲਾਏ ਗਏ ਲਾਖ ਦੀ ਥੋੜ੍ਹੀ ਜਿਹੀ ਮਾਤਰਾ ਵਿੱਚ ਡੁਬੋਇਆ ਜਾਂਦਾ ਹੈ, ਤਾਂ ਸੋਨੇ ਦੇ ਗਹਿਣੇ ਪੀਲੇ ਰੰਗ ਵਿੱਚ ਚਮਕਦੇ ਹਨ। ਇਹ ਪ੍ਰਕਿਰਿਆ ਨਾ ਸਿਰਫ਼ 22-ਕੈਰੇਟ ਸੋਨੇ ਦੇ ਗਹਿਣਿਆਂ ਨੂੰ ਸਗੋਂ 14 ਕੈਰੇਟ ਜਾਂ 9 ਕੈਰੇਟ ਸੋਨੇ ਦੇ ਗਹਿਣਿਆਂ ਨੂੰ ਵੀ ਚਮਕਾਉਂਦੀ ਹੈ।" "ਪਰ, ਜਿਵੇਂ-ਜਿਵੇਂ ਤੁਸੀ ਉਨ੍ਹਾਂ ਨੂੰ ਪਹਿਨਦੇ ਹੋ, ਪਸੀਨਾ ਉਨ੍ਹਾਂ ਦੇ ਨਾਲ ਲੱਗਦਾ ਹੈ ਤਾਂ 14 ਕੈਰੇਟ ਸੋਨੇ ਦਾ ਅਸਲੀ ਰੰਗ ਨਜ਼ਰ ਆਉਣ ਲੱਗਦਾ ਹੈ। ਉਨ੍ਹਾਂ ਨੂੰ ਸੋਨੇ ਦੇ ਪਾਣੀ ਵਿੱਚ ਡੁਬੋਣ ਨਾਲ ਆਈ ਫਿਨਿਸ਼ ਇਨ੍ਹਾਂ ਗਹਿਣਿਆਂ 'ਤੇ ਓਨੀ ਦੇਰ ਨਹੀ ਰਹਿੰਦੀ ਜਿੰਨੀ 22 ਕੈਰੇਟ ਅਤੇ 18 ਕੈਰੇਟ ਸੋਨੇ ਦੇ ਗਹਿਣਿਆਂ 'ਤੇ ਹੁੰਦੀ ਹੈ।"

## ਪੀਲੇ, ਰੋਜ਼ ਅਤੇ ਵ੍ਹਾਈਟ ਗੋਲਡ ਵਿੱਚ ਕੀ ਫਰਕ ਹੈ ?

ਸਾਡੇ ਵਿੱਚੋਂ ਬਹੁਤ ਸਾਰੇ ਇਹ ਸੋਚਦੇ ਹਨ ਜਦੋਂ ਸੋਨੇ ਦੇ ਗਿਹਣੇ ਸਿਰਫ਼ ਪੀਲੇ ਹੀ ਚਮਕਦੇ ਹਨ। ਹਾਲਾਂਕਿ, ਹਾਲ ਹੀ ਵਿੱਚ ਸੋਨੇ ਦੇ ਗਹਿਣੇ ਬਾਜ਼ਾਰ ਵਿੱਚ ਪੀਲੇ, ਰੋਜ਼ ਅਤੇ ਵ੍ਹਾਈਟ ਸਮੇਤ ਕਈ ਰੰਗਾਂ ਵਿੱਚ ਆਉਣ ਲੱਗ ਪਏ ਹਨ। ਵ੍ਹਾਈਟ ਸੋਨਾ, ਸ਼ੁੱਧ ਸੋਨੇ ਨੂੰ ਚਿੱਟੀਆਂ ਧਾਤਾਂ ਜਿਵੇਂ ਕਿ ਪੈਲੇਡੀਅਮ ਜਾਂ ਚਾਂਦੀ ਨਾਲ ਮਿਲਾ ਕੇ ਬਣਾਇਆ ਜਾਂਦਾ ਹੈ। ਇਸ ਤੋਂ ਇਲਾਵਾ, ਸਖ਼ਤ ਸਤ੍ਹਾ ਬਣਾਉਣ ਲਈ ਰੋਡੀਅਮ ਦੀ ਪਲੇਟਿੰਗ ਕੀਤੀ ਜਾਂਦੀ ਹੈ। ਇਹ 22 ਕੈਰੇਟ ਸੋਨੇ ਤੋਂ ਨਹੀ ਬਣਾਇਆ ਜਾਂਦਾ। 18 ਕੈਰੇਟ ਵ੍ਹਾਈਟ ਗੋਲਡ 75% ਸ਼ੁੱਧ ਸੋਨੇ ਅਤੇ 25% ਪੈਲੇਡੀਅਮ ਧਾਤ ਤੋਂ ਬਣਾਇਆ ਜਾਂਦਾ ਹੈ। ਇਹ ਮੁੱਖ ਤੌਰ 'ਤੇ 14, 10 ਅਤੇ 9 ਕੈਰੇਟ ਵਿੱਚ ਤਿਆਰ ਕੀਤਾ ਜਾਂਦਾ ਹੈ। 14 ਕੈਰੇਟ ਵ੍ਹਾਈਟ ਗੋਲਡ ਵਿੱਚ 58.3% ਸ਼ੁੱਧ ਸੋਨਾ, 32.2% ਚਾਂਦੀ ਅਤੇ 9.5% ਪੈਲੇਡੀਅਮ ਹੁੰਦਾ ਹੈ। ਇਸੇ ਤਰ੍ਹਾਂ 10 ਅਤੇ 9 ਕੈਰੇਟ ਵਿੱਚ ਕ੍ਰਮਵਾਰ 41.7% ਅਤੇ 37.5% ਸ਼ੁੱਧ ਸੋਨਾ ਹੁੰਦਾ ਹੈ। ਇੰਟਰਨੈਸ਼ਨਲ ਗੋਲਡ ਕੌਂਸਲ ਦਾ ਕਹਿਣਾ ਹੈ ਕਿ ਰੋਜ਼ ਗੋਲਡ ਦੇ ਗਹਿਣੇ ਜ਼ਿਆਦਾ ਤਾਂਬਾ ਪਾ ਕੇ ਬਣਾਏ ਜਾਂਦੇ ਹਨ। ਕੌਂਸਲ ਇਹ ਵੀ ਕਹਿੰਦੀ ਹੈ ਕਿ ਤਾਂਬਾ ਪਾਉਣ ਨਾਲ ਰੋਜ਼ ਗੋਲਡ ਨੂੰ ਇਸਦਾ ਹਲਕਾ ਗੁਲਾਬੀ ਰੰਗ ਮਿਲਦਾ ਹੈ। ਇਨ੍ਹਾਂ ਵਿੱਚੋਂ 22 ਕੈਰੇਟ ਰੋਜ਼ ਗੋਲਡ ਵਿੱਚ 91.6% ਸ਼ੁੱਧ ਸੋਨਾ ਅਤੇ 8.4% ਤਾਂਬਾ ਹੁੰਦਾ ਹੈ। 18 ਕੈਰੇਟ ਰੋਜ਼ ਗੋਲਡ ਵਿੱਚ 75% ਸ਼ੁੱਧ ਸੋਨਾ, 22.2% ਤਾਂਬਾ ਅਤੇ 9.2% ਚਾਂਦੀ ਹੁੰਦੀ ਹੈ। ਰੋਜ਼ ਗੋਲਡ ਦੇ ਨਿਚਲੇ ਗ੍ਰੇਡ, ਜਿਵੇਂ 14, 10, ਅਤੇ 9 ਕੈਰੇਟ ਵਿੱਚ ਜ਼ਿਆਦਾ ਤਾਂਬਾ ਪਾਇਆ ਜਾਂਦਾ ਹੈ। 14 ਕੈਰੇਟ ਰੋਜ਼ ਗੋਲਡ ਵਿੱਚ 32.5% ਤਾਂਬਾ ਹੁੰਦਾ ਹੈ, ਜਦੋਂ ਕਿ 10 ਅਤੇ 9 ਕੈਰੇਟ ਵਿੱਚ ਕ੍ਰਮਵਾਰ 38.3% ਅਤੇ 42.5% ਤਾਂਬਾ ਹੁੰਦਾ ਹੈ।

pnb ਪੰਜਾਬ ਨੈਸ਼ਨਲ ਬੈਂਕ
ਅਸੈਟ ਰਿਕਵਰੀ ਅਤੇ ਮੈਨੇਜਮੈਂਟ ਸ਼ਾਖਾ (ਏਆਰਐਮਡੀ)
ਪਲਾਟ ਨੰ. 10, ਬੀ-ਬਲਾਕ, ਜ਼ਿਲ੍ਹਾ ਸ਼ਾਪਿੰਗ ਕੰਪਲੈਕਸ, ਰਣਜੀਤ ਐਵੇਨਿਊ, ਅੰਮ੍ਰਿਤਸਰ

ਸੰਕੇਤਕ ਕਬਜ਼ਾ ਸੂਚਨਾ (ਚੱਲ ਅਤੇ ਅਚੱਲ ਸੰਪਤੀਆਂ ਦੇ ਲਈ)

ਜਦੋਂ ਕਿ, ਹੇਠ ਹਸਤਾਖਰ ਕਰਨ ਵਾਲੇ ਨੇ ਪੰਜਾਬ ਨੈਸ਼ਨਲ ਬੈਂਕ ਦੇ "ਅਧਿਕਾਰਤ ਅਧਿਕਾਰੀ" ਹੋਣ ਦੇ ਨਾਤੇ, ਵਿੱਤੀ ਸੰਪਤੀਆਂ ਦੇ ਸੁਰੱਖਿਆਕਰਨ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ 2002 ਦੇ ਲਾਗੂਕਰਨ ਦੇ ਅਧੀਨ, ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮ 2002 ਦੇ ਨਿਯਮ 3 ਦੇ ਨਾਲ ਪੜ੍ਹੇ ਗਏ ਧਾਰਾ 13(12) ਦੇ ਅਧੀਨ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਖਾਤੇ ਦੇ ਵਿਰੁੱਧ ਦੱਸੀ ਗਈ ਮਿਤੀ ਨੂੰ ਇੱਕ ਮੰਗ ਨੋਟਿਸ ਜਾਰੀ ਕੀਤਾ ਜਿਸ ਵਿੱਚ ਸਬੰਧਤ ਉਧਾਰ ਲੈਣ ਵਾਲਿਆਂ / ਗਾਰੰਟਰਾਂ ਨੂੰ ਉਕਤ ਨੋਟਿਸ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਖਾਤੇ ਦੇ ਵਿਰੁੱਧ ਦੱਸੀ ਗਈ ਰਕਮ ਵਾਪਸ ਕਰਨ ਲਈ ਕਿਹਾ ਗਿਆ ਹੈ। ਉਧਾਰ ਲੈਣ ਵਾਲਿਆਂ / ਗਾਰੰਟਰਾਂ ਨੇ ਰਕਮ ਵਾਪਸ ਕਰਨ ਵਿੱਚ ਅਸਫਲ ਰਹਿਣ ਤੋਂ ਬਾਅਦ, ਉਧਾਰ ਲੈਣ ਵਾਲਿਆਂ / ਗਾਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠ ਹਸਤਾਖਰ ਕਰਨ ਵਾਲੇ ਨੇ ਖਾਤੇ ਦੇ ਵਿਰੁੱਧ ਦੱਸੀ ਗਈ ਮਿਤੀ ਨੂੰ ਉਕਤ ਐਕਟ ਦੀ ਧਾਰਾ 13(4) ਦੇ ਨਾਲ ਪੜ੍ਹੇ ਗਏ ਨਿਯਮ 8 ਦੇ ਅਧੀਨ ਦਿੱਤੇ ਗਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦੱਸੀਆਂ ਗਈਆਂ ਜਾਇਦਾਦਾਂ ਦਾ ਕਬਜ਼ਾ ਲੈ ਲਿਆ ਹੈ।
ਖਾਸ ਕਰਕੇ ਕਰਜ਼ਦਾਰਾਂ/ਗਾਰੰਟਰਾਂ ਅਤੇ ਆਮ ਤੌਰ 'ਤੇ ਜਨਤਾ ਨੂੰ ਇਸ ਦੁਆਰਾ ਸਾਵਧਾਨ ਕੀਤਾ ਜਾਂਦਾ ਹੈ ਕਿ ਉਹ ਜਾਇਦਾਦਾਂ ਨਾਲ ਕੋਈ ਲੈਣ-ਦੇਣ ਨਾ ਕਰਨ ਅਤੇ ਜਾਇਦਾਦਾਂ ਨਾਲ ਕੋਈ ਵੀ ਲੈਣ-ਦੇਣ ਪੰਜਾਬ ਨੈਸ਼ਨਲ ਬੈਂਕ ਦੇ ਚਾਰਜ ਦੇ ਅਧੀਨ ਹੋਵੇਗਾ, ਰਕਮਾਂ, ਹੋਰ ਖਰਚਿਆਂ, ਲਾਗਤਾਂ, ਖਰਚਿਆਂ ਅਤੇ ਉਨ੍ਹਾਂ 'ਤੇ ਵਿਆਜ ਲਈ। ਕਰਜ਼ਦਾਰਾਂ ਦਾ ਧਿਆਨ ਐਕਟ ਦੀ ਧਾਰਾ 13 ਦੀ ਉਪ ਧਾਰਾ (8) ਦੇ ਉਪਬੰਧਾਂ ਵੱਲ ਖਿੱਚਿਆ ਜਾਂਦਾ ਹੈ, ਜੋ ਕਿ ਸੁਰੱਖਿਅਤ ਜਾਇਦਾਦਾਂ ਨੂੰ ਛੁਡਾਉਣ ਲਈ ਉਹਨਾਂ ਕੋਲ ਉਪਲਬਧ ਸਮੇਂ ਦੇ ਸੰਬੰਧ ਵਿੱਚ ਹੈ।

| ਐਨਪੀਏ ਖਾਤਾ/ਕਰਜ਼ਦਾਰਾ/ਜ਼ਾਮਨਾਂ ਦਾ ਨਾਮ | ਚੱਲ ਅਤੇ ਅਚੱਲ ਸੰਪੱਤੀਆਂ ਦੇ ਵੇਰਵੇ | ਮੰਗ ਸੂਚਨਾ ਦੀ ਮਿਤੀ | ਕਬਜ਼ੇ ਦੀ ਮਿਤੀ | ਬਕਾਇਆ ਰਕਮ |
|---|---|---|---|---|
| (1) (i) ਮੈਸ. ਸ਼੍ਰੀ ਐਗਰੋ ਇੰਡਸਟਰੀਜ਼ (ਪਹਿਲਾਂ ਜਸਵਿੰਦਰਾ ਐਗਰੋ ਇੰਡਸਟਰੀਜ਼ ਵਜੋਂ ਜਾਣੀ ਜਾਂਦੀ ਸੀ) ਰਜਿਸਟਰਡ ਦਫ਼ਤਰ ਦਾ ਪਤਾ: ਲਕੀਰ ਸਾਹਿਬ ਗੁਰਦੁਆਰੇ ਦੇ ਨੇੜੇ, ਅੰਮ੍ਰਿਤਸਰ ਰੋਡ, ਤਰਨ ਤਾਰਨ (ii) ਸ਼੍ਰੀ ਰਘਬੀਰ ਸਿੰਘ ਪੁੱਤਰ ਸ਼੍ਰੀ ਜਸਵਿੰਦਰ ਸਿੰਘ, ਪਤਾ: 11/551, ਅੰਮ੍ਰਿਤਸਰ ਰੋਡ, ਤਰਨ ਤਾਰਨ 143401 (ਜ਼ਾਮਨ ਅਤੇ ਗਿਰਵੀਕਾਰ) (iii) ਸ਼੍ਰੀ ਬਲਵਿੰਦਰ ਸਿੰਘ ਪੁੱਤਰ ਸ਼੍ਰੀ ਜਸਵਿੰਦਰ ਸਿੰਘ ਮਾਲਕ (ਸ਼੍ਰੀ ਐਗਰੋ ਇੰਡਸਟਰੀਜ਼) ਪਤਾ: 15/9101, ਗਲੀ ਜਨਤਾ ਪੈਲੇਸ ਵਾਲੀ, ਤਰਨ ਤਾਰਨ 143401 (ਜ਼ਾਮਨ ਅਤੇ ਗਿਰਵੀਕਾਰ) (iii) ਮੈਸ ਜਸਵਿੰਦਰਾ ਇੰਡਸਟਰੀਜ਼ (ਮਾਲਕ ਸ਼੍ਰੀ ਰਘਬੀਰ ਸਿੰਘ ਪੁੱਤਰ ਸ਼੍ਰੀ ਜਸਵਿੰਦਰ ਸਿੰਘ ਰਾਹੀਂ) ਅੰਮ੍ਰਿਤਸਰ ਰੋਡ, ਤਰਨ ਤਾਰਨ 143001 (ਜ਼ਾਮਨ ਅਤੇ ਗਿਰਵੀਕਾਰ) | (i) ਖੇਵਟ ਨੰਬਰ 209, ਖਤੌਣੀ ਨੰਬਰ 258 ਜਿਸ ਵਿੱਚ ਖਸਰਾ ਨੰਬਰ 509/1/1 (3-7) ਵਿੱਚ ਸ਼ਾਮਲ ਹੈ, 3 ਕਨਾਲ 7 ਮਰਲੇ ਦੀ ਕੁੱਲ ਜ਼ਮੀਨ 13 ਮਰਲੇ 91 ਫੁੱਟ ਵਿੱਚੋਂ 13/67 ਹਿੱਸੇ/ ਵਾਲੀ ਵਪਾਰਕ ਜ਼ਮੀਨ ਦੇ ਸਾਰੇ ਭਾਗ ਅਤੇ ਹਿੱਸੇ ਦਾ ਬਰਾਬਰ ਗਿਰਵੀਨਾਮਾ, ਜਿਸ ਵਿੱਚ ਫਰਦ ਹਿਕਾਕ ਰਜਿਸਟਰਡ ਦਸਤਾਵੇਜ਼ ਨੰਬਰ 2782, ਜਿਲਦ ਨੰਬਰ 1947, ਬਹੀ ਨੰਬਰ 1, ਪੰਨਾ ਨੰਬਰ 63/64 ਮਿਤੀ 17-08-1982 ਅਨੁਸਾਰ, ਮੈਸਰਜ਼ ਜਸਵਿੰਦਰ ਇੰਡਸਟਰੀਜ਼ ਪ੍ਰੋਪ ਸ਼੍ਰੀ ਰਘਬੀਰ ਸਿੰਘ, ਅੰਮ੍ਰਿਤਸਰ ਰੋਡ, ਤਰਨਤਾਰਨ ਵਿਖੇ ਸਥਿਤ ਹੈ ਅਤੇ ਨਾਲ ਲੱਗਦੀਆਂ ਜਾਇਦਾਦਾਂ ਦਾ ਵੇਰਵਾ ਪੂਰਬ: ਮੁੱਖ ਸੜਕ, ਪੱਛਮ: ਫਾਊਂਡਰੀ ਜਸਵਿੰਦਰਾ ਇੰਡਸਟਰੀਜ਼, ਉੱਤਰ: ਦੂਜਿਆਂ ਦੀ ਜਾਇਦਾਦ, ਦੱਖਣ: ਸੜਕ<br>(2) ਮਕਾਨ ਨੰਬਰ 15/9101 ਵਿਖੇ ਰਿਹਾਇਸ਼ੀ ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ 'ਤੇ ਚਾਰਜ ਦਾ ਵਾਧਾ, ਜੋ ਕਿ 9 ਮਰਲੇ 27 ਫੁੱਟ ਮਾਪ, ਕੁੱਲ 4 ਕਨਾਲ 9 ਮਰਲੇ ਜ਼ਮੀਨ ਵਿੱਚੋਂ 9/89 ਹਿੱਸਾ, ਖੇਵਟ ਨੰਬਰ 272, ਖਤੌਣੀ ਨੰਬਰ 351, ਜਿਸ ਵਿੱਚ ਖਸਰਾ ਨੰਬਰ 507/1 (4-9) ਸ਼ਾਮਲ ਹੈ, ਜਿਸਦਾ ਦਸਤਾਵੇਜ਼ ਨੰਬਰ 4133, ਬਹੀ ਨੰਬਰ 1, ਜਿਲਦ ਨੰਬਰ 3418, ਪੰਨਾ ਨੰਬਰ 55/56 ਮਿਤੀ 06-01-2006, ਅੰਮ੍ਰਿਤਸਰ ਰੋਡ, ਤਰਨਤਾਰਨ ਵਿਖੇ ਸਥਿਤ, ਬਲਵਿੰਦਰ ਸਿੰਘ ਪੁੱਤਰ ਸ਼੍ਰੀ ਜਸਵਿੰਦਰ ਸਿੰਘ (ਬਲਵਿੰਦਰ ਸਿੰਘ ਦੇ ਮਕਾਨ ਦੇ ਕਰਜ਼ੇ ਦੇ ਖਾਤੇ ਵਿੱਚ ਮੁੱਖ ਤੌਰ 'ਤੇ ਬਰਾਬਰੀ ਵਾਲਾ ਗਿਰਵੀਨਾਮਾ) ਦੇ ਨਾਮ ਤੇ ਦਰਜ ਹੈ। ਨਾਲ ਲੱਗਦੀਆਂ ਜਾਇਦਾਦਾਂ ਦਾ ਵੇਰਵਾ ਪੂਰਬ: ਰਣਧੀਰ ਸਿੰਘ ਦਾ ਮਕਾਨ, ਪੱਛਮ: ਸ਼੍ਰੀ ਅਮਰੀਕ ਸਿੰਘ ਦਾ ਮਕਾਨ, ਉੱਤਰ: ਜਸਵਿੰਦਰ ਸਿੰਘ ਐਸ. ਮਕੈਨੀਕਲ ਵਰਕਸ, ਦੱਖਣ: ਗਲੀ 15 ਫੁੱਟ ਚੌੜੀ<br>(3) ਕਾਰੋਬਾਰ ਨਾਲ ਸਬੰਧਤ ਸਾਰੇ ਕਿਸਮ ਦੇ ਉਤਪਾਦਾਂ ਅਤੇ ਸਾਮਾਨ ਦੇ ਪੂਰੇ ਸਟਾਕ, ਬੁੱਕ ਕਰਜ਼ੇ ਅਤੇ ਪੇਸ਼ਗੀਆਂ ਆਦਿ ਸਮੇਤ ਸਮੁੱਚੀ ਮੌਜੂਦਾ ਜਾਇਦਾਦ ਦਾ ਮੁੱਢਲਾ ਗਿਰਵੀਨਾਮਾ। | 01.11.2025 | 31.01.2026 | ਰੁ. 61,23,397/- 31.10.2025 ਨੂੰ + 01.11.2025 ਤੋਂ ਪ੍ਰਭਾਵੀ ਵਿਆਜ, ਹੋਰ ਫੀਸਾਂ ਅਤੇ ਮਨਫੀ ਵਸੂਲੀ, ਜੇਕਰ ਕੋਈ ਹੈ, ਹੁਣ ਤੱਕ ਪ੍ਰਭਾਵੀ |
| (2) (i) ਸ਼੍ਰੀ ਬਲਵਿੰਦਰ ਸਿੰਘ ਪੁੱਤਰ ਸ਼੍ਰੀ ਜਸਵਿੰਦਰ ਸਿੰਘ (ਕਰਜ਼ਦਾਰ/ਗਿਰਵੀਕਾਰ) ਮਕਾਨ ਨੰ. 15/910ਏ, ਗਲੀ ਜਨਤਾ ਪੈਲੇਸ ਵਾਲੀ, ਤਰਨਤਾਰਨ 143401 (ii) ਸ਼੍ਰੀਮਤੀ ਸਤਵੰਤ ਕੌਰ ਪਤਨੀ ਸ਼੍ਰੀ ਜਸਵਿੰਦਰ ਸਿੰਘ (ਸਹਿ-ਕਰਜ਼ਦਾਰ) ਮਾਰਫਤ ਜਸਵਿੰਦਰਾ ਇੰਡਸਟਰੀਜ਼, ਅੰਮ੍ਰਿਤਸਰ ਰੋਡ ਤਰਨਤਾਰਨ 143401 (iii) ਸ਼੍ਰੀਮਤੀ ਨਪਿੰਦਰ ਸਿੰਘ ਪਤਨੀ ਸ਼੍ਰੀ ਬਲਵਿੰਦਰ ਸਿੰਘ (ਸਹਿ-ਕਰਜ਼ਦਾਰ) ਮਕਾਨ ਨੰ 15/910ਏ, ਗਲੀ ਜਨਤਾ ਪੈਲੇਸ ਵਾਲੀ, ਤਰਨਤਾਰਨ 143401 (iv) ਸ਼੍ਰੀ ਜਸਵਿੰਦਰ ਸਿੰਘ ਪੁੱਤਰ ਸ਼੍ਰੀ ਰਤਨ ਸਿੰਘ (ਜ਼ਾਮਨ) ਮਾਰਫਤ ਮੈਸਰਜ਼ ਜਸਵਿੰਦਰ ਐਗਰੋ ਇੰਡਸਟਰੀਜ਼, ਅੰਮ੍ਰਿਤਸਰ ਰੋਡ ਤਰਨਤਾਰਨ 143401 | ਮਕਾਨ ਨੰਬਰ 15/9101 ਵਿਖੇ ਰਿਹਾਇਸ਼ੀ ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ 'ਤੇ ਚਾਰਜ ਦਾ ਵਾਧਾ, ਜਿਸਦਾ ਮਾਪ 9 ਮਰਲੇ 27 ਫੁੱਟ ਹੈ, ਕੁੱਲ ਜ਼ਮੀਨ 4 ਕਨਾਲ 9 ਮਰਲੇ ਦਾ 9/89 ਹਿੱਸਾ, ਜੋ ਕਿ ਖੇਵਟ ਨੰਬਰ 272, ਖਤੌਣੀ ਨੰਬਰ 351 ਜਿਸ ਵਿੱਚ ਖਸਰਾ ਨੰਬਰ 507/1 (4-9) ਸ਼ਾਮਲ ਹੈ, ਦਸਤਾਵੇਜ਼ ਨੰਬਰ 4133, ਬਹੀ ਨੰਬਰ 1, ਜਿਲਦ ਨੰਬਰ 3418, ਪੰਨਾ ਨੰਬਰ 55/56 ਮਿਤੀ 06/01/2006 ਅਨੁਸਾਰ ਬਲਵਿੰਦਰ ਸਿੰਘ ਪੁੱਤਰ ਸ਼੍ਰੀ ਜਸਵਿੰਦਰ ਸਿੰਘ ਦੇ ਨਾਮ ਤੇ ਦਰਜ ਹੈ ਅਤੇ ਨਾਲ ਲੱਗਦੀਆਂ ਜਾਇਦਾਦਾਂ: ਪੂਰਬ: ਸ਼੍ਰੀ ਰਣਧੀਰ ਸਿੰਘ ਦਾ ਮਕਾਨ, ਪੱਛਮ: ਸ਼੍ਰੀ ਅਮਰੀਕ ਸਿੰਘ ਦਾ ਮਕਾਨ, ਉੱਤਰ: ਜਸਵਿੰਦਰ ਸਿੰਘ ਐਸ. ਮਕੈਨੀਕਲ ਵਰਕਸ, ਦੱਖਣ: ਗਲੀ | 01.11.2025 | 31.01.2026 | ਰੁ. 22,80,292.22 31.10.2025 ਨੂੰ + 01.11.2025 ਤੋਂ ਪ੍ਰਭਾਵੀ ਵਿਆਜ, ਹੋਰ ਫੀਸਾਂ ਅਤੇ ਮਨਫੀ ਵਸੂਲੀ, ਜੇਕਰ ਕੋਈ ਹੈ, ਹੁਣ ਤੱਕ ਪ੍ਰਭਾਵੀ |

ਮਿਤੀ : 04.02.2026 ਸਥਾਨ : ਅੰਮ੍ਰਿਤਸਰ ਸਹੀ/- ਅਧਿਕਾਰਤ ਅਧਿਕਾਰੀ (ਪੰਜਾਬ ਨੈਸ਼ਨਲ ਬੈਂਕ)

੧ਓ ਸ੍ਰੀ ਵਾਹਿਗੁਰੂ ਜੀ ਕੀ ਫ਼ਤਹਿ
ਪੰਜਾਬ ਐਂਡ ਸਿੰਧ ਬੈਂਕ (ਭਾਰਤ ਸਰਕਾਰ ਦਾ ਅਦਾਰਾ)
Punjab & Sind Bank (A Govt. of India Undertaking)
Where service is a way of life

ਈ-ਨਿਲਾਮੀ ਵਿਕਰੀ ਸੂਚਨਾ

ਜ਼ੋਨਲ ਦਫਤਰ - ਲੁਧਿਆਣਾ
ਭਾਈ ਬਾਬਾ ਚੌਂਕ, ਪੰਜਵੀਂ ਮੰਜ਼ਿਲ, ਨੌਬਲ ਇਨਕਲੇਵ, ਲੁਧਿਆਣਾ-141001

20.02.2026 ਨੂੰ ਲੜੀ ਨੰ. 1 ਤੋਂ 4 ਦੇ ਲਈ ਅਚੱਲ ਸੰਪੱਤੀ ਦੀ ਵਿਕਰੀ ਲਈ ਈ-ਨਿਲਾਮੀ ਲਈ ਜਨਤਕ ਸੂਚਨਾ (ਸਵੇਰੇ 11:00 ਵਜੇ ਤੋਂ ਬਾਅਦ ਦੁਪਹਿਰ 02.00 ਵਜੇ ਤੱਕ)
11.03.2026 ਨੂੰ ਲੜੀ ਨੰ. 5 ਦੇ ਲਈ ਚੱਲ ਸੰਪੱਤੀ ਦੀ ਵਿਕਰੀ ਲਈ ਈ-ਨਿਲਾਮੀ ਲਈ ਜਨਤਕ ਸੂਚਨਾ (ਸਵੇਰੇ 11:00 ਵਜੇ ਤੋਂ ਬਾਅਦ ਦੁਪਹਿਰ 02.00 ਵਜੇ ਤੱਕ)

[ਅੰਤਿਕਾ-IV-1] ਅਚੱਲ ਜਾਇਦਾਦ ਦੀ ਵਿਕਰੀ ਲਈ ਵਿਕਰੀ ਨੋਟਿਸ
ਵਿੱਤੀ ਸੰਪਤੀਆਂ ਦੀ ਪ੍ਰਤੀਭੂਤੀ ਅਤੇ ਪੁਨਰ ਨਿਰਮਾਣ ਅਤੇ
ਸੁਰੱਖਿਆ ਵਿਆਜ ਐਕਟ, 2002 ਦੇ ਅਧੀਨ ਅਚੱਲ ਜਾਇਦਾਦ ਦੀ ਵਿਕਰੀ ਲਈ ਈ-ਨਿਲਾਮੀ ਵਿਕਰੀ ਨੋਟਿਸ, ਸੁਰੱਖਿਆ ਵਿਆਜ (ਲਾਗੂਕਰਨ) ਨਿਯਮ, 2002 ਦੇ ਨਿਯਮ 9(1)/8(6) ਅਤੇ 6 (2) ਦੇ ਪ੍ਰਾਵਧਾਨ ਦੇ ਨਾਲ ਪੜ੍ਹਿਆ ਜਾਂਦਾ ਹੈ।
ਇਸ ਦੁਆਰਾ ਆਮ ਤੌਰ 'ਤੇ ਜਨਤਾ ਨੂੰ ਅਤੇ ਖਾਸ ਤੌਰ 'ਤੇ ਕਰਜ਼ਦਾਰ(ਾਂ) ਅਤੇ ਜ਼ਾਮਨ(ਾਂ) ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਸੁਰੱਖਿਅਤ ਕਰਜ਼ਦਾਤਾ ਨੂੰ ਗਿਰਵੀ ਰੱਖੀ ਗਈ ਅਚੱਲ ਜਾਇਦਾਦ ਦਾ ਵਰਣਨ ਕੀਤਾ ਗਿਆ ਥੱਲੇ, ਜਿਸਦਾ ਭੌਤਿਕ/ਸੰਕੇਤਕ ਕਬਜ਼ਾ ਪੰਜਾਬ ਐਂਡ ਬਾਈਂਡ ਬੈਂਕ ਸੁਰੱਖਿਅਤ ਲੈਣਦਾਰ ਦੇ ਅਧਿਕਾਰਤ ਅਧਿਕਾਰੀ ਦੁਆਰਾ ਲਿਆ ਗਿਆ ਹੈ, "ਜਿਵੇਂ ਹੈ ਜਿੱਥੇ ਹੈ", "ਜਿਵੇਂ ਹੈ ਜੋ ਹੈ" ਅਤੇ 'ਤੇ ਵੇਚਿਆ ਜਾਵੇਗਾ। "ਜੋ ਵੀ ਹੈ" ਆਧਾਰ।

ਅਚੱਲ ਸੰਪਤੀਆਂ ਦਾ ਵਰਣਨ

| ਲ. ਨੰ. | ਸ਼ਾਖਾ ਦਾ ਨਾਮ/ ਖਾਤੇ ਦਾ ਨਾਮ | ਸੰਪੱਤੀ/ਾਂ ਦਾ ਵੇਰਵਾ | ਮੰਗ ਸੂਚਨਾ ਦੀ ਮਿਤੀ/ਬਕਾਇਆ ਰਕਮ (ਰੁਪਏ) ਭਵਿੱਖ ਦੇ ਵਿਆਜ ਅਤੇ ਉਸ 'ਤੇ ਹੋਰ ਖਰਚਿਆਂ ਦੇ ਅਨੁਸਾਰ। | ਰਾਖਵੀਂ ਕੀਮਤ / ਈਐਮਡੀ / ਬੋਲੀ ਵਿੱਚ ਵਾਧਾ | ਅਧਿਕਾਰਤ ਅਧਿਕਾਰੀ ਦਾ ਨਾਮ, ਸੰਪਰਕ ਅਤੇ ਈਮੇਲ ਵੇਰਵੇ | ਜਾਇਦਾਦ ਦੀ ਜਾਂਚ ਮਿਤੀ ਅਤੇ ਸਮਾਂ | ਸੇਵਾ ਪ੍ਰਦਾਤਾ ਲਈ QR ਕੋਡ | ਜਾਇਦਾਦ ਦੀ ਤਸਵੀਰ ਲਈ QR ਕੋਡ | ਸਥਾਨ ਲਈ QR ਕੋਡ | ਸਰਵਿਸ ਪ੍ਰੋਵਾਈਡਰ ਲਈ QR ਕੋਡ |
|---|---|---|---|---|---|---|---|---|---|---|
| 1 | ਢੋਲੇਵਾਲ ਸ਼ਾਖਾ<br>1. ਮੈਸ. ਅੰਮ੍ਰਿਤ ਨਿੱਟ ਫੈਬ, 2. ਸ਼੍ਰੀ ਮਨਜਿੰਦਰ ਸਿੰਘ (ਪ੍ਰੋਪ. ਮੈਸ. ਅੰਮ੍ਰਿਤ ਨਿਟ ਫੈਬ) [ਕਰਜ਼ਦਾਰ(ਾਂ) ਅਤੇ 1.ਸ਼੍ਰੀਮਤੀ ਰਮਨਦੀਪ ਕੌਰ [ਜ਼ਾਮਨ(ਾਂ)] | ਸ੍ਰੀਮਤੀ ਰਮਨਦੀਪ ਕੌਰ ਸੁਪਤਨੀ ਸ੍ਰੀ ਮਨਜਿੰਦਰ ਸਿੰਘ ਦੀ ਮਾਲਕੀ ਹੇਠ ਵਿਕਰੀ ਡੀਡ ਵਸੀਕਾ ਨੰਬਰ 2110 ਮਿਤੀ 24.11.2015 ਦੇ ਅਧੀਨ ਪਿੰਡ ਸਾਹਨੇਵਾਲ ਕਲਾਂ-2 (ਆਬਾਦੀ ਹਵੇਲੀ ਕਲੋਨੀ) ਹੱਦਬਸਤ ਨੰ. 227, ਉਪ ਤਹਿਸੀਲ ਸਾਹਨੇਵਾਲ, ਜ਼ਿਲ੍ਹਾ ਲੁਧਿਆਣਾ ਵਿਖੇ ਸਥਿਤ ਸਾਲ 2010-11 ਦੇ ਲਈ ਜਮ੍ਹਾਂਬੰਦੀ ਅਨੁਸਾਰ ਖਸਰਾ ਨੰ. 83//16, 83//21, 94//4, 94//15, 94//6, 95//1, 83//20, 95//10, 84//17/2, 84//24, 84//25 ਖਾਤਾ ਨੰਬਰ 83/97-98-99 ਵਿਚ ਸ਼ਾਮਲ 475 ਵਰਗ ਗਜ਼ ਮਾਪ ਵਾਲਾ ਪਲਾਟ ਨੰ. 36-37-38-39-40-41-42-43 | 17.06.2019/ ਰੁਪਏ 1,30,99,713.47 (ਭਵਿੱਖ ਦੇ ਵਿਆਜ ਅਤੇ ਖਰਚਿਆਂ ਨੂੰ ਜੋੜ ਕੇ 01.06.2019 ਤੋਂ ਘੱਟ ਰਿਕਵਰੀ 01.06.2019 ਤੋਂ ਬਾਅਦ ਪ੍ਰਭਾਵੀ ਹੋਵੇਗੀ | ਰੁ. 72,50,000/-<br>ਰੁ. 7,25,000/-<br>ਰੁ. 72,500/- | ਸ਼੍ਰੀ ਗੁਰਦੀਪ ਸ਼ਰਮਾ ਮੋਬਾਇਲ ਨੰ.: 81464-33443 gurdip.sharma @psb.bank.in | 17.02.2026 ਨੂੰ ਸਵੇਰੇ 11.00 ਵਜੇ ਤੋਂ ਬਾ.ਦੁ. 02.30 ਵਜੇ ਦੇ ਵਿਚਾਲੇ | 19.02.2026 ਸ਼ਾਮ 04.00 ਵਜੇ ਤੱਕ ਭੌਤਿਕ ਕਬਜ਼ਾ | | | |
| 2 | ਢੋਲੇਵਾਲ ਸ਼ਾਖਾ<br>1.ਮੈਸ. ਐਮਕੇਐਮ ਐਂਟਰਪ੍ਰਾਈਜ਼ਿਜ਼ ਰਜਿਸਟਰਡ ਦਫ਼ਤਰ: ਮਕਾਨ ਨੰਬਰ 138, ਗਲੀ ਨੰ. 5, ਗ੍ਰੀਨ ਵੈਲੀ, ਨੇੜੇ ਮਾਨ ਪੈਲੇਸ, ਹੈਬੋਵਾਲ ਕਲਾਂ, ਲੁਧਿਆਣਾ, ਵਰਕਸ ਆਫਿਸ: ਕਾਕੋਵਾਲ ਰੋਡ, ਟਿੱਬਾ ਰੋਡ, ਲੁਧਿਆਣਾ,, 2. ਸ਼੍ਰੀ ਲਖਨ ਸ਼ਰਮਾ ਪੁੱਤਰ ਸ਼੍ਰੀ ਆਨੰਦ ਸ਼ਰਮਾ (ਮੇਸਰ ਐਮਕੇਐਮ ਐਂਟਰਪ੍ਰਾਈਜ਼ਿਜ਼ ਦੇ ਭਾਈਵਾਲ, ਗਿਰਵੀਨਾਮਾ ਅਤੇ ਗਾਰੰਟਰ), 3. ਸਵਰਗੀ ਸ਼੍ਰੀਮਤੀ ਕਿਰਨ ਸ਼ਰਮਾ ਪਤਨੀ ਸ਼੍ਰੀ ਆਨੰਦ ਸ਼ਰਮਾ (ਮ੍ਰਿਤਕ ਸਾਥੀ ਅਤੇ ਗਾਰੰਟਰ ਮੇਸਰ ਐਮਕੇਐਮ ਐਂਟਰਪ੍ਰਾਈਜ਼ਿਜ਼) 4. ਸ਼੍ਰੀ ਆਨੰਦ ਸ਼ਰਮਾ ਪਤੀ ਸ਼੍ਰੀਮਤੀ ਕਿਰਨ ਸ਼ਰਮਾ ਸਾਥੀ ਦੇ ਪਤੀ ਅਤੇ ਕਾਨੂੰਨੀ ਵਾਰਸ, 5. ਸ਼੍ਰੀਮਤੀ ਮਿਤਾਲੀ ਸ਼ਰਮਾ ਆਪਣੇ ਪਿਤਾ ਸ਼੍ਰੀ ਆਨੰਦ ਸ਼ਰਮਾ (ਸਵਰਗੀ ਸ਼੍ਰੀਮਤੀ ਕਿਰਨ ਸ਼ਰਮਾ ਸਾਥੀ ਦੇ ਕਾਨੂੰਨੀ ਵਾਰਸ) ਰਾਹੀਂ 6. ਸ਼੍ਰੀ ਭੈਵਬ ਸ਼ਰਮਾ ਆਪਣੇ ਪਿਤਾ ਸ਼੍ਰੀ ਆਨੰਦ ਸ਼ਰਮਾ (ਸਵਰਗੀ ਸ਼੍ਰੀਮਤੀ ਕਿਰਨ ਸ਼ਰਮਾ ਸਾਥੀ ਦੇ ਕਾਨੂੰਨੀ ਵਾਰਸ) ਰਾਹੀਂ 7. ਸ਼੍ਰੀ ਲਖਨ ਸ਼ਰਮਾ ਪੁੱਤਰ ਸ਼੍ਰੀ ਆਨੰਦ ਸ਼ਰਮਾ (ਸਵਰਗੀ ਸ਼੍ਰੀਮਤੀ ਕਿਰਨ ਸ਼ਰਮਾ ਦੇ ਕਾਨੂੰਨੀ ਵਾਰਸ ਵੀ) ਸਾਰੇ ਮਕਾਨ ਨੰਬਰ 138, ਗਲੀ ਨੰਬਰ 5, ਗ੍ਰੀਨ ਵੈਲੀ, ਮਾਨ ਪੈਲੇਸ ਦੇ ਨੇੜੇ, ਹੈਬੋਵਾਲ ਕਲਾਂ, ਲੁਧਿਆਣਾ ਵਿਖੇ ਰਹਿੰਦੇ ਹਨ। | ਹੈਬੋਵਾਲ ਕਲਾਂ ਲੁਧਿਆਣਾ ਦੇ ਮਾਲੀਆ ਰਾਜ ਦੇ ਅੰਦਰ ਸਥਿਤ ਦੁਕਾਨ ਨੰਬਰ 1, 2 ਅਤੇ 3 ਦੁਆਰਾ ਸ਼ਾਮਲ 300 ਵਰਗ ਗਜ਼ ਦੀ ਵਪਾਰਕ ਜਾਇਦਾਦ ਦਾ ਬਰਾਬਰ ਗਿਰਵੀਨਾਮਾ, ਮਿਤੀ 24.03.2022 ਨੂੰ ਸ਼੍ਰੀ ਲਖਨ ਸ਼ਰਮਾ ਪੁੱਤਰ ਆਨੰਦ ਸ਼ਰਮਾ ਦੇ ਨਾਮ 'ਤੇ ਵਸੀਕਾ ਨੰਬਰ 18534, 18535 ਅਤੇ 18536 ਵਾਲੇ ਟ੍ਰਾਂਸਫਰ ਡੀਡ ਰਾਹੀਂ। | 01-11-2023/ ਰੁਪਏ 1,65,46,984.24/- ਪਲੱਸ ਭਵਿੱਖੀ ਵਿਆਜ ਅਤੇ ਖਰਚੇ 31.10.2025 ਤੋਂ ਬਾਅਦ ਘੱਟ ਰਿਕਵਰੀ ਪ੍ਰਭਾਵੀ ਹੋਵੇਗੀ। | ਰੁ. 1,01,60,000/-<br>ਰੁ. 10,16,000/-<br>ਰੁ. 1,01,600/- | ਸ਼੍ਰੀ ਗੁਰਦੀਪ ਸ਼ਰਮਾ ਮੋਬਾਇਲ ਨੰ.: 81464-33443 gurdip.sharma @psb.bank.in | 17.02.2026 ਨੂੰ ਸਵੇਰੇ 11.00 ਵਜੇ ਤੋਂ ਬਾ.ਦੁ. 02.30 ਵਜੇ ਦੇ ਵਿਚਾਲੇ | 19.02.2026 ਸ਼ਾਮ 04.00 ਵਜੇ ਤੱਕ ਸੰਕੇਤਕ ਕਬਜ਼ਾ | | | |
| 3 | ਢੋਲੇਵਾਲ ਸ਼ਾਖਾ<br>ਮੈਸਰਜ਼ ਪੁਰੀ ਐਂਟਰਪ੍ਰਾਈਜ਼ਿਜ਼ (ਕਰਜ਼ਦਾਰ) ਆਪਣੇ ਪ੍ਰੋਪ. ਸ਼੍ਰੀ ਰਾਹੁਲ ਪੁਰੀ ਦੁਆਰਾ ਬੀ-29, 01461, ਡਾਬਾ ਰੋਡ, ਸਾਹਮਣੇ ਗਲੀ ਨੰ. 2, ਕੈਂਪ, ਢੰਡਾਰੀ ਕਲਾਂ ਲੁਧਿਆਣਾ 141003, 1. ਸ੍ਰੀ ਰਾਹੁਲ ਪੁਰੀ (ਮਾਲਕ/ਕਰਜ਼ਦਾਰ) ਪੁੱਤਰ ਸ੍ਰੀ ਕਮਲ ਰਾਜ ਪੁਰੀ, 3. ਸ੍ਰੀ ਕਮਲ ਰਾਜ ਪੁਰੀ (ਜ਼ਾਮਨ/ਗਿਰਵੀਕਾਰ) ਸਪੁੱਤਰ ਸ੍ਰੀ ਬਨਾਰਸੀ ਦਾਸ ਪੁਰੀ, 4. ਸ੍ਰੀਮਤੀ ਪ੍ਰੇਰਨਾ ਬਖਸ਼ੀ (ਜ਼ਾਮਨ) ਪਤਨੀ ਰਾਹੁਲ ਪੁਰੀ, ਸਾਰੇ ਵਾਸੀ ਬੀ-12-334/ਬੀ/1 ਗੁਰੂ ਨਾਨਕ ਨਗਰ ਮੁਹੱਲਾ, ਨੇੜੇ ਚਾਚਾ ਬੂਟ ਹਾਊਸ ਸ਼ਾਹਪੁਰ ਰੋਡ ਲੁਧਿਆਣਾ 141008 | 72 ਵਰਗ ਗਜ਼ ਦੇ ਮਕਾਨ ਨੰਬਰ ਬੀ-12-334/ਬੀ ਵਾਲੇ ਅਚੱਲ ਜਾਇਦਾਦ ਦਾ ਬਰਾਬਰੀ ਵਾਲਾ ਗਿਰਵੀਨਾਮਾ, ਜੋ ਕਿ ਮੁਹੱਲਾ ਗੁਰੂ ਨਾਨਕ ਨਗਰ, ਸ਼ਾਹਪੁਰ ਰੋਡ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਵਿਖੇ ਸਥਿਤ ਹੈ, ਸਬ-ਰਜਿਸਟਰਾਰ ਲੁਧਿਆਣਾ ਦੇ ਦਫ਼ਤਰ ਨਾਲ ਰਜਿਸਟਰਡ ਵਿਕਰੀ ਡੀਡ ਵਸੀਕਾ ਨੰਬਰ 9269 ਮਿਤੀ 15-07-1999 ਅਨੁਸਾਰ ਜਮਾਂਦਰੂ ਸੁਰੱਖਿਆ ਵਜੋਂ ਸ਼੍ਰੀ ਕਮਲ ਰਾਜ ਪੁਰੀ ਪੁੱਤਰ ਸ਼੍ਰੀ ਬਨਾਰਸੀ ਦਾਸ ਪੁਰੀ ਦੇ ਨਾਮ 'ਤੇ ਦਰਜ ਹੈ, ਹੱਦਬੰਦੀ ਹੇਠ ਲਿਖੇ ਅਨੁਸਾਰ: ਪੂਰਬ: ਸ਼੍ਰੀ ਰਾਜ ਕੁਮਾਰ ਪੁਰੀ ਦਾ ਮਕਾਨ 18-0'', ਪੱਛਮ: ਭੁਪਿੰਦਰ ਸਿੰਘ 18-0'', ਉੱਤਰ: ਕਾਮਨ ਪੈਸੇਜ 5' ਚੌੜਾ 36'-0'', ਦੱਖਣ: ਵਿਜੇ ਪੁਰੀ 36-0'' | 14-05-2025/ ਰੁਪਏ 41,80,089.82 ਜਮ੍ਹਾਂ 30.09.2025 ਤੋਂ ਪ੍ਰਭਾਵੀ ਭਾਵੀ ਵਿਆਜ ਅਤੇ ਖਰਚੇ, ਮਨਫੀ ਵਸੂਲੀ, 30.09.2025 ਉਪਰੰਤ ਪ੍ਰਭਾਵੀ। | ਰੁ. 52,19,000/-<br>ਰੁ. 5,22,000/-<br>ਰੁ. 52,190/- | ਸ਼੍ਰੀ ਗੁਰਦੀਪ ਸ਼ਰਮਾ ਮੋਬਾਇਲ ਨੰ.: 81464-33443 gurdip.sharma @psb.bank.in | 17.02.2026 ਨੂੰ ਸਵੇਰੇ 11.00 ਵਜੇ ਤੋਂ ਬਾ.ਦੁ. 02.30 ਵਜੇ ਦੇ ਵਿਚਾਲੇ | 19.02.2026 ਸ਼ਾਮ 04.00 ਵਜੇ ਤੱਕ ਸੰਕੇਤਕ ਕਬਜ਼ਾ | | | |
| 4 | ਸਾਬਣ ਬਜ਼ਾਰ ਸ਼ਾਖਾ<br>1. ਮੈਸਰਜ਼ ਬਿੰਬ ਨਿਟ ਫੈਬ ਪ੍ਰਾਈਵੇਟ ਲਿਮਟਿਡ (ਕਰਜ਼ਦਾਰ/ ਗਿਰਵੀਕਾਰ) 76, ਪ੍ਰਿਆ ਕਲੋਨੀ, ਜੀਡੀਐਸ ਕਾਨਵੈਂਟ ਸਕੂਲ ਦੇ ਨੇੜੇ ਰਾਹੋਂ ਰੋਡ, ਬਾਜਰਾ ਪਿੰਡ, ਜਿਲਾ ਲੁਧਿਆਣਾ, 2. ਸ਼੍ਰੀਮਤੀ ਮਨਵੀਨ ਕੌਰ ਪਤਨੀ ਸ਼੍ਰੀ ਗੁਰਮੀਤ ਸਿੰਘ (ਡਾਇਰੈਕਟਰ/ਜ਼ਾਮਨ) ਮਕਾਨ #ਬੀ-1-1353, ਦੀਵਾਨ ਗੈਸ ਏਜੰਸੀ ਦੇ ਨੇੜੇ, ਰਾਮ ਨਗਰ, ਸਿਵਲ ਲਾਈਨਜ਼, ਲੁਧਿਆਣਾ, 3. ਸ਼੍ਰੀ ਤੇਗਵੀਰ ਸਿੰਘ ਪੁੱਤਰ ਸ਼੍ਰੀ ਗੁਰਮੀਤ ਸਿੰਘ (ਡਾਇਰੈਕਟਰ/ਜ਼ਾਮਨ) ਮਕਾਨ #ਬੀ-1-1353, ਨੇੜੇ ਦੀਵਾਨ ਗੈਸ ਏਜੰਸੀ, ਰਾਮ ਨਗਰ, ਸਿਵਲ ਲਾਈਨਜ਼, ਲੁਧਿਆਣਾ, 4. ਸ਼੍ਰੀ ਹਰਭਜਨ ਸਿੰਘ ਪੁੱਤਰ ਸ਼੍ਰੀ ਗਿਆਨ ਸਿੰਘ (ਜ਼ਾਮਨ) (1) #2627, 30 ਗਲੀ, NW ਐਡਮਿੰਟਨ, TFTOHF ਅਲਬਰਟਾ ਸੂਬਾ। (2) ਹਾਊਸ #68-ਐਫ, ਬੀ-19-1355/9/1387, ਕਿਚਲੂ ਨਗਰ, ਸਾਹਮਣੇ ਸਰਕਾਰ ਸੀਨੀਅਰ ਸੈਕੰ. ਸਕੂਲ, ਹੰਬੜਾਂ ਰੋਡ, ਲੁਧਿਆਣਾ।, 5. ਸ਼੍ਰੀ ਗੁਰਮੀਤ ਸਿੰਘ ਪੁੱਤਰ ਸ਼੍ਰੀ ਮਨਮੋਹਨ ਸਿੰਘ (ਜ਼ਾਮਨ) ਮਕਾਨ #ਬੀ-1-1353, ਦੀਵਾਨ ਗੈਸ ਏਜੰਸੀ ਨੇੜੇ, ਰਾਮ ਨਗਰ, ਸਿਵਲ ਲਾਈਨਜ਼, ਲੁਧਿਆਣਾ, 6. ਸ਼੍ਰੀ ਬਾਦਸ਼ਾਹ ਸਿੰਘ ਪੁੱਤਰ ਸ਼੍ਰੀ ਗੁਰਮੀਤ ਸਿੰਘ (ਜ਼ਾਮਨ) ਮਕਾਨ ਨੰਬਰ-ਬੀ-1-1353, ਰਾਮ ਨਗਰ-1-3. ਨਗਰ, ਸਿਵਲ ਲਾਈਨਜ਼, ਲੁਧਿਆਣਾ, 7. ਸ਼੍ਰੀ ਬਲਦੇਵ ਸਿੰਘ ਪੁੱਤਰ ਸ਼੍ਰੀ ਭਗਵਾਨ ਸਿੰਘ (ਜ਼ਾਮਨ) ਮਕਾਨ #3753, ਗਲੀ ਨੰ. 7, ਗਗਨਦੀਪ ਕਾਲੋਨੀ, ਲੁਧਿਆਣਾ, 8. ਮੈਸਰਜ਼ ਨਾਨੂ ਹੈਂਡਲੂਮ (ਪ੍ਰੋਪ.) ਸ਼੍ਰੀਮਤੀ ਮਨਵੀਨ ਕੌਰ, ਸ਼੍ਰੀ ਗੁਰਮੀਤ ਸਿੰਘ (ਜ਼ਾਮਨ) ਮਕਾਨ #ਬੀ-1-1353, ਨੇੜੇ ਦੀਵਾਨ ਗੈਸ ਏਜੰਸੀ ਰਾਮ ਨਗਰ, ਸਿਵਲ ਲਾਈਨਜ਼, ਲੁਧਿਆਣਾ। | 1512 ਵਰਗ ਗਜ਼ (ਸਾਈਟ ਦੇ ਅਨੁਸਾਰ 1497 ਵਰਗ ਗਜ਼) ਦੀ ਜਾਇਦਾਦ (ਫੈਕਟਰੀ) ਦੇ ਸਾਰੇ ਭਾਗ ਅਤੇ ਹਿੱਸੇ, ਜੋ ਕਿ ਖੇਵਟ ਨੰਬਰ 121/126, ਕਿਲਾ ਨੰਬਰ 41//6/2, 7, ਸਾਲ 2007-08 ਦੀ ਜਮ ੍ਹਾਂਬੰਦੀ, ਹੱਦਬਸਤ ਨੰਬਰ 76 ਵਿੱਚ ਸ਼ਾਮਲ ਹੈ ਜੋ ਪ੍ਰਿਆ ਕਲੋਨੀ, ਜੀਡੀਐਸ ਕਾਨਵੈਂਟ ਸਕੂਲ ਦੇ ਨੇੜੇ, ਪਿੰਡ ਬਾਜਰਾ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਵਿਖੇ ਸਥਿਤ ਹੈ, ਜਿਸਦੀ ਮਾਲਕੀ ਮੈਸਰਜ਼ ਬਿੰਬ ਨਿਟ ਫੈਬ ਪ੍ਰਾਈਵੇਟ ਲਿਮਟਿਡ ਦੁਆਰਾ ਵਸੀਕਾ ਨੰਬਰ 7543 ਮਿਤੀ 17-09-2014 ਦੁਆਰਾ ਕੀਤੀ ਗਈ ਹੈ। | 03.12.2018/ ਰੁ. 3,97,37,526.71 ਜਮ੍ਹਾਂ 01.11.2018 ਤੋਂ ਪ੍ਰਭਾਵੀ ਭਾਵੀ ਵਿਆਜ ਅਤੇ ਖਰਚੇ, ਮਨਫੀ ਵਸੂਲੀ, 01.11.2018 ਤੋਂ ਬਾਅਦ ਪ੍ਰਭਾਵੀ | ਰੁ. 2,70,89,000/-<br>ਰੁ. 27,08,900/-<br>ਰੁ. 2,70,890/- | ਹਿਤੇਸ਼ ਕੁਮਾਰ ਮੋਬਾਇਲ: 99882-02605 hitesh.kumar@psb.bank.in | 17.02.2026 ਨੂੰ ਸਵੇਰੇ 11.00 ਵਜੇ ਤੋਂ ਬਾ.ਦੁ. 02.30 ਵਜੇ ਦੇ ਵਿਚਾਲੇ | 19.02.2026 ਸ਼ਾਮ 04.00 ਵਜੇ ਤੱਕ ਭੌਤਿਕ ਕਬਜ਼ਾ | | | |
| 5 | ਮਾਡਲ ਟਾਊਨ ਸ਼ਾਖਾ<br>1. ਮੈਸ. ਮੱਕੜ ਸਟੀਲਜ਼ ਪ੍ਰਾਈਵੇਟ ਲਿਮਟਿਡ (CIN: U27310PB2009PTC033257) (ਕਰਜ਼ਦਾਰ/ਗਿਰਵੀਕਾਰ) ਪਤਾ :1. 408-ਆਰ, ਮਾਡਲ ਟਾਊਨ, ਨੇੜੇ ਦੀਪ ਹਸਪਤਾਲ, ਲੁਧਿਆਣਾ। ਪਤਾ 2.: ਨੇੜੇ ਬਾਬਾ ਜ਼ਾਹਿਰਬਲੀ, ਲੱਖੋਵਾਲ ਗੱਦੋਵਾਲ ਰੋਡ, ਕੋਹਾੜਾ, ਲੁਧਿਆਣਾ, ਪੰਜਾਬ। ਪਤਾ 3: ਗਲੀ ਨੰ. 2, ਅਮਰਪੁਰੀ ਢਾਬਾ ਗਿਆਸਪੁਰਾ ਰੋਡ, ਲੁਧਿਆਣਾ 141003, ਨਿਰਦੇਸ਼ਕ/ਜ਼ਾਮਨ : 1) ਸ੍ਰੀ ਅਜੇ ਕੁਮਾਰ ਸਪੁੱਤਰ ਸ੍ਰੀ ਰਵਿੰਦਰ ਪਾਲ, 2. ਸ੍ਰੀ ਸੁਧਾਂਸ਼ੂ ਜਿੰਦਲ ਸਪੁੱਤਰ ਸ੍ਰੀ ਅਜੇ ਕੁਮਾਰ ਜਿੰਦਲ, 3. ਸ੍ਰੀਮਤੀ ਰੇਨੂੰ ਜਿੰਦਲ ਸੁਪਤਨੀ ਸ੍ਰੀ ਅਜੇ ਕੁਮਾਰ ਜਿੰਦਲ, ਸਾਰੇ ਵਾਸੀ ਪਤਾ 1: ਮਕਾਨ ਨੰ. 408-ਆਰ ਮਾਡਲ ਟਾਊਨ, ਨੇੜੇ ਦੀਪ ਹਸਪਤਾਲ, ਲੁਧਿਆਣਾ-141012, ਪਤਾ 2.: ਮਕਾਨ ਨੰ. ਡੀ-10, ਲੇ ਪਾਮ ਅਪਾਰਟਮੈਂਟ, ਬਸੰਤ ਸਿਟੀ, ਪੱਖੋਵਾਲ ਰੋਡ, ਲੁਧਿਆਣਾ-142022 | ਮੈਸ. ਮੱਕੜ ਸਟੀਲਜ਼ ਪ੍ਰਾਪ. ਲਿਮ. ਦੇ ਨਾਮ 'ਤੇ ਵਸੀਕਾ ਨੰਬਰ 13619 ਮਿਤੀ 11.12.2009 ਦੇ ਅਧੀਨ ਪੰਜੀਕ੍ਰਿਤ ਪਿੰਡ ਲੱਖੋਵਾਲ, ਹੱਦਬਸਤ ਨੰ. 190, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਵਿਖੇ ਸਥਿਤ ਸਾਲ 2006-07 ਦੇ ਲਈ ਜਮ੍ਹਾਂਬੰਦੀ ਅਨੁਸਾਰ ਖਸਰਾ ਨੰਬਰ 43/ /7/2/2-8/2-12/2-13/1-14/1-17/2-18-19-20/1 ਖਾਤਾ ਨੰ. 194/208 ਵਿਚ ਸ਼ਾਮਲ 9 ਕਨਾਲ ਮਾਪ ਵਾਲੀ ਸੰਪੱਤੀ ਵਿਖੇ ਪਏ ਪਲਾਂਟ ਅਤੇ ਮਸ਼ੀਨਰੀ। | 28.03.2023/ ਰੁਪਏ 2,04,78,967.52 ਜਮ੍ਹਾਂ ਭਵਿੱਖੀ ਵਿਆਜ ਅਤੇ ਖਰਚੇ 01.03.2023 ਤੋਂ ਬਾਅਦ ਘੱਟ ਰਿਕਵਰੀ ਪ੍ਰਭਾਵੀ | ਰੁ. 39,07,000/-<br>ਰੁ. 3,90,700/-<br>ਰੁ. 39,070/- | ਸ਼੍ਰੀ ਅਰੁਣ ਕੁਮਾਰ ਮੋਬਾਇਲ: 98192-21467 arun.kumar3 @psb.bank.in | 09.03.2026 ਨੂੰ ਸਵੇਰੇ 11.00 ਵਜੇ ਤੋਂ ਬਾ.ਦੁ. 02.30 ਵਜੇ ਦੇ ਵਿਚਾਲੇ | 10.03.2026 ਸ਼ਾਮ 04.00 ਵਜੇ ਤੱਕ ਭੌਤਿਕ ਕਬਜ਼ਾ | | | |

ਇਸ ਸੂਚਨਾ ਨੂੰ ਸਰਫਾਇਸੀ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ 2002 ਦੇ ਨਿਯਮ 9 (1)/ 8(6) ਅਤੇ 6 (2) ਦੇ ਅਧੀਨ ਕਰਜ਼ਦਾਰ ਅਤੇ ਜ਼ਾਮਨਾਂ (ਐਲਆਰਜ਼) ਲਈ 15/30 ਰੋਜ਼ਾ ਵਿਧਾਨਕ ਵਿਕਰੀ ਸੂਚਨਾ ਵਜੋਂ ਵੀ ਮੰਨਿਆ ਜਾਵੇ

ਵਿਸਥਾਰਤ ਨਿਯਮ ਅਤੇ ਸ਼ਰਤਾਂ ਲਈ ਕਿਰਪਾ ਕਰਕੇ ਸਾਈਟ : https://baanknet.com ਦੇਖੋ ਜਾਂ ਕਿਊਆਰ ਕੋਡ ਸਕੈਨ ਕਰੋ

ਮਿਤੀ : 04.02.2026 ਸਥਾਨ :ਲੁਧਿਆਣਾ ਅਧਿਕਾਰਤ ਅਧਿਕਾਰੀ, ਪੰਜਾਬ ਐਂਡ ਸਿੰਧ ਬੈਂਕ




# ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਚੀਨੀ ਡੋਰ ਦੀ ਵਰਤੋਂ ਅਤੇ ਭੰਡਾਰ ਉੱਤੇ ਪਾਬੰਦੀ

ਅੰਮ੍ਰਿਤਸਰ, 4 ਫਰਵਰੀ (ਗੁਰਦਿਆਲ ਸਿੰਘ) :ਜ਼ਿਲ੍ਹਾ ਪ੍ਰਸ਼ਾਸਨ ਨੇ ਨਾਈਲੋਨ, ਪਲਾਸਟਿਕ ਜਾਂ ਕਿਸੇ ਹੋਰ ਸਿੰਥੈਟਿਕ ਸਮੱਗਰੀ ਤੋਂ ਬਣੇ ਪਤੰਗ ਉਡਾਉਣ ਵਾਲੇ ਧਾਗੇ ਦੀ ਦਰਾਮਦ ਅਤੇ ਵਰਤੋਂ ਜਿਸ ਨੂੰ ਚੀਨੀ ਡੋਰ ਵਜੋਂ ਜਾਣਿਆ ਜਾਂਦਾ ਹੈ, ਦੀ ਵਰਤੋਂ ਅਤੇ ਭੰਡਾਰ ਉੱਤੇ ਪਾਬੰਦੀ ਲਗਾ ਦਿੱਤੀ ਹੈ। ਵਧੀਕ ਜ਼ਿਲ੍ਹਾ ਮਜਿਸਟਰੇਟ ਸ੍ਰੀ ਰੋਹਿਤ ਗੁਪਤਾ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਜਿਲ੍ਹਾ ਅੰਮ੍ਰਿਤਸਰ ਵਿੱਚ ਸਿੰਥੈਟਿਕ ਪਤੰਗ ਉਡਾਉਣ ਵਾਲਾ ਧਾਗਾ ਜੋ ਗੈਰ-ਬਾਇਓਡੀਗ੍ਰੇਡੇਬਲ ਹੋਵੇ ਜਾਂ ਸ਼ੀਸ਼ੇ, ਧਾਤ ਆਦਿ ਦੀ ਵਰਤੋਂ ਕਰਕੇ ਤਿੱਖਾ ਬਣਾਇਆ ਹੋਵੇ, ਦੇ ਨਿਰਮਾਣ, ਵਿਕਰੀ, ਸਟੋਰੇਜ, ਖਰੀਦ, ਸਪਲਾਈ, ਆਵਾਜਾਈ 'ਤੇ ਪੂਰਨ ਪਾਬੰਦੀ ਹੋਵੇਗੀ। ਉਨਾਂ ਸਪੱਸ਼ਟ ਕੀਤਾ ਕਿ ਪਤੰਗ ਉਡਾਉਣ ਦੀ ਇਜਾਜ਼ਤ ਸਿਰਫ਼ ਸੂਤੀ ਧਾਗੇ ਨਾਲ ਹੀ ਹੋਵੇਗੀ ਜੋ ਕਿਸੇ ਵੀ ਤਿੱਖੇ/ਧਾਤੂ ਸ਼ੀਸ਼ੇ ਦੇ ਹਿੱਸੇ/ਚਿਪਕਣ ਵਾਲੇ/ਧਾਗੇ ਨੂੰ ਮਜ਼ਬੂਤ ਕਰਨ ਵਾਲੀ ਸਮੱਗਰੀ ਤੋਂ ਮੁਕਤ ਹੋਵੇ।ਉਨ੍ਹਾਂ ਦੱਸਿਆ ਕਿ ਆਪਣੇ ਹੁਕਮਾਂ ਵਿੱਚ ਉਪ ਮੰਡਲ ਮੈਜਿਸਟਰੇਟ ਅਤੇ ਜ਼ਿਲ੍ਹਾ ਸਿੱਖਿਆ ਅਧਿਕਾਰੀ ਐਲੀਮੈਂਟਰੀ ਅਤੇ ਸੈਕੰਡਰੀ ਨੂੰ ਆਦੇਸ਼ ਦਿੱਤੇ ਹਨ ਕਿ ਆਪਣੇ ਆਪਣੇ ਅਧਿਕਾਰ ਖੇਤਰਾਂ ਵਿੱਚ ਜਨਤਕ ਜਾਗਰੂਕਤਾ ਮੁਹਿੰਮ ਚਲਾਉਣ ਤਾਂ ਜੋ ਨਾਗਰਿਕਾਂ, ਖਾਸ ਤੌਰ 'ਤੇ ਬੱਚਿਆਂ ਨੂੰ ਪਲਾਸਟਿਕ, ਨਾਇਲਨ ਜਾਂ ਇਸ ਤਰ੍ਹਾਂ ਦੇ ਸੰਥੈਟਿਕ ਪਦਾਰਥਾਂ ਤੋਂ ਬਣੇ ਧਾਗੇ/ਮਾਂਜ਼ਾ ਜਾਂ ਜਿਸ ਵਿੱਚ ਚੀਨੀ ਧਾਗਾ ਜਾਂ ਪਤੰਗ ਉਡਾਉਣ ਲਈ, ਕਿਸੇ ਹੋਰ ਧਾਗੇ ਨਾਲ ਲੇਪ ਵਾਲੇ ਕੱਚ, ਧਾਤੂ ਦੇ ਹਿੱਸਿਆਂ ਦੀ ਵਰਤੋਂ ਦੇ ਖਤਰਿਆਂ ਬਾਰੇ ਜਾਗਰੂਕ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਪਤੰਗ ਉਡਾਉਣ ਦੌਰਾਨ ਲੋਕਾਂ ਅਤੇ ਪੰਛੀਆਂ ਨੂੰ ਪਲਾਸਟਿਕ, ਨਾਈਲੋਨ ਜਾਂ ਇਸ ਤਰ੍ਹਾਂ ਦੀ ਸਿੰਥੈਟਿਕ ਸਮੱਗਰੀ ਤੋਂ ਬਣੇ ਧਾਗੇ ਨਾਲ ਬਹੁਤ ਜ਼ਿਆਦਾ ਸੱਟਾਂ ਲੱਗਦੀਆਂ ਹਨ। ਬਹੁਤ ਸਾਰੇ ਪੰਛੀਆਂ ਦੀ ਮੌਤ ਦਾ ਕਾਰਨ ਬਣਦਾ ਹੈ, ਇਸ ਲਈ ਲੋਕਾਂ ਨੂੰ ਇਸਦੇ ਘਾਤਕ ਪ੍ਰਭਾਵਾਂ ਤੋਂ ਬਚਾਉਣਾ ਜ਼ਰੂਰੀ ਹੈ । ਮਾਮਲੇ ਦੀ ਤਤਕਾਲਤਾ ਨੂੰ ਧਿਆਨ ਵਿੱਚ ਰੱਖਦੇ ਹੋਏ, ਇਹ ਹੁਕਮ ਇੱਕਤਰਫਾ ਪਾਸ ਕੀਤਾ ਗਿਆ ਅਤੇ ਇਹ 9 ਅਪ੍ਰੈਲ 2026 ਤੱਕ ਲਾਗੂ ਰਹੇਗਾ।

# ਮਾਨ ਸਰਕਾਰ ਨੇ ਪੰਜਾਬੀਆਂ ਨਾਲ ਕੀਤਾ ਹਰ ਵਾਅਦਾ ਪੂਰਾ ਕੀਤਾ : ਡਾ. ਜਸਬੀਰ ਸਿੰਘ ਸੰਧੂ

## ਸੂਬੇ ਦੇ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮਿਲੇਗਾ



ਅੰਮ੍ਰਿਤਸਰ, 4 ਫਰਵਰੀ (ਗੁਰਦਿਆਲ ਸਿੰਘ): ਆਮ ਆਦਮੀ ਪਾਰਟੀ (ਆਪ) ਨੇ ਪੰਜਾਬ ਵਿੱਚ ਮੁਫ਼ਤ ਸਿਹਤ ਸੰਭਾਲ ਦੇ ਆਪਣੇ ਵਾਅਦੇ ਨੂੰ ਪੂਰਾ ਕਰਦਿਆਂ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਮੁੱਖ ਮੰਤਰੀ ਸਿਹਤ ਯੋਜਨਾ ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਨਾਲ ਸੂਬੇ ਦੇ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮਿਲੇਗਾ। ਵਧਾਨ ਸਭਾ ਹਲਕਾ ਅੰਮ੍ਰਿਤਸਰ ਪੱਛਮੀ ਦੇ ਪਿੰਡ ਗੁਮਾਨਪੁਰ ਵਿਖੇ ਮੁੱਖ ਮੰਤਰੀ ਸਿਹਤ ਯੋਜਨਾਂ ਦੇ ਲਾਭਪਾਤਰੀਆਂ ਦੀ ਰਜਿਸਟ੍ਰੇਸ਼ਨ ਕਰਨ ਲਈ ਲਗਾਏ ਗਏ ਕੈਂਪ ਵਿੱਚ ਪਹੁੰਚੇ ਵਿਧਾਇਕ ਡਾ. ਜਸਬੀਰ ਸਿੰਘ ਸੰਧੂ ਨੇ ਕਿਹਾ ਕਿ ਇਸ ਯੋਜਨਾ ਦੇ ਲਾਗੂ ਹੋਣ ਨਾਲ ਅਮੀਰਾਂ ਦੀ ਪਹੁੰਚ ਵਿੱਚ ਆਉਂਦੇ ਸਭ ਤੋਂ ਮਹਿੰਗੇ ਨਿੱਜੀ ਹਸਪਤਾਲ ਵੀ ਗਰੀਬਾਂ ਲਈ ਖੋਲ੍ਹ ਦਿੱਤੇ ਗਏ ਹਨ, ਜੋ ਲੋਕ ਸੇਵਾ ਵਿੱਚ ਫੈਸਲਾਕੁੰਨ ਬਦਲਾਅ ਹੈ।ਵਿਧਾਇਕ ਡਾ. ਜਸਬੀਰ ਸਿੰਘ ਸੰਧੂ ਨੇ ਕਿਹਾ ਕਿ ਪੰਜਾਬ ਹੁਣ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਹੈ, ਜਿਸ ਨੇ ਔਰਤਾਂ ਲਈ ਮੁਫ਼ਤ ਸਿਹਤ ਸੰਭਾਲ, ਮੁਫ਼ਤ ਸਿੱਖਿਆ, ਮੁਫ਼ਤ ਬਿਜਲੀ ਅਤੇ ਮੁਫ਼ਤ ਬੱਸ ਯਾਤਰਾ ਦੀ ਗਰੰਟੀ ਦਿੱਤੀ ਹੈ। ਚੋਣਾਂ ਤੋਂ ਪਹਿਲਾਂ ਦਿੱਤੀਆਂ ਗਾਰੰਟੀਆਂ ਵਿੱਚੋਂ ਇੱਕ ਸਿਹਤ ਗਾਰੰਟੀ ਸੀ ਕਿ ਪੰਜਾਬ ਦੇ ਹਰ ਵਿਅਕਤੀ ਅਤੇ ਹਰ ਨਾਗਰਿਕ ਲਈ ਮੁਫ਼ਤ ਅਤੇ ਮਿਆਰੀ ਸਿਹਤ ਸੰਭਾਲ ਪ੍ਰਦਾਨ ਕੀਤੀ ਜਾਵੇਗੀ। ਉਨ੍ਹਾਂ ਨੇ ਦੱਸਿਆ ਕਿ ਪਿਛਲੇ ਚਾਰ ਸਾਲਾਂ ਵਿੱਚ ਸਰਕਾਰ ਨੇ ਪਿੰਡਾਂ ਅਤੇ ਮੁਹੱਲਿਆਂ ਵਿੱਚ ਲਗਭਗ 1,000 ਮੁਹੱਲਾ ਕਲੀਨਿਕ ਬਣਾਏ ਹਨ। ਪਿਛਲੇ 75 ਸਾਲਾਂ ਵਿੱਚ, ਸਾਰੀਆਂ ਸਰਕਾਰਾਂ ਨੇ ਮਿਲ ਕੇ ਸਿਰਫ਼ 400 ਪ੍ਰਾਇਮਰੀ ਹੈਲਥ ਸੈਂਟਰ ਖੋਲ੍ਹੇ ਹਨ, ਜਦੋਂ ਕਿ ਮੌਜੂਦਾ ਸਰਕਾਰ ਨੇ ਸਿਰਫ਼ ਚਾਰ ਸਾਲਾਂ ਵਿੱਚ 1,000 ਮੁਹੱਲਾ ਕਲੀਨਿਕ ਬਣਾਏ ਹਨ ਅਤੇ ਹੋਰ 500 ਨਿਰਮਾਣ ਅਧੀਨ ਹਨ। ਵਿਧਾਇਕ ਡਾ. ਸੰਧੂ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਵੱਡੀਆਂ ਅਤੇ ਛੋਟੀਆਂ ਬਿਮਾਰੀਆਂ ਲਈ 10 ਲੱਖ ਰੁਪਏ ਤੱਕ ਦੀਆਂ ਸਾਰੀਆਂ ਦਵਾਈਆਂ ਅਤੇ ਟੈਸਟ ਮੁਫ਼ਤ ਹੋਣਗੇ। ਜਿਵੇਂ ਹੀ ਮਰੀਜ਼ ਹਸਪਤਾਲ ਵਿੱਚ ਦਾਖਲ ਹੁੰਦਾ ਹੈ, ਸਭ ਕੁਝ ਮੁਫ਼ਤ ਹੋਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਲਗਭਗ 65 ਲੱਖ ਪਰਿਵਾਰ ਹਨ, ਜਿਨ੍ਹਾਂ ਵਿੱਚ ਅਮੀਰ ਅਤੇ ਗਰੀਬ, ਹਿੰਦੂ, ਮੁਸਲਮਾਨ, ਸਿੱਖ, ਈਸਾਈ ਅਤੇ ਸਾਰੇ ਧਰਮਾਂ ਅਤੇ ਜਾਤਾਂ ਦੇ ਲੋਕ ਸ਼ਾਮਲ ਹਨ। ਕਿਸੇ ਨੂੰ ਵੀ ਇਸ ਤੋਂ ਬਾਹਰ ਨਹੀਂ ਰੱਖਿਆ ਗਿਆ। ਵਿਧਾਇਕ ਡਾ. ਜਸਬੀਰ ਸਿੰਘ ਸੰਧੂ ਨੇ ਦੱਸਿਆ ਕਿ ਇਹ ਕਾਰਡ ਸਾਰਿਆਂ ਲਈ ਹੈ ਅਤੇ 65 ਲੱਖ ਪਰਿਵਾਰਾਂ ਨੂੰ ਸਿੱਧਾ ਲਾਭ ਹੋਵੇਗਾ। ਸੂਬੇ ਦੇ ਸਾਰੇ 65 ਲੱਖ ਪਰਿਵਾਰਾਂ (ਕੁੱਲ ਤਿੰਨ ਕਰੋੜ ਨਾਗਰਿਕਾਂ) ਨੂੰ ਸਿਹਤ ਕਾਰਡ ਜਾਰੀ ਕੀਤੇ ਜਾਣਗੇ। ਇਹ ਪਹਿਲੀ ਵਾਰ ਹੈ ਕਿ ਇਸ ਯੋਜਨਾ ਲਈ ਕੋਈ ਆਮਦਨ ਸੀਮਾ ਨਿਰਧਾਰਤ ਨਹੀਂ ਕੀਤੀ ਗਈ ਹੈ ਅਤੇ ਇਸ ਯੋਜਨਾ ਦੀ ਸ਼ੁਰੂਆਤ ਨਾਲ ਪੰਜਾਬ ਨੇ ਦੇਸ਼ ਦੇ ਸਾਹਮਣੇ ਇੱਕ ਨਵੀਂ ਮਿਸਾਲ ਕਾਇਮ ਕੀਤੀ ਹੈ। ਉਨ੍ਹਾਂ ਆਪਣੇ ਹਲਕੇ ਦੇ ਸਮੂਹ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਮੁੱਖ ਮੰਤਰੀ ਸਿਹਤ ਯੋਜਨਾ ਦਾ ਲਾਭ ਲੈਣ ਲਈ ਆਪਣਾ ਨਾਮ ਜ਼ਰੂਰ ਰਜਿਸਟਰ ਕਰਵਾਉਣ।

# ਪੋਸ਼ਣ ਦੀ ਪੜ੍ਹਾਈ ਤਹਿਤ ਆਂਗਨਵਾੜੀ ਵਰਕਰਾਂ ਦੀ ਪਹਿਲੇ ਬੈਚ ਦੀ ਸਿਖਲਾਈ ਕਰਵਾਈ

ਅੰਮ੍ਰਿਤਸਰ, 4 ਫਰਵਰੀ (ਗੁਰਦਿਆਲ ਸਿੰਘ):ਜ਼ਿਲ੍ਹਾ ਅੰਮ੍ਰਿਤਸਰ ਵਿੱਚ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਵਿਭਾਗ ਅਧੀਨ ਸਕਸ਼ਮ ਆਂਗਨਵਾੜੀ ਅਤੇ ਪੋਸ਼ਣ ਵੀ, ਪੜ੍ਹਾਈ ਵੀ, ਮੁਹਿੰਮ ਦੇ ਅਧੀਨ ਆਂਗਨਵਾੜੀ ਵਰਕਰਾਂ ਦੀ ਪਹਿਲੇ ਬੈਚ ਦੀ 02 ਫਰਵਰੀ ਤੋਂ 04 ਫਰਵਰੀ ਤੱਕ ਟ੍ਰੇਨਿੰਗ ਕਰਵਾਈ ਗਈ। ਇਸ ਟ੍ਰੇਨਿੰਗ ਦਾ ਪਹਿਲਾ ਬੈਚ ਸਰਕਾਰੀ ਸਕੂਲ ਗਹਿਰੀ ਮੰਡੀ (ਜੰਡਿਆਲਾ) ਅੰਮ੍ਰਿਤਸਰ ਵਿੱਚ ਕਾਰਵਾਈ ਗਈ। ਇਸ ਟ੍ਰੇਨਿੰਗ ਦੌਰਾਨ ਆਗਨਵਾੜੀ ਵਰਕਰਾਂ ਨੂੰ ਬੱਚਿਆਂ ਦੇ ਸਮੁੱਚੀ ਵਿਕਾਸ ਪ੍ਰਕਿਰਿਆ (3 ਸਾਲ) ਨੂੰ ਵਿਸਥਾਰ ਵਿਚ ਟ੍ਰੇਨਿੰਗ ਦਿੱਤੀ ਗਈ। ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਸ਼੍ਰੀ ਗੁਰਮੀਤ ਸਿੰਘ ਨੇ ਇਸ ਮੌਕੇ 'ਤੇ ਕਿਹਾ ਕਿ ਇ ਟ੍ਰੇਨਿੰਗ ਲੈਣ ਨਾਲ ਆਂਗਨਵਾੜੀ ਵਰਕਰਾਂ ਦੀ ਸਮਰੱਥਾ ਵਧਾਉਣ ਦੇ ਨਾਲ - ਨਾਲ ਬੱਚੀਆਂ ਦੀ ਸਿਹਤ ਅਤੇ ਸਿੱਖਿਆ ਦੋਵਾਂ ਵਿਚ ਵੀ ਸੁਧਾਰ ਆਵੇਗਾ।ਇਸ ਟ੍ਰੇਨਿੰਗ ਵਿੱਚ ਆਂਗਨਵਾੜੀ ਵਰਕਰਾਂ ਨੂੰ 3 ਤੋਂ 6 ਸਾਲ ਦੇ ਬੱਚਿਆਂ ਨੂੰ ਭਾਸ਼ਾ ਵਿਕਾਸ, ਬੌਧਿਕ ਵਿਕਾਸ, ਰਚਨਾਤਮਕ ਵਿਕਾਸ, ਸਰੀਰਿਕ ਵਿਕਾਸ ਅਤੇ ਸੱਭਿਆਚਾਰਕ ਵਿਕਾਸ ਨਾਲ ਸੰਬਧਿਤ ਵੱਖ - ਵੱਖ ਗਤਵਿਧੀਆਂ ਕਰਵਾਈਆਂ ਗਈਆਂ।ਇਸ ਮੌਕੇ 'ਤੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਸ਼੍ਰੀ ਗੁਰਮੀਤ ਸਿੰਘ, ਪ੍ਰਥਮ ਟੀਮ, ਸੀਡੀਪੀਓ ਜਸਪ੍ਰੀਤ ਸਿੰਘ, ਸੁਪਰਵਾਈਜਰ, ਪਰਮਜੀਤ ਕੌਰ, ਨਵਗੀਤ ਕੌਰ, ਬਲਾਕ ਕੋਆਰਡੀਨੇਟਰ, ਸੁਜਾਤਾ। ਪ੍ਰਥਮ ਕੋਆਰਡੀਨੇਟਰ, ਗੁਰਪ੍ਰੀਤ ਕੌਰ, ਹਰਪ੍ਰੀਤ ਕੌਰ ਅਤੇ ਆਂਗਨਵਾੜੀ ਵਰਕਰ ਹਾਜ਼ਰ ਸਨ।

# ਬੀਬੀ ਕੌਲਾਂ ਜੀ ਚੈਰੀਟੇਬਲ ਹਸਪਤਾਲ ਵੱਲੋਂ ਅੰਮ੍ਰਿਤ ਵੇਲਾ ਸਮਾਗਮ



ਅੰਮ੍ਰਿਤਸਰ, 4 ਫਰਵਰੀ (ਬਬਲੂ ਮਹਾਜਨ) : ਬੀਬੀ ਕੌਲਾਂ ਜੀ ਚੈਰੀਟੇਬਲ ਹੋਸਪਿਟਲ ਵੱਲੋਂ ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਜੀ ਅਤੇ ਭਾਈ ਸਾਹਿਬ ਭਾਈ ਹਰਵਿੰਦਰ ਪਾਲ ਸਿੰਘ ਲਿਟਲ ਵੀਰ ਦੀ ਅਗਵਾਈ ਹੇਠ ਗੱਡਾ ਸਿੰਘ ਕਲੋਨੀ ਵਿਖੇ ਅੰਮ੍ਰਿਤ ਵੇਲਾ ਸਮਾਗਮ ਸ਼ਰਧਾ ਅਤੇ ਸਤਿਕਾਰ ਨਾਲ ਕਰਵਾਇਆ ਗਿਆ। ਇਸ ਪਾਵਨ ਸਮਾਗਮ ਦੌਰਾਨ ਸੰਗਤਾਂ ਦੀ ਵੱਡੀ ਹਾਜ਼ਰੀ ਰਹੀ।ਸਮਾਗਮ ਦੌਰਾਨ ਭਾਈ ਸਾਹਿਬ ਭਾਈ ਹਰਵਿੰਦਰ ਪਾਲ ਸਿੰਘ ਲਿਟਲ ਵੀਰ ਜੀ ਨੇ ਕਥਾ ਅਤੇ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਬਾਣੀ ਨਾਲ ਜੋੜਿਆ ਅਤੇ ਨਾਮ ਸਿਮਰਨ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਚਾਨਣ ਪਾਇਆ।ਇਸ ਮੌਕੇ ਭਾਈ ਸਾਹਿਬ ਜੀ ਵੱਲੋਂ ਸਮੂਹ ਸੰਗਤ ਨੂੰ ਧੰਨ ਧੰਨ ਸ੍ਰੀ ਗੁਰੂ ਰਵਿਦਾਸ ਜੀ ਦੇ ਪਾਵਨ ਪ੍ਰਕਾਸ਼ ਗੁਰਪੁਰਬ ਦੀ ਦਿਲੋਂ ਵਧਾਈ ਦਿੱਤੀ ਗਈ। ਨਾਲ ਹੀ ਉਨ੍ਹਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਬੀਬੀ ਕੌਲਾਂ ਜੀ ਭਲਾਈ ਕੇਂਦਰ ਵੱਲੋਂ ਹਰ ਵੀਰਵਾਰ ਸ਼ਾਮ 4 ਵਜੇ ਤੋਂ 7 ਵਜੇ ਤੱਕ ਹਫਤਾਵਰੀ ਕੀਰਤਨ ਸਮਾਗਮ ਬੀਬੀ ਕੋਲਾ ਜੀ ਭਲਾਈ ਕੇਂਦਰ ਵਿਖੇ ਨਿਯਮਿਤ ਤੌਰ 'ਤੇ ਕਰਵਾਏ ਜਾਂਦੇ ਹਨ।ਅੰਤ ਵਿੱਚ ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਵੱਧ ਚੜ੍ਹ ਕੇ ਇਨ੍ਹਾਂ ਧਾਰਮਿਕ ਸਮਾਗਮਾਂ ਵਿੱਚ ਭਾਗ ਲੈ ਕੇ ਗੁਰੂ ਘਰ ਦੀ ਖੁਸ਼ੀ ਅਤੇ ਆਤਮਿਕ ਲਾਭ ਪ੍ਰਾਪਤ ਕਰਨ।

# ਵਿਧਾਇਕ ਰਾਣਾ ਗੁਰਜੀਤ ਸਿੰਘ ਨੇ ਗੁਰੂ ਰਵਿਦਾਸ ਭਵਨ ਵਿਖੇ ਮੱਥਾ ਟੇਕਿਆ



ਕਪੂਰਥਲਾ, 4 ਫਰਵਰੀ (ਚ.ਨ.ਸ.): ਕਪੂਰਥਲਾ ਤੋਂ ਕਾਂਗਰਸ ਦੇ ਵਿਧਾਇਕ ਰਾਣਾ ਗੁਰਜੀਤ ਸਿੰਘ ਨੇ ਗੁਰੂ ਰਵਿਦਾਸ ਜੀ ਮਹਾਰਾਜ ਦੇ ਪਾਵਨ ਪ੍ਰਕਾਸ਼ ਪੁਰਬ ਦੇ ਸ਼ੁਭ ਮੌਕੇ ਗੁਰੂ ਰਵਿਦਾਸ ਭਵਨ, ਕਪੂਰਥਲਾ ਵਿਖੇ ਪਹੁੰਚ ਕੇ ਸ਼ਰਧਾ ਨਾਲ ਮੱਥਾ ਟੇਕਿਆ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ।ਇਸ ਮੌਕੇ ਰਾਣਾ ਗੁਰਜੀਤ ਸਿੰਘ ਨੇ ਗੁਰੂ ਰਵਿਦਾਸ ਜੀ ਦੀ ਬਾਣੀ ਅਤੇ ਉਪਦੇਸ਼ਾਂ ਨੂੰ ਯਾਦ ਕਰਦਿਆਂ ਕਿਹਾ ਕਿ ਗੁਰੂ ਜੀ ਦਾ ਸੰਦੇਸ਼ ਸਮਾਨਤਾ, ਅਤੇ ਮਨੁੱਖਤਾ ਦੀ ਭਲਾਈ ਲਈ ਅੱਜ ਵੀ ਉਤਨਾ ਹੀ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਗੁਰੂ ਰਵਿਦਾਸ ਜੀ ਨੇ ਆਪਣੀ ਬਾਣੀ ਰਾਹੀਂ ਸਮਾਜ ਵਿੱਚ ਫੈਲੀ ਅਸਮਾਨਤਾ, ਭੇਦਭਾਵ ਅਤੇ ਜ਼ੁਲਮ ਵਿਰੁੱਧ ਆਵਾਜ਼ ਬੁਲੰਦ ਕੀਤੀ ਅਤੇ ਮਨੁੱਖ ਨੂੰ ਮਨੁੱਖ ਨਾਲ ਜੋੜਨ ਦਾ ਮਾਰਗ ਦਿਖਾਇਆ।ਵਿਧਾਇਕ ਨੇ ਅਰਦਾਸ ਕਰਦਿਆਂ ਪੰਜਾਬ ਦੀ ਤਰੱਕੀ, ਲੋਕਾਂ ਦੀ ਖੁਸ਼ਹਾਲੀ ਅਤੇ ਆਪਸੀ ਭਾਈਚਾਰੇ ਦੀ ਮਜ਼ਬੂਤੀ ਲਈ ਕਾਮਨਾ ਕੀਤੀ। ਉਨ੍ਹਾਂ ਕਿਹਾ ਕਿ ਗੁਰੂ ਰਵਿਦਾਸ ਜੀ ਦੀ ਸੋਚ ਅਤੇ ਫ਼ਲਸਫ਼ਾ ਸਾਨੂੰ ਸਮਾਜਿਕ ਸਾਂਝ, ਨਿਆਂ ਅਤੇ ਬਰਾਬਰੀ ਦੇ ਸਿਧਾਂਤਾਂ 'ਤੇ ਸਥਿਰ ਰਹਿਣ ਦੀ ਪ੍ਰੇਰਣਾ ਦਿੰਦੇ ਹਨ।

# ਤਰਨਜੀਤ ਸਿੰਘ ਸੰਧੂ ਨੇ ਪ੍ਰੈੱਸ ਕਲੱਬ ਨਾਲ ਮੀਟਿੰਗ ਵਿੱਚ ਕੀਤੇ ਵੱਡੇ ਵਾਅਦ



ਅੰਮ੍ਰਿਤਸਰ, 4 ਫਰਵਰੀ (ਬਬਲੂ ਮਹਾਜਨ) : ਪ੍ਰੈੱਸ ਕਲੱਬ ਆਫ ਅੰਮ੍ਰਿਤਸਰ ਵੱਲੋਂ ਨਿਊ ਅੰਮ੍ਰਿਤਸਰ ਵਿਖੇ ਮੀਟ ਦਾ ਪ੍ਰੈੱਸ ਸਮਾਗਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਅਮਰੀਕਾ ਵਿੱਚ ਭਾਰਤ ਦੇ ਸਾਬਕਾ ਰਾਜਦੂਤ ਤੇ ਅੰਮ੍ਰਿਤਸਰ ਲੋਕ ਸਭਾ ਹਲਕੇ ਦੇ ਇੰਚਾਰਜ ਤਰਨਜੀਤ ਸਿੰਘ ਸੰਧੂ ਸਮੁੰਦਰੀ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਉਨ੍ਹਾਂ ਨੇ ਮੀਡੀਆ ਨਾਲ ਗੈਰ-ਰਸਮੀ ਗੱਲਬਾਤ ਦੌਰਾਨ ਪ੍ਰੈੱਸ ਕਲੱਬ ਦੀਆਂ ਮੰਗਾਂ ਤੇ ਸਮੱਸਿਆਵਾਂ ਨਾਲ ਪੂਰੀ ਤਰ੍ਹਾਂ ਸਹਿਮਤੀ ਜ਼ਾਹਰ ਕੀਤੀ ਅਤੇ ਇਨ੍ਹਾਂ ਦੇ ਹੱਲ ਲਈ ਹਰ ਸੰਭਵ ਕੋਸ਼ਿਸ਼ ਕਰਨ ਦਾ ਵਾਅਦਾ ਕੀਤਾ। ਉਨ੍ਹਾਂ ਨੇ ਗੁਰੂ ਨਗਰੀ ਅੰਮ੍ਰਿਤਸਰ ਵਿੱਚ ਸੈਲਾਨੀਆਂ ਦੀ ਆਮਦ ਨੂੰ ਵਧਾਉਣ ਲਈ ਆਪਣੇ ਤਿੰਨ-ਚਾਰ ਦਿਨਾਂ ਦੇ ਪੜਾਅ ਨੂੰ ਬਹੁਤ ਜ਼ਰੂਰੀ ਦੱਸਿਆ। ਉਨ੍ਹਾਂ ਕਿਹਾ ਕਿ ਇਸ ਦਿਸ਼ਾ ਵਿੱਚ ਵਿਸ਼ੇਸ਼ ਯਤਨਾਂ ਦੀ ਲੋੜ ਹੈ ਤਾਂ ਜੋ ਟੂਰਿਜ਼ਮ ਨੂੰ ਨਵੀਂ ਉਚਾਈਆਂ 'ਤੇ ਪਹੁੰਚਾਇਆ ਜਾ ਸਕੇ।ਸੰਧੂ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ ਦਾ ਨਿੱਜੀਕਰਨ ਕਿਸੇ ਵੀ ਕੀਮਤ 'ਤੇ ਨਹੀਂ ਹੋਣ ਦਿੱਤਾ ਜਾਵੇਗਾ। ਉਨ੍ਹਾਂ ਨੇ ਦੱਸਿਆ ਕਿ ਅੰਮ੍ਰਿਤਸਰ ਹਵਾਈ ਅੱਡੇ 'ਤੇ ਕਾਰਗੋ ਸਹੂਲਤ ਮੌਜੂਦ ਹੈ, ਪਰ ਇਸ ਦਾ ਸਿਰਫ਼ ਪੰਜ ਫੀਸਦੀ ਹੀ ਇਸਤੇਮਾਲ ਹੋ ਰਿਹਾ ਹੈ, ਜਿਸ ਨੂੰ ਵਧਾਉਣ ਦੀ ਜ਼ਰੂਰਤ ਹੈ। ਯੂਰਪੀਅਨ ਯੂਨੀਅਨ ਨਾਲ ਭਾਰਤ ਦੇ ਹਾਲ ਹੀ ਵਿੱਚ ਹੋਏ ਸਮਝੌਤੇ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਇਸ ਨਾਲ ਭਾਰਤੀ ਕਿਸਾਨਾਂ ਤੇ ਆਮ ਲੋਕਾਂ ਨੂੰ ਭਾਰੀ ਲਾਭ ਹੋਵੇਗਾ।ਸਮਾਗਮ ਦੀ ਪ੍ਰਧਾਨਗੀ ਕਰ ਰਹੇ ਪ੍ਰੈੱਸ ਕਲੱਬ ਆਫ ਅੰਮ੍ਰਿਤਸਰ ਦੇ ਪ੍ਰਧਾਨ ਰਾਜੇਸ਼ ਗਿੱਲ ਨੇ ਮੁੱਖ ਮਹਿਮਾਨ ਦਾ ਸਵਾਗਤ ਕੀਤਾ ਤੇ ਕਲੱਬ ਦੀਆਂ ਵੱਖ-ਵੱਖ ਮੰਗਾਂ ਉਨ੍ਹਾਂ ਸਾਹਮਣੇ ਰੱਖੀਆਂ। ਇਨ੍ਹਾਂ ਵਿੱਚ ਕਲੱਬ ਕੰਪਲੈਕਸ ਵਿੱਚ ਜਿੰਮ, ਆਡੀਟੋਰੀਅਮ ਤੇ ਕਮਰੇ ਬਣਾਉਣਾ, ਗ੍ਰਾਊਂਡ ਵਿੱਚ ਲੈਂਡਸਕੇਪਿੰਗ ਕਰਵਾਉਣਾ, ਹਾਈਵੇ ਅਥਾਰਟੀ ਆਫ ਇੰਡੀਆ ਨਾਲ ਗੱਲ ਕਰਕੇ ਟੋਲ ਪਲਾਜ਼ਾ 'ਤੇ ਪੀਲੇ/ਐਕ੍ਰੈਡਿਟੇਸ਼ਨ ਕਾਰਡ ਵਾਲੇ ਪੱਤਰਕਾਰਾਂ ਨੂੰ ਮੁਫਤ ਪਾਸਿੰਗ ਸਹੂਲਤ ਦਿਵਾਉਣਾ ਤੇ ਵਿਦੇਸ਼ੀ ਪ੍ਰੈੱਸ ਕਲੱਬਾਂ ਨਾਲ ਟਾਈ-ਅੱਪ ਕਰਕੇ ਵਿਚਾਰਾਂ ਦਾ ਅਦਾਨ-ਪ੍ਰਦਾਨ ਸ਼ਾਮਲ ਸੀ।ਸਮਾਗਮ ਦੀ ਸਮਾਪਤੀ ਤੋਂ ਪਹਿਲਾਂ ਸੀਨੀਅਰ ਉਪ ਪ੍ਰਧਾਨ ਜਸਵੰਤ ਸਿੰਘ ਜੱਸ ਨੇ ਮੁੱਖ ਮਹਿਮਾਨ ਦਾ ਧੰਨਵਾਦ ਕੀਤਾ ਤੇ ਭਰੋਸਾ ਜਤਾਇਆ ਕਿ ਸਰਦਾਰ ਸਮੁੰਦਰੀ ਪ੍ਰੈੱਸ ਕਲੱਬ ਦੀਆਂ ਮੰਗਾਂ ਨੂੰ ਤਰਜੀਹ ਦੇਣਗੇ।ਇਸ ਮੌਕੇ ਜਨਰਲ ਸਕੱਤਰ ਮਨਿੰਦਰ ਮੋਗਾ, ਉਪ ਪ੍ਰਧਾਨ ਵਿਪਨ ਰਾਣਾ, ਸਕੱਤਰ ਸਤੀਸ਼ ਸ਼ਰਮਾ, ਕੈਸ਼ੀਅਰ ਕਮਲ ਕਿਸ਼ੋਰ ਪਹਿਲਵਾਨ ਸਮੇਤ ਜ਼ਿਲ੍ਹੇ ਭਰ ਦੇ ਵੱਡੀ ਗਿਣਤੀ ਵਿੱਚ ਪੱਤਰਕਾਰ ਹਾਜ਼ਰ ਸਨ।

# ਨਾਜਾਇਜ਼ ਕਬਜ਼ੇ ਖ਼ਿਲਾਫ਼ ਮੁਹਿੰਮ



ਅੰਮ੍ਰਿਤਸਰ, 4 ਫਰਵਰੀ ( ਗੁਰਦਿਆਲ ਸਿੰਘ): ਸੁਚੱਜੇ ਟ੍ਰੈਫਿਕ ਪ੍ਰਬੰਧ, ਲੋਕ ਸੁਰੱਖਿਆ ਅਤੇ ਸੜਕਾਂ ਨੂੰ ਕਬਜ਼ਾ-ਮੁਕਤ ਬਣਾਉਣ ਦੇ ਮਕਸਦ ਨਾਲ ਨਗਰ ਨਿਗਮ ਅੰਮ੍ਰਿਤਸਰ ਵੱਲੋਂ ਕੋਰਟ ਰੋਡ ਅਤੇ ਰੇਲਵੇ ਲਿੰਕ ਰੋਡ 'ਤੇ ਵਿਸ਼ੇਸ਼ ਨਜ਼ਾਇਜ ਕਬਜ਼ਾ ਹਟਾਉ ਮੁਹਿੰਮ ਚਲਾਈ ਗਈ।ਇਹ ਮੁਹਿੰਮ ਨਗਰ ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਅਤੇ ਜੁਆਇੰਟ ਕਮਿਸ਼ਨਰ ਡਾ. ਜੈ ਇੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਸ਼ੁਰੂ ਕੀਤੀ ਗਈ। ਮੁਹਿੰਮ ਦੀ ਸ਼ੁਰੂਆਤ ਨਗਰ ਨਿਗਮ ਸਕੱਤਰ ਸੁਸ਼ਾਂਤ ਭਾਟੀਆ ਵੱਲੋਂ ਕੀਤੀ ਗਈ, ਜਿਸ ਦਾ ਮਕਸਦ ਸਰਕਾਰੀ ਸੜਕਾਂ ਅਤੇ ਫੁੱਟਪਾਥਾਂ ਤੋਂ ਗੈਰਕਾਨੂੰਨੀ ਕਬਜ਼ੇ ਹਟਾਉਣਾ ਸੀ।ਮੁਹਿੰਮ ਦੌਰਾਨ ਐਨਫੋਰਸਮੈਂਟ ਟੀਮਾਂ ਨੇ ਟ੍ਰੈਫਿਕ ਵਿੱਚ ਰੁਕਾਵਟ ਬਣ ਰਹੇ ਅਤੇ ਪੈਦਲ ਯਾਤਰੀਆਂ ਨੂੰ ਪ੍ਰੇਸ਼ਾਨੀ ਪਹੁੰਚਾਉਣ ਵਾਲੇ ਅਸਥਾਈ ਅਤੇ ਸਥਾਈ ਕਬਜ਼ੇ ਹਟਾਏ। ਸੜਕਾਂ ਅਤੇ ਫੁੱਟਪਾਥਾਂ 'ਤੇ ਗੈਰਕਾਨੂੰਨੀ ਤੌਰ 'ਤੇ ਰੱਖਿਆ ਸਮਾਨ ਨਗਰ ਨਿਗਮ ਦੇ ਨਿਯਮਾਂ ਅਨੁਸਾਰ ਮੌਕੇ 'ਤੇ ਹੀ ਜ਼ਬਤ ਕੀਤਾ ਗਿਆ।ਇਸ ਕਾਰਵਾਈ ਦੀ ਅਗਵਾਈ ਇੰਸਪੈਕਟਰ ਅਮਨ ਸ਼ਰਮਾ ਨੇ ਹੋਰ ਨਗਰ ਨਿਗਮ ਅਧਿਕਾਰੀਆਂ ਅਤੇ ਕਰਮਚਾਰੀਆਂ ਦੇ ਨਾਲ ਕੀਤੀ। ਟੀਮ ਵੱਲੋਂ ਨਿਰਧਾਰਤ ਖੇਤਰਾਂ ਦੀ ਪੂਰੀ ਜਾਂਚ ਕਰਕੇ ਜਨਤਕ ਸਥਾਨਾਂ ਨੂੰ ਕਬਜ਼ਾ-ਮੁਕਤ ਬਣਾਇਆ ਗਿਆ। ਕਬਜ਼ੇਦਾਰਾਂ ਨੂੰ ਭਵਿੱਖ ਵਿੱਚ ਮੁੜ ਕਬਜ਼ਾ ਨਾ ਕਰਨ ਦੀ ਸਖ਼ਤ ਚੇਤਾਵਨੀ ਦਿੱਤੀ ਗਈ। ਅਧਿਕਾਰੀਆਂ ਨੇ ਕਿਹਾ ਕਿ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਸਮਾਨ ਜ਼ਬਤੀ ਅਤੇ ਜੁਰਮਾਨੇ ਸਮੇਤ ਸਖ਼ਤ ਕਾਰਵਾਈ ਜਾਰੀ ਰਹੇਗੀ।ਨਗਰ ਨਿਗਮ ਅਧਿਕਾਰੀਆਂ ਨੇ ਦੋਹਰਾਇਆ ਕਿ ਸ਼ਹਿਰ ਵਿੱਚ ਟ੍ਰੈਫਿਕ ਅਨੁਸ਼ਾਸਨ, ਪੈਦਲ ਯਾਤਰੀਆਂ ਦੀ ਸੁਰੱਖਿਆ ਅਤੇ ਸੁਧਰੇ ਸ਼ਹਿਰੀ ਵਾਤਾਵਰਣ ਲਈ ਅਜਿਹੀਆਂ ਮੁਹਿੰਮਾਂ ਨਿਰੰਤਰ ਤੌਰ 'ਤੇ ਚਲਾਈਆਂ ਜਾਣਗੀਆਂ।

# ਚੀਫ਼ ਖ਼ਾਲਸਾ ਦੀਵਾਨ ਨੇ ਨਾਭਾ ਰਿਆਸਤ ਦੇ ਰਾਜ ਕੁਮਾਰ ਨੂੰ ਦਸਤਾਰ ਭੇਂਟ ਕੀਤੀ



ਅੰਮ੍ਰਿਤਸਰ, 4 ਫਰਵਰੀ (ਬਬਲੂ ਮਹਾਜਨ) : ਬੀਤੇ ਦਿਨੀਂ ਨਾਭਾ ਰਿਆਸਤ ਦੇ ਰਾਜਕੁਮਾਰ ਕੁੰਵਰ ਅਭੀਉਦੈ ਪ੍ਰਤਾਪ ਸਿੰਘ ਦੀ ਦਸਤਾਰਬੰਦੀ ਦੇ ਇਤਿਹਾਸਕ ਸਮਾਗਮ ਵਿਚ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਤੀਨਿਧੀ ਆਦਰਸ਼ਪਿੰਦਰ ਸਿੰਘ ਮਾਨ, ਤਰਲੋਚਨ ਸਿੰਘ, ਗੁਰਭੇਜ ਸਿੰਘ ਅਤੇ ਡਿਪਟੀ ਡਾਇਰੈਕਟਰ ਸਪੋਰਟਸ ਦੀਪਇੰਦਰ ਸਿੰਘ ਵੱਲੋਂ ਸ਼ਮੂਲੀਅਤ ਕਰਦਿਆਂ ਦੀਵਾਨ ਵੱਲੋਂ ਉਹਨਾਂ ਨੂੰ ਦਸਤਾਰ ਭੇਟ ਕੀਤੀ ਗਈ ਅਤੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ ਵੱਲੋਂ ਸੰਦੇਸ਼ ਭੇਜਿਆ ਗਿਆ। ਡਾ.ਨਿੱਜਰ ਨੇ ਸਮੁੱਚੇ ਪਰਿਵਾਰ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਸ ਦਸਤਾਰਬੰਦੀ ਸਮਾਗਮ ਆਯੋਜਨ ਨੇ ਨੌਜੁਆਨ ਪੀੜ੍ਹੀ ਨੂੰ ਸਿੱਖ ਪਰੰਪਰਾਵਾਂ ਅਤੇ ਇਤਿਹਾਸਕ ਵਿਰਸੇ ਨਾਲ ਜੁੜਣ ਲਈ ਮਹੱਤਵਪੂਰਨ ਸੰਦੇਸ਼ ਦਿੱਤਾ ਹੈ। ਉਹਨਾਂ ਰਾਜਕੁਮਾਰ ਨੂੰ ਉਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੰਦਿਆਂ ਆਸ ਕੀਤੀ ਗਈ ਕਿ ਰਾਜਕੁਮਾਰ ਕੁੰਵਰ ਅਭੀਉਦੈ ਪ੍ਰਤਾਪ ਸਿੰਘ ਦਸਤਾਰ ਦੀ ਮਰਿਆਦਾ ਨੂੰ ਨਿਭਾਉਂਦਿਆਂ ਸੇਵਾ, ਸਾਂਝ ਅਤੇ ਮਨੁੱਖਤਾ ਦੇ ਰਾਹ ਤੇ ਚੱਲਣਗੇ ਅਤੇ ਆਪਣੇ ਪੁਰਖਿਆਂ ਦੀ ਦਿੱਤੀ ਅਮੀਰ ਵਿਰਾਸਤ ਨੂੰ ਸੰਭਾਲਦਿਆਂ ਆਪਣੀ ਪੁਰਾਤਨ ਰਿਵਾਇਤਾਂ ਅਨੁਸਾਰ ਪੰਜਾਬ ਅਤੇ ਸਿੱਖ ਪੰਥ ਦੇ ਹਿੱਤਾਂ ਦੀ ਰਾਖੀ ਲਈ ਸੇਵਾ ਕਰਨਗੇ।

# ਆਰਡਰ ਦੀ ਪ੍ਰਵਾਹ ਕੀਤੇ ਬਿਨਾਂ ਜੂਨੀਅਰ ਕਲਰਕ ਮੁੜ ਲਗਾਇਆ

ਬਾਬਾ ਬਕਾਲਾ ਸਾਹਿਬ, 4 ਫਰਵਰੀ (ਬਲਰਾਜ ਸਿੰਘ ਰਾਜਾ) : ਅੱਜ ਚੇਅਰਮੈਨ ਸੁਰਜੀਤ ਸਿੰਘ ਕੰਗ, ਸੀਨੀਅਰ ਆਗੂ ਬਲਸ਼ਰਨ ਸਿੰਘ, ਸੂਬੇਦਾਰ ਹਰਜੀਤ ਸਿੰਘ ਜ਼ਿਲ੍ਹਾ ਪ੍ਰਧਾਨ ਸਾਬਕਾ ਸੈਨਿਕ ਵਿੰਗ, ਐਮ.ਸੀ. ਮਨਜਿੰਦਰ ਸਿੰਘ, ਐਮ.ਸੀ. ਰਵੀ ਸਿੰਘ, ਜਥੇਦਾਰ ਰੇਸਮ ਸਿੰਘ, ਪਰਮਜੀਤ ਸਿੰਘ ਭੁੱਲਰ, ਬੀਬੀ ਮਨਜੀਤ ਕੌਰ ਨੇ ਦੱਸਿਆ ਕਿ ਹਲਕਾ ਬਾਬਾ ਬਕਾਲਾ ਸਾਹਿਬ ਵਿੱਚ ਲੰਬਾ ਸਮਾਂ ਆਰ.ਸੀ. (ਰਜਿਸਟਰੀ ਕਲਰਕ) ਰਹਿ ਚੁੱਕੇ ਰਣਧੀਰ ਸਿੰਘ ਜੂਨੀਅਰ ਕਲਰਕ ਤੋਂ ਪਹਿਲਾ ਹੀ ਤਹਿਸੀਲ ਬਾਬਾ ਬਕਾਲਾ ਸਾਹਿਬ ਹੇਠ ਆਉਂਦੇ ਪਿੰਡਾਂ ਦੇ ਆਮ ਲੋਕ ਬਹੁਤ ਦੁਖੀ ਸਨ ਅਤੇ ਜਦੋਂ ਆਮ ਆਦਮੀ ਪਾਰਟੀ ਦੀ ਸਰਕਾਰ ਆਈ ਤਾਂ ਰਣਧੀਰ ਸਿੰਘ ਨੂੰ ਆਰ.ਸੀ. ਦੀ ਡਿਊਟੀ ਤੋਂ ਹਟਾ ਦਿੱਤਾ ਗਿਆ, ਜਿਸ ਕਾਰਨ ਲੋਕ ਬਹੁਤ ਖੁਸ ਸਨ ਕਿ ਤਹਿਸੀਲ ਕੰਪਲੈਕਸ ਬਾਬਾ ਬਕਾਲਾ ਸਾਹਿਬ ਵਿੱਚੋ ਭ੍ਰਿਸਟਾਚਾਰ ਘਟੇਗਾ। ਇਸੇ ਤਰ੍ਹਾਂ ਹੀ ਪੰਜਾਬ ਸਰਕਾਰ ਵੱਲੋਂ ਸਮੂਹ ਡਿਪਟੀ ਕਮਿਸ਼ਨਰਾਂ ਨੂੰ ਇੱਕ ਸਖਤ ਆਡਰ ਜਾਰੀ ਕੀਤਾ ਗਿਆ ਕਿ ਜਿੰਨਾਂ ਕਰਮਚਾਰੀਆਂ ਦੀ ਅਜੇ ਸੱਤ ਸਾਲ ਤੋਂ ਘੱਟ ਦੀ ਨੌਕਰੀ ਹੋਈ ਹੈ, ਕੇਵਲ ਉਹਨਾਂ ਨੂੰ ਹੀ ਸਬ ਰਜਿਸਟਰਾਰ/ਜੁਆਇੰਟ ਸਬ ਰਜਿਸਟਰਾਰ ਦੇ ਨਾਲ ਰਜਿਸਟਰੀਆਂ ਦੇ ਕੰਮ ਵਿੱਚ ਸਹਿਯੋਗ ਦੇਣ ਲਈ ਨਿਯੁਕਤ ਕੀਤਾ ਜਾਵੇ। ਇਸਦੇ ਬਾਵਯੂਦ ਵੀ ਮੁੜ ਰਣਧੀਰ ਸਿੰਘ ਜੂਨੀਅਰ ਕਲਰਕ ਨੂੰ ਆਰ.ਸੀ. ਬਾਬਾ ਬਕਾਲਾ ਸਾਹਿਬ ਦੀ ਡਿਊਟੀ 'ਤੇ ਤਾਇਨਾਤ ਕੀਤਾ ਗਿਆ ਅਤੇ ਡੀ.ਸੀ. ਸਾਹਿਬ ਵੱਲੋਂ ਪੰਜਾਬ ਸਰਕਾਰ ਦਾ ਆਡਰਾਂ ਨੂੰ ਅਣਗੌਲਿਆ ਕੀਤਾ ਗਿਆ ਹੈ। ਹਲਕਾ ਬਾਬਾ ਬਕਾਲਾ ਸਾਹਿਬ ਦੇ ਲੋਕ ਇਸ ਪੁਰਾਣੇ ਮੁਲਾਜਮ ਦੇ ਆਰ.ਸੀ. ਨਿਯੁਕਤ ਹੋਣ ਕਾਰਨ ਬਹੁਤ ਪ੍ਰੇਸ਼ਾਨ ਹੋਣਗੇ। ਕਿਉਂਕਿ ਲੋਕਾਂ ਨੇ ਆਗੂਆਂ ਨੂੰ ਸ਼ਿਕਾਇਤ ਕੀਤੀ ਹੈ ਕਿ ਰਣਧੀਰ ਸਿੰਘ ਨਿੱਕੀ ਨਿੱਕੀ ਊਣਤਾਈ ਰਜਿਸਟਰੀ ਵਿੱਚ ਲੱਭ ਕੇ ਵੱਡੇ ਵੱਡੇ ਭ੍ਰਿਸ਼ਟਾਚਾਰ ਨੂੰ ਜਨਮ ਦਿੰਦਾ ਹੈ।ਜਿਸ ਕਾਰਨ ਲੋਕ ਬਹੁਤ ਹੀ ਪ੍ਰੇਸ਼ਾਨ ਹੁੰਦੇ ਹਨ ।

# ਆਫਸੈੱਟ ਪ੍ਰਿੰਟਰਜ਼ ਐਸੋਸੀਏਸ਼ਨ ਵੱਲੋਂ ਕੈਲੰਡਰ ਜਾਰੀ

## ਐਸੋਸੀਏਸ਼ਨ ਦੀਆਂ ਗਤੀਵਿਧੀਆਂ ਦੀ ਰਿਪੋਰਟ ਪੇਸ਼ ਕੀਤੀ।




ਅੰਮ੍ਰਿਤਸਰ, 4 ਫਰਵਰੀ (ਬਬਲੂ ਮਹਾਜਨ )ਆਫਸੈੱਟ ਪ੍ਰਿੰਟਰਜ਼ ਐਸੋਸੀਏਸ਼ਨ ਅੰਮ੍ਰਿਤਸਰ ਨੇ ਐਸੋਸੀਏਸ਼ਨ ਨੇ ਸਾਲਾਨਾ ਮੀਟਿੰਗ ਕੀਤੀ। ਐਸੋਸੀਏਸ਼ਨ ਦੇ ਪ੍ਰਧਾਨ ਹਰਭਜਨ ਸਿੰਘ ਨੇ ਰਸਮੀ ਤੌਰ ਤੇ ਮੌਜੂਦ ਸਾਰੇ ਮੈਂਬਰਾਂ ਅਤੇ ਪਤਵੰਤਿਆਂ ਦਾ ਸਵਾਗਤ ਕੀਤਾ ਅਤੇ ਐਸੋਸੀਏਸ਼ਨ ਨੂੰ ਮਜ਼ਬੂਤ ਕਰਨ ਵਿਚ ਨਿਰੰਤਰ ਸਮਰਥਨ, ਏਕਤਾ ਅਤੇ ਸਰਗਰਮ ਸਹਿਯੋਗ ਦੀ ਸ਼ਲਾਘਾ ਕੀਤੀ। ਜਨਰਲ ਸਕੱਤਰ ਡਾ. ਸੰਜੇ ਮਹਾਜਨ ਨੇ ਮੌਜੂਦਾ ਸਾਲ ਦੌਰਾਨ ਐਸੋਸੀਏਸ਼ਨ ਦੀਆਂ ਗਤੀਵਿਧੀਆਂ ਦੀ ਰਿਪੋਰਟ ਪੇਸ਼ ਕੀਤੀ। ਆਈਪੀਏਐਮਏ ਨੇ ਵਿਸ਼ੇਸ਼ ਮਹਿਮਾਨਾਂ ਦਾ ਸਮਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਆਫਸੈੱਟ ਪ੍ਰਿੰਟਰਜ਼ ਐਸੋਸੀਏਸ਼ਨ ਦਾ ਕੈਲੰਡਰ ਵੀ ਜਾਰੀ ਕੀਤਾ ਗਿਆ। ਇਸ ਮੌਕੇ ਰਾਜਕਮਲ ਸਿੰਘ, ਗੁਰਪ੍ਰਤਾਪ ਸਿੰਘ, ਅੰਮ੍ਰਿਤਪਾਲ ਸਿੰਘ,ਇਕਬਾਲ, ਰਮਨ, ਸਚਿਨ ਮਹਿਰਾ, ਰਮਨ ਕੁਮਾਰ, ਹਰਦੀਪ ਸਿੰਘ, ਪ੍ਰਭਜੀਤ ਸਿੰਘ, ਸੁਮਿਤ ਖੰਨਾ, ਮੁਨੀਸ਼ ਖੰਨਾ, ਅਰਮਨਦੀਪ ਸਿੰਘ ਆਦਿ ਹਾਜ਼ਰ ਸਨ।

# ਵਿਧਾਇਕ ਡਾ. ਅਜੇ ਗੁਪਤਾ ਨੇ ਵਿਕਾਸ ਕਾਰਜ ਦਾ ਉਦਘਾਟਨ ਕੀਤਾ



ਅੰਮ੍ਰਿਤਸਰ, 4 ਫਰਵਰੀ, (ਗੁਰਦਿਆਲ ਸਿੰਘ) ਕੇਂਦਰੀ ਵਿਧਾਨ ਸਭਾ ਹਲਕੇ ਤੋਂ ਵਿਧਾਇਕ ਡਾ. ਅਜੇ ਗੁਪਤਾ ਨੇ ਅੱਜ ਵਾਰਡ ਨੰਬਰ 58 ਵਿੱਚ ਭੂਸ਼ਣਪੁਰਾ ਬਾਜ਼ਾਰ ਨੂੰ ਪੱਕਾ ਕਰਨ ਲਈ ਵਿਕਾਸ ਕਾਰਜ ਦਾ ਉਦਘਾਟਨ ਕੀਤਾ। ਵਿਧਾਇਕ ਡਾ. ਗੁਪਤਾ ਨੇ ਕਿਹਾ ਕਿ ਕੇਂਦਰੀ ਵਿਧਾਨ ਸਭਾ ਹਲਕੇ ਵਿੱਚ ਵਿਕਾਸ ਕਾਰਜ ਜਾਰੀ ਰਹਿਣਗੇ। ਉਨ੍ਹਾਂ ਕਿਹਾ ਕਿ ਉਹ ਰੋਜ਼ਾਨਾ ਲੋਕਾਂ ਤੱਕ ਪਹੁੰਚ ਕਰ ਰਹੇ ਹਨ, ਉਨ੍ਹਾਂ ਦੀਆਂ ਸਮੱਸਿਆਵਾਂ ਸੁਣ ਰਹੇ ਹਨ ਅਤੇ ਉਨ੍ਹਾਂ ਦੀ ਤਰਜੀਹ ਦੇ ਆਧਾਰ ਤੇ ਹੱਲ ਲੱਭ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਕੇਂਦਰੀ ਵਿਧਾਨ ਸਭਾ ਹਲਕੇ ਦੇ ਕਿਸੇ ਵੀ ਖੇਤਰ ਵਿੱਚ ਜਿੱਥੇ ਟੁੱਟੀਆਂ ਗਲੀਆਂ ਮਿਲਦੀਆਂ ਹਨ, ਉਨ੍ਹਾਂ ਦੀ ਮੁਰੰਮਤ ਕੀਤੀ ਜਾ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਸਰਦੀਆਂ ਦੇ ਮੌਸਮ ਦੌਰਾਨ ਹੌਟ ਮਿਕਸ ਪਲਾਂਟ ਬੰਦ ਹੋਣ ਕਾਰਨ ਸੜਕ ਦੀ ਮੁਰੰਮਤ ਦਾ ਕੰਮ ਰੁਕ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਕੇਂਦਰੀ ਵਿਧਾਨ ਸਭਾ ਹਲਕੇ ਵਿੱਚ ਬਾਕੀ ਸਾਰੀਆਂ ਟੁੱਟੀਆਂ ਸੜਕਾਂ ਦੀ ਪ੍ਰੀਮਿਕਸ ਨਾਲ ਮੁਰੰਮਤ ਦਾ ਕੰਮ ਮਾਰਚ ਵਿੱਚ ਸ਼ੁਰੂ ਹੋ ਜਾਵੇਗਾ।ਵਿਧਾਇਕ ਡਾ. ਅਜੇ ਗੁਪਤਾ ਨੇ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ (ਆਪ) ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਕਾਰਨ ਆਮ ਆਦਮੀ ਪਾਰਟੀ (ਆਪ) ਪਰਿਵਾਰ ਕੇਂਦਰੀ ਵਿਧਾਨ ਸਭਾ ਹਲਕੇ ਵਿੱਚ ਰੋਜ਼ਾਨਾ ਵਧ ਰਿਹਾ ਹੈ। ਉਨ੍ਹਾਂ ਕਿਹਾ ਕਿ ਲੋਕ ਹੋਰ ਰਵਾਇਤੀ ਪਾਰਟੀਆਂ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਲਈ ਕਾਰਡ ਬਣਾਉਣ ਦੀ ਪ੍ਰਕਿਰਿਆ ਪਹਿਲਾਂ ਹੀ ਸ਼ੁਰੂ ਹੋ ਚੁੱਕੀ ਹੈ। ਉਨ੍ਹਾਂ ਕਿਹਾ ਕਿ ਕੇਂਦਰੀ ਵਿਧਾਨ ਸਭਾ ਹਲਕੇ ਦੇ ਹਰ ਵਾਰਡ ਅਤੇ ਪੰਚਾਇਤ ਵਿੱਚ ਹਰ ਰੋਜ਼ ਹਜ਼ਾਰਾਂ ਲੋਕਾਂ ਨੂੰ ਇਸ ਯੋਜਨਾ ਤਹਿਤ ਕਾਰਡ ਬਣਾਉਣ ਲਈ ਪਰਚੀਆਂ ਜਾਰੀ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਲੋਕ ਆਪਣੇ ਪਰਿਵਾਰਾਂ ਲਈ 10 ਲੱਖ ਰੁਪਏ ਤੱਕ ਦਾ ਇਲਾਜ ਪ੍ਰਸਿੱਧ ਹਸਪਤਾਲਾਂ ਤੋਂ ਕਰਵਾ ਸਕਦੇ ਹਨ। ਇਸ ਮੌਕੇ ਕੌਂਸਲਰ ਜਰਨੈਲ ਸਿੰਘ ਢੋਡ, ਐਨ.ਬੀ. ਢੋਡ, ਅਜੈ ਨਿਓਲ, ਚਰਨਜੀਤ ਸਿੰਘ, ਸੁਰਜੀਤ ਸਿੰਘ, ਰਾਹੁਲ ਕੁਮਾਰ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਮੌਜੂਦ ਸਨ।

# ਮੇਅਰ ਵੱਲੋਂ ਕੂੜਾ ਚੁੱਕਣ ਵਾਲੀ ਕੰਪਨੀ ਨੂੰ ਹਰ ਰੋਜ਼ ਕੂੜਾ ਚੁੱਕਣ ਦੇ ਨਿਰਦੇਸ਼; ਕਿਸੇ ਵੀ ਕਿਸਮ ਦੇ ਢਿੱਲੇਪਣ ਖ਼ਿਲਾਫ਼ ਚੇਤਾਵਨੀ




ਅੰਮ੍ਰਿਤਸਰ, 4 ਫਰਵਰੀ (ਗੁਰਦਿਆਲ ਸਿੰਘ/ਬਬਲੂ ਮਹਜਨ)ਅੰਮ੍ਰਿਤਸਰ ਦੇ ਮੇਅਰ ਸ਼੍ਰੀ ਜਤਿੰਦਰ ਸਿੰਘ ਭਾਟੀਆ ਨੇ ਸ਼ਹਿਰ ਦੀ ਸਫਾਈ ਪ੍ਰਬੰਧਨਾ ਦੀ ਸਮੀਖਿਆ ਲਈ ਇਕ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕੀਤੀ। ਇਸ ਮੀਟਿੰਗ ਵਿੱਚ ਵਧੀਕ ਕਮਿਸ਼ਨਰ ਸ਼੍ਰੀ ਸੁਰਿੰਦਰ ਸਿੰਘ, ਸਿਹਤ ਅਧਿਕਾਰੀ ਡਾ. ਕਿਰਨ ਕੁਮਾਰ, ਡਾ. ਯੋਗੇਸ਼ ਅਰੋੜਾ, ਡਾ. ਰਮਾ, ਸੀਐਸਓ ਸ਼੍ਰੀ ਮਲਕੀਅਤ ਸਿੰਘ, ਸੀਐਸਆਈ ਅਤੇ ਕੂੜਾ ਚੁੱਕਣ ਵਾਲੀ ਕੰਪਨੀ ਆਰਆਰਆਰ ਦੇ ਪ੍ਰਤੀਨਿਧੀ, ਜਿਨ੍ਹਾਂ ਵਿੱਚ ਸ਼੍ਰੀ ਰਾਜੀਵ ਅਰੋੜਾ ਸਮੇਤ ਹੋਰ ਅਧਿਕਾਰੀ ਹਾਜ਼ਰ ਰਹੇ।ਮੀਟਿੰਗ ਦੌਰਾਨ ਮੇਅਰ ਨੇ ਸ਼ਹਿਰ ਵਿੱਚ ਸਫਾਈ ਦੇ ਉੱਚ ਮਿਆਰ ਬਰਕਰਾਰ ਰੱਖਣ 'ਤੇ ਖਾਸ ਜ਼ੋਰ ਦਿੱਤਾ, ਵਿਸ਼ੇਸ਼ ਤੌਰ 'ਤੇ ਸ੍ਰੀ ਹਰਿਮੰਦਰ ਸਾਹਿਬ ਨੂੰ ਜਾਣ ਵਾਲੀਆਂ ਸਾਰੀਆਂ ਸੜਕਾਂ 'ਤੇ। ਉਨ੍ਹਾਂ ਕੂੜਾ ਚੁੱਕਣ ਵਾਲੀ ਕੰਪਨੀ ਨੂੰ ਹਫ਼ਤੇ ਦੇ ਸੱਤੋਂ ਦਿਨ ਕੂੜਾ ਚੁੱਕਣ ਦੇ ਨਿਰਦੇਸ਼ ਦਿੱਤੇ ਅਤੇ ਸਾਫ਼ ਕੀਤਾ ਕਿ ਕਿਸੇ ਵੀ ਕਿਸਮ ਦਾ ਢਿੱਲਾਪਣ ਜਾਂ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਸ਼ੁੱਕਰਵਾਰ, ਸ਼ਨੀਚਰਵਾਰ ਅਤੇ ਐਤਵਾਰ ਨੂੰ ਸ਼ਰਧਾਲੂਆਂ ਅਤੇ ਸੈਲਾਨੀਆਂ ਦੀ ਵੱਡੀ ਗਿਣਤੀ ਦੇ ਮੱਦੇਨਜ਼ਰ ਕੰਪਨੀ ਨੂੰ ਆਪਣੀ ਪੂਰੀ ਮਸ਼ੀਨਰੀ ਅਤੇ ਮਨੁੱਖੀ ਬਲ ਤੈਨਾਤ ਕਰਨ ਲਈ ਕਿਹਾ ਗਿਆ।ਮੇਅਰ ਜਤਿੰਦਰ ਸਿੰਘ ਭਾਟੀਆ ਨੇ ਕਿਹਾ ਕਿ ਸਫਾਈ ਅਤੇ ਕੂੜਾ ਚੁੱਕਣਾ ਨਗਰ ਨਿਗਮ ਅੰਮ੍ਰਿਤਸਰ ਦੀ ਸਭ ਤੋਂ ਵੱਡੀ ਤਰਜੀਹ ਹੈ, ਜਿਸ ਲਈ ਆਰਆਰਆਰ ਕੰਪਨੀ ਨੂੰ ਠੇਕਾ ਦਿੱਤਾ ਗਿਆ ਹੈ। ਉਨ੍ਹਾਂ ਕੰਪਨੀ ਅਧਿਕਾਰੀਆਂ ਨੂੰ ਸ਼ਹਿਰ ਦੇ ਹਰ ਖੇਤਰ ਵਿੱਚ 100 ਫੀਸਦੀ ਘਰ-ਘਰ ਕੂੜਾ ਇਕੱਠਾ ਕਰਨ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।ਸਮਝੌਤੇ ਅਨੁਸਾਰ ਮੇਅਰ ਨੇ ਹੁਕਮ ਦਿੱਤਾ ਕਿ ਸਾਰੇ ਭਵਨਾਂ 'ਤੇ ਕਿਊਆਰ ਕੋਡ ਲਗਾਏ ਜਾਣ, ਤਾਂ ਜੋ ਕੂੜਾ ਨਾ ਚੁੱਕੇ ਜਾਣ ਦੀ ਸਥਿਤੀ ਵਿੱਚ ਨਾਗਰਿਕ ਸ਼ਿਕਾਇਤ ਦਰਜ ਕਰਵਾ ਸਕਣ। ਉਨ੍ਹਾਂ ਦੱਸਿਆ ਕਿ ਕੰਪਨੀ ਵੱਲੋਂ ਕਰਮਚਾਰੀਆਂ ਨੂੰ ਯੂਜ਼ਰ ਚਾਰਜ ਵਸੂਲੀ ਲਈ ਪੀਓਐਸ ਮਸ਼ੀਨਾਂ ਦਿੱਤੀਆਂ ਗਈਆਂ ਹਨ ਅਤੇ ਭੁਗਤਾਨ ਮਗਰੋਂ ਨਾਗਰਿਕਾਂ ਨੂੰ ਤੁਰੰਤ ਰਸੀਦ ਦੇਣਾ ਲਾਜ਼ਮੀ ਹੈ।ਮੇਅਰ ਨੇ ਕਿਹਾ ਕਿ ਅੰਮ੍ਰਿਤਸਰ ਇਕ ਪ੍ਰਮੁੱਖ ਧਾਰਮਿਕ ਅਤੇ ਸੈਲਾਨੀ ਸ਼ਹਿਰ ਹੈ, ਜਿੱਥੇ ਹਰ ਰੋਜ਼ ਲੱਖਾਂ ਸ਼ਰਧਾਲੂ ਸ੍ਰੀ ਹਰਿਮੰਦਰ ਸਾਹਿਬ, ਜਲਿਆਂਵਾਲਾ ਬਾਗ ਅਤੇ ਦੁਰਗਿਆਨਾ ਮੰਦਰ ਵਿੱਚ ਮੱਥਾ ਟੇਕਣ ਆਉਂਦੇ ਹਨ, ਜਿਸ ਕਾਰਨ ਹਫ਼ਤੇ ਅੰਤ 'ਤੇ ਭੀੜ ਵਧ ਜਾਂਦੀ ਹੈ। ਇਸ ਲਈ ਇਨ੍ਹਾਂ ਦਿਨਾਂ ਵਿਸ਼ੇਸ਼ ਤੌਰ 'ਤੇ ਕੂੜਾ ਚੁੱਕਣ ਦੀ ਵਿਵਸਥਾ ਕੀਤੀ ਜਾਵੇ ਅਤੇ ਕੰਪਨੀ ਦੇ ਸਾਰੇ ਵਾਹਨ ਹਫ਼ਤੇ ਦੇ ਸੱਤੋਂ ਦਿਨ ਚਲਾਏ ਜਾਣ। ਸ੍ਰੀ ਹਰਿਮੰਦਰ ਸਾਹਿਬ ਦੇ ਰਸਤੇ ਸਾਫ਼ ਅਤੇ ਕੂੜਾ ਰਹਿਤ ਰੱਖਣ ਲਈ ਵਾਧੂ ਵਾਹਨ ਅਤੇ ਕਰਮਚਾਰੀ ਤੈਨਾਤ ਕੀਤੇ ਜਾਣ।ਮੇਅਰ ਨੇ ਭੱਬਾਲ ਰੋਡ ਡੰਪ ਸਾਈਟ ਦੀ ਸਥਿਤੀ ਦੀ ਵੀ ਸਮੀਖਿਆ ਕੀਤੀ, ਜਿੱਥੇ ਲਗਭਗ 80,000 ਟਨ ਪੁਰਾਣਾ ਕੂੜਾ ਪਿਆ ਹੋਇਆ ਹੈ। ਉਨ੍ਹਾਂ ਇਸ ਕੂੜੇ ਦੀ ਵਿਗਿਆਨਕ ਪ੍ਰਕਿਰਿਆ ਲਈ ਉਚਿਤ ਮਸ਼ੀਨਰੀ ਲਗਾਉਣ ਅਤੇ ਉਪਲਬਧ ਖਾਲੀ ਜ਼ਮੀਨ ਦੀ ਪੂਰੀ ਵਰਤੋਂ ਕਰਨ ਦੇ ਨਿਰਦੇਸ਼ ਦਿੱਤੇ। ਮੇਅਰ ਜਤਿੰਦਰ ਸਿੰਘ ਭਾਟੀਆ ਨੇ ਨਾਗਰਿਕਾਂ ਨੂੰ ਭਰੋਸਾ ਦਿਵਾਇਆ ਕਿ ਨਗਰ ਨਿਗਮ ਅੰਮ੍ਰਿਤਸਰ ਸ਼ਹਿਰ ਨੂੰ ਸਾਫ਼, ਹਰਾ-ਭਰਾ ਅਤੇ ਕੂੜਾ ਮੁਕਤ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ, ਅਤੇ ਇਸ ਮਕਸਦ ਦੀ ਪ੍ਰਾਪਤੀ ਲਈ ਹਰ ਨਾਗਰਿਕ ਦਾ ਸਹਿਯੋਗ ਬਹੁਤ ਜ਼ਰੂਰੀ ਹੈ।

# ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਨੇ ਅਨਿਲ ਜੋਸ਼ੀ ਨੂੰ ਕੀਤਾ ਸਨਮਾਨਿਤ



ਅੰਮਿਤਸਰ, 4 ਫਰਵਰੀ (ਬਬਲੂ ਮਹਾਜਨ) ਸਾਬਕਾ ਕੈਬਨਿਟ ਮੰਤਰੀ ਅਨਿਲ ਜੋਸ਼ੀ ਨੇ ਆਪਣੇ ਜਨਮਦਿਨ ਦੇ ਮੌਕੇ ਗੁਰਦੁਆਰਾ ਸ੍ਰੀ ਸ਼ਹੀਦਾ ਸਾਹਿਬ ਅਤੇ ਡੇਰਾ ਕਾਰ ਸੇਵਾ ਭੂਰੀ ਵਾਲੇ ਵਿਖੇ ਹਾਜ਼ਰੀ ਭਰੀ। ਇਸ ਦੌਰਾਨ ਉਨ੍ਹਾਂ ਨੇ ਗੁਰਦੁਆਰਾ ਸਾਹਿਬ ਵਿੱਚ ਮੱਥਾ ਟੇਕ ਕੇ ਗੁਰੂ ਘਰ ਤੋਂ ਆਸ਼ੀਰਵਾਦ ਪ੍ਰਾਪਤ ਕੀਤਾ ਅਤੇ ਸੰਗਤ ਦੀ ਚੜ੍ਹਦੀਕਲਾ ਲਈ-ਭਲਾਈ ਲਈ ਅਰਦਾਸ ਕੀਤੀ। ਡੇਰਾ ਕਾਰ ਸੇਵਾ ਭੂਰੀ ਵਾਲੇ ਵਿਖੇ ਅਨਿਲ ਜੋਸ਼ੀ ਦੀ ਮੁਲਾਕਾਤ ਸੰਤ ਮਹਾਪੁਰਖ ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਨਾਲ ਹੋਈ। ਇਸ ਮੌਕੇ ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਅਤੇ ਬਾਬਾ ਸੁਖਿੰਦਰ ਸਿੰਘ ਸੁੱਖਾ ਵੱਲੋਂ ਅਨਿਲ ਜੋਸ਼ੀ ਨੂੰ ਸਿਰੋਪਾ ਭੇਟ ਕਰ ਕੇ ਸਨਮਾਨਿਤ ਕੀਤਾ ਗਿਆ।ਅਨਿਲ ਜੋਸ਼ੀ ਨੇ ਡੇਰਾ ਕਾਰ ਸੇਵਾ ਵੱਲੋਂ ਵੱਖ-ਵੱਖ ਧਾਰਮਿਕ ਅਸਥਾਨਾਂ 'ਤੇ ਚੱਲ ਰਹੀਆਂ ਕਾਰ ਸੇਵਾਵਾਂ ਦੀ ਖੁੱਲ੍ਹ ਕੇ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਕਾਰ ਸੇਵਾ ਸੰਸਥਾਵਾਂ ਵੱਲੋਂ ਗੁਰੂ ਘਰਾਂ ਦੀ ਸੰਭਾਲ, ਨਵੀਨੀਕਰਨ ਅਤੇ ਸੰਗਤ ਦੀ ਸਹੂਲਤ ਲਈ ਕੀਤੀ ਜਾ ਰਹੀ ਸੇਵਾ ਬੇਮਿਸਾਲ ਹੈ, ਜੋ ਸਮਾਜ ਲਈ ਪ੍ਰੇਰਣਾਦਾਇਕ ਹੈ।ਉਨ੍ਹਾਂ ਨੇ ਸੰਤ ਮਹਾਪੁਰਖਾਂ ਤੋਂ ਆਸ਼ੀਰਵਾਦ ਲੈਂਦੇ ਹੋਏ ਕਿਹਾ ਕਿ ਗੁਰੂ ਘਰਾਂ ਨਾਲ ਜੁੜ ਕੇ ਮਨੁੱਖ ਨੂੰ ਸੇਵਾ, ਨਿਮਰਤਾ ਅਤੇ ਭਾਈਚਾਰੇ ਦੀ ਭਾਵਨਾ ਸਿੱਖਣ ਨੂੰ ਮਿਲਦੀ ਹੈ। ਇਸ ਮੌਕੇ ਸੇਵਕ ਜੱਥਾ ਗੁਰਦੁਆਰਾ ਸੰਤੋਖਸਰ ਸਾਹਿਬ ਦੇ ਪ੍ਰਧਾਨ ਤਰਲੋਚਨ ਸਿੰਘ ਬਿੱਟੂ ਤੇ ਹੋਰ ਸੰਗਤ ਨਾਲ ਸਨਉਨ੍ਹਾਂ ਨੇ ਸੰਤ ਮਹਾਪੁਰਖਾਂ ਤੋਂ ਆਸ਼ੀਰਵਾਦ ਲੈਂਦੇ ਹੋਏ ਕਿਹਾ ਕਿ ਗੁਰੂ ਘਰਾਂ ਨਾਲ ਜੁੜ ਕੇ ਮਨੁੱਖ ਨੂੰ ਸੇਵਾ, ਨਿਮਰਤਾ ਅਤੇ ਭਾਈਚਾਰੇ ਦੀ ਭਾਵਨਾ ਸਿੱਖਣ ਨੂੰ ਮਿਲਦੀ ਹੈ। ਇਸ ਮੌਕੇ ਸੇਵਕ ਜੱਥਾ ਗੁਰਦੁਆਰਾ ਸੰਤੋਖਸਰ ਸਾਹਿਬ ਦੇ ਪ੍ਰਧਾਨ ਤਰਲੋਚਨ ਸਿੰਘ ਬਿੱਟੂ ਤੇ ਹੋਰ ਸੰਗਤ ਨਾਲ ਸਨ

ਰੋਜ਼ਾਨਾ ਚੜ੍ਹਦੀਕਲਾ
# ਸਿਹਤ ਖ਼ਬਰਨਾਮਾ

## ਅਖਰੋਟ ਦਿਮਾਗ ਦੇ ਕੰਮ ਨੂੰ ਵਧਾਉਣ ਵਿੱਚ ਮਦਦ ਕਰਦਾ

ਅਖਰੋਟ ਨੂੰ ਦਿਮਾਗੀ ਭੋਜਨ ਕਿਹਾ ਜਾਂਦਾ ਹੈ ਕਿਉਂਕਿ ਇਸਦਾ ਆਕਾਰ ਦਿਮਾਗ ਨਾਲ ਮਿਲਦਾ-ਜੁਲਦਾ ਹੈ ਤੇ ਇਹ ਦਿਮਾਗ ਦੇ ਕੰਮ ਨੂੰ ਵਧਾਉਣ ਵਿੱਚ ਮਦਦ ਕਰਦਾ ਹੈ। ਪਰ ਕੀ ਤੁਸੀਂ ਜਾਣਦੇ ਹੋ, ਕਿ ਸਵੇਰੇ ਖਾਲੀ ਪੇਟ ਇਨ੍ਹਾਂ ਨੂੰ ਖਾਣ ਨਾਲ ਇਨ੍ਹਾਂ ਦੇ ਫਾਇਦੇ ਕਈ ਗੁਣਾ ਵੱਧ ਸਕਦੇ ਹਨ? ਓਮੇਗਾ-3 ਫੈਟੀ ਐਸਿਡ, ਪ੍ਰੋਟੀਨ, ਫਾਈਬਰ, ਐਂਟੀਆਕਸੀਡੈਂਟ, ਕੈਲਸ਼ੀਅਮ, ਮੈਗਨੀਸ਼ੀਅਮ ਅਤੇ ਵਿਟਾਮਿਨ ਈ ਵਰਗੇ ਪੌਸ਼ਟਿਕ ਤੱਤਾਂ ਨਾਲ ਭਰਪੂਰ, ਅਖਰੋਟ ਸਰੀਰ ਨੂੰ ਅੰਦਰੋਂ ਮਜ਼ਬੂਤ ਬਣਾਉਣ ਵਿੱਚ ਮਦਦ ਕਰ ਸਕਦੇ ਹਨ।



**ਭਾਰ ਕੰਟਰੋਲ ਰਹਿੰਦੈ** : ਜੇਕਰ ਤੁਸੀਂ ਭਾਰ ਘਟਾਉਣ ਦੀ ਕੋਸ਼ਿਸ਼ ਕਰ ਰਹੇ ਹੋ, ਤਾਂ ਅਖਰੋਟ ਖਾਣਾ ਲਾਭਦਾਇਕ ਹੋ ਸਕਦਾ ਹੈ। ਇਨ੍ਹਾਂ ਵਿੱਚ ਮੌਜੂਦ ਹੈਲਥੀ ਫੈਟ, ਪ੍ਰੋਟੀਨ ਅਤੇ ਫਾਈਬਰ ਤੁਹਾਨੂੰ ਲੰਬੇ ਸਮੇਂ ਤੱਕ ਭਰਿਆ ਰੱਖਦੇ ਹਨ, ਜੋ ਜ਼ਿਆਦਾ ਖਾਣ ਤੋਂ ਰੋਕਦੇ ਹਨ, ਜੋ ਤੁਹਾਡੇ ਭਾਰ ਨੂੰ ਕੰਟਰੋਲ ਵਿੱਚ ਰੱਖਣ ਵਿੱਚ ਮਦਦ ਕਰ ਸਕਦੇ ਹਨ।

**ਸ਼ੂਗਰ ਲੈਵਲ** : ਅਖਰੋਟ ਵਿੱਚ ਪਾਏ ਜਾਣ ਵਾਲੇ ਪੌਲੀਫੇਨੋਲ ਅਤੇ ਸਿਹਤਮੰਦ ਚਰਬੀ ਬਲੱਡ ਸ਼ੂਗਰ ਨੂੰ ਕੰਟਰੋਲ ਕਰਨ ਵਿੱਚ ਮਦਦ ਕਰਦੇ ਹਨ। ਇਸ ਲਈ, ਅਖਰੋਟ ਦਾ ਸੇਵਨ ਸ਼ੂਗਰ ਦੇ ਮਰੀਜ਼ਾਂ ਲਈ ਲਾਭਦਾਇਕ ਹੋ ਸਕਦਾ ਹੈ। ਤੁਸੀਂ ਇਨ੍ਹਾਂ ਨੂੰ ਨਾਸ਼ਤੇ ਵਿੱਚ ਵੀ ਖਾ ਸਕਦੇ ਹੋ।

**ਮਜ਼ਬੂਤ ਹੱਡੀਆਂ** : ਅਖਰੋਟ ਵਿੱਚ ਕੈਲਸ਼ੀਅਮ, ਫਾਸਫੋਰਸ ਅਤੇ ਮੈਗਨੀਸ਼ੀਅਮ ਹੁੰਦਾ ਹੈ, ਜੋ ਹੱਡੀਆਂ ਅਤੇ ਜੋੜਾਂ ਨੂੰ ਮਜ਼ਬੂਤ ਕਰਨ ਵਿੱਚ ਮਦਦ ਕਰ ਸਕਦਾ ਹੈ। ਸਵੇਰੇ ਖਾਲੀ ਪੇਟ ਅਖਰੋਟ ਖਾਣ ਨਾਲ ਗਠੀਆ ਜਾਂ ਜੋੜਾਂ ਦੇ ਦਰਦ ਵਰਗੀਆਂ ਹੱਡੀਆਂ ਨਾਲ ਸਬੰਧਤ ਬਿਮਾਰੀਆਂ ਤੋਂ ਰਾਹਤ ਮਿਲ ਸਕਦੀ ਹੈ।

# ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਸ਼੍ਰੀ ਅਮਿਤ ਸ਼ਾਹ ਪਹਿਲੀ ਸਹਿਕਾਰੀ ਟੈਕਸੀ ਸੇਵਾ ਭਾਰਤ ਟੈਕਸੀ ਦੀ ਕਰਨਗੇ ਸ਼ੁਰੂਆਤ

ਨਵੀਂ ਦਿੱਲੀ, 4 ਫਰਵਰੀ (ਚ.ਨ.ਸ.) : ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ, ਸ਼੍ਰੀ ਅਮਿਤ ਸ਼ਾਹ, 05 ਫਰਵਰੀ, 2026 ਨੂੰ ਨਵੀਂ ਦਿੱਲੀ ਦੇ ਵਿਗਿਆਨ ਭਵਨ ਵਿਖੇ ਭਾਰਤ ਦੇ ਪਹਿਲੇ ਸਹਿਕਾਰੀ-ਅਧਾਰਤ ਰਾਈਡ-ਹੇਲਿੰਗ ਪਲੇਟਫਾਰਮ, ਭਾਰਤ ਟੈਕਸੀ ਨੂੰ ਲਾਂਚ ਕਰਨਗੇ। ਮਾਨਯੋਗ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੇ ਸਹਕਾਰ ਸੇ ਸਮ੍ਰਿੱਧੀ ਦੇ ਦ੍ਰਿਸ਼ਟੀਕੋਣ ਦੇ ਅਨੁਸਾਰ, ਇਹ ਲਾਂਚ ਸਹਿਕਾਰੀ ਖੇਤਰ ਨੂੰ ਮਜ਼ਬੂਤ ਕਰਨ ਅਤੇ ਸਮਾਵੇਸ਼ੀ, ਨਾਗਰਿਕ-ਕੇਂਦ੍ਰਿਤ ਗਤੀਸ਼ੀਲਤਾ ਹੱਲਾਂ ਨੂੰ ਉਤਸ਼ਾਹਿਤ ਕਰਨ ਲਈ ਭਾਰਤ ਸਰਕਾਰ ਦੇ ਨਿਰੰਤਰ ਯਤਨਾਂ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਹੋਵੇਗਾ। ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ, ਸ਼੍ਰੀ ਅਮਿਤ ਸ਼ਾਹ ਦੀ ਅਗਵਾਈ ਹੇਠ ਸਹਿਕਾਰਤਾ ਮੰਤਰਾਲਾ, ਰੁਜ਼ਗਾਰ ਪੈਦਾ ਕਰਨ, ਸਮਾਜਿਕ ਸੁਰੱਖਿਆ ਅਤੇ ਜ਼ਮੀਨੀ ਪੱਧਰ 'ਤੇ ਆਰਥਿਕ ਭਾਗੀਦਾਰੀ ਲਈ ਇੱਕ ਸ਼ਕਤੀਸ਼ਾਲੀ ਵਾਹਨ ਵਜੋਂ ਸਹਿਕਾਰੀ ਸੰਸਥਾਵਾਂ ਨੂੰ ਮਜ਼ਬੂਤਕਰਨ ਲਈ ਵਚਨਬੱਧ ਹੈ। ਭਾਰਤ ਟੈਕਸੀ ਦੀ ਕਲਪਨਾ ਗਤੀਸ਼ੀਲਤਾ ਖੇਤਰ ਵਿੱਚ ਇੱਕ ਪਰਿਵਰਤਨਸ਼ੀਲ ਪਹਿਲਕਦਮੀ ਵਜੋਂ ਕੀਤੀ ਗਈ ਹੈ, ਜਿਸ ਵਿੱਚ ਡਰਾਈਵਰਾਂ - ਜਿਸਨੂੰ ਸਾਰਥੀ ਕਿਹਾ ਜਾਂਦਾ ਹੈ - ਨੂੰ ਮਾਲਕੀ, ਸੰਚਾਲਨ ਅਤੇ ਮੁੱਲ ਸਿਰਜਣ ਦੇ ਕੇਂਦਰ ਵਿੱਚ ਰੱਖਿਆ ਗਿਆ ਹੈ, ਉਹਨਾਂ ਨੂੰ ਸ਼ੋਸ਼ਣਕਾਰੀ ਸਮੂਹਕ-ਅਧਾਰਤ ਮਾਡਲਾਂ ਤੋਂ ਮੁਕਤ ਕੀਤਾ ਗਿਆ ਹੈ। ਇਸ ਸਮਾਗਮ ਦੌਰਾਨ, ਚੋਟੀ ਦੇ ਛੇ ਪ੍ਰਦਰਸ਼ਨ ਕਰਨ ਵਾਲੇ ਸਾਰਥੀ ਨੂੰ ਸਹਿਕਾਰੀ-ਅਧਾਰਤ ਗਤੀਸ਼ੀਲਤਾ ਵਾਤਾਵਰਣ ਪ੍ਰਣਾਲੀ ਵਿੱਚ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਲਈ ਸਨਮਾਨਿਤ ਕੀਤਾ ਜਾਵੇਗਾ। ਮਾਨਯੋਗ ਮੰਤਰੀ ਇਨ੍ਹਾਂ ਸਾਰਥੀ ਨੂੰ ਸ਼ੇਅਰ ਸਰਟੀਫਿਕੇਟ ਵੰਡਣਗੇ, ਜੋ ਸਾਰਥੀ ਮਾਲਕ ਹੈ ਦੇ ਮੂਲ ਸਿਧਾਂਤ ਨੂੰ ਹੋਰ ਮਜ਼ਬੂਤ ਕਰਨਗੇ। ਹਰੇਕ ਸਨਮਾਨਿਤ ਸਾਰਥੀ ਨੂੰ 5 ਲੱਖ ਦਾ ਨਿੱਜੀ ਦੁਰਘਟਨਾ ਬੀਮਾ ਅਤੇ ?5 ਲੱਖ ਦਾ ਪਰਿਵਾਰਕ ਸਿਹਤ ਬੀਮਾ ਮਿਲੇਗਾ, ਜੋ ਕਿ ਭਾਰਤ ਟੈਕਸੀ ਦੀ ਡਰਾਈਵਰ ਭਲਾਈ ਅਤੇ ਲੰਬੇ ਸਮੇਂ ਦੀ ਸਮਾਜਿਕ ਸੁਰੱਖਿਆ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਕਾਰਜਸ਼ੀਲ ਏਕੀਕਰਨ, ਡਿਜੀਟਲ ਸਸ਼ਕਤੀਕਰਨ, ਸੁਰੱਖਿਆ ਅਤੇ ਸੇਵਾ ਪ੍ਰਦਾਨ ਕਰਨ ਨੂੰ ਮਜ਼ਬੂਤ ਕਰਨ ਲਈ ਮੁੱਖ ਜਨਤਕ ਅਤੇ ਨਿੱਜੀ ਹਿੱਸੇਦਾਰਾਂ ਨਾਲ ਨੌਂ ਸਮਝੌਤਿਆਂ (ਐਮਓਯੂ) 'ਤੇ ਹਸਤਾਖਰ ਕੀਤੇ ਜਾਣਗੇ।




ਭਾਰਤ ਟੈਕਸੀ ਭਾਰਤ ਦਾ ਪਹਿਲਾ ਸਹਿਕਾਰੀ-ਅਗਵਾਈ ਵਾਲਾ ਰਾਈਡ-ਹੇਲਿੰਗ ਪਲੇਟਫਾਰਮ ਹੈ, ਜੋ ਕਿ 6 ਜੂਨ, 2025 ਨੂੰ ਸਥਾਪਿਤ ਮਲਟੀ-ਸਟੇਟ ਕੋਆਪਰੇਟਿਵ ਸੋਸਾਇਟੀਜ਼ ਐਕਟ, 2002 ਦੇ ਤਹਿਤ ਰਜਿਸਟਰਡ ਹੈ। ਇਹ ਪਲੇਟਫਾਰਮ ਜ਼ੀਰੋ-ਕਮਿਸ਼ਨ ਅਤੇ ਸਰਜ-ਫ੍ਰੀ ਪ੍ਰਾਈਸਿੰਗ ਮਾਡਲ 'ਤੇ ਕੰਮ ਕਰਦਾ ਹੈ, ਜਿਸ ਵਿੱਚ ਸਿੱਧੇ ਤੌਰ @ਤੇ ਡਰਾਈਵਰਾਂ ਨੂੰ ਮੁਨਾਫ਼ਾ ਵੰਡਿਆ ਜਾਂਦਾ ਹੈ, ਜਿਸ ਨਾਲ ਇਹ ਵਿਦੇਸ਼ੀ-ਨਿਵੇਸ਼ ਕੀਤੇ ਐਗਰੀਗੇਟਰ ਪਲੇਟਫਾਰਮਾਂ ਦਾ ਇੱਕ ਸਵਦੇਸ਼ੀ ਵਿਕਲਪ ਬਣਦਾ ਹੈ।

ਭਾਰਤ ਟੈਕਸੀ ਆਪਣੇ ਡਰਾਈਵਰਾਂ ਲਈ ਸਿਹਤ ਬੀਮਾ, ਦੁਰਘਟਨਾ ਬੀਮਾ, ਰਿਟਾਇਰਮੈਂਟ ਬੱਚਤ, ਅਤੇ ਇੱਕ ਸਮਰਪਿਤ ਡਰਾਈਵਰ ਸਹਾਇਤਾ ਪ੍ਰਣਾਲੀ ਰਾਹੀਂ ਸਮਾਜਿਕ ਸੁਰੱਖਿਆ ਨੂੰ ਤਰਜੀਹ ਦਿੰਦੀ ਹੈ। ਮਦਦ ਕੇਂਦਰ ਦਿੱਲੀ ਵਿੱਚ ਸੱਤ ਮੁੱਖ ਸਥਾਨਾਂ @ਤੇ ਕੰਮ ਕਰ ਰਹੇ ਹਨ। ਇਹ ਪਲੇਟਫਾਰਮ ਤੁਰੰਤ ਐਮਰਜੈਂਸੀ ਸਹਾਇਤਾ, ਪ੍ਰਮਾਣਿਤ ਸਵਾਰੀ ਡੇਟਾ ਪ੍ਰਦਾਨ ਕਰਦਾ ਹੈ, ਅਤੇ ਡਰਾਈਵਰਾਂ ਨੂੰ ਬਿਨਾਂ ਕਿਸੇ ਵਿਸ਼ੇਸ਼ ਸ਼ਰਤਾਂ ਦੇ ਦੂਜੇ ਪਲੇਟਫਾਰਮਾਂ 'ਤੇ ਕੰਮ ਕਰਨ ਦੀ ਆਜ਼ਾਦੀ ਦਿੰਦਾ ਹੈ। ਔਰਤਾਂ ਦੇ ਸਸ਼ਕਤੀਕਰਨ ਨੂੰ ਉਤਸ਼ਾਹਿਤ ਕਰਨ ਲਈ ਬਾਈਕ ਦੀਦੀ ਵਰਗੀਆਂ ਪਹਿਲਕਦਮੀਆਂ ਲਾਗੂ ਕੀਤੀਆਂ ਜਾ ਰਹੀਆਂ ਹਨ, ਜਿਸ ਵਿੱਚ ਹੁਣ ਤੱਕ 150 ਤੋਂ ਵੱਧ ਮਹਿਲਾ ਡਰਾਈਵਰ ਭਾਰਤ ਟੈਕਸੀ ਵਿੱਚ ਸ਼ਾਮਲ ਹੋ ਚੁੱਕੀਆਂ ਹਨ।

ਆਪਣੀ ਸ਼ੁਰੂਆਤ ਤੋਂ ਲੈ ਕੇ, ਭਾਰਤ ਟੈਕਸੀ ਦੁਨੀਆ ਦੇ ਪਹਿਲੇ ਅਤੇ ਸਭ ਤੋਂ ਵੱਡੇ ਸਹਿਕਾਰੀ-ਅਧਾਰਤ ਸਵਾਰੀ-ਹੇਲਿੰਗ ਪਲੇਟਫਾਰਮ ਅਤੇ ਦੁਨੀਆ ਦੇ ਸਭ ਤੋਂ ਵੱਡੇ ਡਰਾਈਵਰ-ਮਾਲਕੀਅਤ ਵਾਲੇ ਗਤੀਸ਼ੀਲਤਾ ਪਲੇਟਫਾਰਮ ਵਜੋਂ ਉਭਰੀ ਹੈ। 300,000 ਤੋਂ ਵੱਧ ਡਰਾਈਵਰ ਪਲੇਟਫਾਰਮ ਵਿੱਚ ਸ਼ਾਮਲ ਹੋਏ ਹਨ, 100,000 ਤੋਂ ਵੱਧ ਉਪਭੋਗਤਾ ਰਜਿਸਟਰਡ ਹਨ, ਅਤੇ ਦਿੱਲੀ-ਐਨਸੀਆਰ ਅਤੇ ਗੁਜਰਾਤ ਵਿੱਚ ਰੋਜ਼ਾਨਾ 10,000 ਤੋਂ ਵੱਧ ਸਵਾਰੀਆਂ ਪੂਰੀਆਂ ਕੀਤੀਆਂ ਜਾਂਦੀਆਂ ਹਨ।

ਹੁਣ ਤੱਕ ਲਗਭਗ 10 ਕਰੋੜ ਸਿੱਧੇ ਡਰਾਈਵਰਾਂ ਨੂੰ ਵੰਡੇ ਜਾ ਚੁੱਕੇ ਹਨ। ਦੇਸ਼ ਦੇ ਵੱਖ-ਵੱਖ ਖੇਤਰਾਂ ਤੋਂ 1,200 ਤੋਂ ਵੱਧ ਸਾਰਥੀ ਸਵਾਰਾਂ ਦੇ ਲਾਂਚ ਸਮਾਗਮ ਵਿੱਚ ਸ਼ਾਮਲ ਹੋਣ ਦੀ ਉਮੀਦ ਹੈ, ਜੋ ਕਿ ਪਲੇਟਫਾਰਮ ਦੀ ਵਧਦੀ ਰਾਸ਼ਟਰੀ ਪਹੁੰਚ ਅਤੇ ਸਹਿਕਾਰੀ-ਅਧਾਰਤ ਗਤੀਸ਼ੀਲਤਾ ਮਾਡਲ ਵਿੱਚ ਡਰਾਈਵਰਾਂ ਦੇ ਵਿਸ਼ਵਾਸ ਨੂੰ ਦਰਸਾਉਂਦਾ ਹੈ।

# ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਦੇ ਵਿਦਿਆਰਥੀਆਂ ਵੱਲੋਂ ਗੁ: ਸਾਹਿਬ ਨਾਨਕਸਰ ਕੁਟੀਆ ਵਿਖੇ ਪਾਠ ਦੀ ਹਾਜ਼ਰੀ







ਪਟਿਆਲਾ, 4 ਫਰਵਰੀ (ਚ.ਨ.ਸ.) : ਗੁਰਦੁਆਰਾ ਸਾਹਿਬ ਨਾਨਕਸਰ ਕੁਟੀਆ ਤ੍ਰਿਪੜੀ, ਪਟਿਆਲਾ ਵਿਖੇ ਮਾਘ ਮਹੀਨੇ ਦੇ ਸਮਾਗਮਾਂ ਅਧੀਨ ਗੁਰੂ ਭਗਤੀ ਸ਼ਬਦ ਜਾਪ ਲੜੀ ਚੱਲ ਰਹੀ ਹੈ। ਜਿਨ੍ਹਾਂ ਵਿੱਚ ਰੋਜ਼ਾਨਾ ਮੂਲਮੰਤਰ ਜਾਪ, ਸੁਖਮਨੀ ਸਾਹਿਬ ਦੇ ਪਾਠ ਅਤੇ ਕੀਰਤਨ ਸਮਾਗਮ ਕਰਾਏ ਜਾਂਦੇ ਹਨ। ਮਿਤੀ 31 ਜਨਵਰੀ 2026 ਨੂੰ ਸਕੂਲ ਦੇ ਡਾਇਰੈਕਟਰ ਸ੍ਰੀਮਤੀ ਜਸਵਿੰਦਰ ਕੌਰ ਜੀ ਦਰਦੀ ਅਤੇ ਡਾ: ਕੰਵਲਜੀਤ ਕੌਰ ਦੀ ਅਗਵਾਈ ਹੇਠ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਦੇ ਵਿਦਿਆਰਥੀਆਂ ਦੀ ਪਾਠ ਕਰਨ ਲਈ ਭੇਜਿਆ ਗਿਆ। ਆਪਣੀ ਪਾਠ ਵਾਰੀ ਦੌਰਾਨ ਵਿਦਿਆਰਥੀਆਂ ਵੱਲੋਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਅਤੇ ਸ਼ਬਦ ਕੀਰਤਨ ਕੀਤੇ ਗਏ। ਗੁਰਦੁਆਰਾ ਸਾਹਿਬ ਵੱਲੋਂ ਸਕੂਲ ਨੂੰ ਸਨਮਾਨ ਵੀ ਦਿੱਤਾ ਗਿਆ। ਬਾਬਾ ਜੀ ਵੱਲੋਂ ਵਿਦਿਆਰਥੀਆਂ ਨੂੰ ਸੁਖਮਨੀ ਸਾਹਿਬ ਦੇ ਪਾਠ ਕਰਨ ਦੀ ਮਹਾਨਤਾ ਦੱਸੀ ਗਈ ਅਤੇ ਵਿਦਿਆਰਥੀਆਂ ਵੱਲੋਂ ਕੀਤੇ ਗਏ ਪਾਠ ਅਤੇ ਰਸਭਿੰਨੇ ਕੀਰਤਨ ਨੂੰ ਸਲਾਹਿਆ ਗਿਆ।

# ਕੈਨੇਡੀਅਨ ਪ੍ਰਧਾਨ ਮੰਤਰੀ ਮਾਰਕ ਕਾਰਨੀ ਦੀ ਫੇਰੀ ਨੇ ਵਪਾਰ ਅਤੇ ਦੁਵੱਲੇ ਸਹਿਯੋਗ ਲਈ ਵੱਡੀਆਂ ਉਮੀਦਾਂ ਜਗਾਈਆਂ: ਰਾਜਨ ਸਾਹਨੀ

ਚੰਡੀਗੜ੍ਹ/ਮੋਹਾਲੀ, 4 ਫਰਵਰੀ (ਚ.ਨ.ਸ.) : ਚੰਡੀਗੜ੍ਹ ਯੂਨੀਵਰਸਿਟੀ ਵਿਖੇ ਆਯੋਜਿਤ ਬਿਓਂਡ ਡਿਪਲੋਮੇਸੀ ਸਮਾਗਮ ਭਾਰਤ-ਕੈਨੇਡਾ ਸਬੰਧਾਂ ਦੇ ਭਵਿੱਖ ਵਜੋਂ ਲੋਕ, ਗਿਆਨ ਅਤੇ ਨੌਜਵਾਨ ਵਿੱਚ ਬੋਲਦੇ ਹੋਏ, ਕੈਨੇਡਾ ਦੇ ਸਵਦੇਸ਼ੀ ਸਬੰਧ ਮੰਤਰੀ ਰਾਜਨ ਸਾਹਨੀ ਨੇ ਕਿਹਾ, ਕੈਨੇਡਾ ਚਾਹੁੰਦਾ ਹੈ ਕਿ ਭਾਰਤ ਇਹ ਜਾਣੇ ਕਿ ਅਸੀਂ ਇੱਕ ਭਰੋਸੇਮੰਦ ਅਤੇ ਭਰੋਸੇਮੰਦ ਭਾਈਵਾਲ ਹਾਂ ਅਤੇ ਸਾਡੇ ਦੁਵੱਲੇ ਸਬੰਧਾਂ ਦਾ ਭਵਿੱਖ ਸਕਾਰਾਤਮਕ ਅਤੇ ਉਤਪਾਦਕ ਹੈ। ਉਨ੍ਹਾਂ ਨੇ ਵਪਾਰ, ਸਿੱਖਿਆ, ਊਰਜਾ, ਖੋਜ, ਮਹੱਤਵਪੂਰਨ ਖਣਿਜਾਂ ਅਤੇ ਲੋਕਾਂ ਤੋਂ ਲੋਕਾਂ ਦੇ ਸੰਪਰਕਾਂ ਦੇ ਖੇਤਰਾਂ ਵਿੱਚ ਭਾਰਤ-ਕੈਨੇਡਾ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ 'ਤੇ ਜ਼ੋਰ ਦਿੱਤਾ। ਉਹ ਵਪਾਰ, ਵਿਦਿਅਕ, ਖੋਜ ਅਤੇ ਆਰਥਿਕ ਸਹਿਯੋਗ ਦੀ ਪੜਚੋਲ ਕਰਨ ਲਈ ਭਾਰਤ ਆਉਣ ਵਾਲੇ ਉੱਚ-ਪੱਧਰੀ ਕੈਨੇਡੀਅਨ ਵਫ਼ਦ ਦਾ ਹਿੱਸਾ ਹਨ। ਇਸ ਸਾਲ ਮਾਰਚ ਵਿੱਚ ਕੈਨੇਡੀਅਨ ਪ੍ਰਧਾਨ ਮੰਤਰੀ ਮਾਰਕ ਕਾਰਨੀ ਦੀ ਪ੍ਰਸਤਾਵਿਤ ਭਾਰਤ ਫੇਰੀ ਬਾਰੇ, ਸਾਹਨੀ ਨੇ ਕਿਹਾ ਕਿ ਇਹ ਫੇਰੀ ਅਜਿਹੇ ਸਮੇਂ ਵਿੱਚ ਆ ਰਹੀ ਹੈ ਜਦੋਂ ਭਾਰਤ ਨੇ ਹਾਲ ਹੀ ਵਿੱਚ ਯੂਰਪੀਅਨ ਯੂਨੀਅਨ ਅਤੇ ਸੰਯੁਕਤ ਰਾਜ ਅਮਰੀਕਾ ਨਾਲ ਵੱਡੇ ਵਪਾਰ ਸਮਝੌਤਿਆਂ @ਤੇ ਦਸਤਖਤ ਕੀਤੇ ਹਨ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਦੀ ਫੇਰੀ ਭਾਰਤ-ਕੈਨੇਡਾ ਵਪਾਰਕ ਸਬੰਧਾਂ ਨੂੰ ਮਜ਼ਬੂਤ ਕਰਨ ਅਤੇ ਆਰਥਿਕ ਸਹਿਯੋਗ ਦੇ ਨਵੇਂ ਖੇਤਰਾਂ ਦੀ ਪਛਾਣ ਕਰਨ ਲਈ ਇੱਕ ਮਹੱਤਵਪੂਰਨ ਮੌਕਾ ਹੋਵੇਗੀ। ਇਹ ਸਾਂਝੇ ਇਰਾਦਿਆਂ ਨੂੰ ਠੋਸ ਵਪਾਰਕ ਨਤੀਜਿਆਂ ਵਿੱਚ ਅਨੁਵਾਦ ਕਰਨ ਵਿੱਚ ਮਦਦ ਕਰੇਗੀ। ਵਪਾਰ, ਸੱਭਿਆਚਾਰਕ ਆਦਾਨ-ਪ੍ਰਦਾਨ ਅਤੇ ਗਿਆਨ ਦੇ ਤਬਾਦਲੇ ਲਈ ਬਹੁਤ ਸੰਭਾਵਨਾਵਾਂ ਹਨ, ਅਤੇ ਮੈਨੂੰ ਉਮੀਦ ਹੈ ਕਿ ਦੋਵਾਂ ਪ੍ਰਧਾਨ ਮੰਤਰੀਆਂ ਵਿਚਕਾਰ ਚਰਚਾ ਫਲਦਾਇਕ ਅਤੇ ਅਗਾਂਹਵਧੂ ਹੋਵੇਗੀ।




ਸਾਹਨੀ ਨੇ ਅੱਗੇ ਕਿਹਾ ਕਿ ਇੱਕ ਵਾਰ ਯੂਨੀਵਰਸਿਟੀਆਂ ਵਿਚਕਾਰ ਸਬੰਧ ਸਥਾਪਤ ਹੋ ਜਾਣ ਤੋਂ ਬਾਅਦ, ਮੌਕੇ ਕੁਦਰਤੀ ਤੌਰ 'ਤੇ ਪੈਦਾ ਹੁੰਦੇ ਹਨ। ਖੋਜ ਲਈ ਸ਼ੁਰੂਆਤੀ ਫੰਡਿੰਗ ਅਕਸਰ ਨਾ ਸਿਰਫ਼ ਸਰਕਾਰਾਂ ਤੋਂ ਆਉਂਦੀ ਹੈ, ਸਗੋਂ ਯੂਨੀਵਰਸਿਟੀਆਂ, ਨਿੱਜੀ ਖੇਤਰ ਦੇ ਨੇਤਾਵਾਂ, ਗੈਰ-ਮੁਨਾਫ਼ਾ ਸੰਗਠਨਾਂ ਅਤੇ ਹੋਰ ਏਜੰਸੀਆਂ ਤੋਂ ਵੀ ਆਉਂਦੀ ਹੈ। ਕੈਨੇਡੀਅਨ ਸੰਸਥਾਵਾਂ ਵਿਸ਼ਵ ਪੱਧਰ 'ਤੇ ਢੁਕਵੇਂ ਭਾਈਵਾਲਾਂ ਦੀ ਭਾਲ ਕਰ ਰਹੀਆਂ ਹਨ। ਇਸ ਦੌਰਾਨ, ਚੰਡੀਗੜ੍ਹ ਯੂਨੀਵਰਸਿਟੀ ਦੇ ਸੀਨੀਅਰ ਪ੍ਰਬੰਧ ਨਿਰਦੇਸ਼ਕ ਦੀਪ ਇੰਦਰ ਸਿੰਘ ਸੰਧੂ ਨੇ ਅਕਾਦਮਿਕ, ਖੋਜ ਅਤੇ ਨਵੀਨਤਾ, ਸਾਫ਼ ਊਰਜਾ ਅਤੇ ਸਥਿਰਤਾ ਦੇ ਖੇਤਰਾਂ ਵਿੱਚ ਕੈਨੇਡੀਅਨ ਮੰਤਰੀ ਨਾਲ ਸਹਿਯੋਗ ਦਾ ਪ੍ਰਸਤਾਵ ਰੱਖਿਆ।

# 19ਵਾਂ ਪ੍ਰੋਗਰੈਸਿਵ ਡੇਅਰੀ ਫਾਰਮਰਜ਼ ਮੇਲਾ 7, 8 ਅਤੇ 9 ਫਰਵਰੀ ਨੂੰ




ਜਗਰਾਉ 4 ਫਰਵਰੀ (ਵਿਸ਼ਾਲ ਅੱਤਰੇ/ਆਰੀਅਨ ਅੱਤਰੇ) ਜਗਰਾਓਂ 'ਚ ਪ੍ਰੋਗਰੈਸਿਵ ਡੇਅਰੀ ਫਾਰਮਰਜ਼ ਐਸੋਸੀਏਸ਼ਨ ਪੀਡੀਐੱਫਏ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ 19ਵਾਂ 7, 8 ਅਤੇ 9 ਫਰਵਰੀ ਨੂੰ ਕੌਮਾਂਤਰੀ ਪੀ.ਡੀ.ਐੱਫ.ਏ ਡੇਅਰੀ ਅਤੇ ਖੇਤੀ ਐਕਸਪੋ ਸਥਾਨਕ ਪਸ਼ੂ ਮੰਡੀ ਵਿਖੇ ਕਰਵਾਇਆ ਜਾ ਰਿਹਾ ਹੈ। ਪੀਡੀਐੱਫਏ ਦੇ ਪ੍ਰਧਾਨ ਦਲਜੀਤ ਸਿੰਘ ਸਦਰਪੁਰਾ ਦੀ ਅਗਵਾਈ ਹੇਠ ਕਰਵਾਏ ਜਾ ਰਹੇ ਡੇਅਰੀ ਐਕਸਪੋ 'ਚ ਅੱਜ ਦੁੱਧ ਚੁਆਈ ਦੇ ਮੁਕਾਬਲਿਆਂ ਲਈ ਰਜਿਸਟ੍ਰੇਸ਼ਨ ਹੋਈ ਜਦਕਿ ਬਰੀਡ ਮੁਕਾਬਲਿਆਂ ਲਈ ਰਜਿਸਟ੍ਰੇਸ਼ਨ 6 ਫਰਵਰੀ ਨੂੰ ਹੋਵੇਗੀ। ਬੁੱਧਵਾਰ ਨੂੰ ਪੀਡੀਐੱਫਏ ਦੇ ਪ੍ਰਧਾਨ ਦਲਜੀਤ ਸਿੰਘ ਸਦਰਪੁਰਾ ਸਮੇਤ ਮੈਂਬਰਾਂ ਨੇ ਪੀਡੀਐੱਫਏ ਐਕਸਪੋ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ। ਉਨ੍ਹਾਂ ਇਸ ਮੌਕੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਕੌਮਾਂਤਰੀ ਤਿੰਨ ਰੋਜ਼ਾ ਡੇਅਰੀ ਐਕਸਪੋ 'ਚ ਦੇਸ਼ ਦੁਨੀਆਂ ਤੋਂ ਸਾਢੇ ਚਾਰ ਸੌ ਤੋਂ ਵੱਧ ਕੰਪਨੀਆਂ ਦੀ ਪ੍ਰਦਰਸ਼ਨੀ ਖਿੱਚ ਦਾ ਕੇਂਦਰ ਰਹੇਗੀ। ਇਸ ਪ੍ਰਦਰਸ਼ਨੀ ਵਿਚ ਡੇਅਰੀ ਅਤੇ ਖੇਤੀਬਾੜੀ ਨੂੰ ਲਾਹੇਵੰਦ ਅਤੇ ਪ੍ਰਫੁਲਤ ਕਰਨ ਲਈ ਦੇਸ਼ ਦੁਨੀਆਂ ਦੀ ਤਕਨੀਕ ਲੈ ਕੇ ਦੇਸੀ ਅਤੇ ਵਿਦੇਸ਼ੀ ਕੰਪਨੀਆਂ ਇੱਕੋ ਛੱਤ ਹੇਠ ਨਜ਼ਰ ਆਉਣਗੀਆਂ। ਉਨ੍ਹਾਂ ਕਿਹਾ ਕਿ ਪੀਡੀਐਫਏ ਡੇਅਰੀ ਐਕਸਪੋ ਮੁੱਖ ਆਕਰਸ਼ਨ ਦਾ ਕੇਂਦਰ ਪਸ਼ੂਆਂ ਦੇ ਬਰੀਡ ਮੁਕਾਬਲੇ ਰਹਿਣਗੇ। ਇਹ ਮੁਕਾਬਲੇ ਪੂਰੀ ਤਰ੍ਹਾਂ ਨਿਰਪੱਖ, ਪਾਰਦਰਸ਼ੀ ਹੋਣਗੇ। ਇਸ ਦੇ ਲਈ ਸਾਰੀ ਤਿਆਰੀ ਮੁਕੰਮਲ ਕਰ ਲਈ ਗਈ ਹੈ ਅਤੇ ਬਰੀਡ ਮੁਕਾਬਲਿਆਂ ਦੀ ਜੱਜਮੈਂਟ ਲਈ ਕੈਨੇਡਾ, ਜਰਮਨ ਅਤੇ ਹਾਲੈਂਡ ਤੋਂ ਜੱਜ ਪਹੁੰਚ ਰਹੇ ਹਨ। ਪੀਡੀਐੱਫਏ ਦੇ ਪ੍ਰੈਸ ਸਕੱਤਰ ਰੇਸ਼ਮ ਸਿੰਘ ਭੁੱਲਰ ਨੇ ਦੱਸਿਆ ਕਿ ਇਸ ਵਾਰ ਡੇਅਰੀ ਐਕਸਪੋ ਵਿਚ ਬਹੁਤ ਕੁਝ ਨਵਾਂ ਅਤੇ ਪਹਿਲਾਂ ਨਾਲੋਂ ਵੱਖਰਾ ਦੇਖਣ ਨੂੰ ਮਿਲੇਗਾ। ਪਹਿਲਾਂ ਜਿਸ ਤਰ੍ਹਾਂ ਦੇਸ਼ ਤੋਂ ਡੇਅਰੀ ਐਕਸਪੋ ਅਤੇ ਡੇਅਰੀ ਮੇਲੇ ਦੇਖਣ ਲਈ ਪਸ਼ੂ ਪਾਲਕ ਵਿਦੇਸ਼ਾਂ ਵਿਚ ਜਾਂਦੇ ਸਨ। ਇਸ ਵਾਰ ਕਈ ਦੇਸ਼ਾਂ ਤੋਂ ਵਿਦੇਸ਼ੀ ਜਗਰਾਓਂ ਦੇ ਪੀਡੀਐੱਫਏ ਡੇਅਰੀ ਐਕਸਪੋ ਵਿਚ ਪਹੁੰਚ ਰਹੇ ਹਨ। ਜਿਸ ਦਾ ਅੰਦਾਜਾ ਲੁਧਿਆਣਾ, ਜਗਰਾਓਂ, ਮੋਗਾ, ਜਲੰਧਰ ਅਤੇ ਨੇੜਲੇ ਇਲਾਕਿਆਂ ਵਿਚ 7, 8 ਅਤੇ 9 ਫਰਵਰੀ ਨੂੰ ਸਾਰੇ ਵੱਡੇ ਛੋਟੇ ਹੋਟਲ ਐਡਵਾਂਸ ਬੁੱਕ ਹੋ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਐਕਸਪੋ 'ਚ ਡੇਅਰੀ ਅਤੇ ਖੇਤੀਬਾੜੀ ਲਈ ਵਿਦੇਸ਼ਾਂ ਵਰਗੀਆਂ ਹੀ ਦੇਸ਼ ਵਿਚ ਬਣ ਰਹੀ ਮਸ਼ੀਨਰੀ ਵੀ ਮੁੱਖ ਆਕਰਸ਼ਣ ਦਾ ਕੇਂਦਰ ਰਹੇਗਾ। ਉਨ੍ਹਾਂ ਦੱਸਿਆ ਕਿ ਦੁੱਧ ਚੁਆਈ ਦੇ ਮੁਕਾਬਲੇ ਪੂਰੀ ਤਰ੍ਹਾਂ ਪਾਰਦਰਸ਼ੀ ਹੋਣਗੇ। ਖੇਤੀਬਾੜੀ ਦੇ ਅਤੀ ਆਧੁਨਿਕ ਸੰਦ ਅਤੇ ਮਸ਼ੀਨਰੀ ਦੀ ਵੱਡੀ ਪ੍ਰਦਰਸ਼ਨੀ ਇਸ ਐਕਸਪੋ ਦਾ ਵਿਸ਼ੇਸ਼ ਆਕਰਸ਼ਣ ਰਹੇਗੀ। ਇਹ ਮੁਕਾਬਲੇ ਸੈਂਕੜੇ ਸੀਸੀਟੀਵੀ ਕੈਮਰਿਆਂ ਦੀ ਨਿਗਰਾਨੀ ਹੇਠ ਹੋਣਗੇ। ਇਸ ਦੇ ਨਾਲ ਹੀ ਹਰ ਵਾਰ ਦੀ ਤਰ੍ਹਾਂ ਜੇਤੂਆਂ 'ਤੇ ਲੱਖਾਂ ਰੁਪਏ ਦਾ ਮੀਂਹ ਵਰ੍ਹੇਗਾ। ਇਸ ਮੌਕੇ ਬਲਵੀਰ ਸਿੰਘ ਨਵਾਂ ਸ਼ਹਿਰ, ਰਾਜਪਾਲ ਸਿੰਘ ਕੁਲਾਰ, ਰਣਜੀਤ ਸਿੰਘ ਲੰਗੇਆਣਾ, ਰੇਸ਼ਮ ਸਿੰਘ ਭੁੱਲਰ ਜੀਰਾ, ਪਰਮਜੀਤ ਸਿੰਘ ਘੁਡਾਣੀ, ਸੁਖਦੇਵ ਸਿੰਘ ਬਰੌਲੀ, ਡਾ. ਜੇ ਐਸ ਪੱਟੀ, ਬਲਜਿੰਦਰ ਸਿੰਘ ਸਠਿਆਲਾ, ਸੁਖਜਿੰਦਰ ਸਿੰਘ ਘੁੰਮਣ, ਗੁਰਮੀਤ ਸਿੰਘ ਰੋਡੇ, ਕੁਲਦੀਪ ਸਿੰਘ ਸੇਰੋਂ, ਅਵਤਾਰ ਸਿੰਘ ਥਾਪਲਾ, ਸੁਖਪਾਲ ਸਿੰਘ ਵਰਪਾਲ, ਬਲਵਿੰਦਰ ਸਿੰਘ ਚੌਤਰਾ, ਸੁਖਰਾਜ ਸਿੰਘ ਗੁੜੇ, ਮਨਜੀਤ ਸਿੰਘ ਮੋਹੀ, ਗੁਰਬਖਸ਼ ਸਿੰਘ ਬਾਜੇਕੇ, ਕੁਲਦੀਪ ਸਿੰਘ ਚਾਹਲ, ਕੁਲਦੀਪ ਸਿੰਘ ਪਟਿਆਲਾ, ਨਿਰਮਲ ਸਿੰਘ ਔਲਖ, ਸਿਕੰਦਰ ਸਿੰਘ ਪਟਿਆਲਾ, ਅਮਰਿੰਦਰ ਸਿੰਘ ਬੱਲ, ਸੁਖਦੀਪ ਸਿੰਘ ਬਰਾੜ, ਦਰਸ਼ਨ ਸਿੰਘ ਸੌਂਦਾ, ਜਰਨੈਲ ਸਿੰਘ ਛੀਨੀਵਾਲ, ਬਲਵਿੰਦਰ ਸਿੰਘ ਰਾਣਵਾ, ਗੀਤਇੰਦਰ ਸਿੰਘ ਭੁੱਲਰ, ਸਤਵਿੰਦਰ ਸਿੰਘ ਲਾਲੀ, ਬਲਿਹਾਰ ਸਿੰਘ ਢੰਡਾ, ਜਸਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਗੁਰਸ਼ਰਨ ਸਿੰਘ, ਹਰਦੀਪ ਸਿੰਘ, ਕਰਮਜੀਤ ਸਿੰਘ, ਅਮਨਦੀਪ ਸਿੰਘ, ਰਾਮਪਾਲ ਚੌਧਰੀ ਅਤੇ ਹਰਪ੍ਰੀਤ ਸਿੰਘ ਮਾਂਗਟ ਆਦਿ ਹਾਜ਼ਰ ਸਨ।

## ਐਸਬੀਆਈ ਨੇ ਸੀਐਸਆਰ ਪਹਿਲਕਦਮੀ ਤਹਿਤ ਚੰਡੀਗੜ੍ਹ ਯੂਨੀਵਰਸਿਟੀ ਨੂੰ ਐਂਬੂਲੈਂਸ ਦਾਨ ਕੀਤੀ



ਮੋਹਾਲੀ, 4 ਫਰਵਰੀ (ਚ.ਨ.ਸ.) : ਸਟੇਟ ਬੈਂਕ ਆਫ਼ ਇੰਡੀਆ, ਚੰਡੀਗੜ੍ਹ ਸਰਕਲ, ਨੇ ਆਪਣੀ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ (ਸੀਐਸਆਰ) ਪਹਿਲਕਦਮੀ ਤਹਿਤ, ਕੈਂਪਸ ਵਿੱਚ ਐਮਰਜੈਂਸੀ ਮੈਡੀਕਲ ਸੇਵਾਵਾਂ ਨੂੰ ਮਜ਼ਬੂਤ ??ਕਰਨ ਲਈ ਮੁੱਖ ਮਹਿਮਾਨ, *ਸ਼੍ਰੀ ਕ੍ਰਿਸ਼ਨ ਸ਼ਰਮਾ, ਚੀਫ਼ ਜਨਰਲ ਮੈਨੇਜਰ, ਸਟੇਟ ਬੈਂਕ ਆਫ਼ ਇੰਡੀਆ, ਚੰਡੀਗੜ੍ਹ ਸਰਕਲ* ਦੀ ਮੌਜੂਦਗੀ ਵਿੱਚ ਚੰਡੀਗੜ੍ਹ ਯੂਨੀਵਰਸਿਟੀ, ਘੜੂੰਆਂ ਨੂੰ ਇੱਕ ਉੱਨਤ ਐਂਬੂਲੈਂਸ ਦਾਨ ਕੀਤੀ। ਪ੍ਰੋ. (ਡਾ.) ਰਵੀਰਾਜਾ ਐਨ. ਸੀਤਾਰਾਮ, ਵਾਈਸ ਚਾਂਸਲਰ, ਚੰਡੀਗੜ੍ਹ ਯੂਨੀਵਰਸਿਟੀ ਨੇ ਮੁੱਖ ਮਹਿਮਾਨ ਸ਼੍ਰੀ ਕ੍ਰਿਸ਼ਨ ਸ਼ਰਮਾ, ਚੀਫ਼ ਜਨਰਲ ਮੈਨੇਜਰ, ਚੰਡੀਗੜ੍ਹ ਸਰਕਲ ਦਾ ਕੈਂਪਸ ਵਿੱਚ ਆਉਣ 'ਤੇ ਸਵਾਗਤ ਕੀਤਾ। ਇਸ ਮੌਕੇ, ਐਂਬੂਲੈਂਸ ਦੀ ਚਾਬੀ ਰਸਮੀ ਤੌਰ 'ਤੇ ਸ਼੍ਰੀ ਕ੍ਰਿਸ਼ਨ ਸ਼ਰਮਾ, ਚੀਫ ਜਨਰਲ ਮੈਨੇਜਰ, ਸਟੇਟ ਬੈਂਕ ਆਫ਼ ਇੰਡੀਆ, ਚੰਡੀਗੜ੍ਹ ਸਰਕਲ, ਦੁਆਰਾ ਪ੍ਰੋਫੈਸਰ (ਡਾ.) ਰਵੀਰਾਜਾ ਐਨ. ਸੀਤਾਰਾਮ, ਵਾਈਸ ਚਾਂਸਲਰ, ਚੰਡੀਗੜ੍ਹ ਯੂਨੀਵਰਸਿਟੀ ਨੂੰ ਸੌਂਪੀ ਗਈ, ਜਿਸ ਤੋਂ ਬਾਅਦ ਐਂਬੂਲੈਂਸ ਨੂੰ ਰਸਮੀ ਤੌਰ 'ਤੇ ਹਰੀ ਝੰਡੀ ਦਿੱਤੀ ਗਈ।

## ਜਨਮ ਦਿਨ ਮੁਬਾਰਕ



ਹਿੰਮਤ ਸਿੰਘ







# ਹਰਿਆਣਾ ਸਿੱਖ ਕਤਲੇਆਮ ਦੇ ਪੀੜਤਾਂ ਨੇ ਸੰਤ ਸੀਚੇਵਾਲ ਨੂੰ ਮੰਗ ਪੱਤਰ ਸੌਂਪਿਆ



ਜਲੰਧਰ, 4 ਫਰਵਰੀ (ਚ.ਨ.ਸ): 1984 ਦੇ ਹਰਿਆਣਾ ਸਿੱਖ ਕਤਲੇਆਮ ਦੇ ਪੀੜਤਾਂ ਦੀ ਆਵਾਜ਼ ਨੂੰ ਰਾਸ਼ਟਰੀ ਪੱਧਰ 'ਤੇ ਉਭਾਰਨ ਦੇ ਉਦੇਸ਼ ਨਾਲ ਹੋਂਦ ਚਿੱਲੜ ਸਿੱਖ ਇਨਸਾਫ ਕਮੇਟੀ 1984 ਹਰਿਆਣਾ ਦਾ ਇੱਕ ਵਫਦ ਕਮੇਟੀ ਦੇ ਪ੍ਰਧਾਨ ਦਰਸ਼ਨ ਸਿੰਘ ਘੋਲੀਆ ਦੀ ਅਗਵਾਈ ਹੇਠ ਦਿੱਲੀ ਸੰਸਦ ਭਵਨ ਵਿਖੇ ਰਾਜ ਸਭਾ ਮੈਂਬਰ ਸੰਤ ਬਲਵੀਰ ਸਿੰਘ ਸੀਚੇਵਾਲ ਨੂੰ ਮਿਲਿਆ ਤੇ ਉਨ੍ਹਾਂ ਨੂੰ ਆਪਣੀਆਂ ਮੰਗਾਂ ਸਬੰਧੀ ਮੰਗ ਪੱਤਰ ਸੌਂਪਿਆ।ਕਮੇਟੀ ਦੇ ਪ੍ਰਧਾਨ ਦਰਸ਼ਨ ਸਿੰਘ ਘੋਲੀਆ ਨੇ ਕਿਹਾ ਕਿ 42 ਸਾਲ ਬੀਤ ਜਾਣ ਦੇ ਬਾਵਜੂਦ ਵੀ ਹਰਿਆਣਾ ਸਿੱਖ ਕਤਲੇਆਮ ਦੇ ਪੀੜਤ ਅਜੇ ਤੱਕ ਇਨਸਾਫ਼ ਤੋਂ ਵਾਂਝੇ ਹਨ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ 2006 'ਚ ਪੀੜਤ ਪਰਿਵਾਰਾਂ ਲਈ ਇੱਕ ਰਾਹਤ ਪੈਕੇਜ ਦਾ ਐਲਾਨ ਕੀਤਾ ਗਿਆ ਸੀ, ਜਿਸ ਵਿੱਚ ਸਰਕਾਰੀ ਨੌਕਰੀਆਂ, ਪਲਾਟ, ਪੈਨਸ਼ਨ, ਲੋਨ ਤੇ ਹੋਰ ਸਹੂਲਤਾਂ ਸ਼ਾਮਲ ਸਨ ਪਰ ਇਹ ਪੈਕੇਜ ਪਾਸ ਹੋਣ ਦੇ ਬਾਵਜੂਦ ਵੀ ਕੇਂਦਰ ਤੇ ਸੂਬਾਈ ਸਰਕਾਰਾਂ ਵੱਲੋਂ ਅਮਲ ਵਿੱਚ ਨਹੀਂ ਲਿਆਂਦਾ ਗਿਆ।ਉਨ੍ਹਾਂ ਕਿਹਾ ਕਿ ਹਰਿਆਣਾ ਦੀ ਨਾਇਬ ਸਿੰਘ ਸੈਣੀ ਸਰਕਾਰ ਨੇ ਪੀੜਤਾਂ ਨੂੰ ਪ੍ਰਾਈਵੇਟ ਨੌਕਰੀਆਂ ਦੇ ਨਿਯੁਕਤ ਪੱਤਰ ਦੇ ਕੇ ਪੀੜਤਾਂ ਨਾਲ ਧੋਖਾ ਤੇ ਕੋਝਾ ਮਜ਼ਾਕ ਹੈ। ਇਸ ਮੌਕੇ ਰਾਮ ਸਿੰਘ ਪਟਿਆਲਾ, ਗੁਰਜੀਤ ਸਿੰਘ ਪਟੌਦੀ, ਗੁਰਦੀਪ ਸਿੰਘ ਕੁਰੂਕਸ਼ੇਤਰ, ਗੁਰਪ੍ਰੀਤ ਸਿੰਘ ਸਾਹਨੀ ਗੁੜਵਾਉ, ਕੁਲਦੀਪ ਸਿੰਘ ਸਿਰਸਾ, ਓਮਪ੍ਰਕਾਸ਼ ਜਾਟੂਥਾਨਾ ਰੇਵਾੜੀ, ਹਰਭਜਨ ਸਿੰਘ ਹਨੂੰਮਾਨਗੜ੍ਹ, ਦਰਸ਼ਨ ਸਿੰਘ ਹੇਲੀਮੰਡੀ ਹਾਜ਼ਰ ਸਨ।

# ਜ਼ਿਆਦਾ ਲੂਣ ਖਾਣ ਨਾਲ ਹੋ ਸਕਦੈ ਦਿਲ ਨੂੰ ਖ਼ਤਰਾ



ਨਵੀਂ ਦਿੱਲੀ, 4 ਫਰਵਰੀ (ਚ.ਨ.ਸ): ਜੀਵਨਸ਼ੈਲੀ 'ਚ ਆਏ ਬਦਲਾਅ ਦੇ ਨਾਲ ਹੀ ਹਰ ਦਿਨ ਭਾਰਤੀ ਜਿਸ ਤਰ੍ਹਾਂ ਖਾਣੇ 'ਚ ਲੂਣ ਖਾ ਰਹੇ ਹਨ, ਉਹ ਉਨ੍ਹਾਂ ਦੀ ਸਿਹਤ ਨੂੰ ਭਾਰੀ ਨੁਕਸਾਨ ਪਹੁੰਚਾ ਰਿਹਾ ਹੈ। ਮੰਗਲਵਾਰ ਨੂੰ ਰਾਜ ਸਭਾ ਦੇ ਮੈਂਬਰਾਂ ਨੇ ਇਹ ਤੱਥ ਸਾਹਮਣੇ ਰੱਖਿਆ ਕਿ ਵਿਸ਼ਵ ਸਿਹਤ ਸੰਗਠਨ ਨੇ 2025 'ਚ ਪ੍ਰਤੀ ਵਿਅਕਤੀ ਰੋਜ਼ਾਨਾ ਦੋ ਗ੍ਰਾਮ ਤੋਂ ਘੱਟ ਨਮਕ ਦੇ ਸੇਵਨ ਦਾ ਸਿਫ਼ਾਰਸ਼ ਕੀਤੀ ਹੈ, ਪਰ ਭਾਰਤੀ ਔਸਤਨ ਅੱਠ ਤੋਂ 11 ਗ੍ਰਾਮ ਤੱਕ ਨਮਕ ਖਾ ਰਹੇ ਹਨ।ਇੰਨਾ ਹੀ ਨਹੀਂ ਬਿਸਕੁਟ, ਕੇਕ, ਫਲੇਵਰਡ ਮਿਲਕ, ਕੋਲਡ ਡਰਿੰਗ ਸਮੇਤ ਹੋਰ ਪ੍ਰੋਸੈਸਡ ਫੂਡ ਉਤਪਾਦ ਬੱਚਿਆਂ 'ਚ ਨਮਕ ਦੀ ਮਾਤਰਾ ਵਧਾ ਕੇ ਉਨ੍ਹਾਂ ਨੂੰ ਬਿਮਾਰ ਕਰ ਰਹੇ ਹਨ। ਹਾਲਾਂਕਿ, ਸਰਕਾਰ ਵੱਲੋਂ ਸਿਹਤ ਮੰਤਰੀ ਜੇਪੀ ਨੱਡਾ ਨੇ ਪ੍ਰੋਗਰਾਮਾਂ ਦੀ ਜਾਣਕਾਰੀ ਦਿੰਦੇ ਹੋਏ ਦਾਅਵਾ ਕੀਤਾ ਕਿ ਸਰਕਾਰ ਲੋਕਾਂ ਨੂੰ ਜਾਗਰੂਕ ਕਰਨ ਲਈ ਯਤਨਸ਼ੀਲ ਹੈ।ਕਾਂਗਰਸ ਦੇ ਸੰਸਦ ਮੈਂਬਰ ਮੁਕੁਲ ਵਾਸਨਿਕ ਨੇ ਪ੍ਰਸ਼ਨਕਾਲ 'ਚ ਇਹ ਮੁੱਦਾ ਚੁੱਕਿਆ ਕਿ ਜ਼ਿਆਦਾ ਨਮਕ ਖਾਣ ਕਾਰਨ ਭਾਰਤ 'ਚ ਗੰਭੀਰ ਬਿਮਾਰੀਆਂ ਦਾ ਸੰਕਟ ਖੜ੍ਹਾ ਹੋ ਰਿਹਾ ਹੈ।ਸਿਹਤ ਮੰਤਰੀ ਨੱਡਾ ਵੱਲੋਂ ਜਨਤਾ ਨੂੰ ਜਾਗਰੂਕ ਕਰਨ ਲਈ ਈਟ ਰਾਈਟ ਇੰਡੀਆ ਵਰਗੇ ਪ੍ਰੋਗਰਾਮਾਂ ਦੀ ਜਾਣਕਾਰੀ ਦਿੱਤੀ ਗਈ।

# ਇੰਡੀਅਨ ਨਿਊਜ਼ ਪੇਪਰ ਸੁਸਾਇਟੀ ਨੇ ਨਿਊਜ਼ਪ੍ਰਿੰਟ ਦੀ ਲਗਾਤਾਰ ਘਾਟ 'ਤੇ ਚਿੰਤਾ ਪ੍ਰਗਟਾਈ

ਨਵੀਂ ਦਿੱਲੀ, 4 ਫਰਵਰੀ (ਚ.ਨ.ਸ): ਇੰਡੀਅਨ ਨਿਊਜ਼ ਪੇਪਰ ਸੁਸਾਇਟੀ ਨੇ ਦੇਸ਼ ਵਿੱਚ ਨਿਊਜ਼ਪ੍ਰਿੰਟ ਦੀ ਘਾਟ 'ਤੇ ਗੰਭੀਰ ਚਿੰਤਾ ਪ੍ਰਗਟ ਕੀਤੀ, ਜਿਸ ਕਾਰਨ ਪ੍ਰਕਾਸ਼ਕਾਂ ਨੂੰ ਦਰਾਮਦਾਂ 'ਤੇ ਨਿਰਭਰ ਹੋਣਾ ਪਿਆ।ਇੰਡੀਅਨ ਨਿਊਜ਼ਪੇਪਰ ਸੁਸਾਇਟੀ (ਆਈ.ਐਨ.ਐਸ.) ਨੇ ਇੱਥੇ ਇੱਕ ਬਿਆਨ ਵਿੱਚ ਕਿਹਾ ਕਿ ਭਾਰਤ ਦੀ ਸਾਲਾਨਾ ਨਿਊਜ਼ਪ੍ਰਿੰਟ ਦੀ ਖਪਤ ਲਗਭਗ 1.2 ਮਿਲੀਅਨ ਟਨ ਹੈ, ਜਦੋਂਕਿ ਘਰੇਲੂ ਉਤਪਾਦਨ 0.5 ਮਿਲੀਅਨ ਟਨ ਤੋਂ ਵੱਧ ਨਹੀਂ ਹੋਇਆ ਹੈ।ਨਤੀਜੇ ਵਜੋਂ ਭਾਰਤੀ ਮਿੱਲਾਂ ਇਸ ਸਮੇਂ ਕੁੱਲ ਮੰਗ ਦਾ ਸਿਰਫ 40 ਪ੍ਰਤੀਸ਼ਤ ਹੀ ਪੂਰਾ ਕਰਨ ਦੇ ਯੋਗ ਹਨ, ਜੋ ਕਿ ਉਦਯੋਗ ਵਿੱਚ ਇੱਕ ਮਹੱਤਵਪੂਰਨ ਕਮੀ ਨੂੰ ਦਰਸਾਉਂਦੀਆਂ ਹਨ। ਆਈ.ਐਨ.ਐਸ. ਨੇ ਕਿਹਾ ਕਿ ਮੰਗ ਤੇ ਸਪਲਾਈ ਵਿਚਕਾਰ ਇਹ ਪਾੜਾ ਦੋ ਦਹਾਕਿਆਂ ਤੋਂ ਵੱਧ ਸਮੇਂ ਤੋਂ ਬਣਿਆ ਹੋਇਆ ਹੈ ਤੇ ਨਿਊਜ਼ਪ੍ਰਿੰਟ ਉਤਪਾਦਨ ਸਮਰੱਥਾ ਵਿੱਚ ਕੋਈ ਮਹੱਤਵਪੂਰਨ ਵਾਧਾ ਨਹੀਂ ਹੋਇਆ ਹੈ।ਇਸ ਅੰਦਰੂਨੀ ਘਾਟ ਕਾਰਨ, ਅਖ਼ਬਾਰ ਪ੍ਰਕਾਸ਼ਕਾਂ ਨੂੰ ਨਿਰਵਿਘਨ ਸਪਲਾਈ ਤੇ ਵੰਡ ਨੂੰ ਯਕੀਨੀ ਬਣਾਉਣ ਲਈ ਦਰਾਮਦ 'ਤੇ ਨਿਰਭਰ ਕਰਨ ਲਈ ਮਜਬੂਰ ਕੀਤਾ ਜਾ ਰਿਹਾ ਹੈ, ਜੋ ਕਿ ਦੇਸ਼ ਵਿੱਚ ਸੂਚਿਤ ਜਨਤਕ ਚਰਚਾ ਲਈ ਜ਼ਰੂਰੀ ਹੈ।



# ਭਾਈ ਘਣੀਆ ਜੀ ਤੇ ਉਨ੍ਹਾਂ ਦੇ 4 ਪੁੱਤਰਾਂ ਦਾ ਇਤਿਹਾਸ ਸਕੂਲਾਂ 'ਚ ਪੜ੍ਹਾਇਆ ਜਾਵੇ



ਲੰਡਨ, 4 ਫਰਵਰੀ (ਚ.ਨ.ਸ): ਪੰਜਾਬ ਦੇ ਸਕੂਲਾਂ 'ਚ ਸਿੱਖ ਇਤਿਹਾਸ ਨੂੰ ਲੈ ਕੇ ਕਾਫ਼ੀ ਕੁਝ ਬਦਲ ਗਿਆ ਹੈ ਤੇ ਸਮੇਂ-ਸਮੇਂ ਇਸ ਨੂੰ ਲੈ ਕੇ ਚਰਚਾ ਵੀ ਹੁੰਦੀ ਰਹਿੰਦੀ ਹੈ।ਸਿੱਖ ਇਤਿਹਾਸ ਕੁਰਬਾਨੀਆਂ ਨਾਲ ਭਰਿਆ ਪਿਆ ਹੈ। ਪਰ ਇਸ ਦੇ ਸ਼ਹੀਦਾਂ ਤੋਂ ਅੱਜ ਦੀ ਪੀੜ੍ਹੀ ਅਜੇ ਵੀ ਅਣਜਾਣ ਹੈ।ਪਿੰਡ ਮੂਲੋਵਾਲ ਜ਼ਿਲ੍ਹਾ ਸੰਗਰੂਰ ਦੇ ਭਾਈ ਘਣੀਆ ਜੀ ਤੇ ਉਨ੍ਹਾਂ ਦੇ 4 ਪੁੱਤਰਾਂ ਨੇ ਸ੍ਰੀ ਚਮਕੌਰ ਸਾਹਿਬ ਦੀ ਜੰਗ 'ਚ ਸ਼ਹੀਦੀ ਪਾਈ। ਉਹ ਪਰਜਾਪਤ ਭਾਈਚਾਰੇ ਨਾਲ ਸਬੰਧਤ ਸਨ।ਉਨ੍ਹਾਂ ਬਾਰੇ 1960-65 ਤੱਕ ਅੱਠਵੀਂ ਜਮਾਤ ਤੱਕ ਪੜ੍ਹਾਇਆ ਜਾਂਦਾ ਰਿਹਾ ਹੈ।ਇਸ ਸਬੰਧੀ ਭਾਈ ਬੁੱਢੂ ਜੀ ਸੇਵਾ ਸੁਸਾਇਟੀ ਯੂ.ਕੇ. ਦੇ ਭਾਈ ਪਵਿੱਤਰ ਸਿੰਘ ਨੇ ਕਿਹਾ ਕਿ ਭਾਈ ਘਣੀਆ ਜੀ ਬਾਰੇ ਸੂਰਜ ਪ੍ਰਕਾਸ਼ ਤੇ ਹੋਰ ਪੁਰਾਤਨ ਗ੍ਰੰਥਾਂ 'ਚ ਹਵਾਲੇ ਹਨ।ਭਾਈ ਰਤਨ ਸਿੰਘ ਭੰਗੂ, ਸੋਹਣੀ ਸਿੰਘ ਸੀਤਲ ਆਦਿ ਨੇ ਵੀ ਭਾਈ ਘਣੀਆ ਦੀ ਕੁਰਬਾਨੀ ਨੂੰ ਕਲਮਬੰਦ ਕੀਤਾ ਹੈ।ਉਨ੍ਹਾਂ ਕਿਹਾ ਕਿ ਕਿ ਇਸ ਇਤਿਹਾਸ ਨੂੰ ਮੁੜ ਸਕੂਲੀ ਪਾਠਕ੍ਰਮ ਦਾ ਹਿੱਸਾ ਬਣਾ ਕੇ ਪੜ੍ਹਾਇਆ ਜਾਣਾ ਚਾਹੀਦਾ ਹੈ ਤਾਂ ਕਿ ਸਾਡੀਆਂ ਪੀੜ੍ਹੀਆਂ ਅਣਗੌਲੇ ਇਤਿਹਾਸ ਤੋਂ ਜਾਣੂੰ ਹੋ ਸਕਣ।

# ਵਿਧਾਇਕ ਸ਼ੈਰੀ ਕਲਸੀ ਨੇ ਬਟਾਲਾ ਸ਼ਹਿਰ ਦੇ ਸਮੁੱਚੇ ਅੰਦਰੂਨੀ ਹਿੱਸੇ 'ਚ ਸੁਪਰ ਸ਼ੱਕਰ ਮਸ਼ੀਨ ਰਾਹੀਂ ਸੀਵਰੇਜ ਦੀ ਸਫ਼ਾਈ ਦਾ ਕੰਮ ਸ਼ੁਰੂ ਕਰਵਾਇਆ



ਊਧਨਵਾਲ/ਸ੍ਰੀ ਹਰਿਗੋਬਿੰਦਪੁਰ ਸਾਹਿਬ, 4 ਫਰਵਰੀ (ਸੁਖ ਅੰਮ੍ਰਿਤ ਘੁਮਾਣ/ਡਾ. ਸਰਬਜੀਤ ਸਿੰਘ ਭਿੰਡਰ): ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵੱਲੋਂ ਦਿਨ-ਰਾਤ ਬਟਾਲਾ ਸ਼ਹਿਰ ਵਾਸੀਆਂ ਦੀ ਸਹੂਲਤ ਲਈ ਯਤਨ ਕੀਤੇ ਜਾ ਰਹੇ ਹਨ।ਜਿਸ ਦੇ ਚੱਲਦਿਆਂ ਉਨ੍ਹਾਂ ਵੱਲੋਂ ਬਟਾਲਾ ਸ਼ਹਿਰ ਦੇ ਸਮੁੱਚੇ ਅੰਦਰੂਨੀ ਹਿੱਸੇ ਵਿੱਚ ਸੁਪਰ ਸ਼ੱਕਰ ਮਸ਼ੀਨ ਰਾਹੀਂ ਸੀਵਰੇਜ ਦੀ ਸਫ਼ਾਈ ਦਾ ਕੰਮ ਸ਼ੁਰੂ ਕਰਵਾਇਆ ਗਿਆ।ਵਿਧਾਇਕ ਸ਼ੈਰੀ ਕਲਸੀ ਦੇ ਭਰਾਤਾ ਅੰਮ੍ਰਿਤ ਕਲਸੀ ਨੇ ਦੱਸਿਆ ਕਿ ਸ਼ਹਿਰ ਵਾਸੀਆਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਸੀਵਰੇਜ ਵਿਭਾਗ ਦੀਆਂ ਦੀ ਸੁਪਰ ਸੱਕਰ ਮਸ਼ੀਨ ਰਾਹੀਂ ਸਾਰੇ ਸ਼ਹਿਰ ਦੀ ਸੀਵਰੇਜ ਦੀ ਸਫਾਈ ਕਰਵਾਉਣ ਦੀ ਸ਼ੁਰੂਆਤ ਕਰਵਾਈ ਗਈ ਹੈ।ਉਨ੍ਹਾਂ ਦੱਸਿਆ ਕਿ ਸੁਪਰ ਸ਼ੱਕਰ ਮਸ਼ੀਨ ਰਾਹੀਂ ਓਹਰੀ ਗੇਟ ਬਟਾਲਾ ਤੋਂ ਸੀਵਰੇਜ ਦੀ ਸਫਾਈ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ, ਜੋ ਠਠਿਆਰੀ ਗੇਟ, ਭੰਡਾਰੀ ਗੇਟ, ਹਾਥੀ ਗੇਟ ਸਮੇਤ ਸ਼ਹਿਰ ਦੇ ਸਾਰੇ ਅੰਦਰੂਨੀ ਹਿੱਸੇ ਵਿੱਚ ਸੀਵਰੇਜ ਦੀ ਸਫ਼ਾਈ ਕਰਵਾਈ ਜਾਵੇਗੀ।ਅੰਮ੍ਰਿਤ ਕਲਸੀ ਨੇ ਅੱਗੇ ਕਿਹਾ ਕਿ ਬਟਾਲਾ ਸ਼ਹਿਰ ਨੂੰ ਦਰਪੇਸ਼ ਮੁਸ਼ਕਿਲਾਂ ਦਾ ਨਿਪਟਾਰਾ ਕਰਨ ਲਈ ਵਿਧਾਇਕ ਸ਼ੈਰੀ ਕਲਸੀ ਦ੍ਰਿੜ ਸੰਕਲਪ ਹਨ ਤੇ ਜਿਸ ਤਹਿਤ ਬੀਤੇ ਦਿਨੀਂ ਸੁੱਖਾ ਸਿੰਘ-ਮਹਿਤਾਬ ਸਿੰਘ ਚੌਕ ਵਿਖੇ ਦੁਕਾਨਦਾਰਾਂ ਦੀ ਸਮੱਸਿਆ ਦਾ ਹੱਲ ਕਰਦਿਆਂ ਬਰਸਾਤੀ ਪਾਣੀ ਦੀ ਨਿਕਾਸੀ ਲਈ ਵੱਡੀਆਂ ਹੌਦੀਆਂ ਬਣਾ ਦਿੱਤੀਆਂ ਗਈਆਂ ਸਨ, ਜਿਸ ਨਾਲ ਚੌਕ ਵਿੱਚ ਬਰਸਾਤੀ ਪਾਣੀ ਨਹੀਂ ਖੜ੍ਹਦਾ ਹੈ।ਇਸ ਮੌਕੇ ਸੀਵਰੇਜ ਵਿਭਾਗ ਦੇ ਅਧਿਕਾਰੀ ਤੇ ਵੱਖ-ਵੱਖ ਸ਼ਖਸੀਅਤਾਂ ਮੌਜੂਦ ਸਨ।

# ਆਮ ਆਦਮੀ ਪਾਰਟੀ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੀ ਕਾਰਗੁਜ਼ਾਰੀ ਲੋਕਾਂ ਲਈ ਬਣੀ ਪਹਿਲੀ ਪਸੰਦ: ਚੇਅਰਮੈਨ ਸ਼ਰਮਾ



ਫਤਹਿਗੜ੍ਹ ਚੂੜੀਆਂ, 4 ਫਰਵਰੀ (ਰਾਜਨ ਸ਼ਰਮਾ): ਆਮ ਆਦਮੀ ਪਾਰਟੀ ਦੀ ਅਗਵਾਈ ਹੇਠ ਬਣੀ ਪੰਜਾਬ ਸਰਕਾਰ ਨੇ ਪਿਛਲੇ 4 ਸਾਲਾਂ ਵਿੱਚ ਸੂਬੇ ਦੇ ਵਿਕਾਸ ਤੇ ਆਮ ਲੋਕਾਂ ਦੀ ਭਲਾਈ ਲਈ ਕਈ ਮਹੱਤਵਪੂਰਨ ਕਦਮ ਚੁੱਕੇ ਹਨ।ਆਪ ਸਰਕਾਰ ਦੀ ਨੀਤੀ ਦਾ ਕੇਂਦਰ ਬਿੰਦੂ ਸਿੱਖਿਆ, ਸਿਹਤ, ਬਿਜਲੀ, ਰੋਜ਼ਗਾਰ ਤੇ ਪ੍ਰਸ਼ਾਸਨਿਕ ਪਾਰਦਰਸ਼ਤਾ ਰਿਹਾ ਹੈ, ਜਿਸ ਨਾਲ ਆਮ ਨਾਗਰਿਕ ਨੂੰ ਸਿੱਧਾ ਲਾਭ ਮਿਲ ਰਿਹਾ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਫਤਹਿਗੜ੍ਹ ਚੂੜੀਆਂ ਦੇ ਵਸਨੀਕ ਤੇ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਦੇ ਚੇਅਰਮੈਨ ਤੇ ਲੋਕ ਸਭਾ ਹਲਕਾ ਗੁਰਦਾਸਪੁਰ ਆਮ ਆਦਮੀ ਪਾਰਟੀ ਦੇ ਇੰਚਾਰਜ ਰਾਜੀਵ ਸ਼ਰਮਾ ਨੇ ਚੜ੍ਹਦੀਕਲਾ ਅਖਬਾਰ ਨਾਲ ਗੱਲਬਾਤ ਦੌਰਾਨ ਕੀਤਾ।ਚੇਅਰਮੈਨ ਰਾਜੀਵ ਸ਼ਰਮਾ ਨੇ ਕਿਹਾ ਕਿ ਸਿੱਖਿਆ ਖੇਤਰ ਵਿੱਚ ਪੰਜਾਬ ਸਰਕਾਰ ਵੱਲੋਂ ਵੱਡੇ ਪੱਧਰ 'ਤੇ ਸੁਧਾਰ ਕੀਤੇ ਗਏ ਹਨ। ਸਰਕਾਰੀ ਸਕੂਲਾਂ ਦੀਆਂ ਇਮਾਰਤਾਂ ਦੀ ਮੁਰੰਮਤ, ਨਵੇਂ ਕਲਾਸਰੂਮ, ਲੈਬੋਰਟਰੀਆਂ ਤੇ ਲਾਇਬ੍ਰੇਰੀਆਂ ਦੀ ਸਥਾਪਨਾ ਨੂੰ ਅਖਬਾਰੀ ਰਿਪੋਰਟਾਂ ਵਿੱਚ ਖਾਸ ਤੌਰ 'ਤੇ ਉਜਾਗਰ ਕੀਤਾ ਗਿਆ ਹੈ।ਇਸ ਦੇ ਨਾਲ-ਨਲ ਅਧਿਆਪਕਾਂ ਦੀ ਵਿਦੇਸ਼ੀ ਐ ਦੇਸ਼ੀ ਟ੍ਰੇਨਿੰਗ ਰਾਹੀਂ ਸਿੱਖਿਆ ਦੀ ਗੁਣਵੱਤਾ ਨੂੰ ਬਹਿਤਰ ਬਣਾਉਣ ਦੀ ਕੋਸ਼ਿਸ਼ ਕੀਤੀ ਗਈ ਹੈ, ਜਿਸ ਨਾਲ ਵਿਦਿਆਰਥੀਆਂ ਦਾ ਸਰਕਾਰੀ ਸਕੂਲਾਂ 'ਤੇ ਭਰੋਸਾ ਵਧਿਆ ਹੈ।ਸਰਕਾਰ ਦੇ ਕਦਮ ਚਰਚਾ ਦਾ ਵਿਸ਼ਾ ਬਣੇ ਹੋਏ ਹਨ।ਮੁਹੱਲਾ ਤੇ ਆਮ ਆਦਮੀ ਕਲੀਨਿਕਾਂ ਦੀ ਸ਼ੁਰੂਆਤ ਨਾਲ ਗਰੀਬ ਤੇ ਮੱਧ ਵਰਗ ਦੇ ਲੋਕਾਂ ਨੂੰ ਮੁਫਤ ਇਲਾਜ ਤੇ ਦਵਾਈਆਂ ਦੀ ਸਹੂਲਤ ਮਿਲ ਰਹੀ ਹੈ।ਉਨ੍ਹਾਂ ਕਿਹਾ ਕਿ 10 ਲੱਖ ਰੁਪਏ ਦੀ ਬਿਨਾਂ ਕਿਸੇ ਭੇਦ ਭਾਵ ਤੋਂ ਹਰ ਵਿਅਕਤੀ ਲਈ ਬੀਮਾ ਯੋਜਨਾ ਦੇਸ਼ ਭਰ 'ਚੋਂ ਸਿਰਫ ਪੰਜਾਬ ਲਾਗੂ ਕਰਨ ਵਾਲਾ ਪਹਿਲਾ ਸੂਬਾ ਬਣਿਆ ਹੈ।ਚੇਅਰਮੈਨ ਰਾਜੀਵ ਸ਼ਰਮਾ ਨੇ ਕਿਹਾ ਕਿ ਬਿਜਲੀ ਦੇ ਮਸਲੇ 'ਤੇ ਵੀ ਸਰਕਾਰ ਨੇ ਲੋਕਾਂ ਨੂੰ ਵੱਡੀ ਰਾਹਤ ਦਿੱਤੀ ਹੈ।ਘਰੇਲੂ ਉਪਭੋਗਤਾਵਾਂ ਲਈ ਮੁਫਤ ਬਿਜਲੀ ਯੋਜਨਾ ਕਾਰਨ ਹਜ਼ਾਰਾਂ ਪਰਿਵਾਰਾਂ ਦੇ ਮਹੀਨਾਵਾਰ ਬਿੱਲ ਜ਼ੀਰੋ ਆਉਂਦੇ ਹਨ।ਚੇਅਰਮੈਨ ਰਾਜੀਵ ਸ਼ਰਮਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੀ ਕਾਰਗੁਜ਼ਾਰੀ ਲੋਕਾਂ ਲਈ ਬਣੀ ਪਹਿਲੀ ਪਸੰਦ ਤੇ 2027 ਵਿੱਚ ਦੁਬਾਰਾ ਆਮ ਆਦਮੀ ਪਾਰਟੀ ਦੀ ਸਰਕਾਰ ਬਣੇਗੀ।

# ਬਿਕ੍ਰਮੀ ਸੰਮਤ ਹਿੰਦੂ ਨਵੇਂ ਵਰ੍ਹੇ ਨੂੰ ਉਤਸ਼ਾਹ ਨਾਲ ਮਨਾਉਣ ਲਈ ਹਿੰਦੂ ਸਨਾਤਨ ਮਹਾਂਸੰਘ ਦੀ ਮੀਟਿੰਗ



ਤਲਵਾੜਾ, 4 ਫਰਵਰੀ (ਜਗਮੋਹਨ ਸ਼ਰਮਾ): ਬਿਕ੍ਰਮੀ ਸੰਮਤ ਹਿੰਦੂ ਨਵੇਂ ਵਰ੍ਹੇ ਨੂੰ ਉਤਸ਼ਾਹ ਤੇ ਸ਼ਾਨੋ-ਸ਼ੌਕਤ ਨਾਲ ਮਨਾਉਣ ਲਈ ਹਿੰਦੂ ਸਨਾਤਨ ਮਹਾਂਸੰਘ ਦੀ ਇੱਕ ਮਹੱਤਵਪੂਰਨ ਮੀਟਿੰਗ ਮਹਾਂਸੰਘ ਦੇ ਪ੍ਰਦੇਸ਼ ਪ੍ਰਧਾਨ ਪ੍ਰਦੀਪ ਸਿੰਘ ਪਲਾਹਾ ਦੀ ਪ੍ਰਧਾਨਗੀ ਹੇਠ ਹੀਰੋ ਟਾਵਰ ਮੁਕੇਰੀਆਂ ਵਿੱਚ ਆਯੋਜਿਤ ਕੀਤੀ ਗਈ।ਮੀਟਿੰਗ ਵਿੱਚ ਮਹਾਂਸੰਘ ਦੇ ਸਰਪ੍ਰਸਤ ਪ੍ਰਦੀਪ ਕਟੋਚ, ਸੰਯੋਜਕ ਨਰਿੰਦਰ ਸ਼ਰਮਾ ਪੱਪੀ ਸਮੇਤ ਕਈ ਅਹੁਦੇਦਾਰ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।ਮੀਟਿੰਗ ਦੌਰਾਨ ਆਪਣੇ ਸੰਬੋਧਨ ਵਿੱਚ ਪ੍ਰਦੇਸ਼ ਪ੍ਰਧਾਨ ਪ੍ਰਦੀਪ ਸਿੰਘ ਪਲਾਹਾ ਨੇ ਕਿਹਾ ਕਿ ਚੈਤਰ ਸ਼ੁਕਲ ਪ੍ਰਤਿਪਦਾ ਤੋਂ ਜੋ ਕਿ 19 ਮਾਰਚ ਤੋਂ ਸ਼ੁਰੂ ਹੋ ਰਹੀ ਹੈ, ਬਿਕ੍ਰਮੀ ਸੰਮਤ ਹਿੰਦੂ ਕੈਲੰਡਰ ਅਨੁਸਾਰ ਪਹਿਲੇ ਨਵਰਾਤ੍ਰਾਂ ਨਾਲ ਹਿੰਦੂ ਨਵੇਂ ਵਰ੍ਹੇ ਦਾ ਆਗਾਜ਼ ਹੁੰਦਾ ਹੈ।ਨਵੇਂ ਵਰ੍ਹੇ ਦੇ ਸ਼ੁਭਾਰੰਭ ਨੂੰ ਉਤਸ਼ਾਹ ਤੇ ਗੌਰਵ ਨਾਲ ਮਨਾਉਣ ਤੇ ਹਿੰਦੂ ਸਮਾਜ ਨੂੰ ਧਰਮ ਪ੍ਰਤੀ ਜਾਗਰੂਕ ਤੇ ਗੌਰਵਾਨਵਿਤ ਕਰਨ ਦੇ ਉਦੇਸ਼ ਨਾਲ ਪ੍ਰਤੀ ਵਰ੍ਹੇ ਕੱਢੀ ਜਾਣ ਵਾਲੀ ਸਨਾਤਨ ਚੇਤਨਾ ਯਾਤਰਾ ਸਬੰਧੀ ਸਾਰੇ ਅਹੁਦੇਦਾਰਾਂ ਤੋਂ ਸੁਝਾਅ ਲਏ ਗਏ।ਇਸ ਮੌਕੇ 'ਤੇ ਕੈਪਟਨ ਬਲਬੀਰ ਸਿੰਘ, ਹੋਸ਼ਿਆਰ ਰਾਣਾ, ਸੁਖਦੇਵ ਸਿੰਘ, ਤਰਸੇਮ ਸ਼ਰਮਾ, ਧਿਆਨ ਚੰਦ, ਅਸ਼ਵਨੀ ਠਾਕੁਰ, ਬੰਟੀ ਮਹਾਜਨ, ਕੈਪਟਨ ਅਸ਼ਟਮ, ਠਾਕੁਰ ਸੋਮਰਾਜ, ਸੁਭਾਸ਼ ਸਿੰਘ, ਰਣਜੀਤ ਸਿੰਘ, ਰਾਜ ਕੁਮਾਰ, ਜੋਗਿੰਦਰ ਸਿੰਘ, ਪਰਮਜੀਤ ਸਿੰਘ ਪੰਮੀ ਸਮੇਤ ਵੱਡੀ ਗਿਣਤੀ ਵਿੱਚ ਸਨਾਤਨੀ ਸਾਥੀ ਹਾਜ਼ਰ ਸਨ।

# ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਨੇ ਵਿਆਪਕ ਰੋਸ ਚੇਤਾਵਨੀ ਪੱਤਰ ਦਿੱਤਾ: ਬਡਵਾਲ/ਸਾਵਨ ਸਿੰਘ



ਗੁਰਦਾਸਪੁਰ, 4 ਫਰਵਰੀ (ਜਗੀਰ ਸਿੰਘ ਮੰਡ/ਨਾਹਰ): ਪੰਜਾਬ ਸਟੇਟ ਮਨਿਸਟਰੀਅਲ ਸਰਵਿਸਿਜ਼ ਯੂਨੀਅਨ ਦੀ ਸੂਬਾ ਕਮੇਟੀ ਵੱਲੋਂ ਲਏ ਫੈਸਲੇ ਮੁਤਾਬਿਕ ਵਿਆਪਕ ਰੋਸ ਚੇਤਾਵਨੀ ਪੱਤਰ ਹਲਕੇ ਦੇ ਐਮਐਲਏ/ਮੰਤਰੀ ਸਾਹਿਬਾਨ ਨੂੰ ਪੁਰਾਣੇ ਪੈਨਸ਼ਨ ਸਕੀਮ ਦੀ ਬਹਾਲੀ, ਨਵੀਂ ਭਰਤੀ ਮੁਲਾਜ਼ਮਾਂ ਦਾ ਪਰਖਕਾਲ ਦੋ ਸਾਲ ਕਰਕੇ ਪੂਰੀ ਤਨਖਾਹ ਦੇਣ ਤੇ ਕੇਂਦਰ ਦੀ ਬਜਾਏ ਪੰਜਾਬ ਦਾ ਤਨਖਾਹ ਕਮਿਸ਼ਨ ਲਾਗੂ ਕਰਨ, ਏਸੀਪੀ ਸਕੀਮ ਤੇ 37 ਪ੍ਰਕਾਰ ਦੇ ਬੰਦ ਕੀਤੇ ਭੱਤੇ, ਸਟੈਨੋ ਕਾਡਰ ਲਈ ਪਦ ਉਨਤੀ ਚੈਨਲ ਖੋਲ੍ਹਨ, ਕੱਚੇ ਕਾਮੇ ਪੱਕੇ ਕਰਨ ਤੇ ਮ੍ਰਿਤਕ ਮੁਲਾਜ਼ਮਾਂ ਦੀਆਂ ਵਿਧਵਾਵਾਂ ਤੇ ਆਸ਼ਰਿਤਾਂ ਨੂੰ ਟਾਈਪ ਟੈਸਟ ਤੋਂ ਛੋਟ ਦੇਣ ਤੋਂ ਇਲਾਵਾ ਮਹਿੰਗਾਈ ਭੱਤੇ ਦੀਆਂ ਪੰਜ ਕਿਸ਼ਤਾਂ (16% ਡੇ.ਏ) ਤੇ ਪੇਅਕਮਿਸ਼ਨ ਤੇ ਮਹਿਗਈ ਭੱਤੇ ਦਾ ਬਕਾਇਆ ਨਾ ਮਿਲਣਾ ਆਦਿ ਮੰਗਾਂ ਸਬੰਧੀ ਦੇਣ ਚੇਤਾਵਨੀ ਪੱਤਰ ਦਿੱਤਾ ਗਿਆ ਹੈ। ਇਸ ਲੜੀ ਤਹਿਤ ਜ਼ਿਲ੍ਹਾ ਯੂਨਿਟ ਵੱਲੋਂ ਗੁਰਦਾਸਪੁਰ ਦੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਰਮਨ ਬਹਿਲ ਨੂੰ ਰਘਬੀਰ ਸਿੰਘ ਬਡਵਾਲ ਸੂਬਾ ਚੇਅਰਮੈਨ ਦੀ ਅਗਵਾਈ ਹੇਠ ਦਿੱਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਸਾਵਨ ਸਿੰਘ ਗਿੱਲ ਜ਼ਿਲ੍ਹਾ ਪ੍ਰਧਾਨ, ਮੈਨੂੰਐਲ ਜ਼ਿਲ੍ਹਾ ਜਨਰਲ ਸਕੱਤਰ, ਰਵਿੰਦਰ ਕੁਮਾਰ ਨਨਿਤ ਰਿਖੀ, ਅਮਰਜੀਤ ਸਿੰਘ ਵੀ ਮੌਜੂਦ ਸਨ।

# ਐਡ. ਸੇਖਵਾਂ ਦੀ ਅਗਵਾਈ 'ਚ ਪਿੰਡ ਗੁਨੋਪੁਰ 'ਚ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਤਹਿਤ ਜਾਗਰੂਕਤਾ ਤੇ ਰਜਿਸਟ੍ਰੇਸ਼ਨ ਕੈਂਪ ਲਗਾਇਆ

☛ਲਾਭਪਾਤਰੀ ਪਰਿਵਾਰਾਂ ਨੂੰ 10 ਲੱਖ ਰੁਪਏ ਤੱਕ ਦੇ ਇਲਾਜ ਕਵਰੇਜ ਵਾਲੇ ਬੀਮਾ ਕਾਰਡ ਜਾਰੀ



ਕਾਹਨੂੰਵਾਨ, 4 ਫਰਵਰੀ (ਕੁਲਜੀਤ ਸਿੰਘ ਖੋਖਰ): ਐਡਵੋਕੇਟ ਜਗਰੂਪ ਸਿੰਘ ਸੇਖਵਾਂ ਦੀ ਅਗਵਾਈ ਵਿੱਚ ਪਿੰਡ ਗੁਨੋਪੁਰ ਵਿੱਚ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਤਹਿਤ ਜਾਗਰੂਕਤਾ ਤੇ ਰਜਿਸਟ੍ਰੇਸ਼ਨ ਕੈਂਪ ਲਗਾਇਆ, ਜਿਸ ਵਿੱਚ ਲਾਭਪਾਤਰੀ ਪਰਿਵਾਰਾਂ ਨੂੰ 10 ਲੱਖ ਰੁਪਏ ਤੱਕ ਦੇ ਇਲਾਜ ਕਵਰੇਜ ਵਾਲੇ ਬੀਮਾ ਕਾਰਡ ਜਾਰੀ ਕੀਤੇ ਗਏ।ਇਸ ਮੌਕੇ ਗੱਲ ਕਰਦਿਆਂ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਦੱਸਿਆ ਕਿ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ 22 ਜਨਵਰੀ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਨਾਲ ਸੂਬੇ ਦੇ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮਿਲੇਗਾ।ਇਸ ਯੋਜਨਾ ਦੇ ਲਾਗੂ ਹੋਣ ਨਾਲ ਅਮੀਰਾਂ ਦੀ ਪਹੁੰਚ ਵਿੱਚ ਆਉਂਦੇ ਸਭ ਤੋਂ ਮਹਿੰਗੇ ਨਿੱਜੀ ਹਸਪਤਾਲ ਵੀ ਗਰੀਬਾਂ ਲਈ ਖੋਲ੍ਹ ਦਿੱਤੇ ਗਏ ਹਨ, ਜੋ ਲੋਕ ਸੇਵਾ ਵਿੱਚ ਫੈਸਲਾਕੁੰਨ ਬਦਲਾਅ ਹੈ। ਉਨ੍ਹਾਂ ਦੱਸਿਆ ਕਿ ਵੱਖ-ਵੱਖ ਬਿਮਾਰੀਆਂ ਲਈ 10 ਲੱਖ ਰੁਪਏ ਤੱਕ ਦੀਆਂ ਸਾਰੀਆਂ ਦਵਾਈਆਂ ਤੇ ਟੈਸਟ ਮੁਫ਼ਤ ਹੋਣਗੇ।ਜਿਵੇਂ ਹੀ ਮਰੀਜ਼ ਹਸਪਤਾਲ ਵਿੱਚ ਦਾਖਲ ਹੁੰਦਾ ਹੈ, ਸਭ ਕੁਝ ਮੁਫ਼ਤ ਹੋਵੇਗਾ। ਉਨ੍ਹਾਂ ਤੋਂ ਕੁਝ ਨਹੀਂ ਪੁੱਛਿਆ ਜਾਵੇਗਾ, ਸਿਰਫ਼ ਆਪਣਾ ਹੈਲਥ ਕਾਰਡ ਲੈ ਕੇ ਜਾਣਾ ਹੋਵੇਗਾ।ਪੰਜਾਬ ਵਿੱਚ ਲਗਭਗ 65 ਲੱਖ ਪਰਿਵਾਰ ਹਨ ਤੇ ਕਿਸੇ ਨੂੰ ਵੀ ਇਸ ਤੋਂ ਬਾਹਰ ਨਹੀਂ ਰੱਖਿਆ ਗਿਆ।ਉਨ੍ਹਾਂ ਨੇ ਅੱਗੇ ਕਿਹਾ ਕਿ ਇਹ ਕਾਰਡ ਸਾਰਿਆਂ ਲਈ ਹੈ ਤੇ 65 ਲੱਖ ਪਰਿਵਾਰਾਂ ਨੂੰ ਸਿੱਧਾ ਲਾਭ ਹੋਵੇਗਾ।ਸੂਬੇ ਦੇ ਸਾਰੇ 65 ਲੱਖ ਪਰਿਵਾਰਾਂ (ਕੁੱਲ ਤਿੰਨ ਕਰੋੜ ਨਾਗਰਿਕਾਂ) ਨੂੰ ਸਿਹਤ ਕਾਰਡ ਜਾਰੀ ਕੀਤੇ ਜਾਣਗੇ।ਇਹ ਪਹਿਲੀ ਵਾਰ ਹੈ ਕਿ ਇਸ ਯੋਜਨਾ ਲਈ ਕੋਈ ਆਮਦਨ ਸੀਮਾ ਨਿਰਧਾਰਤ ਨਹੀਂ ਕੀਤੀ ਗਈ ਹੈ ਤੇ ਇਸ ਯੋਜਨਾ ਦੀ ਸ਼ੁਰੂਆਤ ਨਾਲ ਪੰਜਾਬ ਨੇ ਦੇਸ਼ ਦੇ ਸਾਹਮਣੇ ਇੱਕ ਨਵੀਂ ਮਿਸਾਲ ਕਾਇਮ ਕੀਤੀ ਹੈ। ਇਸ ਯੋਜਨਾ ਤਹਿਤ 850 ਸਰਕਾਰੀ ਤੇ ਨਿੱਜੀ ਹਸਪਤਾਲ ਪਹਿਲਾਂ ਹੀ ਸੂਚੀਬੱਧ ਕੀਤੇ ਜਾ ਚੁੱਕੇ ਹਨ ਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਹਸਪਤਾਲ ਸ਼ਾਮਲ ਕੀਤੇ ਜਾਣਗੇ।

# ਕਿਸੇ ਵੀ ਆਫ਼ਤ ਨੂੰ ਨਜਿੱਠਣ ਲਈ 360 ਵਲੰਟੀਅਰਜ਼ ਹੋਏ ਸਿੱਖਿਅਤ

☛ਸਿਵਲ ਡਿਫੈਂਸ ਸਿਖਲਾਈ ਤੇ ਸਮਰੱਥਾ ਨਿਰਮਾਣ ਯੋਜਨਾ ਤਹਿਤ ਦੂਜੇ ਕੈਂਪ ਦੀ ਸਮਾਪਤੀ



ਬਟਾਲਾ, 4 ਫਰਵਰੀ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ/ਬਲਵਿੰਦਰ ਸਿੰਘ ਪੰਜਗਰਾਈਂ): ਸਿਵਲ ਡਿਫੈਂਸ ਦੀ ਸਿਖਲਾਈ ਤੇ ਸਮਰੱਥਾ ਨਿਰਮਾਣ ਯੋਜਨਾ ਤਹਿਤ ਕੈਂਪ ਦੀ ਆਡੀਟੋਰੀਅਮ ਸਰਕਾਰੀ ਕਾਲਜ ਵਿਖੇ ਸਮਾਪਤੀ ਹੋਈ।ਇਸ ਕੈਂਪ ਦਾ ਆਯੋਜਨ ਸੰਜੀਵ ਕਾਲੜਾ ਆਈ.ਪੀ.ਐਸ. ਡਾਇਰੈਕਟਰ ਜਰਨਲ ਆਫ ਪੁਲਿਸ, ਪੰਜਾਬ ਹੋਮ ਗਾਰਡਜ਼ ਤੇ ਡਾਇਰੈਕਟਰ ਸਿਵਲ ਡਿਫੈਂਸ ਪੰਜਾਬ ਤੇ ਐਡੀਸ਼ਨਲ ਕਮਾਂਡੈਂਟ ਜਨਰਲ ਹਰਮਨਜੀਤ ਸਿੰਘ, ਡਵੀਜ਼ਨਲ ਕਮਾਂਡੈਂਟ ਅਨਿਲ ਕੁਮਾਰ ਪੁਰਥੀ ਜਲੰਧਰ ਦੇ ਨਿਰਦੇਸ਼ ਅਨੁਸਾਰ ਰਵੇਲ ਸਿੰਘ ਰੰਧਾਵਾ (ਪ੍ਰੈਜ਼ੀਡੈਂਟ ਐਵਾਰਡੀ) ਜ਼ਿਲ੍ਹਾ ਕਮਾਂਡਰ ਤੇ ਐਡੀਸ਼ਨਲ ਕੰਟਰੋਲਰ ਸਿਵਲ ਡਿਫੈਂਸ ਗੁਰਦਾਸਪੁਰ ਦੀ ਅਗਵਾਈ ਵਿੱਚ ਮੁੱਖ ਮਹਿਮਾਨ ਕਮਾਂਡੈਂਟ ਮਨਪ੍ਰੀਤ ਸਿੰਘ ਰੰਧਾਵਾ (ਪ੍ਰੈਜ਼ੀਡੈਂਟ ਐਵਾਰਡੀ-2 ਵਾਰ), ਬਟਾਲੀਅਨ ਕਮਾਂਡਰ ਨਿਰਮਲਾ ਤੇ ਸਾਬਕਾ ਕਮਾਂਡੈਂਟ ਸੁਖਰਾਜ ਸਿੰਘ, ਪ੍ਰਿੰਸੀਪਲ ਅਸ਼ਵਨੀ ਕੁਮਾਰ ਭੱਲਾ ਦੇ ਨਾਲ ਇੰਸਟ੍ਰੈਕਟਰ ਜਗਰੂਪ ਸਿੰਘ ਤੇ ਮਨਪ੍ਰੀਤ ਸਿੰਘ, ਕੈਂਪ ਐਡਮਿਨ ਵਰਿੰਦਰਪਾਲ ਸਿੰਘ, ਸਟੋਰ ਸੁਪਰਡੈਂਟ ਗੁਰਦਾਸਪੁਰ ਰਮੇਸ਼ ਕੁਮਾਰ ਤੇ ਬਟਾਲਾ ਦਵਿੰਦਰ ਸਿੰਘ, ਹਰਬਖਸ਼ ਸਿੰਘ, ਗੁਰਮੁੱਖ ਸਿੰਘ ਦੇ ਨਾਲ ਵਲੰਟੀਅਰਜ਼ ਹਾਜ਼ਰ ਸਨ।ਇਸ ਮੌਕੇ ਐਡੀਸ਼ਨਲ ਕੰਟਰੋਲਰ ਰਵੇਲ ਸਿੰਘ ਰੰਧਾਵਾ ਨੇ ਦੱਸਿਆ ਕਿ ਸਿਵਲ ਡਿਫੈਂਸ ਟਾਊਨ ਗੁਰਦਾਸਪੁਰ ਤੇ ਬਟਾਲਾ ਦੇ 2 ਕੈਂਪਾਂ ਵਿੱਚ 360 ਵਲੰਟੀਅਰਜ਼ ਨੂੰ ਆਫਤ ਪ੍ਰਬੰਧਕ ਸਬੰਧੀ ਜਾਣੂੰ ਤੇ ਅਭਿਆਸ ਕਰਵਾਇਆ ਗਿਆ ਇਹ ਕਿਸੇ ਵੀ ਆਫਤ ਨੂੰ ਨਜਿੱਠਣ ਲਈ ਤਿਆਰ ਰਹਿਣਗੇ।ਇਨ੍ਹਾਂ ਨੂੰ ਨਾਗਰਿਕ ਸੁਰੱਖਿਆ ਦੀਆਂ 12 ਸਰਵਿਸਿਜ਼, ਵਾਰਡਨ ਸਰਵਿਸ ਤੇ ਉਦੇਸ਼, ਪ੍ਰਾਇਮਰੀ ਫਾਇਰ ਸੇਫਟੀ, ਰੋਡ ਸੇਫਟੀ, ਮੁੱਢਲੀ ਸਹਾਇਤਾ, ਸੀਪੀਆਰ, ਭੂਚਾਲ, ਹੜ੍ਹ, ਡੁੱਬਦੇ ਨੂੰ ਬਚਾਉਣਾ, ਕੁਦਰਤੀ ਤੇ ਗੈਰ-ਕੁਦਰਤੀ ਆਫਤਾਂ, ਲਿਫਟਿੰਗ-ਸ਼ਿਫਟਿੰਗ, ਜ਼ਖਮੀ ਵਿਅਕਤੀ ਨੂੰ ਸਹੀ ਤਰੀਕੇ ਨਾਲ ਉਠਾਉਣ ਤੇ ਇੱਕ ਥਾਂ ਤੋਂ ਦੂਜੀ ਥਾਂ ਸੁਰੱਖਿਅਤ ਢੰਗ ਨਾਲ ਲਿਜਾਣ ਦੇ ਤਰੀਕੇ, ਰਾਸ਼ਟਰੀ ਸਹਾਇਤਾ ਨੰਬਰ 112 ਤੇ 1033, ਬਲੈਕਆਊਟ,, ਐਮਰਜੈਂਸੀ ਸਥਿਤੀਆਂ ਨਾਲ ਨਜਿੱਠਣਾਂ ਆਪਣੀ ਸੁਰੱਖਿਆ ਕਰਦੇ ਹੋਏ ਰਾਹਤ ਕਾਰਜਾਂ ਵਿੱਚ ਹਿੱਸਾ ਲੈਣਾ ਆਦਿ ਬਾਰੇ ਦੱਸਿਆ ਗਿਆ।

# ਜਸਵੀਰ ਸਿੰਘ ਰਾਜਾ ਗਿੱਲ ਵੱਲੋਂ ਲੱਖਾਂ ਦੀ ਲਾਗਤ ਨਾਲ ਬਣਨ ਵਾਲੇ ਸਿਹਤ ਕੇਂਦਰ ਦਾ ਉਦਘਾਟਨ



ਟਾਂਡਾ ਉੜਮੁੜ, 4 ਫਰਵਰੀ (ਅਰਜੁਨ ਜੈਨ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰੇ ਕਰਦੇ ਹੋਏ ਲੋਕਾਂ ਨੂੰ ਪਿੰਡ-ਪਿੰਡ ਸ਼ਹਿਰ-ਸ਼ਹਿਰ ਸਿਹਤ ਸਹੂਲਤਾਂ ਦਿੰਦੇ ਹੋਏ ਸਿਹਤ ਕੇਂਦਰ ਖੋਲ੍ਹੇ ਜਾ ਰਹੇ ਹਨ ਤਾਂ ਜੋ ਲੋਕਾਂ ਨੂੰ ਇਲਾਜ ਲਈ ਦੂਰ-ਦੁਰਾਡੇ ਜਾਣ ਦੀ ਖੱਜਲ-ਖੁਆਰੀ ਤੋਂ ਰਾਹਤ ਮਿਲ ਸਕੇ, ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਤੇ ਹਲਕਾ ਵਿਧਾਇਕ ਉੜਮੁੜ ਟਾਂਡਾ ਜਸਵੀਰ ਸਿੰਘ ਰਾਜਾ ਗਿੱਲ ਨੇ ਪਿੰਡ ਤਲਵੰਡੀ ਸੱਲਾ ਵਿਖੇ ਬਣਨ ਵਾਲੇ ਨਵੇਂ ਸਿਹਤ ਕੇਂਦਰ ਦੇ ਨਿਰਮਾਣ ਕਾਰਜ ਦਾ ਉਦਘਾਟਨ ਕਰਦਿਆਂ ਕੀਤਾ।ਇਸ ਮੌਕੇ ਵਿਧਾਇਕ ਰਾਜਾ ਗਿੱਲ ਨੇ ਦੱਸਿਆ ਕਿ ਕਰੀਬ 34 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਇਸ ਸਿਹਤ ਕੇਂਦਰ ਦਾ ਕੰਮ ਬਹੁਤ ਜਲਦੀ ਮੁਕੰਮਲ ਕਰਕੇ ਸਿਹਤ ਕੇਂਦਰ ਪਿੰਡ ਵਾਸੀਆਂ ਦੀ ਸਿਹਤ ਸਹੂਲਤਾਂ ਲਈ ਸਪੁਰਦ ਕਰ ਦਿੱਤਾ ਜਾਵੇਗਾ।ਵਿਧਾਇਕ ਰਾਜਾ ਗਿੱਲ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਦੇ ਲੋਕਾਂ ਨੂੰ ਵੱਡੀ ਸਿਹਤ ਸਹੂਲਤ ਦਿੰਦੇ ਹੋਏ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਸਬੰਧੀ ਸਿਹਤ ਬੀਮਾ ਯੋਜਨਾ ਦੀ ਸ਼ੁਰੂਆਤ ਕੀਤੀ ਹੈ ਜੋ ਲੋੜਵੰਦ ਲੋਕਾਂ ਲਈ ਵਰਦਾਨ ਸਾਬਤ ਹੋ ਰਹੀ ਹੈ।ਇਸ ਮੌਕੇ 'ਤੇ ਸਰਪੰਚ ਕਮਲੇਸ਼ ਕੌਰ ਤੇ ਉਨ੍ਹਾਂ ਦੇ ਪਤੀ ਮਨਜੀਤ ਸਿੰਘ ਤੇ ਬਲਾਕ ਸੰਮਤੀ ਮੈਂਬਰ ਰਿੰਕੂ ਤੇਜੀ ਨੇ ਪੰਜਾਬ ਸਰਕਾਰ ਤੇ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਇਸ ਮੌਕੇ ਸਮਾਗਮ ਇੰਚਾਰਜ ਕੇਸ਼ਵ ਸਿੰਘ ਸੈਣੀ, ਸੁਰਜੀਤ ਸਿੰਘ, ਦਿਲਬਾਗ ਸਿੰਘ, ਬਲਕਾਰ ਸਿੰਘ, ਮਾਸਟਰ ਨਿਰਮਲ ਸਿੰਘ, ਰਣਜੀਤ ਸਿੰਘ, ਸਰਬਜੀਤ ਸਿੰਘ, ਪ੍ਰਿਤਪਾਲ ਸਿੰਘ, ਮਾਨ ਸਿੰਘ, ਸੰਗਤ ਸਿੰਘ, ਰਾਮ ਸਿੰਘ ਹਾਜ਼ਰ ਸਨ।

# ਮਿਸ਼ਨ ਹਾਰਦਿਕ ਮਿਲਨ 4.0 ਤਹਿਤ ਵਿਸ਼ੇਸ਼ ਕੈਂਪ ਲਗਾਇਆ

## ਸਾਬਕਾ ਸੈਨਿਕਾਂ, ਵੀਰਨਾਰੀਆਂ, ਆਸ਼ਰਿਤਾਂ ਦੀਆਂ ਪੈਨਸ਼ਨਾਂ ਸਬੰਧੀ ਸਹੂਲਤਾਂ ਪ੍ਰਤੀ ਜਾਗਰੂਕਤਾ ਤੋਂ ਇਲਾਵਾ ਸੁਣੀਆਂ ਮੁਸ਼ਕਿਲਾਂ



ਮੋਗਾ, 4 ਫਰਵਰੀ (ਗੁਰਦੇਵ ਖੁਰਾਣਾ/ਨਿਸ਼ੀ ਮਨਚੰਦਾ): ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ ਮੋਗਾ ਦੇ ਅਧਿਕਾਰੀ ਗਰੁੱਪ ਕੈਪਟਨ ਦਵਿੰਦਰ ਸਿੰਘ ਢਿੱਲੋਂ (ਰਿਟਾ.) ਨੇ ਦੱਸਿਆ ਕਿ ਪੰਜਾਬ ਰੈਜੀਮੈਂਟਲ ਸੈਂਟਰ ਰਿਕਾਰਡ ਆਫਿਸ, ਰਾਮਗੜ੍ਹ ਛਾਉਣੀ (ਝਾਰਖੰਡ) ਵੱਲੋਂ ਮਿਸ਼ਨ ਹਾਰਦਿਕ ਮਿਲਨ 4.0 ਤਹਿਤ ਸਾਬਕਾ ਸੈਨਿਕਾਂ, ਵੀਰਨਾਰੀਆਂ, ਆਸ਼ਰਿਤਾਂ ਦੀਆਂ ਪੈਨਸ਼ਨਾਂ ਸਬੰਧੀ ਸਹੂਲਤਾਂ ਤੇ ਅਧਿਕਾਰਾਂ ਬਾਰੇ ਜਾਣਕਾਰੀ ਦੇਣ ਲਈ ਵਿਸ਼ੇਸ਼ ਕੈਂਪ ਦਾ ਆਯੋਜਨ ਕੀਤਾ।ਇਸ ਕੈਂਪ ਵਿੱਚ ਉਕਤ ਦੀਆਂ ਮੁਸ਼ਕਿਲਾਂ ਨੂੰ ਸੁਣਿਆ ਤੇ ਬਹੁਤੀਆਂ ਮੁਸ਼ਕਿਲਾਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ ਗਿਆ।ਗਰੁੱਪ ਕੈਪਟਨ ਦਵਿੰਦਰ ਸਿੰਘ ਢਿੱਲੋਂ (ਰਿਟਾ.) ਨੇ ਦੱਸਿਆ ਕਿ ਇਸ ਤੋਂ ਇਲਾਵਾ ਬਹੁਤ ਸਾਰੀਆਂ ਸਮੱਸਿਆਵਾਂ ਹੋਰ ਸੰਸਥਾਵਾਂ ਨਾਲ ਸਬੰਧਤ ਸਨ, ਉਨ੍ਹਾਂ ਨੂੰ ਦਰਜ ਕੀਤਾ ਗਿਆ ਤੇ ਸਬੰਧਤ ਦਸਤਾਵੇਜ਼ ਜਮ੍ਹਾਂ ਕਰਨ ਤੋਂ ਬਾਅਦ ਉਨ੍ਹਾਂ ਨੂੰ ਜਲਦ ਤੋਂ ਜਲਦ ਹੱਲ ਕੀਤਾ ਜਾਵੇਗਾ।ਇਸ ਮੌਕੇ 'ਤੇ ਹਾਰਦਿਕ ਮਿਲਨ ਦੀ ਟੀਮ ਦੇ ਮੈਂਬਰ, ਸੂਬੇਦਾਰ ਕਲਰਕ ਵਿਵੇਕ ਕੁਮਾਰ ਸਿੰਘ ਤੇ ਨਾਇਕ ਕਲਰਕ ਗੁਨਜੀਤ ਸਿੰਘ ਵੀ ਹਾਜ਼ਰ ਸਨ।ਇਸ ਮੌਕੇ 'ਤੇ ਇਸ ਦਫਤਰ ਦੇ ਕਰਮਚਾਰੀਆਂ ਤੇ ਸਾਬਕਾ ਸੈਨਿਕਾਂ ਵਿਧਵਾਵਾਂ ਨੇ ਪੰਜਾਬ ਰੈਜ਼ੀਮੈਂਟ ਸੈਂਟਰ ਦੇ ਕਮਾਂਡੈਂਟ, ਬ੍ਰਿਗੇਡੀਅਰ, ਸਾਜੇਸ਼ ਬਾਬੂ ਪੀ.ਜੀ. ਪੰਜਾਬ ਰਿਕਾਰਡ ਆਫਿਸ ਦੇ ਕਮਾਂਡਿੰਗ ਅਫ਼ਸਰ ਲੈਫਟੀਨੈਂਟ ਕਰਨਲ ਦੇਵਾਸ਼ੀਸ਼ ਡੇ ਤੇ ਉਨ੍ਹਾਂ ਦੀ ਟੀਮ ਵੱਲੋਂ ਕੀਤਾ ਗਿਆ।ਇਹ ਭਲਾਈ ਕਾਰਜ ਬਹੁਤ ਸ਼ਲਾਘਾਯੋਗ ਹੈ।

# ਗੁਰਪਾਲ ਸਿੰਘ ਤੇ ਹਰਦੇਵ ਸਿੰਘ ਵੱਲੋਂ ਬਿਕਰਮ ਸਿੰਘ ਮਜੀਠੀਆ ਨੂੰ ਜ਼ਮਾਨਤ ਮਿਲਣ 'ਤੇ ਵਧਾਈ



ਬਟਾਲਾ/ਸ੍ਰੀ ਹਰਿਗੋਬਿੰਦਪੁਰ ਸਾਹਿਬ, 4 ਫਰਵਰੀ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਨੂੰ ਆਮਦਨ ਤੋਂ ਵੱਧ ਜਾਇਦਾਦ ਮਾਮਲੇ ਦੇ ਵਿੱਚ ਦਰਜ ਕੇਸ ਵਿੱਚ ਮਾਣਯੋਗ ਸੁਪਰੀਮ ਕੋਰਟ ਵੱਲੋਂ ਜ਼ਮਾਨਤ ਦਿੱਤੇ ਜਾਣ 'ਤੇ ਸੀਨੀਅਰ ਅਕਾਲੀ ਆਗੂ ਸਾਬਕਾ ਸਰਪੰਚ ਗੁਰਪਾਲ ਸਿੰਘ ਤਨੇਲ, ਸੀਨੀਅਰ ਆਗੂ ਠੇਕੇਦਾਰ ਹਰਦੇਵ ਸਿੰਘ ਤਨੇਲ ਤੇ ਕਿਸਾਨ ਆਗੂ ਗੁਰਦੇਵ ਸਿੰਘ ਬੋਹਜਾ ਵੱਲੋਂ ਜਿੱਥੇ ਮਾਣਯੋਗ ਸੁਪਰੀਮ ਕੋਰਟ ਦਾ ਧੰਨਵਾਦ ਕੀਤਾ ਉਥੇ ਮਾਝੇ ਦੇ ਨਿਧੜਕ ਜਰਨੈਲ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਨੂੰ ਮਿਲ ਕੇ ਉਨ੍ਹਾਂ ਵਧਾਈ ਦਿੱਤੀ ਤੇ ਮਜੀਠੀਆ ਦਾ ਹਾਰ ਪਾ ਕੇ ਸਵਾਗਤ ਕੀਤਾ। ਇਸ ਮੌਕੇ ਆਗੂਆਂ ਨੇ ਕਿਹਾ ਕਿ ਮਜੀਠੀਆ ਉਤੇ ਸਰਕਾਰ ਵੱਲੋਂ ਆਮਦਨ ਤੋਂ ਵੱਧ ਜਾਇਦਾਦ ਦੇ ਜੋ ਮਾਮਲੇ ਦਰਜ ਕੀਤੇ ਗਏ ਹਨ ਉਹ ਬਿਲਕੁਲ ਬੇਬੁਨਿਆਦ ਹਨ।ਉਨ੍ਹਾਂ ਆਖਿਆ ਕਿ ਬਿਕਰਮ ਸਿੰਘ ਮਜੀਠੀਆ ਦੀ ਪੰਜਾਬ ਦੇ ਲੋਕਾਂ ਦੀ ਲੋਕ ਪੱਖੀ ਆਵਾਜ਼ ਨੂੰ ਦਬਾਉਣ ਦੀ ਖਾਤਰ ਬਿਕਰਮ ਸਿੰਘ ਮਜੀਠੀਆ ਉੱਤੇ ਇਹ ਮਾਮਲਾ ਦਰਜ ਕੀਤਾ ਗਿਆ ਹੈ।ਉਨ੍ਹਾਂ ਆਖਿਆ ਕਿ ਮਜੀਠੀਆ ਹਮੇਸ਼ਾ ਪੰਜਾਬ ਦੇ ਲੋਕਾਂ ਦੀ ਆਵਾਜ਼ ਬੁਲੰਦ ਕਰਦੇ ਰਹਿਣਗੇ।ਉਨ੍ਹਾਂ ਆਖਿਆ ਕਿ ਸ਼੍ਰੋਮਣੀ ਅਕਾਲੀ ਦਲ ਦੇ ਵਰਕਰ ਮਜੀਠੀਆ ਨਾਲ ਚੱਟਾਨ ਵਾਂਗ ਖੜ੍ਹੇ ਹਨ।

# ਕੁਲਵੰਤ ਸਿੰਘ ਜ਼ਿਲ੍ਹਾ ਜਨਰਲ ਸਕੱਤਰ ਤੇ ਜੋਗਰਾਜ ਸਿੰਘ ਖ਼ਾਲਸਾ ਮਾਝਾ ਜ਼ੋਨ ਦੇ ਮੀਡੀਆ ਇੰਚਾਰਜ ਨਿਯੁਕਤ



ਅੱਚਲ ਸਾਹਿਬ, 4 ਫਰਵਰੀ (ਜੁਗਰਾਜ ਸਿੰਘ ਖਾਲਸਾ): ਗੁਰਦੁਆਰਾ ਨਿਸ਼ਾਨੇ ਖ਼ਾਲਸਾ ਪੰਜਵਾਂ ਨਿਸ਼ਾਨ ਮਿਸ਼ਨ ਬਾਬਾ ਬੀਰ ਸਿੰਘ ਬਾਬਾ ਧੀਰ ਸਿੰਘ ਜੀ 1300 ਘੋੜ ਸਵਾਰ ਸ਼੍ਰੋਮਣੀ ਪੰਥ ਅਕਾਲੀ ਦਸਮੇਸ਼ ਤਰਨਾ ਦਲ ਸਿੰਘ ਸਾਹਿਬ ਬਾਬਾ ਮੇਜਰ ਸਿੰਘ ਜੀ ਸੋਢੀ ਨਨਕਾਣਾ ਸਹਿਬ ਵਾਲਿਆਂ ਦੀ ਅਗਵਾਈ ਹੇਠ ਚੱਲ ਰਹੀ ਜਥੇਬੰਦੀ ਆਲ ਇੰਡੀਆ ਸੇਵਾ ਦਲ ਦੇ ਪੰਜਾਬ ਪ੍ਰਧਾਨ ਨਿਰਮਲ ਸਿੰਘ ਖ਼ਾਲਸਾ, ਚੇਅਰਮੈਨ ਪੰਜਾਬ ਸਿਕੰਦਰ ਸਿੰਘ ਖ਼ਾਲਸਾ, ਮਾਝਾ ਜ਼ੋਨ ਇੰਚਾਰਜ ਕੁਲਵੰਤ ਸਿੰਘ ਖ਼ਾਲਸਾ ਵੱਲੋਂ ਸੂਬੇਦਾਰ ਕੁਲਵੰਤ ਸਿੰਘ ਗੁਰਦਾਸਪੁਰ ਨੂੰ ਜਨਰਲ ਸਕੱਤਰ ਪੰਜਾਬ ਤੇ ਜੋਗਰਜ ਸਿੰਘ ਖ਼ਾਲਸਾ ਨੂੰ ਮੀਡੀਆ ਇੰਚਾਰਜ ਮਾਝਾ ਜ਼ੋਨ ਨਿਯੁਕਤ ਕੀਤਾ ਗਿਆ। ਇਸ ਮੌਕੇ ਹਾਜ਼ਰ ਹੋਏ ਵਿਸ਼ਵਦੀਪ ਸਿੰਘ ਖ਼ਾਲਸਾ ਤਰਸੇਮ ਸਿੰਘ ਫੌਜੀ ਅਨੂਪ ਸਿੰਘ ਮੇਨੀਆ ਸਮੇਤ ਵੱਡੀ ਗਿਣਤੀ ਖ਼ਾਲਸਾ ਪੰਥ ਦੀਆਂ ਫੌਜਾਂ ਹਾਜ਼ਰ ਸਨ।

# ਖ਼ਾਲਸਾ ਕਾਲਜ ਵਿਖੇ ਕੇਂਦਰੀ ਬਜਟ 2026 ਦਾ ਵੀਡੀਓ ਪ੍ਰਸਾਰਣ ਕਰਵਾਇਆ



ਗੜ੍ਹਦੀਵਾਲਾ, 4 ਫਰਵਰੀ (ਗੌਰਵ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੇ ਅਦਾਰੇ ਖ਼ਾਲਸਾ ਕਾਲਜ ਗੜ੍ਹਦੀਵਾਲਾ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸਕੱਤਰ (ਵਿੱਦਿਆ) ਸੁਖਮਿੰਦਰ ਸਿੰਘ ਦੀ ਰਹਿਨੁਮਾਈ ਤੇ ਪ੍ਰਿੰਸੀਪਲ ਡਾ. ਜਸਪਾਲ ਸਿੰਘ ਦੀ ਅਗਵਾਈ ਹੇਠ ਅਰਥ-ਸ਼ਾਸਤਰ ਵਿਭਾਗ ਵੱਲੋਂ 2 ਫਰਵਰੀ ਨੂੰ ਕੇਂਦਰੀ ਵਿੱਤ ਮੰਤਰੀ ਸ੍ਰੀਮਤੀ ਨਿਰਮਲਾ ਸੀਤਾਰਮਨ ਵੱਲੋਂ ਪੇਸ਼ ਕੀਤੇ ਗਏ ਕੇਂਦਰੀ ਬਜਟ 2026 ਦੇ ਵੀਡੀਓ ਪ੍ਰਸਾਰਣ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਅਰਥ-ਸ਼ਾਸਤਰ ਵਿਭਾਗ ਦੇ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਬਜਟ ਭਾਸ਼ਣ ਦੇ ਵੀਡੀਓ ਪ੍ਰਸਾਰਣ ਨੂੰ ਧਿਆਨ ਨਾਲ ਦੇਖਿਆ।ਵੀਡੀਓ ਪ੍ਰਸਾਰਣ ਉਪਰੰਤ ਬਜਟ ਦੇ ਵੱਖ-ਵੱਖ ਆਰਥਿਕ, ਸਮਾਜਿਕ ਤੇ ਵਿੱਤੀ ਪੱਖਾਂ 'ਤੇ ਵਿਸਤ੍ਰਿਤ ਵਿਚਾਰ-ਚਰਚਾ ਕੀਤੀ ਗਈ।ਵਿਦਿਆਰਥੀਆਂ ਨੇ ਸਰਗਰਮੀ ਨਾਲ ਭਾਗ ਲੈਂਦਿਆਂ ਆਪਣੇ ਸਵਾਲ ਤੇ ਵਿਚਾਰ ਸਾਂਝੇ ਕੀਤੇ, ਜਿਸ ਨਾਲ ਉਨ੍ਹਾਂ ਦੀ ਕਰੰਟ ਅਫ਼ੇਅਰਜ਼ ਤੇ ਆਰਥਿਕ ਨੀਤੀਆਂ ਬਾਰੇ ਸਮਝ ਵਧੀ।ਇਸ ਮੌਕੇ 'ਤੇ ਕਾਲਜ ਦੇ ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਅਰਥ-ਸ਼ਾਸਤਰ ਵਿਭਾਗ ਦੇ ਇਸ ਉਪਰਾਲੇ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਅਜਿਹੇ ਕਾਰਜਕ੍ਰਮ ਵਿਦਿਆਰਥੀਆਂ ਨੂੰ ਮੌਜੂਦਾ ਮੁੱਦਿਆਂ ਨਾਲ ਜੋੜਦੇ ਹਨ ਤੇ ਉਨ੍ਹਾਂ ਵਿੱਚ ਵਿੱਤੀ ਜਾਗਰੂਕਤਾ ਪੈਦਾ ਕਰਦੇ ਹਨ, ਜੋ ਉਨ੍ਹਾਂ ਨੂੰ ਭਵਿੱਖ ਲਈ ਜ਼ਿੰਮੇਵਾਰ ਨਾਗਰਿਕ ਬਣਾਉਣ ਵਿੱਚ ਸਹਾਇਕ ਸਾਬਤ ਹੁੰਦੇ ਹਨ।

# ਕੇਂਦਰ ਸਰਕਾਰ ਨੇ ਬਜਟ 'ਚ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਕੀਤਾ: ਡਾ. ਹਰਵਿੰਦਰ ਬਖਸ਼ੀ



ਗੜ੍ਹਸ਼ੰਕਰ, 4 ਫਰਵਰੀ (ਅਜਮੇਰ ਸਿੰਘ ਭਨੋਟ): ਆਮ ਆਦਮੀ ਪਾਰਟੀ ਦੇ ਪੰਜਾਬ ਇੰਡਸਟਰੀ ਬੋਰਡ ਦੇ ਵਾਈਸ ਚੇਅਰਮੈਨ ਡਾ. ਹਰਵਿੰਦਰ ਬਖਸ਼ੀ ਨੇ ਮੀਡੀਆ ਦੇ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ 2026-27 ਦਾ ਜੋ ਬਜਟ ਪੇਸ਼ ਕੀਤਾ ਗਿਆ ਹੈ ਉਹ ਪੰਜਾਬ ਦੇ ਨਾਲ ਕੇਂਦਰ ਸਰਕਾਰ ਨੇ ਮਤਰੇਈ ਮਾਂ ਵਾਲਾ ਸਲੂਕ ਕੀਤਾ ਹੈ।ਇਹ ਬਜਟ ਪੰਜਾਬ ਦੇ ਲਈ ਨਿਰਾਸ਼ਾਜਨਕ ਹੈ, ਇਸ ਵਿੱਚ ਨਾ ਤਾਂ ਪੰਜਾਬ ਦੇ ਨੌਜਵਾਨਾਂ ਨੂੰ ਰੁਜ਼ਗਾਰ ਲਈ ਕੋਈ ਉਪਰਾਲਾ ਕੀਤਾ ਗਿਆ, ਪਿਛਲੇ ਸਾਲ ਪੰਜਾਬ ਨੂੰ ਭਿਆਨਕ ਹੜ੍ਹ ਦਾ ਸਾਹਮਣਾ ਕਰਨਾ ਪਿਆ ਸੀ, ਜਿਸ ਕਾਰਨ ਸ਼ਹਿਰੀ ਤੇ ਪੇਂਡੂ ਇਲਾਕਿਆਂ ਵਿੱਚ ਲੋਕਾਂ ਨੂੰ ਭਾਰੀ ਜਾਨ ਮਾਲ ਦਾ ਨੁਕਸਾਨ ਹੋਇਆ ਸੀ।ਬਹੁਤ ਸਾਰੇ ਘਰ ਵਹਿ ਗਏ ਸਨ ਲੋਕਾਂ ਦੇ ਪਸ਼ੂ ਮਰ ਗਏ ਸਨ ਲੋਕਾਂ ਨੂੰ ਵੱਡੀ ਤਬਾਹੀ ਦਾ ਸਾਹਮਣਾ ਕਰਨਾ ਪਿਆ ਸੀ।ਪੰਜਾਬ ਵਿੱਚ ਜ਼ਿਆਦਾ ਮੀਂਹ ਪੈਣ ਦੇ ਨਾਲ ਪੰਜਾਬ ਦੇ ਕੰਢੀ ਇਲਾਕਿਆਂ ਦੇ ਘਰ ਵੀ ਢਹਿ-ਢੇਰੀ ਹੋ ਗਏ ਸਨ, ਇਸ ਨੁਕਸਾਨ ਦੀ ਪੂਰਤੀ ਤੇ ਮਕਾਨਾਂ ਦੀ ਮੁਰੰਮਤ ਦੇ ਲਈ ਪੰਜਾਬ ਸਰਕਾਰ ਨੇ ਕੇਂਦਰ ਸਰਕਾਰ ਕੋਲੋਂ ਵਿਸ਼ੇਸ਼ ਆਰਥਿਕ ਪੈਕਜ ਦੀ ਮੰਗ ਕੀਤੀ ਸੀ ਪਰ ਸਰਕਾਰ ਨੇ ਇਸ ਮੰਗ ਨੂੰ ਪੂਰੀ ਤਰ੍ਹਾਂ ਦੇ ਨਾਲ ਨਜ਼ਰ-ਅੰਦਾਜ਼ ਕਰ ਦਿੱਤਾ। ਇਸ ਬਜਟ ਦੇ ਵਿੱਚ ਆਮ ਲੋਕਾਂ ਦੇ ਲਈ ਕੁਝ ਵੀ ਨਵਾਂ ਨਹੀਂ ਹੈ, ਪੱਤਰਕਾਰਾਂ ਨੇ ਜਦੋਂ ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਣ ਤੋਂ ਇਸ ਬਾਰੇ ਸਵਾਲ ਕੀਤਾ ਕਿ ਮਿਡਲ ਕਲਾਸ ਦੇ ਲਈ ਇਸ ਬਜਟ ਵਿੱਚ ਕੀ ਰੱਖਿਆ ਹੈ ਤਾਂ ਇਸ ਦਾ ਜਵਾਬ ਕੇਂਦਰੀ ਮੰਤਰੀ ਨਹੀਂ ਦੇ ਸਕੇ। ਇਸ ਗੱਲ ਤੋਂ ਸਪੱਸ਼ਟ ਹੁੰਦਾ ਹੈ ਕਿ ਇਸ ਬਜਟ ਵਿੱਚ ਕੁਝ ਵੀ ਖਾਸ ਨਹੀਂ ਹੈ ਸਿਰਫ ਸਰਕਾਰ ਇਸ ਬਜਟ ਦੇ ਰਾਹੀਂ ਆਪਣੀ ਵਾਹ-ਵਾਹੀ ਖੱਟ ਰਹੀ ਹੈ।

## ਪੰਜਾਬ ਨੂੰ ਕਦੇ ਵੀ ਅਟਲ ਭੂ-ਜਲ ਯੋਜਨਾ ਦੇ ਅਧੀਨ ਸ਼ਾਮਲ ਨਹੀਂ ਕੀਤਾ: ਸਾਹਨੀ

ਨਵੀਂ ਦਿੱਲੀ, 4 ਫਰਵਰੀ (ਚ.ਨ.ਸ): ਸੰਸਦ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਕੇਂਦਰ ਸਰਕਾਰ ਨੂੰ ਤੁਰੰਤ ਪੰਜਾਬ ਲਈ ਵਿਸ਼ੇਸ਼ ਭੂਮੀਗਤ ਪੁਨਰ ਸੁਰਜੀਤੀ ਅਤੇ ਫਸਲ-ਵਿਭਿੰਨਤਾ ਪੈਕੇਜ ਦਾ ਐਲਾਨ ਕਰਨ ਦੀ ਅਪੀਲ ਕੀਤੀ। ਉਨ੍ਹਾਂ ਪੰਜਾਬ ਵਿੱਚ ਪਾਣੀ ਦਾ ਪੱਧਰ ਡਿੱਗ ਜਾਣ 'ਤੇ ਚਿੰਤਾ ਪ੍ਰਗਟ ਕੀਤੀ ਹੈ। ਰਾਜ ਸਭਾ ਵਿੱਚ ਉਨ੍ਹਾਂ ਵੱਲੋਂ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਦੱਸਿਆ ਗਿਆ ਹੈ ਕਿ ਕੇਂਦਰੀ ਭੂਮੀਗਤ ਪਾਣੀ ਬੋਰਡ ਦੇ ਅੰਕੜਿਆਂ ਅਨੁਸਾਰ ਲਗਪਗ 57 ਫੀਸਦ ਨਿਗਰਾਨੀ ਕੀਤੇ ਗਏ ਖੂਹਾਂ ਦੇ ਪਾਣੀ ਵਿੱਚ ਮਾਮੂਲੀ ਵਾਧਾ ਹੋਇਆ ਹੈ ਪਰ ਚਿੰਤਾ ਵਾਲੀ ਗੱਲ ਇਹ ਹੈ ਕਿ ਪੰਜਾਬ ਵਿੱਚ 42 ਫੀਸਦ ਤੋਂ ਵੱਧ ਖੂਹਾਂ ਵਿੱਚ ਪਾਣੀ ਦੇ ਪੱਧਰ 'ਚ ਗਿਰਾਵਟ ਦਰਜ ਕੀਤੀ ਗਈ ਹੈ। ਡਾ. ਸਾਹਨੀ ਨੇ ਕਿਹਾ ਕਿ ਇਹ ਧਿਆਨ ਦੇਣ ਯੋਗ ਹੈ ਕਿ ਇਨ੍ਹਾਂ ਖੂਹਾਂ ਦਾ ਸਰਵੇਖਣ 2025 ਦੇ ਮੌਨਸੂਨ ਤੋਂ ਬਾਅਦ ਕੀਤਾ ਗਿਆ ਸੀ, ਜਦੋਂ ਪੰਜਾਬ ਨੇ ਸਭ ਤੋਂ ਵੱਡੇ ਹੜ੍ਹ ਦੇਖੇ ਸਨ। ਫਿਰ ਵੀ ਇਹ ਚਿੰਤਾ ਦਾ ਮਸਲਾ ਹੈ ਕਿ ਸੂਬੇ ਵਿੱਚ 9 ਫੀਸਦੀ ਖੂਹਾਂ ਵਿੱਚ ਭੂਮੀਗਤ ਪਾਣੀ 40 ਮੀਟਰ ਤੋਂ ਵੱਧ ਡੂੰਘਾ ਹੈ। ਖਾਸ ਕਰ ਕੇ ਖੇਤੀਬਾੜੀ ਦੇ ਤੌਰ 'ਤੇ ਮਹੱਤਵਪੂਰਨ ਜ਼ਿਲ੍ਹਿਆਂ ਸੰਗਰੂਰ (100 ਫ਼ੀਸਦ), ਬਰਨਾਲਾ (67 ਫ਼ੀਸਦ), ਪਟਿਆਲਾ (44 ਫ਼ੀਸਦ), ਮੋਗਾ ਅਤੇ ਮਾਲੇਰਕੋਟਲਾ ਵਿੱਚ ਪਾਣੀ ਦਾ ਪੱਧਰ ਬਹੁਤ ਨੀਵਾਂ ਹੈ। ਸ਼ਹਿਰੀ ਜ਼ਿਲ੍ਹਿਆਂ ਲੁਧਿਆਣਾ, ਜਲੰਧਰ ਤੇ ਬਠਿੰਡਾ ਵਿੱਚ ਵੀ ਜ਼ਿਆਦਾਤਰ ਖੂਹ ਹੁਣ 10 ਤੋਂ 40 ਮੀਟਰ ਡੂੰਘਾਈ ਦੀ ਸ਼੍ਰੇਣੀ ਵਿੱਚ ਆਉਂਦੇ ਹਨ। ਡਾ. ਸਾਹਨੀ ਨੇ ਕਿਹਾ ਕਿ ਪਾਣੀ ਦੇ ਡਿੱਗਦੇ ਪੱਧਰ ਦੌਰਾਨ ਸੂਬਾ ਸਰਕਾਰ ਵੱਲੋਂ ਵਾਰ-ਵਾਰ ਬੇਨਤੀਆਂ ਦੇ ਬਾਵਜੂਦ ਪੰਜਾਬ ਨੂੰ ਕਦੇ ਵੀ ਅਟਲ ਭੂ-ਜਲ ਯੋਜਨਾ ਦੇ ਅਧੀਨ ਸ਼ਾਮਲ ਨਹੀਂ ਕੀਤਾ ਗਿਆ। ਉਨ੍ਹਾਂ ਚਿਤਾਵਨੀ ਦਿੱਤੀ ਕਿ ਇਹ ਅਣਗਹਿਲੀ ਸੂਬੇ ਨੂੰ ਵੱਡੇ ਸੰਕਟ ਵੱਲ ਧੱਕ ਸਕਦੀ ਹੈ।

## ਹਰਿਆਣਾ ਦੇ ਸਰਕਾਰੀ ਸਕੂਲਾਂ 'ਚ ਡਿਜੀਟਲ ਸਿੱਖਿਆ ਨੂੰ ਲੱਗਿਆ ਵੱਡਾ ਝਟਕਾ

### ☛ਟੈਬਲੇਟ ਵਾਪਸ ਲਏ, ਮੁੜ ਬਲੈਕਬੋਰਡਾਂ 'ਤੇ ਪਰਤੇ ਵਿਦਿਆਰਥੀ

ਕਰਨਾਲ/ਕੈਥਲ, 4 ਫਰਵਰੀ (ਚ.ਨ.ਸ): ਹਰਿਆਣਾ ਸਰਕਾਰ ਦੀ ਅਭਿਲਾਸ਼ੀ ਯੋਜਨਾ ਈ-ਅਧਿਗਮ ਜਿਸ ਦਾ ਮਕਸਦ ਸਰਕਾਰੀ ਸਕੂਲਾਂ ਦੇ ਬੱਚਿਆਂ ਨੂੰ ਹਾਈ-ਟੈਕ ਬਣਾਉਣਾ ਸੀ, ਜ਼ਮੀਨੀ ਪੱਧਰ 'ਤੇ ਬੁਰੀ ਤਰ੍ਹਾਂ ਫੇਲ੍ਹ ਹੁੰਦੀ ਨਜ਼ਰ ਆ ਰਹੀ ਹੈ।ਕਰਨਾਲ ਤੇ ਕੈਥਲ ਸਮੇਤ ਸੂਬੇ ਦੇ ਕਈ ਜ਼ਿਲ੍ਹਿਆਂ ਵਿੱਚ ਇੰਟਰਨੈਟ ਕਨੈਕਟੀਵਿਟੀ ਦੀ ਘਾਟ ਤੇ ਤਕਨੀਕੀ ਖਰਾਬੀਆਂ ਕਾਰਨ ਵਿਦਿਆਰਥੀਆਂ ਤੋਂ ਟੈਬਲੇਟ ਵਾਪਸ ਲੈ ਲਏ ਗਏ ਹਨ।ਹੁਣ ਸਕੂਲਾਂ ਵਿੱਚ ਡਿਜੀਟਲ ਪੜ੍ਹਾਈ ਦੀ ਥਾਂ ਮੁੜ ਰਵਾਇਤੀ ਚਾਕ ਤੇ ਬਲੈਕਬੋਰਡ ਨੇ ਲੈ ਲਈ ਹੈ।ਬੁਨਿਆਦੀ ਢਾਂਚੇ ਦੀ ਘਾਟ ਨੇ ਵਿਗਾੜੀ ਖੇਡ ਜਾਣਕਾਰੀ ਅਨੁਸਾਰ ਇਸ ਯੋਜਨਾ ਤਹਿਤ 9ਵੀਂ ਤੋਂ 12ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਮੁਫ਼ਤ ਟੈਬਲੇਟ ਤੇ 2 ਜੀ.ਬੀ. ਰੋਜ਼ਾਨਾ ਡਾਟਾ ਵਾਲੇ ਸਿਮ ਕਾਰਡ ਦਿੱਤੇ ਗਏ ਸਨ ਪਰ ਪਿਛਲੇ ਸੱਤ-ਅੱਠ ਮਹੀਨਿਆਂ ਤੋਂ ਕਈ ਸਕੂਲਾਂ ਵਿੱਚ ਨਾ ਤਾਂ ਸਿਮ ਕਾਰਡ ਮੁਹੱਈਆ ਕਰਵਾਏ ਗਏ ਤੇ ਨਾ ਹੀ ਵਾਈ-ਫਾਈ ਦੀ ਸਹੂਲਤ ਦਿੱਤੀ ਗਈ। ਅਧਿਆਪਕਾਂ ਦਾ ਕਹਿਣਾ ਹੈ ਕਿ ਬਿਨਾਂ ਇੰਟਰਨੈਟ ਦੇ ਇਹ ਟੈਬਲੇਟ ਮਹਿਜ਼ ਇੱਕ ਡੱਬਾ ਬਣ ਕੇ ਰਹਿ ਗਏ ਹਨ।ਸਕੂਲਾਂ ਦੀਆਂ ਅਲਮਾਰੀਆਂ ਹੁਣ ਇਨ੍ਹਾਂ ਟੈਬਲੇਟਾਂ ਦੇ ਡੱਬਿਆਂ ਨਾਲ ਭਰੀਆਂ ਪਈਆਂ ਹਨ, ਕਿਉਂਕਿ ਇੰਟਰਨੈਟ ਤੋਂ ਬਿਨਾਂ ਇਹ ਕਿਸੇ ਕੰਮ ਦੇ ਨਹੀਂ ਰਹੇ।ਖਰਾਬ ਬੈਟਰੀਆਂ ਤੇ ਟੁੱਟੀਆਂ ਸਕ੍ਰੀਨਾਂ ਦੀ ਸਮੱਸਿਆ ਸਿਰਫ਼ ਇੰਟਰਨੈਟ ਹੀ ਨਹੀਂ, ਸਗੋਂ ਹਜ਼ਾਰਾਂ ਟੈਬਲੇਟ ਤਕਨੀਕੀ ਖਰਾਬੀ ਕਾਰਨ ਵੀ ਬੰਦ ਹੋ ਚੁੱਕੇ ਹਨ।ਕਰਨਾਲ ਜ਼ਿਲ੍ਹੇ ਵਿੱਚ ਵੰਡੇ ਗਏ ਲਗਭਗ 32,000 ਟੈਬਲੇਟਾਂ ਵਿੱਚੋਂ ਸਿਰਫ਼ 23,000 ਹੀ ਚੱਲਣਯੋਗ ਹਾਲਤ ਵਿੱਚ ਹਨ, ਜਦਕਿ ਬਾਕੀ 9,000 ਟੈਬਲੇਟ ਬੈਟਰੀ ਫੇਲ੍ਹ ਹੋਣ ਜਾਂ ਸਕ੍ਰੀਨ ਟੁੱਟਣ ਕਾਰਨ ਕਬਾੜ ਬਣ ਚੁੱਕੇ ਹਨ।ਇਸੇ ਤਰ੍ਹਾਂ ਕੈਥਲ ਵਿੱਚ ਵੰਡੇ ਗਏ 27,000 ਟੈਬਲੇਟਾਂ ਵਿੱਚੋਂ ਲਗਭਗ 7,000 ਡਿਵਾਈਸ ਬੰਦ ਪਏ ਹਨ।ਵਿਦਿਆਰਥੀਆਂ ਦਾ ਕਹਿਣਾ ਹੈ ਕਿ ਉਹ ਸ਼ੁਰੂਆਤ ਵਿੱਚ ਬਹੁਤ ਉਤਸ਼ਾਹਿਤ ਸਨ, ਪਰ ਸੁਵਿਧਾਵਾਂ ਦੀ ਘਾਟ ਕਾਰਨ ਉਹ ਮੁੜ ਕਿਤਾਬਾਂ ਤੇ ਕਾਪੀਆਂ 'ਤੇ ਨਿਰਭਰ ਹੋ ਗਏ ਹਨ।ਅਧਿਕਾਰੀਆਂ ਤੇ ਅਧਿਆਪਕਾਂ ਦਾ ਪੱਖ ਸਕੂਲੀ ਅਧਿਆਪਕਾਂ ਅਨੁਸਾਰ ਇਹ ਯੋਜਨਾ ਚੰਗੀ ਸੀ ਪਰ ਇਸ ਨੂੰ ਲਾਗੂ ਕਰਨ ਲਈ ਜ਼ਰੂਰੀ ਤਿਆਰੀਆਂ ਦੀ ਘਾਟ ਰਹੀ।



## ਭਾਰਤ 2020 ਦੇ ਐਲ.ਏ.ਸੀ. ਟਕਰਾਅ ਦੌਰਾਨ ਚੀਨ ਦੀ ਫੌਜੀ ਕਾਰਵਾਈ ਦਾ ਅੰਦਾਜ਼ਾ ਲਗਾਉਣ 'ਚ ਰਿਹਾ ਅਸਫ਼ਲ: ਮਾਹਿਰ

ਨਵੀਂ ਦਿੱਲੀ, 4 ਫਰਵਰੀ (ਚ.ਨ.ਸ): ਸਾਬਕਾ ਫੌਜ ਮੁਖੀ ਜਨਰਲ ਐਮ.ਐਮ. ਨਰਵਣੇ (ਸੇਵਾਮੁਕਤ) ਦੁਆਰਾ ਲਿਖੀ ਗਈ ਇੱਕ ਅਣ-ਪ੍ਰਕਾਸ਼ਿਤ ਕਿਤਾਬ ਨੂੰ ਲੈ ਕੇ ਕੱਲ੍ਹ ਸੰਸਦ ਵਿੱਚ ਹੋਈ ਭਖਵੀਂ ਬਹਿਸ ਨੇ ਇਸ ਸੱਚਾਈ ਨੂੰ ਮੁੜ ਸੁਰਜੀਤ ਕਰ ਦਿੱਤਾ ਹੈ ਕਿ ਅਪ੍ਰੈਲ-ਮਈ 2020 ਵਿੱਚ ਜਦੋਂ ਚੀਨ ਨੇ ਲਾਈਨ ਆਫ਼ ਐਕਚੁਅਲ ਕੰਟਰੋਲ 'ਤੇ ਮੌਜੂਦਾ ਸ਼ਾਂਤੀ ਸਮਝੌਤਿਆਂ ਦੀ ਇੱਕਤਰਫਾ ਉਲੰਘਣਾ ਕੀਤੀ ਸੀ ਤਾਂ ਭਾਰਤ ਸ਼ੁਰੂਆਤੀ ਤੌਰ 'ਤੇ ਕਿਵੇਂ ਹੈਰਾਨ ਰਹਿ ਗਿਆ ਸੀ। ਜਨਰਲ ਨਰਵਣੇ 31 ਦਸੰਬਰ 2019 ਤੋਂ 30 ਅਪ੍ਰੈਲ 2022 ਤੱਕ ਫੌਜ ਦੇ ਮੁਖੀ ਰਹੇ ਸਨ।ਇੱਕ ਸੀਨੀਅਰ ਸੇਵਾਮੁਕਤ ਭਾਰਤੀ ਫੌਜੀ ਅਧਿਕਾਰੀ ਨੇ ਦੱਸਿਆ ਕਿ ਅਪ੍ਰੈਲ-ਮਈ 2020 ਵਿੱਚ ਭਾਰਤੀ ਫੌਜ ਨੇ ਚੀਨ ਦੀ ਫੌਜੀ ਹਰਕਤ ਦਾ ਚੰਗੀ ਤਰ੍ਹਾਂ ਜਵਾਬ ਦਿੱਤਾ ਸੀ, ਪਰ ਬੀਜਿੰਗ ਦੇ ਇਰਾਦਿਆਂ ਦਾ ਅੰਦਾਜ਼ਾ ਲਗਾਉਣ ਵਿੱਚ ਨਿਸ਼ਚਤ ਤੌਰ 'ਤੇ ਇੱਕ ਵੱਡੀ ਕਮੀ ਰਹੀ ਸੀ।ਕੱਲ੍ਹ ਸੰਸਦ ਵਿੱਚ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੂੰ ਜਵਾਬ ਦਿੰਦਿਆਂ ਕਿਹਾ ਕਿ ਜਿਸ ਕਿਤਾਬ ਦਾ ਹਵਾਲਾ ਦਿੱਤਾ ਜਾ ਰਿਹਾ ਹੈ, ਉਹ ਅਜੇ ਤੱਕ ਪ੍ਰਕਾਸ਼ਿਤ ਨਹੀਂ ਹੋਈ ਹੈ।ਇੱਕ ਨਿਊਜ਼ ਮੈਗਜ਼ੀਨ ਕਾਰਵਾਂ ਨੇ ਇਸ ਕਿਤਾਬ ਦੇ ਅੰਸ਼ ਪ੍ਰਕਾਸ਼ਿਤ ਕੀਤੇ ਸਨ ਤੇ ਰਾਹੁਲ ਗਾਂਧੀ ਨੇ ਉਸੇ ਮੈਗਜ਼ੀਨ ਦਾ ਹਵਾਲਾ ਦਿੱਤਾ ਸੀ।ਵਿਦੇਸ਼ ਮੰਤਰਾਲੇ ਨਾਲ ਜੁੜੇ ਇੱਕ ਨੀਤੀਗਤ ਥਿੰਕ ਟੈਂਕ ਸੈਂਟਰ ਫਾਰ ਕੰਟੈਂਪਰੇਰੀ ਚਾਈਨਾ ਸਟੱਡੀਜ਼ ਦੇ ਡਾਇਰੈਕਟਰ ਜਨਰਲ ਤੇ ਸਾਬਕਾ ਲੈਫਟੀਨੈਂਟ ਜਨਰਲ ਐਸ.ਐਲ. ਨਰਸਿਮਹਨ ਨੇ ਕਿਹਾ ਕਿ ਮਈ 2020 ਦੀਆਂ ਘਟਨਾਵਾਂ ਚੀਨ ਵੱਲੋਂ ਦੁਵੱਲੇ ਸਮਝੌਤਿਆਂ ਦੀ ਉਲੰਘਣਾ ਦਾ ਨਤੀਜਾ ਸਨ, ਜਿਸ ਕਾਰਨ 45 ਸਾਲਾਂ ਬਾਅਦ ਦੋਵਾਂ ਦੇਸ਼ਾਂ ਵਿਚਾਲੇ ਜਾਨੀ ਨੁਕਸਾਨ ਹੋਇਆ।ਲਗਭਗ ਚਾਰ ਸਾਲਾਂ ਦੀ ਸਖ਼ਤ ਗੱਲਬਾਤ ਤੋਂ ਬਾਅਦ ਦੋਵਾਂ ਧਿਰਾਂ ਨੇ 2024 ਵਿੱਚ ਫੌਜਾਂ ਨੂੰ ਪਿੱਛੇ ਹਟਾਉਣ ਦੀ ਪ੍ਰਕਿਰਿਆ ਪੂਰੀ ਕੀਤੀ।ਉਦੋਂ ਤੋਂ ਐਲ.ਏ.ਸੀ. 'ਤੇ ਸਥਿਤੀ ਸਥਿਰ ਬਣੀ ਹੋਈ ਹੈ, ਇੱਕ ਹੋਰ ਸੇਵਾਮੁਕਤ ਸੀਨੀਅਰ ਅਧਿਕਾਰੀ ਨੇ ਦੱਸਿਆ ਕਿ ਮਾਮੂਲੀ ਝੜਪਾਂ ਅਪ੍ਰੈਲ ਤੇ ਮਈ 2020 ਵਿੱਚ ਸ਼ੁਰੂ ਹੋਈਆਂ ਸਨ, ਜਿਸ ਕਾਰਨ 15 ਜੂਨ 2020 ਨੂੰ ਗਲਵਾਨ ਘਾਟੀ ਵਿੱਚ ਘਾਤਕ ਟਕਰਾਅ ਹੋਇਆ। ਪਹਿਲੀ ਹੈਰਾਨੀ ਚੀਨ ਵੱਲੋਂ ਅਪ੍ਰੈਲ 2020 ਵਿੱਚ ਐਲ.ਏ.ਸੀ. 'ਤੇ ਦਿੱਤੀ ਗਈ ਸੀ। ਬੀਜਿੰਗ ਨੇ ਤਿੱਬਤ ਵਿੱਚ ਹੋਰ ਥਾਵਾਂ 'ਤੇ ਅਭਿਆਸ ਕਰ ਰਹੀਆਂ ਆਪਣੀਆਂ ਫੌਜਾਂ ਨੂੰ ਤੇਜ਼ੀ ਨਾਲ ਪੂਰਬੀ ਲੱਦਾਖ ਵਿੱਚ ਐਲ.ਏ.ਸੀ. 'ਤੇ ਭਾਰਤ ਦੇ ਸਾਹਮਣੇ ਤਾਇਨਾਤ ਕਰ ਦਿੱਤਾ ਸੀ। ਅਪ੍ਰੈਲ 2020 ਦੇ ਤੀਜੇ ਹਫ਼ਤੇ ਤੱਕ, ਚੀਨ ਦੀ ਪੀਪਲਜ਼ ਲਿਬਰੇਸ਼ਨ ਆਰਮੀ ਦੇ ਲਗਭਗ 40,000 ਤੋਂ 50,000 ਸੈਨਿਕਾਂ ਦਾ ਇੱਕ ਵੱਡਾ ਹਿੱਸਾ ਆਪਣੇ ਪਾਸੇ ਵਾਲੀ ਐਲ.ਏ.ਸੀ. 'ਤੇ ਮੌਜੂਦ ਸੀ।

## ਫਾਜ਼ਿਲਕਾ 'ਚ ਰੈਡ ਕਰਾਸ ਨਸ਼ਾ ਵਿਰੋਧੀ ਯਾਤਰਾ ਦੀ 11 ਨੂੰ ਰਾਜਪਾਲ ਕਰਨਗੇ ਅਗਵਾਈ

ਫਾਜ਼ਿਲਕਾ, 4 ਫਰਵਰੀ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਇਕ ਵਾਰ ਫਿਰ ਸਰਹੱਦੀ ਜ਼ਿਲ੍ਹਾ ਫਾਜ਼ਿਲਕਾ ਤੋਂ ਨਸ਼ਿਆਂ ਦੇ ਖ਼ਿਲਾਫ਼ ਮੁਹਿੰਮ ਦੀ ਸ਼ੁਰੂਆਤ ਕਰਨ ਜਾ ਰਹੇ ਹਨ। ਦਸੰਬਰ ਮਹੀਨੇ ਮਾੜੇ ਮੌਸਮ ਤੇ ਘਣੀ ਧੁੰਦ ਕਾਰਨ ਜੋ ਨਸ਼ਾ ਵਿਰੋਧੀ ਯਾਤਰਾ ਮੁਲਤਵੀ ਹੋ ਗਈ ਸੀ, ਉਹ ਹੁਣ 11 ਫ਼ਰਵਰੀ ਨੂੰ ਕਰਵਾਈ ਜਾਵੇਗੀ, ਜਿਸ ਦੀ ਅਗਵਾਈ ਰਾਜਪਾਲ ਖੁਦ ਕਰਨਗੇ।ਗਣਤੰਤਰ ਦਿਵਸ ਮੌਕੇ ਫਾਜ਼ਿਲਕਾ ਵਿੱਚ ਹੋਏ ਰਾਜ ਪੱਧਰੀ ਸਮਾਗਮ ਦੌਰਾਨ ਰਾਜਪਾਲ ਵੱਲੋਂ ਇਸ ਯਾਤਰਾ ਦੀ ਮੁੜ ਘੋਸ਼ਣਾ ਕੀਤੀ ਗਈ ਸੀ। ਨਸ਼ਾ ਵਿਰੋਧੀ ਇਸ ਪੈਦਲ ਯਾਤਰਾ ਦੌਰਾਨ ਰਾਜਪਾਲ ਸਥਾਨਕ ਨਿਵਾਸੀਆਂ ਤੇ ਨੌਜਵਾਨਾਂ ਦੇ ਨਾਲ ਲਗਭਗ ਇੱਕ ਘੰਟਾ ਪੈਦਲ ਚੱਲਣਗੇ ਤਾਂ ਜੋ ਸਮਾਜ ਨੂੰ ਨਸ਼ਿਆਂ ਦੇ ਖ਼ਿਲਾਫ਼ ਇੱਕਜੁਟ ਕੀਤਾ ਜਾ ਸਕੇ। ਇਹ ਪਦਯਾਤਰਾ ਸਵੇਰੇ 10 ਵਜੇ ਸ਼ੁਰੂ ਹੋਵੇਗੀ।ਇਹ ਨਸ਼ਾ ਵਿਰੋਧੀ ਯਾਤਰਾ ਕਰਨ ਗਿਲਹੋਤਰਾ ਫਾਊਂਡੇਸ਼ਨ ਦੇ ਸਹਿਯੋਗ ਨਾਲ ਆਯੋਜਿਤ ਕੀਤੀ ਜਾ ਰਹੀ ਹੈ।ਰਾਜਪਾਲ ਨੇ ਸਪੱਸ਼ਟ ਕੀਤਾ ਹੈ ਕਿ ਸਰਹੱਦ ਪਾਰ ਤੋਂ ਡਰੋਨ ਰਾਹੀਂ ਆ ਰਹੇ ਨਸ਼ਿਆਂ ਨੂੰ ਰੋਕਣ ਲਈ ਸਿਰਫ਼ ਪੁਲਿਸ ਤੇ ਫੌਜ ਹੀ ਕਾਫ਼ੀ ਨਹੀਂ, ਬਲਕਿ ਸਰਹੱਦੀ ਖੇਤਰਾਂ ਦੇ ਲੋਕਾਂ ਦਾ ਸਹਿਯੋਗ ਵੀ ਬਹੁਤ ਜ਼ਰੂਰੀ ਹੈ।ਇਸ ਯਾਤਰਾ ਦਾ ਮੁੱਖ ਉਦੇਸ਼ ਨੌਜਵਾਨਾਂ ਦੀ ਊਰਜਾ ਨੂੰ ਖੇਡਾਂ, ਸਿੱਖਿਆ ਅਤੇ ਸਵੈਰੋਜ਼ਗਾਰ ਵੱਲ ਮੋੜਨਾ ਹੈ।ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ 18 ਦਸੰਬਰ 2025 ਨੂੰ ਇਸ ਪਦਯਾਤਰਾ ਦੀ ਯੋਜਨਾ ਬਣਾਈ ਗਈ ਸੀ, ਪਰ ਕੜਾਕੇ ਦੀ ਠੰਢ ਤੇ ਘਣੇ ਕੋਹਰੇ ਕਾਰਨ ਸੁਰੱਖਿਆ ਦੇ ਮੱਦੇਨਜ਼ਰ ਰਾਜਪਾਲ ਫਾਜ਼ਿਲਕਾ ਨਹੀਂ ਪਹੁੰਚ ਸਕੇ ਸਨ। ਉਸ ਸਮੇਂ ਰਾਜਪਾਲ ਨੇ ਰਾਜਭਵਨ ਤੋਂ ਲਾਈਵ ਵੀਡੀਓ ਸੰਦੇਸ਼ ਰਾਹੀਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦੀ ਪ੍ਰੇਰਨਾ ਦਿੱਤੀ ਸੀ।ਹੁਣ ਮੌਸਮ ਸਾਫ਼ ਹੋਣ ਮਗਰੋਂ ਉਹ ਖੁਦ ਮੈਦਾਨ ਵਿੱਚ ਉਤਰ ਕੇ ਇਸ ਮੁਹਿੰਮ ਨੂੰ 'ਜਨ ਅੰਦੋਲਨ' ਬਣਾਉਣ ਆ ਰਹੇ ਹਨ।ਇਸ ਸਬੰਧੀ ਜਾਣਕਾਰੀ ਦਿੰਦਿਆਂ ਕਰਨ ਗਿਲਹੋਤਰਾ ਫਾਊਂਡੇਸ਼ਨ ਦੇ ਸੰਸਥਾਪਕ ਕਰਨ ਗਿਲਹੋਤਰਾ ਨੇ ਦੱਸਿਆ ਕਿ ਨਸ਼ਾ ਵਿਰੋਧੀ ਪੈਦਲ ਯਾਤਰਾ 11 ਫ਼ਰਵਰੀ ਨੂੰ ਸਵੇਰੇ 10 ਵਜੇ ਸ਼ੁਰੂ ਕੀਤੀ ਜਾਵੇਗੀ। ਇਸ ਯਾਤਰਾ ਦੀ ਸ਼ੁਰੂਆਤ ਫਾਜ਼ਿਲਕਾ ਦੇ ਸੰਜੀਵ ਸਿਨੇਮਾ ਚੌਕ ਤੋਂ ਰਾਜਪਾਲ ਗੁਲਾਬ ਚੰਦ ਕਟਾਰੀਆ ਵੱਲੋਂ ਕੀਤੀ ਜਾਵੇਗੀ ਤੇ ਉਹ ਖੁਦ ਇਸ ਦੀ ਅਗਵਾਈ ਕਰਨਗੇ।ਇਹ ਪੈਦਲ ਯਾਤਰਾ ਗਊਸ਼ਾਲਾ ਰੋਡ, ਸਾਈਕਲ ਬਾਜ਼ਾਰ, ਸ਼ਾਸਤਰੀ ਚੌਕ ਤੇ ਸਰਾਫ਼ਾ ਬਾਜ਼ਾਰ ਤੋਂ ਹੁੰਦੀ ਹੋਈ ਸ਼ਹਿਰ ਦੇ ਇਤਿਹਾਸਕ ਘੰਟਾਘਰ ਚੌਕ 'ਤੇ ਸਮਾਪਤ ਹੋਵੇਗੀ।



## ਬਜ਼ੁਰਗ ਨੂੰ ਮਹੀਨੇ ਭਰ 'ਡਿਜੀਟਲ ਅਰੈਸਟ' 'ਚ ਰੱਖ ਕੇ ਮਾਰੀ 49 ਲੱਖ ਰੁਪਏ ਦੀ ਠੱਗੀ

ਅਹਿਮਦਾਬਾਦ, 4 ਫਰਵਰੀ (ਚ.ਨ.ਸ): ਗੁਜਰਾਤ ਦੇ ਗਾਂਧੀਨਗਰ ਜ਼ਿਲ੍ਹੇ ਤੋਂ ਸਾਈਬਰ ਠਗੀ ਦਾ ਇੱਕ ਬੇਹੱਦ ਹੈਰਾਨ ਕਰਨ ਵਾਲਾ ਮਾਮਲਾ ਸਾਹਮਣੇ ਆਇਆ ਹੈ, ਜਿੱਥੇ 73 ਸਾਲਾ ਇੱਕ ਸੇਵਾਮੁਕਤ ਵਿਅਕਤੀ ਨੂੰ ਸਾਈਬਰ ਅਪਰਾਧੀਆਂ ਨੇ ਪੂਰੇ ਇੱਕ ਮਹੀਨੇ ਤੱਕ 'ਡਿਜੀਟਲ ਅਰੈਸਟ' (ਡਿਜੀਟਲ ਨਜ਼ਰਬੰਦੀ) ਵਿੱਚ ਰੱਖਿਆ। ਪਾਂਸਰ ਪਿੰਡ ਦੇ ਰਹਿਣ ਵਾਲੇ ਇਸ ਬਜ਼ੁਰਗ, ਜੋ ਕਿ ਰਿਟਾਇਰਮੈਂਟ ਤੋਂ ਬਾਅਦ ਇੱਕ ਛੋਟੀ ਜਿਹੀ ਲਾਇਬ੍ਰੇਰੀ ਚਲਾਉਂਦੇ ਹਨ, ਕੋਲੋਂ ਠੱਗਾਂ ਨੇ ਡਰਾ-ਧਮਕਾ ਕੇ ਲਗਭਗ 49 ਲੱਖ ਰੁਪਏ ਦੀ ਜਮ੍ਹਾਂ ਪੂੰਜੀ ਲੁੱਟ ਲਈ। ਮਿਲੀ ਜਾਣਕਾਰੀ ਅਨੁਸਾਰ ਇਹ ਸਿਲਸਿਲਾ 10 ਅਕਤੂਬਰ 2025 ਨੂੰ ਸ਼ੁਰੂ ਹੋਇਆ ਸੀ। ਪੀੜਤ ਬਜ਼ੁਰਗ ਨੂੰ ਸਭ ਤੋਂ ਪਹਿਲਾਂ ਟੈਲੀਕਾਮ ਵਿਭਾਗ ਦਾ ਅਧਿਕਾਰੀ ਬਣ ਕੇ ਇੱਕ ਵਿਅਕਤੀ ਨੇ ਫੋਨ ਕੀਤਾ ਅਤੇ ਕਿਹਾ ਕਿ ਉਨ੍ਹਾਂ ਦੇ ਨਾਮ 'ਤੇ ਜਾਰੀ ਸਿਮ ਕਾਰਡ ਰਾਹੀਂ ਗੈਰ-ਕਾਨੂੰਨੀ ਗਤੀਵਿਧੀਆਂ ਹੋ ਰਹੀਆਂ ਹਨ।ਠਗਾਂ ਨੇ ਬਜ਼ੁਰਗ ਨੂੰ ਡਰਾਇਆ ਕਿ ਉਨ੍ਹਾਂ ਵਿਰੁੱਧ ਅਪਰਾਧਿਕ ਮਾਮਲਾ ਦਰਜ ਕੀਤਾ ਗਿਆ ਹੈ ਤੇ ਉਨ੍ਹਾਂ ਦੇ ਸਾਰੇ ਬੈਂਕ ਖਾਤੇ ਤੇ ਸਿਮ ਕਾਰਡ ਬਲਾਕ ਕਰ ਦਿੱਤੇ ਜਾਣਗੇ। ਇਸ ਤੋਂ ਕੁਝ ਮਿੰਟਾਂ ਬਾਅਦ ਹੀ ਬਜ਼ੁਰਗ ਨੂੰ ਵਟਸਐਪ 'ਤੇ ਇਕ ਵੀਡੀਓ ਕਾਲ ਆਈ, ਜਿਸ ਵਿੱਚ ਸਾਹਮਣੇ ਵਾਲੇ ਵਿਅਕਤੀ ਨੇ ਆਪਣੀ ਪਛਾਣ ਦਿੱਲੀ ਪੁਲਿਸ ਦੇ ਅਧਿਕਾਰੀ 'ਨੀਰਜ ਠਾਕੁਰ' ਵਜੋਂ ਕਰਵਾਈ।ਠੱਗਾਂ ਨੇ ਬਜ਼ੁਰਗ 'ਤੇ ਦੋਸ਼ ਲਾਇਆ ਕਿ ਉਨ੍ਹਾਂ ਦਾ ਬੈਂਕ ਖਾਤਾ 'ਮਿਊਲ ਅਕਾਊਂਟ' (ਨਜਾਇਜ਼ ਪੈਸਿਆਂ ਦੇ ਲੈਣ-ਦੇਣ ਲਈ ਵਰਤਿਆ ਜਾਣ ਵਾਲਾ ਖਾਤਾ) ਵਜੋਂ ਵਰਤਿਆ ਗਿਆ ਹੈ। ਬਜ਼ੁਰਗ ਨੂੰ ਮਾਨਸਿਕ ਤੌਰ 'ਤੇ ਇੰਨਾ ਜ਼ਿਆਦਾ ਪ੍ਰੇਸ਼ਾਨ ਕੀਤਾ ਗਿਆ ਕਿ ਉਨ੍ਹਾਂ ਨੂੰ ਘਰ ਦੇ ਅੰਦਰ ਹੀ ਵੀਡੀਓ ਨਿਗਰਾਨੀ ਹੇਠ ਰਹਿਣ ਲਈ ਮਜਬੂਰ ਕਰ ਦਿੱਤਾ ਗਿਆ। ਅਪਰਾਧੀਆਂ ਨੇ ਉਨ੍ਹਾਂ ਨੂੰ ਸੌਣ ਤੱਕ ਦੀ ਇਜਾਜ਼ਤ ਨਹੀਂ ਦਿੱਤੀ ਅਤੇ ਹਰ ਘੰਟੇ ਵਟਸਐਪ 'ਤੇ (ਮੈਂ ਸੁਰੱਖਿਅਤ ਹਾਂ) ਦਾ ਮੈਸੇਜ ਭੇਜਣ ਦਾ ਹੁਕਮ ਦਿੱਤਾ। ਇਸ ਡਿਜੀਟਲ ਗ੍ਰਿਫਤਾਰੀ ਦੌਰਾਨ ਠੱਗਾਂ ਨੇ ਜਾਂਚ ਦੇ ਨਾਮ 'ਤੇ ਬਜ਼ੁਰਗ ਦੇ ਬੈਂਕ ਖਾਤਿਆਂ ਵਿੱਚੋਂ 49 ਲੱਖ ਰੁਪਏ ਆਪਣੇ ਖਾਤਿਆਂ ਵਿੱਚ ਟ੍ਰਾਂਸਫਰ ਕਰਵਾ ਲਏ।ਫਿਲਹਾਲ ਪੁਲਿਸ ਨੇ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।



## ਮੰਡੀ ਦੇ ਸ਼ੈਡ 'ਚੋਂ ਨੌਜਵਾਨ ਦੀ ਲਾਸ਼ ਮਿਲੀ

ਲੰਬੀ, 4 ਫਰਵਰੀ (ਚ.ਨ.ਸ): ਇੱਥੇ ਪਿੰਡ ਆਲਮਵਾਲਾ ਵਿੱਚ ਅੰਮ੍ਰਿਤਪਾਲ ਸਿੰਘ (19) ਦੀ ਲਾਸ਼ ਅੱਜ ਪਿੰਡ ਦੀ ਦਾਣਾ ਮੰਡੀ ਦੇ ਸ਼ੈਡ ਵਿੱਚ ਲਟਕਦੀ ਹੋਈ ਮਿਲੀ। ਕਬਰਵਾਲਾ ਪੁਲਿਸ ਨੇ ਮ੍ਰਿਤਕ ਦੇ ਪਿਤਾ ਦੇ ਬਿਆਨਾਂ 'ਤੇ ਪੰਜ ਵਿਅਕਤੀਆਂ ਖ਼ਿਲਾਫ਼ ਕਤਲ ਦਾ ਕੇਸ ਦਰਜ ਕਰ ਲਿਆ ਹੈ। ਮ੍ਰਿਤਕ ਅੰਮ੍ਰਿਤਪਾਲ ਸਿੰਘ 12ਵੀਂ ਪਾਸ ਸੀ ਅਤੇ ਉਸ ਨੂੰ ਕਥਿਤ ਤੌਰ 'ਤੇ ਪਿੰਡ ਦੇ ਕੁਝ ਨੌਜਵਾਨਾਂ ਦੀ ਮਾੜੀ ਸੰਗਤ ਵਿੱਚ ਪੈ ਕੇ ਨਸ਼ਿਆਂ ਦੀ ਲਤ ਲੱਗ ਗਈ ਸੀ। ਮ੍ਰਿਤਕ ਦੇ ਪਿਤਾ ਕੁਲਵਿੰਦਰ ਸਿੰਘ ਨੇ ਪੁਲਿਸ ਨੂੰ ਦਿੱਤੇ ਬਿਆਨਾਂ ਵਿੱਚ ਦੋਸ਼ ਲਗਾਇਆ ਕਿ ਅਜੀਤ ਸਿੰਘ, ਵਿਕਰਮਜੀਤ ਸਿੰਘ ਉਰਫ਼ ਵਿੱਕੀ, ਮਨਪ੍ਰੀਤ ਸਿੰਘ ਉਰਫ਼ ਮਨੀ, ਲਵਪ੍ਰੀਤ ਸਿੰਘ ਉਰਫ਼ ਲੱਭੂ ਤੇ ਅਰਸ਼ਦੀਪ ਸਿੰਘ ਨੇ ਮਿਲ ਕੇ ਉਸ ਦੇ ਪੁੱਤਰ ਦਾ ਕਤਲ ਕੀਤਾ ਹੈ। ਉਨ੍ਹਾਂ ਦੱਸਿਆ ਕਿ ਉਹ ਇਨ੍ਹਾਂ ਨੌਜਵਾਨਾਂ ਨੂੰ ਅੰਮ੍ਰਿਤਪਾਲ ਨੂੰ ਨਸ਼ਿਆਂ ਤੋਂ ਦੂਰ ਰੱਖਣ ਤੇ ਨਾਲ ਲਿਜਾਣ ਤੋਂ ਰੋਕਦਾ ਰਿਹਾ ਹੈ, ਜਿਸ ਕਾਰਨ ਮੁਲਜ਼ਮਾਂ ਨੇ ਉਸ ਨਾਲ ਰੰਜਿਸ਼ ਪਾਲ ਲਈ। ਪਿਤਾ ਅਨੁਸਾਰ ਮੁਲਜ਼ਮਾਂ ਵੱਲੋਂ ਪਹਿਲਾਂ ਵੀ ਧਮਕੀ ਦਿੱਤੀ ਗਈ ਸੀ ਕਿ ਜੇ ਉਹ ਉਨ੍ਹਾਂ ਨੂੰ ਰੋਕਣ ਤੋਂ ਨਾ ਹਟਿਆ ਤਾਂ ਅੰਮ੍ਰਿਤਪਾਲ ਨੂੰ ਹਮੇਸ਼ਾ ਲਈ ਉਸ ਤੋਂ ਦੂਰ ਕਰ ਦਿੱਤਾ ਜਾਵੇਗਾ। ਮ੍ਰਿਤਕ ਦੇ ਪਿਤਾ ਮੁਤਾਬਕ 31 ਜਨਵਰੀ ਨੂੰ ਦੁਪਹਿਰ ਸਮੇਂ ਅਜੀਤ ਸਿੰਘ ਤੇ ਮਨਪ੍ਰੀਤ ਸਿੰਘ ਉਰਫ਼ ਮਨੀ ਅੰਮ੍ਰਿਤਪਾਲ ਨੂੰ ਜ਼ਬਰਦਸਤੀ ਆਪਣੇ ਨਾਲ ਮੋਟਰਸਾਈਕਲ 'ਤੇ ਬਿਠਾ ਕੇ ਲੈ ਗਏ ਸਨ। ਤਿੰਨ ਦਿਨ ਤੱਕ ਲਗਾਤਾਰ ਭਾਲ ਕਰਨ ਤੋਂ ਬਾਅਦ ਅੱਜ ਅੰਮ੍ਰਿਤਪਾਲ ਦੀ ਲਾਸ਼ ਸ਼ੱਕੀ ਹਾਲਤ ਵਿੱਚ ਬਰਾਮਦ ਹੋਈ ਹੈ। ਕਬਰਵਾਲਾ ਪੁਲਿਸ ਨੇ ਮੁਲਜ਼ਮਾਂ ਅਜੀਤ ਸਿੰਘ, ਵਿਕਰਮਜੀਤ ਸਿੰਘ ਉਰਫ਼ ਵਿੱਕੀ, ਮਨਪ੍ਰੀਤ ਸਿੰਘ ਉਰਫ਼ ਮਨੀ, ਲਵਪ੍ਰੀਤ ਸਿੰਘ ਤੇ ਅਰਸ਼ਦੀਪ ਸਿੰਘ ਦੇ ਖ਼ਿਲਾਫ਼ ਕੇਸ ਦਰਜ ਕਰਕੇ ਉਨ੍ਹਾਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ।



## ਸੁਖਬੀਰ ਬਾਦਲ ਨੇ ਬਲਜੀਤ ਭੁੱਟਾ ਨੂੰ ਹਲਕਾ ਫਤਹਿਗੜ੍ਹ ਸਾਹਿਬ ਤੋਂ ਸ਼੍ਰੋਮਣੀ ਅਕਾਲੀ ਦਲ ਦਾ ਇੰਚਾਰਜ ਨਿਯੁਕਤ ਕੀਤਾ

### ☛ਬਲਜੀਤ ਭੁੱਟਾ ਨੇ ਗੁ. ਸ੍ਰੀ ਫਤਹਿਗੜ੍ਹ ਸਾਹਿਬ ਪਹੁੰਚ ਕੇ ਪਰਮਾਤਮਾ ਦਾ ਕੀਤਾ ਸ਼ੁਕਰਾਨਾ



ਸ੍ਰੀ ਫਤਹਿਗੜ੍ਹ ਸਾਹਿਬ, 4 ਫਰਵਰੀ (ਹਰਪ੍ਰੀਤ ਕੌਰ ਟਿਵਾਣਾ): ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਸਾਬਕਾ ਚੇਅਰਮੈਨ ਬਲਜੀਤ ਸਿੰਘ ਭੁੱਟਾ ਨੂੰ ਹਲਕਾ ਸ੍ਰੀ ਫਤਿਹਗੜ੍ਹ ਸਾਹਿਬ ਤੋਂ ਸ਼੍ਰੋਮਣੀ ਅਕਾਲੀ ਦਲ ਦਾ ਇੰਚਾਰਜ ਨਿਯੁਕਤ ਕੀਤਾ ਹੈ, ਇਸ ਮੌਕੇ ਤੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਬਲਜੀਤ ਸਿੰਘ ਭੁੱਟਾ ਨੂੰ ਸਿਰਪਾਓ ਦੇ ਕੇ ਸਨਮਾਨਤ ਵੀ ਕੀਤਾ।ਇਸ ਮੌਕੇ ਤੇ ਯੂਥ ਅਕਾਲੀ ਦਲ ਦੇ ਪ੍ਰਧਾਨ ਸਰਬਜੀਤ ਸਿੰਘ ਝਿੰਜਰ, ਸ਼੍ਰੋਮਣੀ ਅਕਾਲੀ ਦਲ ਹਲਕਾ ਅਮਲੋਹ ਦੇ ਇੰਚਾਰਜ ਗੁਰਪ੍ਰੀਤ ਸਿੰਘ ਰਾਜੂ ਖੰਨਾ, ਹਲਕਾ ਬਸੀ ਪਠਾਣਾਂ ਦੇ ਇੰਚਾਰਜ ਦਰਬਾਰਾ ਸਿੰਘ ਗੁਰੂ, ਸੀਨੀਅਰ ਅਕਾਲੀ ਆਗੂ ਦਿਲਬਾਗ ਸਿੰਘ ਬਧੌਛੀ, ਸਾਬਕਾ ਚੇਅਰਮੈਨ ਦਵਿੰਦਰ ਸਿੰਘ ਬਹਿਲੋਲਪੁਰ ਤੇ ਹੋਰ ਅਕਾਲੀ ਦਲ ਦੇ ਆਗੂ ਸਾਹਿਬਾਨ ਵੀ ਹਾਜ਼ਰ ਸਨ।ਇਸ ਦੌਰਾਨ ਹਲਕਾ ਸ੍ਰੀ ਫਤਿਹਗੜ੍ਹ ਸਾਹਿਬ ਦੇ ਨਵ ਨਿਯੁਕਤ ਇੰਚਾਰਜ ਬਲਜੀਤ ਸਿੰਘ ਭੁੱਟਾ ਫਤਿਹਗੜ੍ਹ ਸਾਹਿਬ ਪਹੁੰਚ ਕੇ ਸ਼ਹੀਦਾਂ ਤੇ ਪਵਿੱਤਰ ਅਸਥਾਨ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਪਰਮਾਤਮਾ ਦਾ ਸ਼ੁਕਰਾਨਾ ਕੀਤਾ ਤੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਦਿੱਤੀ ਗਈ ਇਸ ਵੱਡੀ ਜਿੰਮੇਵਾਰੀ ਬਦਲੇ ਧੰਨਵਾਦ ਵੀ ਕੀਤਾ।ਇਸ ਮੌਕੇ ਤੇ ਬਲਜੀਤ ਸਿੰਘ ਭੁੱਟਾ ਨੇ ਕਿਹਾ ਕਿ ਉਹ ਸ਼੍ਰੋਮਣੀ ਅਕਾਲੀ ਦਲ ਨੂੰ ਹਲਕਾ ਫਤਿਹਗੜ੍ਹ ਸਾਹਿਬ ਵਿੱਚ ਮਜਬੂਤ ਕਰਨ ਲਈ ਟਕਸਾਲੀ ਅਕਾਲੀ ਆਗੂਆਂ ਦੇ ਘਰੋਂ ਘਰ ਜਾਣਗੇ ਤੇ ਕਿਸੇ ਕਾਰਨ ਰੁੱਸੇ ਹੋਏ ਵਰਕਰਾਂ ਨੂੰ ਮਨਾ ਕੇ ਅਕਾਲੀ ਦਲ ਵਿੱਚ ਮੁੜ ਲਿਆਕੇ ਮਜਬੂਤ ਕਰਨਗੇ। ਉਨ੍ਹਾਂ ਕਿਹਾ ਕਿ ਉਹ ਹਲਕਾ ਫਤਿਹਗੜ੍ਹ ਸਾਹਿਬ ਵਿੱਚ ਅਕਾਲੀ ਵਰਕਰਾਂ ਦੀ ਆਵਾਜ਼ ਬਣ ਕੇ ਮੋਹਰੀ ਰੋਲ ਅਦਾ ਕਰਨਗੇ।ਨਵ ਨਿਯੁਕਤ ਹਲਕਾ ਇੰਚਾਰਜ ਬਲਜੀਤ ਸਿੰਘ ਭੁੱਟਾ ਨੇ ਕਿਹਾ ਕਿ ਉਨਾਂ ਨੇ ਆਪਣੀ ਸਿਆਸਤ ਆਪਣੇ ਪਿੰਡ ਦੇ ਬਤੌਰ ਸਰਪੰਚ ਤੋਂ ਸ਼ੁਰੂ ਕੀਤੀ, ਪਿੰਡ ਦੇ ਬਤੌਰ ਕਲੱਬ ਦੇ ਪ੍ਰਧਾਨ ਵਜੋਂ ਸੇਵਾਵਾਂ ਨਿਭਾਈਆਂ, ਚਾਰ ਪਿੰਡਾਂ ਦੀ ਕੋਆਪਰੇਟਿਵ ਸੋਸਾਇਟੀ ਦੇ ਡਾਇਰੈਕਟਰ ਫਿਰ ਪ੍ਰਧਾਨ ਬਣੇ, ਫਿਰ ਕੋਆਪਰੇਟਿਵ ਬੈਂਕਾਂ ਦੀ ਸੁਸਾਇਟੀ ਦੇ ਜਿਲਾ ਡਾਇਰੈਕਟਰ, ਪੰਜਾਬ ਸਟੇਟ ਬੈਂਕ ਚੰਡੀਗੜ੍ਹ ਦੇ ਪੰਜ ਸਾਲ ਡਾਇਰੈਕਟਰ ਬਣੇ।ਇਸ ਉਪਰੰਤ ਜ਼ਿਲਾ ਪਰਿਸ਼ਦ ਫਤਿਹਗੜ੍ਹ ਸਾਹਿਬ ਦੇ ਮੈਂਬਰ ਚੋਣ ਜਿੱਤ ਕੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਜਿਲਾ ਪਰਿਸ਼ਦ ਫਤਿਹਗੜ੍ਹ ਸਾਹਿਬ ਦੇ ਚੇਅਰਮੈਨ ਬਣੇ।ਉਨਾਂ ਕਿਹਾ ਕਿ ਪੰਜ ਸਾਲ ਬਤੌਰ ਜ਼ਿਲਾ ਪਰਿਸ਼ਦ ਚੇਅਰਮੈਨ ਵਜੋਂ ਜਿਲਾ ਫਤਿਹਗੜ੍ਹ ਸਾਹਿਬ ਦੀ ਵਿੱਚ ਨਿਭਾਈਆਂ ਗਈਆਂ ਸ਼ਾਨਦਾਰ ਸੇਵਾਵਾਂ ਨੂੰ ਦੇਖਦਿਆਂ ਹੋਇਆ ਰਾਜ ਸਰਕਾਰ ਵੱਲੋਂ ਪ੍ਰਸ਼ੰਸਾ ਕੀਤੀ ਗਈ। ਉਨਾਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦਾ ਧੰਨਵਾਦ ਕੀਤਾ।

## ਪੰਜਾਬ 'ਚ 'ਆਪ' ਦੀ ਹੀ ਬਣੇਗੀ ਅਗਲੀ ਸਰਕਾਰ: ਹਰਪਾਲ ਚੀਮਾ

### ☛ਵਿਧਾਇਕ ਗੈਰੀ ਬੜਿੰਗ ਦੀ ਅਗਵਾਈ 'ਚ ਭਾਂਬਰੀ, ਸੋਫ਼ਤ ਸਮੇਤ ਕਈ ਆਗੂ 'ਆਪ' 'ਚ ਸ਼ਾਮਲ



ਮੰਡੀ ਗੋਬਿੰਦਗੜ੍ਹ, 4 ਫਰਵਰੀ (ਸੂਦ): ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸ਼੍ਰੋਮਣੀ ਅਕਾਲੀ ਦਲ ਦੀ ਤਿੱਖੀ ਅਲੋਚਨਾ ਕਰਦਿਆਂ ਕਿਹਾ ਕਿ ਇਨ੍ਹਾਂ ਦੇ ਹਿੱਸੇ ਬੇਅਦਬੀ, ਨਿਰਦੋਸ਼ ਲੋਕਾਂ 'ਤੇ ਗੋਲੀ ਚਲਾਉਣੀ ਤੇ ਨਸ਼ਿਆਂ ਨੂੰ ਉਤਸ਼ਾਹਿਤ ਕਰਨਾ ਹੈ। ਇਸ ਲਈ ਪੰਜਾਬ ਦੇ ਲੋਕ 2027 ਵਿਚ ਮੁੜ ਪੰਜਾਬ ਵਿਚ ਆਮ ਆਦਮੀ ਪਾਰਟੀ ਦੀ ਸਰਕਾਰ ਕਾਇਮ ਕਰਨਗੇ। ਉਹ ਅੱਜ ਇੱਥੇ ਅਮਲੋਹ ਹਲਕੇ ਦੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਦੀ ਅਗਵਾਈ ਹੇਠ ਰੱਖੇ ਇਕ ਸਮਾਗਮ ਵਿਚ ਪੁਰਾਣੇ ਟਕਸਾਲੀ ਅਕਾਲੀ ਆਗੂ ਤੇ ਸਾਬਕਾ ਕੌਂਸਲ ਪ੍ਰਧਾਨ ਸੁਖਵਿੰਦਰ ਸਿੰਘ ਭਾਂਬਰੀ, ਉਨ੍ਹਾਂ ਦੀ ਪਤਨੀ ਸਾਬਕਾ ਕੌਂਸਲਰ ਕਮਲਜੀਤ ਕੌਰ ਭਾਂਬਰੀ, ਸਾਬਕਾ ਕੌਂਸਲਰ ਰਕੇਸ਼ ਸੋਫ਼ਤ, ਬਸਪਾ ਦੇ ਸਾਬਕਾ ਕੌਂਸਲਰ ਹਰਚੰਦ ਸਿੰਘ ਨਸਰਾਲੀ ਸਮੇਤ ਕਈ ਆਗੂਆਂ ਨੂੰ ਪਾਰਟੀ ਵਿਚ ਸ਼ਾਮਲ ਹੋਣ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਪੰਜਾਬ ਦਾ ਹਰ ਵਰਗ 'ਆਪ' ਸਰਕਾਰ ਦੀ ਕਾਰਗੁਜ਼ਾਰੀ ਤੋਂ ਖੁਸ਼ ਹੈ ਤੇ ਉਨ੍ਹਾਂ ਪੰਜਾਬ ਦੀ ਮੁੜ ਸੱਤਾ 'ਆਪ' ਦੇ ਹਵਾਲੇ ਕਰਨ ਦਾ ਮਨ ਬਣਾ ਲਿਆ ਹੈ, ਜਿਸ ਕਾਰਨ ਵਿਰੋਧੀ ਪਾਰਟੀਆਂ ਪਾਸ ਗੁੰਮਰਾਹਕੁੰਨ ਪ੍ਰਚਾਰ ਤੋਂ ਇਲਾਵਾ ਹੋਰ ਕੁਝ ਨਹੀਂ। ਉਨ੍ਹਾਂ ਸਰਕਾਰ ਵੱਲੋਂ 10 ਲੱਖ ਦੀ ਸਿਹਤ ਬੀਮਾ ਯੋਜਨਾ ਦਾ ਜ਼ਿਕਰ ਕਰਦਿਆ ਕਿਹਾ ਕਿ ਹਰ ਪਰਿਵਾਰ ਨੂੰ ਹੁਣ ਮਹਿੰਗੇ ਇਲਾਜ ਲਈ ਵੱਡੇ ਹਸਪਤਾਲਾਂ ਵਿਚ ਧੱਕੇ ਨਹੀਂ ਖਾਣੇ ਪੈਣਗੇ। ਸ੍ਰੀ ਭਬਰੀ ਨੇ ਕਿਹਾ ਕਿ ਉਹ ਵਗੈਰ ਸ਼ਰਤ ਅਤੇ ਵਗੈਰ ਕਿਸੇ ਅਹੁੱਦੇ ਦੀ ਲਾਲਸਾ ਤੋਂ ਆਮ ਆਦਮੀ ਪਾਰਟੀ ਵਿਚ ਸਾਮਲ ਹੋਏ ਹਨ ਤੇ ਉਹ ਆਪਣੇ ਤਜਰਬੇ ਨੂੰ ਲੋਕ ਸੇਵਾ ਲਈ ਸਮਰਪਿਤ ਕਰਦੇ ਹੋਏ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਹਰ ਸੰਭਵ ਯਤਨ ਕਰਨਗੇ। ਇਕੱਤਰਤਾ ਨੂੰ ਸੰਬੋਧਨ ਕਰਦਿਆਂ ਸ੍ਰੀ ਚੀਮਾ ਨੇ ਸਰਕਾਰ ਵੱਲੋਂ ਨਸ਼ਿਆਂ ਤੇ ਗੈਂਗਸਟਰਾਂ ਖ਼ਿਲਾਫ਼ ਕੀਤੀ ਸਖ਼ਤ ਕਾਰਵਾਈ ਬਾਰੇ ਵੀ ਜ਼ਿਕਰ ਕੀਤਾ। ਚੀਮਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਮਹਾਰਾਸ਼ਟਰ, ਗੋਆ ਤੇ ਜੰਮੂ ਕਸ਼ਮੀਰ ਵਰਗੇ ਰਾਜਾਂ ਵਿੱਚ ਵੀ ਆਪਣੀ ਹਾਜ਼ਰੀ ਦਰਜ ਕਰਵਾਈ ਹੈ, ਜੋ ਇਸ ਗੱਲ ਦਾ ਸਬੂਤ ਹੈ ਕਿ ਦੇਸ਼ ਭਰ ਦੇ ਲੋਕ ਸਾਫ਼-ਸੁਥਰੀ ਤੇ ਇਮਾਨਦਾਰ ਸਿਆਸਤ ਨੂੰ ਤਰਜ਼ੀਹ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਪਾਰਟੀ ਵਿਚ ਸ਼ਾਮਲ ਹੋਏ ਨੇਤਾਵਾਂ ਨਾਲ ਪਾਰਟੀ ਨੂੰ ਹੋਰ ਵਧੇਰੇ ਮਜ਼ਬੂਤੀ ਮਿਲੇਗੀ। ਇਸ ਮੌਕੇ ਕੌਂਸਲ ਪ੍ਰਧਾਨ ਹਰਪ੍ਰੀਤ ਸਿੰਘ ਪ੍ਰਿੰਸ, ਜ਼ਿਲ੍ਹਾ ਪਰਿਸ਼ਦ ਮੈਂਬਰ ਸ਼ਿੰਗਾਰਾ ਸਿੰਘ ਸਲਾਣਾ, ਮਾਰਕੀਟ ਕਮੇਟੀ ਦੀ ਚੇਅਰਪਰਸਨ ਸੁਖਵਿੰਦਰ ਕੌਰ ਗਹਿਲੋਤ, ਦਰਸ਼ਨ ਸਿੰਘ ਚੀਮਾਂ, ਵਾਰਡ ਨੰਬਰ 21 ਦੇ ਇੰਚਾਰਜ਼ ਜਗਦੀਸ ਸਿੰਘ ਗੋਲਡੀ ਘੁੰਮਣ, ਹਰਪ੍ਰੀਤ ਕੌਰ ਘੁੰਮਣ, ਓਂਕਾਰ ਸਿੰਘ ਚੌਹਾਨ, ਸੰਚਿਤ ਸਿੰਗਲਾ, ਸੱਤਿਆਪਾਲ ਸਿੰਘ ਲੋਧੀ, ਅਮਰਜੀਤ ਸਿੰਘ ਵਾਲੀਆ, ਜਗਦੀਪ ਸਿੰਘ ਚੱਠਾ, ਸਤਨਾਮ ਸਿੰਘ ਚਾਵਲਾ, ਮਨੀਸ਼ ਗੁਪਤਾ, ਦੀਪਕ ਮਲਹੋਤਰਾ, ਅਮਿਤ ਠਾਕੁਰ, ਪਰਮਜੀਤ ਵਾਲੀਆ, ਹਰਚੰਦ ਸਿੰਘ ਨਸਰਾਲੀ, ਭਲਵਿੰਦਰ ਸਿੰਘ ਗੋਗੀ, ਕੌਂਸਲਰ ਵਿਨੀਤ ਕੁਮਾਰ ਬਿੱਟੂ, ਕੌਂਸਲਰ ਰਾਧਿਕਾ ਵਰਮਾ, ਕ੍ਰਿਸ਼ਨ ਵਰਮਾ ਬੌਬੀ, ਕੌਂਸਲਰ ਸੁਖਵਿੰਦਰ ਕੌਰ, ਗੀਤਾਂਜਲੀ, ਬੇਬੀ ਧੀਮਾਨ, ਮਨੋਜ ਜਸਵਾਲ ਤੇ ਸਤਨਾਮ ਸਿੰਘ ਚਾਵਲਾ ਹਾਜ਼ਰ ਸਨ।

## ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਵੱਲੋਂ ਛੇ ਗਲ਼ੀਆਂ 'ਚ ਇੰਟਰਲਾਕਿੰਗ ਟਾਇਲਾਂ ਲਗਾਉਣ ਦਾ ਉਦਘਾਟਨ

### ☛ਸ਼ਹਿਰ 'ਚ ਵਿਕਾਸ ਕਾਰਜ ਜੰਗੀ ਪੱਧਰ 'ਤੇ ਚੱਲ ਰਹੇ ਨੇ: ਡਾ. ਅਰੋੜਾ



ਮੋਗਾ, 4 ਫਰਵਰੀ (ਗੁਰਦੇਵ ਖੁਰਾਣਾ/ਨਿਸ਼ੀ ਮਨਚੰਦਾ): ਅੱਜ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਵਾਰਡ ਨੰਬਰ 1 ਵਿੱਚ ਸਾਉਣੀ ਵਾਲਾ ਰੋਡ ਤੇ ਇਸ ਨਾਲ ਲਗਦੀਆਂ 6 ਗਲੀਆਂ ਵਿੱਚ 49 ਲੱਖ ਦੀ ਲਾਗਤ ਨਾਲ ਇੰਟਰਲਾਕਿੰਗ ਟਾਈਲਾਂ ਤੇ ਇੱਟਾਂ ਲਗਾਉਣ ਦਾ ਉਦਘਾਟਨ ਕੀਤਾ। ਇਸ ਮੌਕੇ ਵਾਰਡ ਇੰਚਾਰਜ ਰਾਜੂ ਲੰਡੇਕੇ, ਕੌਂਸਲਰ ਜਸਵਿੰਦਰ ਸਿੰਘ ਕਾਕਾ, ਵਾਰਡ ਨਿਵਾਸੀਆਂ ਤੇ ਆਮ ਆਦਮੀ ਪਾਰਟੀ ਦੇ ਵਲੰਟੀਅਰਾਂ ਮੌਜੂਦ ਸਨ। ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਦੱਸਿਆ ਕਿ ਮੋਗਾ ਸ਼ਹਿਰ ਦੇ ਵਾਰਡਾਂ ਵਿੱਚ ਵਿਕਾਸ ਕਾਰਜ ਜੰਗੀ ਪੱਧਰ 'ਤੇ ਚੱਲ ਰਹੇ ਹਨ ਤੇ ਕਿਸੇ ਵੀ ਤਰ੍ਹਾਂ ਦੀ ਢਿੱਲ-ਮੱਠ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਅਜਿਹੇ ਵਿਕਾਸ ਕਾਰਜ ਇਲਾਕੇ ਦੀ ਸੁੰਦਰਤਾ ਅਤੇ ਬੁਨਿਆਦੀ ਢਾਂਚੇ ਨੂੰ ਵਧਾਉਣ ਲਈ ਜਾਰੀ ਰਹਿਣਗੇ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵੀ ਵਾਰਡ ਨਿਵਾਸੀ ਨੂੰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਆਉਂਦੀ ਹੈ, ਤਾਂ ਇਹ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੀ ਜਾਵੇ, ਜਿਸਦਾ ਹੱਲ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ। ਇਸ ਮੌਕੇ ਵਾਰਡ ਇੰਚਾਰਜ ਰਾਜੂ ਲੰਡੇਕੇ, ਕੌਂਸਲਰ ਜਸਵਿੰਦਰ ਸਿੰਘ ਕਾਕਾ ਤੇ ਵਾਰਡ ਨਿਵਾਸੀਆਂ ਨੇ ਇਲਾਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੂੰ ਵਾਰਡ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਲਈ ਮਠਿਆਈ ਭੇਟ ਕਰਕੇ ਧੰਨਵਾਦ ਕੀਤਾ।

## ਸੁਪਰੀਮ ਕੋਰਟ ਤੋਂ ਰਾਹਤ ਮਗਰੋਂ ਫਾਜ਼ਿਲਕਾ 'ਚ ਅਕਾਲੀ ਦਲ ਵੱਲੋਂ ਖੁਸ਼ੀ ਦਾ ਇਜ਼ਹਾਰ



ਫਾਜ਼ਿਲਕਾ, 4 ਫਰਵਰੀ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਨੂੰ ਸੁਪਰੀਮ ਕੋਰਟ ਤੋਂ ਰਾਹਤ ਮਿਲਣ ਮਗਰੋਂ ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਵੱਲੋਂ ਫਾਜ਼ਿਲਕਾ ਦੇ ਚੌਕ ਘੰਟਾਘਰ ਵਿਖੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ ਹਲਕਾ ਇੰਚਾਰਜ ਸੰਪੂਰਨ ਸਿੰਘ ਦੀ ਅਗਵਾਈ ਹੇਠ ਲੱਡੂ ਵੰਡ ਕੇ ਅਦਾਲਤ ਦੇ ਫ਼ੈਸਲੇ ਦਾ ਸਵਾਗਤ ਕੀਤਾ ਗਿਆ।ਇਸ ਮੌਕੇ ਹਲਕਾ ਇੰਚਾਰਜ ਸੰਪੂਰਨ ਸਿੰਘ ਨੇ ਕਿਹਾ ਕਿ ਬਿਕਰਮ ਸਿੰਘ ਮਜੀਠੀਆ ਨੂੰ ਮਿਲੀ ਜ਼ਮਾਨਤ ਸੱਚ ਤੇ ਇਨਸਾਫ਼ ਦੀ ਜਿੱਤ ਹੈ।ਉਨ੍ਹਾਂ ਕਿਹਾ ਕਿ ਇਸ ਫ਼ੈਸਲੇ ਨਾਲ ਇਹ ਸਾਬਤ ਹੋ ਗਿਆ ਹੈ ਕਿ ਸਿਆਸੀ ਬਦਲੇ ਦੀ ਨੀਤੀ ਰਾਹੀਂ ਸ਼੍ਰੋਮਣੀ ਅਕਾਲੀ ਦਲ ਦੀ ਆਵਾਜ਼ ਨੂੰ ਦਬਾਇਆ ਨਹੀਂ ਜਾ ਸਕਦਾ।ਉਨ੍ਹਾਂ ਕਿਹਾ ਕਿ ਬਿਕਰਮ ਸਿੰਘ ਮਜੀਠੀਆ ਪੰਜਾਬ ਦੀ ਜਨਤਾ ਦੀ ਇੱਕ ਬੁਲੰਦ ਅਤੇ ਨਿਡਰ ਆਵਾਜ਼ ਹਨ, ਜਿਨ੍ਹਾਂ ਨੂੰ ਨਾ ਤਾਂ ਡਰਾਇਆ ਜਾ ਸਕਦਾ ਹੈ ਤੇ ਨਾ ਹੀ ਦਬਾਇਆ। ਇਸ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤੇਜਵੰਤ ਸਿੰਘ ਟੀਟਾ ਕਾਠਪਾਲ ਨੇ ਕਿਹਾ ਕਿ ਅਕਾਲੀ ਦਲ ਸਦਾ ਪੰਜਾਬ, ਪੰਥ ਤੇ ਲੋਕਾਂ ਦੇ ਹੱਕਾਂ ਲਈ ਸੰਘਰਸ਼ ਕਰਦਾ ਆਇਆ ਹੈ ਤੇ ਭਵਿੱਖ ਵਿੱਚ ਇਹ ਸੰਘਰਸ਼ ਹੋਰ ਵੀ ਤਿੱਖਾ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਮਜੀਠੀਆ ਦੀ ਰਿਹਾਈ ਨਾਲ ਵਰਕਰਾਂ ਵਿੱਚ ਨਵਾਂ ਜੋਸ਼ ਅਤੇ ਹੌਸਲਾ ਪੈਦਾ ਹੋਇਆ ਹੈ, ਜੋ ਆਉਣ ਵਾਲੇ ਸਮੇਂ ਵਿੱਚ ਸਿਆਸੀ ਮੈਦਾਨ ਵਿੱਚ ਸਾਫ਼ ਨਜ਼ਰ ਆਵੇਗਾ। ਇਹ ਫ਼ੈਸਲਾ ਸੱਚ ਅਤੇ ਇਨਸਾਫ਼ ਦੀ ਜਿੱਤ ਹੈ।ਇਸ ਮੌਕੇ ਗੁਰਜੰਟ ਸਿੰਘ ਬੱਬੀ ਖੋਸਾ, ਬਲਵੀਰ ਸਿੰਘ ਝੰਗੜ ਭੈਣੀ, ਅਮਰੀਕ ਸਿੰਘ ਰਮਾਨਾ, ਰਾਜ ਕੁਮਾਰ, ਵਿਨੋਦ ਕੁਮਾਰ, ਰਵਿੰਦਰ ਸ਼ਰਮਾ, ਧਰਮਿੰਦਰ ਸਿੰਘ, ਪਰਮਜੀਤ ਸਿੰਘ, ਅਮਰ ਸਿੰਘ, ਜਸਵੰਤ ਸਿੰਘ, ਮਹਿੰਦਰ ਸਿੰਘ ਸਮੇਤ ਹੋਰ ਅਨੇਕਾਂ ਵਰਕਰ ਹਾਜ਼ਰ ਸਨ।

## ਫ਼ਿਰੋਜ਼ਪੁਰ ਵਿਖੇ ਦੋ ਨਵ-ਨਿਯੁਕਤ ਮੈਡੀਕਲ ਅਫ਼ਸਰਾਂ ਨੇ ਕੀਤਾ ਜੁਆਇਨ



ਫ਼ਿਰੋਜ਼ਪੁਰ, 4 ਫਰਵਰੀ (ਤਿਵਾੜੀ): ਸਿਹਤ ਵਿਭਾਗ ਫ਼ਿਰੋਜ਼ਪੁਰ ਵਿਖੇ ਅੱਜ 2 ਨਵੇਂ ਨਵ ਨਿਯੁਕਤ ਮੈਡੀਕਲ ਅਫ਼ਸਰਾਂ ਨੇ ਜੁਆਇਨ ਕੀਤਾ। ਇਸ ਮੌਕੇ ਸਿਵਲ ਸਰਜਨ ਫ਼ਿਰੋਜ਼ਪੁਰ ਡਾ. ਰਾਜੀਵ ਪਰਾਸ਼ਰ ਦੀ ਅਗਵਾਈ ਹੇਠ ਜੁਆਇਨਿੰਗ ਦੀ ਕਾਰਵਾਈ ਪੂਰੀ ਕੀਤੀ ਗਈ। ਡਾ. ਸਮਾਈਲ ਪ੍ਰੀਤ ਸਿਵਲ ਹਪਸਤਾਲ ਫ਼ਿਰੋਜ਼ਪੁਰ ਤੇ ਡਾ. ਨਵਦੀਪ ਸਿੰਘ ਸਬ ਡਵੀਜ਼ਨ ਹਸਪਤਾਲ ਜ਼ੀਰਾ ਵਿਖੇ ਆਪਣੀਆਂ ਸੇਵਾਵਾਂ ਦੇਣਗੇ।ਸਿਵਲ ਸਰਜਨ ਡਾ. ਰਾਜੀਵ ਪਰਾਸ਼ਰ ਨੇ ਕਿਹਾ ਕਿ ਜ਼ਿਲ੍ਹੇ ਦੇ ਸਿਹਤ ਸੰਸਥਾਨਾਂ ਵਿੱਚ ਮੈਡੀਕਲ ਅਫ਼ਸਰਾਂ ਦੀ ਘਾਟ ਨੂੰ ਪੂਰਾ ਕਰਨ ਵੱਲ ਇਹ ਇੱਕ ਮਹੱਤਵਪੂਰਨ ਕਦਮ ਹੈ, ਜਿਸ ਨਾਲ ਆਮ ਲੋਕਾਂ ਨੂੰ ਸਮੇਂ ਸਿਰ 'ਤੇ ਗੁਣਵੱਤਾਪੂਰਨ ਸਿਹਤ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਸਕਣਗੀਆਂ।ਉਨ੍ਹਾਂ ਨੇ ਮਰੀਜ਼ਾਂ ਨਾਲ ਸੁਚੱਜਾ ਤੇ ਸੰਵੇਦਨਸ਼ੀਲ ਵਿਹਾਰ ਕਰਨ, ਸਰਕਾਰੀ ਸਕੀਮਾਂ ਨੂੰ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ 'ਤੇ ਵੀ ਜ਼ੋਰ ਦਿੱਤਾ।ਉਨ੍ਹਾਂ ਕਿਹਾ ਕਿ ਨਵੇਂ ਮੈਡੀਕਲ ਅਫ਼ਸਰਾਂ ਦੇ ਆਉਣ ਨਾਲ ਜ਼ਿਲ੍ਹਾ ਫ਼ਿਰੋਜ਼ਪੁਰ ਵਿੱਚ ਸਿਹਤ ਸੇਵਾਵਾਂ ਹੋਰ ਮਜ਼ਬੂਤ ਹੋ ਜਾਣਗੀਆਂ।ਇਸ ਮੌਕੇ ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਸੰਜੀਵ ਸ਼ਰਮਾ, ਸੀਨੀਅਰ ਸਹਾਇਕ ਕ੍ਰਿਸ਼ਨ ਕੁਮਾਰ, ਪੀਏ ਵਿਕਾਸ ਕਾਲੜਾ ਵੀ ਮੌਜੂਦ ਸੀ।

## ਰਿਮਟ ਯੂਨੀਵਰਸਿਟੀ ਨੇ ਏਆਈ ਤੇ ਮੀਡੀਆ ਵਿਸ਼ੇ 'ਤੇ ਮਾਹਰ ਭਾਸ਼ਣ ਕਰਵਾਇਆ



ਮੰਡੀ ਗੋਬਿੰਦਗੜ੍ਹ, 4 ਫਰਵਰੀ (ਸੂਦ): ਰਿਮਟ ਯੂਨੀਵਰਸਿਟੀ ਦੇ ਸਕੂਲ ਆਫ਼ ਲਿਬਰਲ ਆਰਟਸ ਦਾ ਹਿੱਸਾ, ਪੱਤਰਕਾਰੀ ਤੇ ਜਨ ਸੰਚਾਰ ਵਿਭਾਗ ਨੇ ਏਆਈ ਤੇ ਮੀਡੀਆ ਵਿਸ਼ੇ 'ਤੇ ਇੱਕ ਮਾਹਰ ਭਾਸ਼ਣ ਕਰਵਾਇਆ। ਇਸ ਦਾ ਉਦੇਸ਼ ਵਿਦਿਆਰਥੀਆਂ ਨੂੰ ਮੀਡੀਆ ਤੇ ਸੰਚਾਰ ਦੇ ਖੇਤਰ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਵਧ ਰਹੇ ਪ੍ਰਭਾਵ ਤੋਂ ਜਾਣੂ ਕਰਵਾਉਣਾ ਸੀ। ਪ੍ਰਸਿੱਧ ਸਿੱਖਿਆ ਸ਼ਾਸਤਰੀ ਡਾ. ਆਰ.ਪੀ. ਸਿੰਘ ਤੇ ਡਾ. ਜੈਸਮੀਨ ਕੌਰ ਨੇ ਪੱਤਰਕਾਰੀ, ਡਿਜੀਟਲ ਮੀਡੀਆ, ਇਸ਼ਤਿਹਾਰਬਾਜ਼ੀ, ਸਮੱਗਰੀ ਸਿਰਜਣਾ ਤੇ ਡੇਟਾ-ਸੰਚਾਲਿਤ ਕਹਾਣੀ ਸੁਣਾਉਣ ਵਿੱਚ ਏਆਈ ਦੀ ਵਰਤੋਂ ਬਾਰੇ ਕੀਮਤੀ ਜਾਣਕਾਰੀ ਦਿੱਤੀ। ਉਨ੍ਹਾਂ ਮੀਡੀਆ ਵਿੱਚ ਏਆਈ ਦੀ ਵਰਤੋਂ ਨਾਲ ਜੁੜੀਆਂ ਨੈਤਿਕ ਚੁਣੌਤੀਆਂ ਤੇ ਗਲਤ ਜਾਣਕਾਰੀ ਦੀ ਸਮੱਸਿਆ ਨੂੰ ਵੀ ਉਜਾਗਰ ਕੀਤਾ। ਵਿਦਿਆਰਥੀਆਂ ਨੇ ਸੈਸ਼ਨ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ ਤੇ ਏਆਈ-ਅਧਾਰਤ ਮੀਡੀਆ ਉਦਯੋਗ ਵਿੱਚ ਉੱਭਰ ਰਹੇ ਕਰੀਅਰ ਦੇ ਮੌਕਿਆਂ ਬਾਰੇ ਸਿੱਖਿਆ। ਇਸ ਮੌਕੇ ਵਿਭਾਗ ਦੇ ਫੈਕਲਟੀ ਮੈਂਬਰ ਵੀ ਮੌਜੂਦ ਸਨ। ਪ੍ਰੋਗਰਾਮ ਬੁਲਾਰਿਆਂ ਦੇ ਧੰਨਵਾਦ ਦੇ ਨਾਲ ਸਮਾਪਤ ਹੋਇਆ।

## ਵਿਦਿਆਰਥੀਆਂ ਦਾ ਹੁਨਰ ਤੇ ਕੁਇਜ਼ ਮੁਕਾਬਲਾ ਕਰਵਾਇਆ



ਅਮਲੋਹ, 4 ਫਰਵਰੀ (ਜਸਵੰਤ ਸਿੰਘ): ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਰਵਿੰਦਰ ਕੌਰ ਦੀ ਅਗਵਾਈ ਹੇਠ ਜ਼ਿਲ੍ਹੇ ਦੇ ਵਿਦਿਆਰਥੀਆਂ ਦਾ ਹੁਨਰ ਤੇ ਕੁਇਜ਼ ਮੁਕਾਬਲਾ ਸਰਦਾਰ ਦਾਰਾ ਸਿੰਘ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ ਸਲਾਣਾ ਵਿਖੇ ਕਰਵਾਇਆ ਗਿਆ। ਲੈਕਚਰਾਰ ਜਯੰਤ ਸ਼ਰਮਾ ਨੇ ਵੱਖ-ਵੱਖ ਸਕੂਲਾਂ ਤੋਂ ਆਏ ਅਧਿਆਪਕਾਂ ਤੇ ਵਿਦਿਆਰਥੀਆਂ ਦਾ ਸਵਾਗਤ ਕੀਤਾ। ਮੁਕਾਬਲੇ ਵਿੱਚ ਵਿਦਿਆਰਥੀਆਂ ਦੁਆਰਾ ਵੱਖ-ਵੱਖ ਵਿਸ਼ਿਆਂ 'ਤੇ ਮਾਡਲ ਪੇਸ਼ ਕੀਤੇ ਗਏ ਤੇ ਕੁਇਜ਼ ਮੁਕਾਬਲੇ ਵਿੱਚ ਵਿਦਿਆਰਥੀਆਂ ਦਾ ਪਹਿਲਾਂ 100 ਪ੍ਰਸ਼ਨਾਂ ਦਾ ਲਿਖਤੀ ਮੁਕਾਬਲਾ ਕਰਵਾਇਆ ਗਿਆ ਤੇ ਬਾਅਦ ਵਿੱਚ ਫਾਸਟਰ ਫਿੰਗਰ ਫਸਟ ਮੁਕਾਬਲਾ ਕਰਵਾਇਆ ਗਿਆ। ਹੁਨਰ ਮੁਕਾਬਲੇ ਵਿੱਚ ਸਰਦਾਰ ਦਾਰਾ ਸਿੰਘ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ ਸਲਾਣਾ ਦੇ ਵਿਦਿਆਰਥੀ ਨਿਸ਼ਾ ਰਾਣੀ ਤੇ ਕਰਨਦੀਪ ਸਿੰਘ ਨੇ ਪਹਿਲਾ, ਸਰਕਾਰੀ ਸੈਕੰਡਰੀ ਸਕੂਲ ਬਡਾਲੀ ਆਲਾ ਸਿੰਘ ਦੇ ਰਿੱਕੂ ਤੇ ਗੁਰਸੇਵਕ ਸਿੰਘ ਨੇ ਦੂਜਾ ਤੇ ਸਕੂਲ ਆਫ਼ ਐਮੀਨੈਂਸ ਅਮਲੋਹ ਦੀਆਂ ਵਿਦਿਆਰਥਣਾਂ ਜਸ਼ਨਪ੍ਰੀਤ ਕੌਰ ਤੇ ਅਨੀਤਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਕੁਇਜ ਦੇ ਜ਼ਿਲਾ ਪੱਧਰੀ ਫਾਈਨਲ ਮੁਕਾਬਲੇ ਵਿੱਚ ਸਰਕਾਰੀ ਸੈਕੰਡਰੀ ਸਕੂਲ ਸੰਗਤਪੁਰ ਸੋਢੀਆਂ ਦੇ ਇੰਦਰਜੀਤ ਸਿੰਘ ਨੇ ਪਹਿਲਾ, ਸੀਨੀਅਰ ਸੈਕੰਡਰੀ ਸਕੂਲ ਦਾਦੂ ਮਾਜਰਾ ਦੀ ਰਮਨਪ੍ਰੀਤ ਕੌਰ ਨੇ ਦੂਜਾ ਤੇ ਸੀਨੀਅਰ ਸੈਕੰਡਰੀ ਸਕੂਲ ਬਾਗ ਸਿਕੰਦਰ ਦੀ ਜਸ਼ਨਪ੍ਰੀਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਸਕੂਲ ਇੰਚਾਰਜ ਰਵਿੰਦਰ ਕੌਰ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਜੱਜਾਂ ਦੀ ਭੂਮਿਕਾ ਲੈਕਚਰਾਰ ਰਵਿੰਦਰ ਕੌਰ, ਜਯੰਤ ਸ਼ਰਮਾ, ਨਿਰਮਲ ਸਿੰਘ, ਟਰੇਨਰ ਪਰਵੀਨ ਰਾਣੀ, ਰਾਜਦੀਪ ਕੌਰ ਤੇ ਮਨਦੀਪ ਖੁੱਲਰ ਨੇ ਨਿਭਾਈ। ਅੰਤ ਵਿੱਚ ਜ਼ਿਲਾ ਵੋਕੇਸ਼ਨਲ ਕੋਆਰਡੀਨੇਟਰ ਮਨਦੀਪ ਖੁੱਲਰ ਨੇ ਹਾਜ਼ਰੀਨ ਦਾ ਧੰਨਵਾਦ ਕੀਤਾ।

## ਬਾਲ ਭਿੱਖਿਆ ਨੂੰ ਰੋਕਣ ਲਈ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਵੱਲੋਂ ਚੈਕਿੰਗ

ਫ਼ਿਰੋਜ਼ਪੁਰ, 4 ਫਰਵਰੀ (ਤਿਵਾੜੀ): ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਵੱਲੋਂ ਪ੍ਰਾਪਤ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮਾਨਯੋਗ ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ (ਆਈ.ਏ.ਐਸ) ਵੱਲੋਂ ਪ੍ਰੋਜੈਕਟ ਜੀਵਨ ਜੋਤ 2.0 ਲਾਗੂ ਕਰਨ ਲਈ ਜ਼ਿਲ੍ਹੇ ਵਿੱਚ ਬਾਲ ਭਿੱਖਿਆ ਖਿਲਾਫ ਚੱਲ ਰਹੀ ਮੁਹਿੰਮ ਅਧੀਨ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਫ਼ਿਰੋਜ਼ਪੁਰ ਵੱਲੋਂ ਪੁਲਿਸ ਵਿਭਾਗ ਨਾਲ ਤਾਲਮੇਲ ਕਰਕੇ ਫ਼ਿਰੋਜ਼ਪੁਰ ਕੈਂਟ ਦੇ ਮੇਨ ਮਾਰਕੀਟ ਲਾਈਟਾਂ ਵਾਲਾ ਚੌਕ, ਬੱਸ ਸਟੈਂਡ ਵਿੱਚ ਚੈਕਿੰਗ ਕੀਤੀ ਗਈ।ਇਸ ਚੈਕਿੰਗ ਦੌਰਾਨ 02 ਬੱਚੇ ਬਾਲ ਭਿੱਖਿਆ ਮੰਗਦੇ ਪਾਏ ਗਏ ਜਿਨ੍ਹਾਂ ਦੀਆਂ ਮਾਤਾਵਾਂ ਉਨ੍ਹਾਂ ਨੂੰ ਨਾਲ ਲੈ ਕੇ ਭੀਖ ਮੰਗ ਰਹੀਆ ਸਨ।ਇਹਨਾਂ ਬੱਚਿਆਂ ਨੂੰ ਮਾਤਾਵਾਂ ਦੇ ਨਾਲ ਬਾਲ ਭਲਾਈ ਕਮੇਟੀ ਫ਼ਿਰੋਜ਼ਪੁਰ ਵਿੱਚ ਪੇਸ਼ ਕੀਤਾ ਗਿਆ।ਉਨ੍ਹਾਂ ਵੱਲੋਂ ਦਸਤਾਵੇਜ਼ ਚੈਕ ਕਰਨ ਤੋਂ ਬਾਅਦ ਮਾਤਾਵਾਂ ਨੂੰ ਚੇਤਾਵਨੀ ਦਿੱਤੀ ਗਈ ਕਿ ਜੇਕਰ ਅੱਗੇ ਤੋਂ ਉਹ ਬੱਚਿਆਂ ਨੂੰ ਨਾਲ ਲੈ ਕੇ ਦੁਬਾਰਾ ਭੀਖ ਮੰਗਦੀਆਂ ਪਾਈਆਂ ਗਈਆਂ ਤਾਂ ਉਨ੍ਹਾਂ ਉਪਰ ਸਖ਼ਤ ਕਾਰਵਾਈ ਕੀਤੀ ਜਾਵੇਗੀ।ਬੱਚਿਆਂ ਨੂੰ ਮੈਂਬਰ ਬਾਲ ਭਲਾਈ ਕਮੇਟੀ ਦੇ ਹੁਕਮਾਂ ਅਨੁਸਾਰ ਬੱਚਿਆਂ ਦੀਆਂ ਮਾਤਾਵਾਂ ਦੇ ਸਪੁਰਦ ਕੀਤਾ ਗਿਆ।ਇਸ ਚੈਕਿੰਗ ਦੌਰਾਨ ਬਲਜਿੰਦਰ ਕੌਰ ਜ਼ਿਲ੍ਹਾ ਬਾਲ ਸੁਰੱਖਿਆ ਅਫਸਰ, ਅਸ਼ੀਸ਼ ਕੁਮਾਰ, ਗਗਨਦੀਪ ਸਿੰਘ ਸੁਪਰਵਾਈਜ਼ਰ, ਸਤੋਖ ਸਿੰਘ, ਕਵਿਤਾ ਸੁਪਰਵਾਈਜ਼ਰ, ਏ.ਐਸ.ਆਈ ਸੁਖਦੇਵ ਸਿੰਘ ਹਾਜ਼ਰ ਸਨ।ਜ਼ਿਲ੍ਹਾ ਬਾਲ ਸੁਰਖਿਆ ਅਫ਼ਸਰ ਬਲਜਿੰਦਰ ਕੌਰ ਨੇ ਦੱਸਿਆ ਕਿ ਬੱਚਿਆਂ ਦੀ ਸੁਰੱਖਿਆ ਤੇ ਦੇਖਭਾਲ ਸਬੰਧੀ ਉਨ੍ਹਾਂ ਦੇ ਦਫਤਰ ਨਾਲ ਤੇ ਚਾਈਲਡ ਹੈਲਪ ਲਾਈਨ ਨੰਬਰ 1098 'ਤੇ ਫੋਨ ਕਰਕੇ ਕੋਈ ਵੀ ਜਾਣਕਾਰੀ ਲਈ ਜਾ ਸਕਦੀ ਹੈ।



# ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਸ਼੍ਰੀ ਗੁਰੂ ਰਵਿਦਾਸ ਜੀ ਧਰਮਸ਼ਾਲਾ ਤੇ ਮੁਸਲਿਮ ਧਰਮਸ਼ਾਲਾ ਦਾ ਉਦਘਾਟਨ

ਸੁਨਾਮ, 4 ਫਰਵਰੀ (ਮੋਹਣ ਸ਼ਰਮਾ/ਰਾਊਵਰਿੰਦਰ ਮਠਾੜੂ):



ਕੈਬਨਿਟ ਮੰਤਰੀ ਅਮਨ ਅਰੋੜਾ ਨੇ ਪਿੰਡ ਦਿਆਲਗੜ੍ਹ ਵਿਖੇ 14.50 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੀ ਗਈ ਸ਼੍ਰੀ ਗੁਰੂ ਰਵਿਦਾਸ ਜੀ ਧਰਮਸ਼ਾਲਾ ਅਤੇ 7 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੀ ਗਈ ਮੁਸਲਿਮ ਧਰਮਸ਼ਾਲਾ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਪਿੰਡ ਵਾਸੀਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਇਹ ਸਥਾਨ ਪਿੰਡ ਦੇ ਸਮਾਜਿਕ, ਧਾਰਮਿਕ ਅਤੇ ਪਰਿਵਾਰਿਕ ਸਮਾਗਮਾਂ ਨੂੰ ਕਰਵਾਉਣ ਲਈ ਸਾਂਝੇ ਸਥਾਨ ਵਜੋਂ ਵਰਤੇ ਜਾ ਸਕਣਗੇ। ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਹਰ ਧਰਮ, ਵਰਗ ਅਤੇ ਸਮੁਦਾਇ ਦੇ ਲੋਕਾਂ ਲਈ ਬਰਾਬਰੀ ਦੇ ਅਧਾਰ 'ਤੇ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮਕਸਦ ਸੂਬੇ ਵਿੱਚ ਆਪਸੀ ਭਾਈਚਾਰੇ, ਸਹਿਯੋਗ ਅਤੇ ਸਮਾਜਿਕ ਏਕਤਾ ਨੂੰ ਮਜ਼ਬੂਤ ਕਰਨਾ ਹੈ।

ਉਨ੍ਹਾਂ ਕਿਹਾ ਕਿ ਧਰਮਸ਼ਾਲਾਵਾਂ ਵਰਗੇ ਵਿਕਾਸ ਕਾਰਜ ਲੋਕਾਂ ਨੂੰ ਨਾ ਸਿਰਫ਼ ਸਹੂਲਤਾਂ ਪ੍ਰਦਾਨ ਕਰਦੇ ਹਨ, ਸਗੋਂ ਸਮਾਜਿਕ ਤਾਲਮੇਲ ਅਤੇ ਸਾਂਝੀ ਵਿਰਾਸਤ ਨੂੰ ਵੀ ਪ੍ਰੋਤਸਾਹਿਤ ਕਰਦੇ ਹਨ। ਕੈਬਨਿਟ ਮੰਤਰੀ ਨੇ ਕਿਹਾ ਕਿ ਮਾਨ ਸਰਕਾਰ ਵੱਲੋਂ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ ਅਤੇ ਵਿਕਾਸ ਕਾਰਜਾਂ ਵਿੱਚ ਕਿਸੇ ਵੀ ਤਰ੍ਹਾਂ ਦਾ ਭੇਦਭਾਵ ਨਹੀਂ ਕੀਤਾ ਜਾ ਰਿਹਾ। ਉਨ੍ਹਾਂ ਭਰੋਸਾ ਦਿਵਾਇਆ ਕਿ ਆਉਣ ਵਾਲੇ ਸਮੇਂ ਵਿੱਚ ਵੀ ਇਸ ਤਰ੍ਹਾਂ ਦੇ ਹੋਰ ਵਿਕਾਸ ਦੇ ਪ੍ਰੋਜੈਕਟ ਲਾਗੂ ਕਰਕੇ ਪਿੰਡਾਂ ਅਤੇ ਸ਼ਹਿਰਾਂ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ।

ਇਸ ਮੌਕੇ ਪਿੰਡ ਦੇ ਪੰਚਾਇਤੀ ਨੁਮਾਇੰਦੇ, ਧਾਰਮਿਕ ਅਗੂ, ਸਥਾਨਕ ਨਿਵਾਸੀ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੱਡੀ ਗਿਣਤੀ ਵਿੱਚ ਮੌਜੂਦ ਸਨ। ਪਿੰਡ ਵਾਸੀਆਂ ਵੱਲੋਂ ਕੈਬਨਿਟ ਮੰਤਰੀ ਦਾ ਧੰਨਵਾਦ ਕਰਦੇ ਹੋਏ ਕਿਹਾ ਗਿਆ ਕਿ ਇਹ ਵਿਕਾਸ ਕਾਰਜ ਪਿੰਡ ਦੀ ਲੰਬੇ ਸਮੇਂ ਤੋਂ ਚੱਲ ਰਹੀ ਲੋੜ ਨੂੰ ਪੂਰਾ ਕਰਨਗੇ ਅਤੇ ਪਿੰਡ ਵਿੱਚ ਹੋਣ ਵਾਲੇ ਸਮਾਗਮਾਂ ਨੂੰ ਕਰਵਾਉਣ ਵਿੱਚ ਸਹਾਈ ਹੋਣਗੇ।

# ਹਾਜ਼ੀਰਤਨ-ਦੀਪ ਨਗਰ ਰੇਲਵੇ ਓਵਰਬ੍ਰਿਜ ਨੂੰ ਮਿਲੀ ਹਰੀ ਝੰਡੀ, ਫਾਟਕਾਂ ਦੇ ਜਾਮ ਤੋਂ ਮਿਲੇਗੀ ਮੁਕਤੀ

xਬਠਿੰਡਾ, 4 ਫਰਵਰੀ (ਦੀਪਕ ਸ਼ਰਮਾ): ਰੇਲਵੇ ਲਾਈਨਾਂ ਦੇ ਜਾਲ ਵਿੱਚ ਘਿਰੇ ਬਠਿੰਡਾ ਸ਼ਹਿਰ ਦੇ ਵਸਨੀਕਾਂ ਲਈ ਇੱਕ ਵੱਡੀ ਅਤੇ ਸੁਖਦ ਖ਼ਬਰ ਸਾਹਮਣੇ ਆਈ ਹੈ। ਲੰਮੇ ਸਮੇਂ ਤੋਂ ਟ੍ਰੈਫਿਕ ਜਾਮ ਦੀ ਮਾਰ ਝੱਲ ਰਹੇ ਹਾਜ਼ੀਰਤਨ-ਦੀਪ ਨਗਰ ਖੇਤਰ ਦੇ ਲੋਕਾਂ ਦੀ ਮੰਗ ਨੂੰ ਬੂਰ ਪੈ ਗਿਆ ਹੈ ਅਤੇ ਇੱਥੇ ਰੇਲਵੇ ਓਵਰਬ੍ਰਿਜ ਦੇ ਨਿਰਮਾਣ ਨੂੰ ਅਧਿਕਾਰਤ ਮਨਜ਼ੂਰੀ ਮਿਲ ਗਈ ਹੈ। ਇਸ ਪੁਲ ਦੇ ਬਣਨ ਨਾਲ ਸ਼ਹਿਰ ਦੇ ਇੱਕ ਵੱਡੇ ਹਿੱਸੇ ਦੀ ਟ੍ਰੈਫਿਕ ਵਿਵਸਥਾ ਵਿੱਚ ਵੱਡਾ ਸੁਧਾਰ ਦੇਖਣ ਨੂੰ ਮਿਲੇਗਾ। ਮੰਗਲਵਾਰ ਨੂੰ ਬਠਿੰਡਾ ਸ਼ਹਿਰੀ ਹਲਕੇ ਦੇ ਵਿਧਾਇਕ ਜੱਗਰੂਪ ਸਿੰਘ ਗਿੱਲ ਨੇ ਆਪਣੇ ਦਫ਼ਤਰ ਵਿਖੇ ਗੱਲਬਾਤ ਕਰਦਿਆਂ ਇਸ ਪ੍ਰੋਜੈਕਟ ਬਾਰੇ ਅਹਿਮ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਦੱਸਿਆ ਕਿ ਹਾਜ਼ੀਰਤਨ ਰੇਲਵੇ ਫਾਟਕ ਲੰਮੇ ਸਮੇਂ ਤੋਂ ਦੀਪ ਨਗਰ, ਬਲਰਾਜ ਨਗਰ, ਊਧਮ ਸਿੰਘ ਨਗਰ, ਬਾਂਗੀ ਨਗਰ ਅਤੇ ਕ੍ਰਿਸ਼ਨਾ ਕਲੋਨੀ ਵਰਗੇ ਇਲਾਕਿਆਂ ਲਈ ਪ੍ਰੇਸ਼ਾਨੀ ਦਾ ਸਬੱਬ ਬਣਿਆ ਹੋਇਆ ਸੀ। ਫਾਟਕ ਬਾਰ-ਬਾਰ ਬੰਦ ਹੋਣ ਕਾਰਨ ਹਜ਼ਾਰਾਂ ਲੋਕਾਂ ਦਾ ਕੀਮਤੀ ਸਮਾਂ ਬਰਬਾਦ ਹੋ ਰਿਹਾ ਸੀ।

ਲਗਾਤਾਰ ਕੋਸ਼ਿਸ਼ਾਂ ਨੂੰ ਮਿਲਿਆ ਫਲ: ਵਿਧਾਇਕ ਗਿੱਲ ਨੇ ਦੱਸਿਆ ਕਿ ਉਨ੍ਹਾਂ ਨੇ 29 ਅਪ੍ਰੈਲ 2025 ਨੂੰ ਰੇਲਵੇ ਵਿਭਾਗ ਨੂੰ ਇਸ ਸਬੰਧੀ ਪੱਤਰ ਲਿਖ ਕੇ ਓਵਰਬ੍ਰਿਜ ਦੀ ਮੰਗ ਕੀਤੀ ਸੀ। ਇਸ ਮੁੱਦੇ ਨੂੰ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਦੇ



ਸਾਹਮਣੇ ਵੀ ਨਿੱਜੀ ਤੌਰ 'ਤੇ ਉਠਾਇਆ ਗਿਆ ਸੀ। ਇਨ੍ਹਾਂ ਯਤਨਾਂ ਸਦਕਾ 30 ਜਨਵਰੀ 2026 ਨੂੰ ਰੇਲਵੇ ਦੇ ਚੀਫ਼ ਇੰਜੀਨੀਅਰ ਵੱਲੋਂ ਅਧਿਕਾਰਤ ਪੱਤਰ ਪ੍ਰਾਪਤ ਹੋਇਆ ਹੈ, ਜਿਸ ਵਿੱਚ ਓਵਰਬ੍ਰਿਜ ਦੀ ਮਨਜ਼ੂਰੀ ਦੇ ਨਾਲ-ਨਾਲ ਇਸ ਦੀ ਵਿੱਤੀ ਪ੍ਰਵਾਨਗੀ ਦੀ ਪੁਸ਼ਟੀ ਵੀ ਕੀਤੀ ਗਈ ਹੈ। ਵਿਧਾਇਕ ਨੇ ਕਿਹਾ ਕਿ ਸ਼ਹਿਰ ਵਿੱਚ ਮੁਲਤਾਨੀਆ ਅਤੇ ਜਨਤਾ ਨਗਰ ਤੋਂ ਬਾਅਦ ਉਨ੍ਹਾਂ ਦੇ ਯਤਨਾਂ ਨਾਲ ਬਣਨ ਵਾਲਾ ਤੀਜਾ ਅਹਿਮ ਪੁਲ ਹੋਵੇਗਾ।

ਲੱਖਾਂ ਲੋਕਾਂ ਨੂੰ ਹੋਵੇਗਾ ਸਿੱਧਾ ਫਾਇਦਾ: ਇਸ ਓਵਰਬ੍ਰਿਜ ਦੇ ਬਣਨ ਨਾਲ ਹਾਜ਼ੀਰਤਨ ਫਾਟਕ 'ਤੇ ਲੱਗਣ ਵਾਲੀ ਵਾਹਨਾਂ ਦੀ ਲੰਮੀ ਕਤਾਰ ਹਮੇਸ਼ਾ ਲਈ ਖ਼ਤਮ ਹੋ ਜਾਵੇਗੀ। ਇਸ ਨਾਲ ਨਾ ਸਿਰਫ਼ ਸਕੂਲੀ ਬੱਚਿਆਂ, ਮੁਲਾਜ਼ਮਾਂ ਅਤੇ ਵਪਾਰੀਆਂ ਨੂੰ ਰਾਹਤ ਮਿਲੇਗੀ, ਸਗੋਂ ਐਂਬੂਲੈਂਸ ਵਰਗੀਆਂ ਹੰਗਾਮੀ ਸੇਵਾਵਾਂ ਵੀ ਬਿਨਾਂ ਕਿਸੇ ਦੇਰੀ ਦੇ ਗੁਜ਼ਰ ਸਕਣਗੀਆਂ। ਅੰਦਾਜ਼ੇ ਮੁਤਾਬਕ, ਇਸ ਪ੍ਰੋਜੈਕਟ ਨਾਲ ਕਰੀਬ 1 ਤੋਂ 1.5 ਲੱਖ ਦੀ ਆਬਾਦੀ ਨੂੰ ਸਿੱਧਾ ਲਾਭ ਪਹੁੰਚੇਗਾ, ਜਿਸ ਨਾਲ ਸਮਾਂ ਅਤੇ ਬਾਲਣ ਦੋਵਾਂ ਦੀ ਬੱਚਤ ਹੋਵੇਗੀ।

ਇਸ ਮੌਕੇ ਵਿਧਾਇਕ ਗਿੱਲ ਦੇ ਨਾਲ ਕੌਂਸਲਰ ਸੁਖਦੀਪ ਸਿੰਘ ਢਿੱਲੋਂ, ਜਗਦੀਪ ਸਿੰਘ ਵੜੈਚ ਤੇ ਹੋਰ ਆਗੂ ਵੀ ਮੌਜੂਦ ਸਨ। ਸਾਰਿਆਂ ਨੇ ਇਸ ਨੂੰ ਸ਼ਹਿਰ ਦੇ ਵਿਕਾਸ ਵੱਲ ਇੱਕ ਮੀਲ ਦਾ ਪੱਥਰ ਕਰਾਰ ਦਿੱਤਾ ਹੈ।

# ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਜੱਥਾ ਰਵਾਨਾ

ਸੁਨਾਮ ਊਧਮ ਸਿੰਘ ਵਾਲਾ, 4 ਫਰਬਰੀ (ਮੋਹਣ ਸ਼ਰਮਾ/ਰਾਊਵਰਿੰਦਰ ਮਠਾੜੂ): ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਨੇੜਲੇ ਪਿੰਡ ਬਖਸ਼ੀਵਾਲਾ ਤੋਂ ਗੁਰੂਧਾਮਾਂ ਲਈ ਜੱਥਾ ਰਵਾਨਾ ਹੋਇਆ। ਜੱਥੇ ਨੂੰ ਹਲਕਾ ਕੋਆਰਡੀਨੇਟਰ ਸੋਨੂੰ ਵਰਮਾ ਨੇ ਹਾਰ ਪਹਿਨਾ ਕੇ ਸ਼ੁਭ ਕਾਮਨਾਵਾਂ ਦਿੰਦੇ ਹੋਏ ਰਵਾਨਾ ਕੀਤਾ।



ਇਸ ਮੌਕੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਸੋਨੂੰ ਵਰਮਾ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਇਹ ਨੇਕ ਉਪਰਾਲਾ ਮੁੱਖ ਮੰਤਰੀ ਤੀਰਥ ਯਾਤਰਾ ਜੋ ਲਗਾਤਾਰ ਜਾਰੀ ਹੈ ਸੁਨਾਮ ਹਲਕੇ ਦੇ ਪਿੰਡ ਬਕਸ਼ੀਵਾਲ ਤੋ ਰਵਾਨਾ ਕੀਤੀ ਜਾ ਰਹੀ ਹੈ ਅਤੇ ਸਾਰੇ ਬਜ਼ੁਰਗਾਂ ਨੂੰ ਜੀ ਆਇਆ ਆਖਦਿਆਂ ਸਤਿਕਾਰ ਸਹਿਤ ਬੱਸ ਵਿੱਚ ਬਿਠਾ ਕੇ ਰਵਾਨਾ ਕੀਤਾ ਜਾ ਰਿਹਾ ਹੈ। ਸਰਕਾਰ ਹਰ ਵਰਗ ਦੇ ਲੋਕਾਂ ਨੂੰ ਉਨ੍ਹਾਂ ਦੇ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾ ਰਹੀ ਹੈ ਤੇ ਬਜ਼ੁਰਗ ਵੀ ਖੁਸ਼ੀ ਤੇ ਉਤਸ਼ਾਹ ਨਾਲ ਧਾਰਮਿਕ ਸਥਾਨਾਂ ਦੀ ਯਾਤਰਾ ਲਈ ਜਾ ਰਹੇ ਹਨ। ਇਹ ਪਹਿਲੀ ਸਰਕਾਰ ਹੈ ਜਿਸਨੂੰ ਹਰ ਵਰਗ ਦਾ ਖਿਆਲ ਹੈ। ਇਹ ਬੱਸ ਦਰਬਾਰ ਸਾਹਿਬ ਅੰਮ੍ਰਿਤਸਰ, ਦੁਰਗਿਆਣਾ ਮੰਦਰ, ਜੱਲਿਆਂ ਵਾਲੇ ਬਾਗ ਤੇ ਬਾਘਾ ਬਾਡਰ ਹੋਕੇ ਪਰਤੇਗੀ। ਬੱਸ ਵਿੱਚ 15 ਸ਼ਰਧਾਲੂ ਆਦਮੀ ਅਤੇ 30 ਸ਼ਰਧਾਲੂ ਔਰਤਾਂ ਸ਼ਾਮਲ ਸਨ।ਇਸ ਮੌਕੇ ਗਾਇਡ ਗੁਰਤੇਜ ਸਿੰਘ ਵੀ ਹਾਜ਼ਰ ਸਨ।

# 2027 'ਚ 'ਆਪ' 100 ਤੋਂ ਵੱਧ ਸੀਟਾਂ ਜਿੱਤਕੇ ਮੁੜ ਸਰਕਾਰ ਬਣਾਵੇਗੀ : ਚਰਨਜੀਤ ਅੱਕਾਂਵਾਲੀ

ਬੁਢਲਾਡਾ, 4 ਫਰਵਰੀ (ਦਵਿੰਦਰ ਸਿੰਘ ਕੋਹਲੀ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਦੇ ਲੋਕਾਂ ਨਾਲ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਜੋ ਵਾਅਦੇ ਕੀਤੇ ਸਨ ਉਹ ਹੁਣ ਲਗਭਗ ਪੂਰੇ ਕੀਤੇ ਜਾ ਰਹੇ ਹਨ। ਪੰਜਾਬ ਦੇ ਲੋਕਾਂ ਨੂੰ ਸਿਹਤ ਸਹੂਲਤਾਂ ਦੇਣ ਲਈ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਕਰਾਉਣ ਲਈ ਬਣਾਏ ਜਾ ਰਹੇ ਕਾਰਡਾਂ ਤੋਂ ਬਾਅਦ ਹੁਣ ਅਗਲੇ ਸਲਾਨਾਂ ਬੱਜਟ ਵਿੱਚ ਔਰਤਾਂ ਨਾਲ ਕੀਤੇ ਵਾਅਦੇ ਮੁਤਾਬਕ 1000-1000 ਰੁਪਏ ਦੇਣ ਦਾ ਵਾਅਦਾ ਪੂਰਾ ਕੀਤਾ ਜਾ ਰਿਹਾ ਹੈ। ਜਦੋਂਕਿ ਇਸਤੋਂ ਪਹਿਲਾਂ ਜੋ ਵਾਅਦੇ ਕੀਤੇ ਸਨ ਉਹ ਲੱਗਭਗ ਪੂਰੇ ਕਰ ਦਿੱਤੇ ਗਏ ਹਨ। ਜਦੋਂਕਿ ਇਸਤੋਂ ਪਹਿਲਾਂ ਵਾਲੀਆਂ ਸਰਕਾਰਾਂ ਨੇ ਪੰਜਾਬ ਦੇ ਲੋਕਾਂ ਦੀ ਭਲਾਈ ਲਈ ਕੋਈ ਵੀ ਕਦਮ ਨਾ ਚੁੱਕਕੇ ਸਿਰਫ਼ ਆਪਣੇ ਹੀ ਮਨੋਰਥਾਂ ਨੂੰ ਪਹਿਲ ਦਿੱਤੀ ਹੈ। ਇੰਨਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਮਾਲਵਾ ਜੋਨ ਦੇ ਕਿਸਾਨ ਵਿੰਗ ਦੇ ਜਨਰਲ ਸਕੱਤਰ ਸਰਦਾਰ ਚਰਨਜੀਤ ਸਿੰਘ ਅੱਕਾਂਵਾਲੀ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਨੀਤੀਆਂ ਤੇ ਗਰੰਟੀਆਂ ਨੂੰ ਦੇਖਦਿਆਂ ਪੰਜਾਬੀਆਂ ਨੇ 2027 ਦੀਆਂ



ਵਿਧਾਨ ਸਭਾ ਚੋਣਾਂ ਵਿੱਚ 2022 ਦੀਆਂ ਵਿਧਾਨ ਸਭਾ ਚੋਣਾਂ ਵਾਂਗ ਇੱਕ ਵੱਡੀ ਲਹਿਰ ਚਲਾਕੇ 100 ਤੋਂ ਵੱਧ ਸੀਟਾਂ ਆਮ ਆਦਮੀ ਪਾਰਟੀ ਦੀ ਝੋਲੀ ਵਿੱਚ ਪਾ ਕੇ ਮੁੜ ਸਰਕਾਰ ਬਣਾਉਣ ਇਤਿਹਾਸਕ ਫੈਸਲਾ ਕਰਨਗੇ ਅਤੇ ਵਿਰੋਧੀਆਂ ਪਾਰਟੀਆਂ ਦੇ ਸਰਕਾਰ ਬਣਾਉਣ ਦੇ ਸੁਪਨਿਆਂ ਨੂੰ ਚੂਰ ਚੂਰ ਕਰਨਗੇ। ਉਨ੍ਹਾਂ ਅਖੀਰ ਵਿੱਚ ਕਿਹਾ ਕਿ ਪੰਜਾਬ ਸਰਕਾਰ ਤੇ ਆਮ ਆਦਮੀ ਪਾਰਟੀ ਵੱਲੋਂ ਮਿਸ਼ਨ -2027 ਨੂੰ ਪੂਰਾ ਕਰਨ ਲਈ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਤੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਅਗਵਾਈ ਹੇਠ 16 ਫਰਵਰੀ ਨੂੰ ਕਿਲੀ ਚਾਹਲਾਂ ਮੋਗਾ -ਲੁਧਿਆਣਾ ਕੌਮੀ ਮਾਰਗ ਸਥਿਤ ਵਿਖੇ ਇੱਕ ਵੱਡੀ ਰੈਲੀ ਕਰਨ ਜਾ ਰਹੀ ਹੈ। ਜਿਸ ਵਿੱਚ ਇੱਕ ਲੱਖ ਤੋਂ ਵੱਧ ਲੋਕਾਂ ਦੀ ਸ਼ਮੂਲੀਅਤ ਹੋਵੇਗੀ। ਜਿਸ ਲਈ ਪਾਰਟੀ ਦੇ ਆਗੂਆਂ ਤੇ ਵਰਕਰਾਂ ਨੇ ਹੁਣੇ ਤੋਂ ਹੀ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ।

# ਡੀ.ਸੀ. ਤੇ ਐਸ.ਐਸ.ਪੀ. ਵੱਲੋਂ ਇੰਡਸਟਰੀਅਲ ਐਸੋਸੀਏਸ਼ਨ ਦੇ ਨੁਮਾਇੰਦਿਆਂ ਨਾਲ ਮੀਟਿੰਗ

ਸੰਗਰੂਰ, 4 ਫਰਵਰੀ (ਹਰਕੰਵਲ ਸਿੰਘ ਹੈਪੀ) ਡਿਪਟੀ ਕਮਿਸ਼ਨਰ ਸੰਗਰੂਰ ਰਾਹੁਲ



ਚਾਬਾ ਤੇ ਐਸ.ਐਸ.ਪੀ. ਸਰਤਾਜ ਸਿੰਘ ਚਾਹਲ ਨੇ ਕਿਹਾ ਕਿ ਸੰਗਰੂਰ ਜ਼ਿਲ੍ਹੇ ਵਿੱਚ ਇੰਡਸਟਰੀ ਨੂੰ ਕੰਮ ਕਰਨ ਲਈ ਸਾਜ਼ਗਾਰ ਮਾਹੌਲ ਪ੍ਰਦਾਨ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਵਚਨਬੱਧ ਹੈ ਤੇ ਇੰਡਸਟਰੀ ਨੂੰ ਪੇਸ਼ ਆਉਣ ਵਾਲੀਆਂ ਹਰ ਤਰ੍ਹਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਇਸ ਮੌਕੇ ਐਸ.ਡੀ.ਐਮ. ਧੂਰੀ ਰਿਸ਼ਭ ਬਾਂਸਲ ਵੀ ਮੌਜੂਦ ਸਨ। ਰਾਹੁਲ ਚਾਬਾ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਇੰਡਸਟਰੀ ਨੂੰ ਵਧਾਵਾ ਦੇਣ ਲਈ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਇੰਡਸਟਰੀ ਲਈ ਸਿੰਗਲ ਵਿੰਡੋ ਕਲੀਅਰੈਂਸ ਦੀ ਸਹੂਲਤ ਉਪਲਬਧ ਹੈ, ਜਿਸ ਸਦਕਾ ਇੰਡਸਟਰੀ ਲਈ ਲੋੜੀਂਦੀਆਂ ਸਾਰੀਆਂ ਪ੍ਰਵਾਨਗੀਆਂ ਇੱਕੋ ਸਥਾਨ ਤੋਂ ਪ੍ਰਾਪਤ ਕੀਤੀ ਜਾ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਸਿੰਗਲ ਵਿੰਡੋ ਸਦਕਾ ਮਹੀਨਿਆਂ ਵਿੱਚ ਮਿਲਣ ਵਾਲੀਆਂ ਪ੍ਰਵਾਨਗੀਆਂ ਹੁਣ 45 ਦਿਨਾਂ ਦੇ ਅੰਦਰ-ਅੰਦਰ ਪ੍ਰਾਪਤ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸੰਗਰੂਰ ਜ਼ਿਲ੍ਹੇ ਦੀਆਂ ਉਦਯੋਗਿਕ ਇਕਾਈਆਂ ਦੀਆਂ ਮੁਸ਼ਕਲਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਲਗਾਤਾਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ।

ਐਸ.ਐਸ.ਪੀ. ਸਰਤਾਜ ਸਿੰਘ ਚਾਹਲ ਨੇ ਕਿਹਾ ਕਿ ਪੁਲਿਸ ਪ੍ਰਸ਼ਾਸਨ ਵੱਲੋਂ ਉਦਯੋਗਿਕ ਖੇਤਰਾਂ ਵਿੱਚ ਕਾਨੂੰਨ-ਵਿਵਸਥਾ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ। ਮੀਟਿੰਗ ਦੌਰਾਨ ਐਸ.ਡੀ.ਐਮ. ਧੂਰੀ ਰਿਸ਼ਭ ਬਾਂਸਲ ਨੇ ਉਦਯੋਗਿਕ ਇਕਾਈਆਂ ਦੇ ਨੁਮਾਇੰਦਿਆਂ ਨੂੰ ਭਰੋਸਾ ਦਿਵਾਇਆ ਕਿ ਸਬ-ਡਿਵੀਜ਼ਨ ਪੱਧਰ 'ਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਤੁਰੰਤ ਕੀਤਾ ਜਾਵੇਗਾ। ਮੀਟਿੰਗ ਦੌਰਾਨ ਇੰਡਸਟਰੀਅਲ ਐਸੋਸੀਏਸ਼ਨ ਦੇ ਨੁਮਾਇੰਦਿਆਂ ਵੱਲੋਂ ਉਦਯੋਗਿਕ ਇਕਾਈਆਂ ਨਾਲ ਸਬੰਧਤ ਬਿਜਲੀ, ਪਾਣੀ, ਸੜਕਾਂ, ਸੁਰੱਖਿਆ, ਟਰਾਂਸਪੋਰਟ, ਮਜ਼ਦੂਰ ਸਬੰਧੀ ਮਸਲਿਆਂ ਸਮੇਤ ਹੋਰ ਪ੍ਰਸ਼ਾਸਨਿਕ ਮੁੱਦਿਆਂ ਨੂੰ ਵਿਸਥਾਰ ਨਾਲ ਰੱਖਿਆ ਗਿਆ। ਡਿਪਟੀ ਕਮਿਸ਼ਨਰ ਰਾਹੁਲ ਚਾਬਾ ਨੇ ਸਾਰੀਆਂ ਮਸਲੇ ਨੋਟ ਕਰਦਿਆਂ ਸਬੰਧਤ ਵਿਭਾਗਾਂ ਨੂੰ ਨਿਰਦੇਸ਼ ਦਿੱਤੇ ਕਿ ਉਦਯੋਗਿਕ ਇਕਾਈਆਂ ਦੀਆਂ ਸਮੱਸਿਆਵਾਂ ਦਾ ਸਮਾਂਬੱਧ ਢੰਗ ਨਾਲ ਨਿਪਟਾਰਾ ਕਰਨਾ ਯਕੀਨੀ ਬਣਾਇਆ ਜਾਵੇ।

ਇਸ ਮੌਕੇ ਸੰਗਰੂਰ ਡਿਸਟਰਿਕਟ ਇੰਡਸਟਰੀਅਲ ਚੈਂਬਰ ਬਲਾਕ ਧੂਰੀ ਤੇ ਸੰਗਰੂਰ ਚੈਂਬਰ ਆਫ ਕਮਰਸ ਦੇ ਨੁਮਾਇੰਦਿਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮਸਲਿਆਂ ਨੂੰ ਗੰਭੀਰਤਾ ਨਾਲ ਸੁਣਨ ਲਈ ਧੰਨਵਾਦ ਪ੍ਰਗਟ ਕੀਤਾ ਤੇ ਭਵਿੱਖ ਵਿੱਚ ਵੀ ਪ੍ਰਸ਼ਾਸਨ ਨਾਲ ਤਾਲਮੇਲ ਬਣਾ ਕੇ ਕੰਮ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਸੰਗਰੂਰ ਚੈਂਬਰ ਆਫ ਕਮਰਸ ਦੇ ਪ੍ਰਧਾਨ ਦਰਸ਼ਨ ਸਿੰਘ, ਸੈਕਟਰੀ ਅੰਮ੍ਰਿਤ ਗਰਗ, ਵਿੱਤ ਸੈਕਟਰੀ ਸੁਨੀਲ ਕੁਮਲ, ਸੰਗਰੂਰ ਡਿਸਟਰਿਕਟ ਇੰਡਸਟਰੀਅਲ ਚੈਂਬਰ ਬਲਾਕ ਧੂਰੀ ਦੇ ਚੇਅਰਮੈਨ ਗੁਰਬਖਸ਼ ਸਿੰਘ ਗੁੱਡੂ, ਪ੍ਰਧਾਨ ਮੁਕੇਸ਼ ਕੁਮਾਰ ਸਿੰਗਲਾ, ਸੈਕਟਰੀ ਅਮਿਤ ਗੋਇਲ ਤੇ ਵਾਈਸ ਪ੍ਰਧਾਨ ਰਾਜੇਸ਼ ਸਿੰਗਲਾ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਸ਼ਾਂਤੀ ਤੇ ਭਾਈਚਾਰਕ ਸਾਂਝ ਮਜ਼ਬੂਤ ਕਰਨ ਦੇ ਮੰਤਵ ਨਾਲ ਸਦਭਾਵਨਾ ਰੈਲੀ ਕੱਢੀ

ਲਹਿਰਾਗਾਗਾ, 4 ਫਰਵਰੀ (ਰਾਮੇਸ਼ਵਰ ਸ਼ਰਮਾ/ਖੁਸਵਿੰਦਰ ਸ਼ਰਮਾ): ਨੈਸ਼ਨਲ ਯੂਥ ਪ੍ਰੋਜੈਕਟ, ਨਵੀਂ ਦਿੱਲੀ ਵਲੋਂ ਸੀਬਾ ਕੈਂਪਸ, ਲਹਿਰਾਗਾਗਾ ਵਿਚ ਚੱਲ ਰਹੇ ਯੂਥ ਕੈਂਪ ਵਿਚ ਦੇਸ਼ ਭਰ ਤੋਂ ਆਏ 366 ਨੌਜਵਾਨਾਂ ਨੇ ਸ਼ਹਿਰ ਵਿਚ ਸਦਭਾਵਨਾ ਰੈਲੀ ਕੱਢੀ। ਨੈਸ਼ਨਲ ਯੂਥ ਪ੍ਰੋਜੈਕਟ ਦੇ ਟਰੱਸਟੀ ਰਣ ਸਿੰਘ ਪਰਮਾਰ, ਸੁਕਾਮਰਨ, ਮਧੂ ਭਾਈ, ਵਿਨੈ ਗੁਪਤਾ, ਧਰਮਿੰਦਰ ਭਾਈ, ਅਤੇ ਭਾਰਤ ਕੀ ਸੰਤਾਨ ਪ੍ਰੋਗਰਾਮ ਦੇ ਡਾਇਰੈਕਟਰ ਨਰਿੰਦਰ ਭਾਈ ਦੀ ਅਗਵਾਈ ਹੇਠ ਰੈਲੀ ਦੌਰਾਨ ਨੌਜਵਾਨਾਂ ਨੇ




'ਭਾਰਤ ਜੋੜੋ', 'ਹਮ ਸਭ ਕੀ ਕਾਮਨਾ-ਸਦਭਾਵਨਾ ਸਦਭਾਵਨਾ', 'ਲਹਿਰਾ ਹੋ ਜਾਂ ਗੋਹਾਟੀ-ਅਪਣਾ ਦੇਸ਼ ਆਪਣੀ ਮਾਟੀ' ਤੇ 'ਕਸ਼ਮੀਰ ਹੋ ਜਾਂ ਕੰਨਿਆ ਕੁਮਾਰੀ, ਭਾਰਤ ਮਾਤਾ-ਏਕ ਹਮਾਰੀ' ਜਿਹੇ ਨਾਅਰੇ ਲਗਾਉਂਦਿਆਂ ਸਾਂਝੀਵਾਲਤਾ ਦਾ ਸੰਦੇਸ਼ ਦਿੱਤਾ। ਪੰਜਾਬ ਦੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਦੀ ਧਰਮਪਤਨੀ ਸੀਮਾ ਗੋਇਲ, ਨਗਰ ਕੌਂਸਲ ਲਹਿਰਾਗਾਗਾ ਦੇ ਪ੍ਰਧਾਨ ਮੈਡਮ ਕਾਂਤਾ ਗੋਇਲ, ਐਸ.ਡੀ.ਐਮ ਰਾਕੇਸ਼ ਪ੍ਰਕਾਸ਼ ਗਰਗ ਨੇ ਨੌਜਵਾਨਾਂ ਦਾ ਸ਼ਹਿਰ 'ਚ ਪਹੁੰਚਣ 'ਤੇ ਸਵਾਗਤ ਕਰਦਿਆਂ ਕਿਹਾ ਕਿ ਇਹ ਯੁਵਾ ਕੈਂਪ ਇਲਾਕਾ ਵਾਸੀਆਂ ਲਈ ਮਾਣ ਵਾਲੀ ਗੱਲ ਹੈ, ਕਿਉਂਕਿ ਦੇਸ਼ ਭਰ ਦੇ 26 ਸੂਬਿਆਂ ਦੇ ਨੌਜਵਾਨ ਲੜਕੇ-ਲੜਕੀਆਂ ਪੰਜਾਬ ਦੇ ਸੱਭਿਆਚਾਰ ਅਤੇ ਭਾਸ਼ਾ ਨੂੰ ਵੀ ਸਮਝ ਰਹੇ ਹਨ। ਤੀਜੇ ਦਿਨ ਦੀ ਸਵੇਰ ਦੀ ਸਭਾ ਦੌਰਾਨ ਮੁੱਖ ਮਹਿਮਾਨ ਵਜੋਂ ਟਰੇਡ ਕਮਿਸ਼ਨ ਦੇ ਚੇਅਰਮੈਨ ਪ੍ਰਿੰਸ ਗਰਗ ਨੇ ਝੰਡੇ ਦੀ ਰਸਮ ਅਦਾ ਕੀਤੀ। ਉਹਨਾਂ ਨੌਜਵਾਨਾਂ ਨੂੰ ਦੇਸ਼ ਦੇ ਵੱਖ-ਵੱਖ ਸੱਭਿਆਚਾਰ ਅਤੇ ਭਾਸ਼ਾਵਾਂ ਸਿੱਖਣ ਦੇ ਮੌਕੇ ਨੂੰ ਇਤਿਹਾਸਕ ਦੱਸਦਿਆਂ ਕਿਹਾ ਕਿ ਇਸ ਕੈਂਪ ਦਾ ਉਪਰਾਲਾ ਨੌਜਵਾਨਾਂ ਨੂੰ ਦੇਸ਼ ਦੀ ਏਕਤਾ, ਅਖੰਡਤਾ, ਸ਼ਾਂਤੀ ਅਤੇ ਭਾਈਚਾਰੇ ਦੀ ਭਾਵਨਾ ਸਿਖਾਉਣ ਲਈ ਸਹਾਈ ਸਿੱਧ ਹੋਵੇਗਾ। ਇਸ ਮੌਕੇ ਆੜ੍ਹਤੀਆ ਐਸੋਸੀਏਸ਼ਨ ਦੇ ਵਾਈਸ ਪ੍ਰਧਾਨ ਰਾਕੇਸ਼ ਕੁਮਾਰ, ਟਰੇਡ ਕਮਿਸ਼ਨ ਦੇ ਮੈਂਬਰ ਗੌਰਵ ਗਰਗ ਤੇ ਮੋਹਿਤ ਸਿੰਗਲਾ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੋਏ। ਕੈਂਪ ਦੇ ਪ੍ਰਬੰਧਕ ਕੰਵਲਜੀਤ ਸਿੰਘ ਢੀਂਡਸਾ ਨੇ ਦੱਸਿਆ ਕਿ 5 ਫਰਵਰੀ ਨੂੰ ਇਹਨਾਂ ਨੌਜਵਾਨਾਂ ਦਾ ਕਾਫ਼ਲਾ ਸੁਨਾਮ ਵਿਖੇ ਸ਼ਹੀਦ ਉਧਮ ਸਿੰਘ ਸਮਾਰਕ 'ਤੇ ਨਤਮਸਤਕ ਹੋਣ ਉਪਰੰਤ ਗੁਰਦੁਆਰਾ ਨਾਨਕੀਆਣਾ ਸਾਹਿਬ, ਸੰਗਰੂਰ ਵਿਖੇ ਪਹੁੰਚੇਗਾ। ਜਿੱਥੇ ਬੀ.ਐਸ.ਐਨ.ਐਲ ਪਾਰਕ ਤੋਂ ਬੱਘੀਖਾਨਾ ਤੱਕ ਸਦਭਾਵਨਾ ਕਾਫ਼ਲਾ ਕੱਢਿਆ ਜਾਵੇਗਾ। ਸ਼ਾਮ 5 ਵਜੇ ਸਰਵ-ਧਰਮ ਪ੍ਰਾਰਥਨਾ ਉਪਰੰਤ ਵੱਖ-ਵੱਖ ਰਾਜਾਂ ਦੇ ਸੱਭਿਆਚਾਰ ਪ੍ਰੋਗਰਾਮ ਪੇਸ਼ ਹੋਣਗੇ।

# ਧੂਰੀ ਦੇ ਉਦਯੋਗਿਕ ਮਸਲਿਆਂ ਲਈ ਪ੍ਰਸ਼ਾਸਨ ਨਾਲ ਚੈਂਬਰ ਆਫ਼ ਕਾਮਰਸ ਦੀ ਹੋਈ ਮੀਟਿੰਗ



ਧੂਰੀ, 4 ਫ਼ਰਵਰੀ (ਰਾਜੇਸ਼ਵਰ ਪਿੰਟੂ): ਸੰਗਰੂਰ ਚੈਂਬਰ ਆਫ ਕਾਮਰਸ ਧੂਰੀ ਦੇ ਮੈਂਬਰਾਂ ਦੀ ਇਕ ਪ੍ਰਧਾਨ ਦਰਸ਼ਨ ਸਿੰਘ ਧਨੋਂ ਦੀ ਅਗਵਾਈ ਹੇਠ ਸਥਾਨਕ ਐੱਸ.ਡੀ.ਐੱਮ ਦਫ਼ਤਰ ਵਿਖੇ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੀਟਿੰਗ ਨੂੰ ਸੁਣਨ ਅਤੇ ਉਦਯੋਗਿਕ ਵਰਗ ਦੀਆਂ ਸਮੱਸਿਆਵਾਂ ਦਾ ਹੱਲ ਕਰਨ ਲਈ ਡਿਪਟੀ ਕਮਿਸ਼ਨਰ ਸੰਗਰੂਰ ਰਾਹੁਲ ਚਾਬਾ ਅਤੇ ਜ਼ਿਲ੍ਹਾ ਪੁਲਿਸ ਮੁਖੀ ਸਰਤਾਜ ਸਿੰਘ ਚਹਿਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਐੱਸ.ਡੀ.ਐੱਮ ਧੂਰੀ ਰਿਸ਼ਭ ਬਾਂਸਲ ਤੇ ਡੀ.ਐੱਸ.ਪੀ. ਧੂਰੀ ਗੁਰਪ੍ਰੀਤ ਸਿੰਘ ਵੀ ਹਾਜ਼ਰ ਰਹੇ।

ਚੈਂਬਰ ਦੇ ਸੈਕਟਰੀ ਅੰਮ੍ਰਿਤ ਗਰਗ ਰਿੰਕੂ ਨੇ ਮੀਟਿੰਗ ਦੀ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਉਦਯੋਗਿਕ ਵਿਕਾਸ ਅਤੇ ਵਪਾਰਕ ਮਾਹੌਲ ਸੁਧਾਰ ਲਈ ਕਈ ਅਹਿਮ ਮੁੱਦੇ ਪ੍ਰਸ਼ਾਸਨ ਅੱਗੇ ਰੱਖੇ ਗਏ। ਮੈਂਬਰਾਂ ਨੇ ਸੀ.ਐਲ.ਯੂ ਪ੍ਰਕਿਰਿਆ ਨੂੰ ਸਰਲ ਅਤੇ ਪਾਰਦਰਸ਼ੀ ਬਣਾਉਣ ਦੀ ਮੰਗ ਉਠਾਈ ਤਾਂ ਜੋ ਉਦਯੋਗਪਤੀਆਂ ਨੂੰ ਦਫ਼ਤਰੀ ਰੁਕਾਵਟਾਂ ਤੋਂ ਛੁਟਕਾਰਾ ਮਿਲ ਸਕੇ। ਇਸ ਤੋਂ ਇਲਾਵਾ ਧੂਰੀ ਦੇ ਸੰਪੂਰਨ ਵਿਕਾਸ ਲਈ ਮਾਸਟਰ ਪਲਾਨ ਨੂੰ ਜਲਦ ਲਾਗੂ ਕਰਨ ਅਤੇ ਨਵੇਂ ਉਦਯੋਗਾਂ ਨੂੰ ਆਕਰਸ਼ਿਤ ਕਰਨ ਲਈ ਧੂਰੀ ਵਿਖੇ ਫੋਕਲ ਪੁਆਇੰਟ ਸਥਾਪਿਤ ਕਰਨ ਦੀ ਮੰਗ ਵੀ ਉਠਾਈ ਗਈ।

ਬੈਠਕ ਦੌਰਾਨ ਉਦਯੋਗਿਕ ਇਕਾਈਆਂ ਨੂੰ ਆ ਰਹੀਆਂ ਬਿਜਲੀ ਸੰਬੰਧੀ ਸਮੱਸਿਆਵਾਂ ਵੀ ਜ਼ੋਰਸ਼ੋਰ ਨਾਲ ਚਰਚਾ ਵਿੱਚ ਰਹੀਆਂ। ਮੈਂਬਰਾਂ ਨੇ ਟਰੀਪਿੰਗ ਰਹਿਤ ਅਤੇ ਨਿਰੰਤਰ ਬਿਜਲੀ ਸਪਲਾਈ ਯਕੀਨੀ ਬਣਾਉਣ ਦੀ ਅਪੀਲ ਕੀਤੀ ਤਾਂ ਜੋ ਉਤਪਾਦਨ ਪ੍ਰਕਿਰਿਆ ਪ੍ਰਭਾਵਿਤ ਨਾ ਹੋਵੇ। ਨਾਲ ਹੀ ਅਣਗੌਲੇ ਅਤੇ ਆਰਥਿਕ ਸੰਘਰਸ਼ ਕਰ ਰਹੇ ਉਦਯੋਗਾਂ ਦੀ ਬਾਂਹ ਫੜ੍ਹ ਕੇ ਉਨ੍ਹਾਂ ਨੂੰ ਵਿੱਤੀ ਅਤੇ ਪ੍ਰਸ਼ਾਸਕੀ ਸਹਾਇਤਾ ਦੇਣ ਦੀ ਲੋੜ ਉਭਾਰੀ ਗਈ। ਪ੍ਰਸ਼ਾਸਕੀ ਅਧਿਕਾਰੀਆਂ ਨੇ ਉਦਯੋਗਪਤੀਆਂ ਦੀਆਂ ਚਿੰਤਾਵਾਂ ਨੂੰ ਗੰਭੀਰਤਾ ਨਾਲ ਸੁਣਦਿਆਂ ਉਨ੍ਹਾਂ ਦੇ ਹੱਲ ਲਈ ਭਰੋਸਾ ਦਿਵਾਇਆ। ਇਸ ਮੌਕੇ ਖਜਾਨਚੀ ਸੁਨੀਲ ਕੁਮਾਰ ਬਬਲਾ, ਜੀਵਨ ਜੈਨ, ਹਰਦੀਪ ਸਿੰਘ, ਹਰੀਸ਼ ਸ਼ਰਮਾ, ਅਰੁਣ ਕੁਮਾਰ ਆਦਿ ਵੀ ਹਾਜਰ ਸਨ।

# ਹੈਰੋਇਨ ਸਮੇਤ ਦੋ ਨੌਜਵਾਨ ਕਾਬੂ

ਮਲੋਟ, 4 ਫਰਵਰੀ (ਅਮਨਦੀਪ ਸਿੰਘ ਮਹਿਰਾ): ਪੁਲਿਸ ਆਰਜੀ ਥਾਣਾ ਕਿੱਲਿਆਂਵਾਲੀ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਗਈ ਮੁਹਿੰਮ ਦੇ ਤਹਿਤ ਪੁਲਿਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਦੋ ਨੌਜਵਾਨਾਂ ਨੂੰ ਕਾਬੂ ਕਰਕੇ ਉਨ੍ਹਾਂ ਦੇ ਕਬਜ਼ੇ ਵਿਚੋਂ ਨਸ਼ੀਲਾ ਪਦਾਰਥ ਵਰਤਣ ਵਾਲਾ ਸਾਮਾਨ ਬਰਾਮਦ ਕੀਤਾ ਹੈ। ਜਾਣਕਾਰੀ ਮੁਤਾਬਕ, ਹੌਲਦਾਰ ਗੁਰਪ੍ਰੀਤ ਸਿੰਘ ਆਪਣੇ ਸਾਥੀ ਕਰਮਚਾਰੀਆਂ ਸਮੇਤ ਮੰਡੀ ਕਿਲਿਆਂਵਾਲੀ ਤੇ ਪਿੰਡ ਕਿਲਿਆਂਵਾਲੀ ਵੱਲ ਗਸ਼ਤ ਤੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਲਈ ਜਾ ਰਹੇ ਸਨ। ਜਦੋਂ ਪੁਲਿਸ ਪਾਰਟੀ ਲਿੰਕ ਰੋਡ ਰਾਹੀਂ ਪਿੰਡ ਕਿਲਿਆਂਵਾਲੀ ਵੱਲ ਜਾ ਰਹੀ ਸੀ ਅਤੇ ਪੁੱਲ ਕੱਸੀ ਤੋਂ ਥੋੜ੍ਹਾ ਪਿੱਛੇ ਪਹੁੰਚੀ ਤਾਂ ਖੱਬੇ ਪਾਸੇ ਸਥਿਤ ਇੱਕ ਬੇਅਬਾਦ ਮਕਾਨ ਵਿੱਚ ਦੋ ਮੋਨੇ ਨੌਜਵਾਨ ਸਿਲਵਰ ਦੀ ਪੰਨੀ ਹੇਠਾਂ ਲਾਇਟਰ ਨਾਲ ਅੱਗ ਜਲਾ ਕੇ ਕੋਈ ਨਸ਼ੀਲਾ ਪਦਾਰਥ ਵਰਤਦੇ ਹੋਏ ਦਿਖਾਈ ਦਿੱਤੇ।

ਸ਼ੱਕ ਦੇ ਆਧਾਰ 'ਤੇ ਹੌਲਦਾਰ ਗੁਰਪ੍ਰੀਤ ਸਿੰਘ ਵੱਲੋਂ ਗੱਡੀ ਰੁਕਵਾ ਕੇ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਦੋਵਾਂ ਨੌਜਵਾਨਾਂ ਨੂੰ ਕਾਬੂ ਕਰ ਲਿਆ ਗਿਆ। ਪੁੱਛਗਿੱਛ ਦੌਰਾਨ ਇੱਕ ਨੌਜਵਾਨ ਨੇ ਆਪਣਾ ਨਾਮ ਹਨਵੀਰ ਸਿੰਘ ਪੁੱਤਰ ਹਰਜਿੰਦਰ ਸਿੰਘ ਵਾਸੀ ਮਹਿਣਾ ਅਤੇ ਦੂਜੇ ਨੇ ਆਪਣਾ ਨਾਮ ਸੁਨੀਲ ਕੁਮਾਰ ਪੁੱਤਰ ਗਿਰਧਾਰੀ ਲਾਲ ਵਾਸੀ ਮਹਿਣਾ ਦੱਸਿਆ। ਤਲਾਸ਼ੀ ਦੌਰਾਨ ਉਨ੍ਹਾਂ ਦੇ ਪਾਸੋਂ ਇੱਕ ਸਿਲਵਰ ਦੀ ਪੰਨੀ ਜਿਸ 'ਤੇ ਹੈਰੋਇਨ ਲੱਗੀ ਹੋਈ ਸੀ, 10 ਰੁਪਏ ਦਾ ਭਾਰਤੀ ਕਰੰਸੀ ਨੋਟ ਜਿਸ ਨਾਲ ਪਾਇਪ ਬਣਾਈ ਹੋਈ ਸੀ ਅਤੇ ਇੱਕ ਲਾਇਟਰ ਅੱਗ ਜਲਾਉਣ ਵਾਲਾ ਬਰਾਮਦ ਹੋਇਆ। ਪੁਲਿਸ ਵੱਲੋਂ ਉਕਤ ਨੌਜਵਾਨਾਂ ਦੇ ਖ਼ਿਲਾਫ਼ ਐਨਡੀਪੀਐਸ ਐਕਟ ਦੇ ਤਹਿਤ ਮੁਕੱਦਮਾ ਦਰਜ ਕਰਕੇ ਅੱਗੇ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

# ਟੀ.ਪੀ.ਡੀ. ਮਾਲਵਾ ਕਾਲਜ ਵਿਖੇ ਨਾਟਕ 'ਸੁਲਘਦੀ ਧਰਤੀ' ਦੇ ਭਾਵਪੂਰਤ ਮੰਚਨ ਨੇ ਵਿਦਿਆਰਥੀ, ਦਰਸ਼ਕਾਂ ਨੂੰ ਕੀਲਿਆ



ਰਾਮਪੁਰਾ ਫੂਲ ,4 ਫਰਵਰੀ (ਮਨਪ੍ਰੀਤ ਮਿੰਟੂ): ਪੰਜਾਬੀ ਯੂਨੀਵਰਸਿਟੀ ਟੀ.ਪੀ.ਡੀ. ਮਾਲਵਾ ਕਾਲਜ ਰਾਮਪੁਰਾ ਫੂਲ ਵਿਖੇ 'ਜੈ ਹੋ ਰੰਗ ਮੰਚ' ਨਿਹਾਲ ਸਿੰਘ ਵਾਲਾ ਮੋਗਾ ਵੱਲੋਂ ਸੁਖਦੇਵ ਲੱਧੜ ਦੀ ਅਗਵਾਈ ਹੇਠ ਨੁੱਕੜ ਨਾਟਕ 'ਸੁਲਘਦੀ ਧਰਤੀ' ਦਾ ਮੰਚਨ ਕੀਤਾ ਗਿਆ। ਬਲਰਾਜ ਸਾਗਰ ਦੇ ਲਿਖੇ ਇਸ ਨਾਟਕ ਵਿਚ ਰੰਗਕਰਮੀਆਂ ਆਸ਼ੂ ਨਈਅਰ ਅਤੇ ਸ਼ੁਭਦੀਪ ਸ਼ੁਭ ਦਾ ਸਹਿਯੋਗ ਕਾਬਲੇ ਤਾਰੀਫ਼ ਰਿਹਾ। ਨਾਟਕ ਵਿੱਚ ਪੰਜਾਬ ਦੇ ਭਖਦੇ ਮੁੱਦਿਆਂ ਦੀ ਕਰੁਣਾਮਈ ਪੇਸ਼ਕਾਰੀ ਕੀਤੀ ਗਈ, ਜਿਸ ਵਿੱਚ ਪੰਜਾਬ ਦੀ ਨੌਜਵਾਨੀ ਵਿੱਚ ਰਚ ਰਹੇ ਨਸ਼ਿਆਂ ਦੇ ਛੇਵੇਂ ਦਰਿਆ ਦੀ ਚਰਚਾ ਕੀਤੀ ਗਈ ਤੇ ਦੂਜੇ ਪਾਸੇ ਉਹਨਾਂ ਨਸ਼ੇੜੀਆਂ ਨਾਲ ਵਿਆਹੀਆਂ ਗਈਆਂ ਔਰਤਾਂ ਦੇ ਜੀਵਨ ਅਤੇ ਪਰਿਵਾਰਾਂ ਦੀ ਤਬਾਹੀ ਨੂੰ ਵੀ ਬਿਆਨ ਕੀਤਾ ਗਿਆ। ਨਾਟਕ ਦੀ ਬਾਕਮਾਲ ਅਦਾਕਾਰੀ ਅਤੇ ਸਕ੍ਰਿਪਟ ਨੇ ਸਮੂਹ ਵਿਦਿਆਰਥੀਆਂ ਨੂੰ ਨਾ ਸਿਰਫ਼ ਪ੍ਰਭਾਵਿਤ ਕੀਤਾ ਸਗੋਂ ਇੱਕ ਸੰਵਾਦ ਵੀ ਛੇੜਿਆ। ਕਾਲਜ ਦੇ ਪ੍ਰਿੰਸੀਪਲ ਡਾ. ਬਲਜਿੰਦਰ ਸਿੰਘ ਨੇ ਸਮੁੱਚੀ ਟੀਮ ਦਾ ਕਾਲਜ ਵਿੱਚ ਇਸ ਨਾਟ ਮੰਚਨ ਲਈ ਧੰਨਵਾਦ ਕਰਦਿਆਂ ਆਖਿਆ ਕਿ ਅਜਿਹੇ ਨਾਟਕਾਂ ਦੀ ਹਰ ਕਾਲਜ ਵਿੱਚ ਪੇਸ਼ਕਾਰੀ ਯਕੀਨੀ ਬਣਾਉਣੀ ਚਾਹੀਦੀ ਹੈ ਕਿਉਂਕਿ ਪੁਰਾਤਨ ਸੰਚਾਰ ਦਾ ਇਹ ਸਾਧਨ ਨੁੱਕੜ ਨਾਟਕ ਸਿੱਧਾ ਵਿਦਿਆਰਥੀ ਦਿਲਾਂ ਉੱਪਰ ਅਸਰ ਪਾਉਂਦੇ ਹਨ। ਉਹਨਾਂ ਨਾਟਕ ਦੇ ਨਿਰਦੇਸ਼ਕ ਸੁਖਦੇਵ ਲੱਧੜ ਦਾ ਉਚੇਚ ਧੰਨਵਾਦ ਵੀ ਕੀਤਾ, ਜੋ ਕਿ ਦਰਜਨਾਂ ਤੋਂ ਵਧੇਰੇ ਪੰਜਾਬੀ ਫੀਚਰ ਫ਼ਿਲਮਾਂ ਵਿੱਚ ਅਹਿਮ ਰੋਲ ਅਦਾ ਕਰਨ ਦੇ ਬਾਵਜੂਦ ਵੀ ਆਪਣੀ ਮਿੱਟੀ ਅਤੇ ਆਪਣੇ ਲੋਕਾਂ ਨਾਲ ਆਹਮੋ-ਸਾਹਮਣੇ ਜਾ ਕੇ ਗੱਲਬਾਤ ਕਰਨ ਨੂੰ ਅਤੇ ਸਨੇਹਾ ਪਹੁੰਚਾਉਣ ਨੂੰ ਆਪਣਾ ਫਰਜ਼ ਸਮਝਦੇ ਹਨ ਤੇ ਬਾਖੂਬੀ ਨਿਭਾ ਵੀ ਰਹੇ ਹਨ।ਇਸ ਮੌਕੇ ਸਮੂਹ ਵਿਦਿਆਰਥੀ ਅਤੇ ਸਟਾਫ਼ ਮੈਂਬਰ ਹਾਜ਼ਰ ਸਨ।

# ਭਾਰਤ-ਅਮਰੀਕਾ ਅੰਤਰਿਮ ਵਪਾਰ ਸਮਝੌਤੇ ਨਾਲ ਸੰਵੇਦਨਸ਼ੀਲ ਖੇਤੀ ਤੇ ਡੇਅਰੀ ਖੇਤਰ ਪੂਰੀ ਤਰ੍ਹਾਂ ਦੇ ਨਾਲ ਸੁਰੱਖਿਅਤ

ਸੰਗਰੂਰ 4 ਫਰਵਰੀ (ਹਰਕੰਵਲ ਸਿੰਘ ਹੈਪੀ) ਭਾਰਤੀ ਜਨਤਾ ਪਾਰਟੀ ਦੇ ਪ੍ਰਦੇਸ਼ ਕਾਰਜਕਾਰਨੀ ਮੈਂਬਰ ਸਰਜੀਵਨ ਜਿੰਦਲ ਨੇ ਕੁੱਝ ਚੁਣਿੰਦਾ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਹਾਲ ਹੀ ਵਿੱਚ ਘੋਸ਼ਿਤ ਹੋਏ ਭਾਰਤ-ਅਮਰੀਕਾ ਅੰਤਰਿਮ ਵਪਾਰ ਸਮਝੌਤੇ ਨੇ ਭਾਰਤੀ ਕਿਸਾਨਾਂ ਵਿੱਚ ਅਸਲ ਚਿੰਤਾ ਪੈਦਾ ਕੀਤੀ ਹੈ, ਜਿਸ ਨੂੰ ਅਮਰੀਕੀ ਕ੍ਰਿਸ਼ੀ ਮੰਤਰੀ ਬਰੂਕ ਰੋਲਿੰਸ ਵੱਲੋਂ 2 ਫਰਵਰੀ ਨੂੰ ਕੀਤੇ ਟਵੀਟ ਨੇ ਹੋਰ ਵਧਾ ਦਿੱਤਾ ਜਿਸ ਵਿੱਚ ਉਨ੍ਹਾਂ ਕਿਹਾ ਸੀ ਕਿ ਇਹ ਸਮਝੌਤਾ 'ਅਮਰੀਕੀ ਖੇਤੀ ਉਤਪਾਦਾਂ ਨੂੰ ਭਾਰਤ ਦੇ ਵਿਸ਼ਾਲ ਬਾਜ਼ਾਰ ਵਿੱਚ ਵਧੇਰੇ ਨਿਰਯਾਤ' ਕਰੇਗਾ, ਕੀਮਤਾਂ ਵਧਾਏਗਾ ਅਤੇ ਗ੍ਰਾਮੀਣ ਅਮਰੀਕਾ ਵਿੱਚ ਨਕਦੀ ਪੰਪ ਕਰੇਗਾ। ਕਿਸਾਨ ਸੰਗਠਨਾਂ, ਜਿਵੇਂ ਸੰਯੁਕਤ ਕਿਸਾਨ ਮੋਰਚਾ, ਅਤੇ ਵਿਰੋਧੀ ਧਿਰਾਂ ਨੇ ਤੁਰੰਤ ਚੇਤਾਵਨੀ ਦਿੱਤੀ ਕਿ ਸਬਸਿਡੀ ਵਾਲੇ ਅਮਰੀਕੀ ਖੇਤੀ ਉਤਪਾਦ ਭਾਰਤੀ ਬਾਜ਼ਾਰ ਵਿੱਚ ਹੜ੍ਹ ਲਿਆ ਸਕਦੇ ਹਨ ਅਤੇ ਘਰੇਲੂ ਕਿਸਾਨਾਂ ਤੇ ਡੇਅਰੀ ਉਤਪਾਦਕਾਂ ਦੀ ਰੋਜ਼ੀ-ਰੋਟੀ ਨੂੰ ਖਤਰੇ ਵਿੱਚ ਪਾ ਸਕਦੇ ਹਨ। ਖੇਤੀ ਅਤੇ ਡੇਅਰੀ ਭਾਰਤ ਦੇ ਵਪਾਰ ਗੱਲਬਾਤਾਂ ਵਿੱਚ ਲੰਬੇ ਸਮੇਂ ਤੋਂ ਅਟੱਲ ਲਾਲ ਰੇਖਾਵਾਂ ਰਹੀਆਂ ਹਨ ਪ੍ਰੰਤੂ ਵਣਜ ਅਤੇ ਉਦਯੋਗ ਮੰਤਰੀ ਪੀਯੂਸ਼ ਗੋਇਲ ਵੱਲੋਂ ਅੱਜ ਲੋਕ ਸਭਾ ਵਿੱਚ ਦਿੱਤੇ ਬਿਆਨ ਨੇ ਇਨ੍ਹਾਂ ਡਰਾਂ ਨੂੰ ਪੂਰੀ ਤਰ੍ਹਾਂ ਖਾਰਜ ਕਰਦਿਆਂ ਸਿੱਧਾ ਜਵਾਬ ਦਿੱਤਾ ਹੈ।

ਇਹ ਵਾਅਦੇ ਅਸਪੱਸ਼ਟ ਨਹੀਂ ਹਨ। ਲਗਭਗ ਇੱਕ ਸਾਲ ਦੀ ਤੀਬਰ ਗੱਲਬਾਤ ਤੋਂ ਬਾਅਦ ਇਹ ਸਮਝੌਤਾ ਅੰਤਿਮ ਰੂਪ ਲੈ ਰਿਹਾ ਹੈ, ਜਿਸ ਵਿੱਚ ਭਾਰਤ ਨੇ ਆਪਣੀ ਸਥਿਤੀ ਨੂੰ ਲਗਾਤਾਰ ਸਪੱਸ਼ਟ ਰੱਖਿਆ ਹੈ: ਮੁੱਖ ਖੇਤੀ ਉਤਪਾਦ, ਡੇਅਰੀ ਉਤਪਾਦ ਅਤੇ ਹੋਰ ਸੰਵੇਦਨਸ਼ੀਲ ਵਸਤੂਆਂ ਨੂੰ ਉਨ੍ਹਾਂ ਛੋਟਾਂ ਤੋਂ ਬਾਹਰ ਰੱਖਿਆ ਗਿਆ ਹੈ ਜੋ ਘਰੇਲੂ ਬਾਜ਼ਾਰ ਨੂੰ ਖਲੇਲ ਸਕਦੀਆਂ ਹਨ। ਮੰਤਰੀ ਗੋਇਲ ਨੇ ਬਿਲਕੁਲ ਸਪੱਸ਼ਟ ਕੀਤਾ ਕਿ ਭਾਰਤ ਸਰਕਾਰ ਦੀ ਪਹਿਲੀ ਤਰਜੀਹ ਕਿਸਾਨਾਂ ਦੀ ਭਲਾਈ ਅਤੇ ਸੁਰੱਖਿਆ ਹੈ। ਕਿਸਾਨਾਂ ਨੂੰ ਤੱਥ ਚਾਹੀਦੇ ਹਨ, ਨਾ ਕਿ ਡਰ। ਸੰਸਦ ਵਿੱਚ ਮੰਤਰੀ ਦਾ ਸਿੱਧਾ ਦਖਲ ਪ੍ਰਮਾਣ ਹੈ ਕਿ ਸਰਕਾਰ ਨੇ ਸੁਣਿਆ ਤੇ ਕਾਰਵਾਈ ਕੀਤੀ ਤਾਂ ਜੋ ਉਨ੍ਹਾਂ ਦੇ ਹਿੱਤਾਂ ਦੀ ਰੱਖਿਆ ਹੋਵੇ। ਜਲਦੀ ਹੀ ਜਾਰੀ ਹੋਣ ਵਾਲਾ ਭਾਰਤ- ਅਮਰੀਕਾ ਸੰਯੁਕਤ ਬਿਆਨ ਅੰਤਿਮ ਵੇਰਵੇ ਦੇਵੇਗਾ, ਪਰ ਲੋਕ ਸਭਾ ਤੋਂ ਸੰਦੇਸ਼ ਪਹਿਲਾਂ ਹੀ ਬਿਲਕੁਲ ਸਪੱਸ਼ਟ ਹੈ ਕਿ ਭਾਰਤੀ ਕਿਸਾਨਾਂ ਦੇ ਅਧਿਕਾਰ ਸੁਰੱਖਿਅਤ ਹਨ, ਖੇਤੀ ਤੇ ਡੇਅਰੀ ਸੁਰੱਖਿਅਤ ਰਹੇਗੀ ਤੇ ਸਰਕਾਰ ਉਨ੍ਹਾਂ ਦੇ ਨਾਲ ਖੜ੍ਹੀ ਹੈ। ਸਰਕਾਰ ਨੇ ਜੋ ਹਾਸਲ ਕੀਤਾ ਹੈ ਉਹ ਇੱਕ ਸੰਤੁਲਿਤ ਸਮਝੌਤਾ ਹੈ ਜੋ ਦੇਸ਼ ਲਈ ਨਵੇਂ ਮੌਕੇ ਖੋਲ੍ਹਦਾ ਹੈ ਜਦਕਿ ਕਿਸਾਨ ਦੇ ਹਿੱਤਾਂ ਨੂੰ ਸਰਵੋਚ ਰੱਖਦਾ ਹੈ।

ਇਸ ਮੌਕੇ ਸਰਜੀਵਨ ਜਿੰਦਲ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਭਾਰਤ-ਅਮਰੀਕਾ ਅੰਤਰਿਮ ਵਪਾਰ ਸਮਝੌਤੇ ਦੀ ਨਾ ਕੇਵਲ ਸ਼ਲਾਘਾ ਕੀਤੀ ਬਲਕਿ ਇਸ ਸਫਲਤਾ ਦੇ ਲਈ ਉਹਨਾਂ ਸਾਰੇ ਭਾਰਤ ਵਾਸੀਆਂ ਨੂੰ ਵਧਾਈ ਵੀ ਦਿੱਤੀ।

# ਬੱਚਿਆਂ ਦੀ ਜਾਨ ਜੋਖ਼ਮ 'ਚ ਪਾ ਰਿਹੈ 60 ਸਾਲ ਪੁਰਾਣੀ ਬਿਲਡਿੰਗ ਦੀਆਂ ਛੱਤਾਂ ਤੇ ਚੱਲ ਰਿਹਾ ਸਕੂਲ

ਮੌੜ ਮੰਡੀ, 4 ਫਰਵਰੀ (ਭੋਲਾ ਸਿੰਘ ਮਾਨ): ਸਥਾਨਕ ਸ਼ਹਿਰ ਦੇ ਰੇਲਵੇ ਸਟੇਸ਼ਨ ਕੋਲ ਸ਼੍ਰੀ ਸਨਾਤਨ ਧਰਮ ਧਰਮਸ਼ਾਲਾ ਵਿਖੇ 60 ਸਾਲ ਪੁਰਾਣੀ ਬਿਲਡਿੰਗ ਦੀਆਂ ਛੱਤਾਂ ਤੇ ਚੱਲ ਰਿਹਾ ਸਕੂਲ ਜਿੱਥੇ ਸੈਂਕੜੇ ਵਿਦਿਆਰਥੀਆਂ ਦੀ ਜਾਨ ਜੋਖ਼ਮ 'ਚ ਪਾ ਰਿਹਾ ਹੈ ਉੱਥੇ ਗਰਾਊਂਡ ਵਗੈਰਾ ਦੀ ਸਹੂਲਤ ਨਾ ਹੋਣ ਕਾਰਨ ਉਨ੍ਹਾਂ ਨੂੰ ਖੇਡਾਂ ਤੋਂ ਬਾਂਝਾ ਰੱਖਿਆ ਜਾ ਰਿਹਾ ਹੈ। ਇਕੱਤਰ ਕੀਤੀ ਜਾਣਕਾਰੀ ਅਨੁਸਾਰ ਸ਼੍ਰੀ ਸਨਾਤਨ ਧਰਮ ਧਰਮਸ਼ਾਲਾ ਵਿਖੇ ਇਸ ਦੇ ਪ੍ਰਬੰਧਕਾਂ ਵੱਲੋਂ ਸਿੱਖਿਆ ਵਿਭਾਗ ਦੇ ਨਿਯਮਾਂ ਨੂੰ ਛਿੱਕੇ ਟੰਗ ਕੇ ਇੱਕ ਪ੍ਰਾਈਵੇਟ ਸਕੂਲ ਚਲਾਇਆ ਜਾ ਰਿਹਾ ਹੈ। ਪ੍ਰਬੰਧਕਾਂ ਵੱਲੋਂ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨਾਲ ਮਿਲੀ ਭੁਗਤ ਕਰਕੇ ਤੇ ਸਕੂਲ ਸਬੰਧੀ ਅਸਲੀ ਤੱਥਾਂ ਨੂੰ ਛੁਪਾ ਕੇ ਵਿਭਾਗ ਤੋਂ ਮਾਨਤਾ ਲਈ ਹੋਈ ਹੈ। ਜਿਸ ਤੋਂ ਸਪੱਸ਼ਟ ਹੈ ਕਿ ਸਕੂਲ ਪ੍ਰਬੰਧਕਾਂ ਨੂੰ ਨਿੱਕੇ ਨਿੱਕੇ ਬੱਚਿਆਂ ਦੀ ਜਿੰਦਗੀ ਨਾਲੋਂ ਆਰਥਿਕ ਹਿੱਤ ਪਿਆਰੇ ਹਨ। ਮਾਨਤਾ ਦੇ ਮੁੱਖ ਨਿਯਮ ਅਨੁਸਾਰ ਕਿਸੇ ਵੀ ਆਫ਼ਤ ਨਾਲ ਨਜਿੱਠਣ ਲਈ ਐਮਰਜੈਂਸੀ ਦੌਰਾਨ ਬੱਚਿਆਂ ਨੂੰ ਸਕੂਲ ਚੋਂ ਸੁਰੱਖਿਅਤ ਬਾਹਰ ਕੱਢਣ ਲਈ ਪੁਖਤਾ ਪ੍ਰਬੰਧ ਹੋਣੇ ਚਾਹੀਦੇ ਹਨ। ਪ੍ਰੰਤੂ ਮੌੜ ਮੰਡੀ ਦੀ ਸ਼੍ਰੀ ਸਨਾਤਨ ਧਰਮ ਧਰਮਸ਼ਾਲਾ ਵਿਖੇ ਚੱਲ ਰਹੇ ਇਸ ਸਕੂਲ 'ਚ ਮਾਨਤਾ ਦੇ ਨਿਯਮਾਂ ਦੀਆਂ ਧੱਜੀਆਂ ਉਡਾਉਂਦੇ ਹੋਏ ਹਰ ਪੱਖ ਤੋਂ ਬੱਚਿਆਂ ਦੇ ਭਵਿੱਖ ਨਾਲ ਖਿਲਵਾੜ ਕੀਤਾ ਜਾ ਰਿਹਾ ਹੈ। ਸਵੇਰੇ ਸਕੂਲ ਲੱਗਣ ਸਮੇਂ ਅਤੇ ਦੁਪਹਿਰ ਛੁੱਟੀ ਹੋਣ ਸਮੇਂ ਇਸ ਸਕੂਲ 'ਚ ਪੜ੍ਹਨ ਵਾਲੇ 300 ਦੇ ਕਰੀਬ ਵਿਦਿਆਰਥੀਆਂ ਨੂੰ ਉਪਰ ਜਾਣ ਅਤੇ ਹੇਠਾਂ ਉਤਰਨ ਲਈ ਇੱਕ ਭੀੜੀ ਜਿਹੀ ਪੌੜੀ ਦਾ ਪ੍ਰਬੰਧ ਹੈ। ਜੇਕਰ ਕਿਸੇ ਸਮੇਂ ਕੋਈ ਅਣਸੁਖਾਵੀਂ ਘਟਨਾ ਵਾਪਰ ਜਾਵੇ ਤਾਂ ਇਹ ਸੈਂਕੜੇ ਬੱਚੇ ਪੁਰਾਣੀਆਂ ਛੱਤਾਂ ਤੇ ਚੱਲ ਰਹੇ ਸਕੂਲ 'ਚੋਂ ਸੁਰੱਖਿਅਤ ਤਰੀਕੇ ਨਾਲ ਬਾਹਰ ਨਹੀਂ ਕੱਢੇ ਜਾ ਸਕਦੇ। ਜਿਸ ਕਾਰਨ ਇਸ ਸਕੂਲ 'ਚ ਪੜ੍ਹਨ ਵਾਲੇ ਨਿੱਕੇ ਨਿੱਕੇ ਬੱਚਿਆਂ ਦੀ ਜਿੰਦਗੀ ਤੇ ਹਮੇਸ਼ਾ ਜੋਖ਼ਮ ਮੰਡਰਾਉਂਦਾ ਰਹਿੰਦਾ ਹੈ ਤੇ ਸਿੱਖਿਆ ਵਿਭਾਗ ਕੁੰਭਕਰਨੀ ਨੀਂਦ ਸੌਂ ਰਿਹਾ ਹੈ।

ਇਲਾਕਾ ਵਾਸੀਆਂ ਕੁਲਵੰਤ ਸਿੰਘ, ਹਰਦੀਪ ਸਿੰਘ, ਮਲਕੀਤ ਸਿੰਘ, ਅੰਗਰੇਜ਼ ਸਿੰਘ, ਮਨਦੀਪ ਸਿੰਘ, ਬਲਵਿੰਦਰ ਸਿੰਘ ਆਦਿ ਨੇ ਕਿਹਾ ਕਿ ਧਰਮਸ਼ਾਲਾ ਦੀ ਛੱਤ ਤੇ ਚੱਲ ਰਹੇ ਇਸ ਸਕੂਲ ਦੇ ਬਿਲਕੁੱਲ ਨੀਚੇ ਆਮ ਤੌਰ ਤੇ ਕਿਸੇ ਨਾ ਕਿਸੇ ਕਿਸਮ ਦੇ ਪ੍ਰੋਗਰਾਮ ਹੁੰਦੇ ਰਹਿੰਦੇ ਹਨ ਤੇ ਲਾਊਡ ਸਪੀਕਰ ਗੂੰਜਦੇ ਰਹਿੰਦੇ ਹਨ ਜਿਸ ਕਾਰਨ ਬੱਚਿਆਂ ਦੀ ਪੜ੍ਹਾਈ ਬੁਰੀ ਤਰ੍ਹਾਂ ਪ੍ਰਭਾਵਿਤ ਹੁੰਦੀ ਹੈ। ਕਿਸੇ ਵੀ ਪ੍ਰੋਗਰਾਮ ਮੌਕੇ ਧਰਮਸ਼ਾਲਾ ਵਿਖੇ ਗੈਸੀ ਭੱਠੀਆਂ ਚਲਦੀਆਂ ਹਨ ਤੇ ਭਾਰੀ ਸ਼ੋਰ ਸ਼ਰਾਬਾ ਹੁੰਦਾ ਰਹਿੰਦਾ ਹੈ। ਗੈਸੀ ਭੱਠੀਆਂ ਲਈ ਵਰਤੇ ਜਾਂਦੇ ਗੈਸ ਸਿਲੰਡਰਾਂ ਕਾਰਨ ਇੱਥੇ ਕਿਸੇ ਵੀ ਸਮੇਂ ਅੱਗ ਵਗੈਰਾ ਲੱਗ ਕੇ ਭਿਆਨਕ ਹਾਦਸਾ ਵਾਪਰ ਸਕਦਾ ਹੈ ਤੇ ਨਿੱਕੇ ਨਿੱਕੇ ਬੱਚਿਆਂ ਦੀ ਜਿੰਦਗੀਆਂ ਦਾ ਨੁਕਸਾਨ ਹੋ ਸਕਦਾ ਹੈ। ਮੰਡੀ ਦੇ ਸਮਾਜ ਸੇਵੀਆਂ ਨੇ ਐਲਾਨ ਕੀਤਾ ਹੈ ਕਿ ਜੇਕਰ ਸਕੂਲ ਦੀ ਪ੍ਰਬੰਧਕੀ ਕਮੇਟੀ ਤੇ ਲਾਪ੍ਰਵਾਹੀ ਵਰਤਣ ਵਾਲੇ ਅਧਿਕਾਰੀਆਂ ਖਿਲਾਫ਼ ਸਰਕਾਰ ਤੇ ਵਿਭਾਗ ਨੇ ਉਚਿਤ ਕਾਰਵਾਈ ਨਾ ਕੀਤੀ ਤਾਂ ਉਹ ਇਸ ਮਾਮਲੇ ਨੂੰ ਮਾਣਯੋਗ ਅਦਾਲਤ, ਮਨੁੱਖੀ ਅਧਿਕਾਰ ਕਮਿਸ਼ਨ, ਚਾਈਲਡ ਵੈਲਫੇਅਰ ਸੁਸਾਇਟੀ ਦੇ ਧਿਆਨ 'ਚ ਲਿਆਉਣਗੇ ਤਾਂ ਜੋ ਇਸ ਮਾਮਲੇ 'ਚ ਅਣਗਹਿਲੀ ਵਰਤਣ ਵਾਲਿਆਂ ਖਿਲਾਫ਼ ਬਣਦੀ ਕਾਨੂੰਨੀ ਕਾਰਵਾਈ ਕਰਵਾਈ ਜਾ ਸਕੇ।

ਇਸ ਸਬੰਧੀ ਜਦ ਸਕੂਲ ਦੇ ਪ੍ਰਧਾਨ ਤਰਸੇਮ ਚੰਦ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਮਾਨਤਾ ਲੈਣ ਲਈ ਖਾਲਸਾ ਸਕੂਲ ਦਾ ਗਰਾਊਂਡ ਵਰਤਦੇ ਹਾਂ। ਬਾਕੀ ਜਦ ਧਰਮਸ਼ਾਲਾ 'ਚ ਜੋ ਗੈਸੀ ਭੱਠੀਆਂ ਵਗੈਰਾ ਚਲਦੀਆਂ ਹਨ ਉਹ ਸਕੂਲ ਦੇ ਨੀਚੇ ਚਲਦੀਆਂ ਹਨ ਤੇ ਬੱਚੇ ਛੱਤ ਉਪਰ ਹੁੰਦੇ ਹਨ। ਜਿਸ ਕਾਰਨ ਬੱਚਿਆਂ ਨੂੰ ਕੋਈ ਖਤਰਾ ਨਹੀ। ਉਨ੍ਹਾਂ ਮੰਨਿਆ ਕਿ ਬੱਚੇ ਚੜ੍ਹਨ ਤੇ ਉਤਰਨ ਲਈ ਇੱਕੋ ਪੌੜੀ ਦਾ ਇਸਤੇਮਾਲ ਕਰਦੇ ਹਨ। ਇਸ ਸਬੰਧੀ ਜਦ ਜਿਲਾ ਸਿੱਖਿਆ ਅਫ਼ਸਰ ਮਮਤਾ ਸੇਠੀ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਮਾਮਲੇ ਦੀ ਜਾਂਚ ਕੀਤੀ ਜਾਵੇਗੀ ਤੇ ਤੁਸੀਂ ਇਸ ਸਬੰਧੀ ਮਾਨਤਾ ਦੇਣ ਵਾਲੇ ਅਧਿਕਾਰੀਆਂ ਨਾਲ ਗੱਲਬਾਤ ਕਰੋ। ਜਦ ਇਸ ਸਬੰਧੀ ਐਲੀਮੈਂਟਰੀ ਵਿਭਾਗ ਦੇ ਅਧਿਕਾਰੀਆਂ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਉਹ ਇਸ ਮਾਮਲੇ ਦੀ ਜਾਂਚ ਕਰਨਗੇ ਕਿ ਵਿਭਾਗ ਵੱਲੋਂ ਮਾਨਤਾ ਦਿੱਤੀ ਗਈ ਹੈ ਜਾਂ ਸਿੱਖਿਆ ਵਿਭਾਗ ਵੱਲੋਂ ਐਫੀਲੇਸ਼ਨ ਕਰਵਾਈ ਗਈ ਹੈ। ਕਿੰਨ੍ਹਾਂ ਸਥਿਤੀਆਂ ਤਹਿਤ ਮਾਨਤਾ ਦਿੱਤੀ ਗਈ ਇਸ ਨੂੰ ਦੇਖ ਕੇ ਹੀ ਕੁਝ ਦੱਸਿਆ ਜਾ ਸਕਦਾ ਹੈ।

# ਨਜਾਇਜ਼ ਸ਼ਰਾਬ ਬਰਾਮਦ ਵਿਅਕਤੀ ਕਾਬੂ

ਮਲੋਟ , 4 ਫਰਵਰੀ (ਅਮਨਦੀਪ ਸਿੰਘ ਮਹਿਰਾ): ਪੁਲਿਸ ਨੇ ਗਸ਼ਤ ਅਤੇ ਚੈਕਿੰਗ ਦੌਰਾਨ ਇੱਕ ਵਿਅਕਤੀ ਨੂੰ ਕਾਬੂ ਕਰਕੇ ਉਸ ਦੇ ਪਾਸੋਂ ਨਜਾਇਜ਼ ਸ਼ਰਾਬ ਬਰਾਮਦ ਕਰਨ 'ਚ ਸਫ਼ਲਤਾ ਹਾਸਲ ਕੀਤੀ ਜਾਣਕਾਰੀ ਮੁਤਾਬਕ, ਥਾਣੇਦਾਰ ਜਰਨੈਲ ਸਿੰਘ ਆਪਣੇ ਸਾਥੀ ਕਰਮਚਾਰੀਆਂ ਸਮੇਤ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਦੇ ਸਬੰਧ ਵਿੱਚ ਦਾਣਾ ਮੰਡੀ ਕਿਲਿਆਂਵਾਲੀ ਵਿਖੇ ਮੌਜੂਦ ਸਨ। ਇਸ ਦੌਰਾਨ ਇੱਕ ਮੁਖਬਰ ਖ਼ਾਸ ਨੇ ਪੁਲਿਸ ਨੂੰ ਇਤਲਾਹ ਦਿੱਤੀ ਕਿ ਜਗਰੂਪ ਸਿੰਘ ਉਰਫ਼ ਰੂਪਾ ਪੁੱਤਰ ਕੁਲਵੰਤ ਸਿੰਘ ਵਾਸੀ ਪਿੰਡ ਫਤੂਹੀ ਵਾਲਾ (ਸਿੰਘੇਵਾਲਾ) ਹਰਿਆਣਾ ਸਟੇਟ ਤੋਂ ਠੇਕੇ ਦੀ ਸ਼ਰਾਬ ਸਸਤੇ ਭਾਅ 'ਤੇ ਲਿਆ ਕੇ ਪੰਜਾਬ 'ਚ ਮਹਿੰਗੇ ਭਾਅ 'ਤੇ ਵੇਚਣ ਦਾ ਆਦੀ ਹੈ।

ਮੁਖਬਰ ਨੇ ਦੱਸਿਆ ਕਿ ਉਕਤ ਵਿਅਕਤੀ ਅੱਜ ਵੀ ਹਰਿਆਣਾ ਸਟੇਟ ਤੋਂ ਥੋੜੀ ਦੇਰ ਪਹਿਲਾਂ ਠੇਕੇ ਦੀ ਸ਼ਰਾਬ ਲੈ ਕੇ ਆਇਆ ਹੈ ਤੇ ਜੇਕਰ ਕਿਲਿਆਂਵਾਲੀ ਸਿੰਘੇਵਾਲਾ ਰੋਡ 'ਤੇ ਨਾਕਾਬੰਦੀ ਕਰਕੇ ਤਲਾਸ਼ੀ ਲਈ ਜਾਵੇ ਤਾਂ ਉਹ ਨਜਾਇਜ਼ ਸ਼ਰਾਬ ਸਮੇਤ ਕਾਬੂ ਆ ਸਕਦਾ ਹੈ। ਇਤਲਾਹ ਨੂੰ ਮੋਹਤਬਰ ਸਮਝਦੇ ਹੋਏ ਪੁਲਿਸ ਨੇ ਤੁਰੰਤ ਨਾਕਾਬੰਦੀ ਕਰਕੇ ਤਲਾਸ਼ੀ ਦੌਰਾਨ ਜਗਰੂਪ ਸਿੰਘ ਉਰਫ਼ ਰੂਪਾ ਨੂੰ ਕਾਬੂ ਕਰ ਲਿਆ, ਜਿਸ ਦੇ ਕਬਜ਼ੇ 'ਚੋਂ ਹਰਿਆਣਾ ਸਟੇਟ ਦੀ ਠੇਕੇ ਦੀ ਨਜਾਇਜ਼ ਸ਼ਰਾਬ ਦੀਆਂ 12 ਬੋਤਲਾਂ ਬਰਾਮਦ ਕੀਤੀ ਗਈ। ਪੁਲਿਸ ਵੱਲੋਂ ਉਕਤ ਵਿਅਕਤੀ ਦੇ ਖ਼ਿਲਾਫ਼ ਕਾਨੂੰਨ ਅਨੁਸਾਰ ਮੁਕੱਦਮਾ ਦਰਜ ਕਰਕੇ ਅੱਗੇ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

# ਕੈਂਪ ਦੌਰਾਨ ਪ੍ਰੇਰਨਾ ਤਮਕ ਲੈਕਚਰ ਕਰਵਾਇਆ



ਧੂਰੀ, 4 ਫ਼ਰਵਰੀ (ਰਾਜੇਸ਼ਵਰ ਪਿੰਟੂ): ਯੂਨੀਵਰਸਿਟੀ ਕਾਲਜ ਬੇਨੜਾ ਵਿਖੇ ਸੱਤ ਰੋਜ਼ਾ ਕੌਮੀ ਸੇਵਾ ਯੋਜਨਾ ਕੈਂਪ ਦੌਰਾਨ ਪ੍ਰਿੰਸੀਪਲ ਡਾ. ਹਰਵਿੰਦਰ ਸਿੰਘ ਦੀ ਅਗਵਾਈ ਵਿੱਚ ਵਲੰਟੀਅਰਾਂ ਲਈ ਪ੍ਰੇਰਨਾ ਤਮਕ ਲੈਕਚਰ ਕਰਵਾਇਆ ਗਿਆ। ਜਿਸ ਵਿੱਚ ਡੀ.ਐੱਸ.ਪੀ. ਧੂਰੀ ਗੁਰਪ੍ਰੀਤ ਸਿੰਘ ਮੁੱਖ ਬੁਲਾਰੇ ਵਜੋਂ ਸ਼ਾਮਲ ਹੋਏ। ਕਾਲਜ ਪ੍ਰਿੰਸੀਪਲ ਨੇ ਮੁੱਖ ਮਹਿਮਾਨ ਦਾ ਰਸਮੀ ਸਵਾਗਤ ਕੀਤਾ। ਮੁੱਖ ਬੁਲਾਰੇ ਨੇ ਆਪਣੇ ਵਿਦਿਆਰਥੀ ਜੀਵਨ ਵਿੱਚੋਂ ਉਦਾਹਰਨਾਂ ਦੇ ਕੇ ਵਲੰਟੀਅਰਾਂ ਨੂੰ ਜੀਵਨ ਵਿੱਚ ਅੱਗੇ ਵਧਣ ਦਾ ਸੁਨੇਹਾ ਦਿੱਤਾ। ਉਨ੍ਹਾਂ ਕਿਹਾ ਸਾਡੀ ਚੰਗੀ ਸੋਚ ਨਾਲ ਹੀ ਜ਼ਿੰਦਗੀ ਬਿਹਤਰ ਬਣਦੀ ਹੈ ਅਤੇ ਦਿਮਾਗ਼ ਨੂੰ ਸਹੀ ਦਿਸ਼ਾ ਮਿਲਣ ਨਾਲ ਹੀ ਚੰਗੀ ਸੋਚ ਬਣਦੀ ਹੈ। ਮਿਹਨਤ ਦੇ ਨਾਲ ਨਾਲ ਹਮੇਸ਼ਾ ਯੋਜਨਾਬੱਧ ਤਰੀਕੇ ਨਾਲ ਜੀਵਨ ਜਿਊਣਾ ਚਾਹੀਦਾ ਹੈ।

ਇਸ ਮੌਕੇ ਐੱਨ.ਐੱਸ.ਐੱਸ. ਰੈਗੂਲਰ ਯੂਨਿਟ ਦੇ ਪ੍ਰੋਗਰਾਮ ਅਫ਼ਸਰ ਡਾ. ਅਸ਼ੋਕ ਕੁਮਾਰ, ਐੱਨ.ਐੱਸ.ਐੱਸ ਸੈੱਲਫ਼ ਫਾਈਨਾਂਸ ਯੂਨਿਟ ਦੇ ਪ੍ਰੋਗਰਾਮ ਅਫ਼ਸਰ ਡਾ. ਊਸ਼ਾ ਰਾਣੀ ਤੋਂ ਇਲਾਵਾ ਡਾ. ਰਾਕੇਸ਼ ਕੁਮਾਰ, ਡਾ. ਕਰਮਜੀਤ ਸਿੰਘ, ਡਾ. ਗਗਨਦੀਪ ਸਿੰਘ, ਪ੍ਰੋ: ਗੁਰਦੀਪ ਸਿੰਘ, ਪ੍ਰੋ: ਪ੍ਰਭਜੋਤ ਕੌਰ, ਡਾ. ਮਨਜੋਤ ਕੌਰ ਹਾਜ਼ਰ ਸਨ।

# ਰਾਸ਼ਟਰੀ ਵੋਟਰ ਦਿਵਸ ਦੌਰਾਨ ਜ਼ਿਲ੍ਹਾ ਪੱਧਰ 'ਤੇ ਅਧਿਆਪਕ ਬੇਅੰਤ ਸਿੰਘ ਮਲੂਕਾ ਦਾ ਬੈਸਟ ਬੀ ਐਲ ਓ ਵਜੋਂ ਸਨਮਾਨ

ਭਗਤਾ ਭਾਈ ਕਾ, 4 ਫਰਵਰੀ (ਸਵਰਨ ਸਿੰਘ ਭਗਤਾ): ਲੰਘੀ 25 ਜਨਵਰੀ ਨੂੰ ਸਮੁੱਚੇ ਦੇਸ਼ ਵਿੱਚ 'ਰਾਸ਼ਟਰੀ ਵੋਟਰ ਦਿਵਸ' ਮਨਾਇਆ ਗਿਆ। ਵੋਟਰਾਂ ਨੂੰ ਉਹਨਾਂ ਦੀ ਵੋਟ ਬਣਾਉਣ, ਦਰੁਸਤੀ ਅਤੇ ਵਰਤੋਂ ਸੰਬੰਧੀ ਵਿਸ਼ੇਸ਼ ਕੈਂਪ ਲਗਾ ਕੇ ਜਾਣਕਾਰੀ ਦਿੱਤੀ ਗਈ । ਵੋਟਰ ਸੂਚੀ ਪੜ੍ਹ ਕੇ ਸਣਾਈ ਗਈ। ਇਹ ਕੈਂਪ ਪਿੰਡਾਂ ਅਤੇ ਸ਼ਹਿਰਾਂ ਦੇ ਹਰ ਇੱਕ ਬੂਥ ਪੱਧਰ 'ਤੇ ਲਗਾਏ ਗਏ ਹਨ। ਜਿਸ ਵਿੱਚ ਵੋਟਰਾਂ ਦੀ ਭਰਵੀਂ ਸ਼ਮੂਲੀਅਤ ਰਹੀ। ਉੱਥੇ ਹੀ ਬੀ.ਐਲ.ਓ. ਵਜੋਂ ਸ਼ਾਨਦਾਰ ਸੇਵਾਵਾਂ ਨਿਭਾਉਣ ਵਾਲੇ ਅਧਿਕਾਰੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸੇ ਕੜੀ ਦੇ ਤਹਿਤ ਅੱਜ ਬਠਿੰਡਾ ਵਿਖੇ ਜ਼ਿਲ੍ਹਾ ਪੱਧਰ 'ਤੇ ਇੱਕ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਸ਼੍ਰੀਮਤੀ ਹਰਜਿੰਦਰ ਕੌਰ ਚੋਣ ਤਹਿਸੀਲਦਾਰ ਬਠਿੰਡਾ ਵੱਲੋਂ ਬੇਅੰਤ ਸਿੰਘ ਮਲੂਕਾ (ਸਟੇਟ ਐਵਾਰਡੀ ਅਧਿਆਪਕ) ਜਿਹਨਾਂ ਦੀ ਡਿਊਟੀ ਬਤੌਰ ਬੀ.ਐਲ.ਓ.ਵਜੋਂ ਬੂਥ ਨੰਬਰ- 42 ਮਲੂਕਾ (ਅਧੀਨ 090 ਹਲਕਾ ਰਾਮਪੁਰਾ ਫੂਲ) ਵਿਖੇ ਲੱਗੀ ਹੋਈ ਹੈ ਨੂੰ ਉਹਨਾਂ ਦੀਆਂ ਸ਼ਾਨਦਾਰ ਬੀ ਐਲ ਓ ਸੇਵਾਵਾਂ ਬਦਲੇ ਸਨਮਾਨਿਤ ਕੀਤਾ ਗਿਆ। ਇੱਥੇ ਇਹ ਵੀ ਵਰਣਨਯੋਗ ਹੈ ਕਿ ਬੇਅੰਤ ਸਿੰਘ ਮਲੂਕਾ ਇੱਕ ਸਥਾਪਿਤ ਅਧਿਆਪਕ ਹਨ। ਉਹਨਾਂ ਦੀ ਸਖ਼ਤ ਮਿਹਨਤ ਸਦਕਾ ਸਰਕਾਰੀ ਪ੍ਰਾਇਮਰੀ ਸਕੂਲ ਮਲੂਕਾ (ਬਠਿੰਡਾ) ਅੱਜ ਪੰਜਾਬ ਦੇ ਚੋਟੀ ਦੇ ਸਕੂਲਾਂ ਦੀ ਸ਼੍ਰੇਣੀ ਵਿੱਚ ਸ਼ੁਮਾਰ ਹੈ। ਉਹ ਸਕੂਲ ਸਮੇਂ ਤੋਂ ਬਾਅਦ ਵੀ ਇਸ ਸੰਸਥਾ ਦੀ ਸਫ਼ਲਤਾ ਲਈ ਦਿਨ-ਰਾਤ ਕੰਮ ਕਰ ਰਹੇ ਹਨ। ਇਸ ਲਈ ਬੂਥ ਲੈਵਲ ਅਫ਼ਸਰ ਵਜੋਂ ਵੀ ਉਹਨਾਂ ਦੀਆਂ ਸੇਵਾਵਾਂ ਬਹੁਤ ਸ਼ਲਾਘਾਯੋਗ ਹਨ। ਉਹਨਾਂ ਦੀ ਇਸ ਨਿਵੇਕਲੀ ਪਹਿਲ ਨੂੰ ਵੇਖਦਿਆਂ ਵੋਟਰ ਦਿਵਸ ਮੌਕੇ ਜ਼ਿਲ੍ਹਾ ਪੱਧਰ 'ਤੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ ਹੈ।



# ਪ੍ਰਧਾਨ ਮੰਤਰੀ ਮਤਸੱਯਾ ਸੰਪਦਾ ਸਕੀਮ ਤਹਿਤ ਮੱਛੀ ਪਾਲਕਾਂ ਨੂੰ 40 ਤੋਂ 60 ਫੀਸਦੀ ਸਬਸਿਡੀ : ਡਿਪਟੀ ਕਮਿਸ਼ਨਰ



ਬਰਨਾਲਾ, 4 ਫਰਵਰੀ (ਚਮਕੌਰ ਸਿੰਘ ਗੱਗੀ) : ਸਰਕਾਰ ਵੱਲੋਂ ਮੱਛੀ ਪਾਲਣ ਨੂੰ ਪ੍ਰਫੁੱਲਿਤ ਕਰਨ ਲਈ ਪ੍ਰਧਾਨ ਮੰਤਰੀ ਮਤਸੱਯਾ ਸੰਪਦਾ ਸਕੀਮ ਚਲਾਈ ਜਾ ਰਹੀ ਹੈ, ਜਿਸ ਤਹਿਤ ਜ਼ਿਲ੍ਹਾ ਬਰਨਾਲਾ ਵਿੱਚ ਮੱਛੀ ਪਾਲਕਾਂ ਨੂੰ ਸਬਸਿਡੀ ਸਣੇ ਵੱਖ -ਵੱਖ ਤਰ੍ਹਾਂ ਦੇ ਲਾਭ ਦਿੱਤੇ ਜਾ ਰਹੇ ਹਨ। ਇਸ ਬਾਰੇ ਵੱਧ ਤੋਂ ਵੱਧ ਲੋਕਾਂ ਨੂੰ ਜਾਗਰੂਕ ਕੀਤਾ ਜਾਵੇ ਅਤੇ ਯੋਗ ਵਿਅਕਤੀਆਂ ਨੂੰ ਬਣਦਾ ਲਾਭ ਦਿੱਤਾ ਜਾਵੇ। ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਹਰਪ੍ਰੀਤ ਸਿੰਘ ਆਈ ਏ ਐੱਸ ਨੇ ਅੱਜ ਇੱਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਪ੍ਰਧਾਨ ਮੰਤਰੀ ਮਤਸਯਾ ਸੰਪਦਾ ਸਕੀਮ ਅਧੀਨ ਜ਼ਿਲ੍ਹਾ ਪੱਧਰੀ ਕਮੇਟੀ ਦੀ ਮੀਟਿੰਗ ਦੌਰਾਨ ਕੀਤਾ। ਇਸ ਮੌਕੇ ਵਿੱਤੀ ਸਾਲ 2025-26 ਲਈ ਲੋੜੀਂਦੇ ਪ੍ਰੋਜੈਕਟਾਂ ਲਈ ਐਕਸ਼ਨ ਪਲਾਨ ਪਾਸ ਕੀਤਾ ਗਿਆ। ਇਸ ਮੌਕੇ ਸਹਾਇਕ ਡਾਇਰੈਕਟਰ ਮੱਛੀ ਪਾਲਣ ਸ੍ਰੀਮਤੀ ਚਰਨਜੀਤ ਕੌਰ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਮਤਸਯਾ ਸੰਪਦਾ ਯੋਜਨਾ ਅਧੀਨ ਜ਼ਿਲ੍ਹੇ ਦੇ ਮੱਛੀ ਪਾਲਕਾਂ ਨੂੰ 40 ਤੋਂ 60 ਫ਼ੀਸਦੀ ਸਬਸਿਡੀ ਦਿੱਤੀ ਜਾਂਦੀ ਹੈ। ਓਨ੍ਹਾਂ ਦੱਸਿਆ ਸਰਕਾਰ ਵੱਲੋਂ ਮੱਛੀ ਪਾਲਣ ਦੇ ਕਿੱਤੇ ਨੂੰ ਪ੍ਰਫੁੱਲਿਤ ਕਰਨ ਲਈ ਅਨੇਕਾਂ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ, ਉੱਥੇ ਹੀ ਸਵੈ-ਰੋਜ਼ਗਾਰ ਕਰਨ ਦੇ ਚਾਹਵਾਨ ਵਿਅਕਤੀਆਂ ਨੂੰ ਮੱਛੀ ਅਤੇ ਮੱਛੀ ਦੇ ਉਤਪਾਦਾਂ ਦੀ ਢੋਆ-ਢੁਆਈ ਕਰਨ ਲਈ ਥ੍ਰੀ-ਵੀਲ੍ਹਰ ਵਿਦ ਆਈਸ ਬਾਕਸ ਜਾਂ ਮੋਟਰ ਸਾਈਕਲ ਵਿਦ ਆਈਸ ਬਾਕਸ ਦੀ ਖ੍ਰੀਦ ਕਰਨ ਉਪਰੰਤ ਅਤੇ ਅਧੀਨ ਪਲੇਨ/ਪੱਧਰ ਜ਼ਮੀਨ ਉੱਤੇ ਮੱਛੀ ਤਲਾਬ ਦੀ ਉਸਾਰੀ ਲਈ 40 ਫੀਸਦੀ (ਜਨਰਲ ਸ਼੍ਰੇਣੀ) ਅਤੇ 60 ਫੀਸਦੀ ਐਸ.ਸੀ./ਐਸ.ਟੀ./ਔਰਤਾਂ ਦੇ ਵਰਗ ਨੂੰ ਸਬਸਿਡੀ ਦਿੱਤੀ ਜਾ ਰਹੀ ਹੈ। ਮੱਛੀ ਪਾਲਣ ਦੇ ਚਾਹਵਾਨ ਕਿਸਾਨਾਂ/ਬੇਰੁਜ਼ਗਾਰ ਨੌਜਵਾਨਾਂ ਨੂੰ ਵਿਭਾਗ ਵੱਲੋਂ 5 ਦਿਨਾਂ ਦੀ ਮੁਢਲੀ ਸਿਖਲਾਈ ਮੁਫਤ ਦਿੱਤੀ ਜਾਂਦੀ ਹੈ। ਇਸ ਮੀਟਿੰਗ ਵਿੱਚ ਬਡਬਰ ਵਿੱਚ ਫਿਸ਼ ਕਿਓਸਕ (ਦੁਕਾਨ) ਸਬੰਧੀ ਅਤੇ ਮੋਟਰਸਾਈਕਲ ਦੇ ਨਾਲ ਨਾਲ ਐਕਟਿਵਾ ਵਿਦ ਆਈਸ ਬਾਕਸ ਦਾ ਕੇਸ ਵੀ ਪਾਸ ਕੀਤਾ ਗਿਆ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਹਰਜਿੰਦਰ ਸਿੰਘ ਬੇਦੀ ਆਈ ਏ ਐੱਸ, ਲੀਡ ਬੈਂਕ ਮੈਨੇਜਰ ਗੁਰਪਰਮਿੰਦਰ ਸਿੰਘ, ਖੇਤੀਬਾੜੀ ਵਿਭਾਗ ਤੋਂ ਸੁਨੀਤਾ ਸ਼ਰਮਾ, ਕ੍ਰਿਸ਼ੀ ਵਿਗਿਆਨ ਕੇਂਦਰ ਤੋਂ ਡਾ. ਹਰਜੋਤ ਸਿੰਘ ਸੋਹੀ, ਐੱਸ ਡੀ ਓ ਜਲ ਸਪਲਾਈ ਕੁਲਦੀਪ ਸਿੰਘ, ਕਿਸਾਨ ਸੁਖਪਾਲ ਸਿੰਘ ਮੌਜੂਦ ਸਨ।

# ਆਂਗਨਵਾੜੀ ਸੈਂਟਰਾਂ ਵਿੱਚ ਅਨੀਮੀਆ ਦਿਵਸ ਮਨਾਇਆ



ਬਰਨਾਲਾ, 4 ਫਰਵਰੀ (ਚਮਕੌਰ ਸਿੰਘ ਗੱਗੀ) : ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ ਦੀਆਂ ਹਦਾਇਤਾਂ ਅਤੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਸ਼੍ਰੀਮਤੀ ਰਤਿੰਦਰਪਾਲ ਕੌਰ ਧਾਰੀਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਬਰਨਾਲਾ ਵਿੱਚ ਅਨੀਮੀਆ ਮੁਕਤ ਭਾਰਤ ਅਭਿਆਨ ਤਹਿਤ ਆਂਗਨਵਾੜੀ ਸੈਂਟਰਾਂ ਵਿੱਚ ਅਨੀਮੀਆ ਦਿਵਸ ਮਨਾਇਆ ਗਿਆ। ਇਸ ਸਬੰਧੀ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਰਤਿੰਦਰਪਾਲ ਕੌਰ ਧਾਰੀਵਾਲ ਨੇ ਦੱਸਿਆ ਕਿ ਅਨੀਮੀਆ ਇਕ ਜਾਨਲੇਵਾ ਬਿਮਾਰੀ ਹੈ। ਸਾਡੇ ਸਰੀਰ 'ਚ ਆਇਰਨ ਵਰਗੇ ਕਈ ਪੌਸ਼ਟਿਕ ਤੱਤਾਂ ਦਾ ਹੋਣਾ ਬਹੁਤ ਜ਼ਰੂਰੀ ਹੈ। ਪੌਸ਼ਟਿਕ ਤੱਤ ਸਰੀਰ ਨੂੰ ਸਿਹਤਮੰਦ ਰੱਖਣ ਅਤੇ ਪੂਰਨ ਵਿਕਾਸ ਲਈ ਜ਼ਰੂਰੀ ਹੁੰਦੇ ਹਨ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਆਂਗਨਵਾੜੀ ਵਰਕਰਾਂ ਵੱਲੋਂ ਬੱਚਿਆਂ ਦੇ ਮਾਤਾ-ਪਿਤਾ, ਗਰਭਵਤੀ ਮਹਿਲਾਵਾਂ, ਦੁੱਧ ਪਿਲਾਉਣ ਵਾਲੀਆਂ ਮਹਿਲਾਵਾਂ ਅਤੇ ਆਮ ਪਬਲਿਕ ਨੂੰ ਅਨੀਮੀਆਂ ਦੇ ਲੱਛਣਾਂ, ਰੋਕਥਾਮ ਅਤੇ ਅਨੀਮੀਆ ਦੇ ਪ੍ਰਭਾਵ ਸਬੰਧੀ ਜਾਗਰੂਕ ਕੀਤਾ ਗਿਆ। ਇਸ ਮੌਕੇ ਗਰਭਵਤੀ ਔਰਤਾਂ ਅਤੇ ਦੁੱਧ ਪਿਲਾਉਣ ਵਾਲੀਆਂ ਮਹਿਲਾਵਾਂ ਨੂੰ ਆਇਰਨ ਅਤੇ ਫੋਲਿਕ ਐਸਿਡ ਦੀਆਂ ਗੋਲੀਆਂ ਦੀ ਵਰਤੋਂ ਕਰਨ ਬਾਰੇ ਜਾਣਕਾਰੀ ਦਿੱਤੀ ਅਤੇ ਮੌਸਮੀ ਫ਼ਲ, ਸਬਜ਼ੀਆਂ, ਦੁੱਧ ਅਤੇ ਆਇਰਨ ਭਰਪੂਰ ਪੌਸ਼ਟਿਕ ਆਹਾਰ ਲੈਣ ਸਬੰਧੀ ਜਾਗਰੂਕ ਕੀਤਾ।

# ਵਾਈ.ਐਸ. ਸਕੂਲ ਦੇ ਵਿਦਿਆਰਥੀ ਨੇ ਅਬਾਕਸ ਵਿੱਚ ਬਣਾਇਆ ਵਰਲਡ ਰਿਕਾਰਡ

ਬਰਨਾਲਾ, 4 ਫਰਵਰੀ (ਇਸ਼ੇਨ ਕੰਗ) : ਵਾਈ ਐਸ ਸਕੂਲ ਬਰਨਾਲਾ ਹਮੇਸ਼ਾਂ ਤੋਂ ਹੀ ਵਿਦਿਆਰਥੀਆਂ ਨੂੰ ਇੱਕ ਐਸਾ ਪ੍ਰੇਰਨਾਦਾਇਕ ਮਾਹੌਲ ਪ੍ਰਦਾਨ ਕਰਦਾ ਆ ਰਿਹਾ ਹੈ, ਜਿੱਥੇ ਉਹ ਆਪਣੀਆਂ ਸਮਰੱਥਾਵਾਂ ਨੂੰ ਪਛਾਣ ਕੇ ਉਮੀਦਾਂ ਤੋਂ ਵੀ ਅੱਗੇ ਵੱਧ ਕੇ ਮਹਾਨ ਉਪਲੱਬਧੀਆਂ ਹਾਸਲ ਕਰ ਸਕਣ। ਇਸ ਤਰ੍ਹਾਂ ਦੇ ਗੌਰਵਮਈ ਪਲ ਸਕੂਲ ਦੀ ਗੁਣਵੱਤਾਪੂਰਨ ਸਿੱਖਿਆ ਅਤੇ ਉੱਤਮ ਮਾਰਗਦਰਸ਼ਨ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੇ ਹਨ। ਸਾਨੂੰ ਬਹੁਤ ਮਾਣ ਅਤੇ ਖੁਸ਼ੀ ਨਾਲ ਇਹ ਸਾਂਝਾ ਕਰਦੇ ਹੋਏ ਗੌਰਵ ਮਹਿਸੂਸ ਹੋ ਰਿਹਾ ਹੈ ਕਿ ਸਾਡੇ ਮਾਣਯੋਗ ਵਿਦਿਆਰਥੀ ਹਿਮਾਂਕ ਗਰਗ ਨੇ ਅਬਾਕਸ ਵਿੱਚ ਇੱਕ ਵਿਸ਼ਵ ਰਿਕਾਰਡ ਸਥਾਪਤ ਕੀਤਾ ਹੈ, ਜਿਸਨੂੰ ਅਧਿਕਾਰਿਕ ਤੌਰ 'ਤੇ ਇੰਟਰਨੈਸ਼ਨਲ ਬੁੱਕ ਆਫ ਰਿਕਾਰਡਸ ਵੱਲੋਂ ਮਾਨਤਾ




ਦਿੱਤੀ ਗਈ ਹੈ। ਇਹ ਉਪਲੱਬਧੀ ਪੂਰੇ ਸਕੂਲ ਪਰਿਵਾਰ ਲਈ ਮਾਣ ਅਤੇ ਸਨਮਾਨ ਦਾ ਵਿਸ਼ਾ ਹੈ। ਹਿਮਾਂਕ ਗਰਗ ਨੇ ਅਬਾਕਸ ਕੌਸ਼ਲ ਦੀ ਵਰਤੋਂ ਕਰਦਿਆਂ ਚਾਰ ਅੰਕਾਂ ਵਾਲੀਆਂ ਸੰਖਿਆਵਾਂ ਨੂੰ ਦੋ ਅੰਕਾਂ ਵਾਲੀਆਂ ਸੰਖਿਆਵਾਂ ਨਾਲ ਭਾਗ ਦੇਣ ਵਾਲੇ 50 ਭਾਗ ਪ੍ਰਸ਼ਨਾਂ ਨੂੰ ਸਭ ਤੋਂ ਤੇਜ਼ ਗਤੀ ਨਾਲ ਹੱਲ ਕਰਕੇ ਦੁਨੀਆ ਦਾ ਸਭ ਤੋਂ ਤੇਜ਼ ਕਿਸ਼ੋਰ ਬਣਨ ਦਾ ਗੌਰਵ ਪ੍ਰਾਪਤ ਕੀਤਾ। ਉਸ ਦੀ ਏਕਾਗ੍ਰਤਾ, ਸਹੀਤਾ, ਮਾਨਸਿਕ ਸਮਰੱਥਾ ਅਤੇ ਲਗਾਤਾਰ ਅਭਿਆਸ ਸੱਚਮੁੱਚ ਸਰਾਹਣਯੋਗ ਹਨ, ਜੋ ਹੋਰ ਵਿਦਿਆਰਥੀਆਂ ਲਈ ਪ੍ਰੇਰਨਾ ਦਾ ਸਰੋਤ ਹਨ। ਇਸ ਗੌਰਵਮਈ ਸਫਲਤਾ 'ਤੇ ਵਾਈ ਐਸ ਸਕੂਲ ਬਰਨਾਲਾ ਨੂੰ ਬੇਹੱਦ ਮਾਣ ਹੈ। ਇਹ ਉਪਲੱਬਧੀ ਸਕੂਲ ਦੀ ਉਸ ਸੋਚ ਨੂੰ ਹੋਰ ਮਜ਼ਬੂਤ ਕਰਦੀ ਹੈ, ਜਿੱਥੇ ਪ੍ਰਤਿਭਾਸ਼ਾਲੀ ਬੱਚਿਆਂ ਨੂੰ ਪਛਾਣ, ਮਾਰਗਦਰਸ਼ਨ ਅਤੇ ਮੰਚ ਦੇ ਕੇ ਉਨ੍ਹਾਂ ਨੂੰ ਨੌਜਵਾਨ ਉਪਲੱਬਧਿਕਾਰੀਆਂ ਵਜੋਂ ਨਿਖਾਰਿਆ ਜਾਂਦਾ ਹੈ। ਇਹ ਸਫਲਤਾ ਵਾਈ ਐਸ ਸਕੂਲ ਬਰਨਾਲਾ ਦੇ ਨਾਮ ਨੂੰ ਸਿੱਖਿਆ ਦੇ ਖੇਤਰ ਵਿੱਚ ਹੋਰ ਵੀ ਗੌਰਵਮਈ ਬਣਾਉਂਦੀ ਹੈ।

# ਲਿਟਲ ਏਂਜਲ ਪਲੇਵੇਅ ਸਕੂਲ ਵੱਲੋਂ ਬੀਵੀਐਮ ਇੰਟਰਨੈਸ਼ਨਲ ਸਕੂਲ ਵਿਖੇ 'ਫਨ ਫ੍ਰੋਲਿਕ ਕਾਰਨੀਵਲ'



ਬਰਨਾਲਾ, 4 ਫਰਵਰੀ (ਇਸ਼ੇਨ ਕੰਗ) : ਲਿਟਲ ਏਂਜਲ ਪਲੇਵੇਅ ਸਕੂਲ ਨੇ ਆਪਣੇ ਵਿਦਿਆਰਥੀਆਂ, ਮਾਪਿਆਂ ਅਤੇ ਵਿਸ਼ੇਸ਼ ਮਹਿਮਾਨਾਂ ਲਈ ਇੱਕ ਸ਼ਾਨਦਾਰ ਸਮਾਗਮ ਦਾ ਆਯੋਜਨ ਕੀਤਾ ਅਤੇ ਬੀਵੀਐਮ ਇੰਟਰਨੈਸ਼ਨਲ ਸਕੂਲ, ਬਰਨਾਲਾ ਦੇ ਸ਼ਾਨਦਾਰ ਕੈਂਪਸ ਵਿੱਚ ਫਨ ਫ੍ਰੋਲਿਕ ਕਾਰਨੀਵਲ 2026 ਦਾ ਆਯੋਜਨ ਕੀਤਾ। ਇਹ ਦੋ ਦਿਨਾਂ ਦਾ ਪ੍ਰੋਗਰਾਮ ਨਾ ਸਿਰਫ਼ ਬੱਚਿਆਂ ਲਈ ਮਨੋਰੰਜਨ ਦਾ ਇੱਕ ਸ਼ਾਨਦਾਰ ਸਰੋਤ ਪ੍ਰਦਾਨ ਕਰਦਾ ਹੈ, ਬਲਕਿ ਉਨ੍ਹਾਂ ਦੀ ਸਿਰਜਣਾਤਮਕਤਾ, ਖੇਡਾਂ ਅਤੇ ਸਮੂਹਿਕ ਭਾਵਨਾ ਨੂੰ ਪ੍ਰਦਰਸ਼ਿਤ ਕਰਨ ਲਈ ਇੱਕ ਵਿਲੱਖਣ ਪਲੇਟਫਾਰਮ ਵੀ ਪ੍ਰਦਾਨ ਕਰਦਾ ਹੈ। ਸਮਾਗਮ ਦੇ ਹਰ ਪਹਿਲੂ ਵਿੱਚ ਉਤਸ਼ਾਹ, ਨਵੀਨਤਾ ਅਤੇ ਉਤਸ਼ਾਹ ਦਿਖਾਈ ਦੇ ਰਿਹਾ ਸੀ, ਜਿਸ ਨਾਲ ਸਾਰੇ ਹਾਜ਼ਰੀਨ ਦੇ ਚਿਹਰਿਆਂ 'ਤੇ ਮੁਸਕਰਾਹਟ ਆ ਗਈ। ਇਸ ਮੌਕੇ ਸਕੂਲ ਦੇ ਚੇਅਰਮੈਨ ਸ਼੍ਰੀ ਪ੍ਰਮੋਦ ਅਰੋੜਾ, ਡਾਇਰੈਕਟਰ ਸ਼੍ਰੀ ਨਿਖਿਲ ਅਰੋੜਾ, ਡਾਇਰੈਕਟਰ ਸ਼੍ਰੀਮਤੀ ਨੇਹੁਲ ਅਰੋੜਾ ਅਤੇ ਲਿਟਲ ਏਂਜਲ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਗੀਤਾ ਅਰੋੜਾ ਮੌਜੂਦ ਸਨ। ਬੀਵੀਐਮ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਮਨਿੰਦਰਜੀਤ ਕੌਰ ਧਾਲੀਵਾਲ ਜੀ ਨੇ ਗੁਬਾਰੇ ਛੱਡ ਕੇ ਸਮਾਗਮ ਦਾ ਉਦਘਾਟਨ ਕੀਤਾ। ਬੀਵੀਐਮ ਇੰਟਰਨੈਸ਼ਨਲ ਸਕੂਲ ਕੈਂਪਸ ਇਸ ਪ੍ਰੋਗਰਾਮ ਲਈ ਵਿਸ਼ੇਸ਼ ਤੌਰ ਤੇ ਤਿਆਰ ਕੀਤਾ ਗਿਆ ਸੀ, ਜਿਸ ਨਾਲ ਸਾਰੇ ਹਾਜ਼ਰੀਨ ਲਈ ਇੱਕ ਸ਼ਾਨਦਾਰ ਮਾਹੌਲ ਯਕੀਨੀ ਬਣਾਇਆ ਗਿਆ ਸੀ। ਕੇਟਰਿੰਗ ਪ੍ਰਬੰਧਾਂ ਵਿੱਚ ਕੋਈ ਕਮੀ ਨਹੀਂ ਛੱਡੀ ਗਈ। ਪ੍ਰੋਗਰਾਮ ਦੇ ਅੰਤ ਵਿੱਚ, ਬੀਵੀਐਮ ਇੰਟਰਨੈਸ਼ਨਲ ਸਕੂਲ ਦੀ ਪ੍ਰਿੰਸੀਪਲ, ਸ਼੍ਰੀਮਤੀ ਮਨਿੰਦਰਜੀਤ ਕੌਰ ਧਾਲੀਵਾਲ ਨੇ ਸਾਰੇ ਅਧਿਆਪਕਾਂ, ਸਟਾਫ ਅਤੇ ਵਿਦਿਆਰਥੀਆਂ ਦਾ ਉਨ੍ਹਾਂ ਦੀ ਸਖ਼ਤ ਮਿਹਨਤ ਅਤੇ ਸਮਰਪਣ ਲਈ ਧੰਨਵਾਦ ਕੀਤਾ। ਸਕੂਲ ਦੇ ਚੇਅਰਮੈਨ ਸ਼੍ਰੀ ਪ੍ਰਮੋਦ ਅਰੋੜਾ, ਡਾਇਰੈਕਟਰ ਸ਼੍ਰੀ ਨਿਖਿਲ ਅਰੋੜਾ, ਗੀਤਾ ਅਰੋੜਾ ਅਤੇ ਨੇਹੁਲ ਅਰੋੜਾ ਨੇ ਇਸ ਮੈਗਾ ਈਵੈਂਟ ਦੀ ਸ਼ਾਨਦਾਰ ਸਫਲਤਾ ਦੀ ਪ੍ਰਸ਼ੰਸਾ ਕੀਤੀ ਅਤੇ ਪੂਰੀ ਟੀਮ ਨੂੰ ਇਸ ਸ਼ਾਨਦਾਰ ਈਵੈਂਟ ਦੇ ਆਯੋਜਨ ਲਈ ਵਧਾਈ ਦਿੱਤੀ।

# ਮਾਸਟਰ ਮਲਕੀਤ ਸਿੰਘ ਨਮਿਤ ਸ਼ਰਧਾਂਜਲੀ ਸਮਾਗਮ

## ਚੰਗੇ ਕਰਮ ਕਰਨ ਵਾਲੇ ਇਨਸਾਨਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਂਦੈ : ਖੁੱਡੀਆਂ



ਰਾਮਪੁਰਾ ਫੂਲ, 4 ਫਰਵਰੀ (ਚ.ਨ.ਸ.) : ਜੋ ਇਨਸਾਨ ਇਸ ਦੁਨੀਆਂ 'ਤੇ ਚੰਗੇ ਕਰਮ ਕਰਕੇ ਜਾਂਦੇ ਹਨ ਉਨ੍ਹਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਂਦਾ ਹੈ। ਠੀਕ ਹੀ ਇਸੇ ਤਰ੍ਹਾਂ ਦੀ ਜਿੰਦਗੀ ਜਿਉਂ ਕੇ ਗਿਆ ਹੈ ਮਾਸਟਰ ਮਲਕੀਤ ਸਿੰਘ ਢਿੱਲੋਂ। ਪੰਜਾਬ ਦੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਮਾਸਟਰ ਮਲਕੀਤ ਸਿੰਘ ਢਿੱਲੋਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਮਾਸਟਰ ਮਲਕੀਤ ਸਿੰਘ ਆਮ ਆਦਮੀ ਪਾਰਟੀ ਦੇ ਬਹੁਤ ਹੀ ਮਿਹਨਤੀ ਅਤੇ ਜੁਝਾਰੂ ਵਰਕਰ ਸਨ ਜਿਨ੍ਹਾਂ ਨੇ 2022 ਦੀਆਂ ਵਿਧਾਨ ਸਭਾ ਅਤੇ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਬਹੁਤ ਹੀ ਮਿਹਨਤ ਕੀਤੀ । ਇਸ ਮੌਕੇ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਜੀਤ ਮਹਿੰਦਰ ਸਿੰਘ ਸਿੱਧੂ, ਸ਼ੁਗਰਫੈਡ ਦੇ ਚੇਅਰਮੈਨ ਨਵਦੀਪ ਸਿੰਘ ਜੀਦਾ, ਹਲਕਾ ਵਿਧਾਇਕ ਸੁਖਵੀਰ ਸਿੰਘ ਮਾਈਸਰਖਾਨਾ, ਮਾਰਕੀਟ ਕਮੇਟੀ ਮੌੜ ਦੇ ਚੇਅਰਮੈਨ ਬਲਵਿੰਦਰ ਸਿੰਘ ਬੱਲੋ, ਲਖਵੀਰ ਸਿੰਘ ਲੱਖਾ ਸਿਧਾਣਾ, ਕਰਮਜੀਤ ਸਿੰਘ ਬਿੱਟੂ ਸੀਨੀਅਰ ਅਕਾਲੀ ਆਗੂ ਭੁੱਚੋ ਮੰਡੀ, ਰੁਪਿੰਦਰ ਕੌਰ ਗਿੱਲ ਵਾਈਸ ਪ੍ਰਧਾਨ ਮਹਿਲਾ ਵਿੰਗ ਪੰਜਾਬ, ਐਡਵੋਕੇਟ ਦਵਿੰਦਰ ਪਾਲ ਸਿੰਘ ਨੱਤ, ਗੁਰਜੀਤ ਸਿੰਘ ਮਾਨ ਸੁਪਰਡੈਂਟ ਮੱਛੀ ਪਾਲਣ ਵਿਭਾਗ, ਮਾਸਟਰ ਰਣਜੀਤ ਸਿੰਘ ਜੀਤੀ, ਸਾਬਕਾ ਸਰਪੰਚ ਮੇਜਰ ਸਿੰਘ ਚੋਟੀਆਂ, ਰਮਨਦੀਪ ਕੌਰ ਭੁੱਲਰ ਮੁੱਖ ਅਧਿਆਪਕ ਸਰਕਾਰੀ ਪ੍ਰਾਇਮਰੀ ਸਕੂਲ, ਸਿੱਪੀ ਭਾਕਰ ਸੀਨੀਅਰ ਆਗੂ ਆਮ ਆਦਮੀ ਪਾਰਟੀ, ਐਸ ਡੀ ਓ ਗੁਰਮੇਲ ਸਿੰਘ ਭਾਈਰੂਪਾ, ਐਸ ਡੀ ਓ ਗੁਰਲਾਲ ਸਿੰਘ ਭੁੱਚੋ ਕਲਾਂ, ਪੁਸ਼ਪਿੰਦਰ ਸਿੰਘ ਸਕੱਤਰ ਜੇ ਈ ਕੌਂਸਲਰ, ਗੁਰਮੀਤ ਸਿੰਘ ਮੀਤ ਪ੍ਰਧਾਨ ਟੀ ਐਸ ਯੂ ਸਰਕਲ ਬਠਿੰਡਾ, ਅੰਗਰੇਜ ਸਿੰਘ ਸੂਬਾ ਆਗੂ ਟੀ ਐਸ ਯੂ, ਸਿਕੰਦਰ ਸਿੰਘ, ਪਰਮਿੰਦਰ ਸਿੰਘ ਸਾਬਕਾ ਸਰਪੰਚ, ਗਗਨ ਮਸਾਣਾ, ਅਵਤਾਰ ਸਿੰਘ ਸਾਬਕਾ ਸਰਪੰਚ, ਗੁਰਲਾਲ ਸਿੰਘ ਬੁਰਜ, ਨੈਬ ਸਿੰਘ ਬਲਾਕ ਸੰਮਤੀ ਮੈਂਬਰ, ਮੱਘਰ ਸਿੰਘ, ਲਾਭ ਸਿੰਘ, ਅਮਰਜੀਤ ਸਿੰਘ ਪੰਚ, ਮੁਖਤਿਆਰ ਸਿੰਘ ਢਿੱਲੋਂ, ਜਗਰਾਜ ਸਿੰਘ ਢਿਲੋਂ, ਭੋਲਾ ਸਿੰਘ ਸਰਪੰਚ, ਤੇਜਾ ਸਿੰਘ ਸਿੱਧੂ, ਜਗਦੀਸ਼ ਸਿੰਘ ਸੁਪਰਡੈਂਟ, ਸੁਖਰਾਜ ਸਿੰਘ ਢਿੱਲੋਂ, ਸਿਮਰਨ ਧਾਲੀਵਾਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵੱਖ-ਵੱਖ ਧਾਰਮਿਕ, ਸਮਾਜਿਕ, ਅਤੇ ਰਾਜਨੀਤਕ ਪਾਰਟੀਆਂ ਦੇ ਆਗੂਆਂ ਨੇ ਮਾਸਟਰ ਮਲਕੀਤ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।

# ਵਿਸ਼ਵ ਕੈਂਸਰ ਜਾਗਰੂਕਤਾ ਦਿਵਸ ਮੌਕੇ ਪਿੰਡਾਂ ਵਿੱਚ ਲਗਾਏ ਜਾਗਰੂਕਤਾ ਕੈਂਪ



ਮਹਿਲ ਕਲਾਂ, ਬਰਨਾਲਾ, 4 ਫਰਵਰੀ (ਬਘੇਲ ਸਿੰਘ ਧਾਲੀਵਾਲ) : ਸਿਵਲ ਸਰਜਨ ਬਰਨਾਲਾ ਡਾ. ਹਰੀਪਾਲ ਸਿੰਘ ਦੇ ਨਿਰਦੇਸ਼ਾਂ ਅਤੇ ਸੀਐਚਸੀ ਮਹਿਲ ਕਲਾਂ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਗੁਰਤੇਜਿੰਦਰ ਕੌਰ ਦੀ ਅਗਵਾਈ ਹੇਠ ਅੱਜ ਵਿਸ਼ਵ ਕੈਂਸਰ ਜਾਗਰੂਕਤਾ ਦਿਵਸ ਦੇ ਮੌਕੇ ਸਿਹਤ ਬਲਾਕ ਮਹਿਲ ਕਲਾਂ ਦੇ ਵੱਖ ਵੱਖ ਪਿੰਡਾਂ ਵਿੱਚ ਜਾਗਰੂਕਤਾ ਕੈਂਪ ਲਗਾਏ ਗਏ। ਇਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਡਾ. ਗੁਰਤੇਜਿੰਦਰ ਕੌਰ ਨੇ ਆਪਣੇ ਸੰਬੋਧਨ ਵਿੱਚ ਦੱਸਿਆ ਕਿ ਖੋਜ ਅਨੁਸਾਰ ਪੁਰਸ਼ਾਂ ਵਿਚ ਹੈਡਨੈਕ (ਗਲੇ ਤੋਂ ਸਿਰ ਤੱਕ) ਅਤੇ ਔਰਤਾਂ ਵਿੱਚ ਸਰਵਾਈਕਲ ਅਤੇ ਛਾਤੀ ਦੇ ਕੈਂਸਰ ਦੇ ਮਾਮਲੇ ਜ਼ਿਆਦਾ ਪਾਏ ਜਾਂਦੇ ਹਨ। ਇਨ੍ਹਾਂ ਦਾ ਕਾਰਨ ਸ਼ਰਾਬ, ਤੰਬਾਕੂ ਆਦਿ ਦਾ ਜ਼ਿਆਦਾ ਸੇਵਨ ਜਾਂ ਖਰਾਬ ਜੀਵਨਸ਼ੈਲੀ ਹੋ ਸਕਦਾ ਹੈ। ਉਨਾਂ ਅੱਗੇ ਕਿਹਾ ਕਿ ਜੇਕਰ ਸਹੀ ਸਮੇਂ ਤੇ ਕੈਂਸਰ ਦਾ ਪਤਾ ਲੱਗ ਜਾਵੇ ਤਾਂ 80 ਪ੍ਰਤੀਸ਼ਤ ਮਾਮਲਿਆਂ ਵਿੱਚ ਕੈਂਸਰ ਦਾ ਮਰੀਜ਼ ਠੀਕ ਹੋ ਸਕਦਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਬੀਈਈ ਸ਼ਿਵਾਨੀ ਨੇ ਦੱਸਿਆ ਕਿ ਇਸ ਸਾਲ ਵਿਸ਼ਵ ਕੈਂਸਰ ਦਿਵਸ ਯੂਨਾਇਟੇਡ ਬਾਈ ਯੂਨੀਕ ਥੀਮ ਦੇ ਤਹਿਤ ਮਨਾਇਆ ਜਾ ਰਿਹਾ ਹੈ, ਜਿਸ ਦਾ ਅਰਥ ਹੈ ਕੈਂਸਰ ਦੇ ਨਾਲ ਲੜਣ ਦਾ ਸਭ ਦਾ ਉਦੇਸ਼ ਇੱਕ ਹੈ ਪ੍ਰੰਤੂ ਹਰ ਮਰੀਜ਼ ਦੀ ਕਹਾਣੀ ਅਤੇ ਅਨੁਭਵ ਵੱਖ ਵੱਖ ਹਨ। ਉਨ੍ਹਾਂ ਦੱਸਿਆ ਕਿ ਵਿਸ਼ਵ ਸਿਹਤ ਸੰਗਠਨ ਦੇ ਅਨੁਸਾਰ ਕੈਂਸਰ ਅੱਜ ਵਿਸ਼ਵ ਪੱਧਰ ਤੇ ਸਭ ਤੋਂ ਗੰਭੀਰ ਬਿਮਾਰੀਆਂ ਵਿੱਚੋਂ ਇੱਕ ਬਣ ਗਿਆ ਹੈ। ਕੈਂਸਰ ਦੇ ਇਲਾਜ ਲਈ ਨਵੀਆਂ ਖੋਜਾਂ ਹੋਣ ਦੇ ਬਾਵਜੂਦ ਇਸ ਦੇ ਨਿੱਤ ਨਵੇਂ ਰੂਪ ਸਾਹਮਣੇ ਆ ਰਹੇ ਹਨ ਅਤੇ ਸਮਾਜ ਦਾ ਹਰੇਕ ਤਬਕਾ ਇਸ ਤੋਂ ਪ੍ਰਭਾਵਿਤ ਹੋ ਰਿਹਾ ਹੈ।

# ਮਦਰ ਟੀਚਰ ਕ੍ਰੈਚ ਵਿੱਚ ਨੰਨ੍ਹੇ ਬੱਚਿਆਂ ਲਈ ਰੋਚਕ ਸਪੈਲਿੰਗ ਮੁਕਾਬਲਾ ਕਰਵਾਇਆ




ਬਰਨਾਲਾ, 4 ਫਰਵਰੀ (ਇਸੇਨ ਕੰਗ) : ਮਦਰ ਟੀਚਰ ਕ੍ਰੈਚ ਅਤੇ ਪ੍ਰੀ-ਸਕੂਲ ਨੇ ਛੋਟੇ ਬੱਚਿਆਂ ਲਈ ਸਪੈਲਿੰਗ ਮੁਕਾਬਲਾਕਰਵਾਇਆ। ਵਿਦਿਆਰਥੀ ਚੰਗੀ ਤਰ੍ਹਾਂ ਤਿਆਰ ਸਨ ਅਤੇ ਉਤਸ਼ਾਹੀ ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਸ਼ਬਦ ਸੂਚੀ ਪ੍ਰਦਾਨ ਕੀਤੀ, ਜਿਨ੍ਹਾਂ ਨੇ ਸ਼ਬਦਾਂ ਨੂੰ ਸੁਣਿਆ, ਉਹਨਾਂ ਨੂੰ ਦੁਹਰਾਇਆ ਅਤੇ ਉਹਨਾਂ ਨੂੰ ਲਿਖ ਲਿਆ। ਵਿਦਿਆਰਥੀਆਂ ਨੇ ਸ਼ਬਦਾਂ ਨੂੰ ਵਾਰ-ਵਾਰ ਕਹਿਣ ਅਤੇ ਉਹਨਾਂ ਨੂੰ ਜੋੜ ਕੇ ਅਭਿਆਸ ਕਰਨਾ ਸ਼ੁਰੂ ਕੀਤਾ। ਇਹ ਦੇਖਿਆ ਗਿਆ ਕਿ ਵਿਦਿਆਰਥੀਆਂ ਵਿੱਚ ਮੁਕਾਬਲੇ ਦੀ ਭਾਵਨਾ ਸੀ ਅਤੇ ਉਹ ਮੁਕਾਬਲਾ ਜਿੱਤਣ ਦੀ ਪੂਰੀ ਕੋਸ਼ਿਸ਼ ਕਰ ਰਹੇ ਸਨ। ਇਸ ਗਤੀਵਿਧੀ ਦਾ ਉਦੇਸ਼ ਵਿਦਿਆਰਥੀਆਂ ਦੀ ਇਕਾਗਰਤਾ ਅਤੇ ਯਾਦਦਾਸ਼ਤ ਦੇ ਹੁਨਰ ਨੂੰ ਵਧਾਉਣਾ ਸੀ।

# ਪ੍ਰਾਚੀਨ ਗਊਸ਼ਾਲਾ ਦਾ ਵ.ਫਦ ਡੀ.ਸੀ. ਬਰਨਾਲਾ ਨੂੰ ਮਿਲਿਆ



ਬਰਨਾਲਾ 4 ਫ਼ਰਵਰੀ (ਸੁਖਵਿੰਦਰ ਸਿੰਘ ਭੰਡਾਰੀ) : ਪ੍ਰਾਚੀਨ ਗਊਸ਼ਾਲਾ ਪੱਕਾ ਕਾਲਜ ਰੋਡ ਅਤੇ ਪ੍ਰਾਚੀਨ ਗਊਸ਼ਾਲਾ ਕਮੇਟੀ ਰਾਏਕੋਟ ਰੋਡ ਬਰਨਾਲਾ ਦਾ ਵਫ਼ਦ ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਆਈ ਏ ਐੱਸ ਬਰਨਾਲਾ ਨੂੰ ਗਊ ਸੇਵਕ ਅਮਰਜੀਤ ਕਾਲੇਕੇ ਦੀ ਅਗਵਾਈ ਚ ਮਿਲਿਆ। ਵਫ਼ਦ ਚ ਗਊਸੇਵਕ ਡਾਕਟਰ ਸਤੀਸ਼ ਕੁਮਾਰ, ਗਿਆਨ ਚੰਦ ਉੱਪਲੀ ਵਾਲੇ ਅਤੇ ਰਾਜਿੰਦਰ ਗੋਇਲ ਸ਼ਾਮਿਲ ਹੋਏ। ਉਨ੍ਹਾਂ ਡਿਪਟੀ ਕਮਿਸ਼ਨਰ ਬਰਨਾਲਾ ਨੂੰ ਮੰਗ ਪੱਤਰ ਪੇਸ਼ ਕਰਦਿਆਂ ਬਾਜ਼ਾਰਾਂ ਚ ਬੇਸਹਾਰਾ ਘੁੰਮ ਰਹੀਆਂ ਗਊਆਂ ਦੀ ਸਾਂਭ ਸੰਭਾਲ ਦੀ ਮੰਗ ਕੀਤੀ ਉਨ੍ਹਾਂ ਕਿਹਾ ਕਿ ਪ੍ਰਾਚੀਨ ਗਊਸ਼ਾਲਾ ਕਾਲਜ ਰੋਡ ਵਿਖੇ 400 ਗਊਆਂ ਅਤੇ ਪ੍ਰਾਚੀਨ ਗਊਸ਼ਾਲਾ ਰਾਏਕੋਟ ਰੋਡ ਬਰਨਾਲਾ ਵਿਖੇ 200 ਗਊਆਂ ਦੀ ਸਾਂਭ ਸੰਭਾਲ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਗਊਸ਼ਾਲਾਵਾਂ 30 ਹੋਰ ਗਊਆਂ ਨੂੰ ਸੰਭਾਲਣ ਲਈ ਤਿਆਰ ਹਨ। ਉਨ੍ਹਾਂ ਕਿਹਾ ਕਿ ਸੜਕਾਂ ਤੇ ਘੁੰਮ ਰਹੇ ਢੱਠਿਆਂ ਨੂੰ ਮਨਾਲ ਗਊਸ਼ਾਲਾ ਵਿਖੇ ਭੇਜਿਆ ਜਾਵੇ ਤਾਂ ਜੋ ਬੇਸਹਾਰਾ ਗਊ ਧਨ ਦੀ ਸਹੀ ਤਰੀਕੇ ਨਾਲ ਸਾਂਭ ਸੰਭਾਲ ਹੋ ਸਕੇ ਅਤੇ ਹਾਦਸਿਆਂ ਤੋਂ ਬਚਾਅ ਹੋ ਸਕੇ। ਗਊਸ਼ਾਲਾ ਦੇ ਕਾਰਕੁੰਨ ਡਾਕਟਰ ਸਤੀਸ਼ ਕੁਮਾਰ ਨੇ ਮੰਗ ਕੀਤੀ ਕਿ ਪੰਜਾਬ ਸਰਕਾਰ ਗਊਸ਼ਾਲਾਵਾਂ ਦੇ ਬਿਜਲੀ ਦੇ ਬਿਲ ਮੁਆਫ਼ ਕਰੇ ਤੇ ਗਊਸੈੱਸ ਦੀ ਰਾਸ਼ੀ ਪ੍ਰਤੀ ਗਊ ਦੇ ਹਿਸਾਬ ਨਾਲ ਹਰ ਗਊਸ਼ਾਲਾ ਨੂੰ ਦਿੱਤੀ ਜਾਵੇ ਡਿਪਟੀ ਕਮਿਸ਼ਨਰ ਬਰਨਾਲਾ ਨੇ ਕਿਹਾ ਕਿ ਬਿਜਲੀ ਦੇ ਬਿਲ ਮੁਆਫ਼ ਕਰਨ ਅਤੇ ਗਊਸੈੱਸ ਦੀ ਰਾਸ਼ੀ ਸਬੰਧੀ ਮੰਗ ਨੂੰ ਪੰਜਾਬ ਸਰਕਾਰ ਕੋਲ ਪੁੱਜਦਾ ਕਰ ਦਿੱਤਾ ਜਾਵੇਗਾ ਅਤੇ ਗਊਧਨ ਦੀ ਸਾਂਭ ਸੰਭਾਲ ਦੇ ਲਈ ਲੋੜੀਂਦੀ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਡਿਪਟੀ ਕਮਿਸ਼ਨਰ ਬਰਨਾਲਾ ਦਾ ਸਨਮਾਨ ਵੀ ਕੀਤਾ ਗਿਆ।

# ਬਰਨਾਲਾ-ਧਨੌਲਾ ਰੋਡ 'ਤੇ ਸੜਕ ਹਾਦਸਾ, ਟਰੱਕ ਨਾਲ ਟੱਕਰ, ਸਕੂਟੀ ਸਵਾਰ ਗੰਭੀਰ ਜ਼ਖਮੀ



ਬਰਨਾਲਾ, 4 ਫਰਵਰੀ (ਚਮਕੌਰ ਸਿੰਘ ਗੱਗੀ) : ਬਰਨਾਲਾ-ਧਨੌਲਾ ਰੋਡ 'ਤੇ ਅੱਜ ਸਵੇਰੇ ਧੁੰਦ ਭਰੇ ਮੌਸਮ ਦੌਰਾਨ ਇੱਕ ਭਿਆਨਕ ਸੜਕ ਹਾਦਸਾ ਵਾਪਰ ਗਿਆ। ਸਾਹਮਣੋਂ ਆ ਰਹੇ ਇੱਕ ਟਰੱਕ ਨਾਲ ਸਕੂਟੀ ਸਵਾਰ ਦੀ ਜ਼ਬਰਦਸਤ ਟੱਕਰ ਹੋ ਗਈ, ਜਿਸ ਕਾਰਨ ਸਕੂਟੀ ਟਰੱਕ ਦੇ ਅੱਗੇ ਫਸ ਕੇ ਪੂਰੀ ਤਰ੍ਹਾਂ ਨੁਕਸਾਨੀ ਗਈ। ਹਾਦਸੇ ਦੀ ਜਾਣਕਾਰੀ ਮਿਲਦੇ ਹੀ ਸੜਕ ਸੁਰੱਖਿਆ ਫੋਰਸ ਦੀ ਟੀਮ ਤੁਰੰਤ ਮੌਕੇ 'ਤੇ ਪਹੁੰਚੀ ਅਤੇ ਟਰੈਫਿਕ ਨੂੰ ਕਾਬੂ 'ਚ ਕਰਦੇ ਹੋਏ ਜ਼ਖ਼ਮੀ ਨੂੰ ਐਂਬੂਲੈਂਸ ਰਾਹੀਂ ਨਜ਼ਦੀਕੀ ਹਸਪਤਾਲ ਭੇਜਿਆ ਗਿਆ। ਡਾਕਟਰਾਂ ਮੁਤਾਬਕ ਜ਼ਖ਼ਮੀ ਦੀ ਹਾਲਤ ਗੰਭੀਰ ਬਣੀ ਹੋਈ ਹੈ। ਜ਼ਖ਼ਮੀ ਦੀ ਪਹਿਚਾਣ ਜਗਸੀਰ ਸਿੰਘ ਵਾਸੀ ਜਵੰਧਾਂ ਪਿੰਡੀ ਧਨੌਲਾ ਵਜੋਂ ਹੋਈ ਹੈ , ਸੜਕ ਸੁਰੱਖਿਆ ਫੋਰਸ ਵੱਲੋਂ ਹਾਦਸੇ ਵਾਲੀ ਥਾਂ 'ਤੇ ਫੈਲੇ ਮਲਬੇ ਨੂੰ ਹਟਾ ਕੇ ਆਵਾਜਾਈ ਮੁੜ ਬਹਾਲ ਕਰਵਾਈ ਗਈ । ਹਾਦਸੇ ਕਾਰਨ ਕੁਝ ਸਮੇਂ ਲਈ ਸੜਕ 'ਤੇ ਜਾਮ ਵਰਗੀ ਸਥਿਤੀ ਬਣ ਗਈ ਸੀ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਮੁੱਢਲੀ ਜਾਂਚ ਵਿੱਚ ਧੁੰਦ ਕਾਰਨ ਦਿੱਖ ਘੱਟ ਹੋਣਾ ਹਾਦਸੇ ਦਾ ਸੰਭਾਵਿਤ ਕਾਰਨ ਦੱਸਿਆ ਜਾ ਰਿਹਾ ਹੈ, ਹਾਲਾਂਕਿ ਅਸਲ ਕਾਰਨ ਪੁਲਿਸ ਜਾਂਚ ਤੋਂ ਬਾਅਦ ਹੀ ਸਾਹਮਣੇ ਆਵੇਗਾ।

# ਕੈਂਸਰ ਦੀ ਬਿਮਾਰੀ ਨੂੰ ਹਰਾਉਣ ਲਈ ਸਮੇਂ ਸਿਰ ਜਾਗਰੂਕਤਾ ਜ਼ਰੂਰੀ : ਸਿਵਲ ਸਰਜਨ



ਬਰਨਾਲਾ, 4 ਫਰਵਰੀ (ਬਘੇਲ ਸਿੰਘ ਧਾਲੀਵਾਲ) : ਸਿਹਤ ਵਿਭਾਗ ਵੱਲੋਂ ਹਰ ਸਾਲ 4 ਫਰਵਰੀ ਨੂੰ ਵਿਸ਼ਵ ਕੈਂਸਰ ਦਿਵਸ ਮਨਾਇਆ ਜਾਂਦਾ ਹੈ। ਇਸ ਦਿਨ ਦਾ ਉਦੇਸ਼ ਲੋਕਾਂ ਨੂੰ ਕੈਂਸਰ ਦੀ ਰੋਕਥਾਮ, ਜਲਦੀ ਪਤਾ ਲਗਾਉਣ ਅਤੇ ਇਸ ਦੇ ਇਲਾਜ ਬਾਰੇ ਜਾਗਰੂਕ ਕਰਨਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਿਵਲ ਸਰਜਨ ਬਰਨਾਲਾ ਡਾ. ਹਰੀਪਾਲ ਸਿੰਘ ਸਿੱਧੂ ਵੱਲੋਂ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਜੇਕਰ ਕੈਂਸਰ ਦੀ ਬਿਮਾਰੀ ਦਾ ਮੁਢਲੀ ਸਟੇਜ ਚ ਪਤਾ ਲਗਾ ਲਿਆ ਜਾਵੇ ਤਾਂ ਮਰੀਜ਼ ਪੂਰਨ ਇਲਾਜ ਤੋਂ ਬਾਅਦ ਤੰਦਰੁਸਤ ਜ਼ਿੰਦਗੀ ਬਤੀਤ ਕਰ ਸਕਦਾ ਹੈ।

ਸੀਨੀਅਰ ਮੈਡੀਕਲ ਅਫ਼ਸਰ ਡਾ. ਇੰਦੂ ਬਾਂਸਲ ਅਤੇ ਮੈਡੀਸਨ ਮਾਹਿਰ ਸਿਵਲ ਹਸਪਤਾਲ ਬਰਨਾਲਾ ਡਾ. ਦੀਪਲੇਖ ਸਿੰਘ ਬਾਜਵਾ ਨੇ ਦੱਸਿਆ ਕਿ ਕੈਂਸਰ ਸਰੀਰ ਦੇ ਕਿਸੇ ਹਿੱਸੇ ਜਾਂ ਅੰਗ 'ਚ ਸੈੱਲਾਂ ਦੀ ਅਸਧਾਰਨ ਇਕੱਤਰਤਾ ਹੈ, ਜੋ ਹੌਲੀ-ਹੌਲੀ ਕੈਂਸਰ ਦਾ ਰੂਪ ਧਾਰ ਲੈਂਦੀ ਹੈ। ਉਨ੍ਹਾਂ ਦੱਸਿਆ ਕਿ ਔਰਤਾਂ ਵਿੱਚ ਜ਼ਿਆਦਾਤਰ ਬੱਚੇਦਾਨੀ ਦੇ ਮੂੰਹ ਦਾ ਕੈਂਸਰ ਤੇ ਛਾਤੀ ਦਾ ਕੈਂਸਰ ਹੁੰਦਾ ਹੈ ਅਤੇ ਆਮ ਲੋਕਾਂ 'ਚ ਮੂੰਹ ਦਾ ਕੈਂਸਰ, ਫੇਫੜਿਆਂ ਦਾ ਕੈਂਸਰ, ਪੇਟ ਅਤੇ ਜਿਗਰ ਦਾ ਕੈਂਸਰ ਆਮ ਪਾਇਆ ਜਾਂਦਾ ਹੈ। ਕੈਂਸਰ ਦੇ ਆਮ ਲੱਛਣ ਛਾਤੀ 'ਚ ਗਿਲਟੀ, ਮੂੰਹ ਵਿੱਚ ਨਾ ਠੀਕ ਹੋਣ ਵਾਲੇ ਛਾਲੇ, ਕਮਜ਼ੋਰੀ, ਅਵਾਜ਼ ਦਾ ਭਾਰਾਪਣ, ਪਾਚਣ ਅਤੇ ਪਖਾਨਾ ਕਿਰਿਆ ਚ ਬਦਲਾਅ ਆਦਿ ਹੁੰਦੇ ਹਨ ਅਤੇ ਜ਼ਿਆਦਾ ਮਰੀਜ਼ਾਂ ਚ ਮੈਡੀਕਲ ਟੈਸਟਾਂ ਜਾਂ ਡਾਕਟਰੀ ਚੈੱਕਅੱਪ ਤੋਂ ਹੀ ਇਸ ਬਿਮਾਰੀ ਬਾਰੇ ਪਤਾ ਲੱਗਦਾ ਹੈ। ਕੁਲਦੀਪ ਸਿੰਘ ਮਾਨ ਜ਼ਿਲ੍ਹਾ ਮਾਸ ਮੀਡੀਆ ਤੇ ਸੂਚਨਾ ਅਫ਼ਸਰ, ਹਰਜੀਤ ਸਿੰਘ ਜ਼ਿਲ੍ਹਾ ਬੀ ਸੀ ਸੀ ਕੋਆਰਡੀਨੇਟਰ ਨੇ ਦੱਸਿਆ ਕਿ ਭਾਰਤ 'ਚ ਹਰ ਸਾਲ ਲੱਖਾਂ ਮਰੀਜ਼ ਕੈਂਸਰ ਦੀ ਜਲਦੀ ਪਹਿਚਾਣ ਨਾ ਹੋਣ ਕਾਰਨ ਆਪਣੀ ਜਾਨ ਗੁਆ ਲੈਂਦੇ ਹਨ। ਆਮ ਤੌਰ 'ਤੇ ਕੈਂਸਰ ਤੰਬਾਕੂ ਪਦਾਰਥਾਂ ਦਾ ਸੇਵਨ, ਖਾਣ ਵਾਲੀਆਂ ਵਸਤਾਂ ਤੇ ਰੇਅ-ਸਪਰੇਅ, 2-3 ਵਾਰ ਤੋਂ ਜਿਆਦਾ ਤੇਲ ਚ ਤਲੇ ਹੋਏ ਭੋਜਨ ਪਦਾਰਥ ਅਤੇ ਸਾਡੇ ਖਾਣ -ਪੀਣ ਦਾ ਵਿਗੜ ਰਿਹਾ ਢੰਗ ਤਰੀਕਾ ਇਸ ਬਿਮਾਰੀ ਦਾ ਕਾਰਣ ਬਣਦਾ ਹੈ। ਕੈਂਸਰ ਤੋਂ ਬਚਾਅ ਲਈ ਸੰਤੁਲਿਤ ਭੋਜਨ ਦਾ ਸੇਵਨ ਕੀਤਾ ਜਾਵੇ, ਤੰਬਾਕੂ ਪਦਾਰਥਾਂ ਅਤੇ ਹੋਰ ਨਸ਼ਿਆਂ ਦਾ ਸੇਵਨ ਨਾ ਕੀਤਾ ਜਾਵੇ ਅਤੇ ਸਰੀਰ ਦੇ ਕਿਸੇ ਵੀ ਹਿੱਸੇ ਵਿੱਚ ਰਸੌਲੀ ਜਾਂ ਗਿਲਟੀ ਹੋਵੇ ਤਾਂ ਤੁਰੰਤ ਡਾਕਟਰ ਦੀ ਸਲਾਹ ਅਨੁਸਾਰ ਇਲਾਜ ਕਰਾਉਣਾ ਚਾਹੀਦਾ ਹੈ। ਇਸ ਲਈ ਲੋੜ ਹੈ ਕੈਂਸਰ ਬਾਰੇ ਜਾਗਰੂਕ ਹੋਣ ਦੀ ਨਾ ਕਿ ਡਰਨ ਦੀ। ਸਮੇਂ ਸਿਰ ਪਤਾ ਲਗਾ ਕੇ ਇਸ ਦਾ ਇਲਾਜ ਸੰਭਵ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਕੈਂਸਰ ਦਾ ਮਰੀਜ਼ 10 ਲੱਖ ਰੁਪਏ ਤੱਕ ਮੁਫ਼ਤ ਇਲਾਜ ਕਰਵਾ ਸਕਦਾ ਹੈ।

# ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸੰਸਥਾ ਮਾਤਾ ਗੁਜਰੀ ਜੀ ਭਲਾਈ ਕੇਂਦਰ ਸਨਮਾਨਿਤ



ਬੁਢਲਾਡਾ, 4 ਫ਼ਰਵਰੀ (ਜੀਵਨ ਕੁਮਾਰ) : ਪਿਛਲੇ ਦਿਨੀਂ ਸਮਾਜ ਸੁਰਖਿਆ ਅਤੇ ਬਾਲ ਭਲਾਈ ਵਿਕਾਸ ਵਿਭਾਗ ਮਾਨਸਾ ਵੱਲੋਂ ਸਟੇਟ ਐਕਸ਼ਨ ਪਲਾਨ ਸੀਨੀਅਰ ਸਿਟੀਜ਼ਨ 2025-26 ਤਹਿਤ 'ਸਾਡੇ ਬਜ਼ੁਰਗ ਸਾਡਾ ਮਾਣ ' ਜ਼ਿਲ੍ਹਾ ਪੱਧਰੀ ਸਮਾਗਮ ਬਾਲ ਭਵਨ ਵਿਖੇ ਕਰਾਇਆ ਗਿਆ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਸਥਾਨਕ ਸਮਾਜ ਸੇਵੀ ਸੰਸਥਾ ਮਾਤਾ ਗੁਜਰੀ ਜੀ ਭਲਾਈ ਕੇਂਦਰ ਨੂੰ ਸੱਦਾ ਦਿੱਤਾ ਗਿਆ। ਸਮਾਗਮ ਨੂੰ ਸੰਬੋਧਨ ਕਰਦੇ ਹੋਏ ਮਾਸਟਰ ਕੁਲਵੰਤ ਸਿੰਘ ਨੇ ਬਜ਼ੁਰਗਾਂ ਦੀਆਂ ਸਮਸਿਆਵਾਂ ਦੱਸਦੇ ਹੋਏ ਬਜ਼ੁਰਗਾਂ ਦਾ ਸਤਿਕਾਰ ਕਰਨ ਲਈ ਪ੍ਰੇਰਨਾ ਦਿੱਤੀ। ਜ਼ਿਲ੍ਹਾ ਪ੍ਰਬੰਧਕ ਵਲੋਂ ਮਾਤਾ ਗੁਜਰੀ ਜੀ ਭਲਾਈ ਕੇਂਦਰ ਦੇ ਕਾਰਜਾਂ ਦੀ ਸ਼ਲਾਘਾ ਕੀਤੀ ਗਈ ਅਤੇ ਬਜ਼ੁਰਗਾਂ ਦੀ ਭਲਾਈ ਲਈ ਕੀਤੇ ਮਹਾਨ ਕਾਰਜਾਂ ਨੂੰ ਦੇਖਦੇ ਹੋਏ ਐਸ ਡੀ ਐਮ ਸ੍ਰੀ ਕਾਲਾ ਰਾਮ ਕਾਂਸਲ ਅਤੇ ਸਮਾਜਿਕ ਸੁਰਖਿਆ ਅਫ਼ਸਰ ਡਾਕਟਰ ਲਵਲੀਨ ਵੜਿੰਗ ਸਮੇਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸੰਸਥਾ ਨੂੰ ਸਨਮਾਨਿਤ ਕੀਤਾ ਗਿਆ। ਸੰਸਥਾ ਵੱਲੋਂ ਪ੍ਰਸ਼ਾਸਨ ਦਾ ਧੰਨਵਾਦ ਕੀਤਾ ਜਾਂਦਾ ਹੈ। ਇਹਨਾਂ ਸਨਮਾਨਾਂ ਨਾਲ ਸੰਸਥਾ ਦਾ ਮਾਣ ਅਤੇ ਹੌਂਸਲਾ ਵੱਧਦਾ ਹੈ।

# ਸਰਕਾਰੀ ਪ੍ਰਾਇਮਰੀ ਸਕੂਲ ਹਮੀਦੀ ਵਿਖੇ ਮਨਾਇਆ ਵੈੱਟਲੈਂਡਜ਼ ਡੇ



ਬਰਨਾਲਾ, 4 ਫ਼ਰਵਰੀ (ਸੁਖਵਿੰਦਰ ਸਿੰਘ ਭੰਡਾਰੀ) : ਸਰਕਾਰੀ ਪ੍ਰਾਇਮਰੀ ਸਕੂਲ ਹਮੀਦੀ ਵਿਖੇ ਵਿਸ਼ਵ ਵੈੱਟਲੈਂਡਸ ਡੇਅ ਬੜੇ ਉਤਸ਼ਾਹ ਅਤੇ ਵਾਤਾਵਰਨੀ ਜਾਗਰੂਕਤਾ ਨਾਲ ਮਨਾਇਆ ਗਿਆ। ਇਸ ਦਿਵਸ ਨੂੰ ਮਨਾਉਣ ਦਾ ਮੁੱਖ ਉਦੇਸ਼ ਬੱਚਿਆਂ ਨੂੰ ਵੈੱਟਲੈਂਡਸ ਦੀ ਮਹੱਤਤਾ, ਉਨ੍ਹਾਂ ਦੀ ਲੋੜ ਅਤੇ ਸੰਭਾਲ ਬਾਰੇ ਜਾਣਕਾਰੀ ਦੇਣਾ ਸੀ। ਇਸ ਮੌਕੇ ਸਕੂਲ ਦੇ ਮੁੱਖ ਅਧਿਆਪਕ ਅਸ਼ਵਨੀ ਕੁਮਾਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਵੈੱਟਲੈਂਡ ਕੀ ਹੁੰਦੇ ਹਨ। ਉਨ੍ਹਾਂ ਸਮਝਾਇਆ ਕਿ ਤਲਾਬ, ਝੀਲਾਂ, ਦਰਿਆਈ ਕੰਢੇ, ਦਲਦਲੀ ਖੇਤਰ ਅਤੇ ਹੋਰ ਪਾਣੀ ਵਾਲੇ ਇਲਾਕੇ ਵੈੱਟਲੈਂਡ ਕਹਾਉਂਦੇ ਹਨ। ਉਨ੍ਹਾਂ ਨੇ ਦੱਸਿਆ ਕਿ ਵੈੱਟਲੈਂਡ ਪਾਣੀ ਨੂੰ ਸੰਭਾਲਣ, ਹੜ੍ਹਾ ਤੋਂ ਬਚਾਓ ਕਰਨ, ਪੰਛੀਆਂ ਅਤੇ ਜਲ-ਜੀਵਾਂ ਨੂੰ ਆਸਰਾ ਦੇਣ ਅਤੇ ਵਾਤਾਵਰਨੀ ਸੰਤੁਲਨ ਬਣਾਈ ਰੱਖਣ ਵਿੱਚ ਬਹੁਤ ਅਹਿਮ ਭੂਮਿਕਾ ਨਿਭਾਉਂਦੇ ਹਨ। ਇਸ ਦਿਨ ਅਧਿਆਪਕ ਗੁਰਦੀਪ ਸਿੰਘ ਵੱਲੋਂ ਬੱਚਿਆਂ ਲਈ ਕਈ ਸਿੱਖਿਆਤਮਕ ਗਤੀਵਿਧੀਆਂ ਕਰਵਾਈਆਂ ਗਈਆਂ। ਬੱਚਿਆਂ ਵਿੱਚ ਦਿਲਚਸਪੀ ਵਧਾਉਣ ਲਈ ਵੈੱਟਲੈਂਡਸ ਨਾਲ ਸੰਬੰਧਿਤ ਕੁਇਜ਼ ਮੁਕਾਬਲੇ ਕਰਵਾਏ ਗਏ। ਇਸ ਤੋਂ ਇਲਾਵਾ ਬੱਚਿਆਂ ਤੋਂ ਸੁੰਦਰ ਨਾਅਰੇ ਅਤੇ ਸਲੋਗਨ ਲਿਖਵਾਏ ਗਏ ਅਤੇ ਪੋਸਟਰ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਬੱਚਿਆਂ ਨੇ ਵੈੱਟਲੈਂਡਸ ਦੀ ਸੰਭਾਲ ਦਾ ਸੁਨੇਹਾ ਰੰਗਾਂ ਰਾਹੀਂ ਪੇਸ਼ ਕੀਤਾ। ਅਧਿਆਪਕਾਂ ਵੱਲੋਂ ਬੱਚਿਆਂ ਨੂੰ ਕਹਾਣੀਆਂ ਰਾਹੀਂ ਵੀ ਸਮਝਾਇਆ ਗਿਆ ਕਿ ਵੈੱਟਲੈਂਡ ਕਿਉਂ ਬਣਾਏ ਜਾਂਦੇ ਹਨ ਅਤੇ ਇਹ ਸਾਡੇ ਜੀਵਨ ਲਈ ਕਿੰਨੇ ਜ਼ਰੂਰੀ ਹਨ। ਸੌਖੀ ਭਾਸ਼ਾ ਵਿੱਚ ਬੱਚਿਆਂ ਨੂੰ ਦੱਸਿਆ ਗਿਆ ਕਿ ਜੇ ਅਸੀਂ ਵੈੱਟਲੈਂਡਸ ਦੀ ਸੰਭਾਲ ਨਾ ਕੀਤੀ, ਤਾਂ ਪਾਣੀ ਦੀ ਘਾਟ ਅਤੇ ਵਾਤਾਵਰਨੀ ਸਮੱਸਿਆਵਾਂ ਵਧ ਸਕਦੀਆਂ ਹਨ। ਇਸ ਮੌਕੇ ਅਧਿਆਪਕ ਜਗਸੀਰ ਸਿੰਘ, ਜਸਪ੍ਰੀਤ ਮੈਡਮ ਅਤੇ ਸਰਬਜੀਤ ਮੈਡਮ ਵੱਲੋਂ ਵੀ ਆਪਣਾ ਵਿਸ਼ੇਸ਼ ਯੋਗਦਾਨ ਪਾਇਆ ਗਿਆ। ਉਨ੍ਹਾਂ ਬੱਚਿਆਂ ਨੂੰ ਪਾਣੀ ਬਚਾਉਣ, ਗੰਦਗੀ ਨਾ ਫੈਲਾਉਣ ਅਤੇ ਕੁਦਰਤੀ ਸਰੋਤਾਂ ਦੀ ਰੱਖਿਆ ਕਰਨ ਲਈ ਪ੍ਰੇਰਿਤ ਕੀਤਾ।

# ਬੀਬੀ ਪ੍ਰਧਾਨ ਕੌਰ ਜੀ ਦੀ ਸਾਲਾਨਾ ਯਾਦ ਨੂੰ ਸਮਰਪਿਤ ਤਿੰਨ ਰੋਜ਼ਾ ਗੁਰਮਤਿ ਸਮਾਗਮ ਭਲਕੇ



ਬਰਨਾਲਾ, 4 ਫ਼ਰਵਰੀ (ਸੁਖਵਿੰਦਰ ਸਿੰਘ ਭੰਡਾਰੀ) : ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗੁਰਦੁਆਰਾ ਤਪ ਅਸਥਾਨ ਬੀਬੀ ਪ੍ਰਧਾਨ ਜੀ ਵਿਖੇ ਵੈਰਾਗ ਅਤੇ ਤਿਆਗ ਦੀ ਮੂਰਤ ਬ੍ਰਹਮ ਗਿਆਨੀ ਬੀਬੀ ਪ੍ਰਧਾਨ ਕੌਰ ਜੀ ਦੀ ਯਾਦ ਨੂੰ ਸਮਰਪਿਤ ਸਾਲਾਨਾ ਜੋੜ ਮੇਲਾ ਲੱਗ ਰਿਹਾ ਹੈ। ਇਸ ਮੌਕੇ ਸਾਲਾਨਾ ਯਾਦ ਨੂੰ ਮੁੱਖ ਰੱਖਦਿਆਂ ਤਿੰਨ ਰੋਜ਼ਾ ਗੁਰਮਤਿ ਸਮਾਗਮ ਸਮੇਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ਼੍ਰੀ ਅੰਮ੍ਰਿਤਸਰ ਸਾਹਿਬ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ। ਇਸ ਦੌਰਾਨ ਕੌਮ ਦੇ ਪ੍ਰਸਿੱਧ ਰਾਗੀ,ਢਾਡੀ ਅਤੇ ਕਥਾਵਾਚਕ ਸੰਗਤਾਂ ਨੂੰ ਗੁਰਬਾਨੀ ਨਾਲ ਨਿਹਾਲ ਕਰਨਗੇ ਅਤੇ ਮਿਤੀ 06 ਫਰਵਰੀ ਨੂੰ ਸਵੇਰੇ 9:00 ਵਜੇ ਵਿਦਿਆਰਥੀ ਵਰਗ ਦੇ ਦਸਤਾਰ ਸਜਾਓ,ਗੁਰਬਾਣੀ ਸ਼ੁੱਧ(ਕੰਠ) ਅਤੇ ਬੀਬੀ ਪ੍ਰਧਾਨ ਕੌਰ ਜੀ ਦੇ ਜੀਵਨ ਸਬੰਧੀ ਲਿਖਤੀ ਟੈਸਟ ਲੈ ਕੇ ਵਿਦਿਆਰਥੀਆਂ ਨੂੰ ਸਨਮਾਨ ਕੀਤਾ ਜਾਵੇਗਾ ਅਤੇ ਇਸੇ ਦਿਨ ਹੀ ਸ਼੍ਰੀ ਅਖੰਠ ਪਾਠ ਸਾਹਿਬ ਦੇ ਭੋਗ ਤੋਂ ਉਪਰੰਤ ਖੁੱਲ੍ਹੇ ਦੀਵਾਨ ਸਜਾਏ ਜਾਣਗੇ । ਅੰਮ੍ਰਿਤਸਰ ਸਾਹਿਬ ਤੋਂ ਕੀਰਤਨੀ ਜਥੇ ਅਤੇ ਵਿਸ਼ੇਸ਼ ਤੌਰ 'ਤੇ ਕਥਾ ਵਾਚਕ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਣਗੇ। ਮਿਤੀ 6 ਫ਼ਰਵਰੀ ਨੂੰ ਸ਼੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸਭਾ ਬਰਨਾਲਾ ਵੱਲੋਂ ਬਾਬਾ ਜਗਵਿੰਦਰ ਸਿੰਘ ਭੰਡਾਰੀ ਦੀ ਅਗਵਾਈ ਚ ਸਵੇਰੇ 9 ਵਜੇ ਤੋਂ ਬਾਅਦ ਦੁਪਹਿਰ 3 ਵਜੇ ਤੱਕ ਖ਼ੂਨਦਾਨ ਕੈਂਪ ਲੱਗੇਗਾ ਅਤੇ ਏਮਜ਼ ਬਠਿੰਡਾ ਹਸਪਤਾਲ ਦੀ ਟੀਮ ਖ਼ੂਨ ਇਕੱਤਰ ਕਰਨ ਲਈ ਪਹੁੰਚ ਰਹੀ ਹੈ। ਪ੍ਰੈਸ ਨੂੰ ਉਕਤ ਜਾਣਕਾਰੀ ਦਿੰਦਿਆਂ ਜਥੇਦਾਰ ਪਰਮਜੀਤ ਸਿੰਘ ਖਾਲਸਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੁਰਜੀਤ ਸਿੰਘ ਮੈਨੇਜਰ ਗੁਰਦੁਆਰਾ ਸਾਹਿਬ ਤਪ ਅਸਥਾਨ ਬੀਬੀ ਪ੍ਰਧਾਨ ਕੌਰ ਨੇ ਸਮੁੱਚੀ ਸੰਗਤ ਨੂੰ ਬੇਨਤੀ ਕੀਤੀ ਹੈ ਕਿ ਆਪਣੇ ਕੀਮਤੀ ਸਮੇਂ ਵਿੱਚੋਂ ਸਮਾਂ ਕੱਢਦੇ ਹੋਏ ਗੁਰਦੁਆਰਾ ਤਪ ਅਸਥਾਨ ਬੀਬੀ ਪ੍ਰਧਾਨ ਕੌਰ ਜੀ ਵਿਖੇ ਪਹੁੰਚ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ।

# ਕੰਪਿਊਟਰ ਅਧਿਆਪਕ ਯੂਨੀਅਨ ਦਾ ਵਫਦ ਪ੍ਰਸ਼ਾਸਨ ਵੱਲੋਂ ਡਿਊਟੀਆਂ ਦੇ ਵਿਰੋਧ ਵਿੱਚ ਐਸ.ਡੀ.ਐਮ. ਨੂੰ ਮਿਲਿਆ



ਬਰਨਾਲਾ, 4 ਫਰਵਰੀ (ਬਘੇਲ ਸਿੰਘ ਧਾਲੀਵਾਲ) : ਅੱਜ ਕੰਪਿਊਟਰ ਅਧਿਆਪਕ ਯੂਨੀਅਨ ਬਰਨਾਲਾ ਵੱਲੋਂ ਕੰਪਿਊਟਰ ਅਧਿਆਪਕ ਸਾਥੀਆਂ ਦੀਆਂ ਡਿਊਟੀਆਂ ਜੋ ਕਿ ਪ੍ਰੀਖਿਆਵਾਂ ਦੇ ਦਿਨਾਂ ਵਿੱਚ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਸਬੰਧੀ ਆਈਆਂ ਹਨ। ਇਸ ਦੇ ਵਿਰੋਧ ਵਿੱਚ ਡਿਪਟੀ ਕਮਿਸ਼ਨਰ ਬਰਨਾਲਾ ਦੇ ਨਿਰਦੇਸ਼ਾਂ 'ਤੇ ਐਸ.ਡੀ.ਐਮ. ਬਰਨਾਲਾ ਨੂੰ ਮਿਲਿਆ, ਜਿਸ ਵਿੱਚ ਕਿਹਾ ਗਿਆ ਕਿ ਕੰਪਿਊਟਰ ਅਧਿਆਪਕਾਂ ਦੀਆਂ ਗੈਰ ਵਿੱਦਿਅਕ ਡਿਊਟੀਆਂ ਲਾਉਣ ਤੋਂ ਗਰੇਜ਼ ਕੀਤਾ ਜਾਵੇ, ਤਾਂ ਜੋ ਸਕੂਲਾਂ ਵਿੱਚ ਬੱਚਿਆਂ ਦੀ ਪੜ੍ਹਾਈ ਦਾ ਨੁਕਸਾਨ ਨਾ ਹੋਵੇ। ਮੌਕੇ 'ਤੇ ਐਸ.ਡੀ.ਐਮ. ਬਰਨਾਲਾ ਵੱਲੋਂ ਉਕਤ ਡਿਊਟੀਆਂ ਕੱਟਣ ਲਈ ਦੋ ਦਿਨ ਦਾ ਸਮਾਂ ਮੰਗਿਆ ਗਿਆ। ਕੰਪਿਊਟਰ ਅਧਿਆਪਕ ਯੂਨੀਅਨ ਬਰਨਾਲਾ ਦੇ ਪ੍ਰਧਾਨ ਪ੍ਰਦੀਪ ਕੁਮਾਰ ਵੱਲੋਂ ਜਾਣਕਾਰੀ ਦਿੱਤੀ ਗਈ ਕਿ ਜੇਕਰ ਦੋ ਦਿਨਾਂ ਵਿੱਚ ਉਕਤ ਡਿਊਟੀਆਂ ਨਾ ਕੱਟੀਆਂ ਗਈਆਂ ਤਾਂ ਦੋਬਾਰਾ ਡਿਪਟੀ ਕਮਿਸ਼ਨਰ ਦਫਥਰ ਦਾ ਘੇਰਾਓ ਕੀਤਾ ਜਾਵੇਗਾ, ਜਿਸਦੀ ਸਾਰੀ ਜਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ। ਇਸ ਵਫਦ ਵਿੱਚ ਭਰਾਤਰੀ ਜੱਥੇਬੰਦੀ ਜੀ.ਟੀ.ਯੂ. ਵੱਲੋਂ ਹਰਿੰਦਰ ਮੱਲ੍ਹੀਆਂ ਅਤੇ ਡੀ.ਟੀ.ਐਫ. ਵੱਲੋਂ ਰਾਜੀਵ ਸੁਖਪੁਰ, ਰਮਨ ਕੁਮਾਰ ਅਤੇ ਕੰਪਿਊਟਰ ਅਧਿਆਪਕ ਯੂਨੀਅਨ ਵੱਲੋਂ ਪ੍ਰਦੀਪ ਕੁਮਾਰ, ਤਰਸੇਮ ਸਿੰਘ, ਵਿਪੁਲ ਕੁਮਾਰ, ਹਰਪ੍ਰੀਤ ਸਿੰਘ, ਰੋਹਤਾਸ਼ ਸ਼ਰਮਾ, ਵਿਕਰਮ, ਕੁਲਦੀਪ ਸਿੰਘ, ਧਰਮਪਾਲ ਅਤੇ ਹੋਰ ਸਾਥੀ ਸ਼ਾਮਿਲ ਸਨ।



# ਪਟਿਆਲਾ-ਆਸ/ਪਾਸ



## ਮੁੱਖ ਮੰਤਰੀ ਸਿਹਤ ਯੋਜਨਾ ਲੋਕਾਂ ਲਈ ਵਰਦਾਨ : ਬਰਸਟ

**➢ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਨੇ ਹਲਕਾ ਸਮਾਣਾ ਦੇ ਪਿੰਡ ਭਗਵਾਨਪੁਰਾ ਉਰਫ਼ ਖੱਤਰੀਵਾਲਾ ਵਿਖੇ ਸਿਹਤ ਕਾਰਡਾਂ ਦੀ ਰਜਿਸਟ੍ਰੇਸ਼ਨ ਦੀ ਕਰਵਾਈ ਸ਼ੁਰੂਆਤ**

ਸਮਾਣਾ, 4 ਫਰਵਰੀ (ਵਿਜੇ ਕੁਮਾਰ/ਜਵੰਦਾ) : ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਅਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਵੱਲੋਂ ਹਲਕਾ ਸਮਾਣਾ ਦੇ ਪਿੰਡ ਭਗਵਾਨਪੁਰਾ ਉਰਫ਼ ਖੱਤਰੀਵਾਲਾ ਵਿਖੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਸਿਹਤ ਕਾਰਡਾਂ ਦੀ ਰਜਿਸਟ੍ਰੇਸ਼ਨ ਸ਼ੁਰੂ ਕਰਵਾਈ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਭਾਗ ਲਿਆ ਅਤੇ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਮੁੱਖ ਮੰਤਰੀ ਸਿਹਤ ਯੋਜਨਾ ਪ੍ਰਤੀ ਭਰਪੂਰ ਉਤਸ਼ਾਹ ਦਿਖਾਇਆ। ਆਪਣੇ ਸੰਬੋਧਨ ਵਿੱਚ ਸ. ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ, ਜਿਸਦੇ ਤਹਿਤ ਲਗਾਤਾਰ ਵਿਕਾਸ ਕਾਰਜਾਂ ਨੂੰ ਅਮਲੀ-ਜਾਮ੍ਹਾ ਪਹਿਨਾਇਆ ਜਾ ਰਿਹਾ ਹੈ। ਸਿਹਤ, ਸਿੱਖਿਆ, ਬੁਨਿਆਦੀ ਢਾਂਚੇ ਸਮੇਤ ਹਰ ਖੇਤਰ ਵਿੱਚ ਲਗਾਤਾਰ ਵਿਕਾਸ ਕਾਰਜ ਕੀਤੇ ਜਾ ਰਹੇ ਹਨ। ਮੁੱਖ ਮੰਤਰੀ ਸਿਹਤ ਯੋਜਨਾ ਬਾਰੇ ਜਾਣਕਾਰੀ ਦਿੰਦਿਆਂ ਸ. ਬਰਸਟ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਚੰਗੀਆਂ ਅਤੇ ਮੁਫ਼ਤ ਸਿਹਤ ਸਹੂਲਤਾਂ ਦੇਣ ਦੇ ਉਦੇਸ਼ ਨਾਲ ਇਹ ਯੋਜਨਾ ਸ਼ੁਰੂ ਕੀਤੀ ਗਈ ਹੈ, ਜਿਸਦੇ ਤਹਿਤ ਸੂਬੇ ਦੇ 65 ਲੱਖ ਪਰਿਵਾਰਾਂ ਨੂੰ ਸਾਲਾਨਾ 10 ਲੱਖ ਰੁਪਏ ਤੱਕ ਦਾ ਮੁਫ਼ਤ ਅਤੇ ਕੈਸ਼ਲੈਸ ਇਲਾਜ ਮਿਲੇਗਾ, ਜਿਸ ਨਾਲ ਕਿਸੇ ਨੂੰ ਵੀ ਇਲਾਜ ਲਈ ਵਿੱਤੀ ਸਮੱਸਿਆਵਾਂ ਦਾ ਸਾਹਮਣਾ ਨਹੀਂ ਕਰਨਾ ਪਵੇਗਾ ਅਤੇ ਨਾ ਹੀ ਇਲਾਜ ਵਾਸਤੇ ਕੋਈ ਕਰਜਾ ਲੈਣਾ ਪਵੇਗਾ। ਇਸ ਯੋਜਨਾ ਅਧੀਨ 2300 ਤੋਂ ਵੱਧ ਇਲਾਜ ਪੈਕੇਜ ਸ਼ਾਮਲ ਕੀਤੇ ਗਏ ਹਨ।ਉਨ੍ਹਾਂ ਅੱਗੇ ਦੱਸਿਆ ਕਿ ਇਹ ਸਹੂਲਤ ਸਿਰਫ਼ ਸਰਕਾਰੀ ਹਸਪਤਾਲਾਂ ਤੱਕ ਸੀਮਤ ਨਹੀਂ ਹੈ, ਸਗੋਂ ਇਸ ਵਿੱਚ ਨਿੱਜੀ ਹਸਪਤਾਲਾਂ ਨੂੰ ਵੀ ਸੂਚੀਬੱਧ ਕੀਤਾ ਗਿਆ ਹੈ। ਇਸ ਯੋਜਨਾ ਤਹਿਤ ਸਿਹਤ ਕਾਰਡ ਬਣਾਏ ਜਾ ਰਹੇ ਹਨ, ਜੋ ਕਿ ਸਰਕਾਰ ਵੱਲੋਂ ਬਿਲਕੁਲ ਮੁਫ਼ਤ ਬਣਾਏ ਜਾ ਰਹੇ ਹਨ। ਇਹ ਇਤਿਹਾਸਕ ਕਦਮ ਪੰਜਾਬ ਸਰਕਾਰ ਦੀ ਲੋਕ ਕਲਿਆਣ ਲਈ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਉਨ੍ਹਾਂ ਸਾਰਿਆਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਇਸ ਤਰ੍ਹਾਂ ਦੇ ਕੈਂਪਾਂ ਵਿੱਚ ਸ਼ਾਮਲ ਹੋਣ ਅਤੇ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਦਾ ਪੂਰਾ ਲਾਭ ਲੈਣ। ਉਨ੍ਹਾਂ ਦੱਸਿਆ ਕਿ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਮੁਫ਼ਤ ਅਤੇ ਚੰਗੀਆਂ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਪੰਜਾਬ ਭਰ ਵਿੱਚ ਆਮ ਆਦਮੀ ਕਲੀਨਿਕ ਸਥਾਪਿਤ ਕੀਤੇ ਗਏ ਹਨ। ਉਨ੍ਹਾਂ ਸਮੂਹ ਪਿੰਡ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਪਿੰਡ ਦੇ ਹਰ ਘਰ ਤੱਕ ਇਸ ਯੋਜਨਾ ਦੀ ਜਾਣਕਾਰੀ ਪਹੁੰਚਾਈ ਜਾਵੇ ਤਾਂ ਜੋ ਸਾਰਿਆਂ ਨੂੰ ਇਸ ਲੋਕ ਭਲਾਈ ਯੋਜਨਾ ਦਾ ਲਾਭ ਮਿਲ ਸਕੇ। ਇਸ ਮੌਕੇ ਸਰਪੰਚ ਗੁਰਵੀਰ ਸਿੰਘ, ਸਤਗੁਰ ਸਿੰਘ, ਹਰਿੰਦਰ ਸਿੰਘ ਧਬਲਾਨ, ਸ਼ਾਮ ਲਾਲ ਦੱਤ, ਡਾ. ਹਰਮੇਸ਼, ਬਲਵਿੰਦਰ ਸਿੰਘ ਸਮੇਤ ਸਮੂਹ ਇਲਾਕਾ ਨਿਵਾਸੀ ਮੌਜੂਦ ਰਹੇ।



## ਆਮ ਆਦਮੀ ਪਾਰਟੀ ਦੇ ਵਿਰਾਸਤ ਸੇਵਾ ਸੰਗਠਨ ਦੇ ਨੁਮਾਇੰਦਿਆਂ ਵੱਲੋਂ ਡੀ.ਸੀ. ਨਾਲ ਮੁਲਾਕਾਤ

**➢ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਅੰਮ੍ਰਿਤਸਰ ਯਾਤਰਾ ਪ੍ਰੋਗਰਾਮ 'ਤੇ ਕੀਤੀ ਚਰਚਾ**



ਮਲੇਰਕੋਟਲਾ, 4 ਫਰਵਰੀ (ਅੰਮ੍ਰਿਤਪਾਲ ਸਿੰਘ) : ਆਮ ਆਦਮੀ ਪਾਰਟੀ ਦੇ ਵਿਰਾਸਤ ਸੇਵਾ ਸੰਗਠਨ ਦੇ ਨੁਮਾਇੰਦਿਆਂ ਨੇ ਡਿਪਟੀ ਕਮਿਸ਼ਨਰ ਮਲੇਰਕੋਟਲਾ ਵਿਰਾਸ ਐਸ.ਤਿੜਕੇ ਨਾਲ ਵਿਸ਼ੇਸ਼ ਮੁਲਾਕਾਤ ਕੀਤੀ। ਇਸ ਮੌਕੇ ਸੰਗਠਨ ਨੂੰ ਦਰਪੇਸ਼ ਆ ਰਹੀਆਂ ਵੱਖ-ਵੱਖ ਸਮੱਸਿਆਵਾਂ ਸਬੰਧੀ ਡਿਪਟੀ ਕਮਿਸ਼ਨਰ ਨੂੰ ਵਿਸਥਾਰ ਨਾਲ ਅਵਗਤ ਕਰਵਾਇਆ ਗਿਆ । ਮੁਲਾਕਾਤ ਦੌਰਾਨ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਅੰਮ੍ਰਿਤਸਰ ਲਈ ਪ੍ਰਸਤਾਵਿਤ ਤਿੰਨ ਰੋਜ਼ਾ ਅੰਤਰਿਮ ਯਾਤਰਾ ਪ੍ਰੋਗਰਾਮ ਸਬੰਧੀ ਸੰਖੇਪ ਪਰੰਤੂ ਵਿਸਥਾਰਪੂਰਵਕ ਚਰਚਾ ਕੀਤੀ ਗਈ। ਨੁਮਾਇੰਦਿਆਂ ਵੱਲੋਂ ਦੱਸਿਆ ਗਿਆ ਕਿ ਯਾਤਰਾ ਦੇ ਪਹਿਲੇ ਦਿਨ ਸ਼ਰਧਾਲੂਆਂ ਵੱਲੋਂ ਦੁਰਗਿਆਣਾ ਮੰਦਿਰ ਦੇ ਦਰਸ਼ਨ ਕਰਵਾਏ ਜਾ ਰਹੇ ਹਨ। ਦੂਜੇ ਦਿਨ ਪਾਰਟੀਸ਼ਨ ਮਿਊਜ਼ੀਅਮ, ਜਲਿਆਂਵਾਲਾ ਬਾਗ, ਸ੍ਰੀ ਹਰਿਮੰਦਰ ਸਾਹਿਬ ਜੀ ਦੇ ਦਰਸ਼ਨ, ਲੰਗਰ ਸੇਵਾ ਅਤੇ ਵਾਗ੍ਹਾ ਬਾਰਡਰ ਵਿਖੇ ਬੀਟਿੰਗ ਰਿਟਰੀਟ ਦੇ ਦਰਸ਼ਨ ਕਰਵਾਏ ਜਾਣਗੇ। ਤੀਜੇ ਦਿਨ ਵਾਪਸੀ ਦੌਰਾਨ ਭਗਵਾਨ ਵਾਲਮੀਕੀ ਤੀਰਥ ਅਸਥਾਨ ਦੇ ਦਰਸ਼ਨ ਕਰਵਾਉਣ ਦਾ ਪ੍ਰਸਤਾਵ ਹੈ। ਨੁਮਾਇੰਦਿਆਂ ਨੇ ਦੱਸਿਆ ਕਿ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਅਧੀਨ ਯਾਤਰਾ ਕਰਨ ਵਾਲੇ ਸ਼ਰਧਾਲੂਆਂ ਲਈ ਹੋਟਲ ਵਿੱਚ ਰਹਿਣ, ਲੰਚ, ਹਾਈ-ਟੀ ਅਤੇ ਬਫੇ ਸਵੇਰੇ ਅਤੇ ਰਾਤ ਦੇ ਭੋਜਨ ਸਮੇਤ ਸਾਰੇ ਪ੍ਰਬੰਧ ਸਰਕਾਰ ਵੱਲੋਂ ਮੁਫ਼ਤ ਕਰਵਾਏ ਜਾਂਦੇ ਹਨ। ਇਸ ਸਕੀਮ ਦਾ ਮੁੱਖ ਉਦੇਸ਼ ਸੀਨੀਅਰ ਸਿਟੀਜ਼ਨ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਦੇ ਲੋਕਾਂ ਨੂੰ ਧਾਰਮਿਕ ਅਤੇ ਇਤਿਹਾਸਕ ਤੀਰਥ ਸਥਾਨਾਂ ਦੇ ਦਰਸ਼ਨ ਕਰਵਾਉਣਾ ਹੈ, ਤਾਂ ਜੋ ਉਹ ਬਿਨਾਂ ਕਿਸੇ ਵਿੱਤੀ ਬੋਝ ਦੇ ਆਪਣੀ ਆਸਥਾ ਨੂੰ ਨਿਭਾਅ ਸਕਣ। ਡਿਪਟੀ ਕਮਿਸ਼ਨਰ ਨੇ ਨੁਮਾਇੰਦਿਆਂ ਦੀਆਂ ਗੱਲਾਂ ਨੂੰ ਗੰਭੀਰਤਾ ਨਾਲ ਸੁਣਦਿਆਂ ਭਰੋਸਾ ਦਿਵਾਇਆ ਕਿ ਸਰਕਾਰ ਦੀਆਂ ਲੋਕ-ਹਿਤੈਸ਼ੀ ਸਕੀਮਾਂ ਦਾ ਲਾਭ ਹਰੇਕ ਯੋਗ ਨਾਗਰਿਕ ਤੱਕ ਪਹੁੰਚਾਉਣਾ ਪ੍ਰਸ਼ਾਸਨ ਦੀ ਪਹਿਲ ਹੈ ਅਤੇ ਸੰਗਠਨ ਵੱਲੋਂ ਰੱਖੀਆਂ ਸਮੱਸਿਆਵਾਂ 'ਤੇ ਯੋਗ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਕੇਵਲ ਸਿੰਘ ਜਾਗੋਵਾਲ (ਸੂਬਾ ਸਕੱਤਰ, ਮਾਲਵਾ ਈਸਟ) ਵਿਰਾਸਤ ਸੇਵਾ ਸੰਗਠਨ, ਜ਼ਿਲ੍ਹਾ ਕੋਆਰਡੀਨੇਟਰ ਤਰਸੇਮ ਸਿੰਘ ਸੰਘਾਲਾ, ਹਲਕਾ ਕੋਆਰਡੀਨੇਟਰ ਜਾਫ਼ਰ ਅਲੀ, ਹਲਕਾ ਅਮਰਗੜ੍ਹ ਕੋਆਰਡੀਨੇਟਰ ਚਮਕੌਰ ਸਿੰਘ ਅਤੇ ਹਲਕਾ ਮਾਲੇਰਕੋਟਲਾ ਤੋਂ ਮੋਨਿਕਾ, ਜ਼ਿਲ੍ਹਾ ਪ੍ਰਧਾਨ ਤਰਸੇਮ ਸਿੰਘ ਸੰਗਾਲਾਂ, ਰਮਨਦੀਪ ਕੌਰ, ਮਿੱਠੂ ਸਿੰਘ ਸਰੌਂਦ ਵੀ ਹਾਜ਼ਰ ਰਹੇ।

## ਰਣਜੋਧ ਹਡਾਣਾ ਵੱਲੋਂ ਭੁਨਰਹੇੜੀ ਵਿਖੇ ਸਿਹਤ ਬੀਮਾ ਕਾਰਡ ਬਣਾਉਣ ਦੇ ਕੰਮਾਂ ਦਾ ਆਗਾਜ਼



ਭੁਨਰਹੇੜੀ, 4 ਫ਼ਰਵਰੀ (ਗੁਰਜੀਤ ਸਿੰਘ ਢੋਟ) : ਹਲਕਾ ਸਨੌਰ ਦੇ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਅੱਜ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਵੱਲੋਂ ਭੁਨਰਹੇੜੀ ਵਿਖੇ ਸਿਹਤ ਬੀਮਾ ਕਾਰਡ ਬਣਾਉਣ ਦੇ ਕੰਮਾਂ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਐਸ.ਡੀ.ਐਮ. ਦੁਧਨਸਾਧਾਂ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ ਅਤੇ ਉਨ੍ਹਾਂ ਨੇ ਪ੍ਰਸ਼ਾਸਨਿਕ ਪੱਖੋਂ ਇਸ ਮੁਹਿੰਮ ਨੂੰ ਸਫਲ ਬਣਾਉਣ ਲਈ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ। ਇਸ ਮੌਕੇ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ 'ਆਮ ਆਦਮੀ ਪਾਰਟੀ' ਦੀ ਸਰਕਾਰ ਲਈ ਲੋਕਾਂ ਦੀ ਸਿਹਤ ਸਭ ਤੋਂ ਉੱਪਰ ਹੈ। ਉਨ੍ਹਾਂ ਕਿਹਾ ਕਿ ਸਿਹਤ ਬੀਮਾ ਕਾਰਡ ਬਣਨ ਨਾਲ ਹਰ ਪਰਿਵਾਰਾਂ ਨੂੰ ਸਾਲਾਨਾ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ ਮਿਲੇਗੀ, ਜਿਸ ਨਾਲ ਲੋੜਵੰਦ ਪਰਿਵਾਰਾਂ 'ਤੇ ਮਹਿੰਗੇ ਇਲਾਜ ਦਾ ਬੋਝ ਖ਼ਤਮ ਹੋਵੇਗਾ। ਹਡਾਣਾ ਨੇ ਕਿਹਾ ਕਿ ਅਸੀਂ ਚਾਹੁੰਦੇ ਹਾਂ ਕਿ ਹਲਕਾ ਸਨੌਰ ਦਾ ਕੋਈ ਵੀ ਵਿਅਕਤੀ ਪੈਸਿਆਂ ਦੀ ਘਾਟ ਕਾਰਨ ਇਲਾਜ ਤੋਂ ਵਾਂਝਾ ਨਾ ਰਹੇ। ਇਸ ਮੌਕੇ ਐਸ.ਡੀ.ਐਮ. ਦੁਧਨਸਾਧਾਂ ਸੁਖਪਾਲ ਸਿੰਘ ਨੇ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਯੋਗ ਲਾਭਪਾਤਰੀਆਂ ਦੇ ਕਾਰਡ ਬਣਾਉਣ ਵਿੱਚ ਕੋਈ ਦਿੱਕਤ ਨਾ ਆਵੇ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਇਸ ਤੋਂ ਇਲਾਵਾ ਉਹ ਹਲਕੇ ਵਿੱਚ ਲੱਗਣ ਵਾਲੇ ਵੱਧ ਤੋਂ ਵੱਧ ਇਨ੍ਹਾਂ ਕੈਂਪਾਂ ਦਾ ਲਾਭ ਉਠਾਉਣ। ਹਡਾਣਾ ਨੇ ਪ੍ਰਸ਼ਾਸਨਿਕ ਸਹਿਯੋਗ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਜਦੋਂ ਸਰਕਾਰ ਅਤੇ ਪ੍ਰਸ਼ਾਸਨ ਮਿਲ ਕੇ ਕੰਮ ਕਰਦੇ ਹਨ, ਤਾਂ ਸਹੂਲਤਾਂ ਸਿੱਧੀਆਂ ਲੋਕਾਂ ਦੇ ਦਰਵਾਜ਼ੇ ਤੱਕ ਪਹੁੰਚਦੀਆਂ ਹਨ। ਹਡਾਣਾ ਨੇ ਦੱਸਿਆ ਕਿ ਇਹ ਮੁਹਿੰਮ ਹਲਕੇ ਦੇ ਹਰ ਪਿੰਡ ਤੱਕ ਲਿਜਾਈ ਜਾਵੇਗੀ ਤਾਂ ਜੋ ਪੇਂਡੂ ਖੇਤਰ ਦੇ ਲੋਕਾਂ ਨੂੰ ਦੂਰ-ਦੁਰਾਡੇ ਦਫ਼ਤਰਾਂ ਦੇ ਚੱਕਰ ਨਾ ਕੱਟਣੇ ਪੈਣ। ਇਸ ਮੌਕੇ ਵੱਡੀ ਗਿਣਤੀ ਵਿੱਚ ਪਹੁੰਚੇ ਇਲਾਕਾ ਨਿਵਾਸੀਆਂ ਨੇ ਹਡਾਣਾ ਦੀ ਇਸ ਕੋਸ਼ਿਸ਼ ਦੀ ਸ਼ਲਾਘਾ ਕੀਤੀ। ਇਸ ਮੌਕੇ ਬਲਾਕ ਭੁਨਰਹੇੜੀ ਦੇ ਪਾਰਟੀ ਅਹੁਦੇਦਾਰ ਤੇ ਸਬੰਧਤ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ।

## ਪੰਜਾਬ ਪਬਲਿਕ ਸਕੂਲ ਨਾਭਾ ਵਿਖੇ ਆਈ.ਐਸ.ਸੀ.ਬੈਚ ਦਾ ਪਾਸਿੰਗ ਆਊਟ ਸਮਾਰੋਹ

ਨਾਭਾ, 4 ਫਰਵਰੀ (ਬਲਜਿੰਦਰ ਮਾਨ) : ਪੰਜਾਬ ਪਬਲਿਕ ਸਕੂਲ, ਨਾਭਾ ਵਿਖੇ 2026 ਦੇ ਆਈ.ਐਸ.ਸੀ. ਬੈਚ ਲਈ ਪਾਸਿੰਗ ਆਊਟ ਸਮਾਰੋਹ ਬਹੁਤ ਸ਼ਾਨਦਾਰ ਢੰਗ ਨਾਲ ਆਯੋਜਿਤ ਕੀਤਾ ਗਿਆ, ਲੈਫਟੀਨੈਂਟ ਜਨਰਲ ਹਰਜੀਤ ਸਿੰਘ ਸਾਹੀ, ਪੀ.ਵੀ.ਐਸ.ਐਮ., ਯੂ.ਵਾਈ.ਐਸ.ਐਮ., ਏ.ਵੀ.ਐਸ.ਐਮ., ਵਾਈ.ਐਸ.ਐਮ., ਐਸ.ਐਮ. ਅਤੇ ਪੰਜਾਬ ਪਬਲਿਕ ਸਕੂਲ, ਨਾਭਾ ਦੇ ਹੀ ਸਾਬਕਾ ਵਿਦਿਆਰਥੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਮਾਗਮ ਦੀ ਸ਼ੁਰੂਆਤ ਵਿਦਿਆਰਥੀਆਂ ਦੇ ਇੱਕ ਪ੍ਰਭਾਵਸ਼ਾਲੀ ਅਕਾਦਮਿਕ ਮਾਰਚ ਨਾਲ ਹੋਈ, ਜੋ ਟੈਨਿਸ ਕੋਰਟ ਤੋਂ ਪਵਾਟੇ ਹਾਲ ਤੱਕ ਸ਼ਾਨੋ-ਸ਼ੌਕਤ ਨਾਲ ਪਹੁੰਚਿਆ , ਇਹ ਸਕੂਲ ਦੀਆਂ ਅਮੀਰ ਪਰੰਪਰਾਵਾਂ ਨੂੰ ਦਰਸਾਉਂਦਾ ਹੈ। ਸਮਾਰੋਹ ਦੌਰਾਨ, ਵਿਦਿਆਰਥੀਆਂ ਦੇ ਪ੍ਰਸ਼ੰਸਾ ਪੱਤਰ ਪੜ੍ਹੇ ਗਏ, ਜਿਸ ਵਿੱਚ ਵਿਦਿਆਰਥੀਆਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਨੂੰ ਉਜਾਗਰ ਕੀਤਾ ਗਿਆ, ਉਨ੍ਹਾਂ ਦੇ ਪਿਛਲੇ ਸਾਲਾਂ ਦੌਰਾਨ ਦੇ ਅਕਾਦਮਿਕ, ਸਹਿ-ਪਾਠਕ੍ਰਮ ਅਤੇ ਨਿੱਜੀ ਮੀਲ ਪੱਥਰਾਂ ਨੂੰ ਯਾਦ ਕੀਤਾ ਗਿਆ। ਲੈਫਟੀਨੈਂਟ ਜਨਰਲ ਸਾਹੀ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਸਮਰਪਣ ਅਤੇ ਪ੍ਰਾਪਤੀਆਂ ਲਈ ਪ੍ਰਸ਼ੰਸਾ ਦੇ ਚਿੰਨ੍ਹ ਭੇਟ ਕੀਤੇ। ਸਮਾਗਮ ਨੂੰ ਸੰਬੋਧਨ ਕਰਦੇ ਹੋਏ, ਉਨ੍ਹਾਂ ਨੇ ਨੌਜਵਾਨ ਗ੍ਰੈਜੂਏਟਾਂ ਨੂੰ ਆਪਣੇ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਲਗਨ ਨਾਲ ਕੰਮ ਕਰਨ ਅਤੇ ਜ਼ਿੰਦਗੀ ਦੀਆਂ ਚੁਣੌਤੀਆਂ ਦਾ ਲਚਕੀਲਾਪਨ ਅਤੇ ਦ੍ਰਿੜਤਾ ਨਾਲ ਸਾਹਮਣਾ ਕਰਨ ਲਈ ਪ੍ਰੇਰਿਤ ਕੀਤਾ। ਹੈਡਮਾਸਟਰ ਡਾ. ਡੀ.ਸੀ. ਸ਼ਰਮਾ ਨੇ ਆਪਣੇ ਸੰਬੋਧਨ ਵਿੱਚ ਵਿਦਿਆਰਥੀਆਂ ਨੂੰ ਉਨ੍ਹਾਂ ਵਿੱਚ ਪਾਈਆਂ ਗਈਆਂ ਕਦਰਾਂ-ਕੀਮਤਾਂ ਨੂੰ ਕਾਇਮ ਰੱਖਣ ਅਤੇ ਨੇਕ ਕੰਮਾਂ ਵਿੱਚ ਸ਼ਾਮਲ ਹੋਣ ਲਈ ਉਤਸ਼ਾਹਿਤ ਕੀਤਾ। ਦਿਲੋਂ ਸ਼ੁਕਰਗੁਜ਼ਾਰੀ ਦੇ ਇਸ਼ਾਰੇ ਵਜੋਂ, ਡਾ. ਸ਼ਰਮਾ ਨੇ ਲੈਫਟੀਨੈਂਟ ਜਨਰਲ ਸਾਹੀ ਨੂੰ ਸਨਮਾਨ ਚਿੰਨ੍ਹ ਨਾਲ ਸਨਮਾਨਿਤ ਕੀਤਾ। ਸਮਾਰੋਹ ਦੀ ਸਮਾਪਤੀ ਹੈਡਮਾਸਟਰ ਗ੍ਰੀਨ ਵਿਖੇ ਆਯੋਜਿਤ ਇੱਕ ਰਸਮੀ ਰਾਤ ਦੇ ਖਾਣੇ ਨਾਲ ਹੋਈ, ਜਿਸ ਵਿੱਚ 2026 ਆਈ.ਐਸ.ਸੀ. ਬੈਚ ਦੇ ਵਿਦਿਆਰਥੀਆਂ ਨੇ ਆਪਣੇ ਜੀਵਨ ਦੇ ਅਗਲੇ ਅਧਿਆਇ ਦੀ ਸ਼ੁਰੂਆਤ ਕੀਤੀ।



## ਦੋ ਕਾਰਾਂ ਦੀ ਟੱਕਰ 'ਚ ਇੱਕ ਦੀ ਮੌਤ, ਤਿੰਨ ਜ਼ਖ਼ਮੀ

ਸਮਾਣਾ, 4 ਫਰਵਰੀ (ਵਿਜੇ ਕੁਮਾਰ) : ਸਮਾਣਾ-ਪਟਿਆਲਾ ਸੜਕ 'ਤੇ ਸਥਿਤ ਪਿੰਡ ਚੌਹਟ ਨੇੜੇ ਦੋ ਕਾਰਾਂ ਵਿਚਕਾਰ ਹੋਈ ਆਹਮੋ-ਸਾਹਮਣੇ ਟੱਕਰ ਵਿੱਚ ਇੱਕ ਨੌਜਵਾਨ ਦੀ ਮੌਤ ਹੋ ਗਈ, ਜਦੋਂ ਕਿ ਦੋਵਾਂ ਕਾਰਾਂ ਵਿੱਚ ਸਵਾਰ ਇੱਕ ਔਰਤ ਸਮੇਤ ਤਿੰਨ ਲੋਕ ਜ਼ਖ਼ਮੀ ਹੋ ਗਏ। ਜ਼ਖ਼ਮੀਆਂ ਨੂੰ ਇਲਾਜ ਲਈ ਹਸਪਤਾਲ ਦਾਖਲ ਕਰਵਾਇਆ ਗਿਆ ਹੈ। ਮਾਮਲੇ ਦੇ ਜਾਂਚ ਅਧਿਕਾਰੀ ਸਦਰ ਪੁਲਸ ਦੇ ਏ.ਐਸ.ਆਈ. ਨਿਰਮਲ ਸਿੰਘ ਨੇ ਦੱਸਿਆ ਕਿ ਸੁਰੇਸ਼ ਕੁਮਾਰ ਪੁੱਤਰ ਫੂਲ ਚੰਦ (ਵਾਸੀ ਮਲਕਾਨਾ ਪੱਤੀ) ਵੱਲੋਂ ਦਰਜ ਕਰਵਾਈ ਸ਼ਿਕਾਇਤ ਅਨੁਸਾਰ 2 ਫਰਵਰੀ ਦੀ ਰਾਤ ਉਹ ਆਪਣੀ ਭੂਆ ਦੇ ਲੜਕੇ ਸੁਨੀਲ ਕੁਮਾਰ (ਵਾਸੀ ਟੋਹਾਣਾ) ਅਤੇ ਚਚੇਰੇ ਭਰਾ ਦਿਨੇਸ਼ ਕੁਮਾਰ ਨਾਲ ਕਾਰ ਵਿੱਚ ਸਵਾਰ ਹੋ ਕੇ ਰਾਜਪੁਰਾ ਜਾ ਰਹੇ ਸਨ। ਜਦੋਂ ਉਹ ਪਿੰਡ ਚੌਹਟ ਨੇੜੇ ਪਹੁੰਚੇ ਤਾਂ ਸਾਹਮਣੇ ਤੋਂ ਆ ਰਹੀ ਇੱਕ ਤੇਜ਼ ਰਫ਼ਤਾਰ ਕਾਰ ਦੇ ਚਾਲਕ ਨੇ ਲਾਪਰਵਾਹੀ ਨਾਲ ਆਪਣੀ ਗੱਡੀ ਉਹਨਾਂ ਦੀ ਕਾਰ ਵਿੱਚ ਮਾਰ ਦਿੱਤੀ। ਅਧਿਕਾਰੀ ਅਨੁਸਾਰ ਦੂਜੀ ਕਾਰ ਵਿੱਚ ਸਵਾਰ ਇੱਕ ਔਰਤ ਅਤੇ ਇੱਕ ਨੌਜਵਾਨ ਵੀ ਜ਼ਖ਼ਮੀ ਹੋਏ ਹਨ। ਸਾਰੇ ਜ਼ਖ਼ਮੀਆਂ ਨੂੰ ਇਲਾਜ ਲਈ ਪਟਿਆਲਾ ਲਿਜਾਇਆ ਗਿਆ, ਜਿੱਥੇ ਸੁਨੀਲ ਕੁਮਾਰ ਨਿਵਾਸੀ ਟੋਹਾਣਾ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ। ਉਨਾ ਅੱਗੇ ਦੱਸਿਆ ਕਿ ਪੁਲਿਸ ਨੇ ਕਾਰ ਨੰਬਰ ਦੀ ਪਛਾਣ ਕਰਕੇ ਅਣਪਛਾਤੇ ਚਾਲਕ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ। ਪੋਸਟਮਾਰਟਮ ਉਪਰੰਤ ਮ੍ਰਿਤਕ ਦੀ ਲਾਸ਼ ਵਾਰਸਾਂ ਹਵਾਲੇ ਕਰ ਦਿੱਤੀ।

## ਸਰਪੰਚ ਗੁਰਪਿੰਦਰ ਸਿੰਘ ਜੱਗਾ ਵੱਲੋਂ ਸ਼ਮਸ਼ਾਨਘਾਟ ਦੇ ਨਵੀਨੀਕਰਨ ਲਈ ਸ਼ਲਾਘਾਯੋਗ ਕਦਮ



ਘਨੌਰ, 4 ਫਰਵਰੀ (ਰਾਜਿੰਦਰ ਸਿੰਘ ਕੰਬੋਜ): ਹਲਕਾ ਘਨੌਰ ਅਧੀਨ ਪੈਂਦੇ ਪਿੰਡ ਨਨਹੇੜਾ ਖੁਰਦ ਦੇ ਵਿਕਾਸ ਕਾਰਜਾਂ ਨੂੰ ਨਵੀਂ ਗਤੀ ਦਿੰਦਿਆਂ ਸਰਪੰਚ ਗੁਰਪਿੰਦਰ ਸਿੰਘ ਜੱਗਾ ਵੱਲੋਂ ਇੱਕ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਕੀਤਾ ਗਿਆ ਹੈ। ਪਿੰਡ ਦੇ ਸ਼ਮਸ਼ਾਨਘਾਟ ਦੀ ਹਾਲਤ ਨੂੰ ਸੁਧਾਰਨ ਲਈ ਸਰਪੰਚ ਗੁਰਪਿੰਦਰ ਸਿੰਘ ਜੱਗਾ ਨੇ ਨਿੱਜੀ ਦਿਲਚਸਪੀ ਲੈਂਦਿਆਂ ਤਕਰੀਬਨ 10 ਲੱਖ ਰੁਪਏ ਦੀ ਰਾਸ਼ੀ ਆਪਣੇ ਕੋਲੋਂ ਖਰਚ ਕਰਕੇ ਸ਼ਮਸ਼ਾਨਘਾਟ ਦੇ ਨਵੀਨੀਕਰਨ ਦਾ ਕੰਮ ਕਰਵਾਇਆ ਹੈ।ਇਸ ਮੌਕੇ ਸਰਪੰਚ ਗੁਰਪਿੰਦਰ ਸਿੰਘ ਜੱਗੇ ਨੇ ਦੱਸਿਆ ਕਿ ਪਿੰਡ ਵਾਸੀਆਂ ਨੂੰ ਸ਼ਮਸ਼ਾਨਘਾਟ ਵਿੱਚ ਪੇਸ਼ ਆ ਰਹੀਆਂ ਦਿੱਕਤਾਂ ਨੂੰ ਮੁੱਖ ਰੱਖਦਿਆਂ ਇਹ ਫੈਸਲਾ ਲਿਆ ਗਿਆ ਸੀ। ਇਸ ਮੌਕੇ ਪਿੰਡ ਨਨਹੇੜਾ ਦੇ ਸੈਕਟਰੀ ਜਤਿੰਦਰ ਸ਼ਰਮਾ, ਸੈਕਟਰੀ ਯਾਦਵਿੰਦਰ ਸਿੰਘ, ਸਾਬਕਾ ਸਰਪੰਚ ਸੁੱਚਾ ਸਿੰਘ, ਸਾਬਕਾ ਸਰਪੰਚ ਤਰਲੋਚਨ ਸਿੰਘ, ਬਾਬਾ ਸੰਤੋਖ ਸਿੰਘ,ਗੁਰਨਾਮ ਸਿੰਘ, ਸਾਹਿਬ ਸਿੰਘ ,ਅਵਤਾਰ ਸਿੰਘ, ਲਖਵਿੰਦਰ ਸਿੰਘ, ਤੀਰਥ ਸਿੰਘ ਆਦਿ ਤੋਂ ਇਲਾਵਾ ਸਮੂਹ ਪੰਚਾਇਤ ਮੈਂਬਰ ਅਤੇ ਪਿੰਡ ਵਾਸੀ ਹਾਜ਼ਰ ਸਨ।

## ਚੂਰਾ ਪੋਸਤ ਸਮੇਤ ਔਰਤ ਕਾਬੂ

ਸਮਾਣਾ, 4 ਫਰਵਰੀ (ਵਿਜੇ ਕੁਮਾਰ) : ਸਦਰ ਪੁਲਸ ਨੇ ਚੂਰਾ ਪੋਸਤ ਵੇਚਣ ਲਈ ਗਾਹਕਾਂ ਦੀ ਉਡੀਕ ਕਰ ਰਹੀ ਇੱਕ ਔਰਤ ਨੂੰ 3 ਕਿੱਲੋਗ੍ਰਾਮ ਚੂਰਾ ਪੋਸਤ ਸਮੇਤ ਕਾਬੂ ਕਰਕੇ ਉਸ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮੁਲਜ਼ਮ ਔਰਤ ਦੀ ਪਛਾਣ ਸੋਨੀਆ ਨਿਵਾਸੀ ਪਿੰਡ ਤੁੱਲੇਵਾਲ ਵਜੋਂ ਹੋਈ ਹੈ। ਮਾਮਲੇ ਸਬੰਧੀ ਜਾਣਕਾਰੀ ਦਿੰਦਿਆਂ ਸਦਰ ਪੁਲਿਸ ਮੁਖੀ ਇੰਸਪੈਕਟਰ ਅਜੇ ਕੁਮਾਰ ਪੁਰੋਚਾ ਨੇ ਦੱਸਿਆ ਕਿ ਏ.ਐਸ.ਆਈ. ਜਸਵਿੰਦਰ ਸਿੰਘ ਸੰਧੂ ਪੁਲਿਸ ਪਾਰਟੀ ਸਮੇਤ ਗਸ਼ਤ ਦੌਰਾਨ ਪਿੰਡ ਅਸਰਪੁਰ ਸਥਿਤ ਟੋਲ ਪਲਾਜ਼ਾ ਕੋਲ ਮੌਜੂਦ ਸਨ। ਉਨ੍ਹਾਂ ਨੂੰ ਸੂਚਨਾ ਮਿਲੀ ਕਿ ਮੁਲਜ਼ਮ ਔਰਤ ਪਿੰਡ ਅਸਰਪੁਰ ਦੀ ਅਨਾਜ ਮੰਡੀ ਕੋਲ ਚੂਰਾ ਪੋਸਤ ਵੇਚਣ ਲਈ ਗਾਹਕਾਂ ਦੀ ਉਡੀਕ ਕਰ ਰਹੀ ਹੈ। ਪੁਲਿਸ ਪਾਰਟੀ ਨੇ ਤੁਰੰਤ ਛਾਪੇਮਾਰੀ ਕਰਕੇ ਔਰਤ ਕੋਲੋਂ 3 ਕਿਲੋਗ੍ਰਾਮ ਚੂਰਾ ਪੋਸਤ ਬਰਾਮਦ ਕੀਤਾ ਅਤੇ ਉਸ ਨੂੰ ਹਿਰਾਸਤ ਵਿੱਚ ਲੈ ਲਿਆ। ਪੁਲਿਸ ਅਧਿਕਾਰੀ ਅਨੁਸਾਰ ਔਰਤ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰ ਪੁਲਸ ਰਿਮਾਂਡ ਹਾਸਲ ਕੀਤਾ ਜਾਵੇਗਾ ਤਾਂ ਜੋ ਪੁੱਛਗਿੱਛ ਦੌਰਾਨ ਹੋਰ ਜਾਣਕਾਰੀ ਇਕੱਠੀ ਕੀਤੀ ਜਾ ਸਕੇ।



## 'ਫ਼ਖ਼ਰ-ਏ-ਘਨੌਰ' ਐਵਾਰਡ ਨਾਲ ਅਧਿਆਪਕ ਸਨਮਾਨੇ

ਘਨੌਰ, 4 ਫਰਵਰੀ (ਮਦਨ ਲਾਲ) : ਹਲਕਾ ਘਨੌਰ ਦੇ ਸਮੂਹ ਸਰਕਾਰੀ, ਗੈਰ ਸਰਕਾਰੀ, ਏਡਿਡ, ਪ੍ਰਾਈਵੇਟ ਸਕੂਲਾਂ ਦੇ ਸਰੀਰਕ ਸਿੱਖਿਆ ਅਧਿਆਪਕਾਂ ਦਾ ਸਨਮਾਨ ਸਮਾਰੋਹ ਮਾਈਲਸਟੋਨ ਸਮਾਰਟ ਸਕੂਲ ਘਨੌਰ ਵਿਖੇ ਜੋਨਲ ਸਕੂਲ ਟੂਰਨਾਮੈਂਟ ਕਮੇਟੀ ਘਨੌਰ ਦੇ ਪ੍ਰਧਾਨ ਪ੍ਰਿੰ. ਰਾਜ ਕੁਮਾਰ ਅਤੇ ਸਕੱਤਰ ਜਸਵਿੰਦਰ ਸਿੰਘ ਚਪੜ ਸਟੇਟ ਐਵਾਰਡੀ ਦੀ ਅਗਵਾਈ ਅਧੀਨ ਫ਼ਖ਼ਰ ਏ ਘਨੌਰ - ਬਿਹਤਰੀਨ ਸਰੀਰਕ ਸਿੱਖਿਆ ਅਧਿਆਪਕ ਐਵਾਰਡ 2026 ਦੇ ਲੋਗੋ ਹੇਠ ਕਰਵਾਇਆ ਗਿਆ, ਜਿਸ ਵਿਚ ਮੁੱਖ ਮਹਿਮਾਨ ਸ. ਦਲਜੀਤ ਸਿੰਘ- ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਪਟਿਆਲਾ ਅਤੇ ਸ. ਸੁਖਰਾਮ ਸਿੰਘ- ਸੈਕਟਰੀ ਪੰਜਾਬ ਸਾਫ਼ਟਬਾਲ ਐਸੋਸੀਏਸ਼ਨ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਗੁਰੂ ਬਾਣੀ ਸ਼ਬਦ ਨਾਲ ਹੋਈ। ਹਰਮਹਿੰਦਰ ਸਿੰਘ - ਬਲਾਕ ਸਪੋਰਟਸ ਅਫ਼ਸਰ ਨੇ ਦੱਸਿਆ ਕਿ ਹਲਕਾ ਘਨੌਰ ਦੇ ਸਮੂਹ ਸਰੀਰਕ ਸਿੱਖਿਆ ਅਧਿਆਪਕਾਂ ਦਾ ਸਰਵੇ ਕਰਵਾਇਆ ਗਿਆ, ਜਿਨ੍ਹਾਂ ਵਿਚ ਉਲਾਣਾ ਸਕੂਲ ਤੋਂ ਜਸਵਿੰਦਰ ਚਪੜ੍ਹ- ਸਟੇਟ ਐਵਾਰਡੀ, ਹਰਨੇਕ ਸਿੰਘ- ਥੇੜ੍ਹੀ, ਹਰਪ੍ਰੀਤ ਕੌਰ- ਰਾਏਪੁਰ, ਪਰਮਜੀਤ ਕੌਰ- ਕਪੂਰੀ, ਅਮਨਦੀਪ ਸਿੰਘ- ਅਸਰਪੁਰ, 5 ਅਧਿਆਪਕਾਂ ਨੂੰ ਫ਼ਖ਼ਰ ਏ ਘਨੌਰ 2026- ਅਧਿਆਪਕ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ ਅਤੇ 70 ਹੋਰ ਸਰੀਰਕ ਸਿੱਖਿਆ ਅਧਿਆਪਕ/ ਕੋਚ ਨੂੰ ਬਿਹਤਰੀਨ ਸਰੀਰਕ ਸਿੱਖਿਆ ਅਧਿਆਪਕ/ ਕੋਚ ਐਵਾਰਡ ਨਾਲ ਸਨਮਾਨਿੱਤ ਕੀਤਾ ਗਿਆ। ਇਸ ਪ੍ਰੋਗਰਾਮ ਵਿਚ ਪ੍ਰਿੰ. ਆਰੂਸ਼ੀ ਭੰਡਾਰੀ- ਮਾਈਲਸਟੋਨ ਸਕੂਲ ਘਨੌਰ ਦਾ ਵਿਸ਼ੇਸ਼ ਸਹਿਯੋਗ ਰਿਹਾ। ਸਾਰੇ ਅਧਿਆਪਕਾਂ ਨੂੰ ਦਲਜੀਤ ਸਿੰਘ, ਪ੍ਰਿੰ. ਰਾਜ ਕੁਮਾਰ, ਜਸਵਿੰਦਰ ਚਪੜ੍ਹ, ਸੁਖਰਾਮ ਸਿੰਘ, ਆਰੂਸ਼ੀ ਭੰਡਾਰੀ, ਸਾਹਿਬ ਸਿੰਘ ਨੇ ਐਵਾਰਡ ਆਪਣੇ ਕਰ ਕਮਲਾਂ ਨਾਲ ਪ੍ਰਦਾਨ ਕੀਤੇ। ਉਲਾਣਾ- ਕਪੂਰੀ ਅਤੇ ਮਾਈਨਸਟੋਨ ਸਕੂਲ ਦੇ ਬੱਚਿਆਂ ਵੱਲੋਂ ਕਵਿਸ਼ਰੀ, ਗਿੱਧਾ, ਭੰਗੜਾ ਪੇਸ਼ ਕੀਤਾ ਗਿਆ। ਇਸ ਮੌਕੇ ਸਾਹਿਬ ਸਿੰਘ ਲਾਲੜੂ, ਪ੍ਰਿੰ. ਰਾਜ ਕੁਮਾਰ, ਗੁਰਪ੍ਰੀਤ ਸਿੰਘ ਡਾਟਾ ਐਂਟਰੀ, ਜ਼ੋਨ ਖੇਡ ਕਮੇਟੀ ਘਨੌਰ ਦੇ ਮੈਂਬਰਜ਼ ਤੋਂ ਇਲਾਵਾ ਜ਼ੋਨ ਘਨੌਰ ਦੇ ਸਮੂਹ ਸਰੀਰਕ ਸਿੱਖਿਆ ਅਧਿਆਪਕ ਅਤੇ ਕੋਚ ਹਾਜ਼ਰ ਰਹੇ। ਸਟੇਜ ਸੰਚਾਲਨ ਅਮਨਦੀਪ ਕੌਰ ਮਰਦਾਂਪੁਰ ਅਤੇ ਪ੍ਰਦੀਪ ਕੁਮਾਰ ਗਦਾਪੁਰ ਨੇ ਬਾਖੂਬ ਨਿਭਾਇਆ।



## ਪਿੰਡ ਸੰਧਾਰਸੀ 'ਚ ਫੈਕਟਰੀ ਦੇ ਆਲੇ-ਦੁਆਲੇ ਕਈ ਏਕੜ ਫ਼ਸਲ ਹੋਈ ਖ਼ਰਾਬ

**➢ਪਿੰਡ ਵਾਸੀਆਂ ਵੱਲੋਂ ਫੈਕਟਰੀ ਪ੍ਰਬੰਧਕਾਂ ਖ਼ਿਲਾਫ਼ ਨਾਅਰੇਬਾਜ਼ੀ**

ਘਨੌਰ, 4 ਫਰਵਰੀ (ਰਾਜਿੰਦਰ ਸਿੰਘ ਕੰਬੋਜ) : ਪਿੰਡ ਸੰਧਾਰਸੀ ਵਿਚ ਸਥਿਤਕਿਰਲੋਸਕਰ ਫੈਰਸ ਇੰਡਸਟਰੀ ਲਿਮਿਟੇਡ ਦੇ ਆਲੇ-ਦੁਆਲੇ ਦੇ ਕਿਸਾਨਾਂ ਦੀ ਕਈ ਦਰਜਨਾਂ ਏਕੜ ਕਣਕ ਦੀ ਫਸਲ ਬਰਬਾਦ ਹੋ ਰਹੀ ਹੈ। ਇਸ ਨਾਲ ਕਿਸਾਨਾਂ ਵਿਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਜਤਿੰਦਰ ਸਿੰਘ ਮਰਦਾਂਪੁਰ, ਮੰਗਲ ਸਿੰਘ ਲਾਛੜੂ ਕਲਾਂ, ਅਮਨਦੀਪ ਸਿੰਘ ਚਪੜ ਅਤੇ ਨਸੀਬ ਖਾਨ ਲਾਛੜੂ ਕਲਾਂ ਸਮੇਤ ਵੱਡੀ ਗਿਣਤੀ ਵਿਚ ਕਿਸਾਨਾਂ ਨੇ ਫੈਕਟਰੀ ਦੇ ਗੇਟ ਮੂਹਰੇ ਧਰਨਾ ਲਗਾ ਕੇ ਫੈਕਟਰੀ ਪ੍ਰਬੰਧਕਾਂ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਆਪਣਾ ਰੋਸ ਪ੍ਰਗਟ ਕੀਤਾ। ਧਰਨਾਕਾਰੀ ਕਿਸਾਨਾਂ ਨੇ ਦੱਸਿਆ ਕਿ ਉਹ 40 ਤੋਂ 45 ਹਜ਼ਾਰ ਰੁਪਏ ਪ੍ਰਤੀ ਕਿਲ੍ਹਾ ਦੇ ਹਿਸਾਬ ਨਾਲ ਜ਼ਮੀਨ ਠੇਕੇ 'ਤੇ ਲੈ ਕੇ ਖੇਤੀ ਕਰ ਰਹੇ ਹਨ, ਪਰ ਫੈਕਟਰੀ ਵਿਚੋਂ ਨਿਕਲਦਾ ਤੇਜ਼ਾਬੀ ਤੇ ਕੈਮੀਕਲ ਮਿਲਿਆ ਪਾਣੀ ਸਿੱਧਾ ਖੇਤਾਂ ਵਿੱਚ ਛੱਡਿਆ ਜਾ ਰਿਹਾ ਹੈ, ਜਿਸ ਕਾਰਨ ਉਨ੍ਹਾਂ ਦੀ ਕਣਕ ਦੀ ਫਸਲ ਪੂਰੀ ਤਰ੍ਹਾਂ ਖਰਾਬ ਹੋ ਰਹੀ ਹੈ। ਕਿਸਾਨਾਂ ਨੇ ਕਿਹਾ ਕਿ ਇਹ ਪਾਣੀ ਇੰਨਾ ਜ਼ਹਿਰੀਲਾ ਹੋ ਚੁੱਕਿਆ ਹੈ ਕਿ ਜਿੱਥੇ-ਜਿੱਥੇ ਇਹ ਖੇਤਾਂ ਵਿੱਚ ਪੈਂਦਾ ਹੈ, ਉੱਥੇ ਕੰਮ ਕਰਨ 'ਤੇ ਸਰੀਰ 'ਤੇ ਖੁਜਲੀ, ਖਾਰਸ਼ ਅਤੇ ਧੱਫੜ ਪੈ ਜਾਂਦੇ ਹਨ, ਜਿਨ੍ਹਾਂ ਤੋਂ ਛੁਟਕਾਰਾ ਪਾਉਣ ਲਈ ਮਹਿੰਗੀਆਂ ਦਵਾਈਆਂ ਲੈਣੀਆਂ ਪੈਂਦੀਆਂ ਹਨ।ਉਨ੍ਹਾਂ ਦੋਸ਼ ਲਗਾਇਆ ਕਿ ਫੈਕਟਰੀ ਵੱਲੋਂ ਪਾਣੀ ਦੀ ਨਿਕਾਸੀ ਖੇਤਾਂ ਵੱਲ ਕਰਨ ਕਾਰਨ ਉਹ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰ ਰਹੇ ਹਨ। ਇਸ ਸਮੱਸਿਆ ਸਬੰਧੀ ਉਹ ਕਈ ਵਾਰ ਫੈਕਟਰੀ ਪ੍ਰਬੰਧਕਾਂ ਨਾਲ ਨਿੱਜੀ ਤੌਰ 'ਤੇ ਸੰਪਰਕ ਕਰ ਚੁੱਕੇ ਹਨ, ਪਰ ਅਜੇ ਤੱਕ ਕੋਈ ਹੱਲ ਨਹੀਂ ਕੱਢਿਆ ਗਿਆ, ਜਦੋਂ ਇਸ ਸਬੰਧੀ ਫੈਕਟਰੀ ਦੇ ਉੱਚ ਅਧਿਕਾਰੀ ਚੌਧਰੀ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਕਿਸਾਨਾਂ ਵੱਲੋਂ ਲਗਾਏ ਦੋਸ਼ਾਂ ਨੂੰ ਨਕਾਰਦੇ ਹੋਏ ਕਿਹਾ ਕਿ ਫੈਕਟਰੀ ਵੱਲੋਂ ਕੋਈ ਵੀ ਕੈਮੀਕਲ ਮਿਲਿਆ ਪਾਣੀ ਬਾਹਰ ਨਹੀਂ ਛੱਡਿਆ ਜਾ ਰਿਹਾ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਮੰਗ 'ਤੇ ਜਾਂਚ ਕਰਵਾਈ ਜਾ ਰਹੀ ਹੈ ਅਤੇ ਜੇਕਰ ਫੈਕਟਰੀ ਵੱਲੋਂ ਕਿਸੇ ਤਰ੍ਹਾਂ ਦੀ ਪਾਣੀ ਦੀ ਗਲਤ ਨਿਕਾਸੀ ਸਾਹਮਣੇ ਆਈ ਤਾਂ ਉਸਨੂੰ ਤੁਰੰਤ ਬੰਦ ਕਰ ਦਿੱਤਾ ਜਾਵੇਗਾ। ਧਰਨਾਕਾਰੀ ਕਿਸਾਨਾਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਮਸਲੇ ਦਾ ਹੱਲ ਪ੍ਰਬੰਧਕਾਂ ਵੱਲੋਂ ਜਲਦੀ ਨਾ ਕੀਤਾ ਗਿਆ, ਤਾਂ ਉਹ ਸ਼ੰਭੂ ਘਨੌਰ ਰੋਡ ਨੂੰ ਜਾਮ ਕਰਕੇ ਪੱਕਾ ਧਰਨਾ ਲਗਾਉਣ ਲਈ ਮਜਬੂਰ ਹੋਣਗੇ।



## ਹੈਰੋਇਨ ਬ੍ਰਾਮਦ

ਪਟਿਆਲਾ, 4 ਫਰਵਰੀ (ਵਿਨੋਦ ਸ਼ਰਮਾ) : ਥਾਣਾ ਸਦਰ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਜਰਮਨਜੀਤ ਸਿੰਘ ਵਾਸੀ ਮਥੁਰਾ ਕਲੋਨੀ ਵਿਰੁੱਧ ਮਾਮਲਾ ਦਰਜ ਕੀਤਾ ਹੈ। ਐਸ.ਆਈ ਜਨਕ ਸਿੰਘ ਸਮੇਤ ਪੁਲਿਸ ਪਾਰਟੀ ਪਿੰਡ ਮਹਿਮਦਪੁਰ ਸੂਆ ਪਾਸ ਮੌਜੂਦ ਸੀ, ਜੋ ਮੋਟਰਸਾਈਕਲ ਪਾਸ ਉਕਤ ਦੋਸ਼ੀ ਸ਼ੱਕੀ ਹਾਲਤ ਵਿੱਚ ਖੜ੍ਹਾ ਦਿਖਾਈ ਦਿੱਤਾ, ਜਿਸ ਨੂੰ ਸ਼ੱਕ ਦੇ ਅਧਾਰ ਪਰ ਚੈਕ ਕਰਨ ਪਰ 10 ਗ੍ਰਾਮ ਹੈਰੋਇਨ ਬ੍ਰਾਮਦ ਹੋਈ।

## ਭੁੱਕੀ ਬ੍ਰਾਮਦ

ਪਟਿਆਲਾ, 4 ਫਰਵਰੀ (ਵਿਨੋਦ ਸ਼ਰਮਾ) : ਥਾਣਾ ਪਸਿਆਣਾ ਪੁਲਿਸ ਨੇ ਕਥਿਤ ਦੋਸ਼ੀ ਮਹਿਲਾ ਸਰਬਜੀਤ ਕੌਰ ਵਾਸੀ ਪਿੰਡ ਤਰੈ ਵਿਰੁੱਧ ਮਾਮਲਾ ਦਰਜ ਕੀਤਾ ਹੈ। ਏਐਸਆਈ ਗੁਰਵਿੰਦਰ ਸਿੰਘ ਸਮੇਤ ਪੁਲਿਸ ਪਾਰਟੀ ਪਿੰਡ ਤਰੈਂ ਪਾਸ ਮੌਜੂਦ ਸੀ, ਜੋ ਕਥਿਤ ਦੋਸ਼ੀ ਮਹਿਲਾ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ 3 ਕਿਲੋ ਭੁੱਕੀ ਚੂਰਾ ਪੋਸਤ ਬ੍ਰਾਮਦ ਹੋਈ।

## ਪ੍ਰੋਜੈਕਟ ਜੀਵਨਜੋਤ 2.0 ਤਹਿਤ ਮਲੇਰਕੋਟਲਾ 'ਚ ਬਾਲ ਭਿੱਖਿਆ ਵਿਰੁੱਧ ਵਿਸ਼ੇਸ਼ ਚੈਕਿੰਗ

ਮਲੇਰਕੋਟਲਾ, 4 ਫਰਵਰੀ (ਚ.ਨ.ਸ.) : ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਹਰਪ੍ਰੀਤ ਕੌਰ ਸੰਧੂ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਪ੍ਰੋਜੈਕਟ ਜੀਵਨ ਜੋਤ 2.0 ਅਧੀਨ ਮਲੇਰਕੋਟਲਾ ਵਿਖੇ ਬੱਚਿਆਂ ਨੂੰ ਭੀਖ ਮੰਗਣ ਦੀਆਂ ਘਟਨਾਵਾਂ ਤੋਂ ਬਚਾਉਣ ਅਤੇ ਉਨ੍ਹਾਂ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ ਗਈ। ਇਸ ਮੁਹਿੰਮ ਦੌਰਾਨ ਸ਼ਹਿਰ ਦੇ ਵੱਖ-ਵੱਖ ਬਜ਼ਾਰਾਂ ਅਤੇ ਭੀੜ-ਭਾੜ ਵਾਲੀਆਂ ਥਾਵਾਂ 'ਤੇ ਬਾਲ ਵਿਭਾਗ ਦੀ ਟੀਮ ਵੱਲੋਂ ਬਾਲ ਭਿੱਖਿਆ ਸਬੰਧੀ ਜਾਂਚ ਕੀਤੀ ਗਈ। ਇਸ ਚੈਕਿੰਗ ਦੌਰਾਨ ਦੋ ਬੱਚੇ ਬਜ਼ਾਰ ਵਿੱਚ ਭੀਖ ਮੰਗਦੇ ਪਾਏ ਗਏ। ਸਥਿਤੀ ਨੂੰ ਧਿਆਨ ਵਿੱਚ ਰੱਖਦਿਆਂ ਵਿਭਾਗ ਦੀ ਟੀਮ ਵੱਲੋਂ ਬੱਚਿਆਂ ਨਾਲ ਸੰਵੇਦਨਸ਼ੀਲ ਢੰਗ ਨਾਲ ਗੱਲਬਾਤ ਕੀਤੀ ਗਈ ਅਤੇ ਬੱਚਿਆਂ ਨੂੰ ਚਾਇਲਡ ਵੈਲਫੇਅਰ ਕਮੇਟੀ (CWC) ਦੀ ਟੀਮ ਦੇ ਸਪੁਰਦ ਕੀਤਾ ਗਿਆ। ਜਿੱਥੇ ਮਾਹਿਰਾਂ ਵੱਲੋਂ ਬੱਚਿਆਂ ਦੀ ਕਾਉਂਸਲਿੰਗ ਕੀਤੀ ਗਈ ਅਤੇ ਉਨ੍ਹਾਂ ਦੇ ਪਰਿਵਾਰਕ ਪਿਛੋਕੜ ਬਾਰੇ ਜਾਣਕਾਰੀ ਲਈ ਗਈ। ਬੱਚਿਆਂ ਨੂੰ ਉਨ੍ਹਾਂ ਦੇ ਮਾਪਿਆਂ ਦੇ ਸਪੁਰਦ ਕਰਕੇ ਉਨ੍ਹਾਂ ਨੂੰ ਚੇਤਾਵਨੀ ਦਿੱਤੀ ਗਈ ਕਿ ਬੱਚਿਆਂ ਤੋਂ ਮੁੜ ਭੀਖ ਮੰਗਵਾਉਣ 'ਤੇ ਉਨ੍ਹਾਂ ਖਿਲਾਫ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਬਾਲ ਵਿਭਾਗ ਦੇ ਅਧਿਕਾਰੀਆਂ ਨੇ ਲੋਕਾਂ ਨੂੰ ਵੀ ਅਪੀਲ ਕੀਤੀ ਗਈ ਕਿ ਉਹ ਬੱਚਿਆਂ ਨੂੰ ਭੀਖ ਦੇਣ ਦੀ ਬਜਾਏ ਪ੍ਰਸ਼ਾਸਨ ਦੇ ਹੈਲਪਲਾਈਨ ਨੰਬਰ 1098 'ਤੇ ਸੰਪਰਕ ਕਰਨ, ਤਾਂ ਜੋ ਬੱਚਿਆਂ ਦਾ ਭਵਿੱਖ ਸੁਰੱਖਿਅਤ ਅਤੇ ਉਜਲਾ ਬਣਾਇਆ ਜਾ ਸਕੇ। ਇਸ ਮੌਕੇ ਬਾਲ ਸੁਰੱਖਿਆ ਅਫ਼ਸਰ ਮੁਬੀਨ ਕੁਰੇਸ਼ੀ, ਥਾਣਾ ਮੁਖੀ ਬਲਵੀਰ ਸਿੰਘ, ਕੌਂਸਲਰ ਰਵਿੰਦਰ ਕੌਰ, ਸਿੱਖਿਆ ਵਿਭਾਗ ਤੋਂ ਕੁਲਵੀਰ ਸਿੰਘ, ਕੇਸ ਵਰਕਰ (ਚਾਈਲਡ ਲਾਈਨ) ਇਮਤਿਆਜ਼ ਅਹਿਮਦ ਅਤੇ ਮੀਡੀਆ ਸਹਾਇਕ ਪਰਗਟ ਸਿੰਘ ਹਾਜ਼ਰ ਸਨ।



## ਪੰਜਾਬ ਸਰਕਾਰ ਵਧੀਆ ਸਿਹਤ ਸਹੂਲਤਾਂ ਦੇਣ ਲਈ ਵਚਨਬੱਧ: ਜਯੋਤੀ ਮਰਵਾਹਾ

ਪਟਿਆਲਾ, 4 ਫਰਵਰੀ (ਰੁਪਾਣਾ) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਨੂੰ ਮਿਆਰੀ ਅਤੇ ਮੁਫ਼ਤ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸੇ ਲੜੀ ਤਹਿਤ ਸਿਹਤ ਮੰਤਰੀ ਡਾਕਟਰ ਬਲਵੀਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵਾਰਡ ਨੰਬਰ 27 ਵਿੱਚ ਇੱਕ ਵਿਸ਼ੇਸ਼ ਕੈਂਪ ਲਗਾਇਆ ਗਿਆ, ਜਿਸ ਵਿੱਚ ਲੋਕਾਂ ਦੇ 'ਮੁੱਖ ਮੰਤਰੀ ਸਿਹਤ ਬੀਮਾ ਯੋਜਨਾ' ਅਧੀਨ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਵਾਲੇ ਕਾਰਡ ਬਣਾਏ ਗਏ। ਇਸ ਮੌਕੇ ਸੀਨੀਅਰ ਡਿਪਟੀ ਮੇਅਰ ਹਰਿੰਦਰ ਕੋਹਲੀ, ਕੌਂਸਲਰ ਜਸਵੀਰ ਗਾਂਧੀ, ਮੋਹਿਤ ਕੁਮਾਰ, ਗੁਰਪ੍ਰੀਤ ਸਿੰਘ ਬਾਵਾ ਅਤੇ ਹੋਰ ਆਪ ਵਲੰਟੀਅਰ ਵਿਸ਼ੇਸ ਤੌਰ 'ਤੇ ਮੌਜੂਦ ਰਹੇ।ਇਸ ਮੌਕੇ ਗੱਲਬਾਤ ਕਰਦਿਆਂ ਐੱਮ.ਸੀ. ਜਯੋਤੀ ਮਰਵਾਹਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਮੁੱਖ ਮਕਸਦ ਹਰ ਵਰਗ ਤੱਕ ਬਿਹਤਰ ਸਿਹਤ ਸਹੂਲਤਾਂ ਪਹੁੰਚਾਉਣਾ ਹੈ ਤਾਂ ਜੋ ਕਿਸੇ ਵੀ ਗਰੀਬ ਜਾਂ ਲੋੜਵੰਦ ਪਰਿਵਾਰ ਨੂੰ ਇਲਾਜ ਲਈ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਦੱਸਿਆ ਕਿ ਇਹ ਕਾਰਡ ਬਣਨ ਨਾਲ ਆਮ ਜਨਤਾ ਹੁਣ ਵੱਡੇ ਹਸਪਤਾਲਾਂ ਵਿੱਚ ਵੀ ਆਪਣਾ ਇਲਾਜ ਨਿਸ਼ਚਿੰਤ ਹੋ ਕੇ ਕਰਵਾ ਸਕੇਗੀ। ਕੈਂਪ ਦੌਰਾਨ ਆਮ ਆਦਮੀ ਪਾਰਟੀ ਦੇ ਵਲੰਟੀਅਰਾਂ ਨੇ ਵੀ ਵੱਧ-ਚੜ੍ਹ ਕੇ ਹਿੱਸਾ ਲਿਆ ਅਤੇ ਲੋਕਾਂ ਨੂੰ ਰਜਿਸਟ੍ਰੇਸ਼ਨ ਪ੍ਰਕਿਰਿਆ ਬਾਰੇ ਜਾਣਕਾਰੀ ਦਿੱਤੀ। ਇਲਾਕਾ ਨਿਵਾਸੀਆਂ ਨੇ ਸਰਕਾਰ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਜਯੋਤੀ ਮਰਵਾਹਾ ਨੇ ਅਖੀਰ ਵਿੱਚ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਵਾਰਡ ਦੇ ਵਿਕਾਸ ਅਤੇ ਲੋਕਾਂ ਦੀ ਭਲਾਈ ਲਈ ਅਜਿਹੇ ਕੈਂਪ ਲਗਾਤਾਰ ਜਾਰੀ ਰਹਿਣਗੇ।



## ਭੂਚਾਲ ਦੀ ਸਥਿਤੀ 'ਚ ਬਚਾਅ ਕਾਰਜਾਂ ਬਾਰੇ ਐਨ.ਡੀ.ਆਰ.ਐਫ. ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮੌਕ ਡ੍ਰਿਲ

ਪਟਿਆਲਾ, 4 ਫਰਵਰੀ (ਚ.ਨ.ਸ.) : ਭੂਚਾਲ ਦੀ ਸਥਿਤੀ ਵਿੱਚ ਪ੍ਰਭਾਵਸ਼ਾਲੀ ਬਚਾਅ ਕਾਰਜਾਂ ਦੀ ਰਿਹਰਸਲ ਕਰਨ ਲਈ ਐਨ.ਡੀ.ਆਰ.ਐਫ, ਬਠਿੰਡਾ ਦੀ 7ਵੀਂ ਬਟਾਲੀਅਨ ਨੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਪਟਿਆਲਾ ਵਿਖੇ ਇੱਕ ਵਿਆਪਕ ਮੌਕ ਡ੍ਰਿਲ ਕੀਤੀ। ਇਸ ਦੌਰਾਨ ਐਨ.ਡੀ.ਆਰ.ਐਫ ਟੀਮ ਨੇ ਭੂਚਾਲ ਕਾਰਨ ਨੁਕਸਾਨੀਆਂ ਇਮਾਰਤਾਂ ਵਿਚ ਫਸੇ ਲੋਕਾਂ ਨੂੰ ਸੁਰੱਖਿਅਤ ਕੱਢਣ ਸਮੇਤ ਮੈਡੀਕਲ ਸਹਾਇਤਾ ਪ੍ਰਦਾਨ ਕਰਨ ਤੋਂ ਇਲਾਵਾ ਕੁਦਰਤੀ ਆਫ਼ਤਾਂ ਸਮੇਂ ਸੰਯਮ ਵਰਤਦੇ ਹੋਏ ਆਪ ਸੁਰੱਖਿਅਤ ਰਹਿਣ ਤੇ ਦੂਜਿਆਂ ਦੀ ਸੁਰੱਖਿਆ ਯਕੀਨੀ ਬਣਾਉਣ ਦੇ ਉਪਾਅ ਵੀ ਦੱਸੇ। ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਐਨ.ਡੀ.ਆਰ.ਐਫ ਟੀਮ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਡਿਪਟੀ ਕਮਾਂਡੈਂਟ ਦੀਪਕ ਸਿੰਘ ਦੀ ਅਗਵਾਈ ਹੇਠ, ਟੀਮ ਨੇ ਢਹਿ-ਢੇਰੀ ਹੋਈਆਂ ਇਮਾਰਤਾਂ ਨੂੰ ਖਾਲੀ ਕਰਨ, ਸੁਰੱਖਿਅਤ ਅਸੈਂਬਲੀ ਪੁਆਇੰਟਾਂ ਦੀ ਪਛਾਣ ਕਰਨ ਅਤੇ ਭੂਚਾਲ ਸਮੇਂ ਹੰਗਾਮੀ ਸਥਿਤੀ ਦੌਰਾਨ ਤੇਜ਼ੀ ਨਾਲ ਬਚਾਅ ਕਾਰਜਾਂ ਦਾ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਦਰਸ਼ਨ ਕੀਤਾ। ਐਨ. ਡੀ. ਆਰ. ਐਫ ਟੀਮ ਨੇ ਨਿਕਾਸੀ ਰੂਟਸ ਨੂੰ ਸਾਫ਼ ਕਰਨ, ਨਿੱਜੀ ਸੁਰੱਖਿਆ ਉਪਾਅ ਅਪਨਾਉਣ ਅਤੇ ਮੈਡੀਕਲ ਐਮਰਜੈਂਸੀ ਦਾ ਜਵਾਬ ਦੇਣ ਬਾਰੇ ਜਾਗਰੂਕਤਾ ਵੀ ਪੈਦਾ ਕੀਤੀ। ਉਨ੍ਹਾਂ ਨੇ ਆਫ਼ਤਾਂ ਦੌਰਾਨ ਦਿਲ ਦੇ ਦੌਰੇ ਸਮੇਂ ਮਰੀਜ਼ ਨੂੰ ਸੀਪੀਆਰ ਤਕਨੀਕਾਂ ਨਾਲ ਬਣਾਉਟੀ ਸਾਹ ਦੇਣ ਦਾ ਪ੍ਰਦਰਸ਼ਨ ਵੀ ਕੀਤਾ।ਵਰਜੀਤ ਵਾਲੀਆ ਨੇ 'ਉਮੀਦ ਸਭ ਤੋਂ ਵਧੀਆ ਦੀ ਕਰੋ, ਪਰ ਸਭ ਤੋਂ ਮਾੜੇ ਲਈ ਤਿਆਰ ਰਹੋ' ਦਾ ਮੰਤਰ ਕੁਦਰਤੀ ਆਫ਼ਤਾਂ ਨਾਲ ਨਜਿੱਠਣ ਦਾ ਸਭ ਤੋਂ ਵਧੀਆ ਮੰਤਰ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਹੰਗਾਮੀ ਸਥਿਤੀ ਲਈ ਹਰ ਸਮੇਂ ਦੀ ਤਿਆਰੀ ਜਾਨ-ਮਾਲ ਦੇ ਨੁਕਸਾਨ ਨੂੰ ਘੱਟ ਕਰਨ ਦੀ ਕੁੰਜੀ ਹੈ, ਅਤੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਹਮੇਸ਼ਾ ਤਿਆਰ ਰਹਿਣਾ ਚਾਹੀਦਾ ਹੈ ਦੇ ਮੱਦੇਨਜ਼ਰ ਡੀਸੀ ਦਫ਼ਤਰ ਕੰਪਲੈਕਸ ਵਿਖੇ ਇਹ ਮੌਕ ਡ੍ਰਿਲ ਅਤੇ ਸਿਖਲਾਈ ਸੈਸ਼ਨ ਕਰਵਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਆਫ਼ਤ ਪ੍ਰਬੰਧਨ ਸਮਰੱਥਾਵਾਂ ਨੂੰ ਮਜ਼ਬੂਤ ਕਰਨ ਦੇ ਯਤਨਾਂ ਨੂੰ ਜ਼ਿਲ੍ਹੇ ਵਿੱਚ ਤੇਜ਼ ਕਰਨ ਦੇ ਹਿਸੇ ਵਜੋਂ ਸਕੂਲਾਂ, ਕਾਲਜਾਂ ਸਮੇਤ ਹੋਰਨਾਂ ਜਨਤਕ ਥਾਵਾਂ ਵਿਖੇ ਅਜਿਹੀ ਮੌਕ ਡਰਿੱਲ ਕਰਵਾਈ ਜਾਵੇਗੀ। ਡਿਪਟੀ ਕਮਿਸ਼ਨਰ ਨੇ ਅੱਗੇ ਕਿਹਾ ਕਿ ਸਿਹਤ ਵਿਭਾਗ, ਹਰਿੰਦਰ ਸਿੰਘ ਕਰੀਰ ਦੀ ਅਗਵਾਈ ਹੇਠ ਇੰਡੀਅਨ ਰੈੱਡ ਕਰਾਸ ਸੋਸਾਇਟੀ ਦੀ ਟੀਮ, ਲੋਕ ਨਿਰਮਾਣ, ਬਿਜਲੀ ਅਤੇ ਜਲ ਸਪਲਾਈ ਵਿਭਾਗ, ਫਾਇਰ ਸਰਵਿਸਿਜ਼, ਪੁਲਿਸ ਅਤੇ ਸਿਵਲ ਪ੍ਰਸ਼ਾਸਨ ਸਮੇਤ ਵੱਖ-ਵੱਖ ਵਿਭਾਗਾਂ ਨੇ ਇਸ ਅਭਿਆਸ ਵਿੱਚ ਸਰਗਰਮੀ ਨਾਲ ਹਿੱਸਾ ਲਿਆ। ਇਸ ਅਭਿਆਸ ਨੇ ਐਮਰਜੈਂਸੀ ਸਥਿਤੀ ਦੌਰਾਨ ਸਾਰੇ ਹਿੱਸੇਦਾਰਾਂ ਦਰਮਿਆਨ ਤਾਲਮੇਲ ਵਧਾਉਣ ਵਿੱਚ ਮਦਦ ਕੀਤੀ ਹੈ। ਵਰਜੀਤ ਵਾਲੀਆ ਅੱਗੇ ਕਿਹਾ ਕਿ ਐਨ.ਡੀ.ਆਰ.ਐਫ ਟੀਮ ਨੇ ਅੰਤਰਰਾਸ਼ਟਰੀ-ਮਿਆਰੀ ਉਪਕਰਨ ਪ੍ਰਦਰਸ਼ਿਤ ਕੀਤੇ ਅਤੇ ਬਹੁਤ ਕੁਸ਼ਲ ਭੂਚਾਲ ਰਿਸਪੌਂਸ ਤਕਨੀਕਾਂ ਦਾ ਪ੍ਰਦਰਸ਼ਨ ਕੀਤਾ। ਇਸ ਮੌਕ ਡਰਿੱਲ ਦੌਰਾਨ ਏਡੀਸੀ (ਜ) ਸਿਮਰਪ੍ਰੀਤ ਕੌਰ, ਸੀਐਮਐਫਓ ਸਤੀਸ਼ ਚੰਦਰ, ਡੀਆਰਓ ਅੰਕਿਤਾ ਅਗਰਵਾਲ, ਇੰਸਪੈਕਟਰ ਅਨੁਰਾਧਾ ਅਤੇ ਹੋਰ ਅਧਿਕਾਰੀ ਸ਼ਾਮਲ ਹੋਏ।ਇਸ ਸਮੇਂ ਐਨਡੀਆਰਐਫ ਵੱਲੋਂ ਆਧੁਨਿਕ ਬਚਾਅ ਉਪਕਰਨਾਂ ਦੀ ਲਗਾਈ ਪ੍ਰਦਰਸ਼ਨੀ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਕੰਮ ਕਰਦੇ ਸਟਾਫ ਅਤੇ ਆਮ ਲੋਕਾਂ ਲਈ ਖਿੱਚ ਦਾ ਕੇਂਦਰ ਬਣੀ ਰਹੀ।





# ਪਟਿਆਲਾ-ਆਸ/ਪਾਸ



## ਚੇਅਰਮੈਨ ਹਰਪਾਲ ਜੁਨੇਜਾ ਵੱਲੋਂ ਬੋਰਡ ਆਫ ਡਾਇਰੈਕਟਰਜ਼ ਦੀ ਪਲੇਠੀ ਬੈਠਕ ਮੌਕੇ ਅਹਿਮ ਫੈਸਲੇ



ਪਟਿਆਲਾ, 4 ਫਰਵਰੀ (ਰੁਪਾਣਾ/ਅਮਰਜੀਤ): ਪੀ.ਆਰ.ਟੀ.ਸੀ. ਦੇ ਚੇਅਰਮੈਨ ਹਰਪਾਲ ਜੁਨੇਜਾ ਨੇ ਆਪਣਾ ਅਹੁਦਾ ਸੰਭਾਲਣ ਦੇ ਤੁਰੰਤ ਬਾਅਦ ਪੀ.ਆਰ.ਟੀ.ਸੀ ਦੀ ਭਲਾਈ, ਉੱਨਤੀ ਅਤੇ ਤਰੱਕੀ ਲਈ ਬਿਨਾਂ ਕਿਸੇ ਦੇਰੀ ਤੋਂ ਪੀ.ਆਰ.ਟੀ.ਸੀ. ਦੇ ਬੋਰਡ ਆਫ ਡਾਇਰੈਕਟਰਜ਼ ਦੀ ਇੱਕ ਮਹੱਤਵਪੂਰਨ ਮੀਟਿੰਗ ਕਰਕੇ ਅਹਿਮ ਫੈਸਲੇ ਲਏ। ਬੈਠਕ ਦੀ ਪ੍ਰਧਾਨਗੀ ਕਰਦਿਆਂ ਚੇਅਰਮੈਨ ਹਰਪਾਲ ਜੁਨੇਜਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੀ.ਆਰ.ਟੀ.ਸੀ. ਨੂੰ ਹੋਰ ਉੱਚਾਈਆਂ ਤੱਕ ਲਿਜਾਣਾ, ਸੰਸਥਾ ਦੇ ਕਰਮਚਾਰੀਆਂ ਦੇ ਹਿੱਤਾਂ ਦੀ ਸੰਭਾਲ ਕਰਨੀ ਅਤੇ ਪੀ.ਆਰ.ਟੀ.ਸੀ. ਦੀਆਂ ਸਵਾਰੀਆਂ ਨੂੰ ਹੋਰ ਉੱਤਮ, ਸੁਰੱਖਿਅਤ ਅਤੇ ਲਾਭਕਾਰੀ ਟਰਾਂਸਪੋਰਟ ਸੇਵਾਵਾਂ ਪ੍ਰਦਾਨ ਕਰਨਾ ਹੀ ਉਨ੍ਹਾਂ ਦਾ ਪ੍ਰਮੁੱਖ ਉਦੇਸ਼ ਹੈ। ਚੇਅਰਮੈਨ ਹਰਪਾਲ ਜੁਨੇਜਾ ਨੇ ਦੱਸਿਆ ਕਿ ਇਸ ਬੈਠਕ ਮੌਕੇ ਪੀ.ਆਰ.ਟੀ.ਸੀ. ਦੇ ਬੇੜੇ ਵਿੱਚ ਨਵੀਆਂ ਬੱਸਾਂ ਪਾਉਣ ਤੋਂ ਇਲਾਵਾ ਪਟਿਆਲਾ ਦੇ ਪੁਰਾਣੇ ਬੱਸ ਸਟੈਂਡ ਵਿਖੇ ਸਵਾਰੀਆਂ ਨੂੰ ਹੋਰ ਸਹੂਲਤਾਂ ਮੁਹੱਈਆ ਕਰਵਾਉਣਾ ਬਾਬਤ ਫੈਸਲੇ ਲਏ ਗਏ। ਵੱਖ-ਵੱਖ ਮਹੱਤਵਪੂਰਨ ਏਜੰਡਿਆਂ ਤੇ ਨੀਤੀਆਂ ਨੂੰ ਬੋਰਡ ਆਫ਼ ਡਾਇਰੈਕਟਰਜ਼ ਦੇ ਮੈਂਬਰਾਂ ਨੇ ਏਜੰਡੇ ਵਿਚਾਰਦੇ ਹੋਏ ਪੀਆਰਟੀਸੀ ਦੀ ਵਿੱਤੀ ਵਰ੍ਹੇ ਦੀ ਆਮਦਨ ਨੂੰ ਵਧਾਉਣ ਬਾਬਤ ਵੀ ਵਿਚਾਰਿਆ ਗਿਆ। ਬੈਠਕ ਦੌਰਾਨ ਪਟਿਆਲਾ ਦੇ ਪੁਰਾਣੇ ਬੱਸ ਸਟੈਂਡ ਤੋਂ ਹੋਰ ਵਾਧੂ ਬੱਸਾਂ ਵੱਖ-ਵੱਖ ਰੂਟਾਂ ਉਤੇ ਚਲਾਉਣ ਦਾ ਵੀ ਫੈਸਲਾ ਹੋਇਆ ਤਾਂ ਜੋ ਸਵਾਰੀਆਂ ਨੂੰ ਨਵੇਂ ਬੱਸ ਸਟੈਂਡ ਤੋਂ ਆਉਣ ਜਾਣ ਵਿੱਚ ਕੋਈ ਮੁਸ਼ਕਿਲ ਨਾ ਆਵੇ, ਪੀਆਰਟੀਸੀ ਦੇ ਮੁੱਖ ਦਫ਼ਤਰ, ਪਟਿਆਲਾ ਡਿਪੂ ਤੇ ਸੰਗਰੂਰ ਵਿਖੇ ਡੀਜਲ ਦੇ ਰਿਟੇਲ ਆਊਟਲੈੱਟ ਸਥਾਪਤ ਕਰਨ ਤੋਂ ਇਲਾਵਾ ਪੀ.ਆਰ.ਟੀ.ਸੀ ਦੇ ਹੋਰ ਜਿੱਥੇ-ਜਿੱਥੇ ਰਿਟੇਲ ਆਊਟਲੈੱਟ ਸਬੰਧੀ ਢੁੱਕਵੀਂ ਜ਼ਮੀਨ ਉਪਲੱਬਧ ਹੈ ਵਿਖੇ ਰਿਟੇਲ ਆਊਟਲੈੱਟ ਸਬੰਧੀ ਤੁਰੰਤ ਸਰਵੇ ਕਰਵਾਉਣ ਸਮੇਤ ਪੀ.ਆਰ.ਟੀ.ਸੀ ਦੇ ਮੁੱਖ ਦਫ਼ਤਰ ਅਤੇ ਸਮੂਹ ਡਿਪੂਆਂ ਅਤੇ ਉਨ੍ਹਾਂ ਅਧੀਨ ਆਉਂਦੇ ਬੱਸ ਅੱਡਿਆਂ ਵਿਖੇ ਸੋਲਰ ਸਿਸਟਮ ਲਗਾਉਣ ਦੇ ਵੀ ਫ਼ੈਸਲੇ ਲਏ ਗਏ। ਇਸ ਮੀਟਿੰਗ ਵਿੱਚ ਮੈਨੇਜਿੰਗ ਡਾਇਰੈਕਟਰ ਬਿਕਰਮਜੀਤ ਸਿੰਘ ਸ਼ੇਰਗਿੱਲ, ਵਾਈਸ ਚੇਅਰਮੈਨ ਬਲਵਿੰਦਰ ਝਾੜਵਾਂ, ਵਧੀਕ ਮੈਨੇਜਿੰਗ ਡਾਇਰੈਕਟਰ ਨਵਦੀਪ ਕੁਮਾਰ, ਪੀ.ਆਰ.ਟੀ.ਸੀ ਦੇ ਡਾਇਰੈਕਟਰਜ ਚਰਨਜੀਤ ਸਿੰਘ ਧਾਲੀਵਾਲ ਤੇ ਗੁਰਪ੍ਰੀਤ ਸਿੰਘ ਵਿਰਕ, ਵਿੱਤ ਵਿਭਾਗ ਤੋਂ ਡੀ.ਸੀ.ਐੱਫ਼.ਏ ਹਰਪ੍ਰੀਤ ਕੌਰ, ਟਰਾਂਸਪੋਰਟ ਵਿਭਾਗ ਪੰਜਾਬ ਤੋਂ ਸੁਪਰਡੰਟ ਮਨਮੋਹਨ ਸਿੰਘ ਤੇ ਸਹਾਇਕ ਰਿਜਨਲ ਟਰਾਂਸਪੋਰਟ ਅਥਾਰਟੀ ਮਨਜੋਤ ਸਿੰਘ, ਮੁੱਖ ਲੇਖਾ ਅਫ਼ਸਰ ਜਸਪਾਲ ਸਿੰਘ, ਕਾਰਜ਼ਕਾਰੀ ਇੰਜੀਨੀਅਰ ਜਤਿੰਦਰਪਾਲ ਸਿੰਘ ਗਰੇਵਾਲ, ਜੀ.ਐੱਮ ਪ੍ਰਸ਼ਾਸਨ ਅਮਨਵੀਰ ਸਿੰਘ ਟਿਵਾਣਾ, ਸੀਨੀਅਰ ਕਾਨੂੰਨੀ ਸਲਾਹਕਾਰ ਮਨਿੰਦਰਪਾਲ ਸਿੰਘ ਸਿੱਧੂ, ਜੀ.ਐੱਮਜ ਮੋਹਿੰਦਰਪਾਲ ਸਿੰਘ ਤੇ ਪ੍ਰਵੀਨ ਕੁਮਾਰ, ਤੋਂ ਇਲਾਵਾ ਪੀ.ਆਰ.ਟੀ.ਸੀ ਦੇ ਹੋਰ ਅਧਿਕਾਰੀ ਹਾਜ਼ਰ ਰਹੇ।

## ਡੀ.ਸੀ. ਵੱਲੋਂ ਪਟਿਆਲਾ ਹੈਰੀਟੇਜ ਫੈਸਟੀਵਲ ਦੀਆਂ ਤਿਆਰੀਆਂ ਦਾ ਜਾਇਜ਼ਾ

### ➢12 ਫਰਵਰੀ ਨੂੰ ਖ਼ਾਲਸਾ ਕਾਲਜ 'ਚ ਮਿਲਟਰੀ ਲਿਟਰੇਚਰ ਫੈਸਟੀਵਲ, 13 ਨੂੰ ਮਹਿੰਦਰਾ ਕਾਲਜ 'ਚ ਕਵੀ ਦਰਬਾਰ

ਪਟਿਆਲਾ, 4 ਫਰਵਰੀ (ਰੁਪਾਣਾ): ਪਟਿਆਲਾ ਦੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ 12 ਫਰਵਰੀ ਤੋਂ ਸ਼ੁਰੂ ਹੋ ਰਹੇ ਪਟਿਆਲਾ ਹੈਰੀਟੇਜ਼ ਫੈਸਟੀਵਲ ਦੇ ਨੋਡਲ ਅਫ਼ਸਰਾਂ ਵੱਲੋਂ ਕੀਤੀਆਂ ਜਾ ਰਹੀਆ ਤਿਆਰੀਆਂ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਟਿਆਲਾ ਨੂੰ ਟੂਰਿਜ਼ਮ ਦੇ ਕੇਂਦਰ ਵਜੋਂ ਉਭਾਰਨ ਲਈ ਕਰਵਾਏ ਜਾ ਰਹੇ ਪਟਿਆਲਾ ਹੈਰੀਟੇਜ ਫੈਸਟੀਵਲ ਦੇ ਵੱਖ-ਵੱਖ ਸਮਾਗਮਾਂ ਲਈ ਪਟਿਆਲਵੀਆਂ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਸਾਰੀਆਂ ਟੀਮਾਂ ਵਿੱਚ ਭਾਰੀ ਉਤਸ਼ਾਹ ਹੈ। ਵਰਜੀਤ ਵਾਲੀਆ ਨੇ ਦੱਸਿਆ ਕਿ ਇਸ ਪਟਿਆਲਾ ਵਿਰਾਸਤੀ ਮੇਲੇ ਦੌਰਾਨ 12-13 ਫਰਵਰੀ ਨੂੰ ਖ਼ਾਲਸਾ ਕਾਲਜ ਵਿਖੇ ਮਿਲਟਰੀ ਲਿਟਰੇਚਰ ਫੈਸਟੀਵਲ ਹੋਵੇਗਾ, 13 ਫਰਵਰੀ ਨੂੰ ਮਹਿੰਦਰਾ ਕਾਲਜ ਵਿਖੇ ਕਵੀ ਦਰਬਾਰ, 14 ਫਰਵਰੀ ਨੂੰ ਸਿਵਲ ਏਵੀਏਸ਼ਨ ਕਲੱਬ ਸੰਗਰੂਰ ਰੋਡ ਵਿਖੇ ਐਰੋ ਮਾਡਲਿੰਗ ਤੇ ਏਅਰ ਸ਼ੋਅ, 15 ਫਰਵਰੀ ਨੂੰ ਪੋਲੋ ਗਰਾਊਂਡ ਵਿਖੇ ਡਾਗ ਸ਼ੋਅ, 16 ਫਰਵਰੀ ਨੂੰ ਹਰਪਾਲ ਟਿਵਾਣਾ ਕਲਾ ਕੇਂਦਰ ਵਿਖੇ ਕੇਵਲ ਧਾਲੀਵਾਲ ਦੇ ਇਤਿਹਾਸਕ ਨਾਟਕ '1675' ਦਾ ਮੰਚਨ ਹੋਵੇਗਾ। ਡਿਪਟੀ ਕਮਿਸ਼ਨਰ ਨੇ ਹੋਰ ਦੱਸਿਆ ਕਿ 17 ਫਰਵਰੀ ਨੂੰ ਪੋਲੋ ਗਰਾਊਂਡ ਵਿਖੇ ਉਘੇ ਪੰਜਾਬੀ ਗਾਇਕ ਮਨਮੋਹਨ ਵਾਰਸ ਤੇ ਕਮਲ ਹੀਰ ਵਾਰਸ ਭਰਾਵਾਂ ਦੀ ਜੋੜੀ ਰੰਗ ਬੰਨ੍ਹੇਗੀ, ਜਦਕਿ 18 ਫਰਵਰੀ ਨੂੰ ਬਾਰਾਂਦਰੀ ਬਾਗ ਫੂਡ ਫੈਸਟੀਵਲ ਤੇ ਫਲਾਵਰ ਸ਼ੋਅ, 19 ਫਰਵਰੀ ਨੂੰ ਬਾਰਾਂਦਰੀ ਬਾਗ ਵਿਖੇ ਪਟਿਆਲਾ ਫਾਊਂਡੇਸ਼ਨ ਦੇ ਸਹਿਯੋਗ ਨਾਲ ਨੇਚਰ ਵਾਕ, ਵਾਤਾਵਰਨ ਸੈਰ ਅਤੇ 20 ਫਰਵਰੀ ਨੂੰ ਸ਼ਾਹੀ ਸਮਾਧਾਂ ਤੋਂ ਕਿਲਾ ਮੁਬਾਰਕ ਤੱਕ ਹੈਰੀਟੇਜ ਵਾਕ ਹੋਵੇਗੀ। ਇਸ ਤੋਂ ਬਿਨ੍ਹਾਂ ਕਿਲਾ ਮੁਬਾਰਕ ਵਿਖੇ 21 ਨੂੰ ਸ਼ਾਸਤਰੀ ਸੰਗੀਤ ਦੀ ਸ਼ਾਮ 'ਚ ਹਿੰਦੁਤਸਾਨੀ ਕਲਾਸੀਕਲ ਸੰਗੀਤ ਦੀ ਉਘੀ ਗਾਇਕਾ ਰੌਣਕਿਨੀ ਗੁਪਤਾ ਦੀ ਗਾਇਕੀ ਸਮੇਤ ਅਨੁਪਮਾ ਭਾਗਵਤ ਦੀ ਸਿਤਾਰ, ਦੇਬਸ ਮਿਸ਼ਰਾ ਭੱਟਾਚਾਰੀਆ ਦਾ ਸਰੋਦ, ਪੰਡਿਤ ਅਭਿਸ਼ੇਕ ਮਿਸ਼ਰਾ ਦਾ ਤਬਲਾ ਅਤੇ ਅਵਧਾਨੀ ਦੇ ਮਿਰਦੰਗਮ ਦੀ ਚੌਗੁਲਬੰਦੀ ਹੋਵੇਗੀ। ਉਨ੍ਹਾਂ ਦੱਸਿਆ ਕਿ ਪਟਿਆਲਾ ਹੈਰੀਟੇਜ ਦੀ ਸਮਾਪਤੀ ਵਾਲੀ ਸ਼ਾਮ 22 ਫਰਵਰੀ ਨੂੰ ਕਿਲਾ ਮੁਬਾਰਕ ਵਿਖੇ ਪਟਿਆਲਾ ਦੇ ਉਘੇ ਫ਼ਨਕਾਰ ਡਾ. ਅਮਨਦੀਪ ਸਿੰਘ ਦੀ ਗਾਇਕੀ ਤੇ ਵਾਦਨ ਸਮੇਤ ਸੂਫੀ ਨੌਜਵਾਨ ਕਵਾਲ (ਇਮਰਾਨ) ਖ਼ਾਨ ਸਾਬ੍ਰੀ ਦੀ ਗਾਇਕੀ ਹੋਵੇਗੀ। ਵਰਜੀਤ ਵਾਲੀਆ ਨੇ ਨੋਡਲ ਅਫ਼ਸਰਾਂ ਨੂੰ ਸਾਰੇ ਸਮਾਗਮਾਂ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜਨ ਲਈ ਸਮੁੱਚੇ ਪ੍ਰਬੰਧ ਪੂਰੀ ਜਿੰਮੇਵਾਰੀ ਤੇ ਤਨਦੇਹੀ ਨਾਲ ਨੇਪਰੇ ਚਾੜ੍ਹੇ ਜਾਣ ਦੀਆਂ ਹਦਾਇਤਾਂ ਕੀਤੀਆਂ। ਉਨ੍ਹਾਂ ਨੇ ਜ਼ਿਲ੍ਹਾ ਨਿਵਾਸੀਆਂ ਨੂੰ ਇਸ ਮੇਲੇ ਦਾ ਅਨੰਦ ਮਾਣਨ ਲਈ ਖੁੱਲ੍ਹਾ ਸੱਦਾ ਦਿੰਦਿਆਂ ਕਿਹਾ ਕਿ ਪਟਿਆਲਾ ਹੈਰੀਟੇਜ ਮੇਲੇ ਲਈ ਕੋਈ ਟਿਕਟ ਨਹੀਂ ਹੈ। ਉਨ੍ਹਾਂ ਦੱਸਿਆ ਕਿ 21 ਫਰਵਰੀ ਤੋਂ 2 ਮਾਰਚ ਤੱਕ ਸ਼ੀਸ਼ ਮਹਿਲ ਵਿਖੇ ਪੰਜਾਬ ਸਖੀ ਸ਼ਕਤੀ ਮੇਲਾ ਅਤੇ ਕਰਾਫ਼ਟ ਮੇਲਾ ਲੱਗੇਗਾ। ਬੈਠਕ ਦੌਰਾਨ ਪੀ.ਡੀ.ਏ. ਦੇ ਮੁੱਖ ਪ੍ਰਸ਼ਾਸਨ ਅਪਰਨਾ, ਏ.ਡੀ.ਸੀ (ਜ) ਸਿਮਰਪ੍ਰੀਤ ਕੌਰ, ਆਰ.ਟੀ.ਓ ਬਬਨਦੀਪ ਸਿੰਘ, ਪੀ.ਡੀ.ਏ ਦੇ ਏ.ਸੀ.ਏ ਜਸ਼ਨਪ੍ਰੀਤ ਕੌਰ ਗਿੱਲ, ਨਗਰ ਨਿਗਮ ਦੇ ਸੰਯੁਕਤ ਕਮਿਸ਼ਨਰ ਦੀਪਜੋਤ ਕੌਰ, ਐਸ.ਡੀ.ਐਮ ਰਾਜਪੁਰਾ ਨਮਨ ਮਾਰਕੰਨ, ਐਸ.ਡੀ.ਐਮ ਪਟਿਆਲਾ ਹਰਜੋਤ ਕੌਰ ਮਾਵੀ, ਐਸ.ਡੀ.ਐਮ ਸਮਾਣਾ ਰਿਚਾ ਗੋਇਲ, ਮੁੱਖ ਮੰਤਰੀ ਫੀਲਡ ਅਫ਼ਸਰ ਸਤੀਸ਼ ਚੰਦਰ ਸਮੇਤ ਹੋਰ ਅਧਿਕਾਰੀ ਵੀ ਮੌਜੂਦ ਸਨ।



## ਬਿਕਰਮ ਮਜੀਠੀਆ ਦੇ ਜ਼ਮਾਨਤ 'ਤੇ ਬਾਹਰ ਆਉਣ ਨਾਲ ਨੌਜਵਾਨ ਵਰਗ ਤੇ ਅਕਾਲੀ ਦਲ ਨੂੰ ਮਿਲੇਗੀ ਵੱਡੀ ਮਜ਼ਬੂਤੀ : ਪ੍ਰੋ. ਬਡੂੰਗਰ



ਪਟਿਆਲਾ, 4 ਫਰਵਰੀ (ਚ.ਨ.ਸ.) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਨੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਸਾਬਕਾ ਮੰਤਰੀ ਪੰਜਾਬ ਬਿਕਰਮ ਸਿੰਘ ਮਜੀਠੀਆ ਨੂੰ ਮਾਨਯੋਗ ਸੁਪਰੀਮ ਕੋਰਟ ਵੱਲੋਂ ਜ਼ਮਾਨਤ ਮਿਲਣ ਦਾ ਸਵਾਗਤ ਕਰਦਿਆਂ ਕਿਹਾ ਕਿ ਮਜੀਠੀਏ ਦੇ ਜੇਲ ਤੋਂ ਬਾਹਰ ਆਉਣ ਨਾਲ ਜਿੱਥੇ ਯੂਥ ਅਕਾਲੀ ਦਲ ਦੇ ਨੌਜਵਾਨਾਂ ਵਿੱਚ ਕਾਫੀ ਉਤਸ਼ਾਹ ਵਧਿਆ ਹੈ, ਉੱਥੇ ਹੀ ਸ਼੍ਰੋਮਣੀ ਅਕਾਲੀ ਦਲ ਨੂੰ ਵੱਡੇ ਪੱਧਰ 'ਤੇ ਮਜ਼ਬੂਤੀ ਵੀ ਮਿਲੇਗੀ। ਪ੍ਰੋ. ਬਡੂੰਗਰ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੂੰ ਮਾਨਯੋਗ ਅਦਾਲਤਾਂ 'ਤੇ ਹਮੇਸ਼ਾ ਹੀ ਵਿਸ਼ਵਾਸ ਰਿਹਾ ਹੈ ਉਹਨਾਂ ਕਿਹਾ ਕਿ ਭਾਵੇਂ ਹੁਣ ਬਿਕਰਮ ਸਿੰਘ ਮਜੀਠੀਆ ਜ਼ਮਾਨਤ 'ਤੇ ਜੇਲ ਤੋਂ ਰਿਹਾਅ ਹੋਏ ਹਨ, ਪਰੰਤੂ ਉਹਨਾਂ ਨੂੰ ਸਰਕਾਰ ਵੱਲੋਂ ਦਰਜ ਕੀਤੇ ਗਏ ਕੇਸਾਂ ਵਿੱਚ ਵੀ ਮਾਨਯੋਗ ਅਦਾਲਤਾਂ ਇਨਸਾਫ ਦੇਣਗੀਆਂ। ਉਹਨਾਂ ਕਿਹਾ ਕਿ ਸਰਕਾਰਾਂ ਹਮੇਸ਼ਾ ਵਿਤਕਰੇ ਦੀ ਭਾਵਨਾ ਨਾਲ ਵਿਰੋਧੀਆਂ 'ਤੇ ਕਾਰਵਾਈਆਂ ਕਰਦੀਆਂ ਆਈਆਂ ਹਨ ਪ੍ਰੰਤੂ ਮਾਨਯੋਗ ਅਦਾਲਤਾਂ ਪਾਸੋਂ ਇਨਸਾਫ ਹਮੇਸ਼ਾ ਮਿਲਦਾ ਰਿਹਾ ਹੈ।

## ਸਾਈਂ ਬਿਰਧ ਆਸ਼ਰਮ 'ਚ ਬਜ਼ੁਰਗਾਂ ਲਈ ਸਿਹਤ ਸੰਭਾਲ ਯੋਗਾ ਕੈਂਪ ਲਗਾਇਆ



ਪਟਿਆਲਾ, 4 ਫਰਵਰੀ (ਚ.ਨ.ਸ.) : ਪੰਜਾਬ ਸਰਕਾਰ ਦੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਸੀਨੀਅਰ ਸਿਟੀਜ਼ਨ ਸਟੇਟ ਐਕਸ਼ਨ ਪਲਾਨ 2025-26 'ਸਾਡੇ ਬਜ਼ੁਰਗ ਸਾਡਾ ਮਾਣ' ਤਹਿਤ ਬਜ਼ੁਰਗਾਂ ਦੀ ਭਲਾਈ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਕੜੀ ਹੇਠ ਸਾਈਂ ਬਿਰਧ ਆਸ਼ਰਮ, ਚੌਰਾ (ਜ਼ਿਲ੍ਹਾ ਪਟਿਆਲਾ) ਵਿਖੇ ਬਜ਼ੁਰਗਾਂ ਦੀ ਸਿਹਤ ਸੰਭਾਲ ਸਬੰਧੀ ਯੋਗਾ ਸੈਸ਼ਨ ਦਾ ਆਯੋਜਨ ਕੀਤਾ ਗਿਆ। ਇਸ ਯੋਗਾ ਸੈਸ਼ਨ ਦੌਰਾਨ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ, ਪਟਿਆਲਾ ਜੋਬਨਦੀਪ ਕੌਰ ਵੱਲੋਂ ਬਜ਼ੁਰਗਾਂ ਨੂੰ ਯੋਗਾ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਨਿਯਮਤ ਯੋਗ ਅਭਿਆਸ ਨਾਲ ਸਰੀਰਕ ਅਤੇ ਮਾਨਸਿਕ ਸਿਹਤ ਨੂੰ ਮਜ਼ਬੂਤ ਕੀਤਾ ਜਾ ਸਕਦਾ ਹੈ। ਉਨ੍ਹਾਂ ਨੇ ਬਜ਼ੁਰਗਾਂ ਨੂੰ ਆਪਣੀ ਰੋਜ਼ਾਨਾ ਜੀਵਨ ਸ਼ੈਲੀ ਵਿੱਚ ਯੋਗਾ ਅਪਣਾਉਣ ਲਈ ਪ੍ਰੇਰਿਤ ਕੀਤਾ। ਇਸ ਕੈਂਪ ਵਿੱਚ ਵੱਧ ਤੋਂ ਵੱਧ ਬਜ਼ੁਰਗਾਂ ਵੱਲੋਂ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ ਗਈ।

## ਪੰਜਾਬੀ ਯੂਨੀਵਰਸਿਟੀ ਵਿਖੇ ਬਾਇਓਐਂਟਰਪ੍ਰੀਨਿਓਰਸ਼ਿਪ 'ਤੇ ਅੰਤਰਰਾਸ਼ਟਰੀ ਕਾਨਫਰੰਸ ਸਫ਼ਲਤਾਪੂਰਵਕ ਸੰਪੰਨ



ਪਟਿਆਲਾ, 4 ਫਰਵਰੀ (ਚ.ਨ.ਸ.) : ਪੰਜਾਬੀ ਯੂਨੀਵਰਸਿਟੀ ਵਿਖੇ ਬਾਇਓਐਂਟਰਪ੍ਰੀਨਿਓਰਸ਼ਿਪ ਵਿਸ਼ੇ 'ਤੇ ਕਰਵਾਈ ਗਈ ਦੋ-ਰੋਜ਼ਾ ਅੰਤਰ-ਰਾਸ਼ਟਰੀ ਕਾਨਫਰੰਸ ਆਖ਼ਰੀ ਦਿਨ ਦੋ ਅਕਾਦਮਿਕ ਸੈਸ਼ਨਾਂ ਅਤੇ ਸਮਾਪਤੀ ਸਮਾਰੋਹ ਉਪਰੰਤ ਸਫਲਤਾਪੂਰਵਕ ਸੰਪੰਨ ਹੋ ਗਈ। ਬਾਇਓਟੈਕਨਾਲੋਜੀ ਵਿੱਚ ਪਹਿਲਕਦਮੀਆਂ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ਼ ਕਰਵਾਈ ਇਸ ਕਾਨਫ਼ਰੰਸ ਦੇ ਵਿਦਾਇਗੀ ਸੈਸ਼ਨ ਮੌਕੇ ਡੀਨ ਖੋਜ ਪ੍ਰੋ. ਗੀਤੂ ਲਹਿਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਪ੍ਰੋ. ਗੀਤੂ ਲਹਿਲ ਨੇ ਆਪਣੇ ਸੰਬੋਧਨ ਵਿੱਚ ਅਕਾਦਮਿਕ ਸਹਿਯੋਗ ਅਤੇ ਉੱਦਮੀ ਸੋਚ ਨੂੰ ਉਤਸ਼ਾਹਿਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਇਸ ਮੌਕੇ ਵਧੀਕ ਡੀਨ ਖੋਜ ਪ੍ਰੋ. ਮਿੰਨੀ ਸਿੰਘ ਅਤੇ ਲਾਈਫ ਸਾਇੰਸਿਜ਼ ਫ਼ੈਕਲਟੀ ਦੇ ਡੀਨ ਪ੍ਰੋ. ਬਲਜਿੰਦਰ ਕੌਰ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਵਿਦਾਇਗੀ ਸੈਸ਼ਨ ਦੀ ਸ਼ੁਰੂਆਤ ਕਾਨਫ਼ਰੰਸ ਦੇ ਕੋ-ਕਨਵੀਨਰ ਪ੍ਰੋ. ਬਲਵਿੰਦਰ ਸਿੰਘ ਸੂਚ ਦੇ ਸਵਾਗਤੀ ਸ਼ਬਦਾਂ ਨਾਲ ਹੋਈ। ਬਾਇਓਟੈਕਨਾਲੋਜੀ ਅਤੇ ਫੂਡ ਟੈਕਨਾਲੋਜੀ ਵਿਭਾਗ ਦੇ ਮੁਖੀ ਡਾ. ਰਣਜੀਤਾ ਬਾਹਰੀ ਨੇ ਕਾਨਫ਼ਰੰਸ ਦੀ ਵਿਸਤ੍ਰਿਤ ਰਿਪੋਰਟ ਪੇਸ਼ ਕੀਤੀ। ਵਿਦਾਇਗੀ ਸੈਸ਼ਨ ਦੌਰਾਨ 'ਪੋਸਟਰ ਪੇਸ਼ਕਾਰੀਆਂ' ਲਈ ਨੌਜਵਾਨ ਖੋਜਾਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਧੰਨਵਾਦੀ ਭਾਸ਼ਣ ਹਰਪ੍ਰੀਤ ਕੌਰ ਨੇ ਦਿੱਤਾ। ਵਿਦਾਇਗੀ ਸੈਸ਼ਨ ਤੋਂ ਪਹਿਲਾਂ ਕਾਨਫ਼ਰੰਸ ਦੇ ਪਹਿਲੇ ਅਕਾਦਮਿਕ ਸੈਸ਼ਨ ਵਿੱਚ ਆਈ.ਕੇ.ਜੀ. ਪੰਜਾਬ ਟੈਕਨੀਕਲ ਯੂਨੀਵਰਸਿਟੀ, ਜਲੰਧਰ ਦੇ ਡੀਨ ਡਾ. ਪਰਵੀਨ ਬਾਂਸਲ ਨੇ 'ਭਾਰਤੀ ਗਿਆਨ ਪ੍ਰਣਾਲੀ' ਬਾਰੇ ਵਿਸਤ੍ਰਿਤ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਕਿਵੇਂ ਵੱਖ-ਵੱਖ ਸੰਸਥਾਵਾਂ ਇਸ ਪ੍ਰਾਚੀਨ ਗਿਆਨ ਨੂੰ ਵਿਗਿਆਨ ਦੀ ਮੁੱਖ ਧਾਰਾ ਵਿੱਚ ਲਿਆਉਣ ਲਈ ਯਤਨਸ਼ੀਲ ਹਨ। ਇਸ ਉਪਰੰਤ ਅਮੋਜਨ ਫਾਰਮਾ, ਹੈਦਰਾਬਾਦ ਦੇ ਪ੍ਰਧਾਨ ਡਾ. ਮਨਪ੍ਰੀਤ ਸਿੰਘ ਨੇ ਆਨਲਾਈਨ ਪੇਸ਼ਕਾਰੀ ਰਾਹੀਂ ਭਾਰਤ ਵਿੱਚ ਜੀ.ਐੱਲ.ਪੀ-1 ਟਾਰਗੇਟਸ ਦੇ ਉਤਪਾਦਨ ਅਤੇ ਇਸ ਦੇ ਬਾਜ਼ਾਰ ਬਾਰੇ ਚਰਚਾ ਕੀਤੀ। ਦੂਜੇ ਸੈਸ਼ਨ ਵਿੱਚ 'ਚੀਅਰਜ਼ ਫੂਡਜ਼' ਫ਼ਰਮ ਤੋਂ ਸ਼੍ਰੀ ਹਰਿੰਦਰ ਲਾਂਬਾ ਨੇ ਆਪਣੀ ਕੰਪਨੀ ਦੇ ਗਲੂਟਨ-ਮੁਕਤ ਉਤਪਾਦਾਂ ਬਾਰੇ ਦੱਸਿਆ ਅਤੇ ਵਿਦਿਆਰਥੀਆਂ ਨੂੰ ਲੋੜ ਅਧਾਰਤ ਪਹੁੰਚ ਅਪਨਾ ਕੇ ਉੱਦਮਤਾ ਦੇ ਖੇਤਰ ਵਿੱਚ ਆਉਣ ਲਈ ਪ੍ਰੇਰਿਤ ਕੀਤਾ।

## ਭਾਸ਼ਾ ਵਿਭਾਗ ਦੀ ਪੰਜਾਬੀ ਪ੍ਰਬੋਧ ਪ੍ਰੀਖਿਆ 8 ਮਾਰਚ ਨੂੰ

ਪਟਿਆਲਾ, 4 ਫਰਵਰੀ (ਚ.ਨ.ਸ.) : ਪੰਜਾਬ ਸਰਕਾਰ ਵੱਲੋਂ ਭਰੀਆਂ ਜਾਣ ਵਾਲੀਆਂ ਗਰੁੱਪ ਸੀ ਅਤੇ ਇਸ ਤੋਂ ਉੱਪਰ ਦੀਆਂ ਅਸਾਮੀਆਂ ਲਈ ਨਿਰਧਾਰਤ ਯੋਗਤਾਵਾਂ ਵਿੱਚੋਂ ਇਕ ਯੋਗਤਾ ਉਮੀਦਵਾਰਾਂ ਲਈ ਮੈਟ੍ਰਿਕ ਪੱਧਰ ਦੀ ਪੰਜਾਬੀ ਦਾ ਵਿਸ਼ਾ ਪਾਸ ਕੀਤਾ ਹੋਣਾ ਲਾਜ਼ਮੀ ਹੈ। ਜਿਨ੍ਹਾਂ ਉਮੀਦਵਾਰਾਂ ਪਾਸ ਮੈਟ੍ਰਿਕ ਪੱਧਰ ਦੀ ਪੰਜਾਬੀ ਭਾਸ਼ਾ ਦੀ ਯੋਗਤਾ ਨਹੀਂ ਹੈ, ਭਾਸ਼ਾ ਵਿਭਾਗ ਪੰਜਾਬ ਵੱਲੋਂ ਅਜਿਹੇ ਉਮੀਦਵਾਰਾਂ ਦੀ ਪੰਜਾਬੀ ਪ੍ਰਬੋਧ ਪ੍ਰੀਖਿਆ 8.3.2026 (ਦਿਨ ਐਤਵਾਰ) ਨੂੰ ਲਈ ਜਾਵੇਗੀ। ਦਫ਼ਤਰ ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਵੱਲੋਂ ਜਾਰੀ ਸੂਚਨਾ ਮੁਤਾਬਕ ਉਕਤ ਪ੍ਰੀਖਿਆ ਲਈ ਫਾਰਮ ਜਮ੍ਹਾਂ ਕਰਵਾਉਣ ਦੀ ਆਖ਼ਰੀ ਮਿਤੀ 02.03.2026 ਹੋਵੇਗੀ। ਪਹਿਲਾਂ ਦੀ ਤਰ੍ਹਾਂ ਇਹ ਪ੍ਰੀਖਿਆ ਵਿਭਾਗ ਦੇ ਮੁੱਖ ਦਫਤਰ, ਭਾਸ਼ਾ ਭਵਨ, ਸ਼ੇਰਾਂ ਵਾਲਾ ਗੇਟ, ਪਟਿਆਲਾ ਵਿਖੇ ਹੋਵੇਗੀ। ਇਸ ਪ੍ਰੀਖਿਆ ਲਈ ਫੀਸ 2000/- ਰੁਪਏ ਹੋਵੇਗੀ ਜੋ ਕਿ ਨਕਦ ਵਸੂਲ ਕੀਤੀ ਜਾਵੇਗੀ। ਫਾਰਮ ਜਮ੍ਹਾਂ ਕਰਵਾਉਣ ਵਾਲੇ ਉਮੀਦਵਾਰ ਆਪਣੇ ਨਾਲ ਅਧਾਰ ਕਾਰਡ, ਦਸਵੀਂ, ਬਾਰ੍ਹਵੀਂ ਅਤੇ ਗ੍ਰੈਜੂਏਸ਼ਨ ਦੇ ਅਸਲ ਸਰਟੀਫਿਕੇਟ, ਅਤੇ ਇਨ੍ਹਾਂ ਦੀਆਂ ਤਸਦੀਕਸ਼ੁਦਾ ਕਾਪੀਆਂ, ਇਕ 30⊘25 ਸੈ.ਮੀ. ਸਾਈਜ਼ ਦਾ ਸਵੈ ਪਤੇ ਵਾਲਾ ਲਿਫਾਫਾ ਜਿਸ ਉਤੇ 56/-ਰੁਪਏ ਦੀਆਂ ਡਾਕ ਟਿਕਟਾਂ ਲੱਗੀਆਂ ਹੋਣ ਅਤੇ ਪੰਜ ਫੋਟੋਆਂ ਇੱਕੋ ਸਨੈਪ ਦੀਆਂ ਪਾਸਪੋਰਟ ਸਾਈਜ਼ (ਜਿਨ੍ਹਾਂ ਵਿੱਚੋਂ ਦੋ ਫੋਟੋਆਂ ਗਜ਼ਟਿਡ ਅਫਸਰ ਵੱਲੋਂ ਤਸਦੀਕੀਆਂ ਹੋਣ) ਜਿਨ੍ਹਾਂ ਦੀ ਬੈਕ ਗਰਾਊਂਡ ਅਤੇ ਕੱਪੜੇ ਫਿੱਕੇ (ਲਾਈਟ) ਰੰਗ ਦੇ ਹੋਣ, ਨਾਲ ਲਿਆਉਣ। ਪੰਜਾਬੀ ਪ੍ਰਬੋਧ ਪ੍ਰੀਖਿਆ ਸਬੰਧੀ ਵਧੇਰੇ ਜਾਣਕਾਰੀ ਲਈ ਦਫਤਰ ਦੇ ਫੋਨ ਨੰ. 0175-2214469 'ਤੇ ਸੰਪਰਕ ਕੀਤਾ ਜਾ ਸਕਦਾ ਹੈ।

## ਹਾਈਕੋਰਟ ਦੇ ਜਸਟਿਸ ਦੀ ਪਟਿਆਲਾ ਫੇਰੀ ਅੱਜ

ਪਟਿਆਲਾ, 4 ਫਰਵਰੀ (ਵਿਨੋਦ ਸ਼ਰਮਾ) : ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਇੰਸਪੈਕਟਿੰਗ ਜੱਜ ਦੀ ਪਟਿਆਲਾ ਫੇਰੀ ਅੱਜ 5 ਫਰਵਰੀ ਨੂੰ ਹੋਵੇਗੀ। ਇਸ ਸਬੰਧੀ ਕੋਰਟ ਕੰਪਲੈਕਸ ਦੇ ਬਾਹਰ ਸੜਕ ਨੂੰ ਸਜਾਇਆ ਗਿਆ ਹੈ ਅਤੇ ਝੰਡੇ ਵੀ ਲਗਾਏ ਗਏ ਹਨ।

## ਨਸ਼ੀਲੇ ਪਦਾਰਥ ਰੱਖਣ ਵਾਲੇ ਨੂੰ ਦਸ ਸਾਲ ਦੀ ਸਜ਼ਾ, ਇੱਕ ਬਰੀ

ਪਟਿਆਲਾ, 4 ਫਰਵਰੀ (ਵਿਨੋਦ ਸ਼ਰਮਾ): ਨਸ਼ੀਲੇ ਪਦਾਰਥ ਰੱਖਣ ਵਾਲੇ ਦੋਸ਼ੀ ਮੇਜਰ ਸਿੰਘ ਨੂੰ ਦਸ ਸਾਲ ਦੀ ਸਜ਼ਾ ਸੁਣਾਈ ਹੈ ਅਤੇ ਇੱਕ ਲੱਖ ਜੁਰਮਾਨਾ ਭਰਨ ਦੇ ਆਦੇਸ਼ ਦਿੱਤੇ ਹਨ। ਜੁਰਮਾਨਾ ਨਾ ਭਰਨ ਦੀ ਸੂਰਤ ਵਿਚ ਇੱਕ ਸਾਲ ਦੀ ਵੱਖਰੀ ਸਜ਼ਾ ਭੁਗਤਣੀ ਪਵੇਗੀ। ਅਦਾਲਤ ਨੇ ਇਸ ਮਾਮਲੇ ਵਿਚੋਂ ਸੁਰਜੀਤ ਸਿੰਘ ਨੂੰ ਬਰੀ ਕਰ ਦਿੱਤਾ ਹੈ। ਪੁਲਿਸ ਨੇ ਸਾਲ 2023 ਵਿਚ ਥਾਣਾ ਪਾਤੜਾਂ ਵਿਖੇ ਮਾਮਲਾ ਦਰਜ ਕੀਤਾ ਸੀ।

## 'ਸਾਡੇ ਬਜ਼ੁਰਗ ਸਾਡਾ ਮਾਣ' ਮੁਹਿੰਮ ਤਹਿਤ ਪਟਿਆਲਾ 'ਚ ਜ਼ਿਲ੍ਹਾ ਪੱਧਰੀ ਕੈਂਪ 10 ਨੂੰ

ਪਟਿਆਲਾ, 4 ਫਰਵਰੀ (ਚ.ਨ.ਸ.) : ਪੰਜਾਬ ਸਰਕਾਰ ਦੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਸੀਨੀਅਰ ਸਿਟੀਜ਼ਨ ਸਟੇਟ ਐਕਸ਼ਨ ਪਲਾਨ 2025-26 ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਸਾਡੇ ਬਜ਼ੁਰਗ ਸਾਡਾ ਮਾਣ ਮੁਹਿੰਮ ਤਹਿਤ ਜ਼ਿਲ੍ਹਾ ਪੱਧਰੀ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਕੈਂਪ 10 ਫਰਵਰੀ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 1:00 ਵਜੇ ਤੱਕ ਬਹਾਵਲਪੁਰ ਪੈਲੇਸ (ਪੁਲਿਸ ਲਾਈਨ) ਪਟਿਆਲਾ ਵਿਖੇ ਲਗਾਇਆ ਜਾਵੇਗਾ। ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਜੋਬਨਦੀਪ ਕੌਰ ਨੇ ਦੱਸਿਆ ਕਿ ਇਸ ਕੈਂਪ ਦੌਰਾਨ ਜ਼ਿਲ੍ਹੇ ਦੇ ਬਜ਼ੁਰਗ ਨਾਗਰਿਕਾਂ ਨੂੰ ਵੱਖ-ਵੱਖ ਵਿਭਾਗਾਂ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਜਾਵੇਗੀ। ਓਹਨਾਂ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਬਜ਼ੁਰਗਾਂ ਨੂੰ ਜਨਰਲ ਹੈਲਥ ਚੈੱਕਅਪ , ਹੱਡੀਆਂ ਅਤੇ ਅੱਖਾਂ ਦਾ ਚੈੱਕਅਪ ਅਤੇ ਮੋਤੀਆ ਬਿੰਦ ਦੇ ਆਪਰੇਸ਼ਨ ਲਈ ਬਜ਼ੁਰਗਾਂ ਦੀ ਪਛਾਣ ਕਰਨਾ, ਕੰਨਾਂ ਦਾ ਚੈੱਕਅਪ , ਸਿਹਤ ਸੰਭਾਲ, ਹੋਮਿਓਪੈਥੀ ਅਤੇ ਆਯੁਰਵੇਦ ਸਬੰਧੀ ਜਾਣਕਾਰੀ, ਨਿਯਮਿਤ ਜਾਂਚ ਅਤੇ ਸਰਕਾਰੀ ਸਿਹਤ ਯੋਜਨਾਵਾਂ ਬਾਰੇ ਜਾਗਰੂਕ ਕੀਤਾ ਜਾਵੇਗਾ। ਸਮਾਜਿਕ ਸੁਰੱਖਿਆ ਵਿਭਾਗ ਵੱਲੋਂ ਬਜ਼ੁਰਗਾਂ ਲਈ ਬੁਢਾਪਾ ਪੈਨਸ਼ਨ , ਸੀਨੀਅਰ ਸਿਟੀਜ਼ਨ ਕਾਰਡ ਅਪਲਾਈ ਕਰਨ ਅਤੇ ਹੋਰ ਭਲਾਈ ਸਕੀਮਾਂ ਬਾਰੇ ਜਾਣਕਾਰੀ ਪ੍ਰਦਾਨ ਕੀਤੀ ਜਾਵੇਗੀ। ਇਸ ਤੋਂ ਇਲਾਵਾ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਬਜ਼ੁਰਗਾਂ ਦੇ ਕਾਨੂੰਨੀ ਅਧਿਕਾਰਾਂ ਸੀਨੀਅਰ ਸਿਟੀਜ਼ਨ ਐਕਟ - 2007 ਅਤੇ ਮੁਫ਼ਤ ਕਾਨੂੰਨੀ ਸਹਾਇਤਾ ਸਬੰਧੀ ਜਾਣਕਾਰੀ ਦਿੱਤੀ ਜਾਵੇਗੀ, ਜਦਕਿ ਆਯੂਸ਼ ਵਿਭਾਗ ਵੱਲੋਂ ਕੁਦਰਤੀ ਅਤੇ ਪਰੰਪਰਾਗਤ ਇਲਾਜ ਪ੍ਰਣਾਲੀਆਂ ਅਤੇ ਯੋਗਾ ਰਾਹੀਂ ਬਜ਼ੁਰਗਾਂ ਨੂੰ ਸਿਹਤ ਸੰਭਾਲ ਬਾਰੇ ਜਾਗਰੂਕਤਾ ਫੈਲਾਈ ਜਾਵੇਗੀ। ਵਿਭਾਗ ਵੱਲੋਂ ਜ਼ਿਲ੍ਹੇ ਦੇ ਸਾਰੇ ਬਜ਼ੁਰਗ ਨਾਗਰਿਕਾਂ ਨੂੰ ਇਸ ਕੈਂਪ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ ਹੈ।

## ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹਰ ਪਰਿਵਾਰ ਨੂੰ ਮਿਲੇਗਾ 10 ਲੱਖ ਤੱਕ ਦਾ ਮੁਫ਼ਤ ਇਲਾਜ: ਵਿੱਕੀ ਘਨੌਰ




ਘਨੌਰ, 4 ਫਰਵਰੀ (ਮਦਨ ਲਾਲ): ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਬਿਹਤਰ ਅਤੇ ਸਸਤੀਆਂ ਸਿਹਤ ਸਹੂਲਤਾਂ ਦੇਣ ਦੇ ਮਕਸਦ ਨਾਲ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਸਿਹਤ ਯੋਜਨਾ' ਅੱਜ ਗਰੀਬ ਅਤੇ ਮੱਧ ਵਰਗੀ ਪਰਿਵਾਰਾਂ ਲਈ ਵਰਦਾਨ ਸਾਬਤ ਹੋ ਰਹੀ ਹੈ। ਇਸ ਯੋਜਨਾ ਤਹਿਤ ਹੁਣ ਹਰ ਪਰਿਵਾਰ ਨੂੰ ਸਾਲਾਨਾ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮੁਹੱਈਆ ਕਰਵਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਵਾਈਸ ਚੇਅਰਮੈਨ ਅਤੇ 'ਆਪ' ਸਪੋਰਟਸ ਵਿੰਗ ਦੇ ਪ੍ਰਧਾਨ ਮਨਿੰਦਰਜੀਤ ਸਿੰਘ ਵਿੱਕੀ ਘਨੌਰ ਨੇ ਹਲਕਾ ਘਨੌਰ ਦੇ ਪਿੰਡ ਮਰਦਾਂਪੁਰ ਵਿਖੇ ਲਗਾਏ ਗਏ ਵਿਸ਼ੇਸ਼ ਰਜਿਸਟ੍ਰੇਸ਼ਨ ਕੈਂਪਾਂ ਦਾ ਦੌਰਾ ਕੀਤਾ। ਪਿੰਡ ਮਰਦਾਪੁਰ ਵਿਖੇ ਲਗਾਏ ਗਏ ਇਸ ਕੈਂਪ ਦੌਰਾਨ ਪਿੰਡ ਵਾਸੀਆਂ ਦੇ 'ਮੁੱਖ ਮੰਤਰੀ ਸਿਹਤ ਯੋਜਨਾ' ਦੇ ਕਾਰਡ ਮੌਕੇ 'ਤੇ ਹੀ ਬਣਾਏ ਗਏ। ਵਿੱਕੀ ਘਨੌਰ ਨੇ ਖੁਦ ਕੈਂਪ ਦੀ ਕਾਰਵਾਈ ਦਾ ਜਾਇਜ਼ਾ ਲਿਆ ਅਤੇ ਲਾਭਪਾਤਰੀਆਂ ਨਾਲ ਗੱਲਬਾਤ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪਿੰਡ-ਪਿੰਡ ਕੈਂਪ ਲਗਾ ਕੇ ਇਹ ਕਾਰਡ ਬਣਾ ਰਹੀ ਹੈ ਤਾਂ ਜੋ ਕੋਈ ਵੀ ਪਰਿਵਾਰ ਇਸ ਸਕੀਮ ਦੇ ਲਾਭ ਤੋਂ ਵਾਂਝਾ ਨਾ ਰਹੇ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿੱਕੀ ਘਨੌਰ ਨੇ ਕਿਹਾ ਕਿ ਮੈਨੂੰ ਅੱਜ ਬਹੁਤ ਖੁਸ਼ੀ ਹੋ ਰਹੀ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦਾ ਇਹ ਵੱਡਾ ਕਦਮ ਅੱਜ ਹਕੀਕਤ ਬਣ ਰਿਹਾ ਹੈ। ਇਸ ਮੌਕੇ ਉਨ੍ਹਾਂ ਨੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਿਹਤ ਮੰਤਰੀ ਡਾ.ਬਲਬੀਰ ਸਿੰਘ ਸਮੇਤ ਸਮੁੱਚੀ ਪੰਜਾਬ ਕੈਬਨਿਟ ਦਾ ਧੰਨਵਾਦ ਕੀਤਾ।

## ਮੇਰਾ ਭਾਰਤ ਮਹਾਨ ਅੰਤਰਗਤ ਵਿਸ਼ਵ ਸ਼ਾਂਤੀ ਤੇ ਸਾਂਝੀਵਾਲਤਾ ਦਰਸਾਉਂਦਾ ਪੋਸਟਰ ਚੇਅਰਮੈਨ ਜੁਨੇਜਾ ਵੱਲੋਂ ਜਾਰੀ



ਪਟਿਆਲਾ, 4 ਫਰਵਰੀ (ਚ.ਨ.ਸ.) : ਵਿਸ਼ਵ ਸ਼ਾਂਤੀ ਸਥਾਪਿਤ ਕਰਨ ਹਿੱਤ ਇੱਕ ਵਿਸ਼ਾਲ ਮੁਹਿੰਮ ਸਾਰੇ ਧਰਮਾਂ ਨੂੰ ਨਾਲ ਲੈ ਕੇ ਚੱਲਣ ਦਾ ਉਪਰਾਲਾ ਕੀਤਾ ਗਿਆ ਹੈ। ਇਹ ਪੋਸਟਰ ਹਿੰਦੂ, ਮੁਸਲਮਾਨ, ਸਿੱਖ, ਇਸਾਈ ਦਾ ਧਾਰਮਿਕ ਸਥਲ ਦਰਸਾਉਂਦਾ ਸਾਂਝੀਵਾਲਤਾ ਦਾ ਪ੍ਰਤੀਕ ਹਰਪਾਲ ਜੁਨੇਜਾ ਚੇਅਰਮੈਨ ਪੀ.ਆਰ.ਟੀ.ਸੀ. ਪਟਿਆਲਾ ਵੱਲੋਂ ਜਾਰੀ ਕੀਤਾ ਗਿਆ। ਉਹਨਾਂ ਨੇ ਜਸਵੰਤ ਸਿੰਘ ਕੌਲੀ, ਜਗਦੀਸ਼ ਆਹੂਜਾ, ਐਡਵੋਕੇਟ ਤਾਰਾਂ ਸਿੰਘ ਭਮਰਾ ਅਤੇ ਪੂਰਨ ਚੰਦ ਸਵਾਮੀ ਦੀ ਹੌਸਲਾ ਅਫਜਾਈ ਕੀਤੀ। ਇਹ ਪੋਸਟਰ ਹਰਪਾਲ ਜੁਨੇਜਾ ਦੀ ਚੇਅਰਮੈਨ ਪੀ.ਆਰ.ਟੀ.ਸੀ. ਪਟਿਆਲਾ ਦੀ ਨਵ-ਨਿਯੁਕਤੀ ਤੇ ਵਧਾਈ ਦੇਣ ਉਪਰੰਤ ਜਾਰੀ ਕੀਤਾ ਗਿਆ। ਇਸ ਮੌਕੇ ਅਮਰੀਕ ਸਿੰਘ, ਅਮਰਜੀਤ ਸਿੰਘ, ਰਿੰਕੂ ਵੀਰ, ਰਵਿੰਦਰ ਕਪੂਰ, ਧਰਮਪਾਲ ਲਵਲੀ, ਹਰੀ ਚੰਦ ਬਾਂਸਲ, ਅਸ਼ੋਕ ਮਲਹੋਤਰਾ, ਜਸੀਜਤ ਸਿੰਘ ਰਾਜੂ, ਪੱਪੂ ਸੇਠ, ਵੇਦ ਪ੍ਰਕਾਸ਼ ਗੁਪਤਾ ਅਤੇ ਹੈਲਥ ਅਵੇਅਰਨੈਸ ਸੁਸਾਇਟੀ ਦੀ ਮੀਤ ਪ੍ਰਧਾਨ ਰਣਜੀਤ ਕੌਰ ਆਦਿ ਹਾਜ਼ਰ ਸਨ।

## ਖ਼ਾਲਸਾ ਕਾਲਜ ਵਿਖੇ 12 ਵੈਲਿਊ ਐੱਡਿਡ ਕੋਰਸਾਂ ਦੇ 360 ਵਿਦਿਆਰਥੀਆਂ ਨੂੰ ਸਰਟੀਫਿਕੇਟ ਤਕਸੀਮ



ਪਟਿਆਲਾ, 4 ਫਰਵਰੀ (ਰੁਪਾਣਾ) : ਖ਼ਾਲਸਾ ਕਾਲਜ ਪਟਿਆਲਾ ਵਿਖੇ ਵਿਦਿਆਰਥੀਆਂ ਦੀ ਹੁਨਰ-ਅਧਾਰਿਤ ਸਮਰੱਥਾ ਵਧਾਉਣ ਦੇ ਉਦੇਸ਼ ਨਾਲ ਕਰਵਾਏ ਗਏ 12 ਵੱਖ-ਵੱਖ ਵੈਲਿਊ ਐੱਡਿਡ ਕੋਰਸਾਂ ਦੇ 360 ਵਿਦਿਆਰਥੀਆਂ ਲਈ ਇੱਕ ਪ੍ਰਭਾਵਸ਼ਾਲੀ ਸਰਟੀਫਿਕੇਟ ਵੰਡ ਸਮਾਰੋਹ ਆਯੋਜਿਤ ਕੀਤਾ ਗਿਆ। ਇਸ ਸਮਾਗਮ ਦੀ ਅਗਵਾਈ ਕਾਲਜ ਦੇ ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉੱਭਾ ਨੇ ਕੀਤੀ। ਇਸ ਵਿਸ਼ੇਸ਼ ਮੌਕੇ ਡਿਪਟੀ ਪ੍ਰਿੰਸੀਪਲ ਡਾ. ਜਸਲੀਨ ਕੌਰ, ਕੰਟਰੋਲਰ ਪ੍ਰੀਖਿਆਵਾਂ ਡਾ. ਜਸਪ੍ਰੀਤ ਕੌਰ ਅਤੇ ਰਜਿਸਟਰਾਰ ਡਾ. ਇੰਦਰਬੀਰ ਕੌਰ ਨੇ ਵੀ ਸ਼ਿਰਕਤ ਕੀਤੀ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉੱਭਾ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜੋਕੇ ਦੌਰ ਵਿੱਚ ਵੈਲਿਊ ਐੱਡਿਡ ਕੋਰਸ ਅਕਾਦਮਿਕ ਪਾਠਕ੍ਰਮ ਤੋਂ ਇਲਾਵਾ ਪ੍ਰਯੋਗਿਕ ਗਿਆਨ, ਰਚਨਾਤਮਕਤਾ, ਉੱਦਮੀ ਸੋਚ ਅਤੇ ਰੋਜ਼ਗਾਰਯੋਗ ਹੁਨਰ ਪ੍ਰਦਾਨ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਉਮੀਦ ਪ੍ਰਗਟਾਈ ਕਿ ਇਹ ਕੋਰਸ ਵਿਦਿਆਰਥੀਆਂ ਦੀ ਭਵਿੱਖੀ ਕਰੀਅਰ ਯਾਤਰਾ ਵਿੱਚ ਮੀਲ ਦਾ ਪੱਥਰ ਸਾਬਤ ਹੋਣਗੇ। ਡਿਪਟੀ ਪ੍ਰਿੰਸੀਪਲ ਡਾ. ਜਸਲੀਨ ਕੌਰ ਨੇ ਕੋਰਸ ਇੰਚਾਰਜਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਮਿਹਨਤ ਅਤੇ ਸੁਚੱਜੀ ਯੋਜਨਾਬੰਦੀ ਸਦਕਾ ਹੀ ਵਿਦਿਆਰਥੀਆਂ ਨੇ ਇਨ੍ਹਾਂ ਕੋਰਸਾਂ ਵਿੱਚ ਭਾਰੀ ਉਤਸ਼ਾਹ ਦਿਖਾਇਆ ਹੈ। ਸਮਾਰੋਹ ਦੌਰਾਨ ਕੰਟਰੋਲਰ ਪ੍ਰੀਖਿਆਵਾਂ ਡਾ. ਜਸਪ੍ਰੀਤ ਕੌਰ ਨੇ ਕਿਹਾ ਕਿ ਇਹ ਸਰਟੀਫਿਕੇਟ ਵਿਦਿਆਰਥੀਆਂ ਦੀ ਪੇਸ਼ਾਵਰ ਯਾਤਰਾ ਵਿੱਚ ਮਹੱਤਵਪੂਰਨ ਸਾਬਤ ਹੋਣਗੇ। ਇਸੇ ਤਰ੍ਹਾਂ ਰਜਿਸਟਰਾਰ ਡਾ. ਇੰਦਰਬੀਰ ਕੌਰ ਨੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਅਜਿਹੇ ਕੋਰਸ ਵਿਦਿਆਰਥੀਆਂ ਨੂੰ ਵੱਖ-ਵੱਖ ਖੇਤਰਾਂ ਦੀਆਂ ਬੁਨਿਆਦੀ ਕੁਸ਼ਲਤਾਂ ਪ੍ਰਦਾਨ ਕਰਕੇ ਉਨ੍ਹਾਂ ਨੂੰ ਮੁਕਾਬਲੇਬਾਜ਼ੀ ਦੇ ਯੁੱਗ ਲਈ ਤਿਆਰ ਕਰਦੇ ਹਨ। ਸਮਾਗਮ ਦੌਰਾਨ ਬੇਕਿੰਗ ਟੈਕਨੀਕ, ਫੂਡ ਅਡਲਟਰੇਸ਼ਨ, ਪਟਿਆਲਾ ਦੀ ਰਿਚ ਹੈਰਿਟੇਜ, ਕ੍ਰੀਏਟਿਵ ਸਟੋਰੀ ਟੈਲਿੰਗ, ਐਂਟਰਪ੍ਰੀਨਿਊਰੀਅਲ ਮਾਰਕੇਟਿੰਗ, ਵਰਮੀਕੰਪੋਸਟਿੰਗ, ਹਰਮੋਨਿਯਮ ਅਤੇ ਸਿੰਥੇਸਾਈਜ਼ਰ ਦੀ ਬੇਸਿਕਸ, ਇੰਡਸਟਰੀਅਲ ਕੇਮਿਸਟਰੀ, ਮੰਚ ਸੰਚਾਲਨ, ਫਾਈਨੈਂਸ਼ਲ ਲਿਟਰੇਸੀ, ਸਿੱਖ ਸ਼ਹੀਦੀ ਪਰੰਪਰਾ ਅਤੇ ਫੈਬਰਿਕ ਪੇਂਟਿੰਗ ਵਰਗੇ ਕੋਰਸਾਂ ਦੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੰਡੇ ਗਏ। ਕਾਲਜ ਵੱਲੋਂ ਇਨ੍ਹਾਂ ਕੋਰਸਾਂ ਦੇ ਇੰਚਾਰਜਾਂ ਨੂੰ ਵੀ ਉਨ੍ਹਾਂ ਦੇ ਵਡਮੁੱਲੇ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ। ਅੰਤ ਵਿੱਚ ਸਾਰਿਆਂ ਦਾ ਧੰਨਵਾਦ ਕਰਦਿਆਂ ਭਵਿੱਖ ਵਿੱਚ ਵੀ ਅਜਿਹੇ ਹੁਨਰਮਈ ਅਤੇ ਰੋਜ਼ਗਾਰ ਕੇਂਦਰਿਤ ਕੋਰਸ ਜਾਰੀ ਰੱਖਣ ਦਾ ਭਰੋਸਾ ਦਿੱਤਾ।

## ਸੜਕ ਹਾਦਸੇ 'ਚ ਇੱਕ ਦੀ ਮੌਤ, ਬਾਕੀ ਜ਼ਖ਼ਮੀ

ਪਟਿਆਲਾ, 4 ਫਰਵਰੀ (ਵਿਨੋਦ ਸ਼ਰਮਾ) : ਥਾਣਾ ਪਸਿਆਣਾ ਪੁਲਿਸ ਕੋਲ ਰਘਬੀਰ ਸਿੰਘ ਪੁੱਤਰ ਸੁਖਚੈਨ ਸਿੰਘ ਵਾਸੀ ਪਿੰਡ ਮਹਿਲਾ ਥਾਣਾ ਛਾਜਲੀ ਜ਼ਿਲ੍ਹਾ ਸੰਗਰੂਰ ਨੇ ਗੱਡੀ ਦੇ ਅਣਪਛਾਤੇ ਡਰਾਈਵਰ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਉਹ ਆਪਣੀ ਪਤਨੀ ਸਰਬਜੀਤ ਕੌਰ, ਸਾਲੀ ਗੁਰਜੀਤ ਕੌਰ, ਨਿਸ਼ਾ ਕੁਮਾਰੀ ਅਤੇ ਭਾਣਜੇ ਨਾਲ ਗੱਡੀ 'ਤੇ ਸਵਾਰ ਹੋ ਕੇ ਮਿਲਟਰੀ ਏਰੀਆ ਪਟਿਆਲਾ ਕੋਲ ਜਾ ਰਿਹਾ ਸੀ ਤਾਂ ਅਣਪਛਾਤੇ ਡਰਾਈਵਰ ਨੇ ਆਪਣੀ ਗੱਡੀ ਤੇਜ਼ ਰਫਤਾਰ ਤੇ ਲਾਪ੍ਰਵਾਹੀ ਨਾਲ ਲਿਆ ਕੇ ਉਸ ਵਿੱਚ ਮਾਰੀ, ਜੋ ਐਕਸੀਡੈਂਟ ਵਿੱਚ ਉਸ ਦੀ ਸਾਲੀ ਨਿਸ਼ਾ ਕੁਮਾਰੀ ਦੀ ਮੌਤ ਹੋ ਗਈ ਅਤੇ ਬਾਕੀ ਸਾਰਿਆਂ ਦੇ ਸੱਟਾਂ ਲੱਗੀਆਂ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

## ਜਾਗ੍ਰਿਤੀ ਫਾਊਂਡੇਸ਼ਨ ਚੈਰੀਟੇਬਲ ਟਰੱਸਟ ਦਾ ਸੱਤਵਾਂ ਫੈਲੋਸ਼ਿਪ ਪੁਰਸਕਾਰ ਸਮਾਰੋਹ ਮਹਿਲਾ ਸਸ਼ਕਤੀਕਰਨ ਨੂੰ ਸਮਰਪਿਤ



ਦੇਵੀਗੜ੍ਹ, 4 ਫਰਵਰੀ (ਗੁਰਜੀਤ ਸਿੰਘ ਢੋਟ) : ਜਾਗ੍ਰਿਤੀ ਫਾਊਂਡੇਸ਼ਨ ਚੈਰੀਟੇਬਲ ਟਰੱਸਟ ਜੋ ਕਿ ਪਿਛਲੇ ਸੱਤ ਸਾਲਾਂ ਤੋਂ ਪੰਜਾਬ ਅਤੇ ਹਿਮਾਚਲ ਪ੍ਰਦੇਸ਼ ਦੇ ਪਛੜੇ ਅਰਧ-ਪਹਾੜੀ ਖੇਤਰਾਂ ਦੀ ਸਿੱਖਿਆ, ਡਾਕਟਰੀ ਅਤੇ ਜਨਤਕ ਭਲਾਈ ਲਈ ਅਣਥੱਕ ਅਤੇ ਨਿਰਵਿਘਨ ਕੰਮ ਕਰ ਰਿਹਾ ਹੈ, ਨੇ ਸ਼ਹੀਦ ਰਾਮ ਸਿੰਘ ਪਠਾਨੀਆ ਮੈਮੋਰੀਅਲ ਜੀਐਂਡੀ ਯੂਨੀਵਰਸਿਟੀ ਕਾਲਜ, ਨਿਆਰੀ ਵਿਖੇ ਮਹਿਲਾ ਸਸ਼ਕਤੀਕਰਨ ਨੂੰ ਸਮਰਪਿਤ ਆਪਣਾ ਸੱਤਵਾਂ ਫੈਲੋਸ਼ਿਪ ਪੁਰਸਕਾਰ ਸਮਾਰੋਹ ਆਯੋਜਿਤ ਕੀਤਾ। ਜਾਗ੍ਰਿਤੀ ਫਾਊਂਡੇਸ਼ਨ ਚੈਰੀਟੇਬਲ ਟਰੱਸਟ ਨੇ ਕਾਲਜ ਦੀਆਂ 13 ਹੋਣਹਾਰ ਵਿਦਿਆਰਥਣਾਂ, ਜਿਨ੍ਹਾਂ ਵਿੱਚ 12 ਲੜਕੀਆਂ ਵੀ ਸ਼ਾਮਲ ਸਨ, ਨੂੰ 2 ਲੱਖ ਰੁਪਏ ਦੇ ਫੈਲੋਸ਼ਿਪ ਪੁਰਸਕਾਰ ਵੰਡੇ। ਮੈਡਮ ਸ਼ੁਭਰਾ ਰਾਣੀ, ਪ੍ਰਿੰਸੀਪਲ, ਪ੍ਰਤਾਪ ਵਰਲਡ ਸਕੂਲ, ਪਠਾਨਕੋਟ ਸਾਬਕਾ ਕਰਨਲ ਆਰ.ਐਸ. ਸਿੰਘ ਪਟਿਆਲਾ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਉੱਘੇ ਸਮਾਜਸੇਵੀ ਤੇ ਵਾਤਾਵਰਨ ਪ੍ਰੇਮੀ ਭਗਵਾਨ ਦਾਸ ਗੁਪਤਾ ਸਰਪ੍ਰਸਤ ਇੰਡੀਅਨ ਰੈਡ ਕਰਾਸ ਸੁਸਾਇਟੀ ਪਟਿਆਲਾ, ਸਾਬਕਾ ਕਰਨਲ ਆਰਪੀ ਸਿੰਘ, ਪ੍ਰਿੰਸੀਪਲ ਇੰਚਾਰਜ ਡਾ.ਬਲਵੀਰ ਮਨਹਾਸ ਆਰਪੀਐਸ ਵਾਲੀਆ ਅਤੇ ਹਰਿੰਦਰ ਪਾਲ ਸਿੰਘ ਨੇ ਸ਼ਮਾਂ ਰੌਸ਼ਨ ਦੀ ਰਸਮ ਅਦਾ ਕੀਤੀ। ਜਾਗ੍ਰਿਤੀ ਦੇ ਸੰਸਥਾਪਕ ਅਤੇ ਮੈਨੇਜਿੰਗ ਟਰੱਸਟੀ, ਆਰ.ਪੀ.ਐਸ. ਵਾਲੀਆ, ਸਾਬਕਾ ਪੀ.ਸੀ.ਐਸ., ਨੇ ਜਾਗ੍ਰਿਤੀ ਟਰੱਸਟ ਦੇ ਪਿਛਲੇ ਸੱਤ ਸਾਲਾਂ ਦੌਰਾਨ ਪੰਜਾਬ ਅਤੇ ਹਿਮਾਚਲ ਪ੍ਰਦੇਸ਼ ਦੇ ਪਛੜੇ ਪਹਾੜੀ ਖੇਤਰਾਂ ਵਿੱਚ ਵਿਦਿਅਕ, ਮੈਡੀਕਲ ਅਤੇ ਜਨਤਕ ਭਲਾਈ ਦੇ ਉਦੇਸ਼ਾਂ ਲਈ ਕੀਤੇ ਗਏ ਕੰਮਾਂ ਬਾਰੇ ਜਾਣਕਾਰੀ ਪ੍ਰਦਾਨ ਕੀਤੀ। ਸਰਪ੍ਰਸਤ ਹਰਿੰਦਰ ਪਾਲ ਸਿੰਘ ਸਾਬਕਾ ਉੱਪ ਆਬਕਾਰੀ ਤੇ ਕਰ ਕਮਿਸ਼ਨਰ ਪੰਜਾਬ ਨੇ ਵਿਦਿਆਰਥੀਆਂ ਨੂੰ ਜੀਵਨ ਦੇ ਉਦੇਸ਼ ਨੂੰ ਪ੍ਰਾਪਤ ਕਰਨ ਲਈ ਸਖ਼ਤ ਮਿਹਨਤ ਕਰਨ ਦੀ ਸਲਾਹ ਦਿੱਤੀ। ਸਾਹੀ ਸ਼ਹਿਰ ਪਟਿਆਲਾ ਤੋਂ ਵਿਸ਼ੇਸ਼ ਤੌਰ ਪਹੁੰਚੇ ਸਮਾਜਸੇਵੀ ਅਤੇ ਵਾਤਾਵਰਨ ਪ੍ਰੇਮੀ ਭਗਵਾਨ ਦਾਸ ਗੁਪਤਾ ਨੇ ਵੀ ਆਪਣੇ ਵਿਚਾਰ ਪ੍ਰਗਟ ਕੀਤੇ। ਪ੍ਰਿੰਸੀਪਲ ਆਨਰੇਰੀ ਮੇਜਰ ਡਾ. ਬਲਬੀਰ ਸਿੰਘ ਮਨਹਾਸ ਨੇ ਕਾਲਜ ਦੀ ਵਿਸਤ੍ਰਿਤ ਰਿਪੋਰਟ ਪੇਸ਼ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਦੀਪਕ ਵਾਲੀਆ ਤੀਰਥ ਸਿੰਘ, ਰਾਹੁਲ ਮਲਹੋਤਰਾ, ਜਨਰਲ ਮੈਨੇਜਰ, ਰਾਜ ਕੁਮਾਰ ਉਮੇਸ਼ ਖਜੂਰੀਆ; ਅਤੇ ਰੂਪੇਸ਼ ਕੁਮਾਰ ਵੀ ਮੌਜੂਦ ਸਨ।

## ਕ੍ਰਿਸ਼ਨ ਸਿੰਘ ਸਨੌਰ ਦੀ ਅਗਵਾਈ ਹੇਠ ਸੈਂਕੜੇ ਨੌਜਵਾਨ ਅਕਾਲੀ ਦਲ 'ਚ ਸ਼ਾਮਲ



ਦੇਵੀਗੜ੍ਹ, 4 ਫਰਵਰੀ (ਗੁਰਜੀਤ ਸਿੰਘ ਢੋਟ) : ਹਲਕਾ ਸਨੌਰ ਦੀ ਸਿਆਸਤ ਵਿੱਚ ਉਸ ਵੇਲੇ ਇੱਕ ਵੱਡਾ ਉਲਟਫੇਰ ਦੇਖਣ ਨੂੰ ਮਿਲਿਆ ਜਦੋਂ ਦੇਵੀਗੜ੍ਹ ਇਲਾਕੇ ਵਿੱਚ ਸੱਤਾਧਾਰੀ ਆਮ ਆਦਮੀ ਪਾਰਟੀ ਅਤੇ ਮੁੱਖ ਵਿਰੋਧੀ ਧਿਰ ਕਾਂਗਰਸ ਨੂੰ ਉਸ ਵੇਲੇ ਜ਼ੋਰਦਾਰ ਸਿਆਸੀ ਝਟਕਾ ਲੱਗਿਆ, ਜਦੋਂ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਬੁਲਾਰੇ ਸ. ਕ੍ਰਿਸ਼ਨ ਸਿੰਘ ਸਨੌਰ ਦੀ ਪ੍ਰੇਰਨਾਦਾਇਕ ਅਗਵਾਈ ਹੇਠ ਸੈਂਕੜੇ ਨੌਜਵਾਨਾਂ ਨੇ ਦੂਜੀਆਂ ਪਾਰਟੀਆਂ ਦਾ ਪੱਲਾ ਛੱਡ ਕੇ ਅਕਾਲੀ ਦਲ ਵਿੱਚ ਸ਼ਾਮਲ ਹੋਣ ਦਾ ਵੱਡਾ ਐਲਾਨ ਕਰ ਦਿੱਤਾ। ਸਿਆਸੀ ਮਾਹਿਰਾਂ ਅਨੁਸਾਰ ਇਲਾਕੇ ਵਿੱਚ ਅਕਾਲੀ ਦਲ ਦੀ ਇਸ ਮਜ਼ਬੂਤੀ ਨੂੰ ਪਾਰਟੀ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਦੀ ਹਾਲ ਹੀ ਵਿੱਚ ਹੋਈ ਹਲਕਾ ਸਨੌਰ ਦੀ ਫੇਰੀ ਦੇ ਸਿੱਧੇ ਅਸਰ ਵਜੋਂ ਦੇਖਿਆ ਜਾ ਰਿਹਾ ਹੈ। ਇਸ ਸਬੰਧੀ ਸ. ਕ੍ਰਿਸ਼ਨ ਸਿੰਘ ਸਨੌਰ ਦੁਆਰਾ ਦਿੱਤੀ ਜਾਣਕਾਰੀ ਜਸਵੀਰ ਸਿੰਘ ਸਾਬਕਾ ਸਰਪੰਚ ਚੂਹਟ ਅਤੇ ਜਗਸੀਰ ਸਿੰਘ ਸਾਬਕਾ ਸਰਪੰਚ ਪਿੰਡ ਕਪੂਰੀ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ ਸੀ। ਇਸ ਮੌਕੇ ਸ਼ਾਮਲ ਹੋਣ ਵਾਲੇ ਸਾਰੇ ਵਿਅਕਤੀਆਂ ਅਤੇ ਨੌਜਵਾਨਾਂ ਦਾ ਕੌਮੀ ਬੁਲਾਰੇ ਕ੍ਰਿਸ਼ਨ ਸਿੰਘ ਸਨੌਰ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਜਸਵੀਰ ਸਿੰਘ ਸਾਬਕਾ ਸਰਪੰਚ ਚੂਹਟ, ਜਗਸੀਰ ਸਿੰਘ ਸਾਬਕਾ ਸਰਪੰਚ ਕਪੂਰੀ, ਨਛੱਤਰ ਸਿੰਘ ਛੰਨਾ, ਕਾਲਾ ਸਿੰਘ ਪ੍ਰੀਤ ਨਗਰ, ਇੰਦਰ ਸਿੰਘ ਚੂਹਟ, ਜੈ ਕੁਮਾਰ ਸੇਖੂਪੁਰ, ਨਰਿੰਦਰ ਸਿੰਘ ਚੌਹਾਂਟ, ਹਰਜਿੰਦਰ ਸਿੰਘ ਬਰਕਤਪੁਰ, ਫਕੀਰ ਸਿੰਘ ਚੂਹਟ, ਪ੍ਰੀਤਮ ਸਿੰਘ ਚੌਹਟ, ਅਮਰਿੰਦਰ ਸਿੰਘ ਬਰਕਤਪੁਰ, ਸੁਰਿੰਦਰ ਸਿੰਘ ਚੂਹਟ ਮੱਖਣ ਸਿੰਘ ਕਪੂਰੀ ਅਤੇ ਭੁਪਿੰਦਰ ਸਿੰਘ ਸ਼ਾਮਲ ਸਨ। ਇਸ ਤੋਂ ਇਲਾਵਾ ਗੁਰਮੀਤ ਸਿੰਘ ਸਾਬਕਾ ਸਰਪੰਚ ਪਿੰਡ ਚੂਹਟ, ਹਰਪਾਲ ਸਿੰਘ ਪਿੰਡ ਜੁਲਕਾਂ, ਜਸਵੀਰ ਸਿੰਘ ਮੈਂਬਰ, ਜਰਨੈਲ ਸਿੰਘ ਹਾਜੀਪੁਰ, ਕੁਲਵੰਤ ਸਿੰਘ ਚੂਹਟ, ਚਰਨਜੀਤ ਸਿੰਘ ਚੂਹਟ, ਰਿੰਕੂ ਰਾਮ ਪਿੰਡ ਜੁਲਕਾਂ, ਧਰਮ ਸਿੰਘ ਚੌਹਟ, ਹਰਨੇਕ ਸਿੰਘ ਕਪੂਰੀ, ਕੁਲਦੀਪ ਸਿੰਘ, ਸਾਹਿਬ ਸਿੰਘ ਸਾਬਕਾ ਸਰਪੰਚ ਕਪੂਰੀ, ਕੁਲਦੀਪ ਸਿੰਘ ਪਿੰਡ ਚੂਹਟ, ਬਖ਼ਸ਼ੀਸ਼ ਸਿੰਘ ਚੂਹਟ, ਡੇਰਾ ਅਜੈਬ ਸਿੰਘ ਕਪੂਰੀ, ਲਖਵਿੰਦਰ ਸਿੰਘ ਪਿੰਡ ਰਾਜੂ ਖੇੜੀ, ਜਸਵੰਤ ਸਿੰਘ ਕਪੂਰੀ, ਅਮਰੀਕ ਸਿੰਘ ਕਪੂਰੀ, ਰਲਾ ਸਿੰਘ ਕਪੂਰੀ, ਕਾਕਾ ਸਿੰਘ ਕਪੂਰੀ, ਹਰਜੀਤ ਸਿੰਘ ਕਪੂਰੀ, ਸੰਦੀਪ ਸਿੰਘ ਪਿੰਡ ਚੰਨਾ, ਕਰਨਵੀਰ ਸਿੰਘ ਪਿੰਡ ਛੰਨਾ, ਜਗਮੇਲ ਸਿੰਘ ਸਨੌਰ, ਲਖਵਿੰਦਰ ਸਿੰਘ ਪ੍ਰਧਾਨ ਆਲ ਸਕੂਲ ਟਰਾਂਸਪੋਰਟ ਯੂਨੀਅਨ ਜ਼ਿਲ੍ਹਾ ਪਟਿਆਲਾ, ਭੁਪਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ ਹਿਊਮਨ ਰਾਈਟਸ ਕੌਂਸਲ, ਕੁਲਦੀਪ ਸਿੰਘ ਅਤੇ ਕਰਮਜੀਤ ਸਿੰਘ ਸਨੌਰ ਹਾਜ਼ਰ ਸਨ।